15-Jan-PAGE-1.qxd 1/14/2026 9:45 PM Page 1

ਵੀਰਵਾਰ, 15 ਜਨਵਰੀ, 2026
2 ਮਾਘ { ਨਾਨਕਸ਼ਾਹੀ 557 / ਬਿਕਰਮੀ 2082
ਜਿਲਦ/VOL. : 74
ਅੰਕ/NO. : 226

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • THURSDAY, 15 JANUARY, 2026
ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

YouTube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

## ਬਿਨਾਂ ਰਿਕਾਰਡ ਵਾਲੇ 139 ਸਰੂਪ ਬਰਾਮਦ : ਮਾਨ



### ਬੰਗਾ ਨੇੜਿਓਂ ਮਿਲੇ 169 ਸਰੂਪਾਂ ਵਿੱਚੋਂ 30 ਦਾ ਹੀ ਰਿਕਾਰਡ ਮਿਲਿਆ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ/ਪੂਜਾ)**

ਮੁੱਖ ਮੰਤਰੀ ਭਗਵੰਤ ਮਾਨ ਨੇ ਸ੍ਰੀ ਗੁਰੂ ਗਰੰਥ ਸਾਹਿਬ ਦੇ ਗੁੰਮ ਹੋਏ 325 ਸਰੂਪਾਂ ਦੇ ਬਾਰੇ ਬੁੱਧਵਾਰ ਅਹਿਮ ਖੁਲਾਸਾ ਕਰਦਿਆਂ ਕਿਹਾ ਕਿ ਨਵਾਂ ਸ਼ਹਿਰ ਦੇ ਬੰਗਾ ਲਾਗਿਓਂ ਇੱਕ ਧਰਮ ਸਥਾਨ ਤੋਂ ਸ੍ਰੀ 169 ਸਰੂਪ ਮਿਲੇ ਹਨ, ਜਿਨ੍ਹਾਂ 'ਚੋਂ ਸਿਰਫ 30 ਸਰੂਪਾਂ ਦਾ ਹੀ ਰਿਕਾਰਡ ਮਿਲਿਆ ਹੈ। ਆਮ ਆਦਮੀ ਪਾਰਟੀ ਦੀ ਮਾਘੀ ਕਾਨਫਰੰਸ 'ਤੇ ਮੁੱਖ ਮੰਤਰੀ ਨੇ ਕਿਹਾ ਕਿ 139 ਸਰੂਪਾਂ ਦਾ ਕੋਈ ਰਿਕਾਰਡ ਹੀ ਨਹੀਂ ਹੈ।

ਮਾਨ ਨੇ ਇਹ ਖੁਲਾਸਾ ਸ੍ਰੀ ਅਕਾਲ ਤਖਤ ਸਾਹਿਬ ਦੇ ਸਕੱਤਰੇਤ ਵਿਖੇ ਪੇਸ਼ ਹੋਣ ਤੋਂ ਐਨ ਇੱਕ ਦਿਨ ਪਹਿਲਾਂ ਕੀਤਾ ਹੈ। ਮੁੱਖ ਮੰਤਰੀ ਨੇ ਕਿਹਾ ਕਿ ਵਿਸ਼ੇਸ਼ ਜਾਂਚ ਟੀਮ ਵੱਲੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਬਕਾ ਕਰਮਚਾਰੀਆਂ ਤੋਂ ਪੁੱਛ-ਗਿੱਛ ਦੌਰਾਨ ਅਹਿਮ ਸੁਰਾਗ ਮਿਲੇ ਸਨ। ਉਨ੍ਹਾ ਕਿਹਾ ਕਿ ਗੁੰਮ ਹੋਏ ਬਾਕੀ ਸਰੂਪਾਂ ਦਾ ਵੀ ਜਲਦ ਪਤਾ ਲਗਾਇਆ ਜਾਵੇਗਾ। ਪਤਾ ਲੱਗਿਆ ਹੈ ਕਿ ਵਿਸ਼ੇਸ਼ ਜਾਂਚ ਟੀਮ ਨੇ ਮੰਗਲਵਾਰ ਹੀ ਗੁੰਮ ਹੋਏ ਸਰੂਪਾਂ 'ਚੋਂ ਕੁੱਝ ਦਾ ਪਤਾ ਲਗਾਇਆ। ਮਾਨ ਨੇ ਮਾਘੀ ਕਾਨਫਰੰਸ ਦੇ ਮੌਕੇ ਇਸ ਦਾ ਖੁਲਾਸਾ ਕੀਤੇ ਜਾਣ ਨੂੰ ਢੁੱਕਵਾਂ ਮੌਕਾ ਸਮਝਿਆ। ਮੁੱਖ ਮੰਤਰੀ ਨੇ ਕਿਹਾ ਕਿ ਸਰੂਪਾਂ ਦੀ ਛਪਾਈ ਦੀ ਜ਼ਿੰਮੇਵਾਰੀ ਸ਼੍ਰੋਮਣੀ ਕਮੇਟੀ ਦੀ ਹੁੰਦੀ ਹੈ। ਮਾਨ ਨੇ ਸ਼੍ਰੋਮਣੀ ਅਕਾਲੀ ਦਲ ਨੂੰ ਨਿਸ਼ਾਨੇ 'ਤੇ ਲੈਂਦਿਆਂ ਬਰਗਾੜੀ 'ਚ ਹੋਈ ਬੇਅਦਬੀ ਦੇ ਮਾਮਲੇ ਦੀ ਗੱਲ ਵੀ ਕੀਤੀ।

ਮਾਨ ਨੇ ਗੁਰਦੁਆਰਾ ਟੁੱਟੀ ਗੰਢੀ ਸਾਹਿਬ ਵਿਖੇ ਮੱਥਾ ਟੇਕਣ ਤੋਂ ਬਾਅਦ ਵੱਡੇ ਜਨਤਕ ਇਕੱਠ ਨੂੰ ਸੰਬੋਧਨ ਕੀਤਾ। ਮੁੱਖ ਮੰਤਰੀ ਨੇ ਇਹ ਵੀ ਐਲਾਨ ਕੀਤਾ ਕਿ ਪੰਜਾਬ ਸਰਕਾਰ ਆਉਣ ਵਾਲੇ ਬਜਟ ਵਿੱਚ ਔਰਤਾਂ ਲਈ ਇੱਕ ਹਜ਼ਾਰ ਰੁਪਏ ਪ੍ਰਤੀ ਮਹੀਨਾ ਸਹਾਇਤਾ ਯੋਜਨਾ ਲਈ ਪ੍ਰਬੰਧ ਕਰੇਗੀ।ਉਹਨਾ ਕਿਹਾ ਕਿ ਪਿਛਲੀਆਂ ਸਰਕਾਰਾਂ ਕਮਜ਼ੋਰ ਯਾਦਾਸ਼ਤ ਤੋਂ ਪੀੜਤ ਹਨ ਅਤੇ ਚੋਣਾਂ ਤੋਂ ਬਾਅਦ ਪੰਜਾਬ ਨੂੰ ਲੁੱਟਣ ਲਈ ਸਿਰਫ਼ ਆਪਣੀ ਵਾਰੀ ਦੀ ਉਡੀਕ ਕਰ ਰਹੀਆਂ ਹਨ। ਉਨ੍ਹਾ ਕਿਹਾ 'ਝਾੜੂ', ਜੋ ਕਿ 'ਆਪ' ਦਾ ਪ੍ਰਤੀਕ ਹੈ, ਨੇ ਸਿਆਸੀ ਪ੍ਰਣਾਲੀ ਨੂੰ ਸਾਫ਼ ਕਰ ਦਿੱਤਾ ਹੈ ਅਤੇ ਇਸੇ ਕਰਕੇ ਰਵਾਇਤੀ ਪਾਰਟੀਆਂ ਹੈਰਾਨ ਹਨ। ਅਕਾਲੀਆਂ ਵੱਲੋਂ ਕਿਰਾਏ 'ਤੇ ਲਈਆਂ ਗਈਆਂ ਬੱਸਾਂ ਵਿੱਚ ਲਿਆਂਦੇ ਗਏ ਲੋਕ ਵੀ 'ਆਪ' ਰੈਲੀ ਵਿੱਚ ਸ਼ਾਮਲ ਹੋਏ ਹਨ।

ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਅਤੇ ਪੰਜਾਬ ਪ੍ਰਭਾਰੀ ਮਨੀਸ਼ ਸਿਸੋਦੀਆ ਨੇ ਕਿਹਾ, 'ਇਸ ਰੈਲੀ ਵਿੱਚ ਲੋਕਾਂ ਦੀ ਭਾਰੀ ਸ਼ਮੂਲੀਅਤ ਸਪੱਸ਼ਟ ਦਰਸਾਉਂਦੀ ਹੈ ਕਿ ਲੋਕਾਂ ਨੇ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਨੂੰ ਇੱਕ ਹੋਰ ਮੌਕਾ ਦੇਣ ਦਾ ਮਨ ਬਣਾ ਲਿਆ ਹੈ।'

ਇਸ ਮੌਕੇ ਕੈਬਨਿਟ ਮੰਤਰੀ ਅਮਨ ਅਰੋੜਾ, ਗੁਰਮੀਤ ਸਿੰਘ ਖੁੱਡੀਆਂ, ਡਾ. ਬਲਬੀਰ ਸਿੰਘ, ਡਾ. ਬਲਜੀਤ ਕੌਰ, ਹਰਭਜਨ ਸਿੰਘ ਈ ਟੀ ਓ, ਲਾਲਜੀਤ ਸਿੰਘ ਭੁੱਲਰ, ਲਾਲ ਚੰਦ ਕਟਾਰੂ ਚੱਕ, ਹਰਦੀਪ ਸਿੰਘ ਮੁੰਡੀਆਂ ਸਮੇਤ ਵਿਧਾਇਕ ਬਲਜਿੰਦਰ ਕੌਰ, ਅਮਨਸ਼ੇਰ ਸਿੰਘ ਸ਼ੈਰੀ ਕਲਸੀ ਤੇ ਹੋਰ ਵੀ ਹਾਜ਼ਰ ਸਨ।

## ਭਾਰਤੀਆਂ ਨੂੰ ਈਰਾਨ 'ਚੋਂ ਤੁਰੰਤ ਨਿਕਲ ਆਉਣ ਦੀ ਸਲਾਹ

### ਟਰੰਪ ਨੇ ਈਰਾਨ ਨੂੰ ਫਿਰ ਧਮਕਾਇਆ

**ਤਹਿਰਾਨ** : ਈਰਾਨ ਵਿੱਚ ਹਿੰਸਕ ਪ੍ਰਦਰਸ਼ਨ ਵਧਣ ਕਾਰਨ ਭਾਰਤ ਸਰਕਾਰ ਨੇ ਬੁੱਧਵਾਰ ਭਾਰਤੀਆਂ ਨੂੰ ਉੱਥੋਂ ਨਿਕਲ ਆਉਣ ਦੀ ਸਲਾਹ ਦਿੱਤੀ ਹੈ। ਸਰਕਾਰ ਨੇ ਕਿਹਾ ਹੈ ਕਿ ਵਿਦਿਆਰਥੀ, ਤੀਰਥ ਯਾਤਰੀ, ਵਪਾਰੀ ਜਾਂ ਸੈਲਾਨੀ, ਜਿਹੜੇ ਵੀ ਈਰਾਨ ਵਿੱਚ ਹਨ, ਛੇਤੀ ਤੋਂ ਛੇਤੀ ਨਿਕਲ ਆਉਣ। ਇਸੇ ਦੌਰਾਨ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਈਰਾਨ ਨੂੰ ਸਖਤ ਚਿਤਾਵਨੀ ਦਿੱਤੀ ਹੈ। ਡਿਟਰੋਇਟ ਵਿੱਚ ਇੱਕ ਪ੍ਰੋਗਰਾਮ ਤੋਂ ਬਾਅਦ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਟਰੰਪ ਨੇ ਕਿਹਾ ਕਿ ਈਰਾਨੀ ਲੀਡਰਸ਼ਿਪ ਨੂੰ 'ਸਹੀ ਢੰਗ ਨਾਲ ਪੇਸ਼ ਆਉਣਾ ਚਾਹੀਦਾ ਹੈ, ਨਹੀਂ ਤਾਂ ਉਨ੍ਹਾਂ ਨੂੰ ਗੰਭੀਰ ਨਤੀਜੇ ਭੁਗਤਣੇ ਪੈਣਗੇ।'

ਉਨ੍ਹਾ ਕਿਹਾ ਕਿ ਅਮਰੀਕਾ ਈਰਾਨ ਵਿੱਚ ਹੋ ਰਹੀਆਂ ਹੱਤਿਆਵਾਂ ਅਤੇ ਫਾਂਸੀ ਦੀਆਂ ਰਿਪੋਰਟਾਂ ਦੀ ਬਾਰੀਕੀ ਨਾਲ ਸਮੀਖਿਆ ਕਰ ਰਿਹਾ ਹੈ ਅਤੇ ਉਹ ਖੁਦ ਵਾਸ਼ਿੰਗਟਨ ਜਾ ਕੇ ਸਥਿਤੀ ਦਾ ਜਾਇਜ਼ਾ ਲੈਣਗੇ। ਟਰੰਪ ਨੇ ਈਰਾਨੀ ਲੋਕਾਂ ਲਈ 'ਆਜ਼ਾਦੀ' ਦੀ ਇੱਛਾ ਜ਼ਾਹਰ ਕਰਦਿਆਂ ਕਿਹਾ ਕਿ ਉੱਥੋਂ ਦੇ ਲੋਕ ਲੰਬੇ ਸਮੇਂ ਤੋਂ ਨਰਕ ਵਰਗੀ ਜ਼ਿੰਦਗੀ ਜੀਅ ਰਹੇ ਹਨ। ਉਨ੍ਹਾ ਪੁਰਾਣੇ ਸਮੇਂ ਨੂੰ ਯਾਦ ਕਰਦਿਆਂ ਕਿਹਾ ਕਿ ਈਰਾਨ ਕਦੇ ਨਿਵੇਸ਼ ਅਤੇ ਵਿਕਾਸ ਲਈ ਬਹੁਤ ਵਧੀਆ ਥਾਂ ਹੁੰਦੀ ਸੀ, ਪਰ ਹੁਣ ਹਾਲਾਤ ਬਹੁਤ ਖਰਾਬ ਹਨ।

ਜਦੋਂ ਉਨ੍ਹਾ ਤੋਂ ਈਰਾਨ ਵੱਲੋਂ ਜਵਾਬੀ ਕਾਰਵਾਈ ਦੀਆਂ ਧਮਕੀਆਂ ਬਾਰੇ ਪੁੱਛਿਆ ਗਿਆ ਤਾਂ ਟਰੰਪ ਨੇ ਤਿੱਖਾ ਪ੍ਰਤੀਕਰਮ ਦਿੰਦਿਆਂ ਕਿਹਾ ਕਿ ਉਨ੍ਹਾ ਨੇ ਪਹਿਲਾਂ ਵੀ ਈਰਾਨ ਦੀਆਂ ਪ੍ਰਮਾਣੂ ਸਮਰਥਾਵਾਂ ਨੂੰ ਨਸ਼ਟ ਕੀਤਾ ਹੈ, ਇਸ ਲਈ ਉਨ੍ਹਾਂ ਲਈ ਭਲਾਈ ਇਸੇ ਵਿੱਚ ਹੈ ਕਿ ਉਹ ਆਪਣਾ ਰਵੱਈਆ ਸੁਧਾਰਨ।

ਦੂਜੇ ਪਾਸੇ, ਵ੍ਹਾਈਟ ਹਾਊਸ ਦੀ ਪ੍ਰੈੱਸ ਸਕੱਤਰ ਕੈਰੋਲੀਨ ਲੀਵਿਟ ਨੇ ਸਪੱਸ਼ਟ ਕੀਤਾ ਹੈ ਕਿ ਹਾਲਾਂਕਿ ਡਿਪਲੋਮੇਸੀ ਅਮਰੀਕਾ ਦੀ ਪਹਿਲੀ ਤਰਜੀਹ ਹੈ, ਪਰ ਹਵਾਈ ਹਮਲੇ ਸਮੇਤ ਕਈ ਹੋਰ ਸਖਤ ਵਿਕਲਪਾਂ 'ਤੇ ਵੀ ਵਿਚਾਰ ਕੀਤਾ ਜਾ ਰਿਹਾ ਹੈ। ਇਸ ਤੋਂ ਇਲਾਵਾ, ਟਰੰਪ ਨੇ ਇੱਕ ਵੱਡਾ ਆਰਥਕ ਫੈਸਲਾ ਲੈਂਦਿਆਂ ਐਲਾਨ ਕੀਤਾ ਹੈ ਕਿ ਜੋ ਵੀ ਦੇਸ਼ ਈਰਾਨ ਨਾਲ ਵਪਾਰ ਕਰੇਗਾ, ਉਸ ਨੂੰ ਅਮਰੀਕਾ ਨਾਲ ਹੋਣ ਵਾਲੇ ਵਪਾਰ 'ਤੇ 25 ਫੀਸਦੀ ਟੈਰਿਫ (ਟੈਕਸ) ਅਦਾ ਕਰਨਾ ਪਵੇਗਾ। ਇਹ ਕਦਮ ਈਰਾਨ ਨੂੰ ਆਰਥਕ ਤੌਰ 'ਤੇ ਅਲੱਗ-ਥਲੱਗ ਕਰਨ ਦੀ ਰਣਨੀਤੀ ਦਾ ਹਿੱਸਾ ਮੰਨਿਆ ਜਾ ਰਿਹਾ ਹੈ।

## 'ਬੀਬੀ' ਨਾਲ ਗੱਲਾਂ ਕਰਕੇ 1.92 ਕਰੋੜ ਗੁਆ ਬੈਠਾ

**ਲਖਨਊ** : ਇੱਥੋਂ ਦੇ ਇੱਕ ਵਿਅਕਤੀ ਨੂੰ 'ਔਰਤ' ਨਾਲ ਵਟਸਐਪ 'ਤੇ ਦੋਸਤੀ ਕਰਨੀ ਬਹੁਤ ਮਹਿੰਗੀ ਪੈ ਗਈ, ਜਦੋਂ ਉਸ ਨਾਲ 1.92 ਕਰੋੜ ਰੁਪਏ ਦੀ ਵੱਡੀ ਸਾਈਬਰ ਠੱਗੀ ਹੋ ਗਈ। ਪੀੜਤ ਸ਼ਲਭ ਪਾਂਡੇ ਲਈ ਦੂਜਾ ਵੱਡਾ ਝਟਕਾ ਇਹ ਸੀ ਕਿ ਜਿਸ 'ਭਾਵਿਕਾ ਸ਼ੈੱਟੀ' ਨਾਂਅ ਦੀ ਔਰਤ ਨਾਲ ਉਹ ਗੱਲਾਂ ਕਰ ਰਿਹਾ ਸੀ, ਉਹ ਅਸਲ ਵਿੱਚ ਇੱਕ ਮਰਦ ਨਿਕਲਿਆ। ਪੁਲਸ ਨੇ ਇਸ ਮਾਮਲੇ ਵਿੱਚ ਇਮਰਾਨ ਗਾਜ਼ੀ (34) ਨਾਂਅ ਦੇ ਮੁਲਜ਼ਮ ਨੂੰ ਗ੍ਰਿਫਤਾਰ ਕੀਤਾ ਹੈ। ਪੁਲਸ ਮੁਤਾਬਕ, ਇਹ ਮਾਮਲਾ ਉਦੋਂ ਸ਼ੁਰੂ ਹੋਇਆ ਜਦੋਂ ਮੁਲਜ਼ਮ ਨੇ ਵਟਸਐਪ ਰਾਹੀਂ ਪੀੜਤ ਨਾਲ ਦੋਸਤੀ ਕੀਤੀ ਅਤੇ ਹੌਲੀ-ਹੌਲੀ ਉਸ ਨੂੰ ਭਰੋਸੇ ਵਿੱਚ ਲੈ ਕੇ ਫਰਜ਼ੀ ਸਕੀਮਾਂ ਵਿੱਚ ਪੈਸੇ ਨਿਵੇਸ਼ ਕਰਨ ਲਈ ਰਾਜ਼ੀ ਕਰ ਲਿਆ। ਮੋਟੇ ਮੁਨਾਫੇ ਦਾ ਲਾਲਚ ਦੇ ਕੇ, ਪੀੜਤ ਕੋਲੋਂ ਵੱਖ-ਵੱਖ ਬੈਂਕ ਖਾਤਿਆਂ ਵਿੱਚ ਕੁੱਲ 1.92 ਕਰੋੜ ਰੁਪਏ ਟਰਾਂਸਫਰ ਕਰਵਾ ਲਏ ਗਏ। ਜਦੋਂ ਪੀੜਤ ਨੂੰ ਠੱਗੀ ਦਾ ਅਹਿਸਾਸ ਹੋਇਆ ਤਾਂ ਉਸ ਨੇ ਸਾਈਬਰ ਕ੍ਰਾਈਮ ਥਾਣੇ ਵਿੱਚ ਸ਼ਿਕਾਇਤ ਦਰਜ ਕਰਵਾਈ। ਜਾਂਚ ਦੌਰਾਨ ਪਤਾ ਲੱਗਾ ਕਿ ਇਮਰਾਨ ਗਾਜ਼ੀ ਨੇ ਆਪਣੇ ਸਾਥੀ ਸ਼ਹਿਜ਼ਾਦ ਨਾਲ ਮਿਲ ਕੇ ਫਰਜ਼ੀ ਆਧਾਰ ਕਾਰਡ ਅਤੇ ਪੈਨ ਕਾਰਡ ਬਣਾਏ ਹੋਏ ਸਨ। ਇਨ੍ਹਾਂ ਜਾਅਲੀ ਦਸਤਾਵੇਜ਼ਾਂ ਦੀ ਵਰਤੋਂ ਕਰਕੇ ਉਸ ਨੇ ਕਈ ਬੈਂਕ ਖਾਤੇ ਖੋਲ੍ਹੇ, ਤਾਂ ਜੋ ਠੱਗੀ ਦੇ ਪੈਸੇ ਪ੍ਰਾਪਤ ਕੀਤੇ ਜਾ ਸਕਣ। ਪੁਲਸ ਅਨੁਸਾਰ, ਇਕੱਲੇ ਗਾਜ਼ੀ ਦੇ ਖਾਤਿਆਂ ਰਾਹੀਂ ਹੀ 54 ਲੱਖ ਰੁਪਏ ਦਾ ਲੈਣ-ਦੇਣ ਹੋਇਆ ਸੀ ਅਤੇ ਇੱਕ ਮਹੀਨੇ ਦੇ ਅੰਦਰ ਉਸ ਦੇ ਖਾਤਿਆਂ ਵਿੱਚ 1.52 ਕਰੋੜ ਰੁਪਏ ਦੀ ਹੇਰਾਫੇਰੀ ਦੇਖੀ ਗਈ। ਪੁਲਸ ਨੇ ਮੁਲਜ਼ਮ ਕੋਲੋਂ ਜਾਅਲੀ ਸ਼ਨਾਖਤੀ ਕਾਰਡ ਬਰਾਮਦ ਕਰ ਲਏ ਹਨ ਅਤੇ ਹੁਣ ਇਸ ਗ੍ਰੋਹ ਦੇ ਹੋਰ ਮੈਂਬਰਾਂ ਦੀ ਭਾਲ ਕੀਤੀ ਜਾ ਰਹੀ ਹੈ। ਇਹ ਘਟਨਾ ਇੱਕ ਵਾਰ ਫਿਰ ਸੋਸ਼ਲ ਮੀਡੀਆ 'ਤੇ ਅਣਜਾਣ ਲੋਕਾਂ ਨਾਲ ਦੋਸਤੀ ਅਤੇ ਨਿਵੇਸ਼ ਦੇ ਲਾਲਚ ਤੋਂ ਬਚਣ ਦੀ ਚੇਤਾਵਨੀ ਦਿੰਦੀ ਹੈ।

## ਲਾਰੈਂਸ ਬਿਸ਼ਨੋਈ ਸਰਕਾਰ ਦੇ ਇਸ਼ਾਰੇ 'ਤੇ ਜੇਲ੍ਹ 'ਚੋਂ ਨੈੱਟਵਰਕ ਚਲਾ ਰਿਹੈ : ਕੈਨੇਡਾ



**ਚੰਡੀਗੜ੍ਹ** : ਕੈਨੇਡਾ ਦੀ ਕੌਮੀ ਪੁਲਸ 'ਰਾਇਲ ਕੈਨੇਡੀਅਨ ਮਾਊਂਟਿਡ ਪੁਲਸ' (ਆਰ ਸੀ ਐੱਮ ਪੀ) ਦੀ ਇੱਕ ਗੁਪਤ ਰਿਪੋਰਟ ਨੇ ਭਾਰਤ ਅਤੇ ਕੈਨੇਡਾ ਵਿਚਾਲੇ ਚੱਲ ਰਹੇ ਕੂਟਨੀਤਕ ਤਣਾਅ ਨੂੰ ਹੋਰ ਵਧਾ ਦਿੱਤਾ ਹੈ। 'ਗਲੋਬਲ ਨਿਊਜ਼' ਵੱਲੋਂ ਨਸ਼ਰ ਕੀਤੀ ਗਈ ਰਿਪੋਰਟ ਵਿੱਚ ਦਾਅਵਾ ਕੀਤਾ ਗਿਆ ਹੈ ਕਿ ਗੁਜਰਾਤ ਦੀ ਸਾਬਰਮਤੀ ਜੇਲ੍ਹ ਵਿੱਚ ਬੰਦ ਗੈਂਗਸਟਰ ਲਾਰੈਂਸ ਬਿਸ਼ਨੋਈ ਜੇਲ੍ਹ ਦੇ ਅੰਦਰੋਂ ਹੀ ਆਪਣਾ ਅਪਰਾਧਕ ਨੈੱਟਵਰਕ ਚਲਾ ਰਿਹਾ ਹੈ। ਰਿਪੋਰਟ ਵਿੱਚ ਸਭ ਤੋਂ ਹੈਰਾਨੀਜਨਕ ਦਾਅਵਾ ਇਹ ਕੀਤਾ ਗਿਆ ਹੈ ਕਿ ਬਿਸ਼ਨੋਈ ਗੈਂਗ 'ਭਾਰਤ ਸਰਕਾਰ ਦੇ ਇਸ਼ਾਰੇ 'ਤੇ' ਕੈਨੇਡਾ ਵਿੱਚ ਸਿੱਖ ਵੱਖਵਾਦੀਆਂ ਅਤੇ ਹੋਰ ਵਿਰੋਧੀਆਂ ਨੂੰ ਨਿਸ਼ਾਨਾ ਬਣਾ ਰਿਹਾ ਹੈ। ਰਿਪੋਰਟ ਅਨੁਸਾਰ, ਲਾਰੈਂਸ ਬਿਸ਼ਨੋਈ ਸਾਲ 2015 ਤੋਂ ਜੇਲ੍ਹ ਵਿੱਚ ਹੈ ਪਰ ਉਹ ਉੱਥੋਂ ਹੀ ਕੈਨੇਡਾ ਵਿੱਚ ਜਬਰਨ ਉਗਰਾਹੀ, ਨਸ਼ਾ ਤਸਕਰੀ ਅਤੇ ਕੰਟਰੈਕਟ ਕਿਲਿੰਗ ਵਰਗੀਆਂ ਵਾਰਦਾਤਾਂ ਨੂੰ ਅੰਜਾਮ ਦੇ ਰਿਹਾ ਹੈ। ਇਹ ਵੀ ਕਿਹਾ ਗਿਆ ਹੈ ਕਿ ਬਿਸ਼ਨੋਈ ਆਪਣੇ ਸਾਥੀ ਗੋਲਡੀ ਬਰਾੜ (ਸਤਿੰਦਰਜੀਤ ਸਿੰਘ) ਨਾਲ ਮਿਲ ਕੇ ਭਾਰਤ, ਉੱਤਰੀ ਅਮਰੀਕਾ ਅਤੇ ਯੂਰਪ ਸਮੇਤ ਕਈ ਦੇਸ਼ਾਂ ਵਿੱਚ ਫੈਲੇ ਆਪਣੇ 700 ਮੈਂਬਰਾਂ ਦੇ ਗੈਂਗ ਨੂੰ ਨਿਰਦੇਸ਼ ਦੇ ਰਿਹਾ ਹੈ। ਕੈਨੇਡੀਅਨ ਪੁਲਸ ਨੇ ਦੋਸ਼ ਲਾਇਆ ਹੈ ਕਿ ਹਰਦੀਪ ਸਿੰਘ ਨਿੱਝਰ ਅਤੇ ਸੁਖਦੂਲ ਸਿੰਘ ਵਰਗੇ ਨੇਤਾਵਾਂ ਦੇ ਕਤਲ ਵਿੱਚ ਇਸੇ ਗੈਂਗ ਦਾ ਹੱਥ ਸੀ।

ਭਾਰਤ ਸਰਕਾਰ ਨੇ ਪਹਿਲਾਂ ਵੀ ਅਜਿਹੇ ਦੋਸ਼ਾਂ ਨੂੰ ਸਖਤੀ ਨਾਲ ਖਾਰਜ ਕੀਤਾ ਸੀ। ਭਾਰਤ ਨੇ ਕੈਨੇਡਾ ਦੇ ਇਨ੍ਹਾਂ ਦਾਅਵਿਆਂ ਨੂੰ 'ਬੇਬੁਨਿਆਦ ਅਤੇ ਸਿਆਸਤ ਤੋਂ ਪ੍ਰੇਰਤ' ਕਰਾਰ ਦਿੱਤਾ ਸੀ। ਇਸ ਵਿਵਾਦ ਦੇ ਚੱਲਦਿਆਂ ਭਾਰਤ ਪਹਿਲਾਂ ਹੀ ਆਪਣੇ ਛੇ ਡਿਪਲੋਮੈਟਾਂ ਨੂੰ ਵਾਪਸ ਬੁਲਾ ਚੁੱਕਾ ਹੈ ਅਤੇ ਕੈਨੇਡੀਅਨ ਡਿਪਲੋਮੈਟਾਂ ਨੂੰ ਦੇਸ਼ ਛੱਡਣ ਦਾ ਹੁਕਮ ਦੇ ਚੁੱਕਾ ਹੈ।

ਗੁਜਰਾਤ ਜੇਲ੍ਹ ਵਿਭਾਗ ਜਾਂ ਭਾਰਤੀ ਹਾਈ ਕਮਿਸ਼ਨ ਵੱਲੋਂ ਅਜੇ ਤੱਕ ਇਸ ਤਾਜ਼ਾ ਰਿਪੋਰਟ 'ਤੇ ਕੋਈ ਅਧਿਕਾਰਤ ਟਿੱਪਣੀ ਨਹੀਂ ਆਈ ਹੈ। ਇਹ ਖੁਲਾਸਾ ਅਜਿਹੇ ਸਮੇਂ ਹੋਇਆ ਹੈ ਜਦੋਂ ਦੋਵਾਂ ਦੇਸ਼ਾਂ ਵਿਚਾਲੇ ਵਪਾਰਕ ਗੱਲਬਾਤ ਮੁੜ ਸ਼ੁਰੂ ਹੋਣ ਦੀ ਉਮੀਦ ਜਤਾਈ ਜਾ ਰਹੀ ਸੀ, ਪਰ ਆਰ ਸੀ ਐੱਮ ਪੀ ਦੀ ਇਸ ਰਿਪੋਰਟ ਨੇ ਇੱਕ ਵਾਰ ਫਿਰ ਦੋਵਾਂ ਦੇਸ਼ਾਂ ਦੇ ਰਿਸ਼ਤਿਆਂ ਵਿੱਚ ਕੁੜੱਤਣ ਵਧਾ ਦਿੱਤੀ ਹੈ।

ਰਿਪੋਰਟ ਵਿੱਚ ਇਹ ਵੀ ਕਿਹਾ ਗਿਆ ਹੈ ਕਿ ਕੈਨੇਡੀਅਨ ਜਾਂਚ ਏਜੰਸੀਆਂ ਕੋਲ ਅਜਿਹੀਆਂ ਗੁਪਤ ਜਾਣਕਾਰੀਆਂ ਹਨ, ਜੋ ਸੀਨੀਅਰ ਭਾਰਤੀ ਅਧਿਕਾਰੀਆਂ ਨੂੰ ਇਨ੍ਹਾਂ ਅਪਰਾਧਕ ਗਤੀਵਿਧੀਆਂ ਨਾਲ ਜੋੜਦੀਆਂ ਹਨ।

### ਟਰੇਨ 'ਤੇ ਕਰੇਨ ਡਿੱਗਣ ਕਾਰਨ 30 ਮੌਤਾਂ



**ਬੈਂਕਾਕ** : ਉੱਤਰ-ਪੂਰਬੀ ਥਾਈਲੈਂਡ ਵਿੱਚ ਬੁੱਧਵਾਰ ਵਿਸ਼ਾਲ ਉਸਾਰੀ ਕਰੇਨ ਚੱਲਦੀ ਪੈਸੇਂਜਰ ਟਰੇਨ 'ਤੇ ਡਿੱਗਣ ਕਾਰਨ 30 ਲੋਕਾਂ ਦੀ ਮੌਤ ਹੋ ਗਈ ਅਤੇ 67 ਜ਼ਖ਼ਮੀ ਹੋ ਗਏ। ਅਧਿਕਾਰੀਆਂ ਨੇ ਖਦਸ਼ਾ ਜਤਾਇਆ ਹੈ ਕਿ ਮੌਤਾਂ ਦੀ ਗਿਣਤੀ ਵਧ ਸਕਦੀ ਹੈ ਕਿਉਂਕਿ ਕਈ ਜ਼ਖਮੀਆਂ ਦੀ ਹਾਲਤ ਗੰਭੀਰ ਬਣੀ ਹੋਈ ਹੈ। ਨਖੋਨ ਰਤਚਾਸਿਮਾ ਸੂਬੇ ਦੇ ਲੋਕ ਸੰਪਰਕ ਵਿਭਾਗ ਅਨੁਸਾਰ, ਇਹ ਕਰੇਨ ਇੱਕ ਐਲੀਵੇਟਿਡ ਹਾਈ-ਸਪੀਡ ਰੇਲਵੇ ਲਾਈਨ ਬਣਾਉਣ ਲਈ ਵਰਤੀ ਜਾ ਰਹੀ ਸੀ। ਜਦੋਂ ਬੈਂਕਾਕ ਤੋਂ ਉਬੋਨ ਰਤਚਥਾਨੀ ਜਾ ਰਹੀ ਟਰੇਨ ਗੁਜ਼ਰ ਰਹੀ ਸੀ, ਤਾਂ ਕਰੇਨ ਅਚਾਨਕ ਸੰਤੁਲਨ ਉੱਪਰ ਜਾ ਡਿੱਗੀ। ਕਈ ਬੋਗੀਆਂ ਪਟੜੀ ਤੋਂ ਉਤਰ ਗਈਆਂ ਅਤੇ ਭਿਆਨਕ ਅੱਗ ਲੱਗ ਗਈ।

### ਸਿੱਟ ਦੀ ਗਿਆਨੀ ਹਰਪ੍ਰੀਤ ਸਿੰਘ ਨਾਲ ਮੁਲਾਕਾਤ

**ਬਠਿੰਡਾ** : ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਲਾਪਤਾ ਸਰੂਪਾਂ ਦੇ ਮਾਮਲੇ ਦੀ ਜਾਂਚ ਕਰ ਰਹੀ ਵਿਸ਼ੇਸ਼ ਜਾਂਚ ਟੀਮ (ਸਿੱਟ) ਨੇ ਬੁੱਧਵਾਰ ਸ੍ਰੀ ਅਕਾਲ ਤਖਤ ਸਾਹਿਬ ਦੇ ਸਾਬਕਾ ਕਾਰਜਕਾਰੀ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਦੇ ਇੱਥੇ ਗਰੀਨ ਸਿਟੀ ਸਥਿਤ ਘਰ ਪਹੁੰਚ ਕੇ ਵਿਸਥਾਰ 'ਚ ਗੱਲਬਾਤ ਕੀਤੀ। ਸਿੱਟ ਦੇ ਮੁਖੀ ਏ ਆਈ ਜੀ ਜਗਤਪ੍ਰੀਤ ਸਿੰਘ ਨੇ ਮੀਡੀਆ ਨੂੰ ਦੱਸਿਆ ਕਿ ਗਿਆਨੀ ਹਰਪ੍ਰੀਤ ਸਿੰਘ ਨੇ ਸਰੂਪਾਂ ਸੰਬੰਧੀ ਕਾਫੀ ਜਾਣਕਾਰੀ ਪ੍ਰਦਾਨ ਕੀਤੀ ਹੈ। ਗਿਆਨੀ ਹਰਪ੍ਰੀਤ ਸਿੰਘ ਨੇ ਕਿਹਾ ਕਿ ਸਰੂਪਾਂ ਦੇ ਮਾਮਲੇ ਨੂੰ ਰਾਜਨੀਤੀ ਤੋਂ ਦੂਰ ਰੱਖਿਆ ਜਾਣਾ ਚਾਹੀਦਾ ਹੈ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਵੀ ਇਸ ਜਾਂਚ ਵਿੱਚ ਪੂਰਾ ਸਹਿਯੋਗ ਦੇਣਾ ਚਾਹੀਦਾ ਹੈ।

## ਗਮਾਡਾ ਵੱਲੋਂ 42 ਪ੍ਰਮੁੱਖ ਸਥਾਨਾਂ ਦੀ ਆਨਲਾਈਨ ਨਿਲਾਮੀ ਦੀ ਪੇਸ਼ਕਸ਼



**ਚੰਡੀਗੜ੍ਹ, (ਗੁਰਜੀਤ ਬਿੱਲਾ, ਕ੍ਰਿਸ਼ਨ ਗਰਗ)**-ਯੋਜਨਾਬੱਧ ਸ਼ਹਿਰੀ ਵਿਕਾਸ ਨੂੰ ਤੇਜ਼ ਕਰਨ ਅਤੇ ਰੀਅਲ ਅਸਟੇਟ ਦੇ ਮੌਕਿਆਂ ਤੱਕ ਪਹੁੰਚ ਨੂੰ ਵਧਾਉਣ ਦੀ ਦਿਸ਼ਾ ਵਿੱਚ ਅਹਿਮ ਕਦਮ ਚੁੱਕਦਿਆਂ ਪੰਜਾਬ ਦੇ ਮਕਾਨ ਉਸਾਰੀ ਅਤੇ ਸ਼ਹਿਰੀ ਵਿਕਾਸ ਮੰਤਰੀ ਹਰਦੀਪ ਸਿੰਘ ਮੁੰਡੀਆਂ ਨੇ ਦੱਸਿਆ ਕਿ ਗ੍ਰੇਟਰ ਮੋਹਾਲੀ ਏਰੀਆ ਡਿਵੈਲਪਮੈਂਟ ਅਥਾਰਟੀ (ਗਮਾਡਾ) ਇੱਕ ਆਨਲਾਈਨ ਪ੍ਰਕਿਰਿਆ ਰਾਹੀਂ 5,460 ਕਰੋੜ ਰੁਪਏ ਦੀਆਂ 42 ਪ੍ਰਮੁੱਖ ਸਥਾਨਾਂ ਦੀ ਨਿਲਾਮੀ ਕਰੇਗੀ, ਪਹਿਲੀ ਮੈਗਾ ਨਿਲਾਮੀ 14 ਜਨਵਰੀ ਤੋਂ 11 ਫਰਵਰੀ, 2026 ਤੱਕ ਹੈ।ਆਨਲਾਈਨ ਨੀਲਾਮੀ ਲਈ ਪੇਸ਼ ਕੀਤੀ ਗਈ ਪ੍ਰਾਪਰਟੀਆਂ ਵਿਚ ਰਿਹਾਇਸ਼ੀ ਪਲਾਟ, ਐੱਸ ਸੀ ਓਜ਼, ਮਿਕਸਡ ਲੈਂਡ ਯੂਜ਼, ਗਰੁੂਪ ਹਾਊਸਿੰਗ, ਹਸਪਤਾਲ ਤੇ ਹੋਟਲ ਲਈ ਜ਼ਮੀਨ ਉਪਲੱਬਧ ਹੈ, ਜੋ ਭਗਵੰਤ ਮਾਨ ਸਰਕਾਰ ਦੀ ਜਾਇਦਾਦ ਦੀਆਂ ਕੀਮਤਾਂ ਨੂੰ ਤਰਕਸੰਗਤ ਬਣਾਉਣ, ਸਮੁੱਚੀ ਪਾਰਦਰਸ਼ਤਾ ਲਾਗੂ ਕਰਨ ਤੇ ਘਰ ਖਰੀਦਦਾਰਾਂ, ਉੱਦਮੀਆਂ ਤੇ ਸੰਸਥਾਗਤ ਨਿਵੇਸ਼ਕਾਂ ਦੁਆਰਾ ਵਿਆਪਕ ਭਾਗੀਦਾਰੀ ਨੂੰ ਯਕੀਨੀ ਬਣਾਉਣ ਲਈ ਨਿਵੇਸ਼ਕ-ਪੱਖੀ ਨੀਤੀਆਂ ਦਾ ਲਾਭ ਉਠਾਉਣ ਦੀ ਰਣਨੀਤੀ ਨੂੰ ਦਰਸਾਉਂਦੀ ਹੈ।

### ਸਰਬਜੀਤ ਕੌਰ ਤੋਂ 'ਨੂਰ' ਬਣੀ ਮਹਿਲਾ ਗ੍ਰਿਫ਼ਤਾਰ

**ਇਸਲਾਮਾਬਾਦ** : ਪਿਛਲੇ ਸਾਲ ਨਵੰਬਰ 'ਚ ਪਾਕਿਸਤਾਨ ਸਥਿਤ ਗੁਰਧਾਮਾਂ ਦੀ ਯਾਤਰਾ ਦੌਰਾਨ ਲਾਪਤਾ ਹੋਣ ਮਗਰੋਂ ਸਥਾਨਕ ਮੁਸਲਿਮ ਨਾਲ ਵਿਆਹ ਕਰਵਾਉਣ ਵਾਲੀ ਭਾਰਤੀ ਸਿੱਖ ਮਹਿਲਾ ਸਰਬਜੀਤ ਕੌਰ ਨੂੰ ਗ੍ਰਿਫ਼ਤਾਰ ਕਰਕੇ ਲਾਹੌਰ ਦੇ ਸਰਕਾਰੀ ਸ਼ੈਲਟਰ ਹੋਮ ਭੇਜ ਦਿੱਤਾ ਗਿਆ ਹੈ। ਸਰਬਜੀਤ ਕੌਰ ਉਨ੍ਹਾਂ 2,000 ਸਿੱਖ ਸ਼ਰਧਾਲੂਆਂ 'ਚੋਂ ਇੱਕ ਸੀ ਜੋ ਪਿਛਲੇ ਸਾਲ ਨਵੰਬਰ ਵਿੱਚ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਮਨਾਉਣ ਲਈ ਭਾਰਤ ਤੋਂ ਵਾਹਗਾ ਸਰਹੱਦ ਰਸਤੇ ਪਾਕਿਸਤਾਨ ਗਏ ਸਨ।ਜਥੇ 'ਚ ਗਏ ਸਾਰੇ ਸ਼ਰਧਾਲੂ ਕੁਝ ਦਿਨਾਂ ਬਾਅਦ ਘਰ ਵਾਪਸ ਆ ਗਏ, ਪਰ ਸਰਬਜੀਤ ਕੌਰ ਲਾਪਤਾ ਹੋ ਗਈ।ਲਾਹੌਰ ਦੇ ਇੱਕ ਸੀਨੀਅਰ ਪੁਲੀਸ ਅਧਿਕਾਰੀ ਨੇ ਮਗਰੋਂ ਕਿਹਾ ਕਿ ਸਰਬਜੀਤ ਨੇ 4 ਨਵੰਬਰ ਨੂੰ ਪਾਕਿਸਤਾਨ ਪਹੁੰਚਣ ਤੋਂ ਇੱਕ ਦਿਨ ਬਾਅਦ ਲਾਹੌਰ ਤੋਂ ਕਰੀਬ 50 ਕਿਲੋਮੀਟਰ ਦੂਰ ਸ਼ੇਖੂਪੁਰਾ ਜ਼ਿਲ੍ਹੇ ਦੇ ਨਾਸਿਰ ਹੁਸੈਨ ਨਾਲ ਵਿਆਹ ਕਰ ਲਿਆ। ਪੰਜਾਬ ਸਰਕਾਰ ਦੇ ਸੂਤਰ ਨੇ ਦੱਸਿਆ, "ਅਦਾਲਤੀ ਹੁਕਮਾਂ ਦੀ ਪਾਲਣਾ ਕਰਨ ਦੀ ਬਜਾਏ, ਪੰਜਾਬ ਪੁਲਸ ਨੇ ਜੋੜੇ ਨੂੰ ਗ੍ਰਿਫ਼ਤਾਰ ਕਰ ਲਿਆ ਅਤੇ ਸਰਬਜੀਤ ਕੌਰ ਨੂੰ ਲਾਹੌਰ ਦੇ ਦਾਰੁਲ ਅਮਾਨ (ਸਰਕਾਰੀ ਸ਼ੈਲਟਰ ਹੋਮ) ਭੇਜ ਦਿੱਤਾ।" ਉਨ੍ਹਾਂ ਕਿਹਾ ਕਿ ਅਧਿਕਾਰੀ ਸਰਬਜੀਤ ਕੌਰ ਨੂੰ ਡਿਪੋਰਟ ਕਰਨਾ ਚਾਹੁੰਦੇ ਹਨ।

## ਕੈਨੇਡਾ 'ਚ ਪੰਜਾਬੀ ਕਾਰੋਬਾਰੀ ਦੀ ਹੱਤਿਆ



**ਟੋਰਾਂਟੋ** : ਸਰੀ 'ਚ ਪੰਜਾਬੀ ਕਾਰੋਬਾਰੀ ਬਿੰਦਰ ਸਿੰਘ ਗਰਚਾ ਦੀ 13 ਜਨਵਰੀ ਨੂੰ ਉਸ ਦੇ ਫਾਰਮ ਹਾਊਸ ਨੇੜੇ ਗੋਲੀਆਂ ਮਾਰ ਕੇ ਹੱਤਿਆ ਕਰ ਦਿੱਤੀ ਗਈ। ਸਰੀ ਪੁਲਸ ਸੇਵਾ ਮੁਤਾਬਕ ਦੁਪਹਿਰ 12:05 ਵਜੇ ਸੜਕ ਕਿਨਾਰੇ ਇੱਕ ਜ਼ਖਮੀ ਵਿਅਕਤੀ ਦੇ ਪਏ ਹੋਣ ਦੀ ਰਿਪੋਰਟ ਮਿਲੀ। ਸਰੀ ਫਾਇਰ ਸਰਵਿਸ ਅਤੇ ਬੀ ਸੀ ਐਮਰਜੈਂਸੀ ਸਿਹਤ ਸੇਵਾਵਾਂ ਨੇ ਡਾਕਟਰੀ ਸਹਾਇਤਾ ਪ੍ਰਦਾਨ ਕਰਨ ਦੀ ਕੋਸ਼ਿਸ਼ ਕੀਤੀ, ਪਰ ਬਚਾਅ ਨਹੀਂ ਸਕੀਆਂ। ਘਟਨਾ ਕੇਨਸਿੰਗਟਨ ਪ੍ਰੇਰੀ ਖੇਤਰ ਵਿੱਚ ਵਾਪਰੀ, ਜੋ ਕਿ 176ਵੀਂ ਸਟਰੀਟ ਅਤੇ 35ਵੀਂ ਐਵੇਨਿਊ 'ਤੇ ਸਥਿਤ ਹੈ। ਇਹ ਮੁੱਖ ਤੌਰ 'ਤੇ ਖੇਤੀਬਾੜੀ ਖੇਤਰ ਹੈ। ਹਾਲਾਂਕਿ, ਪੁਲਸ ਨੇ ਮ੍ਰਿਤਕ ਦੀ ਪਛਾਣ ਅਧਿਕਾਰਤ ਤੌਰ 'ਤੇ ਜਾਰੀ ਨਹੀਂ ਕੀਤੀ ਹੈ, ਪਰ ਸੂਤਰਾਂ ਤੋਂ ਪਤਾ ਲੱਗਿਆ ਹੈ ਕਿ ਮਾਰੇ ਗਏ ਕਾਰੋਬਾਰੀ ਦੀ ਪਛਾਣ ਸਟੂਡੀਓ-12 ਦੇ ਮਾਲਕ ਬਿੰਦਰ ਗਰਚਾ ਵਜੋਂ ਹੋਈ ਹੈ। ਹਮਲਾਵਰਾਂ ਨੇ ਉਸ ਨੂੰ ਫਾਰਮ ਦੇ ਗੇਟ ਨੇੜੇ ਨਿਸ਼ਾਨਾ ਬਣਾਇਆ। ਕਤਲ ਤੋਂ ਥੋੜ੍ਹੀ ਦੇਰ ਬਾਅਦ ਪੁਲਸ ਨੂੰ 189ਵੀਂ ਸਟਰੀਟ ਅਤੇ 40ਵੀਂ ਐਵੇਨਿਊ ਦੇ ਨੇੜੇ ਇੱਕ ਸੜੀ ਹੋਈ ਕਾਰ ਮਿਲੀ। ਗਰਚਾ ਕਈ ਕਾਰੋਬਾਰਾਂ ਵਿੱਚ ਸ਼ਾਮਲ ਸੀ, ਜਿਸ ਵਿੱਚ ਵੀਡੀਓਗ੍ਰਾਫੀ ਅਤੇ ਫੋਟੋਗ੍ਰਾਫੀ, ਲਿਮੋਜ਼ਿਨ ਸੇਵਾ ਅਤੇ ਐਮਪ੍ਰੈਸ ਬੈਂਕੁਇਟ ਹਾਲ ਸ਼ਾਮਲ ਸਨ। ਉਹ ਨਵਾਂਸ਼ਹਿਰ ਜ਼ਿਲ੍ਹੇ ਦੇ ਮੱਲ੍ਹਾ ਬੇਦੀਆਂ ਪਿੰਡ ਦਾ ਸੀ। ਉਹ ਪਿੱਛੇ ਪਤਨੀ, ਦੋ ਧੀਆਂ, ਇੱਕ ਪੁੱਤਰ ਅਤੇ ਮਾਤਾ-ਪਿਤਾ ਛੱਡ ਗਿਆ ਹੈ।

## ਧਮਕੀ ਤੋਂ ਬਾਅਦ ਲੁਧਿਆਣਾ ਦੀ ਕਚਹਿਰੀ ਖਾਲੀ ਕਰਵਾਈ

**ਲੁਧਿਆਣਾ** : ਜ਼ਿਲ੍ਹਾ ਅਦਾਲਤੀ ਕੰਪਲੈਕਸ ਵਿੱਚ ਬੁੱਧਵਾਰ ਭਾਜੜ ਮਚ ਗਈ, ਜਦੋਂ ਬੰਬ ਨਾਲ ਉਡਾਉਣ ਦੀ ਧਮਕੀ ਭਰੀ ਈ-ਮੇਲ ਪ੍ਰਾਪਤ ਹੋਈ। ਇੱਕ ਹਫਤੇ ਵਿੱਚ ਇਹ ਦੂਜੀ ਵਾਰ ਹੈ ਜਦੋਂ ਅਦਾਲਤ ਨੂੰ ਨਿਸ਼ਾਨਾ ਬਣਾਉਣ ਦੀ ਅਜਿਹੀ ਧਮਕੀ ਮਿਲੀ ਹੈ। ਪੂਰੇ ਕੰਪਲੈਕਸ ਨੂੰ ਤੁਰੰਤ ਖਾਲੀ ਕਰਵਾ ਲਿਆ ਗਿਆ ਅਤੇ ਵਕੀਲਾਂ ਨੂੰ ਆਪਣੇ ਚੈਂਬਰਾਂ ਵਿੱਚ ਨਾ ਜਾਣ ਦੀ ਸਖਤ ਹਦਾਇਤ ਦਿੱਤੀ ਗਈ। ਧਮਕੀ ਬੁੱਧਵਾਰ ਸਵੇਰੇ ਅਦਾਲਤ ਦੇ ਅਧਿਕਾਰਤ ਮੇਲ ਆਈ ਡੀ 'ਤੇ ਭੇਜੀ ਗਈ ਸੀ। ਦਾਅਵਾ ਕੀਤਾ ਗਿਆ ਸੀ ਕਿ ਕੁਝ ਹੀ ਸਮੇਂ ਵਿੱਚ ਅਦਾਲਤ ਨੂੰ ਬੰਬ ਨਾਲ ਉਡਾ ਦਿੱਤਾ ਜਾਵੇਗਾ। ਦੂਜੇ ਪਾਸੇ, ਜ਼ਿਲ੍ਹਾ ਬਾਰ ਐਸੋਸੀਏਸ਼ਨ ਦੇ ਪ੍ਰਧਾਨ ਵਿਪਨ ਸੱਗੜ ਨੇ ਵਕੀਲਾਂ ਅਤੇ ਲੋਕਾਂ ਦੀ ਸੁਰੱਖਿਆ ਨੂੰ ਮੁੱਖ ਰੱਖਦਿਆਂ 'ਨੋ ਵਰਕ ਡੇਅ' ਦਾ ਐਲਾਨ ਕਰ ਦਿੱਤਾ। ਇਸ ਕਾਰਨ ਦੂਰ-ਦੂਰ ਤੋਂ ਆਏ ਸੈਂਕੜੇ ਲੋਕਾਂ ਨੂੰ ਬਿਨਾਂ ਕਿਸੇ ਕਾਰਵਾਈ ਦੇ ਵਾਪਸ ਮੁੜਨਾ ਪਿਆ।

ਫਤਿਹਗੜ੍ਹ ਸਾਹਿਬ ਸਥਿਤ ਜ਼ਿਲ੍ਹਾ ਜੁਡੀਸ਼ੀਅਲ ਕੰਪਲੈਕਸ ਨੂੰ ਬੰਬ ਨਾਲ ਉਡਾਉਣ ਦੀ ਧਮਕੀ ਮਿਲਣ ਤੋਂ ਬਾਅਦ ਕੰਪਲੈਕਸ 'ਚ ਦਾਖਲਾ ਬੰਦ ਕਰ ਦਿੱਤਾ ਗਿਆ। ਜ਼ਿਲ੍ਹਾ ਸੈਸ਼ਨ ਜੱਜ ਨੂੰ ਈਮੇਲ ਰਾਹੀਂ ਪ੍ਰਾਪਤ ਹੋਈ ਧਮਕੀ ਤੋਂ ਬਾਅਦ ਕੰਪਲੈਕਸ ਨੂੰ ਬੰਦ ਕਰ ਦਿੱਤਾ ਗਿਆ।

### ਸਕੂਲ ਉਡਾਉਣ ਦੀਆਂ ਧਮਕੀਆਂ

**ਚੰਡੀਗੜ੍ਹ** : ਪੰਜਾਬ ਵਿੱਚ ਬੁੱਧਵਾਰ ਸਵੇਰੇ ਸਕੂਲ ਖੁੱਲ੍ਹਦਿਆਂ ਹੀ ਅੰਮ੍ਰਿਤਸਰ ਅਤੇ ਮੋਗਾ ਦੇ ਕਈ ਨਾਮੀ ਸਕੂਲਾਂ ਨੂੰ ਬੰਬ ਨਾਲ ਉਡਾਉਣ ਦੀਆਂ ਧਮਕੀ ਭਰੀਆਂ ਈ-ਮੇਲਾਂ ਮਿਲੀਆਂ। ਪ੍ਰਬੰਧਕਾਂ ਨੇ ਸਾਵਧਾਨੀ ਵਜੋਂ ਤੁਰੰਤ ਛੁੱਟੀ ਕਰ ਦਿੱਤੀ ਅਤੇ ਵਿਦਿਆਰਥੀਆਂ ਨੂੰ ਘਰਾਂ ਵੱਲ ਰਵਾਨਾ ਕਰ ਦਿੱਤਾ। ਅੰਮ੍ਰਿਤਸਰ ਸ਼ਹਿਰ ਦੇ ਤਿੰਨ ਪ੍ਰਮੁੱਖ ਸਕੂਲਾਂ ਦੀ ਅਧਿਕਾਰਤ ਮੇਲ ਆਈ ਡੀ 'ਤੇ ਧਮਕੀ ਭਰੇ ਸੁਨੇਹੇ ਮਿਲੇ, ਜਿਨ੍ਹਾਂ ਵਿੱਚ ਦਾਅਵਾ ਕੀਤਾ ਗਿਆ ਕਿ ਇਮਾਰਤ ਨੂੰ ਧਮਾਕੇ ਨਾਲ ਉਡਾ ਦਿੱਤਾ ਜਾਵੇਗਾ। ਇਨ੍ਹਾਂ ਈ-ਮੇਲਾਂ ਵਿੱਚ ਕਥਿਤ ਤੌਰ 'ਤੇ ਇੱਕ ਅੱਤਵਾਦੀ ਸੰਗਠਨ ਦਾ ਨਾਂਅ ਵੀ ਲਿਖਿਆ ਗਿਆ ਹੈ। ਅੰਮ੍ਰਿਤਸਰ ਦੇ ਦਿਹਾਤੀ ਇਲਾਕਿਆਂ ਵਿੱਚ ਵੀ ਕੁਝ ਸਕੂਲਾਂ ਨੂੰ ਅਜਿਹੀਆਂ ਧਮਕੀਆਂ ਮਿਲਣ ਦੀ ਰਿਪੋਰਟ ਹੈ। ਮੋਗਾ ਦੇ ਇੱਕ ਸਕੂਲ ਨੂੰ ਵੀ ਬੰਬ ਨਾਲ ਉਡਾਉਣ ਦੀ ਧਮਕੀ ਮਿਲੀ। ਇਸ ਤੋਂ ਬਾਅਦ ਸਕੂਲ ਨੂੰ ਖਾਲੀ ਕਰਵਾ ਲਿਆ ਗਿਆ।

## ਮੁਸਲਿਮ ਬ੍ਰਦਰਹੁੱਡ ਖਿਲਾਫ ਅਮਰੀਕਾ ਦੀ ਵੱਡੀ ਕਾਰਵਾਈ

**ਵਾਸ਼ਿੰਗਟਨ** : ਅਮਰੀਕਾ ਨੇ ਮੰਗਲਵਾਰ ਮੁਸਲਿਮ ਬ੍ਰਦਰਹੁੱਡ ਦੀਆਂ ਮਿਸਰ, ਲੇਬਨਾਨ ਅਤੇ ਜਾਰਡਨ ਸ਼ਾਖਾਵਾਂ ਨੂੰ ਅੱਤਵਾਦੀ ਸੰਗਠਨ ਕਰਾਰ ਦੇ ਦਿੱਤਾ। ਇਹ ਕਦਮ ਅਰਬ ਸਹਿਯੋਗੀਆਂ ਅਤੇ ਅਮਰੀਕੀ ਕੰਜ਼ਰਵੇਟਿਵਾਂ ਦੀ ਲੰਬੇ ਸਮੇਂ ਤੋਂ ਚੱਲੀ ਆ ਰਹੀ ਮੰਗ ਤੋਂ ਬਾਅਦ ਚੁੱਕਿਆ ਗਿਆ ਹੈ। ਵਿਦੇਸ਼ ਮੰਤਰੀ ਮਾਰਕੋ ਰੂਬੀਓ ਅਨੁਸਾਰ ਇਹ ਕਦਮ ਮੁਸਲਿਮ ਬ੍ਰਦਰਹੁੱਡ ਵੱਲੋਂ ਫੈਲਾਈ ਜਾਂਦੀ ਹਿੰਸਾ ਅਤੇ ਅਸਥਿਰਤਾ ਨੂੰ ਰੋਕਣ ਲਈ ਚੁੱਕਿਆ ਗਿਆ ਹੈ। ਵਿੱਤ ਮੰਤਰੀ ਸਕਾਟ ਬੇਸੈਂਟ ਨੇ ਕਿਹਾ ਕਿ ਇਸ ਸੰਗਠਨ ਦਾ ਅੱਤਵਾਦ ਫੈਲਾਉਣ ਦਾ ਪੁਰਾਣਾ ਰਿਕਾਰਡ ਹੈ ਅਤੇ ਅਮਰੀਕਾ ਹੁਣ ਇਸ ਨੂੰ ਵਿੱਤੀ ਸਿਸਟਮ ਤੋਂ ਪੂਰੀ ਤਰ੍ਹਾਂ ਕੱਟਣ ਲਈ ਸਖਤੀ ਨਾਲ ਕੰਮ ਕਰ ਰਿਹਾ ਹੈ। ਅਮਰੀਕਾ ਵਿੱਚ ਮੌਜੂਦ ਮੁਸਲਿਮ ਬ੍ਰਦਰਹੁੱਡ ਦੀ ਕਿਸੇ ਵੀ ਚੱਲ-ਅਚੱਲ ਜਾਇਦਾਦ ਨੂੰ ਬਲਾਕ ਕਰ ਦਿੱਤਾ ਜਾਵੇਗਾ। ਸੰਗਠਨ ਦੇ ਮੈਂਬਰਾਂ ਨਾਲ ਕਿਸੇ ਵੀ ਤਰ੍ਹਾਂ ਦਾ ਕਾਰੋਬਾਰ ਜਾਂ ਲੈਣ-ਦੇਣ ਅਪਰਾਧ ਮੰਨਿਆ ਜਾਵੇਗਾ। ਇਸ ਦੇ ਮੈਂਬਰਾਂ ਨੂੰ ਅਮਰੀਕਾ ਆਉਣ ਵਿੱਚ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪਵੇਗਾ। ਮੁਸਲਿਮ ਬ੍ਰਦਰਹੁੱਡ ਨੇ ਇਸ ਫੈਸਲੇ ਨੂੰ ਚੁਣੌਤੀ ਦੇਣ ਦੀ ਗੱਲ ਕਹੀ ਹੈ। ਉਸ ਦਾ ਕਹਿਣਾ ਹੈ ਕਿ ਉਹ ਹਿੰਸਾ ਦੇ ਵਿਰੁੱਧ ਹਨ ਅਤੇ ਇਹ ਫੈਸਲਾ ਯੂ ਏ ਈ ਅਤੇ ਇਜ਼ਰਾਈਲ ਵਰਗੇ ਦੇਸ਼ਾਂ ਦੇ ਦਬਾਅ ਹੇਠ ਲਿਆ ਗਿਆ ਹੈ।

### ਮੁਸਲਿਮ ਬ੍ਰਦਰਹੁੱਡ ਦਾ ਇਤਿਹਾਸ

1928 ਵਿੱਚ ਮਿਸਰ 'ਚ ਸਥਾਪਤ ਇਹ ਅੰਦੋਲਨ ਕਦੇ ਪੂਰੀ ਮੁਸਲਿਮ ਦੁਨੀਆ ਵਿੱਚ ਫੈਲਿਆ ਹੋਇਆ ਸੀ। 2012 ਵਿੱਚ ਮਿਸਰ ਦੇ ਲੋਕਤੰਤਰੀ ਚੋਣਾਂ ਵਿੱਚ ਮੁਹੰਮਦ ਮੋਰਸੀ ਰਾਸ਼ਟਰਪਤੀ ਚੁਣੇ ਗਏ ਸਨ, ਜੋ ਇਸੇ ਸੰਗਠਨ ਨਾਲ ਜੁੜੇ ਹੋਏ ਸਨ। 2013 ਵਿੱਚ ਫੌਜ ਮੁਖੀ ਅਬਦੇਲ ਫਤਾਹ ਅਲ-ਸੀਸੀ ਨੇ ਮੋਰਸੀ ਨੂੰ ਸੱਤਾ ਤੋਂ ਹਟਾ ਦਿੱਤਾ, ਜਿਸ ਤੋਂ ਬਾਅਦ ਮਿਸਰ ਵਿੱਚ ਇਸ ਸੰਗਠਨ ਵਿਰੁੱਧ ਵੱਡੀ ਕਾਰਵਾਈ ਸ਼ੁਰੂ ਹੋਈ। ਮਿਸਰ ਵਿੱਚ ਦਬਾਅ ਤੋਂ ਬਾਅਦ ਇਸ ਦੇ ਮੈਂਬਰਾਂ ਨੇ ਤੁਰਕੀ ਵਰਗੇ ਦੇਸ਼ਾਂ ਵਿੱਚ ਆਪਣਾ ਨੈੱਟਵਰਕ ਬਣਾਇਆ, ਜਿੱਥੇ ਰਾਸ਼ਟਰਪਤੀ ਅਰਦੋਗਨ ਨਾਲ ਉਨ੍ਹਾਂ ਦੀ ਵਿਚਾਰਧਾਰਕ ਨੇੜਤਾ ਹੈ।

### ਅੱਜ-ਨਾਮਾ

ਪ੍ਰੇਮੀ ਕ੍ਰਿਕਟ ਦੇ ਰਹਿੰਦੇ ਆ ਬਹੁਤ ਸੌਖੇ,
ਰਾਜ-ਸਮਾਜ ਦਾ ਫਿਕਰ ਨਾ ਕੋਈ ਬੇਲੀ।
ਆਪਣਾ ਮਾਰੇ ਖਿਡਾਰੀ ਜਾਂ ਸ਼ਾਟ ਤਕੜਾ,
ਮਾਰ ਕੇ ਤਾੜੀ ਫਿਰ ਜਾਣ ਖੜੋਈ ਬੇਲੀ।
ਜਦੋਂ ਫਿਰ ਦੂਸਰੇ ਪਾਸਿਉਂ ਸ਼ਾਟ ਲੱਗਦਾ,
ਰੋਂਵਦੀ ਸੂਰਤ ਨਹੀਂ ਜਾਏ ਲੁਕੋਈ ਬੇਲੀ।
ਬੜਾ ਕੁਝ ਹੁੰਦਾ ਹੈ ਪਿਆ ਸਮਾਜ ਅੰਦਰ,
ਰੱਖਦੇ ਓਧਰਲੀ ਖਿੜਕੀ ਆ ਢੋਈ ਬੇਲੀ।
ਜਵਾਨੀ ਕਰ'ਤੀ ਕ੍ਰਿਕਟ ਨੇ ਬੁਰੀ ਪਾਗਲ,
ਸੁਣੇ ਫਿਰ ਕਿਸੇ ਦੀ ਗੱਲ ਨਾ ਬਾਤ ਬੇਲੀ।
ਕਰਨੀ ਕਮਾਈ ਨਾ ਹੋਰ ਕੁਝ ਚਿੱਤ-ਚੇਤਾ,
ਜਾਨਣ ਸਕੋਰ ਦੀ ਸਿਰਫ ਬਰਸਾਤ ਬੇਲੀ।

-ਤੀਸ ਮਾਰ ਖਾਂ

## ਸਰਕਾਰ ਬਣੀ ਤਾਂ ਰਾਜਸਥਾਨ ਫੀਡਰ ਬੰਦ ਕਰਾਂਗੇ : ਸੁਖਬੀਰ

### ਬਿਨਾਂ ਵਿਆਜ 10 ਲੱਖ ਕਰਜ਼ਾ ਦੇਣ ਦਾ ਵੀ ਵਾਅਦਾ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ/ਪੂਜਾ)** ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਮਾਘੀ ਕਾਨਫਰੰਸ ਵਿੱਚ ਕਿਹਾ ਕਿ ਜੇ 2027 'ਚ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਬਣੀ ਤਾਂ ਪਹਿਲੇ 10 ਦਿਨਾਂ 'ਚ ਉਨ੍ਹਾਂ ਕਿਸਾਨਾਂ ਨੂੰ ਨਵੇਂ ਟਿਊਬਵੈੱਲ ਕੁਨੈਕਸ਼ਨ ਦਿੱਤੇ ਜਾਣਗੇ, ਜਿਨ੍ਹਾਂ ਕੋਲ ਨਹੀਂ ਹਨ। ਟੇਲਾਂ ਤੱਕ ਪਾਣੀ ਪਹੁੰਚਾਉਣ ਲਈ ਪਾਈਪ ਸਿਸਟਮ ਸ਼ੁਰੂ ਕਰਾਂਗੇ। ਰਾਜਸਥਾਨ ਫੀਡਰ ਨਹਿਰ ਨੂੰ ਬੰਦ ਕਰਕੇ ਪਾਣੀ ਪੰਜਾਬ 'ਚ ਲੈ ਕੇ ਆਵਾਂਗੇ।

ਉਨ੍ਹਾ ਕਿਹਾ ਕਿ ਪਹਿਲੇ ਸਾਲ ਦੇ ਅੰਦਰ ਸਰਹੱਦ ਨੇੜੇ ਦੀਆਂ ਕੱਚੀਆਂ ਜ਼ਮੀਨਾਂ ਪੱਕੀਆਂ ਕੀਤੀਆਂ ਜਾਣਗੀਆਂ ਅਤੇ ਇੱਕ ਸਾਲ ਦੇ ਅੰਦਰ ਸਾਰੀਆਂ ਜ਼ਮੀਨਾਂ ਦੇ ਇੰਤਕਾਲ ਮੁਫਤ ਕੀਤੇ ਜਾਣਗੇ। ਪਿੰਡਾਂ 'ਚ ਕਈਆਂ ਕੋਲ ਜ਼ਮੀਨ ਨਹੀਂ, ਜਿਸ ਕੋਲ ਲਾਲ ਡੋਰੇ ਦੀ ਜ਼ਮੀਨ ਹੈ, ਉਸ ਦੇ ਨਾਂਅ ਕੀਤੀ ਜਾਵੇਗੀ। ਉਨ੍ਹਾ ਕਿਹਾ ਕਿ ਅਬੋਹਰ 'ਚ ਸੇਮ ਆ ਜਾਂਦੀ ਹੈ, ਜੇ ਬਚਣਾ ਹੈ ਤਾਂ ਅਕਾਲੀ ਦਲ ਦੀ ਲੋੜ ਹੈ, ਕਿਉਂਕਿ ਅਕਾਲੀ ਦਲ ਦੀ ਸਰਕਾਰ ਸਮੇਂ ਕਦੇ ਸੇਮ ਨਹੀਂ ਆਈ। ਉਨ੍ਹਾ ਇਹ ਵੀ ਕਿਹਾ ਕਿ ਜਿਵੇਂ ਸਰਦਾਰ ਪ੍ਰਕਾਸ਼ ਸਿੰਘ ਬਾਦਲ ਨੇ ਕਿਸਾਨਾਂ ਦੇ ਟਰੈਕਟਰ ਦਾ ਟੈਕਸ ਮੁਆਫ ਕੀਤਾ ਜਾਵੇਗਾ, ਉਸੇ ਤਰ੍ਹਾਂ ਮੋਟਰਸਾਈਕਲਾਂ 'ਤੇ ਕੋਈ ਟੈਕਸ ਨਹੀਂ ਲਗੇਗਾ। ਉਨ੍ਹਾ ਕਿਹਾ ਕਿ ਪੰਜਾਬ 'ਚ ਇੱਕ ਵੀ ਗੈਂਗਸਟਰ ਨਹੀਂ ਰਹੇਗਾ। ਜਿਹੜਾ ਗੈਂਗਸਟਰ ਧਮਕੀ ਦੇਵੇਗਾ, ਉਸ ਦੀ ਜ਼ਮੀਨ-ਜਾਇਦਾਦ ਸਰਕਾਰ ਜ਼ਬਤ ਕਰੇਗੀ। ਨਸ਼ੇ ਵੇਚਣ ਵਾਲਿਆਂ ਦੀ ਜਾਇਦਾਦ ਵੀ ਸਰਕਾਰ ਜ਼ਬਤ ਕਰੇਗੀ। ਕਾਨੂੰਨ 'ਚ ਸੋਧ ਕਰਾਂਗੇ ਤਾਂ ਜੋ ਨਸ਼ਾ ਤਸਕਰ ਦੀ 5 ਸਾਲ ਤੱਕ ਜ਼ਮਾਨਤ ਨਾ ਹੋ ਸਕੇ। ਸੂਬੇ ਦੇ ਨੌਜਵਾਨਾਂ ਨੂੰ ਨੌਕਰੀਆਂ 'ਚ ਪਹਿਲ ਦਿੱਤੀ ਜਾਵੇਗੀ ਅਤੇ ਪੰਜਾਬ ਤੋਂ ਬਾਹਰਲੇ ਨੂੰ ਨੌਕਰੀ ਨਹੀਂ ਦਿੱਤੀ ਜਾਵੇਗੀ। ਸਰਕਾਰ ਆਉਣ 'ਤੇ ਹਰ ਜ਼ਿਲ੍ਹੇ 'ਚ ਮੈਡੀਕਲ ਕਾਲਜ ਖੋਲ੍ਹਿਆ ਜਾਵੇਗਾ ਅਤੇ 50 ਫੀਸਦੀ ਸੀਟਾਂ ਸਰਕਾਰ ਆਪਣੇ ਕੋਲ ਰੱਖੇਗੀ, ਤਾਂ ਜੋ ਗਰੀਬ ਬੱਚਿਆਂ ਨੂੰ ਮੁਫਤ ਪੜ੍ਹਾਇਆ ਜਾਵੇ। ਪੰਜਾਬ 'ਚ 50 ਹਜ਼ਾਰ ਬੱਚਿਆਂ ਦੀ ਸਮਰੱਥਾ ਵਾਲੀ ਸਕਿੱਲ ਯੂਨੀਵਰਸਿਟੀ ਬਣਾਈ ਜਾਵੇਗੀ। ਵੱਡੀਆਂ ਕੰਪਨੀਆਂ ਨੂੰ ਸਿਖਲਾਈ ਲਈ ਡਿਪਾਰਟਮੈਂਟ ਦਿੱਤੇ ਜਾਣਗੇ, ਤਾਂ ਜੋ ਬੱਚੇ ਬਾਹਰ ਜਾਣ ਦੀ ਬਜਾਏ ਇਥੇ ਹੀ ਰਹਿ ਕੇ ਕੰਮ ਕਰ ਸਕਣ। 10 ਲੱਖ ਲੋਨ ਲਈ ਕੋਈ ਵਿਆਜ ਨਹੀਂ ਹੋਵੇਗਾ, 3 ਸਾਲ ਤੱਕ ਕੋਈ ਪੈਸਾ ਨਹੀਂ ਮੋੜਨਾ ਪਏਗਾ ਤੇ 7 ਸਾਲਾਂ ਤੱਕ ਦੇਣੇ ਹੋਣਗੇ। ਕਿਸੇ ਵੀ ਗਰੀਬ ਦੀ ਪੈਸੇ ਕਰਕੇ ਪੜ੍ਹਾਈ ਨਹੀਂ ਰੁਕੇਗੀ।

## ਕਾਮਰੇਡ ਸਵਰਨ ਸਿੰਘ ਨਹੀਂ ਰਹੇ



ਕਾਮਰੇਡ ਸਵਰਨ ਸਿੰਘ ਦੀ ਮ੍ਰਿਤਕ ਦੇਹ 'ਤੇ ਲਾਲ ਝੰਡਾ ਪਾ ਕੇ ਸ਼ਰਧਾਂਜਲੀ ਭੇਟ ਕਰਦੇ ਹੋਏ ਸੁਨੀਲ ਕੁਮਾਰ, ਸਿਕੰਦਰ ਸੰਧੂ ਤੇ ਹੋਰ

**ਸ਼ਾਹਕੋਟ (ਗਿਆਨ ਸੈਦਪੁਰੀ)** ਭਾਰਤੀ ਕਮਿਊਨਿਸਟ ਪਾਰਟੀ ਦੀ ਬਰਾਂਚ ਕਾਕੜਾ ਦੇ ਸਕੱਤਰ ਕਾਮਰੇਡ ਸਵਰਨ ਸਿੰਘ ਕੁਝ ਸਮਾਂ ਬਿਮਾਰ ਰਹਿਣ ਉਪਰੰਤ ਮੰਗਲਵਾਰ ਸਦੀਵੀ ਵਿਛੋੜਾ ਦੇ ਗਏ। ਬੁੱਧਵਾਰ ਪਿੰਡ ਕਾਕੜਾ ਦੇ ਸ਼ਮਸ਼ਾਨਘਾਟ ਵਿੱਚ ਉਹਨਾ ਦਾ ਅੰਤਮ ਸੰਸਕਾਰ ਕਰ ਦਿੱਤਾ ਗਿਆ। ਇਸ ਤੋਂ ਪਹਿਲਾਂ ਸੀ ਪੀ ਆਈ ਦੀ ਤਹਿਸੀਲ ਕਮੇਟੀ ਵੱਲੋਂ ਉਹਨਾ ਦੀ ਮ੍ਰਿਤਕ ਦੇਹ 'ਤੇ ਲਾਲ ਝੰਡਾ ਪਾ ਕੇ ਉਹਨਾ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸਵਰਨ ਸਿੰਘ ਦੀ ਪਤਨੀ ਦਲਜੀਤ ਕੌਰ, ਬੇਟਾ ਤਨਵੀਰ ਸਿੰਘ, ਬੇਟੀ ਪ੍ਰੀਤੀ ਰੇਖਾ, ਸੁਨੀਲ ਕੁਮਾਰ, ਸਿਕੰਦਰ ਸੰਧੂ, ਹਰਦੇਵ ਸਿੰਘ, ਰੀਨਾ ਰਾਣੀ, ਬਲਜੀਤ ਸਿੰਘ ਬਿੱਟੂ, ਹਰਜਿੰਦਰ ਕੌਰ, ਸਾਬਕਾ ਸਰਪੰਚ ਨਾਜਰ ਸਿੰਘ ਨਾਜੀ ਆਦਿ ਮੌਜੂਦ ਸਨ। ਪਰਵਾਰਕ ਸੂਤਰਾਂ ਅਨੁਸਾਰ ਕਾਮਰੇਡ ਸਵਰਨ ਸਿੰਘ ਨਮਿਤ ਅੰਤਮ ਅਰਦਾਸ 22 ਜਨਵਰੀ ਨੂੰ ਹੋਵੇਗੀ।

# ਪਾਤੜਾਂ ਪੁਲਸ ਵੱਲੋਂ 40 ਗੱਟੂ ਚਾਈਨਾ ਡੋਰ ਬਰਾਮਦ, ਕੇਸ ਦਰਜ

**ਪਾਤੜਾਂ (ਨਿਸ਼ਾਨ ਸਿੰਘ ਬਟਵਾਲਾ)**- ਬਸੰਤ ਦੀ ਰੁੱਤ ਵਿੱਚ ਪਤੰਗਬਾਜ਼ੀ ਦੌਰਾਨ ਚਾਈਨਾ ਡੋਰ ਨਾਲ ਹੋਣ ਵਾਲੇ ਹਾਦਸਿਆਂ



ਦੇ ਖ਼ਿਲਾਫ਼ ਸਿਟੀ ਪੁਲਿਸ ਪਾਤੜਾਂ ਨੇ ਸਖ਼ਤ ਐਕਸ਼ਨ ਕਰਦਿਆਂ ਸ਼ਹਿਰ ਵਿੱਚ ਇੱਕ ਦੁਕਾਨ ਉੱਤੇ ਛਾਪੇਮਾਰੀ ਕਰਕੇ ਚਾਈਨਾ ਡੋਰ ਦੇ 40 ਗੱਟੂ ਬਰਾਮਦ ਕਰਕੇ ਚਾਈਨਾ ਡੋਰ ਵੇਚਣ ਵਾਲੇ ਕਥਿਤ ਦੋਸ਼ੀ ਖਿਲਾਫ ਮੁਕੱਦਮਾ ਦਰਜ ਕੀਤਾ ਹੈ। ਜਾਣਕਾਰੀ ਦਿੰਦਿਆਂ ਥਾਣਾ ਮੁਖੀ ਪਾਤੜਾਂ ਹਰਪ੍ਰੀਤ ਸਿੰਘ ਨੇ ਦੱਸਿਆ ਕਿ ਚਾਈਨਾ ਡੋਰ ਨਾਲ ਹੋਣ ਵਾਲੇ ਹਾਦਸਿਆਂ ਨੂੰ ਧਿਆਨ ਵਿੱਚ ਰੱਖਦਿਆਂ ਹੋਇਆਂ ਸਿਟੀ ਪੁਲਿਸ ਪਾਤੜਾਂ ਵੱਲੋਂ ਇੰਚਾਰਜ ਲਵਦੀਪ ਸਿੰਘ ਦੀ ਅਗਵਾਈ ਵਿੱਚ ਸ਼ੁਰੂ ਕੀਤੀ ਗਈ ਮੁਹਿੰਮ ਤਹਿਤ ਏ ਐਸ ਆਈ ਕਾਲਾ ਸਿੰਘ ਨੇ ਗੁਪਤ ਸੂਚਨਾ ਦੇ ਆਧਾਰ ਉੱਤੇ ਸ਼ਹਿਰ ਦੀ ਟਿੱਬਾ ਬਸਤੀ ਵਿੱਚ ਇੱਕ ਦੁਕਾਨ ਉੱਤੇ ਛਾਪੇਮਾਰੀ ਕੀਤੀ ਜਿਸ ਦੌਰਾਨ ਪੁਲਿਸ ਨੂੰ 40 ਗੱਟੂ ਚਾਈਨਾ ਡੋਰ ਦੇ ਬਰਾਮਦ ਹੋਏ। ਪੁਲਿਸ ਨੇ ਕਥਿਤ ਦੋਸ਼ੀ ਸੁਮੀਤ ਕੁਮਾਰ ਵਾਸੀ ਟਿੱਬਾ ਬਸਤੀ ਵਾਰਡ ਨੰਬਰ 13 ਖ਼ਿਲਾਫ਼ ਕੇਸ ਦਰਜ ਕਰਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

# ਭਲਕੇ ਸਮੂਹ ਜੱਥੇਬੰਦੀਆਂ ਦੇ ਜ਼ਿਲ੍ਹਾ ਪੱਧਰੀ ਧਰਨਿਆਂ 'ਚ ਸ਼ਾਮਲ ਹੋਣ ਦਾ ਸੱਦਾ

**ਦੋਰਾਹਾ (ਹਰਮਿੰਦਰ ਸੇਠ)**- ਕੇਂਦਰ ਸਰਕਾਰ ਵੱਲੋਂ ਮਨਰੇਗਾ ਨੂੰ ਖਤਮ ਕਰਨ, ਕਿਰਤ ਕੋਡ ਲਾਗੂ ਕਰਨ, ਬਿਜਲੀ ਬਿੱਲ 2025, ਖੇਤੀ ਸੀਡ ਬਿੱਲ ਦੇ ਸੰਬੰਧ ਵਿੱਚ ਅਵਾਮੀ ਰੰਗ ਮੰਚ (ਪਲਸ ਮੰਚ) ਸਿਹੋੜਾ



ਵੱਲੋਂ ਮੀਟਿੰਗ ਰੱਖੀ ਗਈ। ਮੋਲਡਰ ਸਟੀਲ ਵਰਕਰ ਯੂਨੀਅਨ ਦੇ ਆਗੂ ਹਰਜਿੰਦਰ ਸਿੰਘ ਨੇ ਮੀਟਿੰਗ ਨੂੰ ਸੰਬੋਧਨ ਕੀਤਾ। ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਮਨਰੇਗਾ ਨੂੰ ਖਤਮ ਕਰਕੇ ਜੀ ਰਾਮ ਜੀ ਕਾਨੂੰਨ ਲਿਆ ਕੇ ਕਿਰਤੀਆਂ ਦੇ ਮੂੰਹ ਵਿੱਚੋਂ ਰੋਟੀ ਖੋਹਣ ਜਾ ਰਹੀ ਹੈ। ਉਹਨਾਂ ਆਖਿਆ ਕਿ ਮੋਦੀ ਸਰਕਾਰ ਬਿਜਲੀ ਖੇਤਰ ਦਾ ਮੁਕੰਮਲ ਨਿੱਜੀਕਰਨ ਕਰਕੇ ਮਜ਼ਦੂਰਾਂ ਕਿਸਾਨਾਂ ਤੇ ਗਰੀਬ ਲੋਕਾਂ ਦੇ ਘਰਾਂ 'ਚ ਹਨੇਰਾ ਕਰਨ ਜਾ ਰਹੀ ਹੈ ਅਤੇ ਕਿਰਤ ਕਾਨੂੰਨਾਂ 'ਚ ਸੋਧਾਂ ਕਰਕੇ ਮਜ਼ਦੂਰ ਵਰਗ ਨੂੰ ਮਿਲਦੀ ਨਾਮਾਤਰ ਸੁਰੱਖਿਆ ਦਾ ਭੋਗ ਪਾਉਣ ਵਰਗੀਆਂ ਨੀਤੀਆਂ ਲਾਗੂ ਕਰ ਰਹੀ ਹੈ। ਉਨ੍ਹਾਂ ਭਗਵੰਤ ਮਾਨ ਸਰਕਾਰ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕਰਦਿਆਂ ਕਿਹਾ ਕਿ ਸਰਕਾਰ ਪੰਚਾਇਤੀ ਜ਼ਮੀਨਾਂ ਚੋਂ ਐਸ ਸੀ ਪਰਿਵਾਰਾਂ ਨੂੰ ਤੀਜੇ ਹਿੱਸੇ ਦੀ ਜ਼ਮੀਨ ਸਸਤੇ ਭਾਅ ਠੇਕੇ 'ਤੇ ਦੇਣ ਅਤੇ ਹੜ੍ਹਾਂ ਕਾਰਨ ਮਜ਼ਦੂਰਾਂ ਕਿਸਾਨਾਂ ਦੇ ਹੋਏ ਨੁਕਸਾਨ ਦੀ ਭਰਪਾਈ ਕਰਨ ਤੋਂ ਭੱਜ ਚੁੱਕੀ ਹੈ। ਉਹਨਾਂ ਦੋਸ਼ ਲਾਇਆ ਕਿ ਕੇਂਦਰ ਸਰਕਾਰ ਵਾਂਗ ਹੀ ਪੰਜਾਬ ਦੀ ਭਗਵੰਤ ਮਾਨ ਸਰਕਾਰ ਨਿੱਜੀਕਰਨ ਦੀਆਂ ਨੀਤੀਆਂ ਲਾਗੂ ਕਰ ਰਹੀ ਹੈ ਅਤੇ ਜਨਤਕ ਜਾਇਦਾਦਾਂ ਵੇਚਣ ਵਰਗੇ ਕਦਮ ਚੁੱਕਣ ਤੋਂ ਇਲਾਵਾ ਸੰਘਰਸ਼ ਕਰਦੇ ਮਜ਼ਦੂਰਾਂ ਕਿਸਾਨਾਂ, ਮੁਲਾਜ਼ਮਾਂ ਤੇ ਠੇਕਾ ਕਾਮਿਆਂ ਦੇ ਜਮਹੂਰੀ ਹੱਕਾਂ ਦਾ ਘਾਣ ਕਰ ਰਹੀ ਹੈ। ਇਸ ਮੌਕੇ ਸੰਯੁਕਤ ਕਿਸਾਨ ਮੋਰਚੇ ਦੀ ਅਗਵਾਈ ਵਿਚ ਪੰਜਾਬ ਦੀਆਂ ਸਮੂਹ ਜਨਤਕ ਜਥੇਬੰਦੀਆਂ ਵੱਲੋਂ ਨਿੱਜੀਕਰਨ ਦੀਆਂ ਨੀਤੀਆਂ ਅਤੇ ਮਨਰੇਗਾ ਨੂੰ ਖਤਮ ਕਰਨ ਵਿਰੁੱਧ 16 ਜਨਵਰੀ ਨੂੰ ਪੰਜਾਬ ਦੇ ਡੀ ਸੀ ਦਫ਼ਤਰਾਂ ਅੱਗੇ ਦਿੱਤੇ ਜਾ ਰਹੇ ਧਰਨਿਆਂ ਵਿਚ ਵੱਡੀ ਗਿਣਤੀ ਵਿਚ ਪਰਿਵਾਰਾਂ ਸਮੇਤ ਸ਼ਾਮਲ ਹੋਣ ਦਾ ਸੱਦਾ ਦਿੱਤਾ। ਮੀਟਿੰਗ ਸਿਹੋੜਾ ਦੇ ਆਗੂ ਨੇ ਸਮੂਹ ਲੋਕਾਂ ਦਾ ਧੰਨਵਾਦ ਕੀਤਾ। ਇਸ ਮੌਕੇ ਕੁਲਦੀਪ ਸਿੰਘ, ਜਗਦੇਵ ਸਿੰਘ, ਹਰਜਿੰਦਰ ਕੌਰ, ਬਲਜਿੰਦਰ ਕੌਰ, ਬਲਵੀਰ ਕੌਰ, ਕਿਰਨਦੀਪ ਕੌਰ ਆਦਿ ਸਮੇਤ ਵੱਡੀ ਗਿਣਤੀ 'ਚ ਮਜ਼ਦੂਰ ਔਰਤਾਂ ਹਾਜਰ ਸਨ।

# ਭਾਜਪਾ ਆਗੂ ਰਿਖੀ ਨੇ ਆਪਣੀ ਹੀ ਪਾਰਟੀ ਤੇ ਸਰਕਾਰ ਵਿਰੁੱਧ ਖੋਲ੍ਹਿਆ ਮੋਰਚਾ

**ਧੂਰੀ, (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)** ਲੰਮੇ ਸਮੇਂ ਤੋਂ ਲਟਕ ਰਹੀ ਓਵਰਬ੍ਰਿਜ ਦੀ ਮੰਗ ਨੂੰ ਲੈ ਕੇ ਹੁਣ ਸਿਆਸੀ ਮੈਦਾਨ ਗਰਮ ਹੋ ਗਿਆ ਹੈ।ਭਾਰਤੀ ਜਨਤਾ ਪਾਰਟੀ ਦੇ ਸੀਨੀਅਰ ਆਗੂ ਜਸਵਿੰਦਰ ਸਿੰਘ ਰਿਖੀ ਨੇ ਹੈਰਾਨੀਜਨਕ ਕਦਮ ਚੁੱਕਦਿਆਂ ਨਾ ਸਿਰਫ਼ ਵਿਰੋਧੀ ਧਿਰਾਂ, ਸਗੋਂ ਆਪਣੀ ਹੀ ਪਾਰਟੀ ਵਿਰੁੱਧ ਵੀ ਝੰਡਾ ਚੁੱਕ ਲਿਆ ਹੈ।ਉਨ੍ਹਾਂ ਐਲਾਨ ਕੀਤਾ ਹੈ ਕਿ ਜੇਕਰ ਅਗਲੇ 10 ਦਿਨਾਂ ਦੇ ਅੰਦਰ-ਅੰਦਰ ਓਵਰਬ੍ਰਿਜ ਦੀ ਉਸਾਰੀ ਦੇ ਮਸਲੇ ਦਾ ਕੋਈ ਠੋਸ ਹੱਲ ਨਾ ਨਿਕਲਿਆ, ਤਾਂ ਉਹ 24 ਜਨਵਰੀ ਤੋਂ ਸ਼ਹਿਰ ਦੇ ਫਾਟਕਾਂ 'ਤੇ ਅਣਮਿੱਥੇ ਸਮੇਂ ਲਈ ਭੁੱਖ ਹੜਤਾਲ 'ਤੇ ਬੈਠਣਗੇ। ਰਿਖੀ ਨੇ ਸਪੱਸ਼ਟ ਸ਼ਬਦਾਂ ਵਿੱਚ ਕਿਹਾ ਕਿ ਮੈਂ ਧੂਰੀ ਦਾ ਜੰਮਪਲ ਹਾਂ, ਧੂਰੀ ਲਈ ਲੜਾਂਗਾ ਅਤੇ ਧੂਰੀ ਲਈ ਹੀ ਖੜ੍ਹਾਂਗਾ।ਉਨ੍ਹਾਂ ਕਿਹਾ ਕਿ ਓਵਰਬ੍ਰਿਜ ਦਾ ਕੰਮ ਸ਼ੁਰੂ ਨਾ ਹੋਣ ਕਾਰਨ ਇਲਾਕਾ ਨਿਵਾਸੀਆਂ ਨੂੰ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ, ਜਿਸ ਕਾਰਨ ਜਨਤਾ ਵਿੱਚ ਕੇਂਦਰ ਦੀ ਭਾਜਪਾ ਸਰਕਾਰ ਤੇ ਪੰਜਾਬ ਦੀ ਆਮ ਆਦਮੀ



ਪਾਰਟੀ ਦੀ ਸਰਕਾਰ ਪ੍ਰਤੀ ਭਾਰੀ ਰੋਸ ਹੈ। ਜਸਵਿੰਦਰ ਰਿਖੀ ਨੇ ਦੋਸ਼ ਲਾਇਆ ਕਿ ਓਵਰਬ੍ਰਿਜ ਦੇ ਨਾਂਅ 'ਤੇ ਸਿਆਸੀ ਰੋਟੀਆਂ ਸੇਕੀਆਂ ਜਾ ਰਹੀਆਂ ਹਨ।ਉਨ੍ਹਾਂ ਕਿਹਾ ਕਿ ਰਿਖੀ ਮੁਤਾਬਕ ਆਮ ਆਦਮੀ ਪਾਰਟੀ ਅਤੇ ਕਾਂਗਰਸ ਸਿਰਫ਼ ਸਿਆਸੀ ਬਿਆਨਬਾਜ਼ੀ ਕਰ ਰਹੀਆਂ ਹਨ ਤੇ ਲੋਕਾਂ ਨੂੰ ਗੁੰਮਰਾਹ ਕਰ ਰਹੀਆਂ ਹਨ।ਉਨ੍ਹਾਂ ਚਿੰਤਾ ਪ੍ਰਗਟਾਈ ਕਿ ਕੰਮ ਵਿੱਚ ਹੋ ਰਹੀ ਦੇਰੀ ਕਾਰਨ ਭਾਜਪਾ ਦਾ ਅਕਸ ਵੀ ਖ਼ਰਾਬ ਹੋ ਰਿਹਾ ਹੈ।ਉਨ੍ਹਾਂ ਕਿਹਾ ਕਿ ਹੁਣ ਗੱਲਾਂ ਦਾ ਵੇਲਾ ਖ਼ਤਮ ਹੋ ਗਿਆ ਹੈ ਅਤੇ ਧੂਰੀ ਦੇ ਹਿੱਤਾਂ ਲਈ ਪਾਰਟੀਬਾਜ਼ੀ ਤੋਂ ਉੱਪਰ ਉੱਠ ਕੇ ਸੰਘਰਸ਼ ਕਰਨਾ ਲਾਜ਼ਮੀ ਹੋ ਗਿਆ ਹੈ।ਉਨ੍ਹਾਂ ਧੂਰੀ ਦੀਆਂ ਵਿਰੋਧੀ ਧਿਰਾਂ ਅਤੇ ਵਿਧਾਨਕਾਰ ਨੂੰ ਅਪੀਲ ਕਰਦਿਆਂ ਕਿਹਾ ਕਿ ਜੇਕਰ ਇਸ ਮਸਲੇ ਦਾ ਹੱਲ ਨਹੀਂ ਹੋ ਰਿਹਾ ਤਾਂ ਧਰਨੇ ਮੁਜ਼ਾਹਰੇ ਕਰਨ ਦੀ ਲੋੜ ਹੈ, ਜਿਸ ਲਈ ਨਿੱਜੀ ਸੁਆਰਥੀ ਹਿੱਤਾਂ ਤੋਂ ਉੱਪਰ ਉੱਠ ਕੇ ਇਸ ਮਸਲੇ ਦਾ ਹੱਲ ਕਰਵਾਉਣ ਦੀ ਅਪੀਲ ਕਰਦਿਆਂ ਕੇਂਦਰੀ ਮੰਤਰੀ ਰਵਨੀਤ ਬਿੱਟੂ ਨੂੰ ਸਿਆਸੀ ਗਿਲੇ ਸ਼ਿਕਵੇ ਦੂਰ ਕਰਨ ਦੀ ਅਪੀਲ ਵੀ ਕੀਤੀ। ਰਿਖੀ ਨੇ ਸਾਫ਼ ਕਰ ਦਿੱਤਾ ਹੈ ਕਿ ਉਨ੍ਹਾਂ ਦਾ ਇਹ ਸੰਘਰਸ਼ ਕਿਸੇ ਨਿੱਜੀ ਸਵਾਰਥ ਲਈ ਨਹੀਂ, ਸਗੋਂ ਧੂਰੀ ਦੇ ਲੋਕਾਂ ਦੀ ਸਹੂਲਤ ਲਈ ਹੈ।24 ਜਨਵਰੀ ਤੋਂ ਸ਼ੁਰੂ ਹੋਣ ਵਾਲੀ ਭੁੱਖ ਹੜਤਾਲ ਸਰਕਾਰਾਂ ਲਈ ਵੱਡੀ ਚੁਣੌਤੀ ਬਣ ਸਕਦੀ ਹੈ, ਕਿਉਂਕਿ ਇੱਕ ਕੇਂਦਰੀ ਸੱਤਾਧਾਰੀ ਪਾਰਟੀ ਦੇ ਆਪਣੇ ਹੀ ਆਗੂ ਦਾ ਵਿਰੋਧ ਪ੍ਰਦਰਸ਼ਨ ਪ੍ਰਸ਼ਾਸਨ 'ਤੇ ਦਬਾਅ ਵਧਾਏਗਾ।

# ਅੱਜ ਦੇ ਕੈਂਡਲ ਮਾਰਚ 'ਚ ਵੱਡੀ ਗਿਣਤੀ 'ਚ ਸ਼ਮੂਲੀਅਤ ਕੀਤੀ ਜਾਵੇਗੀ : ਡੀ ਟੀ ਐਫ



**ਮੋਗਾ (ਇਕਬਾਲ ਸਿੰਘ ਖਹਿਰਾ)**- ਡੈਮੋਕ੍ਰੇਟਿਕ ਟੀਚਰਜ਼ ਫਰੰਟ ਪੰਜਾਬ ਜ਼ਿਲ੍ਹਾ ਇਕਾਈ ਮੋਗਾ ਦੀ ਜ਼ਰੂਰੀ ਮੀਟਿੰਗ ਜ਼ਿਲ੍ਹਾ ਪ੍ਰਧਾਨ ਸੁਖਪਾਲਜੀਤ ਸਿੰਘ ਦੀ ਪ੍ਰਧਾਨਗੀ ਹੇਠ ਹੋਈ। ਜ਼ਿਲ੍ਹਾ ਸਕੱਤਰ ਜਗਵੀਰਨ ਕੌਰ ਅਤੇ ਜ਼ਿਲ੍ਹਾ ਮੀਤ ਪ੍ਰਧਾਨ ਸਵਰਨਦਾਸ ਨੇ ਮੀਟਿੰਗ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਜ਼ਿਲ੍ਹਾ ਕਮੇਟੀ ਨੇ ਕਿਹਾ ਕਿ ਪਿਛਲੇ ਸਾਲ ਬਲਾਕ ਸੰਮਤੀ ਅਤੇ ਜ਼ਿਲ੍ਹਾ ਪ੍ਰੀਸ਼ਦ ਚੋਣਾਂ ਵਿੱਚ ਆਪਣੀ ਜਾਨ ਗਵਾਉਣ ਵਾਲੇ ਪਤੀ-ਪਤਨੀ ਦੇ ਅਨਾਥ ਹੋਏ ਬੱਚਿਆਂ ਦੀ ਪੰਜਾਬ ਸਰਕਾਰ ਵੱਲੋਂ ਬਾਂਹ ਫੜਨ ਦੀ ਬਜਾਏ ਉਹਨਾਂ ਦੇ ਪਰਿਵਾਰ ਨੂੰ 10-10 ਲੱਖ ਦਾ ਮੁਆਵਜਾ ਦੇ ਕੇ ਉਹਨਾਂ ਨਾਲ ਕੋਝਾ ਮਜਾਕ ਕੀਤਾ ਗਿਆ ਹੈ। ਜਿਸ ਦੇ ਰੋਸ ਵਜੋਂ ਪੰਜਾਬ ਦੀਆਂ ਸਮੂਹ ਅਧਿਆਪਕ ਜਥੇਬੰਦੀਆਂ ਵੱਲੋਂ 18 ਜਨਵਰੀ ਨੂੰ ਮੋਗਾ ਵਿਖੇ ਇਨਸਾਫ਼ ਰੈਲੀ ਰੱਖੀ ਗਈ ਹੈ ਜਿਸ ਵਿੱਚ ਡੀ. ਟੀ. ਐਫ. ਮੋਗਾ ਵੱਡੀ ਗਿਣਤੀ ਵਿੱਚ ਸ਼ਾਮਿਲ ਹੋਵੇਗੀ, ਇਸ ਤੋਂ ਇਲਾਵਾ 15 ਜਨਵਰੀ ਨੂੰ ਮੋਗਾ ਸ਼ਹਿਰ ਦੇ ਬਾਜ਼ਾਰ ਵਿੱਚ ਮੋਗਾ ਜ਼ਿਲ੍ਹੇ ਦੀਆਂ ਅਧਿਆਪਕ ਜਥੇਬੰਦੀਆਂ ਵੱਲੋਂ ਰੱਖੇ ਗਏ ਕੈਂਡਲ ਮਾਰਚ ਵਿੱਚ ਵੀ ਜ਼ਿਲ੍ਹਾ ਕਮੇਟੀ ਆਪਣੇ ਮੈਂਬਰਾਂ ਨਾਲ ਵੱਡੀ ਗਿਣਤੀ ਵਿੱਚ ਸ਼ਾਮਿਲ ਹੋਵੇਗੀ। ਇਸ ਸਮੇਂ ਸੂਬਾ ਪ੍ਰਧਾਨ ਦਿਗਵਿਜੈਪਾਲ ਸ਼ਰਮਾ, ਜਗਦੀਸ਼ ਸਿੰਘ ਮਹਿਤਾ, ਡਾਕਟਰ ਜਸਕਰਨ ਸਿੰਘ, ਮਧੂ ਬਾਲਾ, ਗੁਰਜੀਤ ਸਿੰਘ ਆਦਿ ਅਧਿਆਪਕ ਆਗੂ ਹਾਜ਼ਰ ਸਨ।

# ਕੁੱਲ ਹਿੰਦ ਖੇਤ ਮਜ਼ਦੂਰ ਯੂਨੀਅਨ ਮਾਨਸਾ ਦਾ ਇਜਲਾਸ ਅੱਜ

**ਮਾਨਸਾ (ਆਤਮਾ ਸਿੰਘ ਪਮਾਰ)**- ਕੁੱਲ ਹਿੰਦ ਖੇਤ ਮਜ਼ਦੂਰ ਯੂਨੀਅਨ ਜ਼ਿਲ੍ਹਾ ਮਾਨਸਾ ਦਾ ਇਜਲਾਸ 15 ਜਨਵਰੀ ਨੂੰ ਬਾਬਾ ਗੱਜਣ ਸਿੰਘ ਟਾਹੀਆਂ ਭਵਨ ਮਾਨਸਾ ਵਿਖੇ ਸਵੇਰੇ 10:30 ਵਜੇ ਹੋਵੇਗਾ। ਇਸ ਇਜਲਾਸ ਦੌਰਾਨ ਜ਼ਿਲੇ ਵਿੱਚੋਂ ਵੱਡੀ ਗਿਣਤੀ ਵਿੱਚ ਖੇਤ ਮਜ਼ਦੂਰ ਸ਼ਾਮਲ ਹੋਣਗੇ।ਇਸ ਸਬੰਧੀ ਜਾਣਕਾਰੀ ਦਿੰਦਿਆਂ ਜਥੇਬੰਦੀ ਦੇ ਜ਼ਿਲ੍ਹਾ ਪ੍ਰਧਾਨ ਜਗਸੀਰ ਸਿੰਘ ਜੱਗਾ ਬਰੇਟਾ, ਘਨੀਸ਼ਾਮ ਨਿੱਕੂ ਅਤੇ ਪਰਵਿੰਦਰ ਸਿੰਘ ਭੀਖੀ ਨੇ ਦੱਸਿਆ ਕਿ ਇਜਲਾਸ ਨੂੰ ਸੰਬੋਧਨ ਕਰਨ ਲਈ ਜਥੇਬੰਦੀ ਦੇ ਸੂਬਾ ਪ੍ਰਧਾਨ ਸਾਥੀ ਭੂਪ ਚੰਦ ਚੰਨੋਂ, ਭਰਾਤਰੀ ਜਥੇਬੰਦੀ ਕੁੱਲ ਹਿੰਦ ਕਿਸਾਨ ਸਭਾ ਦੇ ਸੂਬਾਈ ਮੀਤ ਪ੍ਰਧਾਨ ਸਾਥੀ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕਰਨਗੇ। ਉਨ੍ਹਾਂ ਦੱਸਿਆ ਕਿ ਇਜਲਾਸ ਵਿੱਚ ਜ਼ਿਲ੍ਹਾ ਪ੍ਰਧਾਨ ਅਤੇ ਜ਼ਿਲ੍ਹਾ ਸਕੱਤਰ ਸਮੇਤ ਨਵੀਂ ਜ਼ਿਲ੍ਹਾ ਕਮੇਟੀ ਦੀ ਚੋਣ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਇਜਲਾਸ ਵਿੱਚ ਜਥੇਬੰਦੀ ਨੂੰ ਮਜ਼ਬੂਤ ਕਰਨ ਲਈ ਵਿਚਾਰਾਂ ਕਰਕੇ ਭਵਿੱਖ ਦੀ ਵਿਉਂਤਬੰਦੀ ਤੈਅ ਕੀਤੀ ਜਾਵੇਗੀ।

# ਧੀਆਂ ਦੀ ਲੋਹੜੀ ਵੰਡ ਕੇ ਖੁਸ਼ੀਆਂ ਸਾਂਝੀਆਂ ਕੀਤੀਆਂ

## ਲੋੜਵੰਦਾਂ ਨੂੰ ਵੰਡੇ ਮਹੀਨਾਵਾਰ ਪੈਨਸ਼ਨਾਂ ਦੇ ਚੈੱਕ

**ਮੱਖੂ, (ਰਛਪਾਲ ਸਿੰਘ ਸੰਧੂ)** ਡਾ. ਐਸਪੀ ਸਿੰਘ ਓਬਰਾਏ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਤੇ ਕੌਮੀ ਪ੍ਰਧਾਨ ਜੱਸਾ ਸਿੰਘ ਸੰਧੂ ਦੀ ਅਗਵਾਈ ਅਧੀਨ ਸਮਾਜ ਸੇਵੀ ਸੰਸਥਾ ਸਰਬੱਤ ਦਾ ਭਲਾ



ਟਰੱਸਟ ਵੱਲੋਂ ਜਿੱਥੇ ਅੱਗੇ ਹੋ ਕੇ ਲੋੜਵੰਦਾਂ ਦੀ ਮੱਦਦ ਕੀਤੀ ਜਾਂਦੀ ਹੈ, ਉੱਥੇ ਸਾਡੇ ਰਵਾਇਤੀ ਤਿਉਹਾਰ ਵੀ ਲੋਕਾਂ ਦੀ ਮੱਦਦ ਕਰਕੇ ਤੇ ਧੀਆਂ ਨੂੰ ਲੋਹੜੀ ਵੰਡ ਕੇ ਲੋੜਵੰਦਾਂ ਨਾਲ ਖੁਸ਼ੀਆਂ ਕੀਤੀਆਂ ਸਾਂਝੀਆਂ ਜਾਂਦੀਆਂ ਹਨ। ਸੰਸਥਾ ਵੱਲੋਂ ਜ਼ਿਲ੍ਹਾ ਪ੍ਰਧਾਨ ਅਮਰਜੀਤ ਕੌਰ ਛਾਬੜਾ ਦੀ ਅਗਵਾਈ 'ਚ ਲੋਹੜੀ ਦਾ ਤਿਉਹਾਰ ਸਮਾਜਿਕ ਰੀਤੀ ਰਿਵਾਜਾਂ ਤੇ ਲੋੜਵੰਦਾਂ ਦੀ ਮੱਦਦ ਕਰਕੇ ਮਨਾਇਆ।ਲੋਹੜੀ ਦੇ ਤਿਉਹਾਰ ਮੌਕੇ ਵਿਧਾਇਕ ਨਰੇਸ਼ ਕਟਾਰੀਆ ਵੱਲੋਂ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ ਗਈ।ਉਨ੍ਹਾਂ ਨਾਲ ਕੌਂਸਲਰ ਗਗਨਦੀਪ ਕੌਰ, ਗੋਲਡਨ ਐਜੂਕੇਸ਼ਨ ਦੇ ਡਾਇਰੈਕਟਰ ਮਨਜਿੰਦਰ ਸਿੰਘ, ਕੌਂਸਲਰ ਦਵਿੰਦਰ ਸਿੰਘ, ਯੂਥ ਆਗੂ ਪਵਨ ਕਟਾਰੀਆ, ਦਰਬਾਰਾ ਸਿੰਘ, ਇੰਦਰਜੀਤ ਕੌਰ ਕਟਾਰੀਆ, ਡਾ. ਨਤਾਸ਼ਾ ਕਾਲੜਾ, 'ਆਪ' ਆਗੂ ਵੀਨੂ ਸ਼ਾਹ ਵੱਲੋਂ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ ਗਈ। ਵਿਧਾਇਕ ਨਰੇਸ਼ ਕਟਾਰੀਆ ਵੱਲੋਂ ਲੋਹੜੀ ਤੇ ਮਾਘੀ ਦੇ ਪਵਿੱਤਰ ਤਿਉਹਾਰ ਦੀਆਂ ਵਧਾਈਆਂ ਦਿੱਤੀਆਂ ਤੇ ਟਰੱਸਟ ਦੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ।ਟਰੱਸਟ ਦੇ ਜ਼ਿਲ੍ਹਾ ਪ੍ਰਧਾਨ ਅਮਰਜੀਤ ਕੌਰ ਛਾਬੜਾ ਤੇ ਜ਼ਿਲ੍ਹਾ ਮੀਤ ਪ੍ਰਧਾਨ ਦਵਿੰਦਰ ਸਿੰਘ ਛਾਬੜਾ ਵੱਲੋਂ ਆਏ ਹੋਏ ਮਹਿਮਾਨਾਂ ਨੂੰ ਜੀ ਆਇਆਂ ਕਿਹਾ ਗਿਆ ਤੇ ਟਰੱਸਟ ਦੀਆਂ ਚੱਲ ਰਹੀਆਂ ਸੇਵਾਵਾਂ ਦੀ ਜਾਣਕਾਰੀ ਵੀ ਦਿੱਤੀ ਗਈ ਤੇ ਟਰੱਸਟ ਵੱਲੋਂ 70 ਲੋੜਵੰਦ, ਅੰਗਹੀਣਾਂ ਤੇ ਵਿਧਵਾਵਾਂ ਦੇ ਪਰਵਾਰਾਂ ਨੂੰ 53 ਹਜ਼ਾਰ ਰੁਪਏ ਦੀ ਰਾਸ਼ੀ ਦੇ ਮਹੀਨਾਵਾਰ ਚੈੱਕ ਵੰਡੇ ਗਏ। ਰਵਾਇਤ ਮੁਤਾਬਕ ਲੋਹੜੀ ਬਾਲੀ ਗਈ ਤੇ ਮੂੰਗਫਲੀ ਰਿਉੜੀਆਂ ਵੰਡੇ ਅਤੇ ਧੀਆਂ ਨੂੰ ਗਿਫਟ ਵੰਡੇ ਗਏ।

# ਅਕਾਲੀ ਦਲ ਦੇ ਉਭਾਰ ਕਾਰਨ ਮੁੱਖ ਮੰਤਰੀ ਬੁਖ਼ਲਾਹਟ 'ਚ : ਮਾਹਲਾ



**ਮੋਗਾ (ਇਕਬਾਲ ਸਿੰਘ ਖਹਿਰਾ)**- ਸ਼੍ਰੋਮਣੀ ਅਕਾਲੀ ਦਲ ਦੇ ਕੋਰ ਕਮੇਟੀ ਮੈਂਬਰ ਜੱਥੇਦਾਰ ਤੀਰਥ ਸਿੰਘ ਮਾਹਲਾ ਨੇ ਮੋਗਾ ਵਿਖੇ ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਭਗਵੰਤ ਸਿੰਘ ਮਾਨ ਵੱਲੋਂ 328 ਪਾਵਨ ਸਰੂਪਾਂ ਦੇ ਮਸਲੇ ਨੂੰ ਰਾਜਨੀਤਿਕ ਰੋਟੀਆਂ ਸੇਕਣ ਲਈ ਵਰਤਿਆ ਜਾ ਰਿਹਾ ਹੈ।ਇਸ ਮੌਕੇ ਉਨ੍ਹਾਂ ਦੇ ਨਾਲ ਸ਼੍ਰੋਮਣੀ ਅਕਾਲੀ ਦਲ ਦੇ ਜਿਲ੍ਹਾ ਮੋਗਾ ਦੇ ਪ੍ਰਧਾਨ ਨਿਹਾਲ ਸਿੰਘ ਭੁੱਲਰ, ਸੀਨੀਅਰ ਅਕਾਲੀ ਆਗੂ ਰਣਇੰਦਰ ਸਿੰਘ ਪੱਪੂ ਰਾਮੂੰਵਾਲਾ, ਰਾਜਵਿੰਦਰ ਸਿੰਘ ਧਰਮਕੋਟ, ਸਰਕਲ ਪ੍ਰਧਾਨ ਜਸਵੀਰ ਸਿੰਘ ਖੋਸਾ ਵੀ ਹਾਜ਼ਰ ਸਨ । ਸ ਮਾਹਲਾ ਨੇ ਅੱਗੇ ਕਿਹਾ ਕਿ ਬੇਅਦਬੀਆਂ ਤਾਂ ਭਗਵੰਤ ਮਾਨ ਕਰ ਰਿਹਾ ਹੈ।ਉਹ ਗੁਰੂ ਦੀ ਗੋਲਕ ਦਾ ਹਿਸਾਬ ਮੰਗਦਾ ਹੈ ਤੇ ਦੂਸਰੇ ਪਾਸੇ ਆਪਣੀ ਸਰਕਾਰ ਦੀ ਕਰੋੜਾਂ ਰੁਪਏ ਦੀ ਲੁੱਟ ਬਾਰੇ ਚੁੱਪ ਹੈ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਦੀ ਮੁੜ ਉਭਰ ਰਹੀ ਤਾਕਤ ਕਾਰਨ ਮੁਖ ਮੰਤਰੀ ਬੌਖਲਾਹਟ ਵਿਚ ਹਨ। ਆਮ ਆਦਮੀ ਪਾਰਟੀ ਦੀ ਸਰਕਾਰ ਨੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਵਿੱਚ ਦਖ਼ਲ ਦੇਣ ਲਈ ਐਸ ਆਈ ਟੀ ਦਾ ਗਠਨ ਕੀਤਾ ਹੈ।

# ਮੁਕਤਸਰ ਸਾਹਿਬ ਹਾਜ਼ਰੀ ਲਵਾਉਣੀ ਸ਼ਹੀਦਾਂ ਨੂੰ ਸੱਚੀ ਸ਼ਰਧਾਂਜਲੀ : ਬਾਬਾ ਬਲਬੀਰ ਸਿੰਘ

## ● ਅੱਜ ਮਹੱਲਾ ਕੱਢਿਆ ਜਾਵੇਗਾ

**ਮੁਕਤਸਰ ਸਾਹਿਬ** - ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਪੰਜਵਾਂ ਤਖਤ ਚਲਦਾ ਵਹੀਰ ਚੱਕਰਵਰਤੀ ਦੇ ਮੁਖੀ ਬਾਬਾ ਬਲਬੀਰ ਸਿੰਘ ਅਕਾਲ਼ੀ 96 ਕਰੋੜੀ ਨੇ ਮਾਘੀ ਦੀ ਪੁਰਬ ਸੰਧਿਆਂ ਮੌਕੇ ਸਿੱਖ ਕੌਮ ਦੇ ਨਾਮ ਸ਼ੰਦੇਸ ਜਾਰੀ ਕਰਦਿਆਂ ਕਿਹਾ ਕਿ ਮਾਘੀ ਦੇ ਪਾਵਨ ਦਿਹਾੜੇ 'ਤੇ ਸ਼ਹੀਦਾਂ ਨੂੰ ਪ੍ਰਣਾਮ ਕਰਨ ਲਈ ਸੰਗਤਾਂ ਵੱਡੀ ਗਿਣਤੀ ਵਿੱਚ ਪੁਜਦੀਆਂ ਹਨ। ਉਨ੍ਹਾਂ ਕਿਹਾ ਕਿ ਇਹ ਦਿਹਾੜਾ ਭੁੱਲਾਂ ਬਖਸ਼ਾਉਣ ਵਾਲਾ ਹੈ। ਬੇਦਾਵਾ ਦੇਣ ਵਾਲੇ ਸਿੰਘਾਂ ਨੇ ਕੁਰਬਾਨੀ ਦੇ ਕੇ ਆਪਣੀ ਭੁੱਲ ਬਖ਼ਸ਼ਾਈ ਤੇ ਵੱਖ-ਵੱਖ ਖਿਤਾਬਾਂ ਦੀਆਂ ਗੁਰੂ ਸਾਹਿਬ ਤੋਂ ਬਖਸ਼ਿਸ਼ਾਂ ਵੀ ਪ੍ਰਾਪਤ ਕੀਤੀਆਂ।ਸ੍ਰੀ ਗੁਰੂ ਗੋਬਿੰਦ ਸਿੰਘ ਮਹਾਰਾਜ ਨੇ ਚਾਲੀ ਸ਼ਹੀਦ ਸਿੰਘਾਂ ਨੂੰ ਮੁਕਤੀ ਪਦ ਬਖਸ਼ ਕੇ ਇਸ ਖਿਦਰਾਣੇ ਦੀ ਢਾਬ ਦਾ ਨਾਮ ਮੁਕਤਸਰ ਰੱਖਿਆ।ਉਨ੍ਹਾਂ ਕਿਹਾ ਚਾਲੀ ਮੁਕਤਿਆਂ ਦੇ ਸ਼ਹੀਦੀ ਅਸਥਾਨ 'ਤੇ ਮੁਕਤਸਰ ਸ਼ਹਿਰ ਵੱਸਿਆ ਹੈ। ਗੁਰਦੁਆਰਾ ਬਾਬਾ ਨੈਣਾ ਸਿੰਘ ਛਾਉਣੀ ਬੁੱਢਾ ਦਲ ਨਿਹੰਗ ਸਿੰਘਾਂ ਤੋਂ ਬੁੱਢਾ ਦਲ ਦੇ ਮੈਨੇਜਰ ਸ. ਪਰਮਜੀਤ ਸਿੰਘ ਬਾਜਵਾ ਵੱਲੋਂ ਪ੍ਰੈਸ ਦੇ ਨਾਮ ਬਾਬਾ ਬਲਬੀਰ ਦਾ ਸੰਦੇਸ਼ ਜਾਰੀ ਕੀਤਾ ਗਿਆ ਜਿਸ ਵਿੱਚ ਨਿਹੰਗ ਮੁਖੀ ਬਾਬਾ ਬਲਬੀਰ ਸਿੰਘ ਨੇ ਆਪਣੇ ਸੰਦੇਸ਼ ਵਿੱਚ ਕਿਹਾ ਕਿ ਧਰਮ ਪ੍ਰਤੀ ਕੁਰਬਾਨੀ, ਬਲੀਦਾਨ ਤੇ ਸ਼ਹਾਦਤ ਦਾ ਸੰਕਲਪ ਗੁਰੂ ਸਾਹਿਬ ਨੇ ਹੀ ਰੋਸ਼ਨ ਕੀਤਾ।ਸ਼ਹੀਦੀ ਪ੍ਰੰਪਰਾ ਦੇ ਇਤਿਹਾਸ ਵਿੱਚ ਸਿੱਖ ਕੌਮ ਦਾ ਸਥਾਨ ਬਹੁਤ ਉੱਚਾ ਤੇ ਮਹਾਨ ਹੈ।ਇਸੇ ਦੌਰਾਨ ਦਲ ਦੇ ਮੈਨੇਜਰ ਸ. ਪਰਮਜੀਤ ਸਿੰਘ ਬਾਜਵਾ ਨੇ ਦੱਸਿਆ ਕਿ ਗੁਰਦੁਆਰਾ ਬਾਬਾ ਨੈਣਾ ਸਿੰਘ ਛਾਉਣੀ ਬੁੱਢਾ ਦਲ ਨੇੜੇ ਗੁ: ਤੰਬੂ ਸਾਹਿਬ ਤੋਂ ਪੁਰਾਤਨ ਖਾਲਸਾਈ ਪਰੰਪਰਾ ਅਨੁਸਾਰ ਸਮੂਹ ਨਿਹੰਗ ਸਿੰਘ ਦਲਾਂ ਵੱਲੋਂ ਬੁੱਢਾ ਦਲ ਦੇ ਸਿੰਘ ਸਾਹਿਬ ਮੁਖੀ ਬਾਬਾ ਬਲਬੀਰ ਸਿੰਘ 96 ਕਰੋੜੀ ਮੁਖੀ ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਪੰਜਵਾਂ ਤਖ਼ਤ ਚਲਦਾ ਵਹੀਰ ਦੀ ਅਗਵਾਈ ਅਤੇ ਇਤਿਹਾਸਕ ਨਿਸ਼ਾਨ, ਨਗਾਰਿਆਂ ਨਾਲ 15 ਜਨਵਰੀ ਨੂੰ 12 ਵਜੇ ਮਹੱਲਾ ਕੱਢਿਆ ਜਾਵੇਗਾ ਜੋ ਗੁਰਦੁਆਰਾ ਟਿੱਬੀ ਸਾਹਿਬ ਪੁੱਜੇਗਾ ਉਪਰੰਤ ਖੁਲ੍ਹੇ ਮੈਦਾਨ ਵਿਚ ਘੋੜ ਦੌੜ , ਨੇਜੇਬਾਜ਼ੀ, ਗਤਕਾ ਆਦਿ ਦੇ ਜੌਹਰ ਦਿਖਾਏ ਜਾਣਗੇ।

# ਧੀਆਂ ਖੁਸ਼, ਸੁਰੱਖਿਅਤ ਅਤੇ ਤੰਦਰੁਸਤ ਹੋਣਗੀਆਂ ਤਾਂ ਹੀ ਬਣੇਗਾ ਰੰਗਲਾ ਪੰਜਾਬ : ਡਾ. ਬਲਬੀਰ ਸਿੰਘ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**- ਪੰਜਾਬ ਸਰਕਾਰ ਵੱਲੋਂ ਹਰ ਸਾਲ ਮਨਾਈ ਜਾਂਦੀ ਧੀਆਂ ਦੀ ਲੋਹੜੀ ਦੇ ਤਹਿਤ ਸਿਹਤ ਅਤੇ ਪਰਿਵਾਰ ਭਲਾਈ, ਮੈਡੀਕਲ



ਸਿੱਖਿਆ ਤੇ ਖੋਜ ਮੰਤਰੀ ਡਾ. ਬਲਬੀਰ ਸਿੰਘ ਦੀ ਅਗਵਾਈ ਹੇਠ ਸੁਸ਼ੀਲ ਪੈਲੇਸ, ਪਟਿਆਲਾ ਵਿਖੇ ਰਾਜ ਪੱਧਰੀ ਸਮਾਗਮ ਕਰਵਾਇਆ ਗਿਆ। ਇਸ ਮੌਕੇ ਓਹਨਾ ਕਿਹਾ ਕਿ ਜਦੋਂ ਘਰਾਂ ਵਿੱਚ ਧੀਆਂ ਖੁਸ਼, ਸੁਰੱਖਿਅਤ ਅਤੇ ਤੰਦਰੁਸਤ ਹੋਣਗੀਆਂ ਤਾਂ ਹੀ ਪੰਜਾਬ ਸਚਮੁੱਚ ਰੰਗਲਾ ਬਣੇਗਾ।ਇਸ ਮੌਕੇ ਧੀਆਂ ਦੇ ਸਨਮਾਨ ਦੇ ਨਾਲ-ਨਾਲ ਲਿੰਗ ਸਮਾਨਤਾ, ਧੀਆਂ ਦੀ ਸਿਹਤ ਅਤੇ ਨਸ਼ਾ ਮੁਕਤ ਪੰਜਾਬ ਦਾ ਮਜ਼ਬੂਤ ਸੰਦੇਸ਼ ਦਿੱਤਾ ਗਿਆ। ਇਸ ਮੌਕੇ 51 ਨਵ ਜੰਮੀਆਂ ਬੱਚੀਆਂ, 6 ਏ.ਐਨ.ਐਮ., 10 ਆਸ਼ਾ ਵਰਕਰਾਂ ਅਤੇ 8 ਰਾਸ਼ਟਰੀ ਪੱਧਰ ਦੀਆਂ ਖਿਡਾਰਣਾਂ ਸਮੇਤ ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ ਗਿਆ।ਸਮਾਗਮ ਨੂੰ ਸੰਬੋਧਨ ਕਰਦਿਆਂ ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਕਿਹਾ ਕਿ ਪੰਜਾਬ ਵਿੱਚ ਇਸ ਸਮੇਂ 1000 ਮੁੰਡਿਆਂ ਪਿੱਛੇ 920 ਲੜਕੀਆਂ ਦਾ ਲਿੰਗ ਅਨੁਪਾਤ ਹੈ, ਜਿਸ ਨੂੰ ਆਉਣ ਵਾਲੇ ਸਮੇਂ 'ਚ ਮੁੰਡਿਆਂ ਦੇ ਬਰਾਬਰ ਕਰਨ ਦਾ ਟੀਚਾ ਰੱਖਿਆ ਗਿਆ ਹੈ। ਉਨ੍ਹਾਂ ਕਿਹਾ ਕਿ ਧੀਆਂ ਨੂੰ ਅੱਗੇ ਵਧਣ ਦੇ ਬਰਾਬਰ ਮੌਕੇ, ਚੰਗੀ ਸਿੱਖਿਆ ਅਤੇ ਤੰਦਰੁਸਤ ਜੀਵਨ ਮੁਹੱਈਆ ਕਰਵਾਉਣੇ ਬਹੁਤ ਜ਼ਰੂਰੀ ਹਨ।ਸਮਾਗਮ ਵਿਚ ਵਧੀਕ ਡਿਪਟੀ ਕਮਿਸਨਰ ਦਮਨਜੀਤ ਸਿੰਘ ਮਾਨ, ਡਾਇਰੈਕਟਰ ਹੈਲਥ ਸਰਵਿਸ ਡਾ ਅਦਿਤੀ ਸਲਾਰੀਆ, ਨੋਡਲ ਅਫ਼ਸਰ ਡਾ ਨਵਜੋਤ ਕੌਰ, ਸਿਵਲ ਸਰਜਨ ਡਾ ਜਸਵਿੰਦਰ ਸਿੰਘ, ਜਿਲ੍ਹਾ ਫੈਮਿਲੀ ਵੈਲਫੇਅਰ ਅਫ਼ਸਰ ਡਾ ਬਲਕਾਰ ਸਿੰਘ, ਐਸ ਐਮ ਓ ਤ੍ਰਿਪੜੀ ਡਾ ਪਰਨੀਤ ਕੌਰ, ਮੈਡੀਕਲ ਸੁਪਰਡੈਂਟ ਮਾਤਾ ਕੌਸ਼ਲਿਆ ਹਸਪਤਾਲ ਡਾ ਸੰਜੇ ਕਾਮਰਾ, ਜਿਲ੍ਹਾ ਮਾਸ ਮੀਡੀਆ ਅਫ਼ਸਰ ਕੁਲਬੀਰ ਕੌਰ , ਜਸਜੀਤ ਕੌਰ, ਸਮੂਹ ਐਸ ਐਮ ਓਜ਼ , ਐਮ ਸੀ ਜਸਬੀਰ ਗਾਂਧੀ, ਸੁਰੇਸ਼ ਰਾਏ ਤੋਂ ਇਲਾਵਾ ਸਮੂਹ ਐਮ ਸੀ ਆਸ਼ਾ ਵਰਕਰਜ਼ ਅਤੇ ਧੀਆਂ ਦੇ ਮਾਪੇ ਮੌਜੂਦ ਸਨ।

# ਖੇਤੀ ਟੈਕਨੋਕਰੇਟਸ ਵੱਲੋਂ ਸੰਸਾਰ ਅਮਨ ਲਈ ਉਚੇਚੇ ਕਦਮ ਚੁੱਕਣ ਦਾ ਸੱਦਾ

**ਲੁਧਿਆਣਾ (ਰੈਕਟਰ ਕਥੂਰੀਆ)**- ਆਲਮੀ ਅਮਨ ਅਤੇ ਸਰਬਪੱਖੀ ਵਿਕਾਸ ਲ਼ਈ ਦੁਨੀਆ ਭਰ ਦੇ ਖੇਤੀ ਟੈਕਨੋਕਰੇਟਸ ਦੀ ਜਥੇਬੰਦੀ ਇੰਟਰਨੈਸ਼ਨਲ ਪਲਾਂਟ ਡਾਕਟਰਜ ਫਾਰ ਪੀਸ ਐਂਡ ਡੀਵੈਲਪਮੈਂਟ ਦੀ ਪੰਜਾਬ ਚੈਪਟਰ ਦੀ ਹੰਗਾਮੀ ਮੀਟਿੰਗ ਲੁਧਿਆਣਾ ਵਿਖੇ ਜਥੇਬੰਦੀ ਦੇ ਸਰਪ੍ਰਸਤ ਡਾ ਇੰਦਰਪਾਲ ਸਿੰਘ



ਸੰਧੂ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਦੌਰਾਨ ਅਜੋਕੇ ਕੌਮੀ ਅਤੇ ਕੌਮਾਂਤਰੀ ਹਾਲਾਤ ਬਾਰੇ ਵਿਸਥਾਰ ਵਿੱਚ ਚਰਚਾ ਕੀਤੀ ਗਈ।ਪ੍ਰੈਸ ਨੂੰ ਜਾਰੀ ਬਿਆਨ ਵਿੱਚ ਸੰਸਥਾ ਦੇ ਪ੍ਰਧਾਨ ਡਾ ਰਜਿੰਦਰ ਪਾਲ ਸਿੰਘ ਔਲਖ ਅਤੇ ਜਨਰਲ ਸਕੱਤਰ ਡਾ ਹਰਿੰਦਰ ਸਿੰਘ ਨੇ ਕਿਹਾ ਕਿ ਦੁਨੀਆ ਦੇ ਲੱਗਭੱਗ ਸਾਰੇ ਦੇਸ਼ਾਂ ਦੇ ਨਾਗਰਿਕਾਂ ਨੂੰ ਹੀ ਮਹਿੰਗਾਈ , ਬੇਰੁਜਗਾਰੀ ਅਤੇ ਸਮਾਜਕ ਸੁਰੱਖਿਆ ਵਰਗੇ ਮਸਲਿਆਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ ਜਿਸ ਦਾ ਮੁੱਖ ਕਾਰਣ ਆਰਥਿਕ ਨਾਬਰਾਬਰੀ ਹੈ ਅਤੇ ਲੋਕ ਸਹੂਲਤਾਂ, ਇਨਫਰਾਸਟਰਕਚਰ ਅਤੇ ਵਿਕਾਸ ਤੇ ਪੈਸਾ ਖ਼ਰਚਣ ਦੀ ਬਿਜਾਏ ਦੂਸਰਿਆਂ 'ਤੇ ਧੌਂਸ ਜਮਾਉਣ, ਲੁੱਟਣ ਦੇ ਮਕਸਦ ਨਾਲ ਮਾਰੂ ਹਥਿਆਰਾਂ 'ਤੇ ਬੇਲੋੜਾ ਖਰਚ ਕੀਤਾ ਜਾ ਰਿਹਾ ਹੈ । ਫਲਸਰੂਪ ਤੇਜ਼ੀ ਨਾਲ ਵੱਧ ਰਹੇ ਆਰਥਿਕ ਪਾੜੇ ਕਾਰਣ ਬਹੁ ਗਿਣਤੀ ਲੋਕਾਂ ਦੀ ਖ਼ਰੀਦ ਸ਼ਕਤੀ ਲਗਾਤਾਰ ਘੱਟ ਰਹੀ ਹੈ ਅਤੇ ਉੱਪਰਲੇ ਇੱਕ ਫ਼ੀਸਦੀ ਲੋਕਾਂ ਕੋਲ ਸਰਮਾਇਆ ਲਗਾਤਾਰ ਵੱਧ ਰਿਹਾ ਹੈ।ਉਹਨਾ ਕੇਂਦਰ ਸਰਕਾਰ ਵੱਲੋਂ ਸਸਟੇਨੇਬਲ ਹਾਰਨੈਸਿੰਗ ਐਂਡ ਐਡਵਾਂਸਮੈਂਟ ਆਫ ਨਿਊਕਲੀਅਰ ਐਨਰਜੀ ਫਾਰ ਟਰਾਂਸਫੌਰਮਿੰਗ ਇੰਡੀਆ ਐਕਟ ਲਿਆਉਣ ਦੀ ਨਿੰਦਾ ਕਰਦਿਆਂ ਕਿਹਾ ਕਿ ਇਸ ਐਕਟ ਦੇ ਆਉਣ ਨਾਲ ਦੇਸੀ ਅਤੇ ਵਿਦੇਸ਼ੀ ਕਾਰਪੋਰੇਟ ਬਹੁਤ ਹੀ ਖਤਰਨਾਕ ਤੇ ਜੋਖਮੀ ਪਰਮਾਣੂ ਬਿਜਲੀ ਉਤਪਾਦਨ ਖੇਤਰ ਵਿੱਚ ਦਾਖਲ ਹੋ ਜਾਣਗੇ ਤੇ ਇਸ ਨਾਲ ਦੇਸ਼ ਦੀ ਪਰਮਾਣੂ ਸੁਰੱਖਿਆ ਖਤਰੇ ਵਿੱਚ ਪੈ ਜਾਵੇਗੀ। ਮੀਟਿੰਗ ਵਿਚ ਹੋਰਨਾਂ ਤੋਂ ਇਲਾਵਾ ਡਾ ਹਰਜਿੰਦਰ ਸਿੰਘ ਖਹਿਰਾ, ਡਾ ਗੁਰਪ੍ਰੀਤ ਰਤਨ, ਡਾ ਤਰਲੋਚਨ ਸਿੰਘ ਅਤੇ ਡਾ ਰਾਜਵਿੰਦਰ ਸਿੰਘ ਖੰਗੂੜਾ ਨੇ ਵੀ ਕੌਮੀ ਤੇ ਕੌਮਾਂਤਰੀ ਲੋਕ ਵਿਰੋਧੀ ਵਰਤਾਰਿਆਂ ਬਾਰੇ ਆਪਣੇ ਵਿਚਾਰ ਸਾਂਝੇ ਕੀਤੀ।

# ਧੂਰੀ ਦੇ ਓਵਰ ਬਰਿੱਜ ਦੀ ਖਸਤਾ ਹਾਲਤ ਕਾਰਨ ਹਾਦਸਿਆਂ ਦਾ ਡਰ



**ਧੂਰੀ (ਮਨੋਹਰ ਸਿੰਘ ਸੱਗੂ, ਮੋਹਿਤ ਗਰਗ)**- ਸੰਗਰੂਰ-ਲੁਧਿਆਣਾ ਮੁੱਖ ਮਾਰਗ 'ਤੇ ਸ਼ਹਿਰ ਦੀ ਹਦੂਦ ਅੰਦਰ ਬਣਿਆ ਰੇਲਵੇ ਓਵਰ ਬਰਿੱਜ ਅੱਜ ਕੱਲ੍ਹ ਆਪਣੀ ਬਦਹਾਲੀ ਕਾਰਨ ਰਾਹਗੀਰਾਂ ਲਈ ਵੱਡੀ ਮੁਸੀਬਤ ਦਾ ਸਬੱਬ ਸਾਬਤ ਹੋ ਰਿਹਾ ਹੈ। ਇਸ ਪੁਲ ਉੱਪਰ ਪੈ ਚੁੱਕੀਆਂ ਡੂੰਘੀਆਂ ਤਰੇੜਾਂ ਅਤੇ ਉਖੜੀ ਹੋਈ ਸੜਕ ਕਾਰਨ ਜਿੱਥੇ ਆਮ ਲੋਕਾਂ ਵਿੱਚ ਸਹਿਮ ਦਾ ਮਾਹੌਲ ਹੈ, ਉੱਥੇ ਹੀ ਰਾਤ ਦੇ ਸਮੇਂ ਪੁਲ ਦੀ ਖਸਤਾ ਹਾਲਤ ਕਾਰਨ ਕਈ ਹਾਦਸੇ ਵਾਪਰ ਵੀ ਚੁੱਕੇ ਹਨ।ਪ੍ਰਾਪਤ ਜਾਣਕਾਰੀ ਅਨੁਸਾਰ, ਓਵਰ ਬਰਿੱਜ ਦੇ ਉੱਪਰੋਂ ਕੁੱਝ ਥਾਵਾਂ ਤੋਂ ਪ੍ਰੀਮਿਕਸ ਅਤੇ ਬਜਰੀ ਪੂਰੀ ਤਰ੍ਹਾਂ ਉਖੜ ਚੁੱਕੀ ਹੈ, ਜਿਸ ਕਾਰਨ ਪੁਲ ਦੇ ਜੁਆਇੰਟਾਂ ਦੇ ਸਰੀਏ ਨੰਗੇ ਹੋ ਕੇ ਬਾਹਰ ਨਿਕਲ ਆਏ ਹਨ। ਇਹ ਨਿਕਲੇ ਹੋਏ ਸਰੀਏ ਖ਼ਾਸ ਕਰਕੇ ਦੋਪਹੀਆ ਵਾਹਨ ਚਾਲਕਾਂ ਲਈ ਜਾਨ ਲੇਵਾ ਸਾਬਤ ਹੋ ਸਕਦੇ ਹਨ। ਮਾੜੀ ਹਾਲਤ ਕਾਰਨ ਵਾਹਨਾਂ ਦੇ ਟਾਇਰ ਫਟਣ ਅਤੇ ਸੰਤੁਲਨ ਵਿਗੜਨ ਦਾ ਡਰ ਹਮੇਸ਼ਾ ਬਣਿਆ ਰਹਿੰਦਾ ਹੈ।ਧੂਰੀ ਵਿਕਾਸ ਮੰਚ ਦੇ ਸਕੱਤਰ ਜਨਰਲ ਹੰਸ ਰਾਜ ਬਜਾਜ ਨੇ ਇਸ ਗੰਭੀਰ ਮੁੱਦੇ 'ਤੇ ਚਿੰਤਾ ਪ੍ਰਗਟ ਕਰਦਿਆਂ ਸਰਕਾਰ ਅਤੇ ਸਬੰਧਤ ਵਿਭਾਗ ਤੋਂ ਇਸ ਦੀ ਤੁਰੰਤ ਮੁਰੰਮਤ ਕਰਵਾਉਣ ਦੀ ਮੰਗ ਕੀਤੀ ਹੈ।

# ਐੱਸ ਬੀ ਐੱਸ ਕਾਲਜ ਆਫ ਨਰਸਿੰਗ ਵਿਖੇ ਲੋਹੜੀ ਦਾ ਤਿਉਹਾਰ ਮਨਾਇਆ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**- ਐੱਸ ਬੀ ਐੱਸ ਕਾਲਜ ਆਫ ਨਰਸਿੰਗ ਫਿਰੋਜ਼ਪੁਰ ਵਿਖੇ ਲੋਹੜੀ ਦਾ ਤਿਉਹਾਰ ਮਨਾਇਆ ਗਿਆ। ਇਸ ਮੌਕੇ ਧਰਮਪਾਲ ਬਾਂਸਲ (ਸੰਸਥਾਪਕ ਭਗਤੀ ਭਜਨ ਗਰੁੱਪ, ਹਾਰਮਨੀ ਵਨਿਅਮ, ਹਾਰਮਨੀ ਆਯੁਰਵੈਦਿਕ



ਕਾਲਜ ਅਤੇ ਸ਼ਹੀਦ ਭਗਤ ਸਿੰਘ ਕਾਲਜ ਆਫ ਨਰਸਿੰਗ) ਵੱਲੋਂ ਸਾਰਿਆਂ ਨੂੰ ਲੋਹੜੀ ਦੀਆਂ ਮੁਬਾਰਕਾਂ ਦਿੱਤੀਆਂ ਗਈਆਂ ਤੇ ਸਾਰਿਆਂ ਨੂੰ ਲੋਹੜੀ ਵੰਡੀ ਗਈ। ਇਸ ਦਿਨ ਲੋਕ ਆਪਣੇ ਘਰਾਂ ਵਿਚ ਲੋਹੜੀ ਬਾਲਦੇ ਹਨ ਅਤੇ ਬਲਦੀ ਹੋਈ ਅੱਗ ਵਿਚ ਤਿਲ, ਰਿਉੜੀਆਂ ਅਤੇ ਮੂੰਗਫਲੀ ਆਦਿ ਸੁੱਟਦੇ ਹਨ ਉਨ੍ਹਾਂ ਵਿਦਿਆਰਥੀਆਂ ਨੂੰ ਆਪਸੀ ਭਾਈਚਾਰੇ, ਸਹਿਯੋਗ ਅਤੇ ਸੱਭਿਆਚਾਰਕ ਮੁੱਲਾਂ ਨੂੰ ਅਪਨਾਉਣ ਦੀ ਪ੍ਰੇਰਣਾ ਦਿੱਤੀ। ਇਸ ਮੌਕੇ ਸਾਰਿਆਂ ਨੇ ਭੰਗੜਾ ਅਤੇ ਗਿੱਧਾ ਪਾ ਕੇ ਲੋਹੜੀ ਦਾ ਆਨੰਦ ਮਾਣਿਆ। ਇਸ ਸਮੇਂ ਸਾਰੇ ਸਟਾਫ ਵੱਲੋਂ ਲੋਹੜੀ ਦੇ ਗੀਤ ਗਾ ਕੇ ਨੱਚਣ ਲਈ ਮਜਬੂਰ ਕਰ ਦਿੱਤਾ। ਇਸ ਵਧਾਈ ਮੌਕੇ ਸਮੂਹ ਕਾਲਜ ਸਟਾਫ ਪ੍ਰਿੰਸੀਪਲ ਸੁਖਦੀਪ ਕੌਰ, ਡਾ. ਸੰਜੀਵ ਮਾਨਕਟਾਲਾ, ਸ਼ਰਨਜੀਤ ਕੌਰ, ਸੁਖਵਿੰਦਰ ਕੌਰ, ਗੁਰਦੀਪ ਕੌਰ, ਜਗਦੇਵ ਸਿੰਘ, ਅਮਨਦੀਪ ਕੌਰ, ਕੋਮਲਪ੍ਰੀਤ ਕੌਰ, ਰਬਿਕਾ, ਸੰਗੀਤਾ ਹਾਂਡਾ, ਗੁਰਮੀਤ ਕੌਰ, ਖੁਸ਼ਪਾਲ ਕੌਰ, ਪ੍ਰਿੰਯਕਾ, ਗੁਰਪ੍ਰੀਤ ਕੌਰ, ਰਮਨਦੀਪ ਕੌਰ, ਸੁਖਮਨਦੀਪ ਕੌਰ, ਗੀਤਾਂਜਲੀ, ਅਰਸ਼ਦੀਪ ਕੌਰ, ਪੂਨਮ, ਪੂਜਾ, ਅਮਨਦੀਪ ਕੌਰ, ਕੋਮਲਜੀਤ ਕੌਰ, ਅਮਨਦੀਪ ਕੌਰ, ਬਲਵਿੰਦਰ ਕੌਰ, ਗਗਨਦੀਪ ਕੌਰ, ਕੋਮਲਪ੍ਰੀਤ ਕੌਰ, ਸੁਖਵੀਰ ਕੌਰ, ਅਮਨਦੀਪ ਕੌਰ, ਮਨਪ੍ਰੀਤ ਕੌਰ, ਆਂਚਲ ਆਦਿ ਸ਼ਾਮਲ ਸਨ। ਅੰਤ ਵਿਚ ਸਭ ਨੇ ਇਕ ਦੂਜੇ ਨੂੰ ਲੋਹੜੀ ਦੀਆਂ ਵਧਾਈਆਂ ਦਿੱਤੀਆਂ।

# ਸਿਹਤ ਬੀਮਾ ਯੋਜਨਾ ਨਾਲ ਪਰਿਵਾਰ ਦੇ ਹਰੇਕ ਮੈਂਬਰ ਨੂੰ ਲਾਭ ਮਿਲੇਗਾ : ਜੱਸੀ ਸੋਹੀਆਂ ਵਾਲਾ

**ਨਾਭਾ (ਵਰਿੰਦਰ ਵਰਮਾ)**- ਸੂਬੇ ਅੰਦਰ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪਿੱਛਲੇ ਚਾਰ ਸਾਲਾਂ ਤੋਂ ਲਗਾਤਾਰ ਰਿਕਾਰਡ ਤੋੜ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ ਅਤੇ ਹਰ ਵਰਗ ਦੇ ਲੋਕਾਂ ਨੂੰ ਬਣਦੀਆਂ ਸਹੂਲਤਾਂ ਦਿੱਤੀਆਂ ਜਾ ਰਹੀਆਂ ਹਨ, ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਇੰਪਰੂਵਮੈਂਟ ਟਰੱਸਟ ਦਫਤਰ ਨਾਭਾ ਵਿਖੇ ਚੈਅਰਮੈਨ ਜੱਸੀ ਸੋਹੀਆਂ ਵਾਲਾ ਨੇ ਹਲਕੇ ਦੇ



ਲੋਕਾਂ ਦੀਆਂ ਸਮੱਸਿਆਂਵਾਂ ਸੁਣਦੇ ਹੋਏ ਉਨ੍ਹਾਂ ਨਾਲ ਗੱਲਬਾਤ ਕਰਦਿਆਂ ਕੀਤਾ।ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਲੋਕਾਂ ਦੀ ਆਪਣੀ ਸਰਕਾਰ ਹੈ ਜਿਸ ਨੇ ਪਿਛਲੇ ਚਾਰ ਸਾਲਾਂ ਵਿਚ ਰਿਕਾਰਡ ਤੋੜ ਵਿਕਾਸ ਦੇ ਕੰਮ ਕੀਤੇ ਹਨ ਅਤੇ ਪਿੰਡਾਂ ਦੀਆਂ ਸਾਰੀਆਂ ਲਿੰਕ ਸੜਕਾਂ ਨਵੀਆਂ ਬਣਾਈਆਂ ਜਾ ਰਹੀਆਂ ਹਨ ਅਤੇ ਕਿਸਾਨਾਂ ਨੂੰ ਖੇਤਾਂ ਲਈ ਨਿਰਵਿਘਨ ਬਿਜਲੀ ਸਪਲਾਈ ਦਿੱਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਲੋਕਾਂ ਦੀ ਸਿਹਤ ਨੂੰ ਲੈ ਕੇ ਸਰਕਾਰ ਨੇ 10 ਲੱਖ ਦਾ ਫਰੀ ਮੈਡੀਕਲ ਬੀਮਾ ਯੋਜਨਾ ਬਣਾਈ ਜਿਸ ਤਹਿਤ ਹਰ ਪਰਿਵਾਰ ਦੇ ਮੈਂਬਰ 10 ਲੱਖ ਤੱਕ ਦਾ ਮੈਡੀਕਲ ਇਲਾਜ ਕਰਵਾ ਕੇ ਲਾਭ ਉਠਾ ਸਕਨਗੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਆਪ ਦੇ ਸੀਨੀਅਰ ਆਗੂ ਸੁਖਜੀਤ ਸਿੰਘ ਹਾਂਸ,ਮਨਦੀਪ ਸਿੰਘ ਘਣੀਵਾਲ, ਧੀਰਜ ਠਾਕੁਰ, ਸੁਖਚੈਨ ਸਿੰਘ ਕੁਲਾਰਾਂ, ਧੀਰਜ ਠਾਕੁਰ, ਤਰਨੀਂ ਭੁੱਲਰ, ਕੁਲਦੀਪ ਹੈਪੀ, ਸੰਤੋਖ ਸਿੰਘ ਕੁਲਾਰਾਂ, ਨੀਟੂ ਸ਼ਰਮਾ, ਜਤਿੰਦਰ ਸਿੰਘ ਸਰਾਓ, ਕਰਨ ਸ਼ੇਰ ਸਿੰਘ, ਮਨਪ੍ਰੀਤ ਸਿੰਘ, ਹੈਪੀ ਅਰੋੜਾ, ਲਖਵੀਰ ਸਿੰਘ ਲੱਖਾ ਪ੍ਰਧਾਨ, ਜਸਕਰਨਵੀਰ ਸਿੰਘ ਤੇਜੇ ਆਦਿ ਵੀ ਮੌਜੂਦ ਸਨ।

# ਗੁਰੂ ਨਾਨਕ ਨੈਸ਼ਨਲ ਕਾਲਜ ਵੱਲੋਂ ਚੀਨੀ ਡੋਰ ਦੀ ਵਰਤੋਂ ਨਾ ਕਰਨ ਦਾ ਸੰਦੇਸ਼



**ਦੋਰਾਹਾ (ਹਰਮਿੰਦਰ ਸੇਠ)**- ਗੁਰੂ ਨਾਨਕ ਨੈਸ਼ਨਲ ਕਾਲਜ, ਦੋਰਾਹਾ ਦੇ ਸਭਿਆਚਾਰਕ ਗਤੀਵਿਧੀਆਂ ਵਿਭਾਗ, ਈਕੋ ਕਲੱਬ ਅਤੇ ਐੱਨ.ਐੱਸ.ਐੱਸ. ਯੂਨਿਟ ਵੱਲੋਂ ਲੋਹੜੀ ਦੇ ਸ਼ੁਭ ਅਵਸਰ 'ਤੇ ਚੀਨੀ ਡੋਰ ਦੀ ਵਰਤੋਂ ਵਿਰੁੱਧ ਇੱਕ ਮਹੱਤਵਪੂਰਨ ਸੰਦੇਸ਼ ਦਿੱਤਾ ਗਿਆ। ਇਹ ਜਾਣਕਾਰੀ ਦਿੰਦਿਆਂ ਕਾਲਜ ਪ੍ਰਿੰਸੀਪਲ ਡਾ. ਸਰਵਜੀਤ ਕੌਰ ਬਰਾੜ ਨੇ ਦੱਸਿਆ ਕਿ ਚੀਨੀ ਡੋਰ ਦੀ ਵਰਤੋਂ ਦੇ ਮੱਦਨਜ਼ਰ ਪੰਛੀਆਂ ਅਤੇ ਮਨੁੱਖਾਂ ਦੋਹਾਂ ਨੂੰ ਜਾਨ ਲੇਵਾ ਨੁਕਸਾਨ ਤੋਂ ਬਚਾਉਣ ਲਈ ਕਾਲਜ ਦੇ ਸਭਿਆਚਾਰਕ ਗਤੀਵਿਧੀਆਂ ਵਿਭਾਗ, ਐੱਨ ਐੱਸ ਐੱਸ ਯੂਨਿਟ ਅਤੇ ਈਕੋ ਕਲੱਬ ਵੱਲੋਂ ਲੋਹੜੀ ਦੇ ਮੌਕੇ ਕਾਲਜ ਗਰਾਊਂਡ ਵਿੱਚ ਸਵੇਰੇ 10 ਵਜੇ ਤੋਂ ਚੀਨੀ ਡੋਰ ਦੀ ਵਰਤੋਂ ਤੋਂ ਬਿਨਾਂ ਸੁਰੱਖਿਅਤ ਤਰੀਕਿਆਂ ਨਾਲ ਪਤੰਗ ਉਡਾਏ ਗਏ। ਇਸ ਅਵਸਰ 'ਤੇ ਕਾਲਜ ਪ੍ਰਬੰਧਕੀ ਕਮੇਟੀ ਦੇ ਜਨਰਲ ਸਕੱਤਰ ਡਾ. ਪਵਿੱਤਰਪਾਲ ਸਿੰਘ ਪਾਂਗਲੀ ਅਤੇ ਐਗਜ਼ੀਕਿਊਟਿਵ ਮੈਂਬਰ ਸ. ਜੋਗਿੰਦਰ ਸਿੰਘ ਓਬਰਾਏ ਨੇ ਉਚੇਚੇ ਤੌਰ 'ਤੇ ਸ਼ਾਮਿਲ ਹੁੰਦਿਆਂ ਵਾਲੰਟੀਅਰਾਂ ਦੀ ਹੌਸਲਾ ਅਫ਼ਜਾਈ ਕੀਤੀ। ਇਸ ਗਤੀਵਿਧੀ ਦੇ ਆਯੋਜਨ ਵਿਚ ਡਾ. ਲਵਲੀਨ ਬੈਂਸ, ਡਾ. ਨਿਧੀ ਸਰੂਪ, ਪ੍ਰੋ. ਰਾਮਪਾਲ ਬੰਗਾ, ਪ੍ਰੋ. ਅਮਨਦੀਪ ਚੀਮਾਂ ਅਤੇ ਡਾ. ਗੁਰਪ੍ਰੀਤ ਸਿੰਘ ਨੇ ਯੋਗਦਾਨ ਪਾਇਆ। ਇਸ ਗਤੀਵਿਧੀ ਦੇ ਆਯੋਜਨ ਲਈ ਕਾਲਜ ਪ੍ਰਬੰਧਕੀ ਕਮੇਟੀ ਦੇ ਪ੍ਰਧਾਨ ਸ. ਹਰਪ੍ਰਤਾਪ ਸਿੰਘ ਬਰਾੜ, ਜਨਰਲ ਸਕੱਤਰ ਡਾ. ਪਵਿੱਤਰਪਾਲ ਸਿੰਘ ਪਾਂਗਲੀ, ਐਗਜ਼ੀਕਿਊਟਿਵ ਮੈਂਬਰ ਸ਼੍ਰੀਮਤੀ ਰੁਪਿੰਦਰ ਕੌਰ ਬਰਾੜ, ਅਹੁਦੇਦਾਰਾਂ, ਮੈਂਬਰ ਸਾਹਿਬਾਨ ਅਤੇ ਕਾਲਜ ਪ੍ਰਿੰਸੀਪਲ ਡਾ. ਸਰਵਜੀਤ ਕੌਰ ਬਰਾੜ ਨੇ ਸਮੁੱਚੀ ਟੀਮ ਦੀ ਸ਼ਲਾਘਾ ਕੀਤੀ।

# ਸੀ-ਪਾਈਟ ਕੈਂਪ ਕਾਲਝਰਾਣੀ ਵੱਲੋਂ ਮੁਫਤ ਸਕਿਉਰਟੀ ਗਾਰਡ ਟ੍ਰੇਨਿੰਗ ਕੋਰਸ ਸ਼ੁਰੂ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ/ਪੂਜਾ)**

ਪੰਜਾਬ ਸਰਕਾਰ ਦੇ ਰੋਜ਼ਗਾਰ ਉਤਪੱਤੀ ਤੇ ਟ੍ਰੇਨਿੰਗ ਵਿਭਾਗ ਦੇ ਅਦਾਰੇ ਸੀ-ਪਾਈਟ ਕੈਂਪ ਪਿੰਡ ਕਾਲਝਰਾਣੀ (ਲੰਬੀ-ਬਠਿੰਡਾ ਰੋਡ) ਜ਼ਿਲ੍ਹਾ ਬਠਿੰਡਾ ਵੱਲੋਂ ਪੰਜਾਬ ਦੇ ਨੌਜਵਾਨਾਂ ਨੂੰ ਸਕਿਉਰਟੀ ਗਾਰਡ ਟ੍ਰੇਨਿੰਗ ਕੋਰਸ ਕਰਵਾਉਣ ਲਈ ਰਜਿਸਟ੍ਰੇਸ਼ਨ ਸ਼ੁਰੂ ਕੀਤੀ ਜਾ ਰਹੀ ਹੈ । ਇਹ ਜਾਣਕਾਰੀ ਦਿੰਦਿਆਂ ਕੈਂਪ ਕਾਲਝਰਾਣੀ ਦੇ ਟ੍ਰੇਨਿੰਗ ਅਧਿਕਾਰੀ ਕੈਪਟਨ ਲਖਵਿੰਦਰ ਸਿੰਘ ਨੇ ਦੱਸਿਆ ਕਿ ਇਹ ਟ੍ਰੇਨਿੰਗ ਕੋਰਸ 26 ਜਨਵਰੀ ਤੋਂ ਸੀ-ਪਾਈਟ ਕੈਂਪ ਕਾਲਝਰਾਣੀ (ਬਠਿੰਡਾ) ਵਿਖੇ ਸ਼ੁਰੂ ਹੋ ਰਿਹਾ ਹੈ । ਇਹ ਟ੍ਰੇਨਿੰਗ ਕੋਰਸ ਕਰਨ ਵਾਸਤੇ ਉਮੀਦਵਾਰ ਨੇ ਘੱਟੋ ਘੱਟ 10ਵੀਂ ਜਮਾਤ ਪਾਸ ਕੀਤੀ ਹੋਣੀ ਚਾਹੀਦੀ ਹੈ ਅਤੇ ਉਮਰ ਸੀਮਾ 21 ਤੋਂ 29 ਸਾਲ ਹੋਣੀ ਚਾਹੀਦੀ ਹੈ । ਉਨ੍ਹਾਂ ਕਿਹਾ ਕਿ ਇਸ ਕੋਰਸ ਦੀਆਂ ਸੀਟਾਂ ਸੀਮਤ ਹਨ। ਸ੍ਰੀ ਮੁਕਤਸਰ ਸਾਹਿਬ, ਫਾਜ਼ਿਲਕਾ, ਬਠਿੰਡਾ, ਜ਼ਿਲ੍ਹੇ ਦੇ ਯੁਵਕਾਂ ਨੂੰ ਅਪੀਲ ਕੀਤੀ ਹੈ ਕਿ ਆਪਣੀ ਰਜਿਸਟ੍ਰੇਸ਼ਨ ਪਹਿਲ ਦੇ ਆਧਾਰ 'ਤੇ ਕਰਵਾਉਣ । ਸਕਿਉਰਟੀ ਗਾਰਡ ਟ੍ਰੇਨਿੰਗ ਦਾ ਕੋਰਸ ਪੂਰਾ ਕਰਨ ਵਾਲੇ ਯੁਵਕਾਂ ਨੂੰ ਸਰਕਾਰ ਵੱਲੋਂ ਮਾਨਤਾ ਪ੍ਰਾਪਤ ਸਰਟੀਫਿਕੇਟ ਵੀ ਦਿੱਤਾ ਜਾਵੇਗਾ ਜੋ ਕਿ ਸਰਕਾਰੀ ਸੰਸਥਾ, ਅਰਧ-ਸਰਕਾਰੀ ਸੰਸਥਾ, ਵੱਡੀਆਂ ਇੰਡਸਟਰੀਜ਼ ਵਿੱਚ ਨੌਕਰੀ ਲੈਣ ਵਾਸਤੇ ਵੈਲਿਡ ਮੰਨਿਆ ਜਾਵੇਗਾ । ਉਨ੍ਹਾਂ ਕਿਹਾ ਕਿ ਕੋਰਸ ਪੂਰਾ ਹੋਣ ਉਪਰੰਤ ਵੱਖ-ਵੱਖ ਸਕਿਉਰਟੀ ਏਜੰਸੀਆਂ ਕੈਂਪ ਵਿਖੇ ਪਲੇਸਮੈਂਟ ਕੈਂਪ ਲਗਾਉਣਗੀਆਂ । ਇਸ ਕੋਰਸ ਦੌਰਾਨ ਯੁਵਕਾਂ ਦੇ ਰਿਹਾਇਸ਼, ਖਾਣ-ਪੀਣ ਦਾ ਖਰਚ ਪੰਜਾਬ ਸਰਕਾਰ ਦਾ ਹੋਵੇਗਾ। ਪੰਜਾਬ ਰਾਜ ਦੇ ਵਸਨੀਕ ਸਕਿਉਰਟੀ ਗਾਰਡ ਟ੍ਰੇਨਿੰਗ ਕੋਰਸ ਕਰਨ ਦੇ ਚਾਹਵਾਨ ਯੁਵਕ 15 ਜਨਵਰੀ ਤੋਂ ਕਿਸੇ ਵੀ ਦਿਨ ਸਵੇਰੇ 9:00 ਵਜੇ ਸੀ-ਪਾਈਟ ਕੈਂਪ, ਪਿੰਡ ਕਾਲਝਰਾਣੀ ਜ਼ਿਲ੍ਹਾ ਬਠਿੰਡਾ ਵਿਖੇ 10ਵੀਂ ਜਮਾਤ ਦੇ ਸਰਟੀਫਿਕੇਟ ਦੀ ਫੋਟੋ ਕਾਪੀ, ਅਧਾਰ ਕਾਰਡ ਦੀ ਫੋਟੋ ਕਾਪੀ ਅਤੇ 2 ਤਾਜ਼ਾ ਪਾਸਪੋਰਟ ਸਾਈਜ਼ ਫੋਟੋ, ਫਾਈਲ ਕਵਰ ਆਦਿ ਦਸਤਾਵੇਜ਼ ਸਮੇਤ ਨਿੱਜੀ ਤੌਰ 'ਤੇ ਪਹੁੰਚ ਕੇ ਰਜ਼ਿਸਟ੍ਰੇਸ਼ਨ ਕਰਵਾ ਸਕਦੇ ਹਨ।ਇਹ ਜਾਣਕਾਰੀ ਟ੍ਰੇਨਿੰਗ ਅਧਿਕਾਰੀ, ਕੈਪਟਨ ਲਖਵਿੰਦਰ ਸਿੰਘ ਦੁਆਰਾ ਦਿੱਤੀ ਗਈ। ਵਧੇਰੇ ਜਾਣਕਾਰੀ ਲਈ 94638-31615, 94641-52013 'ਤੇ ਸੰਪਰਕ ਕੀਤਾ ਜਾ ਸਕਦਾ ਹੈ।

# ਵਿਧਾਇਕ ਦੇਵ ਮਾਨ ਨੇ ਨਾਭਾ ਪਹੁੰਚਣ 'ਤੇ ਹਰਪਾਲ ਚੀਮਾ ਦਾ ਕੀਤਾ ਵਿਸ਼ੇਸ਼ ਸਨਮਾਨ



**ਨਾਭਾ (ਵਰਿੰਦਰ ਵਰਮਾ)**

ਪੰਜਾਬ ਵਿੱਚ ਵੱਡੇ ਪੱਧਰ 'ਤੇ ਵਿਕਾਸ ਕਾਰਜ ਪੰਜਾਬ ਦੇ ਹਰਮਨ ਪਿਆਰੇ ਅਤੇ ਕ੍ਰਾਂਤੀਕਾਰੀ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਕਰਵਾਏ ਜਾ ਰਹੇ ਹਨ, ਜਿਸ ਤਹਿਤ ਨਾਭਾ ਹਲਕੇ ਵਿੱਚ ਵੀ ਵਿਕਾਸ ਕਾਰਜਾਂ ਲਈ ਗਰਾਂਟ ਜਾਰੀ ਕੀਤੀ ਗਈ ਹੈ ਜੋ ਆਉਣ ਵਾਲੇ ਦਿਨਾਂ ਵਿੱਚ ਹਲਕਾ ਨਾਭਾ ਦੀਆਂ ਪੰਚਾਇਤਾਂ ਨੂੰ ਦਿੱਤੀਆਂ ਜਾਣਗੀਆਂ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਪੰਜਾਬ ਦੇ ਖਜ਼ਾਨਾ ਮੰਤਰੀ ਹਰਪਾਲ ਸਿੰਘ ਚੀਮਾ ਅਤੇ ਗੁਰਦੇਵ ਸਿੰਘ ਦੇਵ ਮਾਨ ਐਮ ਐਲ ਏ ਨਾਭਾ ਵੱਲੋਂ ਸਾਂਝੇ ਤੌਰ 'ਤੇ ਕੀਤਾ ਗਿਆ। ਇਸ ਮੌਕੇ ਵਿਧਾਇਕ ਦੇਵ ਮਾਨ ਵੱਲੋਂ ਨਾਭਾ ਪਹੁੰਚਣ ਤੇ ਕੈਬਨਿਟ ਮੰਤਰੀ ਹਰਪਾਲ ਸਿੰਘ ਚੀਮਾ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ। ਵਿਧਾਇਕ ਨੇ ਕਿਹਾ ਕਿ ਕੈਬਨਿਟ ਮੰਤਰੀ ਚੀਮਾ ਆਪਣਾ ਵਿਭਾਗ ਬਹੁਤ ਵਧੀਆ ਤਰੀਕੇ ਨਾਲ ਚਲਾ ਰਹੇ ਹਨ।ਇਸ ਮੌਕੇ ਉਨਾਂ ਦੇ ਨਾਲ ਤੇਜਿੰਦਰ ਸਿੰਘ ਖਹਿਰਾ, ਮਨਪ੍ਰੀਤ ਸਿੰਘ ਧਾਰੋਕੀ ਪ੍ਰਧਾਨ ਟਰੱਕ ਯੂਨੀਅਨ ਨਾਭਾ, ਧਰਮਿੰਦਰ ਸਿੰਘ ਸੁੱਖੇਵਾਲ, ਸੁਖਦੀਪ ਸਿੰਘ ਖਹਿਰਾ, ਜਸਵੀਰ ਸਿੰਘ ਵਜੀਦਪੁਰ, ਭੁਪਿੰਦਰ ਸਿੰਘ ਕੱਲਰਮਾਜਰੀ, ਸੁਖ ਸੁਰਾਜਪੁਰ, ਸਰਪੰਚ ਦਵਿੰਦਰ ਸਿੰਘ ਕੁਲਾਰਾਂ, ਅਰਮਾਨ ਨਾਭਾ, ਰਾਜ ਕੁਮਾਰ ਸੋਲਾਂਕੀ, ਕੁਲਜੀਤ ਸਿੰਘ ਦੀਵਾਨਗੜ੍ਹ ਅਤੇ ਹੋਰ ਅਹੁਦੇਦਾਰਾਂ ਮੌਜੂਦ ਸਨ।

# ਭਲਕ ਦੇ ਦੇਸ਼ ਪੱਧਰੀ ਧਰਨੇ ਦੀਆਂ ਤਿਆਰੀਆਂ ਮੁਕੰਮਲ

**ਧੂਰੀ, (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)** ਸੰਯੁਕਤ ਕਿਸਾਨ ਮੋਰਚੇ ਦੇ ਪ੍ਰਮੁੱਖ ਆਗੂ ਤੇ ਕੁਲ ਹਿੰਦ ਕਿਸਾਨ ਸਭਾ ਪੰਜਾਬ ਦੇ ਸੂਬਾਈ ਮੀਤ ਪ੍ਰਧਾਨ, ਕਾਮਰੇਡ ਮੇਜਰ ਸਿੰਘ ਪੁੰਨਾਂਵਾਲ ਨੇ ਕੇਂਦਰ ਸਰਕਾਰ ਦੀਆਂ ਲੋਕ ਮਾਰੂ ਨੀਤੀਆਂ ਵਿਰੁੱਧ ਤਿੱਖੇ ਤੇਵਰ ਦਿਖਾਏ।ਉਨ੍ਹਾਂ ਐਲਾਨ ਕੀਤਾ ਕਿ 16 ਜਨਵਰੀ ਨੂੰ ਦਿੱਤੇ ਜਾਣ ਵਾਲੇ ਦੇਸ਼ ਪੱਧਰੀ ਧਰਨਿਆਂ ਦੀਆਂ ਤਿਆਰੀਆਂ ਮੁਕੰਮਲ ਹੋ ਚੁੱਕੀਆਂ ਹਨ ਤੇ ਲੋਕਾਂ ਵਿੱਚ ਭਾਰੀ ਉਤਸ਼ਾਹ ਦੇਖਣ ਨੂੰ ਮਿਲ ਰਿਹਾ ਹੈ। ਮੇਜਰ ਪੁੰਨਾਂਵਾਲ ਨੇ ਦੱਸਿਆ ਕਿ ਇਹ ਸੰਘਰਸ਼ ਕਿਸੇ ਇੱਕ ਜਥੇਬੰਦੀ ਦਾ ਨਹੀਂ, ਸਗੋਂ ਸਮੁੱਚੇ ਦੇਸ਼ ਦੇ ਅੰਨਦਾਤੇ ਤੇ ਮਿਹਨਤਕਸ਼ ਵਰਗ ਦੀ ਹੋਂਦ ਦੀ ਲੜਾਈ ਹੈ। ਉਨ੍ਹਾਂ ਮੁੱਦਿਆਂ 'ਤੇ ਚਿੰਤਾ ਪ੍ਰਗਟਾਈ ਕਿ ਇਸ ਬਿਜਲੀ ਸੋਧ ਬਿੱਲ 2025 ਰਾਹੀਂ ਬਿਜਲੀ ਖੇਤਰ ਨੂੰ ਨਿੱਜੀ ਹੱਥਾਂ ਵਿੱਚ ਸੌਂਪਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ, ਜਿਸ ਨਾਲ ਕਿਸਾਨਾਂ ਦੀ ਮੁਫ਼ਤ ਬਿਜਲੀ ਤੇ ਆਮ ਆਦਮੀ 'ਤੇ ਬੋਝ ਵਧੇਗਾ।ਉਨ੍ਹਾਂ ਕਿਹਾ ਕਿ ਖੇਤੀਬਾੜੀ ਨੂੰ ਕਾਰਪੋਰੇਟ ਘਰਾਣਿਆਂ ਦੇ ਰਹਿਮੋ-ਕਰਮ 'ਤੇ ਛੱਡਣ ਦੀ ਨੀਤੀ ਤੇ 19 ਅਹਿਮ ਕਿਰਤ ਕਾਨੂੰਨਾਂ ਨੂੰ ਖ਼ਤਮ ਕਰਕੇ ਸਿਰਫ਼ 4 ਕੋਡਾਂ ਵਿੱਚ ਬਦਲਣਾ ਮਜ਼ਦੂਰਾਂ ਦੀ ਗੁਲਾਮੀ ਵੱਲ ਇੱਕ ਕਦਮ ਹੈ।ਉਨ੍ਹਾਂ ਕਿਹਾ ਕਿ ਮਨਰੇਗਾ ਦਾ ਨਾਂਅ ਬਦਲਣ ਦੀ ਆੜ ਹੇਠ ਇਸ ਦੇ ਬਜਟ ਵਿੱਚ ਕਟੌਤੀ ਕਰਕੇ ਪੇਂਡੂ ਰੁਜ਼ਗਾਰ ਨੂੰ ਖ਼ਤਮ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ ਧਰਨਿਆਂ 'ਚ ਸਿਰਫ਼ ਕਿਸਾਨ ਹੀ ਨਹੀਂ, ਸਗੋਂ ਟਰੇਡ ਯੂਨੀਅਨਾਂ, ਖੇਤ ਮਜ਼ਦੂਰ ਤੇ ਪਾਵਰਕਾਮ ਜਥੇਬੰਦੀਆਂ ਦੇ ਕਾਰਕੁੰਨ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਨਗੇ।ਪੰਜਾਬ 'ਚ ਇਹ ਰੋਸ ਪ੍ਰਦਰਸ਼ਨ ਜ਼ਿਲ੍ਹਾ ਪੱਧਰ 'ਤੇ ਡੀ.ਸੀ. ਦਫ਼ਤਰਾਂ ਸਾਹਮਣੇ ਕੀਤੇ ਜਾਣਗੇ, ਜਦਕਿ ਦੇਸ਼ ਦੇ ਹੋਰਨਾਂ ਹਿੱਸਿਆਂ ਵਿੱਚ ਤਹਿਸੀਲ ਅਤੇ ਪਿੰਡ ਪੱਧਰ 'ਤੇ ਬਿਲਾਂ ਦੀਆਂ ਕਾਪੀਆਂ ਫੂਕ ਕੇ ਕੇਂਦਰ ਵਿਰੁੱਧ ਗੁੱਸੇ ਦਾ ਇਜ਼ਹਾਰ ਕੀਤਾ ਜਾਵੇਗਾ ਅਤੇ ਸੰਗਰੂਰ ਜ਼ਿਲ੍ਹੇ 'ਚ ਇਹ ਧਰਨਾ ਡੀ.ਸੀ.ਦਫ਼ਤਰ ਅੱਗੇ ਦਿੱਤਾ ਜਾਵੇਗਾ, ਜਿਸ ਵਿੱਚ ਹਜ਼ਾਰਾਂ ਦੀ ਗਿਣਤੀ 'ਚ ਕਿਸਾਨ, ਖੇਤ ਮਜ਼ਦੂਰ ਤੇ ਹਮਖਿਆਲੀ ਜਥੇਬੰਦੀਆਂ ਦੇ ਕਾਰਕੁੰਨ ਸ਼ਮੂਲੀਅਤ ਕਰਨਗੇ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by Printer, Publisher and Editor : Chand Singh @ Chand Fatehpuri for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.
ਪ੍ਰਕਾਸ਼ਕ, ਛਾਪਕ ਤੇ ਸੰਪਾਦਕ : ਚੰਦ ਸਿੰਘ ਉਰਫ ਚੰਦ ਫਤਿਹਪੁਰੀ ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖਬਰਾਂ ਦੀ ਚੋਣ ਲਈ ਜ਼ਿੰਮੇਵਾਰ।
ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

15-Jan-PAGE-3.qxd 1/14/2026 10:13 PM Page 1



# ਕਿਸਾਨ ਜਥੇਬੰਦੀ ਨੇ ਬਿਜਲੀ ਦੇ ਬਿੱਲਾਂ ਦੀਆਂ ਭੁੱਗਾ ਬਾਲ ਕੇ ਕਾਪੀਆਂ ਸਾੜੀਆਂ



**ਪੱਟੀ, (ਬਲਦੇਵ ਸਿੰਘ ਸੰਧੂ)**

ਪਿੰਡ ਸਭਰਾ ਵਿਖੇ ਬਿੱਲਾਂ ਦੀਆਂ ਭੁੱਗੇ ਬਾਲ ਕੇ ਸਾੜਨ ਸਮੇਂ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਦੇ ਸੂਬਾ ਪ੍ਰਧਾਨ ਸੁਖਵਿੰਦਰ ਸਿੰਘ ਸਭਰਾ ਨੇ ਦੱਸਿਆ ਕਿ ਭਾਰਤ ਦੀ ਮੋਦੀ ਸਰਕਾਰ ਤੇ ਕਾਰਪੋਰੇਟ ਘਰਾਣਿਆਂ ਦੇ ਖਿਲਾਫ ਨਾਅਰੇਬਾਜ਼ੀ ਕੀਤੀ। ਕਿਸਾਨ ਮਜ਼ਦੂਰ ਮੋਰਚੇ ਵੱਲੋਂ ਕੀਤੇ ਗਏ ਫੈਸਲੇ ਨੂੰ ਲਾਗੂ ਕਰਨ ਲਈ ਲੋਹੜੀ ਦੇ ਤਿਉਹਾਰ ਮੌਕੇ ਭਾਰਤ ਦੀ ਮੋਦੀ ਸਰਕਾਰ ਨੇ ਲਿਆਂਦੇ 4 ਕਾਨੂੰਨ, ਜੀ ਰਾਮ ਜੀ, ਕਰ ਮੁਕਤ ਵਪਾਰ ਸਮਝੌਤਾ, ਬਿਜਲੀ ਸੋਧ ਬਿਲ 2025 ਅਤੇ ਬੀਜ ਬਿੱਲ ਨੂੰ ਭਾਰਤ ਦੀ ਮੋਦੀ ਸਰਕਾਰ ਸਰਦ ਰੁੱਤ ਵਿੱਚ ਪਾਸ ਕਰਨ ਦੀ ਤਿਆਰੀ ਵਿੱਚ ਹੈ। ਇਸ ਦੇ ਵਿਰੋਧ ਵਿੱਚ ਪਿੰਡ-ਪਿੰਡ ਮਜ਼ਦੂਰਾਂ ਦੀਆਂ ਪੱਤੀਆਂ ਵਿੱਚ ਕਾਨੂੰਨਾਂ ਦੀਆਂ ਭੁੱਗੇ ਬਾਲ ਕੇ ਕਾਪੀਆਂ ਸਾੜੀਆਂ। ਇਕੱਤਰ ਹੋਏ ਆਗੂਆਂ ਨਾਲ ਗੱਲਬਾਤ ਕਰਦਿਆਂ ਸੂਬਾ ਪ੍ਰਧਾਨ ਸੁਖਵਿੰਦਰ ਸਿੰਘ ਸਭਰਾ, ਜੁਗਰਾਜ ਸਿੰਘ, ਦਲਜੀਤ ਸਿੰਘ ਅਤੇ ਜਸਵਿੰਦਰ ਸਿੰਘ ਫੌਜੀ ਨੇ ਦੱਸਿਆ ਕਿ ਕੇਂਦਰ ਸਰਕਾਰ ਵਿਸ਼ਵ ਵਪਾਰ ਸੰਸਥਾ ਦੀਆਂ ਨੀਤੀਆਂ ਨੂੰ ਲਾਗੂ ਕਰਦਿਆਂ ਪਬਲਿਕ ਅਦਾਰੇ ਕਾਰਪੋਰੇਟਾਂ ਦੇ ਹੱਥਾਂ ਵਿੱਚ ਦੇਣ ਲਈ ਬਹੁਤ ਕਾਹਲੀ ਨਾਲ ਆਪਣੇ ਆਕਾਵਾਂ ਦੇ ਹੁਕਮ ਨੂੰ ਲਾਗੂ ਕਰਨਾ ਚਾਹੁੰਦੀ ਹੈ ਜਿਸਦਾ ਜਾਗਦੀਆਂ ਜ਼ਮੀਰਾਂ ਵਾਲੇ ਸਖਤ ਵਿਰੋਧ ਕਰ ਰਹੇ ਹਨ, ਜਿਵੇਂ ਬਿਜਲੀ ਬਿਲ-2025 ਤਹਿਤ ਬਿਜਲੀ ਸਪਲਾਈ ਚਿੱਪ ਵਾਲੇ ਮੀਟਰਾਂ ਰਾਹੀਂ ਕੀਤੀ ਜਾਵੇਗੀ, ਜੋ ਖਪਤਕਾਰ ਦੀ ਪਹੁੰਚ ਤੋਂ ਦੂਰ ਹੋਵੇਗੀ ਕਿਉਂਕਿ ਪਹਿਲਾਂ ਰੁਪਏ ਪਾ ਕੇ ਬਿਜਲੀ ਚਲਾਉਣੀ, ਆਮ ਲੋਕਾਂ ਦੇ ਵੱਸ ਤੋਂ ਬਾਹਰ ਹੋਣੀ ਹੈ।ਮਨਰੇਗਾ ਸਕੀਮ ਬੰਦ ਕਰਕੇ ਜੀ ਰਾਮ ਜੀ ਸਕੀਮ ਲਿਆਉਣ ਵਾਸਤੇ ਸੈਕਟਰੀਆਂ ਨੂੰ ਪੰਚਾਇਤਾਂ ਕੋਲੋਂ ਜਬਰੀ ਮਤੇ ਪਵਾਏ ਜਾ ਰਹੇ ਹਨ। ਇਸ ਮੌਕੇ ਸੁਖਵਿੰਦਰ ਸਿੰਘ ਸਭਰਾ, ਜੁਗਰਾਜ ਸਿੰਘ, ਬਲਕਾਰ ਸਿੰਘ, ਦਲੇਰ ਸਿੰਘ, ਪ੍ਰਤਾਪ ਸਿੰਘ, ਨਿਰਵੈਲ ਸਿੰਘ, ਸੁਖਦੇਵ ਸਿੰਘ, ਮੁਖਤਾਰ ਸਿੰਘ, ਰੇਸ਼ਮ ਸਿੰਘ, ਗੁਰਵਿੰਦਰ ਸਿੰਘ, ਕੁਲਦੀਪ ਸਿੰਘ, ਬਲਵੀਰ ਸਿੰਘ, ਦਲਜੀਤ ਸਿੰਘ, ਪ੍ਰਕਾਸ਼ ਸਿੰਘ, ਗੁਰਦਿਆਲ ਸਿੰਘ, ਗੁਰਚਰਨ ਸਿੰਘ ਆਦਿ ਆਗੂ ਹਾਜ਼ਰ ਸਨ।

# ਵਾਹਨਾਂ ਉਪਰ ਰਿਫਲੈਕਟਰ ਅਤੇ ਰਿਫਾਲਟੈਰ ਟੇਪ ਲਗਾਈ

**ਗੁਰਦਾਸਪੁਰ, (ਜਨਕ ਮਹਾਜਨ)**

ਟਰੈਫਿਕ ਇੰਚਾਰਜ ਸਤਨਾਮ ਸਿੰਘ ਵੱਲੋਂ ਮਨਾਏ ਜਾ ਰਹੇ ਰੋਡ ਸੇਫਟੀ ਮਹੀਨੇ ਸਬੰਧੀ ਆਰ. ਟੀ. ਏ. ਨਵਜੋਤ ਸ਼ਰਮਾ ਦੇ ਦਿਸ਼ਾ ਨਿਰਦੇਸ਼ਾਂ ਹੇਠ ਆਰ. ਟੀ. ਏ., ਸੰਗਰਾਮ ਸਿੰਘ ਅਤੇ ਏ. ਐਸ. ਆਈ. ਅਮਨਦੀਪ ਸਿੰਘ ਵੱਲੋਂ ਸੈਮੀਨਾਰ ਲਗਾ ਕੇ ਵੱਖ-ਵੱਖ ਜਗ੍ਹਾ ਉਪਰ ਪਬਲਿਕ ਨੂੰ ਟਰੈਫਿਕ ਨਿਯਮਾਂ ਦੀ ਜਾਣਕਾਰੀ ਦਿੱਤੀ ਗਈ। ਉਨ੍ਹਾਂ ਦੱਸਿਆ ਕਿ ਪਬਲਿਕ ਨੂੰ ਰੋਡ ਸੇਫਟੀ ਸਬੰਧੀ ਜਾਗਰੂਕ ਕੀਤਾ ਗਿਆ। ਵਾਹਨਾਂ ਉਪਰ ਰਿਫਲੈਕਟਰ, ਰਿਫਾਲਟੈਰ ਟੇਪ ਲਗਾਈ ਗਈ ਅਤੇ ਹੈਲਮਟ ਤੇ ਸੀਟ ਬੈਲਟ ਦੀ ਅਹਿਮੀਅਤ ਬਾਰੇ ਦੱਸਿਆ ਗਿਆ। ਇਸ ਮੌਕੇ ਲੋਕਾਂ ਨੂੰ ਹੈਲਪਲਾਈਨ ਨੰਬਰ 112,1033,1930 ਬਾਰੇ ਜਾਗਰੂਕ ਕੀਤਾ ਗਿਆ। ਐਕਸੀਡੈਂਟ ਪੀੜਤ ਦੀ ਮਦਦ ਲਈ ਅੱਗੇ ਆਉਣ ਲਈ ਪ੍ਰੇਰਿਤ ਕੀਤਾ।



# ਮਾ. ਕੇਡਰ ਯੂ. ਅਤੇ ਪੰ.ਐ.ਸ.ਐਸੋ. ਦੇ ਆਗੂਆਂ ਵੱਲੋਂ ਸਕੂਲਾਂ ਦਾ ਸਮਾਂ ਘਟਾਉਣ ਦੀ ਮੰਗ



**ਫ਼ਤਿਹਗੜ੍ਹ ਚੂੜੀਆਂ, (ਜਸਦੇਵ ਸਿੰਘ ਮਾਨ)**

ਮਾਸਟਰ ਕੇਡਰ ਯੂਨੀਅਨ ਪੰਜਾਬ ਦੇ ਸੂਬਾ ਸੀਨੀਅਰ ਮੀਤ ਪ੍ਰਧਾਨ ਅਮਰਬੀਰ ਸਿੰਘ ਰੰਧਾਵਾ, ਪੰਜਾਬ ਐਜੂਕੇਸ਼ਨ ਸਰਵਿਸਿਜ਼ ਐਸੋਸੀਏਸ਼ਨ ਦੇ ਸੂਬਾ ਪ੍ਰਧਾਨ ਪ੍ਰਿੰਸੀਪਲ ਸੁਖਵਿੰਦਰ ਸਿੰਘ ਅਤੇ ਸੂਬਾ ਜਨਰਲ ਸਕੱਤਰ ਪ੍ਰਿੰਸੀਪਲ ਅਨੀਤਾ ਅਰੋੜਾ ਨੇ ਸਾਂਝੇ ਰੂਪ ਵਿੱਚ ਪ੍ਰੈੱਸ ਬਿਆਨ ਜਾਰੀ ਕਰਦਿਆ ਸਰਕਾਰ ਕੋਲੋਂ ਬੱਚਿਆਂ ਦੀ ਸਿਹਤ, ਵੱਧ ਰਹੀ ਠੰਡ ਅਤੇ ਬਹੁਤ ਜ਼ਿਆਦਾ ਪੈ ਰਹੀ ਧੁੰਦ ਕਾਰਨ ਕਿਸੇ ਵੀ ਅਣਸੁਖਾਵੀਂ ਘਟਨਾ ਨੂੰ ਰੋਕਣ ਲਈ ਸਕੂਲਾਂ ਦਾ ਸਮਾਂ ਘਟਾਉਣ ਦੀ ਮੰਗ ਕੀਤੀ ਹੈ।ਉਨ੍ਹਾਂ ਕਿਹਾ ਕਿ ਪਿਛਲੇ ਦਿਨੀਂ ਵੀ ਇਨ੍ਹਾਂ ਅਤੇ ਕੁਝ ਹੋਰ ਕਾਰਨਾਂ ਕਰਕੇ ਚੋਣਾਂ ਦੌਰਾਨ ਅਧਿਆਪਕ ਜੋੜੇ ਦੀ ਮੌਤ ਹੋ ਗਈ ਸੀ।ਉਨ੍ਹਾਂ ਕਿਹਾ ਕਿ ਸਮਾਂ ਘੱਟ ਕਰਨ ਨਾਲ ਬੱਚਿਆਂ ਦੀਆਂ ਪ੍ਰੀਖਿਆਵਾਂ ਅਤੇ ਉਨ੍ਹਾਂ ਦੀ ਪੜ੍ਹਾਈ ਤੇ ਕੋਈ ਅਸਰ ਨਹੀਂ ਪਵੇਗਾ ਤੇ ਬੱਚਿਆਂ ਦੀ ਸਿਹਤ ਵੀ ਠੀਕ ਰਹੇਗੀ। ਇਸ ਮੌਕੇ ਜ਼ਿਲ੍ਹਾ ਪ੍ਰਧਾਨ ਇੰਦਰਪਾਲ ਸਿੰਘ ਘਈ, ਸੀਨੀਅਰ ਮੀਤ ਪ੍ਰਧਾਨ ਕਰਮਜੀਤ ਵਾਸਦੇਵ, ਰਜਿੰਦਰ ਸਿੰਘ, ਸ਼ਮਸ਼ੇਰ ਸਿੰਘ ਰੰਧਾਵਾ, ਨਵਜੋਤ ਕਾਲਾ ਅਫਗਾਨਾ, ਸੁਖਦੇਵ ਸਿੰਘ, ਸੁਖਵਿੰਦਰ ਸਿੰਘ, ਗੁਰਪ੍ਰੀਤ ਸਿੰਘ, ਵਿਜੈ ਕੁਮਾਰ, ਜਗਵਿੰਦਰਜੀਤ ਸਿੰਘ ਆਦਿ ਹਾਜ਼ਿਰ ਸਨ।

# ਮਨਜ਼ੂਰਸ਼ੁਦਾ ਸਟੇਸ਼ਨ ਨਾ ਦਿੱਤੇ ਜਾਣ ਕਾਰਨ ਸੇਵਾਦਾਰ ਪ੍ਰੇਸ਼ਾਨ

**ਵੇਰਕਾ (ਰਾਣਾ)**-ਸਿੱਖਿਆ ਵਿਭਾਗ ਪੰਜਾਬ ਵਿੱਚ ਕੰਮ ਕਰਦੇ ਸੈਂਕੜੇ ਸੇਵਾਦਾਰਾਂ ਨੂੰ ਬਤੌਰ ਐੱਸਐੱਲਏ ਤਰੱਕੀ ਮਿਲਣ ਉਪਰੰਤ ਵਿਭਾਗ ਵੱਲੋਂ ਹੁਣ ਖਾਲੀ ਤੇ ਮਨਜ਼ੂਰਸ਼ੁਦਾ ਅਸਾਮੀਆਂ ਹੋਣ ਦੇ ਬਾਵਜੂਦ ਵੀ ਦੂਰ ਦੁਰਾਡੇ ਦੇ ਸਟੇਸ਼ਨ ਦਿੱਤੇ ਜਾਣ ਕਾਰਨ ਉਹ ਡਾਅਢੇ ਤੰਗ-ਪ੍ਰੇਸ਼ਾਨ ਹਨ ਕਿਉਂਕਿ ਸਿੱਖਿਆ ਵਿਭਾਗ ਦੇ ਉਕਤ ਨਾਦਰਸ਼ਾਹੀ ਫੁਰਮਾਨ ਕਾਰਨ ਬਤੌਰ ਐੱਸਐੱਲਏ ਪੱਦਉਨਤ ਹੋਣ ਵਾਲੇ ਉਮੀਦਵਾਰਾਂ ਮਜਬੂਰਨ ਤਰੱਕੀ ਛੱਡਣੀ ਪੈ ਰਹੀ ਹੈ ਜਿਸ ਕਾਰਨ ਸੇਵਾਦਾਰਾਂ ਅੰਦਰ ਸਰਕਾਰ ਪ੍ਰਤੀ ਵੀ ਰੋਸ ਪਾਇਆ ਜਾ ਰਿਹਾ ਹੈ ਜਦੋਂਕਿ ਤਰੱਕੀ ਹੋਣ ਵਾਲੇ ਸੈਂਕੜੇ ਸੇਵਾਦਾਰਾਂ ਦੇ ਪਿੱਤਰੀ ਜ਼ਿਲ੍ਹਿਆਂ ਵਿੱਚ ਅਣਗਿਣਤ ਸਕੂਲਾਂ ਅੰਦਰ ਖਾਲੀ ਤੇ ਮੰਨਜ਼ੂਰਸ਼ੁਦਾ ਐੱਸਐੱਲਏ ਦੀਆਂ ਅਸਾਮੀਆਂ ਮੌਜੂਦ ਹਨ, ਪ੍ਰੰਤੂ ਫਿਰ ਵੀ ਸਟੇਸ਼ਨ ਨਹੀਂ ਦਿੱਤੇ ਜਾ ਰਹੇ ਹਨ।ਇਸ ਬਾਬਤ ਪ੍ਰਭਾਵਿਤ ਹੋਏ ਤਰੱਕੀ ਲੈਣ ਵਾਲੇ ਸਮੂਹ ਸੇਵਾਦਾਰਾਂ ਨੇ ਮਾਨਯੋਗ ਮੁੱਖ ਮੰਤਰੀ ਪੰਜਾਬ ਸਰਕਾਰ, ਮਾਨਯੋਗ ਸਿੱਖਿਆ ਮੰਤਰੀ ਪੰਜਾਬ ਸਰਕਾਰ ਅਤੇ ਮਾਨਯੋਗ ਸਿੱਖਿਆ ਸਕੱਤਰ ਪੰਜਾਬ ਸਰਕਾਰ ਪਾਸੋਂ ਇਨਸਾਫ ਦੀ ਗੁਹਾਰ ਲਗਾਈ ਹੈ।

# ਗਣਤੰਤਰ ਦਿਵਸ ਮੌਕੇ ਕੇਂਦਰ ਸਰਕਾਰ ਬੰਦੀ ਸਿੰਘਾਂ ਦੀ ਰਿਹਾਈ ਦਾ ਐਲਾਨ ਕਰੇ : ਇਕਬਾਲ ਭੱਟੀ

**ਧਾਰੀਵਾਲ (ਮਨਦੀਪ ਸਿੰਘ ਵਿੱਕੀ)**-ਪੈਰਿਸ ਤੋਂ ਮਨੁੱਖੀ ਅਧਿਕਾਰਾਂ ਦੀ ਸੰਸਥਾ ਔਰ-ਡਾਨ ਦੇ ਪ੍ਰਧਾਨ ਇਕਬਾਲ ਸਿੰਘ ਭੱਟੀ ਨੇ ਭਾਰਤ/ਕੇਂਦਰ ਸਰਕਾਰ ਨੂੰ ਅਪੀਲ ਕੀਤੀ ਕਿ ਗਣਤੰਤਰ ਦਿਵਸ 'ਤੇ ਬੰਦੀ ਸਿੰਘਾਂ ਨੂੰ ਰਿਹਾਅ ਜਾਂ ਘੱਟੋ ਘੱਟ ਪੈਰੋਲ 'ਤੇ ਰਿਹਾਅ ਕਰਕੇ ਸਿੱਖਾਂ ਨੂੰ ਗਣਤੰਤਰ ਦਿਵਸ 'ਤੇ ਤੋਹਫ਼ਾ ਜ਼ਰੂਰ ਦਿੱਤਾ ਜਾਵੇ।



ਸਿੱਖਾਂ ਵਾਸਤੇ ਇਸ ਤੋਂ ਵੱਡੀ ਹੋਰ ਕੋਈ ਖੁਸ਼ੀ ਨਹੀਂ ਹੋਵੇਗੀ। ਪ੍ਰਧਾਨ ਭੱਟੀ ਨੇ ਕਿਹਾ ਕੇਂਦਰ ਸਰਕਾਰ ਜੇਕਰ ਬਾਬਾ ਰਾਮ ਰਹੀਮ ਨੂੰ ਇਹ ਕਹਿ ਕੇ ਕਈ ਵਾਰ ਪੈਰੋਲ ਦੇ ਸਕਦੀ ਹੈ ਕਿ ਉਸਦਾ ਜੇਲ੍ਹ ਵਿੱਚ ਚਾਲ ਚੱਲਣ ਵਧੀਆ ਰਿਹਾ ਹੈ ਤਾਂ ਇਸਦੇ ਨਾਲ ਨਾਲ ਇਹ ਵੀ ਦੇਖਿਆ ਜਾਣਾ ਚਾਹੀਦਾ ਹੈ ਕਿ ਜਿਤਨੇ ਵੀ ਸਿੱਖ ਕੈਦੀ ਭਾਰਤ ਦੀਆਂ ਜ਼ੇਲ੍ਹਾਂ ਵਿੱਚ ਬੰਦ ਹਨ, ਉਨ੍ਹਾਂ ਦੀ ਅੱਜ ਤੱਕ ਕਦੇ ਵੀ ਕੋਈ ਸ਼ਿਕਾਇਤ ਸੁਣਨ ਨੂੰ ਨਹੀਂ ਮਿਲੀ। ਇਸ ਕਰਕੇ ਭਾਰਤ ਦੇ ਨਾਗਰਿਕ ਹੋਣ ਦੇ ਨਾਤੇ ਬੰਦੀ ਸਿੰਘਾਂ ਦੀ ਵੀ ਜੇਕਰ ਰਿਹਾਈ ਨਹੀਂ ਤਾਂ ਘੱਟੋ ਘੱਟ ਪੈਰੋਲ ਜ਼ਰੂਰ ਬਣਦੀ ਹੈ। ਸੰਸਥਾ ਦੇ ਮੁਖੀ ਇਕਬਾਲ ਸਿੰਘ ਭੱਟੀ ਨੇ ਹੋਰ ਕਿਹਾ ਕਿ ਕੇਂਦਰ ਸਰਕਾਰ ਨੂੰ ਭਾਰਤ ਦੇ ਸੰਵਿਧਾਨ ਦੀ ਧਾਰਾ (ਹਰੇਕ ਧਰਮ ਨੂੰ ਬਰਾਬਰਤਾ ਦਾ ਅਧਿਕਾਰ) ਦੀ ਕਦਰ ਕਰਦੇ ਹੋਏ ਇਸ ਵਿਸ਼ੇ 'ਤੇ ਜ਼ਰੂਰ ਸੋਚਣਾ ਚਾਹੀਦਾ ਹੈ, ਤਾਂ ਕਿ ਭਾਰਤ ਦੇ ਸਿੱਖ ਆਪਣੇ ਆਪ ਨੂੰ ਦੂਜੇ ਦਰਜੇ ਦੇ ਨਾਗਰਿਕ ਨਾ ਸਮਝਣ। ਸ਼੍ਰੀ ਭੱਟੀ ਨੇ ਦੱਸਿਆ ਕਿ ਉਹ ਇਸ ਸੰਬੰਧ ਵਿੱਚ ਭਾਰਤੀ ਅੰਬੈਸੀ ਨੂੰ ਇੱਕ ਮੰਗ ਪੱਤਰ ਵੀ ਜਲਦ ਦੇਣਗੇ। ਇਸਦੇ ਸਬੰਧ ਵਿੱਚ ਸੰਸਥਾ ਦੇ ਸਮੂਹ ਅਹੁਦੇਦਾਰਾਂ ਵੱਲੋਂ ਇਸੇ ਹਫਤੇ ਫਰਾਂਸ 'ਚ ਸਥਿਤ ਭਾਰਤੀ ਅੰਬੈਸੀ ਨੂੰ ਇੱਕ ਮੈਮੋਰੰਡਮ ਵੀ ਦਿੱਤਾ ਜਾ ਰਿਹਾ ਹੈ, ਤਾਂ ਕਿ ਸੰਸਥਾ ਵੱਲੋਂ ਉਠਾਈ ਗਈ ਇਹ ਮੰਗ ਕੇਂਦਰ ਸਰਕਾਰ ਦੇ ਕੰਨਾਂ ਤੱਕ ਵੀ ਪਹੁੰਚ ਸਕੇ।

# ਦੋ ਵੱਖ-ਵੱਖ ਨਸ਼ਾ ਤਸਕਰਾਂ ਖ਼ਿਲਾਫ਼ ਮਾਮਲੇ ਦਰਜ

**ਗੁਰਦਾਸਪੁਰ, (ਜਨਕ ਮਹਾਜਨ)**-ਥਾਣਾ ਸਿਟੀ ਗੁਰਦਾਸਪੁਰ ਦੇ ਏਐੱਸਆਈ ਕੁਲਦੀਪ ਸਿੰਘ ਨੇ ਦੱਸਿਆ ਕਿ ਉਨ੍ਹਾਂ ਸਮੇਤ ਪੁਲਸ ਪਾਰਟੀ ਗਸ਼ਤ ਦੌਰਾਨ ਪੁਲੀ ਗੰਦਾ ਨਾਲਾ ਮੇਹਰ ਚੰਦ ਰੋਡ ਗੁਰਦਾਸਪੁਰ ਤੋਂ ਹਰਸ਼ ਉਰਫ ਹਨੀ ਪੁੱਤਰ ਰਾਜੀਵ ਕੁਮਾਰ ਵਾਸੀ ਇਸਲਾਮਾਬਾਦ ਮੁਹੱਲਾ ਗੁਰਦਾਸਪੁਰ ਨੂੰ ਸ਼ੱਕ ਦੇ ਆਧਾਰ 'ਤੇ ਕਾਬੂ ਕਰਕੇ ਕਥਿਤ ਦੋਸ਼ੀ ਪਾਸੋਂ 10 ਗਰਾਮ ਹੈਰੋਇਨ ਅਤੇ ਇੱਕ ਇਲੈਕਟਰੋਨਿਕ ਕੰਡਾ ਬਰਾਮਦ ਹੋਇਆ ਹੈ। ਇਸੇ ਤਰ੍ਹਾਂ ਥਾਣਾ ਪੁਰਾਣਾ ਸ਼ਾਲਾ ਦੇ ਏਐੱਸਆਈ ਵਿਜੇ ਕੁਮਾਰ ਨੇ ਸਮੇਤ ਪੁਲਸ ਪਾਰਟੀ ਚਾਵਾਂ ਨੇੜੇ ਤਿੱਬੜੀ ਨਹਿਰ ਦੀ ਪੱਟੜੀ ਤੋਂ ਦੀਪਕ ਕੁਮਾਰ ਉਰਫ ਦੀਪੂ ਪੁੱਤਰ ਮਦਨ ਲਾਲ ਵਾਸੀ ਗੁਰੂ ਨਾਨਕ ਨਗਰੀ ਦੀਨਾਨਗਰ ਨੂੰ ਫੜਿਆ ਜੋ ਝਾੜੀਆਂ ਵਿੱਚ ਲੁਕ ਛਿਪ ਕੇ ਨਸ਼ੇ ਦਾ ਸੇਵਨ ਕਰ ਰਿਹਾ ਸੀ। ਉਸ ਕੋਲੋਂ ਇੱਕ ਸਿਲਵਰ ਪੰਨੀ, ਲਾਇਟਰ ਅਤੇ 10 ਰੁਪਏ ਦਾ ਨੋਟ ਬਰਾਮਦ ਹੋਇਆ ਹੈ। ਪੁਲਸ ਨੇ ਦੋਵਾਂ ਨਸ਼ਾ ਤਸਕਰਾਂ ਖ਼ਿਲਾਫ਼ ਐੱਨ. ਡੀ. ਪੀ. ਐੱਸ. ਐਕਟ ਤਹਿਤ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਹੈ।

# 18 ਦੀ ਰੈਲੀ ਸਬੰਧੀ ਮਜੀਠਾ ਹਲਕੇ ਦੇ ਪਿੰਡਾਂ 'ਚ ਭਾਰੀ ਉਤਸ਼ਾਹ : ਬਲਬੀਰ ਬੋਪਾਰਾਏ

**ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)**-ਆਮ ਆਦਮੀ ਪਾਰਟੀ ਹਲਕਾ ਮਜੀਠਾ ਦੇ ਇੰਚਾਰਜ ਤਲਬੀਰ ਸਿੰਘ ਗਿੱਲ ਦੀ ਅਗਵਾਈ ਹੇਠ 18 ਜਨਵਰੀ ਨੂੰ ਹੋ ਰਹੀ ਰੈਲੀ ਸਬੰਧੀ ਹਲਕਾ ਮਜੀਠਾ ਦੇ ਪਿੰਡਾਂ ਵਿੱਚ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਹੈ ਅਤੇ ਪਿੰਡਾਂ ਦੇ ਲੋਕ ਜਿਨ੍ਹਾਂ ਵਿੱਚ ਇਸਤਰੀਆਂ ਵੀ ਸ਼ਾਮਿਲ ਹਨ, ਵਿੱਚ ਰੈਲੀ ਵਿੱਚ ਸ਼ਾਮਿਲ ਹੋਣ ਲਈ ਤਰੀਕ ਦਾ ਇੰਤਜ਼ਾਰ ਕਰ ਰਹੀਆਂ ਹਨ। ਇਹ ਪ੍ਰਗਟਾਵਾ ਆਮ ਆਦਮੀ ਪਾਰਟੀ ਕਿਸਾਨ ਵਿੰਗ ਜ਼ਿਲਾ ਦਿਹਾਤੀ ਅੰਮ੍ਰਿਤਸਰ ਦੇ ਪ੍ਰਧਾਨ, ਸਰਪੰਚ ਅਤੇ ਬਲਾਕ ਸੰਮਤੀ ਮੈਂਬਰ ਬਲਬੀਰ ਸਿੰਘ ਬੋਪਾਰਾਏ ਨੇ ਵੱਖ-ਵੱਖ ਪਿੰਡਾਂ ਦਾ ਦੌਰਾ ਕਰਨ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ। ਬੋਪਾਰਾਏ ਨੇ ਕਿਹਾ ਕਿ ਮਜੀਠਾ ਹਲਕੇ ਵਿੱਚ ਹੋ ਰਹੀ ਇਸ ਰੈਲੀ ਵਿੱਚ ਠਾਠਾਂ ਮਾਰਦਾ ਇਕੱਠ ਇਹ ਦੱਸ ਦੇਵੇਗਾ ਕਿ ਲੋਕ ਹਲਕਾ ਇੰਚਾਰਜ ਤਲਬੀਰ ਸਿੰਘ ਗਿੱਲ ਦੇ ਮੋਢੇ ਨਾਲ ਮੋਢਾ ਜੋੜ ਕੇ ਚੱਟਾਨ ਵਾਂਗ ਖੜੇ ਹਨ ਅਤੇ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਮਜੀਠਾ ਹਲਕੇ ਤੋਂ ਪਾਰਟੀ ਦੇ ਉਮੀਦਵਾਰ ਤਲਬੀਰ ਸਿੰਘ ਗਿੱਲ ਨੂੰ ਵੋਟਾਂ ਦੇ ਭਾਰੀ ਫਰਕ ਨਾਲ ਜਿਤਾ ਕੇ ਵਿਧਾਨ ਸਭਾ ਵਿੱਚ ਭੇਜਣਗੇ ਤਾਂ ਜੋ ਮਜੀਠਾ ਹਲਕੇ ਦੇ ਰਹਿੰਦੇ ਅਧੂਰੇ ਕੰਮ ਤਲਬੀਰ ਸਿੰਘ ਗਿੱਲ ਸਰਕਾਰ ਵਿੱਚ ਹੋ ਕੇ ਸੁਚੱਜੇ ਢੰਗ ਨਾਲ ਕਰਵਾ ਸਕਣ। ਉਨ੍ਹਾਂ ਕਿਹਾ ਕਿ ਇਸ ਰੈਲੀ ਨੂੰ ਸਫਲ ਬਣਾਉਣ ਲਈ ਤਲਬੀਰ ਸਿੰਘ ਗਿੱਲ ਵੱਲੋਂ ਹਲਕੇ ਨੂੰ ਜ਼ੋਨਾਂ 'ਚ ਵੰਡ ਕੇ ਪਿੰਡ ਪੱਧਰ 'ਤੇ ਆਪ ਦੇ ਆਗੂਆਂ ਤੇ ਵਰਕਰਾਂ ਦੀਆਂ ਡਿਊਟੀਆਂ ਲਗਾ ਦਿੱਤੀਆਂ ਗਈਆਂ ਹਨ।



# ਅੱਖਾਂ ਦਾ ਜਾਂਚ ਕੈਂਪ

**ਨਵਾਂਸ਼ਹਿਰ, (ਮਨੋਜ ਲਾਡੀ)**-ਡਿਪਟੀ ਕਮਿਸ਼ਨਰ ਅੰਕੁਰਜੀਤ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਆਰ ਟੀ ਏ ਆਫਿਸ ਵਲੋਂ ਸੜਕ ਸੁਰੱਖਿਆ ਮਹੀਨੇ ਤਹਿਤ ਡਰਾਈਵਿੰਗ ਲਾਇਸੰਸ ਬਣਾਉਣ ਲਈ ਆਏ ਬਿਨੈਕਾਰਾਂ ਲਈ ਅੱਖਾਂ ਦਾ ਮੁਫ਼ਤ ਜਾਂਚ ਕੈਂਪ ਲਗਾਇਆ ਗਿਆ।

ਇਹ ਜਾਣਕਾਰੀ ਰਿਜਨਲ ਟਰਾਂਸਪੋਰਟ ਅਥਾਰਟੀ ਇੰਦਰਪਾਲ ਨੇ ਦਿੰਦਿਆਂ ਦੱਸਿਆ ਕਿ 1 ਜਨਵਰੀ ਤੋਂ 31 ਜਨਵਰੀ ਤੱਕ ਸੜਕ ਸੁਰੱਖਿਆ ਅਭਿਆਨ-2026 ਮਨਾਇਆ ਜਾ ਰਿਹਾ ਹੈ। ਜਿਸ ਤਹਿਤ ਜ਼ਿਲੇ ਅੰਦਰ ਵੱਖ-ਵੱਖ ਪ੍ਰੋਗਰਾਮ ਕਰਵਾ ਕੇ ਟ੍ਰੈਫਿਕ ਨਿਯਮਾਂ ਸਬੰਧੀ ਜਾਗਰੂਕ ਕੀਤਾ ਜਾ ਰਿਹਾ ਹੈ।ਉਨਾਂ ਨੇ ਦੱਸਿਆ ਕਿ ਡਰਾਈਵਿੰਗ ਲਾਇਸੰਸ ਬਣਾਉਣ ਆਏ ਬਿਨੈਕਾਰਾਂ ਦੀ ਸਹੂਲਤ ਲਈ ਇਹ ਕੈਂਪ ਲਗਾਇਆ ਗਿਆ ਹੈ, ਕਿਉਂਕਿ ਸਮੇਂ ਦੀ ਘਾਟ ਹੋਣ ਕਰ ਕੇ ਕਈ ਵਾਰ ਬਿਨੈਕਾਰ ਅੱਖਾਂ ਦੀ ਜਾਂਚ ਕਰਵਾਉਣ ਤੋਂ ਖੁੰਝ ਜਾਂਦੇ ਹਨ ਜਦਕਿ ਡਰਾਈਵਰੀ ਕਿੱਤੇ 'ਚ ਨਿਗ੍ਹਾ ਦਾ ਸਹੀ ਹੋਣਾ ਜ਼ਰੂਰੀ ਹੈ।

ਉਨਾਂ ਬਿਨੈਕਾਰ ਨੂੰ ਅੱਖਾਂ ਦੀ ਦੇਖ-ਭਾਲ ਅਤੇ ਸਾਂਭ-ਸਭਾਲ ਬਾਰੇ ਵੀ ਸੁਚੇਤ ਕੀਤਾ।ਉਨਾਂ ਦੱਸਿਆ ਕਿ ਮਨਾਏ ਜਾ ਰਹੇ ਸੜਕ ਸੁਰੱਖਿਆ ਮਹੀਨੇ ਦੌਰਾਨ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਵੱਖ-ਵੱਖ ਵਿਭਾਗਾਂ ਦੇ ਸਹਿਯੋਗ ਨਾਲ ਵੱਖ-ਵੱਖ ਸਕੂਲਾਂ ਕਾਲਜਾਂ, ਯੂਨੀਵਰਸਿਟੀ, ਟਰੱਕ ਯੂਨੀਅਨ, ਟੈਕਸੀ ਸਟੈਂਡ ਵਿਖੇ ਜਾ ਕੇ ਚਾਲਕਾਂ, ਨੌਜਵਾਨਾਂ ਤੇ ਪਬਲਿਕ ਨੂੰ ਟ੍ਰੈਫਿਕ ਨਿਯਮਾਂ ਬਾਰੇ ਜਾਗਰੂਕ ਕੀਤਾ ਜਾ ਰਿਹਾ ਹੈ।

# ਹਿੰਦੂ ਕੰਨਿਆ ਮਹਾਵਿਦਿਆਲਿਆ ਵਿਖੇ ਲੋਹੜੀ ਦਾ ਤਿਉਹਾਰ ਮਨਾਇਆ

**ਧਾਰੀਵਾਲ (ਮਨਦੀਪ ਸਿੰਘ ਵਿੱਕੀ)**-ਸਥਾਨਕ ਹਿੰਦੂ ਕੰਨਿਆ ਮਹਾਵਿਦਿਆਲਿਆ ਧਾਰੀਵਾਲ ਵਿਖੇ ਕਾਲਜ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐੱਨ. ਡੀ. ਅਨੰਦ, ਸਕੱਤਰ ਰਮੇਸ਼ ਕੋਹਲੀ ਅਤੇ ਪ੍ਰਿੰਸੀਪਲ ਡਾ. ਰਜਵਿੰਦਰ ਕੌਰ ਦੀ ਅਗਵਾਈ ਹੇਠ ਕਾਲਜ ਵਿਖੇ ਲੋਹੜੀ ਦਾ ਤਿਉਹਾਰ ਮਨਾਇਆ ਗਿਆ।ਲੋਹੜੀ ਦਾ ਆਯੋਜਨ ਅਗਨੀ ਭੇਟ ਕਰਕੇ ਅਤੇ ਮੰਤਰਾਂ ਨਾਲ ਖੁੱਲ੍ਹੇ ਮੈਦਾਨ ਵਿੱਚ ਕੀਤਾ ਗਿਆ।ਇਸ ਮੌਕੇ ਸਾਰੇ ਸਟਾਫ ਵੱਲੋਂ ਅਗਨੀ ਨੂੰ ਆਹੂਤੀ ਦਿੱਤੀ ਗਈ।ਇਸ ਮੌਕੇ ਸਭ ਨੂੰ ਮੂੰਗਫਲੀ ਰਿਓੜੀਆਂ ਆਦਿ ਵੰਡੀਆਂ ਗਈਆਂ ਅਤੇ ਚਾਹ ਦਾ ਪ੍ਰਬੰਧ ਵੀ ਕੀਤਾ ਗਿਆ।ਇਸ ਦੌਰਾਨ ਵਿਦਿਆਰਥੀਆਂ ਵੱਲੋਂ ਲੋਹੜੀ ਦੇ ਤਿਉਹਾਰ ਨਾਲ ਸੰਬੰਧਿਤ ਗੀਤ ਗਾਏ ਗਏ।ਇਸ ਦੌਰਾਨ ਪ੍ਰਿੰਸੀਪਲ ਡਾ. ਰਜਵਿੰਦਰ ਕੌਰ ਨੇ ਲੋਹੜੀ ਦੇ ਤਿਉਹਾਰ ਸਬੰਧੀ ਆਪਣੇ ਵਿਚਾਰ ਵਿਦਿਆਰਥੀਆਂ ਨਾਲ ਸਾਂਝੇ ਕੀਤੇ ਕਿ ਸਾਨੂੰ ਆਪਣੀ ਸੰਸਕ੍ਰਿਤੀ ਦੇ ਨਾਲ ਜੁੜੇ ਰਹਿਣਾ ਚਾਹੀਦਾ ਹੈ ਤੇ ਭਾਈਚਾਰਕ ਸਾਂਝ ਨੂੰ ਵਧਾਉਣਾ ਚਾਹੀਦਾ ਹੈ, ਕਿਉਂਕਿ ਅੱਜ ਦੇ ਦੌਰ ਵਿੱਚ ਅਸੀਂ ਆਪਣੀ ਸੰਸਕ੍ਰਿਤੀ ਨੂੰ ਭੁੱਲਦੇ ਜਾ ਰਹੇ ਹਾਂ।ਇਸ ਲਈ ਆਪਣੀ ਸੰਸਕ੍ਰਿਤੀ ਨੂੰ ਜਾਗਰਿਤ ਰੱਖਣ ਲਈ ਸਾਨੂੰ ਅਜਿਹੇ ਤਿਉਹਾਰਾਂ ਨੂੰ ਮਨਾਉਂਦੇ ਰਹਿਣਾ ਚਾਹੀਦਾ ਹੈ।ਇਸ ਮੌਕੇ ਕਾਲਜ ਦਾ ਸਮੂਹ ਸਟਾਫ ਮੈਂਬਰ ਹਾਜ਼ਰ ਸੀ।



# ਸਰਕਾਰੀ ਪੌਲੀਟੈਕਨਿਕ ਕਾਲਜ ਬਟਾਲਾ ਵਿਖੇ ਰਾਸ਼ਟਰੀ ਯੁਵਾ ਦਿਵਸ ਮਨਾਇਆ

## ਵਿਦਿਆਰਥੀਆਂ ਨੂੰ ਸਵਾਮੀ ਵਿਵੇਕਾਨੰਦ ਦੇ ਆਦਰਸ਼ਾਂ 'ਤੇ ਚੱਲਣ ਦਾ ਸੰਕਲਪ ਦਿਵਾਇਆ

**ਬਟਾਲਾ (ਡਾ. ਮਲਵਿੰਦਰ ਸਿੰਘ)**

ਸਰਕਾਰੀ ਪੌਲੀਟੈਕਨਿਕ ਕਾਲਜ ਬਟਾਲਾ ਵਿਖੇ ਐੱਨਐੱਸਐੱਸ ਯੂਨਿਟ ਅਤੇ ਰੈੱਡ ਰਿਬਨ ਕਲੱਬ ਦੇ ਸਾਂਝੇ ਯਤਨਾਂ ਨਾਲ ਸਵਾਮੀ ਵਿਵੇਕਾਨੰਦ ਦਾ ਜਨਮ ਦਿਹਾੜਾ ਬਹੁਤ ਹੀ ਜੋਸ਼, ਉਤਸ਼ਾਹ ਅਤੇ ਸ਼ਰਧਾ ਭਾਵ ਨਾਲ ਮਨਾਇਆ ਗਿਆ।ਸਮਾਗਮ ਦੇ ਅੰਤ 'ਚ ਪ੍ਰਿੰਸੀਪਲ ਭੱਟੀ ਵੱਲੋਂ ਵਿਦਿਆਰਥੀਆਂ ਨੂੰ ਸਵਾਮੀ ਵਿਵੇਕਾਨੰਦ ਦੇ ਆਦਰਸ਼ਾਂ 'ਤੇ ਚੱਲਣ ਅਤੇ ਦੇਸ਼-ਸਮਾਜ ਦੀ ਭਲਾਈ ਲਈ ਸਦਾ ਤਿਆਰ ਰਹਿਣ ਦਾ ਸੰਕਲਪ ਦਿਵਾਉਂਦੇ ਕਿਹਾ ਕਿ ਸਵਾਮੀ ਵਿਵੇਕਾਨੰਦ ਜੀ ਦੀ ਸੋਚ ਅੱਜ ਵੀ ਨੌਜਵਾਨਾਂ ਲਈ ਰਾਹ ਦਰਸਾਉਂਦੀ ਹੈ ਅਤੇ ਉਨ੍ਹਾਂ ਦੀਆਂ ਸਿੱਖਿਆਵਾਂ 'ਤੇ ਅਮਲ ਕਰਕੇ ਹੀ ਸਮਾਜ ਅਤੇ ਦੇਸ਼ ਦੀ ਤਰੱਕੀ ਸੰਭਵ ਹੈ। ਸਿਵਲ ਵਿਭਾਗ ਦੇ ਮੁਖੀ ਸ਼ਿਵਰਾਜਨਪੁਰੀ ਨੇ ਸਵਾਮੀ ਵਿਵੇਕਾਨੰਦ ਦੀ ਜੀਵਨੀ ਤੇ ਵਿਸਥਾਰਪੂਰਵਕ ਰੌਸ਼ਨੀ ਪਾਉਂਦਿਆਂ ਕਿਹਾ ਕਿ ਉਨ੍ਹਾਂ ਨੇ ਨੌਜਵਾਨਾਂ ਨੂੰ ਆਤਮ ਵਿਸ਼ਵਾਸ, ਕਰਤੱਵ ਨਿਸ਼ਠਾ ਅਤੇ ਰਾਸ਼ਟਰ ਸੇਵਾ ਦਾ ਮਾਰਗ ਵਿਖਾਇਆ।ਐੱਨਐੱਸਐੱਸ ਯੂਨਿਟ ਦੇ ਪ੍ਰੋਗਰਾਮ ਅਫ਼ਸਰ ਅਤੇ ਸਟੇਟ ਯੂਥ ਅਵਾਰਡੀ ਤੇਜ ਪ੍ਰਤਾਪ ਸਿੰਘ ਕਾਹਲੋਂ ਨੇ ਵਿਦਿਆਰਥੀਆਂ ਨੂੰ ਰਾਸ਼ਟਰੀ ਯੁਵਾ ਦਿਵਸ ਦੀ ਮਹੱਤਤਾ ਬਾਰੇ ਜਾਣਕਾਰੀ ਦਿੰਦਿਆਂ ਕਿਹਾ ਕਿ ਨੌਜਵਾਨਾਂ ਨੂੰ ਸਮਾਜਿਕ ਭਲਾਈ, ਦੇਸ਼ ਸੇਵਾ ਅਤੇ ਸਕਾਰਾਤਮਕ ਗਤੀਵਿਧੀਆਂ ਵੱਲ ਵਧ-ਚੜ੍ਹ ਕੇ ਭਾਗ ਲੈਣਾ ਚਾਹੀਦਾ ਹੈ।ਉਨ੍ਹਾਂ ਕਿਹਾ ਕਿ ਐੱਨਐੱਸਐੱਸ ਅਤੇ ਰੈੱਡ ਰਿਬਨ ਵਰਗੀਆਂ ਯੋਜਨਾਵਾਂ ਨੌਜਵਾਨਾਂ ਨੂੰ ਜ਼ਿੰਮੇਵਾਰ ਨਾਗਰਿਕ ਬਣਾਉਣ ਵਿੱਚ ਅਹਿਮ ਭੂਮਿਕਾ ਨਿਭਾਉਂਦੀਆਂ ਹਨ।ਇਸ ਮੌਕੇ ਵਿਭਾਗੀ ਮੁਖੀ ਵਿਜੇ ਕੁਮਾਰ ਮਿਨਹਾਸ, ਹਰਜਿੰਦਰ ਪਾਲ ਸਿੰਘ, ਮੈਡਮ ਰੇਖਾ, ਸਪੋਰਟਸ ਅਫ਼ਸਰ ਜਗਦੀਪ ਸਿੰਘ, ਪਲੇਸਮੈਂਟ ਅਫ਼ਸਰ ਜਸਬੀਰ ਸਿੰਘ, ਐੱਨਸੀਸੀ ਅਫ਼ਸਰ ਲੈਫਟੀਨੈਂਟ ਨਵਜੋਤ ਸਲਾਰੀਆ, ਲੈਕਚਰਾਰ ਰਜਿੰਦਰ ਕੁਮਾਰ, ਰੋਹਿਤ ਵਾਡਰਾ ਨੇ ਵੀ ਆਪਣੇ ਵਿਚਾਰਾਂ ਰਾਹੀਂ ਵਿਦਿਆਰਥੀਆਂ ਨੂੰ ਪੜ੍ਹਾਈ ਦੇ ਨਾਲ-ਨਾਲ ਖੇਡਾਂ ਅਤੇ ਸਮਾਜਿਕ ਸਰਗਰਮੀਆਂ ਵਿੱਚ ਵਧ-ਚੜ੍ਹ ਕੇ ਹਿੱਸਾ ਲੈਣ ਲਈ ਪ੍ਰੇਰਿਤ ਕਰਦਿਆਂ ਕਿਹਾ ਕਿ ਪੜ੍ਹਾਈ ਦੇ ਨਾਲ-ਨਾਲ ਖੇਡਾਂ, ਐੱਨਸੀਸੀ ਅਤੇ ਸਮਾਜਿਕ ਗਤੀਵਿਧੀਆਂ ਵਿਦਿਆਰਥੀਆਂ ਨੂੰ ਅਨੁਸ਼ਾਸਿਤ, ਸਵੈ-ਨਿਰਭਰ ਅਤੇ ਨਸ਼ਿਆਂ ਤੋਂ ਦੂਰ ਰੱਖਣ ਵਿੱਚ ਅਹਿਮ ਭੂਮਿਕਾ ਨਿਭਾਉਂਦੀਆਂ ਹਨ।ਉਨ੍ਹਾਂ ਨੌਜਵਾਨਾਂ ਨੂੰ ਖੇਡਾਂ ਵਿੱਚ ਵਧ-ਚੜ੍ਹ ਕੇ ਹਿੱਸਾ ਲੈਣ ਅਤੇ ਸਿਹਤਮੰਦ ਜੀਵਨ ਸ਼ੈਲੀ ਅਪਣਾਉਣ ਲਈ ਉਤਸ਼ਾਹਿਤ ਕੀਤਾ ਅਤੇ ਨਸ਼ਿਆਂ ਵਿਰੁੱਧ ਇਕਜੁੱਟ ਹੋ ਕੇ ਲੜਨ ਦਾ ਸੰਦੇਸ਼ ਦਿੱਤਾ।



# ਏਡੀਸੀ (ਜ) ਦੀ ਪ੍ਰਧਾਨਗੀ ਹੇਠ ਜ਼ਿਲਾ ਰੋਡ ਸੇਫਟੀ ਕਮੇਟੀ ਦੀ ਮੀਟਿੰਗ ਹੋਈ

**ਗੁਰਦਾਸਪੁਰ, (ਜਨਕ ਮਹਾਜਨ)**

ਗੁਰਸਿਮਰਨ ਸਿੰਘ ਢਿੱਲੋਂ ਵਧੀਕ ਡਿਪਟੀ ਕਮਿਸ਼ਨਰ (ਜ) ਦੀ ਪ੍ਰਧਾਨਗੀ ਹੇਠ ਜ਼ਿਲ੍ਹਾ ਰੋਡ ਸੇਫਟੀ ਕਮੇਟੀ ਦੀ ਮੀਟਿੰਗ ਕੀਤੀ ਗਈ। ਇਸ ਮੌਕੇ ਆਰਟੀਓ ਮੈਡਮ ਨਵਜੋਤ ਸ਼ਰਮਾ, ਅਦਿੱਤਿਆ ਸ਼ਰਮਾ, ਐੱਸਡੀਐੱਮ ਡੇਰਾ ਬਾਬਾ ਨਾਨਕ , ਜਯੋਤਸਨਾ ਸਿੰਘ, ਐੱਸਡੀਐੱਮ ਕਲਾਨੌਰ, ਕਸਤੂਰੀ ਲਾਲ ਡੀਐੱਸਪੀ., ਸੰਗਰਾਮ ਸਿੰਘ ਸਹਾਇਕ ਆਰਟੀਓ ਗੁਰਦਾਸਪੁਰ, ਸੁਨੀਲ ਜੋਸ਼ੀ ਚਾਇਲਡ ਪ੍ਰੋਟੈਕਸ਼ਨ ਅਫਸਰ ਅਤੇ ਵੱਖ-ਵੱਖ ਵਿਭਾਗਾਂ ਦੇ ਮੁਖੀ ਹਾਜ਼ਰ ਸਨ। ਮੀਟਿੰਗ ਏਡੀਸੀ (ਜ) ਗੁਰਸਿਮਰਨ ਸਿੰਘ ਢਿੱਲੋਂ ਵੱਲੋਂ ਜ਼ਿਲ੍ਹੇ ਵਿੱਚ ਟਰੈਫਿਕ ਸਮੱਸਿਆਵਾਂ ਨੂੰ ਦੂਰ ਕਰਨ ਸਬੰਧੀ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਗਏ। ਉਨ੍ਹਾਂ ਕਿਹਾ ਕਿ ਜ਼ਿਲ੍ਹੇ ਵਿੱਚ ਸੇਫ ਸਕੂਲ ਵਾਹਨ ਸਕੀਮ ਦੀ ਇੰਨ-ਬਿੰਨ ਪਾਲਣਾ ਕੀਤੀ ਜਾਵੇ ਅਤੇ ਸਕੂਲਾਂ ਦੇ ਵਾਹਨਾਂ ਦੀ ਸਮੇਂ ਸਮੇਂ ਵਿਸ਼ੇਸ਼ ਚੈਕਿੰਗ ਵੀ ਕੀਤੀ ਜਾਵੇ। ਉਨ੍ਹਾਂ ਕਿਹਾ ਕਿ ਜਿਹੜੇ ਸਕੂਲ ਪ੍ਰਬੰਧਕ ਆਪਣੇ ਸਕੂਲਾਂ ਦੇ ਵਾਹਨਾਂ ਦੀ ਸੁਰੱਖਿਆ ਨੂੰ ਪਾਲਸੀ ਮੁਤਾਬਕ ਯਕੀਨੀ ਨਹੀਂ ਬਣਾਉਂਦੇ, ਉਨ੍ਹਾਂ ਖਿਲਾਫ ਬਣਦੀ ਕਾਨੂੰਨੀ ਕਾਰਵਾਈ ਕੀਤੀ ਜਾਵੇ। ਆਰਟੀਓ ਮੈਡਮ ਨਵਜੋਤ ਸ਼ਰਮਾ ਨੇ ਕਿਹਾ ਕਿ ਟਰਾਂਸਪੋਰਟ ਵਿਭਾਗ ਵੱਲੋਂ ਪੰਜਾਬ ਸਰਕਾਰ ਦੀਆਂ ਹਦਾਇਤਾਂ ਤਹਿਤ ਜ਼ਿਲ੍ਹੇ ਅੰਦਰ ਆਵਾਜਾਈ ਨਿਯਮਾਂ ਦੀ ਉਲੰਘਣਾ ਕਰਨ ਵਾਲੇ ਵਾਹਨ ਚਾਲਕਾਂ ਖਿਲਾਫ ਕਾਨੂੰਨੀ ਕਾਰਵਾਈ ਕੀਤੀ ਜਾ ਰਹੀ ਹੈ ਅਤੇ ਸਮੇਂ-ਸਮੇਂ 'ਤੇ ਸਕੂਲਾਂ ਦੇ ਵਾਹਨਾਂ ਦੀ ਵੀ ਵਿਸ਼ੇਸ਼ ਜਾਂਚ ਕੀਤੀ ਜਾਂਦੀ ਹੈ। ਏਐੱਸਆਈ ਅਮਨਦੀਪ ਸਿੰਘ ਨੇ ਦਸਿੱਆ ਕਿ ਵੱਖ-ਵੱਖ ਟਰੈਫਿਕ ਸਬੰਧੀ 1970 ਚਲਾਨ ਅੰਡਰ ਏਜ ਦੇ 4 ਚਲਾਨ, ਡਰਿੰਕ ਐਂਡ ਡਰਾਈਵ 37 ਚਲਾਨ ਅਤੇ ਜੁਗਾੜੂ ਵਾਹਨਾਂ ਦੇ 4 ਚਲਾਨ ਗੁਰਦਾਸਪੁਰ ਸ਼ਹਿਰ ਵਿਚ ਕੀਤੇ ਗਏ ਹਨ।



# ਸ਼ਹੀਦ ਚਾਲੀ ਮੁਕਤਿਆਂ ਦੀ ਯਾਦ 'ਚ ਹਰਚੋਵਾਲ ਤੋਂ ਨਗਰ ਕੀਰਤਨ ਸਜਾਇਆ



**ਧਾਰੀਵਾਲ/ਹਰਚੋਵਾਲ, (ਮਨਦੀਪ ਸਿੰਘ ਵਿੱਕੀ)**

ਸ਼ਹੀਦ 40 ਮੁਕਤਿਆਂ ਦੀ ਯਾਦ ਵਿੱਚ ਹਰਚੋਵਾਲ ਤੋਂ ਮਹਾਨ ਨਗਰ ਕੀਰਤਨ ਸਜਾਇਆ ਗਿਆ। ਸੁੰਦਰ ਪਾਲਕੀ ਸਾਹਿਬ ਵਿੱਚ ਸੁਸ਼ੋਭਿਤ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਛਤਰ ਛਾਇਆ ਅਤੇ ਪੰਜ ਪਿਆਰਿਆਂ ਦੀ ਅਗਵਾਈ ਵਿੱਚ ਇਹ ਨਗਰ ਕੀਰਤਨ ਸਵੇਰੇ ਗੁਰਦੁਆਰਾ ਬਾਬਾ ਛੱਪੜ ਪੁੱਟ ਵਾਲਿਆਂ ਤੋਂ ਰਵਾਨਾ ਹੋਣ ਮਗਰੋਂ ਗੁਰਦੁਆਰਾ ਛੱਤੀ ਡਿਓਢੀ ਪਹੁੰਚਣ 'ਤੇ ਸੰਗਤਾਂ ਦਾ ਨਿੱਘਾ ਸਵਾਗਤ ਕੀਤਾ ਅਤੇ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਦੇ ਜਨਰਲ ਸਕੱਤਰ ਤੇ ਗੁਰਦੁਆਰਾ ਸਾਹਿਬ ਦੇ ਮੁੱਖ ਪ੍ਰਬੰਧਕ ਭਾਈ ਗਗਨਦੀਪ ਸਿੰਘ ਰਿਆੜ, ਅਮਰੀਕ ਸਿੰਘ, ਅਮਨਦੀਪ ਸਿੰਘ ਰਿਆੜ, ਹਰਜਿੰਦਰ ਸਿੰਘ, ਸੂਬੇਦਾਰ ਬਿਕਰਮਜੀਤ ਸਿੰਘ ਵੱਲੋਂ ਪੰਜ ਪਿਆਰਿਆਂ ਨੂੰ ਸਿਰੋਪਾਓ ਪਾ ਕੇ ਸਨਮਾਨਿਤ ਕੀਤਾ ਗਿਆ।ਇਸ ਮੌਕੇ ਕਵੀਸ਼ਰੀ ਜਥਾ ਭਾਈ ਜੁਗਰਾਜ ਸਿੰਘ ਸੈਦਪੁਰ ਤੇ ਸਾਥੀਆਂ ਵੱਲੋਂ ਸ਼ਹੀਦ 40 ਮੁਕਤਿਆਂ ਦੇ ਇਤਿਹਾਸ ਬਾਰੇ ਵਿਸਥਾਰ ਨਾਲ ਚਾਨਣਾ ਪਾਉਂਦਿਆਂ ਕਿਹਾ ਕਿ ਮਾਘੀ ਦਾ ਇਤਿਹਾਸ ਦਿਨ ਹਰ ਸਾਲ 40 ਸਿੱਖ ਮੁਕਤਿਆਂ ਦੀ ਸ਼ਹਾਦਤ ਦੀ ਯਾਦ 'ਚ ਸ੍ਰੀ ਮੁਕਤਸਰ ਸਾਹਿਬ ਵਿਖੇ ਮਾਘੀ ਦਾ ਤਿਉਹਾਰ ਮੇਲੇ ਦੇ ਰੂਪ 'ਚ ਮਨਾਇਆ ਜਾਂਦਾ ਹੈ।ਸ੍ਰੀ ਮੁਕਤਸਰ ਸਾਹਿਬ ਦਾ ਪੁਰਾਣਾ ਨਾਂਅ ਖਿਦਰਾਣੇ ਦੀ ਢਾਬ ਸੀ।ਇਸ ਜਗ੍ਹਾ ਜੋ 40 ਸਿੰਘ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਤੋਂ ਬੇਮੁੱਖ ਹੋ ਕੇ ਬੇਦਾਵਾ ਲਿਖ ਕੇ ਦੇ ਆਏ ਸੀ।ਉਹ 40 ਸਿੰਘ ਮਾਤਾ ਭਾਗ ਕੌਰ ਜੀ ਦੀ ਅਗਵਾਈ ਵਿੱਚ ਮੁਗਲਾਂ ਨਾਲ ਲੜਦੇ ਸ਼ਹੀਦ ਹੋਏ ਸਨ।ਗੁਰੂ ਸਾਹਿਬ ਨੇ ਉਨ੍ਹਾਂ ਦੀ ਸ਼ਹਾਦਤ ਤੋਂ ਪ੍ਰਭਾਵਿਤ ਹੋ ਕੇ ਉਨ੍ਹਾਂ ਨੂੰ ਮੁਕਤੀ ਦਾ ਵਰਦਾਨ ਦਿੱਤਾ ਸੀ। ਉਨ੍ਹਾਂ ਸ਼ਹੀਦ ਸਿੰਘਾਂ ਦੀ ਯਾਦ 'ਚ ਮਾਘ ਮਹੀਨੇ ਦੀ ਸੰਗਰਾਂਦ 'ਤੇ ਮੇਲਾ ਲੱਗਦਾ ਹੈ ਤੇ ਖਿਦਰਾਣੇ ਦੀ ਢਾਬ ਦਾ ਨਾਂਅ ਉਨ੍ਹਾਂ ਚਾਲੀ ਮੁਕਤਿਆਂ ਦੇ ਨਾਮ ਮੁਕਤਸਰ ਸਾਹਿਬ ਹੈ।ਇਸ ਉਪਰੰਤ ਇਹ ਨਗਰ ਕੀਰਤਨ ਵੱਖ-ਵੱਖ ਥਾਵਾਂ ਤੋਂ ਹੁੰਦਾ ਹੋਇਆ ਪਿੰਡ ਦੀਆਂ ਪਰਿਕਰਮਾ ਕਰਨ ਉਪਰੰਤ ਆਰੰਭਕ ਸਥਾਨ ਤੇ ਸਮਾਪਤ ਹੋਇਆ।ਨਗਰ ਕੀਰਤਨ ਵਿੱਚ ਸਰਪੰਚ ਧਰਮਿੰਦਰ ਸਿੰਘ, ਸਬਕਾ ਸਰਪੰਚ ਡਾ. ਗੁਰਨੇਕ ਸਿੰਘ ਹਰਚੋਵਾਲ, ਬਚਨ ਸਿੰਘ, ਸੁੱਚਾ ਸਿੰਘ, ਗੁਰਮੁਖ ਸਿੰਘ, ਕੁਲਵੰਤ ਸਿੰਘ ਕੰਤੂ, ਜਥੇਦਾਰ ਮਨਹੋਰ ਸਿੰਘ, ਕਰਮ ਸਿੰਘ, ਰਾਜ ਤੇਜਿੰਦਰ ਸਿੰਘ, ਆਤਮਾ, ਜੱਗਾ ਸਿੰਘ, ਸਤਿਨਾਮ ਸਿੰਘ, ਜਰਮਨ ਸਿੰਘ, ਗੁਰਦਿਆਲ ਸਿੰਘ, ਮੁਖਵਿੰਦਰ ਸਿੰਘ ਵਡਾਲੀ, ਦਲੇਰ ਸਿੰਘ ਆਦਿ ਸੇਵਾਦਾਰ ਹਾਜ਼ਰ ਸਨ।ਇਸ ਮੌਕੇ ਗੁਰੂ ਦਾ ਲੰਗਰ ਅਤੁੱਟ ਵਰਤਿਆ ਗਿਆ।

# ਮਾਤਾ ਸੁਲੱਖਣੀ ਸਿਵਲ ਹਸਪਤਾਲ ਬਟਾਲਾ ਵਿਖੇ ਦੂਰਬੀਨ ਰਾਹੀਂ ਨੱਕ ਦਾ ਪਹਿਲਾ ਸਫਲ ਆਪ੍ਰੇਸ਼ਨ

**ਬਟਾਲਾ, (ਡਾ. ਮਲਵਿੰਦਰ ਸਿੰਘ)**

ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਬਟਾਲਾ ਦੇ ਵਿਧਾਇਕ ਸ਼ੈਰੀ ਕਲਸੀ ਵੱਲੋਂ ਬਟਾਲਾ ਹਲਕੇ ਦੇ ਲੋਕਾਂ ਦੀਆਂ ਸਿਹਤ ਸਹੂਲਤਾਂ ਨੂੰ ਮੁੱਖ ਰੱਖਦਿਆਂ ਮਾਤਾ ਸੁਲੱਖਣੀ ਸਿਵਲ ਹਸਪਤਾਲ ਵਿਖੇ ਸਫਲ ਉਪਰਾਲੇ ਕੀਤੇ ਗਏ ਹਨ।ਪੰਜਾਬ ਸਰਕਾਰ ਵਲੋਂ ਹਸਪਤਾਲਾਂ ਵਿਚ ਮਰੀਜ਼ਾਂ ਲਈ ਵੱਡੀਆਂ ਸਹੂਲਤਾਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ ਅਤੇ ਸਰਕਾਰੀ ਹਸਪਤਾਲਾਂ ਵਿਚ ਛੋਟੇ ਤੋਂ ਵੱਡੇ ਅਪਰੇਸ਼ਨ ਕਰ ਕੇ ਲੋਕਾਂ ਨੂੰ ਵੱਡੀ ਰਾਹਤ ਦਿੱਤੀ ਜਾ ਰਹੀ ਹੈ।ਇਥੇ ਐੱਸਐੱਮਓ ਡਾ. ਮਨਜਿੰਦਰਜੀਤ ਸਿੰਘ ਦੀ ਨਿਗਰਾਨੀ ਹੇਠ ਨੱਕ, ਕੰਨ ਤੇ ਗਲੇ ਦੇ ਮਾਹਿਰ ਡਾ. ਹਰਪੀਤ ਸਿੰਘ ਕੁਹਾਲੀ ਵੱਲੋਂ ਪਿਛਲੇ 10 ਦਿਨਾਂ ਤੋਂ ਵੱਖ-ਵੱਖ ਤਰ੍ਹਾਂ ਦੇ ਅਪਰੇਸ਼ਨ ਕਰਕੇ ਲੋਕਾਂ ਨੂੰ ਵੱਡੀ ਸਹੂਲਤ ਦਿੱਤੀ ਜਾ ਰਹੀ ਹੈ।ਉਨ੍ਹਾਂ ਕਿਹਾ ਕਿ ਦੂਰਬੀਨ ਰਾਹੀਂ ਨੱਕ ਦੀ ਭਿਆਨਕ ਬਿਮਾਰੀ ਦਾ ਸਫਲ ਅਪਰੇਸ਼ਨ ਕਰ ਕੇ ਅਸੀਂ ਮਾਣ ਮਹਿਸੂਸ ਕਰ ਰਹੇ ਹਾਂ।ਉਨ੍ਹਾਂ ਕਿਹਾ ਕਿ 42 ਸਾਲਾ ਸੰਦੀਪ ਕੁਮਾਰ ਵਾਸੀ ਬਟਾਲਾ ਮਰੀਜ਼ ਜੋ ਕਿ ਪਿਛਲੇ 5-7 ਸਾਲ ਤੋਂ ਨੱਕ ਦੀ ਭਿਆਨਕ ਬਿਮਾਰੀ ਨਾਲ ਜੂਝ ਰਹੇ ਸਨ, ਦੇ ਕਰਵਾਏ ਟੈਸਟ ਮੁਤਾਬਕ ਨੱਕ ਦੀ ਹੱਡੀ ਵਿੰਗੀ ਸੀ ਅਤੇ ਨੱਕ ਵਿਚ ਮਾਸ ਵਧਣ ਦੇ ਨਾਲ-ਨਾਲ ਪੱਥਰੀ ਬਣੀ ਹੋਈ ਸੀ, ਜਿਸ ਨੂੰ ਨਿੱਜੀ ਡਾਕਟਰਾਂ ਨੇ 40 ਤੋਂ 50 ਹਜ਼ਾਰ ਰੁਪਏ ਦਾ ਖਰਚਾ ਦੱਸਿਆ ਸੀ, ਪਰ ਜਦੋਂ ਮਰੀਜ਼ ਸਾਡੇ ਕੋਲ ਆਇਆ ਤਾਂ ਉਸ ਨੂੰ ਸਰਕਾਰੀ ਫੀਸ ਤੇ ਦਾਖਲ ਕੀਤਾ ਤੇ ਉਸ ਦਾ ਇਕ ਦਿਨ ਵਿਚ ਹੀ ਸਫਲ ਅਪਰੇਸ਼ਨ ਕਰ ਕੇ ਮਰੀਜ਼ ਨੂੰ ਘਰ ਭੇਜ ਦਿੱਤਾ।



ਉਨ੍ਹਾਂ ਕਿਹਾ ਕਿ ਲੋਕਾਂ ਨੂੰ ਨਿੱਜੀ ਹਸਪਤਾਲਾਂ ਵਿਚ ਖੱਜਲ ਹੋਣ ਦੀ ਲੋੜ ਨਹੀਂ ਹੈ। ਦੱਸਣਯੋਗ ਹੈ ਕਿ ਵਿਧਾਇਕ ਸ਼ੈਰੀ ਕਲਸੀ ਦੀ ਹਮੇਸ਼ਾ ਕੋਸ਼ਿਸ਼ ਰਹੀ ਹੈ ਕਿ ਮਾਤਾ ਸੁਲੱਖਣੀ ਸਿਵਲ ਹਸਪਤਾਲ ਬਟਾਲਾ ਵਿੱਚ ਮਰੀਜ਼ਾਂ ਨੂੰ ਵੱਧ ਤੋਂ ਵੱਧ ਹੋਰ ਮਿਆਰੀ ਸਿਹਤ ਸਹੂਲਤਾਂ ਦੇਣ ਦੇ ਨਾਲ-ਨਾਲ ਮਾਹਿਰ ਡਾਕਟਰਾਂ ਦੀ ਤਾਇਨਾਤੀ ਕੀਤੀ ਜਾਵੇ ਤਾਂ ਜੋ ਬਟਾਲਾ ਵਾਸੀ ਦੂਰ ਦੁਰਾਡੇ ਜਾਣ ਦੀ ਬਜਾਏ ਬਟਾਲਾ ਤੋਂ ਹੀ ਆਪਣਾ ਇਲਾਜ ਕਰਵਾ ਸਕਣ।ਸ਼ੈਰੀ ਕਲਸੀ ਦੇ ਯਤਨਾਂ ਸਦਕਾ ਮਰੀਜ਼ਾਂ ਦੀ ਸਹੂਲਤ ਲਈ ਨੱਕ, ਕੰਨ ਤੇ ਗਲੇ ਦੇ ਮਾਹਿਰ ਡਾਕਟਰ ਹਰਪੀਤ ਸਿੰਘ ਕੁਹਾਲੀ ਵੱਲੋਂ ਮਰੀਜ਼ਾਂ ਦਾ ਸਫਲ ਇਲਾਜ ਕੀਤਾ ਜਾ ਰਿਹਾ ਹੈ।

# 'ਲੋਹੜੀ ਆਪਸੀ ਸਦਭਾਵਨਾ ਤੇ ਏਕਤਾ ਦਾ ਸੁਨੇਹਾ'



**ਛੇਹਰਟਾ, (ਮਨੋਜ ਕੁਮਾਰ)**

ਸ੍ਰੀ ਗੁਰੂ ਅਰਜਨ ਦੇਵ ਜੀ ਇੰਸਟੀਚਿਊਟ ਆਫ ਨਰਸਿੰਗ ਅੰਮ੍ਰਿਤਸਰ ਵਿਚ ਲੋਹੜੀ ਦਾ ਤਿਓਹਾਰ ਮੰਗਲਵਾਰ ਨੂੰ ਧੂਮਧਾਮ ਨਾਲ ਮਨਾਇਆ ਗਿਆ। ਇਹ ਸਮਾਗਮ ਸੰਸਥਾ ਦੇ ਕੈਂਪਸ ਵਿਚ ਸਟਾਫ ਦੀ ਹਾਜ਼ਰੀ ਵਿਚ ਮਨਾਇਆ ਗਿਆ। ਇਸ ਮੌਕੇ ਸੰਸਥਾ ਵਿਚ ਪੰਜਾਬ ਦੀ ਵਿਰਾਸਤ ਦੇ ਰੰਗ ਵੇਖਣ ਨੂੰ ਮਿਲੇ। ਸਟਾਫ ਮੈਂਬਰਾਂ ਨੇ ਇਕੱਠੇ ਹੋ ਕੇ ਅੱਗ ਬਾਲ ਕੇ ਲੋਹੜੀ ਦੀਆਂ ਰਸਮਾਂ ਨਿਭਾਈਆਂ ਅਤੇ ਆਪਸੀ ਸਦਭਾਵਨਾ ਤੇ ਏਕਤਾ ਦਾ ਸੰਦੇਸ਼ ਦਿੱਤਾ। ਇਸ ਮੌਕੇ ਇੰਸਟੀਚਿਊਟ ਦੀ ਪ੍ਰਿੰਸੀਪਲ ਡੌਲੀ ਸਮਿਤਾ ਤੋਂ ਇਲਾਵਾ ਬੱਬਲਜੀਤ ਕੌਰ, ਸੁਨੇਹਾ, ਰੋਮੀ, ਅਨਮੋਲ, ਉਬੈਦ ਤੇ ਹਰਸੁਮੀਤ ਕੌਰ ਵਿਸ਼ੇਸ਼ ਤੌਰ 'ਤੇ ਮੌਜੂਦ ਸਨ। ਮੌਜੂਦ ਸਾਰੇ ਮੈਂਬਰਾਂ ਨੇ ਤਿਓਹਾਰ ਦੀਆਂ ਸ਼ੁੱਭ ਕਾਮਨਾਵਾਂ ਦਿੱਤੀਆਂ।

# ਬਜ਼ੁਰਗਾਂ ਦੇ ਵਿਹੜੇ 'ਚ ਆਏ ਮਹਿਮਾਨਾਂ ਨੇ ਬਜ਼ੁਰਗਾਂ ਨਾਲ ਮਿਲ ਕੇ ਲੋਹੜੀ ਦੇ ਰੰਗ ਬੰਨ੍ਹੇ

**ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)**

ਬਜ਼ੁਰਗਾਂ ਦੇ ਵਿਹੜੇ ਵਿੱਚ ਲੋਹੜੀ ਦਾ ਤਿਉਹਾਰ ਬੜੇ ਧੂਮਧਾਮ ਨਾਲ ਮਨਾਇਆ ਗਿਆ।ਇਸ ਮੌਕੇ ਮੁੱਖ ਮਹਿਮਾਨ ਭੁਪਿੰਦਰ ਸਿੰਘ ਮੁੰਨਾ (ਮੈਂਬਰ ਜ਼ਿਲ੍ਹਾ ਪਰੀਸ਼ਦ ਘਰੋਟਾ) ਸਨ। ਇਸ ਮੌਕੇ ਸਾਰੇ ਬਜ਼ੁਰਗਾਂ ਨੇ ਪ੍ਰਬੰਧਕਾਂ ਦੇ ਨਾਲ ਮਿਲ ਕੇ ਵਿਹੜੇ ਵਿੱਚ ਰੌਣਕਾਂ ਬੰਨ੍ਹੀਆਂ।ਇਸ ਮੌਕੇ ਕਟਾਰੂਚੱਕ, ਮਾਤਾ ਸਵਿਤਰੀ ਬਾਈ ਫੂਲੇ ਵੈੱਲਫੇਅਰ ਸੋਸਾਇਟੀ ਪਠਾਨਕੋਟ ਦੀ ਸਮੂਹ ਟੀਮ ਅਤੇ ਅਰੋੜਾ ਵੰਸ਼ ਸਭਾ ਮਹਿਲਾ ਵਿੰਗ ਪਠਾਨਕੋਟ ਦੀ ਸਮੂਹ ਟੀਮ ਨੇ ਆ ਕੇ ਬਜ਼ੁਰਗਾਂ ਨਾਲ ਇਹ ਤਿਉਹਾਰ ਮਨਾਇਆ।ਸਾਰਿਆਂ ਨੇ ਖੂਬ ਮਿਲ ਕੇ ਭੰਗੜੇ ਪਾਏ ਅਤੇ ਆਪਣੇ ਆਪਣੇ ਵਿਚਾਰ ਸਾਂਝੇ ਕੀਤੇ।ਇਸ ਮੌਕੇ ਮੁੱਖ ਮਹਿਮਾਨਾਂ ਨੇ ਆਸ਼ਰਮ ਪ੍ਰਬੰਧਕਾਂ ਨੂੰ ਕਿਹਾ ਕਿ ਤੁਸੀਂ ਇਹ ਜੋ ਮਾਨਵਤਾ ਦੀ ਸੇਵਾ ਕਰ ਰਹੇ ਹੋ ਇਹ ਸਭ ਤੋਂ ਉਤਮ ਸੇਵਾ ਹੈ, ਅਸੀਂ ਤੁਹਾਡੀ ਸੇਵਾ ਨੂੰ ਦੇਖ ਕੇ ਬਹੁਤ ਖੁਸ਼ ਹੋਏ ਹਾਂ ਅਤੇ ਅਸੀਂ ਪਰਮਾਤਮਾ ਅੱਗੇ ਪ੍ਰਾਰਥਨਾ ਕਰਦੇ ਹਾਂ ਕਿ ਪਰਮਾਤਮਾ ਤੁਹਾਨੂੰ ਹਮੇਸ਼ਾ ਹੀ ਇਨ੍ਹਾਂ ਬਜ਼ੁਰਗਾਂ ਦੀ ਸੇਵਾ ਕਰਨ ਦਾ ਹੋਰ ਬਲ ਬਖਸ਼ੇ ।ਆਦਰਸ਼ ਵੈੱਲਫੇਅਰ ਸੋਸਾਇਟੀ ਗੁਰਦਾਸਪੁਰ ਦੇ ਚੇਅਰਪਰਸਨ ਮੈਡਮ ਰੀਨਾ ਸਰਮਾਲ, ਕੋਆਰਡੀਨੇਟਰ ਮੈਡਮ ਇੰਦਰਜੀਤ ਕੌਰ ਅਤੇ ਆਏ ਹੋਏ ਸਾਰੇ ਮਹਿਮਾਨਾਂ ਨੇ ਆਸ਼ਰਮ ਪ੍ਰਬੰਧਕਾਂ ਨੂੰ ਲੋਹੜੀ ਦੇ ਤਿਉਹਾਰ ਦੀਆਂ ਮੁਬਾਰਕਾਂ ਦਿੱਤੀਆਂ।ਆਸ਼ਰਮ ਸੁਪਰਡੈਂਟ ਮੈਡਮ ਅੰਜਲੀ ਸ਼ਰਮਾ, ਪ੍ਰਧਾਨ ਸਤਨਾਮ ਸਿੰਘ ਨੇ ਆਏ ਹੋਏ ਮਹਿਮਾਨਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ।ਇਸ ਮੌਕੇ ਆਸ਼ਰਮ ਪ੍ਰਧਾਨ ਸਤਨਾਮ ਸਿੰਘ, ਸੁਪਰਡੈਂਟ ਅੰਜਲੀ ਸ਼ਰਮਾ, ਚੇਅਰਪਰਸਨ ਰੀਨਾ ਸਰਮਾਲ, ਕੋਆਰਡੀਨੇਟਰ ਇੰਦਰਜੀਤ ਕੌਰ, ਸਵਿਤਾ, ਪ੍ਰੀਆ ਚੰਦ ਦੇਵ, ਵਿਜੈ ਕੁਮਾਰੀ, ਸੁਰਜੀਤ ਕੌਰ, ਆਸ਼ਾ ਰਾਣੀ, ਜਸਵੀਰ ਕੌਰ, ਵਿਪਨ ਕੁਮਾਰ, ਰਮੇਸ਼ ਚੰਦਰ, ਅਰੋੜਾ ਵੰਸ਼ ਸਭਾ ਮਹਿਲਾ ਵਿੰਗ ਪ੍ਰਧਾਨ ਸਵਿਤਾ ਅਰੋੜਾ, ਚੇਅਰਪਰਸਨ ਨਰਮਤਾ, ਉਪ ਪ੍ਰਧਾਨ ਸਨੇਹਾ ਅਰੋੜਾ, ਜੋਤੀ ਛਾਬੜਾ, ਸਵਿਤਾ ਅਰੋੜਾ ਤੇ ਮਾਤਾ ਸਵਿੱਤਰੀ ਬਾਈ ਫੂਲੇ ਵੈੱਲਫੇਅਰ ਸੋਸਾਇਟੀ ਟੀਮ ਮੈਂਬਰ ਸਰਦਾਰੀ ਲਾਲ, ਸੁਰੇਸ਼ ਕੁਮਾਰ, ਤਰਸੇਮ ਅੰਗੁਰਾਲ, ਜੀਤ ਰਾਜ , ਸੁਨੀਤਾ ਦੇਵੀ, ਪਰਮਜੀਤ, ਬਲਵੰਤ ਰਾਏ ਆਦਿ ਮੌਜੂਦ ਸਨ।



# ਸਿਟੀ ਵੈੱਲਫੇਅਰ ਕਲੱਬ ਨੇ ਨੰਨ੍ਹੀਆਂ ਧੀਆਂ ਦੀ ਲੋਹੜੀ ਬੜੇ ਲਾਡਾਂ ਮਲਾਰਾਂ ਨਾਲ ਮਨਾਈ

**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)**

ਸਿਟੀ ਵੈੱਲਫੇਅਰ ਕਲੱਬ (ਰਜਿ:) ਡੇਰਾ ਬਾਬਾ ਨਾਨਕ ਵੱਲੋਂ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਦੂਸਰੀ ਵਾਰ ਨੰਨ੍ਹੀਆਂ ਧੀਆਂ ਦੀ ਲੋਹੜੀ ਕਸਬੇ ਦੇ ਸੀਨੀਅਰ ਸੈਕੰਡਰੀ ਸਮਾਰਟ ਸਕੂਲ (ਲੜਕੇ) ਦੇ ਬਾਬਾ ਸ਼੍ਰੀ ਚੰਦ ਆਡੀਟੋਰੀਅਮ ਵਿਖੇ ਮਨਾਈ ਗਈ ।ਇਸ ਮੌਕੇ ਮੁੱਖ ਮਹਿਮਾਨ ਵਜੋਂ ਸਿਟੀ ਵੈੱਲਫੇਅਰ ਕਲੱਬ ਦੇ ਚੇਅਰਮੈਨ ਐੱਸਡੀਐੱਮ ਡੇਰਾ ਬਾਬਾ ਨਾਨਕ ਡਾਕਟਰ ਆਦਿੱਤਿਆ ਸ਼ਰਮਾ, ਬਾਬਾ ਸ਼੍ਰੀ ਚੰਦ ਚੈਰੀਟੇਬਲ ਟਰੱਸਟ ਡੇਰਾ ਬਾਬਾ ਨਾਨਕ ਦੇ ਚੇਅਰਮੈਨ ਬਾਬਾ ਰਜਿੰਦਰ ਸਿੰਘ ਬੇਦੀ, ਤਹਿਸੀਲਦਾਰ ਲਛਮਣ ਸਿੰਘ, ਨਗਰ ਕੌਂਸਲ ਦੇ ਪ੍ਰਧਾਨ ਸ਼ਿਖਾ ਗੁਪਤਾ ਵੱਲੋਂ ਵਿਸ਼ੇਸ਼ ਤੌਰ 'ਤੇ ਸ਼ਮੂਲੀਅਤ ਕਰਦੇ ਹੋਏ ਆਡੀਟੋਰੀਅਮ ਦੀ ਸਟੇਜ ਤੋਂ ਰਿਬਨ ਕੱਟ ਕੇ ਪ੍ਰੋਗਰਾਮ ਦੀ ਸ਼ੁਰੂਆਤ ਕੀਤੀ ਗਈ। ਉਪਰੰਤ ਕਲੱਬ ਵੱਲੋਂ ਕਰਵਾਏ ਗਏ ਲੋਹੜੀ ਸਮਾਗਮ ਵਿੱਚ ਹਿੱਸਾ ਲੈਣ ਵਾਲੀਆਂ ਸਾਰੀਆਂ ਨਵ ਜੰਮੀਆਂ ਧੀਆਂ ਤੇ ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਨੂੰ ਲੋਹੜੀ ਦੀ ਵਧਾਈ ਦਿੱਤੀ ਗਈ ।ਇਸ ਮੌਕੇ ਕਲੱਬ ਦੇ ਪ੍ਰਧਾਨ ਰਾਜੇਸ਼ ਹਾਂਡਾ ਅਤੇ ਕਾਨੂੰਗੋ ਪ੍ਰਸ਼ੋਤਮ ਲਾਲ ਵੱਲੋਂ ਆਏ ਹੋਏ ਮਹਿਮਾਨਾਂ ਦਾ ਸਵਾਗਤ ਕਰਦਿਆਂ ਉਨ੍ਹਾਂ ਨੂੰ ਲੋਹੜੀ ਦੀ ਮੁਬਾਰਕਬਾਦ ਦਿੱਤੀ ਗਈ ਅਤੇ ਸਮਾਗਮ ਵਿੱਚ ਸ਼ਮੂਲੀਅਤ ਕਰਨ ਤੇ ਉਨ੍ਹਾਂ ਦਾ ਧੰਨਵਾਦ ਕੀਤਾ ਗਿਆ।ਇਸ ਸਮਾਗਮ ਮੌਕੇ ਕਲੱਬ ਮੈਂਬਰਾਂ ਵੱਲੋਂ ਚੇਅਰਮੈਨ ਆਦਿੱਤਿਆ ਸ਼ਰਮਾ ਦੀ ਅਗਵਾਈ ਵਿੱਚ 1 ਸਾਲ ਤੋਂ ਘੱਟ ਉਮਰ ਵਾਲੀਆਂ 25 ਨੰਨ੍ਹੀਆਂ ਧੀਆਂ ਨੂੰ ਲੋਹੜੀ ਦੀ ਮਿਠਾਈ, ਗਿਫਟ ਅਤੇ ਕੰਬਲ ਤੋਹਫੇ ਵਜੋਂ ਦਿੱਤੇ ਗਏ। ਉਪਰੰਤ ਡਾਕਟਰ ਰਜਨੀ ਵੱਲੋਂ ਨੰਨ੍ਹੀਆਂ ਧੀਆਂ ਨੂੰ ਨਗਦੀ ਸ਼ਗਨ ਦੇ ਕੇ ਪਿਆਰ ਦਿੱਤਾ ਗਿਆ ।ਸਮਾਗਮ ਦੌਰਾਨ ਨੰਨ੍ਹੀਆਂ ਧੀਆਂ ਵੱਲੋਂ ਰੰਗਾਰੰਗ ਪ੍ਰੋਗਰਾਮ ਪੇਸ਼ ਕਰਨ ਉਪਰੰਤ ਅਧਿਆਪਕਾ ਜੋਗਿਤਾ ਅਤੇ ਪੱਤਰਕਾਰ ਰਮੇਸ਼ ਸ਼ਰਮਾ ਵੱਲੋਂ ਧੀਆਂ ਦੇ ਸਬੰਧੀ ਗੀਤ ਤੇ ਕਵਿਤਾ ਪੇਸ਼ ਕਰਕੇ ਧੀਆਂ, ਦਰਸ਼ਕਾਂ ਅਤੇ ਕਲੱਬ ਮੈਂਬਰਾਂ ਨੂੰ ਵਧਾਈ ਦਿੱਤੀ ਗਈ।ਇਸ ਮੌਕੇ ਬਾਬਾ ਰਜਿੰਦਰ ਸਿੰਘ ਬੇਦੀ, ਨਗਰ ਕੌਂਸਲ ਪ੍ਰਧਾਨ ਸ਼ਿਖਾ ਗੁਪਤਾ, ਜੀ.ਐੱਮ. ਸੰਦੀਪ ਮਹਾਜਨ, ਤਹਿਸੀਲਦਾਰ ਲਛਮਣ ਸਿੰਘ, ਨਾਇਬ ਤਹਿਸੀਲਦਾਰ ਗੁਰਦੀਪ ਸਿੰਘ, ਐੱਸਐੱਚਓ ਡੇਰਾ ਬਾਬਾ ਨਾਨਕ ਅਸ਼ੋਕ ਕੁਮਾਰ ਸ਼ਰਮਾ, ਕੌਂਸਲਰ ਰਜਤ ਮਰਵਾਹਾ, ਕੌਂਸਲਰ ਬਲਦੇਵ ਰਾਜ ਡਾਇਮੰਡ, ਕੌਂਸਲਰ ਹਰਿੰਦਰ ਸਿੰਘ ਰੰਧਾਵਾ ਨੇ ਨਵ ਜੰਮੀਆਂ ਧੀਆਂ ਨੂੰ ਵਧਾਈ ਦਿੱਤੀ ਤੇ ਸਿਟੀ ਵੈੱਲਫੇਅਰ ਕਲੱਬ ਦੇ ਪ੍ਰਧਾਨ ਰਾਜੇਸ਼ ਹਾਂਡਾ ਤੇ ਉਨ੍ਹਾਂ ਦੀ ਸਮੁੱਚੀ ਟੀਮ ਵੱਲੋਂ ਕਰਵਾਏ ਗਏ ਇਸ ਸਮਾਗਮ ਦੀ ਸ਼ਲਾਘਾ ਕੀਤੀ ਗਈ ਅਤੇ ਕਲੱਬ ਵੱਲੋਂ ਕਰਵਾਏ ਜਾ ਰਹੇ ਸਮਾਜ ਸੇਵਾ ਦੇ ਕੰਮਾਂ ਵਿੱਚ ਪੂਰਨ ਸਹਿਯੋਗ ਕਰਨ ਅਤੇ ਹਰ ਤਰ੍ਹਾਂ ਦੀ ਸਹਾਇਤਾ ਦੇਣ ਦਾ ਵਿਸ਼ਵਾਸ ਦਿਵਾਇਆ ਗਿਆ।ਇਸ ਮੌਕੇ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਕਲੱਬ ਵੱਲੋਂ ਦੁਸ਼ਾਲੇ ਦੇ ਕੇ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ।ਇਸ ਪ੍ਰੋਗਰਾਮ ਮੌਕੇ ਕਲੱਬ ਮੈਂਬਰਾਂ ਵੱਲੋਂ ਨਵ ਜੰਮੀਆਂ ਧੀਆਂ ਦੀ ਲੋਹੜੀ ਬਾਲੀ ਗਈ ਤੇ ਢੋਲ ਦੇ ਡੱਗੇ ਤੇ ਭੰਗੜਾ ਪਾ ਕੇ ਲੋਹੜੀ ਦੀ ਖੁਸ਼ੀ ਮਨਾਈ ਗਈ।ਇਸ ਮੌਕੇ ਐਡਵੋਕੇਟ ਰਾਜਨ ਬੇਦੀ, ਮੁੱਖ ਸਲਾਹਕਾਰ ਡਾਕਟਰ ਅਸ਼ੋਕ ਸੋਨੀ, ਸਲਾਹਕਾਰ ਰਮੇਸ਼ ਬੱਬਰ, ਜਨਰਲ ਸਕੱਤਰ ਪਲਵਿੰਦਰ ਸਿੰਘ ਰੰਧਾਵਾ, ਸੀਨੀਅਰ ਵਾਈਸ ਪ੍ਰਧਾਨ ਵਿਜੇ ਵਿੱਗ, ਐਗਜ਼ੈਕਟਿਵ ਮੈਂਬਰਾਂ ਵਿੱਚ ਮਾਸਟਰ ਰਮੇਸ਼ ਅਵਸਥੀ, ਡਾਕਟਰ ਗੁਰਦੇਵ ਸਿੰਘ, ਮਾਸਟਰ ਰਾਮ ਸਰੂਪ, ਮਾਸਟਰ ਅਰੁਣ ਕੁਮਾਰ, ਰਿਟਾਇਰਡ ਮਾਸਟਰ ਤੇਜਿੰਦਰ ਸਿੰਘ ਪੂਨੀ, ਪੱਤਰਕਾਰ ਬੋਧ ਰਾਜ, ਮਨਜੀਤ ਸਿੰਘ, ਸੁੱਚਾ ਸਿੰਘ ਸੈਕਟਰੀ ਸ਼ਿਕਾਰ, ਕਲੱਬ ਦੇ ਪ੍ਰੈੱਸ ਸਕੱਤਰ ਚੇਤਨ ਕੁਮਾਰ ਅਤੇ ਯਸ਼ ਹਾਂਡਾ ਤੋਂ ਇਲਾਵਾ ਕਸਬੇ ਦੇ ਹੋਰ ਲੋਕ ਵੀ ਹਾਜ਼ਰ ਸਨ।





15-Jan-PAGE-4.qxd 1/14/2026 10:12 PM Page 1



# ਆਸਾਮ ਦਾ ਚੋਣ ਮਾਹੌਲ

*'ਵੋਟ ਵਾਈਬ' ਦੇ ਤਾਜ਼ਾ ਸਰਵੇ ਦੀ ਮੰਨੀਏ ਤਾਂ ਆਸਾਮ ਅਸੈਂਬਲੀ ਚੋਣਾਂ ਵਿੱਚ ਹੁਕਮਰਾਨ ਭਾਜਪਾ ਨੂੰ ਸਰਕਾਰ ਬਚਾਉਣ ਵਿੱਚ ਕਾਫੀ ਮੁਸ਼ਕਲ ਹੋਣ ਵਾਲੀ ਹੈ। ਹਾਲਾਂਕਿ ਸਰਵੇ ਨੇ ਭਾਜਪਾ ਦੀ ਅਗਵਾਈ ਵਾਲੇ ਐੱਨ ਡੀ ਏ ਨੂੰ ਮਾਮੂਲੀ ਬੜ੍ਹਤ ਦਿਖਾਈ ਹੈ, ਪਰ ਕੁਝ ਮੁੱਦੇ ਉਸ ਲਈ ਸਿਰਦਰਦ ਬਣਨ ਵਾਲੇ ਹਨ। ਸਰਵੇ ਮੁਤਾਬਕ ਐੱਨ ਡੀ ਏ ਦਾ ਵੋਟ ਸ਼ੇਅਰ 33.4 ਫੀਸਦੀ ਤੇ ਇੰਡੀਆ ਗੱਠਜੋੜ ਦਾ 30.9 ਫੀਸਦੀ ਰਹਿਣ ਦੀ ਸੰਭਾਵਨਾ ਹੈ। ਸਿਰਫ ਢਾਈ ਫੀਸਦੀ ਦਾ ਫਰਕ ਦਿਸ ਰਿਹਾ ਹੈ। ਮਤਲਬ, ਮੁਕਾਬਲਾ ਫਸਵਾਂ ਹੋਣ ਵਾਲਾ ਹੈ, ਪਰ ਇਸ ਵਿੱਚ ਅਜੇ ਇੱਕ ਵੱਡੀ ਮਰੋੜੀ ਹੈ। ਲੱਗਭੱਗ 20 ਫੀਸਦੀ ਵੋਟਰਾਂ ਨੇ ਅਜੇ ਪੱਕਾ ਮਨ ਨਹੀਂ ਬਣਾਇਆ ਤੇ ਇਹੀ ਫੈਸਲਾਕੁੰਨ ਹੋ ਸਕਦੇ ਹਨ। ਲੋਕਾਂ ਵਿੱਚ ਸਰਕਾਰ ਪ੍ਰਤੀ ਗੁੱਸਾ ਵੀ ਹੈ। ਬੇਰੁਜ਼ਗਾਰੀ ਤੇ ਹੜ੍ਹਾਂ ਵਰਗੇ ਰਵਾਇਤੀ ਮੁੱਦਿਆਂ ਦੇ ਨਾਲ-ਨਾਲ ਗਾਇਕ ਜ਼ੁਬੀਨ ਗਰਗ ਦੀ ਮੌਤ ਦਾ ਜਜ਼ਬਾਤੀ ਮੁੱਦਾ ਚੋਣਾਂ ਨੂੰ ਦਿਲਚਸਪ ਬਣਾ ਰਿਹਾ ਹੈ।*

*ਸਰਵੇ ਵਿੱਚ ਵੱਖ-ਵੱਖ ਉਮਰ ਵਰਗ ਦੇ ਵੋਟਰਾਂ ਦੀ ਰਾਇ ਜਾਣੀ ਗਈ ਹੈ। 18-24 ਸਾਲ ਦੇ ਨੌਜਵਾਨਾਂ ਵਿੱਚੋਂ 28 ਫੀਸਦੀ ਨੇ ਇੰਡੀਆ ਗੱਠਜੋੜ ਨੂੰ ਤੇ 22 ਫੀਸਦੀ ਨੇ ਐੱਨ ਡੀ ਏ ਨੂੰ ਆਪਣੀ ਪਸੰਦ ਦੱਸਿਆ ਹੈ। 55 ਸਾਲ ਤੋਂ ਵੱਧ ਦੇ ਵੋਟਰਾਂ ਵਿੱਚੋਂ 54 ਫੀਸਦੀ ਨੇ ਐੱਨ ਡੀ ਏ ਤੇ 32 ਫੀਸਦੀ ਨੇ ਇੰਡੀਆ ਗੱਠਜੋੜ ਨੂੰ ਪਸੰਦ ਕੀਤਾ ਹੈ। ਮੁੱਦਿਆਂ ਦੇ ਮਾਮਲੇ ਵਿੱਚ ਬੇਰੁਜ਼ਗਾਰੀ ਸਭ ਤੋਂ ਵੱਡਾ ਮੁੱਦਾ ਸਾਹਮਣੇ ਆਇਆ ਹੈ। ਸਭ ਤੋਂ ਵੱਧ 24.7 ਫੀਸਦੀ ਨੇ ਬੇਰੁਜ਼ਗਾਰੀ ਨੂੰ ਸਭ ਤੋਂ ਵੱਡਾ ਮੁੱਦਾ ਦੱਸਿਆ ਹੈ। ਉਸ ਤੋਂ ਬਾਅਦ 12.8 ਫੀਸਦੀ ਨੇ ਹੜ੍ਹ ਤੇ ਮੁੜਵਸੇਬਾ, 11.7 ਫੀਸਦੀ ਨੇ ਭ੍ਰਿਸ਼ਟਾਚਾਰ, 11.2 ਫੀਸਦੀ ਨੇ ਜ਼ੁਬੀਨ ਦੀ ਮੌਤ ਦੀ ਨਿਰਪੱਖ ਜਾਂਚ, 9.7 ਫੀਸਦੀ ਨੇ ਗੈਰਕਾਨੂੰਨੀ ਪ੍ਰਵਾਸ ਅਤੇ 9.9 ਫੀਸਦੀ ਨੇ ਹੋਰ ਮੁੱਦੇ ਦੱਸੇ ਹਨ। ਸੀਨੀਅਰ ਨਾਗਰਿਕ ਬੇਰੁਜ਼ਗਾਰੀ ਨੂੰ ਸਭ ਤੋਂ ਵੱਡਾ ਮੁੱਦਾ ਮੰਨਦੇ ਹਨ, ਜਦਕਿ ਨੌਜਵਾਨ ਭ੍ਰਿਸ਼ਟਾਚਾਰ ਤੇ ਜ਼ੁਬੀਨ ਮੁੱਦੇ 'ਤੇ ਵਧੇਰੇ ਜ਼ੋਰ ਦੇ ਰਹੇ ਹਨ। ਮੁਸਲਮਾਨਾਂ ਵਿੱਚ ਫਿਰਕੂ ਖਿਚਾਅ ਵੀ ਵੱਡਾ ਮੁੱਦਾ ਹੈ। 48 ਫੀਸਦੀ ਮਰਦ ਕਾਂਗਰਸ ਆਗੂ ਗੌਰਵ ਗੋਗੋਈ ਨੂੰ ਮੁੱਖ ਮੰਤਰੀ ਦੇਖਣਾ ਚਾਹੁੰਦੇ ਹਨ, ਜਦਕਿ 42 ਫੀਸਦੀ ਵਰਤਮਾਨ ਮੁੱਖ ਮੰਤਰੀ ਹਿਮੰਤਾ ਬਿਸਵਾ ਸਰਮਾ ਨੂੰ ਹੀ ਜਾਰੀ ਰੱਖਣਾ ਚਾਹੁੰਦੇ ਹਨ। ਹਿਮੰਤਾ ਨੂੰ 55 ਫੀਸਦੀ ਤੇ ਗੋਗੋਈ ਨੂੰ 35 ਫੀਸਦੀ ਮਹਿਲਾਵਾਂ ਮੁੱਖ ਮੰਤਰੀ ਦੇਖਣਾ ਚਾਹੁੰਦੀਆਂ ਹਨ। ਉਮਰ ਦੇ ਹਿਸਾਬ ਨਾਲ 18-24 ਸਾਲ ਦੇ 55 ਫੀਸਦੀ ਗੋਗੋਈ ਤੇ 35 ਫੀਸਦੀ ਸਰਮਾ ਨੂੰ ਮੁੱਖ ਮੰਤਰੀ ਬਣਾਉਣਾ ਚਾਹੁੰਦੇ ਹਨ। 55 ਸਾਲ ਤੋਂ ਉੱਪਰਲੇ 62 ਫੀਸਦੀ ਸਰਮਾ ਤੇ 23 ਫੀਸਦੀ ਗੋਗੋਈ ਦੇ ਹੱਕ ਵਿੱਚ ਹਨ। ਜਨਰਲ ਤੇ ਓ ਬੀ ਸੀ ਭਾਈਚਾਰੇ ਦੇ 71-74 ਫੀਸਦੀ ਸਰਮਾ ਤੇ 79 ਫੀਸਦੀ ਮੁਸਲਮਾਨ ਗੋਗੋਈ ਨੂੰ ਪਸੰਦ ਕਰਦੇ ਹਨ।*

*ਨੌਜਵਾਨਾਂ ਵਿਚਲੀ ਬੇਚੈਨੀ, 20 ਫੀਸਦੀ ਵੋਟਰਾਂ ਦਾ ਅਜੇ ਫੈਸਲਾ ਨਾ ਕਰਨਾ ਅਤੇ ਸਰਕਾਰ-ਵਿਰੋਧੀ ਗੁੱਸਾ ਮੁਕਾਬਲਾ ਸਖਤ ਦਿਖਾ ਰਿਹਾ ਹੈ। ਮੁਸਲਮ ਵੋਟਰ 'ਇੰਡੀਆ' ਵੱਲ ਵਧੇਰੇ ਝੁਕੇ ਨਜ਼ਰ ਆ ਰਹੇ ਹਨ, ਜਦਕਿ ਹੋਰਨਾਂ ਵਿੱਚੋਂ ਬਹੁਤੇ ਐੱਨ ਡੀ ਏ ਵੱਲ ਹਨ। ਹਿਮੰਤਾ ਸਰਕਾਰ ਵਿਕਾਸ ਤੇ ਪਛਾਣ 'ਤੇ ਫੋਕਸ ਕਰ ਰਹੀ ਹੈ, ਜਦਕਿ ਕਾਂਗਰਸ ਤੇ ਦੂਜੀਆਂ ਆਪੋਜ਼ੀਸ਼ਨ ਪਾਰਟੀਆਂ ਹੜ੍ਹ ਪ੍ਰਬੰਧਨ, ਭ੍ਰਿਸ਼ਟਾਚਾਰ ਤੇ ਜ਼ੁਬੀਨ ਮੁੱਦੇ ਨੂੰ ਚੁੱਕ ਰਹੀਆਂ ਹਨ। ਸਰਵੇ ਦੱਸਦਾ ਹੈ ਕਿ ਇਹ ਮੁੱਦੇ ਲੋਕਾਂ ਦੇ ਮਨਾਂ ਵਿੱਚ ਡੂੰਘੇ ਬੈਠੇ ਹੋਏ ਹਨ ਤੇ ਫੈਸਲਾਕੁੰਨ ਭੂਮਿਕਾ ਨਿਭਾਅ ਸਕਦੇ ਹਨ। ਦੇਖਣਾ ਹੋਵੇਗਾ ਕਿ ਇਹ ਮੁੱਦੇ ਭਾਜਪਾ ਦੀ ਹੈਟਟ੍ਰਿਕ ਨੂੰ ਰੋਕਣਗੇ ਜਾਂ ਹਿਮੰਤਾ ਸਰਕਾਰ ਮੁੜ ਸੱਤਾ ਵਿੱਚ ਪਰਤੇਗੀ?*

## ਦਿੱਲੀ ਦਾ ਹਵਾ ਪ੍ਰਦੂਸ਼ਣ

# ਲੋਕਾਂ ਦੇ ਜਿਊਣ ਦੇ ਮੁੱਢਲੇ ਹੱਕ ਦੀ ਰਾਖੀ ਦਾ ਸਵਾਲ



ਡਾ. ਬਲਜਿੰਦਰ ਸਿੰਘ

ਸਮੁੱਚੀ ਦੁਨੀਆ ਅੰਦਰ ਅਤੇ ਖ਼ਾਸ ਕਰ ਸਾਡੇ ਵਰਗੇ ਵਿਕਾਸਸ਼ੀਲ ਮੁਲਕਾਂ ਅੰਦਰ ਪ੍ਰਦੂਸ਼ਣ ਇੱਕ ਬਹੁਤ ਹੀ ਗੰਭੀਰ ਮੁੱਦਾ ਬਣ ਗਿਆ ਹੈ। ਸਰਦੀਆਂ ਦੇ ਆਗਾਜ਼ ਨਾਲ ਹੀ ਨਵੰਬਰ 'ਚ ਮੁਲਕ ਦੀ ਰਾਜਧਾਨੀ ਦਿੱਲੀ ਦੀ ਆਬੋ-ਹਵਾ ਐਨੀ ਗੰਧਲੀ ਹੋ ਗਈ ਕਿ ਜਿੱਥੇ ਸੜਕਾਂ 'ਤੇ ਦੇਖਣਾ ਸੰਭਵ ਨਹੀਂ ਸੀ, ਉੱਥੇ ਲੋਕਾਂ ਦਾ ਸਾਹ ਲੈਣਾ ਵੀ ਦੁੱਭਰ ਹੋ ਗਿਆ। ਸਾਹ ਦੀਆਂ ਬਿਮਾਰੀਆਂ ਨਾਲ ਪੀੜਤ ਹੋਣ ਤੇ ਮਰਨ ਦੇ ਕਿਨਾਰੇ ਪਹੁੰਚੇ ਦਿੱਲੀ ਵਾਸੀਆਂ ਨੇ ਦਸ ਨਵੰਬਰ ਨੂੰ ਇੱਕ ਪ੍ਰਦਰਸ਼ਨ ਕਰਕੇ ਇਸ ਪ੍ਰਦੂਸ਼ਣ ਖਿਲਾਫ ਆਪਣੀ ਆਵਾਜ਼ ਉਠਾਈ।

ਪ੍ਰਦੂਸ਼ਣ ਦਾ ਮੁੱਦਾ ਅੱਜ ਸਿਰਫ ਆਲੀਸ਼ਾਨ ਪੰਜ ਤਾਰਾ ਹੋਟਲਾਂ ਦੇ ਸੱਜੇ-ਧਜੇ ਬੰਦ ਕਮਰਿਆਂ ਅੰਦਰ ਕੁਝ ਉੱਚ ਮੱਧ ਵਰਗ ਦੇ ਵਿਅਕਤੀਆਂ ਵੱਲੋਂ ਚਾਹ ਤੇ ਬਿਸਕੁਟਾਂ ਨਾਲ ਚੁੰਝ-ਚਰਚਾ ਕਰਕੇ ਆਪੋ-ਆਪਣੀਆਂ ਮਹਿੰਗੀਆਂ ਗੱਡੀਆਂ 'ਚ ਬੈਠ ਆਪਣੇ ਘਰੀਂ ਜਾ ਵੜਣ ਦਾ ਨਹੀਂ ਰਹਿ ਗਿਆ, ਅੱਜ ਇਹ ਲੋਕਾਈ ਦਾ ਮਸਲਾ ਹੈ। ਹਵਾ ਪ੍ਰਦੂਸ਼ਣ ਲੋਕਾਂ ਦੀਆਂ ਜ਼ਿੰਦਗੀਆਂ ਨੂੰ ਛੋਟਿਆਂ ਕਰ ਰਿਹਾ ਹੈ, ਬਿਮਾਰ ਕਰ ਰਿਹਾ ਹੈ, ਪੀਣ ਵਾਲਾ ਪਾਣੀ ਦੂਸ਼ਤ ਕਰ ਰਿਹਾ ਹੈ, ਨਦੀਆਂ, ਨਾਲੇ ਦੂਸ਼ਿਤ ਹਨ, ਬਹੁਤ ਹੀ ਮਹੀਨ ਕਣ ਸਾਡੇ ਫੇਫੜਿਆਂ ਅੰਦਰ ਸਾਹ ਲੈਣ ਨਾਲ ਦਾਖਲ ਹੋ ਕੇ ਸਾਨੂੰ ਖੰਘ, ਬਲਗਮ ਵਰਗੀਆਂ ਅਲਾਮਤਾਂ ਨੂੰ ਜਨਮ ਦੇ ਰਹੇ ਹਨ। ਨਾ ਸਿਰਫ ਬਜ਼ੁਰਗ ਤੇ ਵੱਡੀ ਉਮਰ ਵਾਲੇ ਬਲਕਿ ਨਿੱਕੇ-ਨਿੱਕੇ ਅੰਞਾਣੇ ਵੀ ਦਮੇ, ਨਮੂਨੀਏ ਤੇ ਸਾਹ ਵਰਗੀਆਂ ਬਿਮਾਰੀਆਂ ਦੇ ਸ਼ਿਕਾਰ ਹੋ ਰਹੇ ਹਨ। ਹਾਲਾਤ ਇਹ ਹਨ ਕਿ ਅਜਿਹੇ ਪ੍ਰਦੂਸ਼ਣ 'ਚ ਜ਼ਿੰਦਗੀ ਗੁਜ਼ਾਰਨ ਵਾਲਾ ਪੀੜਤ ਵਿਅਕਤੀ ਸਰੀਰਕ ਰੂਪ 'ਚ ਕਮਜ਼ੋਰ ਹੋ ਜਾਂਦਾ ਹੈ ਅਤੇ ਅਜਿਹੀ ਹਾਲਤ 'ਚ ਉਹ ਆਪਣੇ ਹੱਕਾਂ ਲਈ ਲੜਣ ਵਾਲੀ ਹਾਲਤ 'ਚ ਹੀ ਨਹੀਂ ਰਹਿ ਜਾਂਦਾ।

ਜ਼ਿਕਰਯੋਗ ਹੈ ਕਿ ਵਿਚਾਰ ਪ੍ਰਗਟ ਕਰਨ, ਬਰਾਬਰਤਾ, ਧਾਰਮਕ ਆਜ਼ਾਦੀ ਵਰਗੇ ਪੈਮਾਨੇ ਕਿਸੇ ਸਮਾਜ ਦੇ ਖਾਸੇ ਦੀ ਬੁਨਿਆਦ ਤਹਿ ਕਰਦੇ ਹਨ, ਪਰ ਸ਼ੁੱਧ ਹਵਾ ਵਾਲਾ ਵਾਤਾਵਰਣ ਤੇ ਪੀਣ ਵਾਲਾ ਸਾਫ ਪਾਣੀ ਉਸ ਸਮਾਜ ਅੰਦਰ ਇੱਕ ਤੰਦਰੁਸਤ ਵਿਅਕਤੀ ਦੇ ਰੂਪ 'ਚ ਵਿਚਰਣ ਨੂੰ ਸੰਭਵ ਬਣਾਉਂਦੇ ਹਨ, ਯਾਨੀ ਕਿ ਅਗਰ ਲੋਕ ਉਸ ਸਮਾਜ ਅੰਦਰ ਤੰਦਰੁਸਤ ਤੌਰ 'ਤੇ ਜ਼ਿੰਦਾ ਬਚੇ ਰਹਿਣਗੇ ਤਾਂ ਹੀ ਉਹਨਾਂ ਲਈ ਜਮਹੂਰੀ ਹੱਕ-ਹਕੂਕਾਂ ਤੇ ਸ਼ਹਿਰੀ ਆਜ਼ਾਦੀਆਂ ਦਾ ਕੋਈ ਅਰਥ ਹੋਵੇਗਾ, ਭਾਵ ਉਹ ਉਹਨਾਂ ਨੂੰ ਮਾਣ ਸਕਣਗੇ।

ਹਵਾ ਪ੍ਰਦੂਸ਼ਣ ਦੇ ਮਾਮਲੇ ਦੇ ਤਕਨੀਕੀ ਪੱਖ ਦੀ ਵਿਆਖਿਆ 'ਚ ਨਾ ਜਾਂਦਿਆਂ ਇਹਦੇ ਲੋਕਾਂ ਲਈ ਮਾਅਨਿਆਂ ਨੂੰ ਦੇਖਣ ਦੀ ਲੋੜ ਹੈ। ਹਕੂਮਤੀ ਢਾਂਚਾ ਉਸਾਰਿਆ ਹੀ ਇਸ ਖਾਤਰ ਹੁੰਦਾ ਹੈ ਕਿ ਲੋਕਾਂ ਨੂੰ ਉਸ ਢਾਂਚੇ ਅੰਦਰ ਰਹਿਣ ਲਈ ਕੋਈ ਦਿੱਕਤ ਨਾ ਆਵੇ ਅਤੇ ਇੱਕ ਜਮਹੂਰੀ ਨਿਜ਼ਾਮ ਅੰਦਰ ਤਾਂ ਇਹ ਹੋਰ ਵੀ ਵੱਧ ਜ਼ਰੂਰੀ ਹੈ ਕਿ ਉਹ ਸਮਾਜਕ ਢਾਂਚਾ ਲੋਕਾਂ ਨੂੰ ਦਰਪੇਸ਼ ਮਸਲਿਆਂ ਨੂੰ ਫੌਰੀ ਤੌਰ 'ਤੇ ਦੂਰ ਕਰੇ, ਪਰ ਦਿੱਲੀ ਦੇ ਤਾਜ਼ਾ ਪ੍ਰਦੂਸ਼ਣ ਮਾਮਲੇ 'ਚ ਕੀ ਹੋਇਆ ਹੈ?

ਭਾਰਤ ਦੇ ਚੀਫ ਜਸਟਿਸ ਸੂਰਯਾ ਕਾਂਤ ਦਾ ਕਹਿਣਾ ਸੀ ਕਿ ਉਹ ਸਵੇਰੇ-ਸਵੇਰੇ ਸੈਰ ਕਰਨ ਲਈ ਸਿਰਫ਼ ਇੱਕ ਘੰਟੇ ਲਈ ਬਾਹਰ ਨਿਕਲਿਆ, ਪਰ ਉਹਨੂੰ ਆਪਣੇ ਆਪ ਨੂੰ ਕੁਝ ਵੀ ਠੀਕ ਮਹਿਸੂਸ ਨਾ ਹੋਇਆ। ਨਵੰਬਰ ਦੇ ਮਹੀਨੇ ਦਿੱਲੀ ਦੀ ਹਵਾ ਦਾ ਏ ਕਿਊ ਆਈ ਯਾਨੀ ਕਿ ਹਵਾ ਦੇ ਸਾਫ ਹੋਣ ਦੀ ਕੁਆਲਿਟੀ ਮਾਪਣ ਦਾ ਪੈਮਾਨਾ 400-500 ਦੇ ਵਿਚਕਾਰ ਜਾਂ ਫਿਰ ਇਸ ਤੋਂ ਵਧੇਰੇ ਹਫ਼ਤਿਆਂਬੱਧੀ ਬਣਿਆ ਰਿਹਾ। 29 ਨਵੰਬਰ ਨੂੰ ਏ ਕਿਊ ਆਈ ਰਾਤ ਦੇ ਬਾਰਾਂ ਵਜੇ 326 ਸੀ।

ਦਿੱਲੀ ਦੀ ਭਾਜਪਾਈ ਮੁੱਖ ਮੰਤਰੀ ਰੇਖਾ ਗੁਪਤਾ ਦਾ ਰਵੱਈਆ ਕੋਈ ਜ਼ੁੰਮੇਵਾਰੀ ਵਾਲਾ ਨਾ ਹੋ ਕੇ ਬਹੁਤ ਹੀ ਨਾਲਾਇਕੀ ਵਾਲਾ ਦਿਖਿਆ। ਉਹਨੇ ਏ ਕਿਊ ਆਈ ਨੂੰ ਮਹਿਜ਼ ਤਾਪਮਾਨ ਦੱਸਦਿਆਂ ਕਿਹਾ ਕਿ ਇਹਨੂੰ ਹਰ ਕੋਈ ਆਪਣੇ ਥਰਮਾਮੀਟਰ ਨਾਲ ਮਾਪ ਸਕਦਾ ਹੈ ਅਤੇ ਇਹ ਵੀ ਸਲਾਹ ਦਿੱਤੀ ਕਿ ਦੇਸ਼ ਦੀ ਰਾਜਧਾਨੀ 'ਚ ਘਰਾਂ ਅੰਦਰ ਰੋਟੀਆਂ ਪਕਾਉਣ ਲਈ ਵਰਤੇ ਜਾਂਦੇ ਤੰਦੂਰਾਂ ਤੇ ਅੰਗੀਠੀਆਂ ਨੂੰ ਬੰਦ ਕੀਤਾ ਜਾਵੇ, ਕਿਉਂਕਿ ਇਹ ਦਿੱਲੀ ਦੀ ਹਵਾ ਨੂੰ ਪ੍ਰਦੂਸ਼ਤ ਕਰਦੇ ਹਨ।

ਹੋਰਾਂ ਮਾਮਲਿਆਂ ਵਾਂਗ ਆਪਣੀ ਨਾਲਾਇਕੀ ਨੂੰ ਕਿਸੇ ਹੋਰ ਦੇ ਮੋਢਿਆਂ 'ਤੇ ਸੁੱਟ ਆਪ ਬਰੀ ਹੋਣ ਵਾਂਗ ਇੱਥੇ ਵੀ ਦੋਸ਼ ਕਿਸਾਨਾਂ ਸਿਰ ਮੜ੍ਹਿਆ ਗਿਆ ਕਿ ਕਿਸਾਨਾਂ ਨੇ ਪਰਾਲੀ ਮਚਾਈ ਹੈ, ਇਸ ਲਈ ਹਵਾ ਪ੍ਰਦੂਸ਼ਤ ਹੋਈ ਹੈ।ਡੀ ਐੱਸ ਐੱਸ ਤੇ ਸੀ ਪੀ ਸੀ ਬੀ (ਕੇਂਦਰੀ ਪ੍ਰਦੂਸ਼ਣ ਕੰਟਰੋਲ ਬੋਰਡ) ਦਾ ਡਾਟਾ ਇਹ ਦੱਸਦਾ ਹੈ ਕਿ ਦਿੱਲੀ ਦੀ ਹਵਾ 'ਚ 12 ਨਵੰਬਰ ਨੂੰ ਪਰਾਲੀ ਦੇ ਧੂੰਏਂ ਦਾ ਯੋਗਦਾਨ 22.47 ਪ੍ਰਤੀਸ਼ਤ ਸੀ, ਜਦੋਂ ਕਿ ਏ ਕਿਊ ਆਈ ਬਹੁਤ ਵੱਧ ਯਾਨੀ ਕਿ 418 ਸੀ ਅਤੇ ਸਮੇਂ ਨਾਲ ਜਦੋਂ ਪਰਾਲੀ ਨੂੰ ਅੱਗ ਲਾਉਣੀ ਬੰਦ ਕਰ ਦਿੱਤੀ ਤਾਂ 18 ਤੋਂ 20 ਨਵੰਬਰ ਦਰਮਿਆਨ ਇਸ ਧੂੰਏਂ ਦਾ ਯੋਗਦਾਨ 5.4 ਤੋਂ 2.8 ਫੀਸਦੀ ਰਹਿ ਗਿਆ ਅਤੇ ਇਸ ਲਈ ਸਾਰਾ ਦੋਸ਼ ਕਿਸਾਨਾਂ ਨੂੰ ਨਹੀਂ ਦਿੱਤਾ ਜਾ ਸਕਦਾ।

ਇਹੀ ਡਾਟਾ ਹੀ ਇਹ ਵੀ ਦਿਖਾਉਂਦਾ ਹੈ ਕਿ ਇਸ ਪ੍ਰਦੂਸ਼ਣ ਦੇ ਮੁੱਖ ਜ਼ੁੰਮੇਵਾਰ ਨਜ਼ਦੀਕੀ ਸ਼ਹਿਰ ਹਨ, ਜਿਹੜੇ 29.5% ਪ੍ਰਦੂਸ਼ਣ ਫੈਲਾਉਂਦੇ ਹਨ। ਇਸ 'ਚ ਟਰਾਂਸਪੋਰਟ 19.7%, ਰਿਹਾਇਸ਼ੀ ਉਤਸਰਜਣ 4.8%, ਬਾਹਰੀ ਉਦਯੋਗ 3.7%, ਉਸਾਰੀ ਅਧੀਨ ਕੰਮਾਂ ਦੀ ਧੂੜ 2.9% ਹੈ, ਜਦਕਿ ਅਜੇ ਵੀ 34.8% ਪ੍ਰਦੂਸ਼ਣ ਦਾ ਪਤਾ ਹੀ ਨਹੀਂ ਹੈ ਕਿ ਇਹ ਕਿੱਥੋਂ ਆਉਂਦਾ ਹੈ, ਪਰ ਮਿਥੀ ਸਕੀਮ ਤਹਿਤ, ਬਦਲਾਖੋਰੀ ਨਾਲ ਅਤੇ ਕਿਸਾਨਾਂ ਨੂੰ ਬਦਨਾਮ ਕਰਨ ਦੇ ਮਨਸ਼ੇ ਨਾਲ ਜਾਣ-ਬੁੱਝ ਕੇ ਪ੍ਰਦੂਸ਼ਣ ਦਾ ਸਾਰਾ ਦੋਸ਼ ਕਿਸਾਨਾਂ ਸਿਰ ਮੜ੍ਹ ਦਿੱਤਾ ਜਾਂਦਾ ਹੈ।

ਜਦੋਂ ਦਿੱਲੀ ਦੇ ਲੋਕ ਹਵਾ ਦੇ ਇਸ ਪ੍ਰਦੂਸ਼ਣ ਨਾਲ ਦੋ-ਚਾਰ ਹੋ ਰਹੇ ਸਨ ਤਾਂ ਅੱਕੇ ਲੋਕਾਂ ਨੇ ੧੦ ਨਵੰਬਰ ਨੂੰ ਇੱਕ ਵੱਡਾ ਮੁਜ਼ਾਹਰਾ ਕੀਤਾ ਸੀ। ਉਹਨਾਂ ਹੀ ਦਿਨਾਂ 'ਚ ਮੱਧ ਭਾਰਤ 'ਚ ਆਦਿਵਾਸੀਆਂ ਦੇ ਮਾਡਵੀ ਹਿਲਮਾ ਨਾਂਅ ਦੇ ਇੱਕ ਮਾਓਵਾਦੀ ਆਗੂ ਨੂੰ ਪੁਲਸੀ ਗੋਲੀਆਂ ਨਾਲ ਇੱਕ ਮੁਕਾਬਲੇ 'ਚ ਮਾਰਿਆ ਗਿਆ ਸੀ ਅਤੇ ਉਸ ਨੂੰ ਵੀ ਜਲ, ਜੰਗਲ, ਜ਼ਮੀਨ ਦੀ ਰਾਖੀ ਯਾਨੀ ਕਿ ਵਾਤਾਵਰਣ ਬਚਾਓ ਦੇ ਕਾਰਜ 'ਚ ਲੱਗਿਆ ਹੋਇਆ ਮੰਨ ਮੁਜ਼ਾਹਰਾਕਰੀਆਂ ਨੇ ਉਹਨੂੰ ਆਪਣਾ ਆਦਰਸ਼ ਮੰਨ ਉਹਦੇ ਨਾਂਅ ਦੇ ਨਾਅਰੇ ਵੀ ਉਸ ਦਿੱਲੀ ਮੁਜ਼ਾਹਰੇ 'ਚ ਲਾਏ ਸਨ। ਪੁਲਸ ਉਹਨਾਂ ਦੇ ਮਾਓਵਾਦੀਆਂ ਨਾਲ ਲਿੰਕਾਂ ਨੂੰ ਫਰੋਲਣ ਲੱਗ ਪਈ ਅਤੇ ਹਰੇਕ ਲੋਕ ਰੋਸ ਪ੍ਰਗਟਾਵੇ ਨੂੰ ਮਾਓਵਾਦੀਆਂ ਨਾਲ ਜੋੜਦਿਆਂ ਇਸ ਮੁਜ਼ਾਹਰੇ ਬਾਰੇ ਵੀ ਭਾਜਪਾ ਦੇ ਇੱਕ ਵੱਡੇ ਆਗੂ ਨੇ ਤਾਂ ਐਥੋਂ ਤੱਕ ਵੀ ਕਹਿ ਦਿੱਤਾ ਕਿ ਦਿੱਲੀ ਦੀ ਹਵਾ ਦੇ ਪ੍ਰਦੂਸ਼ਣ ਨਾਲੋਂ ਤਾਂ ਮਾਰਕਸ ਤੇ ਮਾਓ ਦਾ ਪ੍ਰਦੂਸ਼ਣ ਖਤਰਨਾਕ ਹੈ, ਜਿਹੜਾ ਇਹਨਾਂ ਦੇ ਦਿਮਾਗਾਂ 'ਚ ਭਰਿਆ ਹੋਇਆ ਹੈ।

ਕੇਂਦਰੀ ਹਕੂਮਤ ਆਪਣੀ ਜ਼ੁੰਮੇਵਾਰੀ ਤੋਂ ਭੱਜਦੀ ਕਹਿੰਦੀ ਦਿਖਾਈ ਦਿੱਤੀ ਕਿ ਦਿੱਲੀ ਦੇ ਪ੍ਰਦੂਸ਼ਣ ਨੂੰ ਕੌਮਾਂਤਰੀ ਮਾਪਦੰਡਾਂ ਨਾਲ ਨਹੀਂ ਮਾਪਿਆ ਜਾ ਸਕਦਾ। ਇਹਦੇ ਲਈ ਭਾਰਤ ਨੇ ਆਪਣੇ ਪੈਮਾਨੇ ਨਿਰਧਾਰਤ ਕੀਤੇ ਹੋਏ ਹਨ, ਪਰ ਭਾਰਤ ਨੇ ਉਹ ਕਿਹੜੇ ਪੈਮਾਨੇ ਨਿਰਧਾਰਤ ਕੀਤੇ ਹਨ ਅਤੇ ਉਹ ਕਿੰਨੇ ਕੁ ਆਲਮੀ ਪੈਮਾਨਿਆਂ ਨਾਲ ਮਿਲਦੇ ਹਨ, ਇਹ ਦੱਸਣ ਦੀ ਕੋਈ ਜ਼ਹਿਮਤ ਨਹੀਂ ਉਠਾਈ ਗਈ ਅਤੇ ਨਾਲ ਹੀ ਉਹ ਭਾਰਤੀ ਪੈਮਾਨੇ ਦਿੱਲੀ ਵਾਸੀਆਂ ਨੂੰ ਕੋਈ ਰਾਹਤ ਨਹੀਂ ਪਹੁੰਚਾ ਰਹੇ। ਜ਼ਿਕਰਯੋਗ ਹੈ ਕਿ ਕਾਫ਼ੀ ਮੁਸ਼ੱਕਤ ਬਾਅਦ ਦਿੱਲੀ ਪ੍ਰਦੂਸ਼ਣ ਦੇ ਮੁਜ਼ਾਹਰੇ ਦੇ 'ਦੋਸ਼ੀਆਂ' ਨੂੰ 9 ਦਸੰਬਰ ਨੂੰ ਜ਼ਮਾਨਤ ''ਤੇ ਰਿਹਾਅ ਕੀਤਾ ਗਿਆ।

ਜਿਵੇਂ ਕਿ ਉੱਪਰ ਜ਼ਿਕਰ ਕੀਤਾ ਜਾ ਚੁੱਕਾ ਹੈ ਕਿ ਆਪਣੀ ਰੋਜ਼ੀ-ਰੋਟੀ ਦੇ ਨਾਲ ਹੀ ਅੱਜ ਵਾਤਾਵਰਣ ਪ੍ਰਦੂਸ਼ਣ ਦਾ ਮੁੱਦਾ ਵੀ ਪਹਿਲ-ਪ੍ਰਿਥਮੇਂ ਕਾਰਜਾਂ 'ਚ ਆਪਣੀ ਥਾਂ ਬਣਾ ਚੁੱਕਿਆ ਹੈ। ਅੱਜ ਇਹ ਮੁੱਦਾ ਕੋਈ ਚੰਦ ਬੁੱਧੀਜੀਵੀਆਂ ਦੀ ਸੈਮੀਨਾਰਾਂ, ਮੀਟਿੰਗਾਂ ਅੰਦਰਲਾ ਚਰਚਾ ਦਾ ਨਾ ਰਹਿ ਕੇ ਆਮ ਲੋਕਾਈ ਦੇ ਸੰਘਰਸ਼ ਦਾ ਮੁੱਦਾ ਬਣ ਗਿਆ ਹੈ। ਲੋਕਾਂ ਨੂੰ ਇਸ ਮੁੱਦੇ 'ਤੇ ਆਪਣੀ ਸਮਝ ਵਿਕਸਤ ਕਰਨ ਅਤੇ ਇਹਦੇ 'ਤੇ ਘੋਲ ਕਰਨ ਤੋਂ ਬਿਨਾਂ ਸਰਦਾ ਨਹੀਂ। ਇਸੇ 'ਚੋਂ ਹੀ ਪੰਜਾਬ ਅੰਦਰ ਹੀ ਅਸੀਂ ਪਿਛਲੇ ਸਮੇਂ ਦੌਰਾਨ ਅਲੱਗ-ਅਲੱਗ ਥਾਵਾਂ 'ਤੇ ਅਜਿਹੇ ਮੁੱਦਿਆਂ 'ਤੇ ਸੰਘਰਸ਼ਾਂ ਨੂੰ ਦੇਖਿਆ ਹੈ। ਸਾਰੇ ਸੰਸਾਰ ਅੰਦਰ ਨਿਗਾਹ ਮਾਰਿਆਂ ਵੀ ਦੇਖਦੇ ਹਾਂ ਕਿ ਸਾਰੇ ਕਿਤੇ ਹੀ ਪ੍ਰਦੂਸ਼ਣ ਨੂੰ ਲੈ ਕੇ ਲੋਕ ਜਾਗਰੂਕ ਹੋ ਰਹੇ ਹਨ ਅਤੇ ਆਪਣੇ ਜਿਊਣ ਦੇ ਮੁੱਢਲੇ ਮਨੁੱਖੀ ਹੱਕ ਨੂੰ ਬਰਕਰਾਰ ਰੱਖਣ ਲਈ ਅਹੁਲ ਰਹੇ ਹਨ। ਸਾਡੇ ਨੇੜਲੇ ਗੁਆਂਢੀ ਸੂਬੇ ਰਾਜਸਥਾਨ ਅੰਦਰ ਟਿੱਬੀ ਕਸਬੇ ਅੰਦਰ ਇੱਕ ਈਥਾਨੋਲ ਪਲਾਂਟ ਦੀ ਉਸਾਰੀ ਨੂੰ ਲੈ ਕੇ ਵੀ ਇੱਕ ਤਕੜਾ ਸੰਘਰਸ਼ ਜਾਰੀ ਹੈ। ਅਜੇ ਪਿਛਲੇ ਹਫਤੇ ਹੀ ਪੁਲਸ ਨੇ ਆਪਣੇ ਅਜ਼ਮਾਏ ਹੋਏ ਲਾਠੀਚਾਰਜ ਤੇ ਗੋਲੀਬਾਰੀ ਦੇ ਸੰਦ ਨੂੰ ਵਰਤ ਕੇ ਕਰੀਬ ਡੇਢ ਸਾਲ ਤੋਂ ਚੱਲ ਰਹੇ ਇਸ ਘੋਲ ਨੂੰ ਖਿੰਡਾਉਣ ਦੀ ਕੋਸ਼ਿਸ਼ ਕੀਤੀ ਹੈ।

ਇੱਥੇ ਇਹ ਜ਼ਿਕਰ ਕਰਨਾ ਵੀ ਕੁਥਾਂ ਨਹੀਂ ਕਿ ਪ੍ਰਦੂਸ਼ਣ ਨੇਮਾਂ ਦੀ ਜ਼ਮੀਨੀ ਪੱਧਰ 'ਤੇ ਪਾਲਣਾ ਨੂੰ ਯਕੀਨੀ ਬਣਾਉਣ ਲਈ ਅਲੱਗ-ਅਲੱਗ ਸੂਬਿਆਂ ਅੰਦਰ ਸਥਾਪਤ ਕੀਤੇ ਗਏ ਪ੍ਰਦੂਸ਼ਣ ਕੰਟਰੋਲ ਬੋਰਡਾਂ ਅੰਦਰਲੇ ਵਿਗਿਆਨਕਾਂ, ਅਫਸਰਾਂ ਤੇ ਤਕਨੀਕੀ ਕਾਮਿਆਂ ਦੇ ਬਹੁਤ ਸਾਰੇ ਅਹੁਦੇ ਖਾਲੀ ਪਏ ਹਨ ਅਤੇ ਉਹ ਸਰਕਾਰ ਵੱਲੋਂ ਬਣਾਏ ਗਏ ਪ੍ਰਦੂਸ਼ਣ ਨੇਮਾਂ ਨੂੰ ਲਾਗੂ ਕਰਵਾਉਣ ਤੋਂ ਅਸਮਰੱਥ ਰਹਿ ਰਹੇ ਹਨ। ਇਕੱਲੀ ਇਹੀ ਨਹੀਂ ਬਲਕਿ ਜਿੱਥੇ ਕਿਤੇ ਅਜਿਹੇ ਅਹੁਦਿਆਂ 'ਤੇ ਅਧਿਕਾਰੀ ਤਾਇਨਾਤ ਵੀ ਹਨ, ਉੱਥੇ ਵੀ ਉਹ ਭ੍ਰਿਸ਼ਟਾਚਾਰ ਦੀ ਦਲਦਲ 'ਚ ਖੁੱਭੇ ਹੋਏ ਹਨ। ਬਹੁਤ ਥਾਵਾਂ 'ਤੇ ਉਹਨਾਂ ਦਾ ਰਵੱਈਆ ਬਹੁਤ ਹੀ ਨਿਰਾਸ਼ਾਜਨਕ ਹੁੰਦਾ ਹੈ। ਪਿੱਛੇ ਜਿਹੇ ਹੀ ਅਜਿਹੇ ਇੱਕ ਅਧਿਕਾਰੀ ਨੂੰ ਮਿਲ ਕੇ ਕਿਸੇ ਅਦਾਰੇ ਵੱਲੋਂ ਪ੍ਰਦੂਸ਼ਣ ਫੈਲਾਏ ਜਾਣ ਦੀ ਗੱਲ ਕੀਤੀ ਗਈ ਅਤੇ ਨੇਮਾਂ ਅਨੁਸਾਰ ਉੱਥੇ ਐਫਲੂਐਂਟ ਪਲਾਂਟ ਲਗਾਏ ਜਾਣ ਬਾਰੇ ਪੁੱਛਿਆ ਤਾਂ ਉਹਦਾ ਜੁਆਬ ਇਹ ਸੀ ਕਿ ਮਨਜ਼ੂਰੀ ਦੇਣ ਵਕਤ ਤਾਂ ਚਿਮਨੀ 'ਚੋਂ ਸਾਫ ਗੈਸਾਂ ਨਿਕਲ ਰਹੀਆਂ ਸਨ, ਹੁਣ ਸਾਨੂੰ ਪਤਾ ਨਹੀਂ ਕਿ ਹਾਲਾਤ ਕੀ ਹਨ, ਯਾਨੀ ਕਿ ਲਾਗੀਆਂ ਨੇ ਲਾਗ ਲੈਣਾ ਸੀ, ਲੈ ਲਿਆ, ਹੁਣ ਭਾਵੇਂ ਜਾਂਦੀ ਰੰਡੀ ਹੋ ਜਾਏ, ਵਾਲੀ ਕਹਾਵਤ ਦੀ ਇੰਨਬਿੰਨ 'ਪਾਲਣਾ' ਕੀਤੀ ਜਾ ਰਹੀ ਹੈ।

ਲੋਕਾਂ ਨੂੰ ਜਿਉਣ ਦੇ ਆਪਣੇ ਇਸ ਮੁੱਢਲੇ ਜਮਹੂਰੀ ਹੱਕ ਦੀ ਰਾਖੀ ਲਈ ਆਪਣਾ ਇਕੱਠ ਹੋਰ ਮਜ਼ਬੂਤ ਕਰਨਾ ਚਾਹੀਦਾ ਹੈ ਅਤੇ ਲੋਕ-ਪੱਖੀ ਤੇ ਇਨਸਾਫਪਸੰਦ ਸੰਗਠਨਾਂ ਨੂੰ ਵੀ ਵਾਤਾਵਰਣ ਪਲੀਤ ਦੇ ਮੁੱਦੇ ਨੂੰ ਆਪਣੇ ਪ੍ਰੋਗਰਾਮਾਂ 'ਚ ਸ਼ਾਮਲ ਕਰ ਲੈਣਾ ਚਾਹੀਦਾ ਹੈ।

**# ਸੰਪਰਕ : 94170-79720**

# ਲੋਕ-ਪੱਖੀ ਸਿੱਖਿਆ ਨੀਤੀ 2025 ਰਾਸ਼ਟਰੀ ਸਿੱਖਿਆ ਨੀਤੀ 2020 ਦਾ ਬਦਲ



ਐੱਮ ਐੱਸ ਭਾਟੀਆ

ਸਿੱਖਿਆ ਮੁੱਢ ਤੋਂ ਤਬਦੀਲੀ ਦਾ ਸਭ ਤੋਂ ਵੱਡਾ ਹਥਿਆਰ ਰਹੀ ਹੈ। ਸਿੱਖਿਆ ਅਗਿਆਨਤਾ ਦਾ ਹਨੇਰਾ ਦੂਰ ਕਰਨ ਵਾਲੀ, ਆਜ਼ਾਦੀ ਦੇ ਬੂਟੇ ਨੂੰ ਪਾਲ-ਪੋਸ ਕੇ ਵੱਡਾ ਕਰਨ ਵਾਲੀ ਅਤੇ ਜਮਹੂਰੀਅਤ ਦੀ ਬੁਨਿਆਦ ਉਸਾਰਨ ਵਾਲੀ ਤਾਕਤ ਹੈ। ਫਿਰ ਵੀ ਸਾਡੇ ਦੇਸ਼ ਦਾ ਇਹ ਥੰਮ੍ਹ ਅੱਜਕੱਲ੍ਹ ਘੋਰ ਖਤਰੇ ਵਿੱਚ ਹੈ। ਸੰਸਾਰ ਭਰ ਵਿੱਚ ਅਤੇ ਇਥੇ ਸਾਡੇ ਦੇਸ਼ ਵਿੱਚ ਵੀ ਸਿੱਖਿਆ ਨੂੰ ਗਰੀਬਾਂ ਤੋਂ ਖੋਹ ਕੇ ਮੁੱਠੀਭਰ ਅਮੀਰਾਂ ਦਾ ਵਿਸ਼ੇਸ਼ ਹੱਕ ਬਣਾ ਕੇ ਰੱਖ ਦਿੱਤਾ ਗਿਆ ਹੈ। ਕੇਂਦਰ ਦੀ ਮੋਦੀ ਸਰਕਾਰ ਵੱਲੋਂ ਲੋਕਾਂ ਵਿੱਚ ਵਿਚਾਰ-ਚਰਚਾ ਚਲਾਏ ਬਿਨਾਂ ਅਤੇ ਪਾਰਲੀਮੈਂਟ ਵਿੱਚ ਵਿਚਾਰ-ਵਟਾਂਦਰਾ ਕੀਤੇ ਬਿਨਾਂ ਰਾਸ਼ਟਰੀ ਸਿੱਖਿਆ ਨੀਤੀ 2020, ਕੋਵਿਡ-19 ਦੇ ਸੰਕਟ ਦੌਰਾਨ ਪ੍ਰੀ-ਸਕੂਲ ਤੋਂ ਯੂਨੀਵਰਸਿਟੀ ਤੱਕ ਥੋਪ ਦਿੱਤੀ ਗਈ, ਜਿਹੜੀ ਕਿ ਨਿੱਜੀਕਰਨ, ਵਪਾਰੀਕਰਨ, ਭਗਵਾਂਕਰਨ ਅਤੇ ਧਰੁਵੀਕਰਨ ਨੂੰ ਹੱਲਾਸ਼ੇਰੀ ਦਿੰਦੀ ਹੈ। ਪੂਰੇ ਜ਼ੋਰ ਨਾਲ ਸਿੱਖਿਆ ਬਜਟ 'ਤੇ ਲਾਏ ਕੱਟ ਜਨਤਕ ਸੰਸਥਾਵਾਂ ਨੂੰ ਬੰਦ ਕਰ ਰਹੇ ਹਨ, ਜਿਹੜੀਆਂ ਕਿ ਭਾਰਤ ਦੇ ਸਿੱਖਿਆ ਢਾਂਚੇ ਦੀ ਰੀੜ੍ਹ ਦੀ ਹੱਡੀ ਹਨ। ਮਾਂ ਬੋਲੀ ਅਤੇ ਅੰਗਰੇਜ਼ੀ, ਜਿਹੜੀਆਂ ਕਿ ਗਿਆਨ ਦੇ ਵਧਣ-ਫੁਲਣ ਦੀ ਜਿੰਦ-ਜਾਨ ਹਨ, ਨੂੰ ਗੁਪਤ ਢੰਗ ਨਾਲ ਅੰਦਰੋ-ਅੰਦਰ ਨਸ਼ਟ ਕੀਤਾ ਜਾ ਰਿਹਾ ਹੈ। ਰਾਸ਼ਟਰੀਅਤਾ ਦੇ ਨਾਂਅ 'ਤੇ ਵੰਡਪਾਊ, ਤਰਕਹੀਣ ਅਤੇ ਗੈਰ-ਵਿਗਿਆਨਕ ਤੱਤ ਸਿਲੇਬਸ ਵਿੱਚ ਭਰੇ ਜਾ ਰਹੇ ਹਨ, ਜਿਸ ਕਰਕੇ ਸਿੱਖਿਆ ਦੇ ਧਰਮ ਨਿਰਪੱਖ ਅਤੇ ਵਿਗਿਆਨਿਕ ਖਾਸੇ ਦੀ ਹੋਂਦ ਨੂੰ ਖਤਰਾ ਖੜ੍ਹਾ ਹੋ ਗਿਆ ਹੈ। ਅਜਿਹੀ ਸਥਿਤੀ ਵਿੱਚ ਆਲ ਇੰਡੀਆ ਸੇਵ ਐਜੂਕੇਸ਼ਨ ਕਮੇਟੀ ਨੇ ਹਾਅ ਦਾ ਨਾਅਰਾ ਮਾਰਿਆ ਹੈ ਅਤੇ ਲਗਾਤਾਰ ਅੱਗੇ ਵਧ ਰਹੀ ਹੈ। ਇਹ ਪਿਛਲੇ ਪੰਜਾਂ ਸਾਲਾਂ ਤੋਂ ਦੇਸ਼ ਪੱਧਰ ਦੀ ਲਹਿਰ ਦੀ ਉਸਾਰੀ ਕਰਨ ਵਿੱਚ ਜੁਟੀ ਹੋਈ ਹੈ, ਜਿਸ ਦੇ ਤਹਿਤ ਸੈਮੀਨਾਰ, ਕਨਵੈਨਸ਼ਨਾਂ, ਵਿਚਾਰ-ਚਰਚਾਵਾਂ, ਵਿਚਾਰ-ਵਟਾਂਦਰੇ, ਧਰਨੇ, ਰੈਲੀਆਂ ਆਦਿ ਜਥੇਬੰਦ ਕਰ ਰਹੀ ਹੈ। ਹਜ਼ਾਰਾਂ ਹੀ ਅਧਿਆਪਕਾਂ ਵਿਦਿਆਰਥੀਆਂ, ਮਾਪਿਆਂ ਤੇ ਅਕਾਦਮਿਕ ਖੇਤਰ ਦੇ ਲੋਕਾਂ ਨੇ ਇਸ ਕਾਰਜ ਵਿੱਚ ਹੱਥ ਵਟਾਉਣਾ ਸ਼ੁਰੂ ਕਰ ਦਿੱਤਾ ਹੈ। ਇਹਨਾਂ ਦੇ ਸਲਾਹ-ਮਸ਼ਵਰੇ ਤੋਂ ਬਾਅਦ ਹੀ ਇੱਕ ਲੋਕ- ਪੱਖੀ ਸਿੱਖਿਆ ਨੀਤੀ 2025 ਦਾ ਖਰੜਾ ਤਿਆਰ ਕੀਤਾ ਗਿਆ ਹੈ, ਜਿਹੜਾ ਕਿ ਵਿਗਿਆਨਕ, ਧਰਮ-ਨਿਰਪੱਖ, ਜਮਹੂਰੀ ਅਤੇ ਵਿਸ਼ਵ ਵਿਆਪੀ ਸਿੱਖਿਆ ਢਾਂਚੇ ਲਈ ਆਸ ਦੀ ਕਿਰਨ ਹੈ।

ਆਲ ਇੰਡੀਆ ਸੇਵ ਐਜੂਕੇਸ਼ਨ ਕਮੇਟੀ, ਜਿਸ ਵਿੱਚ ਦੇਸ਼ ਭਰ ਦੇ ਅਗਾਂਹ-ਵਧੂ ਲੋਕ, ਸਿੱਖਿਆ ਸ਼ਾਸਤਰੀ, ਵਿਗਿਆਨਕ ਸੋਚ ਰੱਖਣ ਵਾਲੇ ਅਤੇ ਬੁੱਧੀਜੀਵੀ ਸ਼ਾਮਿਲ ਹਨ, ਨੇ ਰਾਸ਼ਟਰੀ ਸਿੱਖਿਆ ਨੀਤੀ 2020 ਦੇ ਬਦਲ ਵਜੋਂ ਇੱਕ ਲੋਕ-ਪੱਖੀ ਸਿੱਖਿਆ ਨੀਤੀ 2025 ਦਾ ਖਰੜਾ ਜਾਰੀ ਕੀਤਾ ਹੈ, ਜਿਸ ਨੂੰ ਆਮ ਲੋਕਾਂ ਦੀ ਰਾਏ ਲਈ ਪ੍ਰਕਾਸ਼ਤ ਕੀਤਾ ਗਿਆ ਹੈ। ਇਸ ਸੰਬੰਧ ਵਿੱਚ ਇੱਕ ਇਤਿਹਾਸਕ ਪੀਪਲਜ਼ ਪਾਰਲੀਮੈਂਟ 24 ਜਨਵਰੀ ਨੂੰ ਅਪੈਕਸ ਆਡੀਟੋਰੀਅਮ, ਰਮੱਈਆ ਇੰਸਟੀਟਿਊਟ ਆਫ਼ ਟੈਕਨਾਲੋਜੀ, ਬੈਂਗਲੂਰੂ ਵਿਖੇ ਹੋ ਰਹੀ ਹੈ, ਜਿਸ ਵਿੱਚ ਇਸ ਖਰੜੇ ਨੂੰ ਅੰਤਮ ਰੂਪ ਦਿੱਤਾ ਜਾਵੇਗਾ। ਇੱਕ ਵਾਰੀ ਇਸ ਨੂੰ ਅਪਣਾਉਣ ਤੋਂ ਬਾਅਦ ਇਹ ਸਿੱਖਿਆ ਨੀਤੀ ਕੇਂਦਰ ਅਤੇ ਸੂਬਾ ਸਰਕਾਰਾਂ ਦੇ ਸਾਹਮਣੇ ਰੱਖੀ ਜਾਵੇਗੀ ਅਤੇ ਇਸ ਨੂੰ ਇੱਕ ਸਮੇਂ ਵੱਧ ਢੰਗ ਨਾਲ ਲਾਗੂ ਕਰਨ ਦੀ ਮੰਗ ਕੀਤੀ ਜਾਵੇਗੀ।

ਆਓ, ਜਾਣੀਏ ਕਿ ਕੀ ਹੈ ਇਹ ਨਵੀਂ ਲੋਕ-ਪੱਖੀ ਸਿੱਖਿਆ ਨੀਤੀ 2025 ਅਤੇ ਕੀ ਹਨ ਉਹ ਮੰਗਾਂ ਜਿਨ੍ਹਾਂ ਨੂੰ ਲੈ ਕੇ ਇਹ ਸੰਘਰਸ਼ ਕਰ ਰਹੇ ਹਨ:

*ਸਿੱਖਿਆ ਸਰਕਾਰ ਦੀ ਸ਼੍ਰੋਮਣੀ ਜਿੰਮੇਵਾਰੀ ਹੈ।

* ਕੇਂਦਰੀ ਬਜਟ ਦਾ10 %, ਜੀ ਡੀ ਪੀ ਦਾ 6% ਅਤੇ ਸੂਬਿਆਂ ਦੇ ਬਜਟ ਦਾ 25 ਘੱਟੋ-ਘੱਟ ਸਿੱਖਿਆ ਲਈ ਅਲਾਟ ਕੀਤਾ ਜਾਣਾ ਚਾਹੀਦਾ ਹੈ।

*ਸਿੱਖਿਆ ਦੇ ਖੇਤਰ ਵਿੱਚ ਵਪਾਰੀਕਰਨ, ਧਰੁਵੀਕਰਨ, ਭਗਵਾਂਕਰਨ, ਕੇਂਦਰੀਕਰਨ ਅਤੇ ਭੇਦਭਾਵੀਕਰਨ ਬੰਦ ਹੋਣਾ ਚਾਹੀਦਾ ਹੈ। ਦੋ ਭਾਸ਼ੀ ਫਾਰਮੂਲਾ ਭਾਵ ਮਾਂ ਬੋਲੀ ਅਤੇ ਅੰਗਰੇਜ਼ੀ 'ਤੇ ਧਿਆਨ ਕੇਂਦਰਤ ਕੀਤਾ ਜਾਣਾ ਚਾਹੀਦਾ ਹੈ।

*ਹਰੇਕ ਬੱਚਾ ਭਾਵੇਂ ਕਿਸੇ ਵੀ ਪਿਛੋਕੜ ਵਿੱਚੋਂ ਆਇਆ ਹੋਵੇ, ਲਈ ਸਿੱਖਿਆ ਵਾਸਤੇ ਬਰਾਬਰ ਅਤੇ ਵਿਸ਼ਵ-ਵਿਆਪੀ ਪਹੁੰਚ ਹੋਣੀ ਚਾਹੀਦੀ ਹੈ।

*ਧਰਮ ਨਿਰਪੱਖ, ਵਿਗਿਆਨਕ ਅਤੇ ਜਮਹੂਰੀ ਸਿੱਖਿਆ ਸਭ ਨੂੰ ਮੁਹੱਈਆ ਕੀਤੀ ਜਾਣੀ ਚਾਹੀਦੀ ਹੈ। ਰਾਸ਼ਟਰੀ ਸਿੱਖਿਆ ਨੀਤੀ 2020, ਜੋ ਲੋਕਾਂ 'ਤੇ ਥੋਪੀ ਗਈ ਸੀ, ਦੇ ਉਲਟ ਲੋਕ-ਪੱਖੀ ਸਿੱਖਿਆ ਨੀਤੀ 2025 ਨੂੰ ਉਸਾਰਨ ਲਈ ਲੋਕਾਂ ਵੱਲੋਂ ਯੋਗਦਾਨ ਪਾਇਆ ਜਾ ਰਿਹਾ ਹੈ। 22 ਮਈ 2025 ਨੂੰ ਲੋਕਾਂ ਦੇ ਸੁਝਾਵਾਂ ਲਈ ਖਰੜਾ ਜਾਰੀ ਕਰ ਦਿੱਤਾ ਗਿਆ ਸੀ। ਹੁਣ ਇਸ ਸੰਬੰਧ ਵਿੱਚ 24 ਜਨਵਰੀ ਨੂੰ ਬੈਂਗਲੂਰੂ ਵਿਖੇ ਲੋਕਾਂ ਦੀ ਅਹਿਮ ਪਾਰਲੀਮੈਂਟ ਵਿੱਚ ਇਸ ਨੂੰ ਅੰਤਮ ਰੂਪ ਦਿੱਤਾ ਜਾਵੇਗਾ। ਇੱਕ ਵਾਰੀ ਇਸ ਨੂੰ ਅਪਣਾਉਣ ਤੋਂ ਬਾਅਦ ਅਪਣਾਈ ਜਾਵੇਗੀ ਅਤੇ ਇਸ ਨੂੰ ਇੱਕ ਸਮੇਂ ਵੱਧ ਢੰਗ ਨਾਲ ਲਾਗੂ ਕਰਨ ਦੀ ਮੰਗ ਕੀਤੀ ਜਾਵੇਗੀ।

ਹੁਣ ਜੂਝਣ ਦੀ ਘੜੀ ਆ ਗਈ ਹੈ। ਇਕ ਉਹ ਵੀ ਵੇਲਾ ਸੀ, ਜਦੋਂ ਸਿੱਖਿਆ ਨੇ ਮਾਨਵਤਾ ਨੂੰ ਬਚਾਇਆ ਸੀ। ਅੱਜ ਉਹ ਘੜੀ ਆ ਗਈ ਹੈ, ਜਦੋਂ ਅਸੀਂ ਇਕੱਠੇ ਹੋ ਕੇ ਸਿੱਖਿਆ ਨੂੰ ਬਚਾਉਣਾ ਹੈ।

**# ਸੰਪਰਕ : +91 99884-91002**

# ...ਤੇ ਵੈਨੇਜ਼ੁਏਲਾ ਫਿਰ ਹੜੱਪ ਲਿਆ ਗਿਆ

**ਨਰਿੰਦਰ**

ਆਖਰ ਕਈ ਮਹੀਨਿਆਂ ਦੀ ਘੇਰਾਬੰਦੀ ਤੋਂ ਪਿੱਛੋਂ 3 ਜਨਵਰੀ 2026 ਨੂੰ ਸੰਸਾਰ ਦੇ ਗੁੰਡਿਆਂ ਦੇ ਸਰਦਾਰ-ਅਮਰੀਕਾ ਨੇ ਵੈਨੇਜ਼ੁਏਲਾ 'ਤੇ ਸਿੱਧਾ ਫੌਜੀ ਹਮਲਾ ਕਰਕੇ ਉਸ ਦੇਸ਼ ਦੇ ਰਾਸ਼ਟਰਪਤੀ ਨਿਕੋਲਸ ਮਾਦੁਰੋ ਅਤੇ ਉਹਦੀ ਪਤਨੀ ਨੂੰ ਅਮਰੀਕੀ ਫੌਜ ਚੁੱਕ ਕੇ ਆਪਣੇ ਦੇਸ਼ ਲੈ ਗਈ। ਜਿੱਥੇ ਅਗਲੇ ਹਫ਼ਤੇ ਉਹਨੂੰ ਫੈਡਰਲ ਕੋਰਟ ਵਿੱਚ ਪੇਸ਼ ਕੀਤਾ ਜਾਵੇਗਾ। ਇਸ ਹਮਲੇ ਵਿੱਚ ਵੈਨੇਜ਼ੁਏਲਾ ਦੇ 40 ਨਾਗਰਿਕ ਅਤੇ ਫੌਜੀ ਅਧਿਕਾਰੀਆਂ ਨੂੰ ਅਮਰੀਕੀ ਫੌਜ ਨੇ ਕਤਲ ਕਰ ਦਿੱਤਾ। ਇਹ ਅਪਰਾਧ ਕੌਮਾਂਤਰੀ ਕਾਨੂੰਨਾਂ ਅਤੇ ਸੰਯੁਕਤ ਰਾਸ਼ਟਰ ਦੇ ਚਾਰਟਰ 1945 ਦੀ ਖੁੱਲ੍ਹੀ ਉਲੰਘਣਾ ਹੈ। ਇਹ ਕੋਈ ਸਾਧਾਰਨ ਘਟਨਾ ਨਹੀਂ। ਕਿਸੇ ਦੇਸ਼ ਦੀ ਆਜ਼ਾਦੀ ਅਤੇ ਪ੍ਰਭੂਸੱਤਾ ਘਾਤਕ ਹਮਲਾ ਹੈ। ਜਦੋਂ ਇੱਕ ਦੇਸ਼ ਦੇ ਆਪਣੇ ਹੀ ਰਾਸ਼ਟਰਪਤੀ ਨੂੰ ਉਹਦੇ ਬੈੱਡ ਰੂਮ ਵਿੱਚੋਂ ਉਹਦੀ ਪਤਨੀ ਸਮੇਤ ਚੁੱਕ ਕੇ ਦੂਸਰੇ ਦੇਸ਼ ਲਿਜਾਇਆ ਜਾ ਰਿਹਾ ਹੋਵੇ ਤਾਂ ਕੌਮਾਂਤਰੀ ਕਾਨੂੰਨਾਂ ਤੇ ਨਿਯਮਾਂ ਨੇ ਕੀ ਅੱਖਾਂ 'ਤੇ ਪੱਟੀ ਬੰਨ੍ਹ ਲਈ ਹੈ, ਉਸ ਸੰਯੁਕਤ ਰਾਸ਼ਟਰ ਸੰਘ ਦੀ ਕੀ ਹੋਂਦ ਰਹਿ ਗਈ ਹੈ।

ਜਿਹੜਾ ਗੁਣਗਾਨ ਸੰਯੁਕਤ ਰਾਜ ਅਮਰੀਕਾ ਪਿਛਲੀ ਸਦੀ ਤੋਂ ਕਰਦਾ ਆ ਰਿਹਾ ਹੈ-ਕਾਨੂੰਨ ਦਾ ਰਾਜ (Rule Of law), ਮਨੁੱਖਤਾ ਦੇ ਅਧਿਕਾਰ (Human Rights), ਵਿਸ਼ਵੀ ਨਿਆਂ (Global Justice) (3 ਜਨਵਰੀ 2026) ਉਹ ਲਫ਼ਜ਼ੀ ਦੇ ਪਿੱਛੇ ਛੁਪੇ ਅਰਥ ਸਮਝ ਆ ਰਹੇ ਹਨ। ਅੱਜ ਖੁਦ ਇਹ ਅਮਰੀਕਾ ਕੌਮਾਂਤਰੀ ਸੰਸਥਾਵਾਂ ਤੇ ਨਿਯਮਾਂ ਨੂੰ ਛਿੱਕੇ ਟੰਗ ਕੇ ਖੁਦ ਹੀ ਜੱਜ, ਜਿਊਰੀ ਅਤੇ ਜਲਾਦ ਬਣ ਕੇ ਸਾਹਮਣੇ ਆਇਆ ਹੈ। ਜੇ ਰਾਸ਼ਟਰਪਤੀ ਨਿਕੋਲਸ ਮਾਦੁਰੋ-ਸੱਚੀਉਂ ਹੀ ਨਸ਼ਾ ਤਸਕਰੀ ਵਰਗੇ ਅਪਰਾਧ ਕੀਤੇ ਹਨ, ਜਿਸ ਦਾ ਦਾਅਵਾ ਅਮਰੀਕਾ ਅਤੇ ਟਰੰਪ ਕਰ ਰਿਹਾ ਹੈ, ਤਾਂ ਵੀ ਇਹ ਮਾਮਲਾ ਕੌਮਾਂਤਰੀ ਕਰੀਮੀਨਲ ਕੋਰਟ (International Crimimal Court) ਵਿੱਚ ਜਾਣਾ ਚਾਹੀਦਾ ਸੀ।

### ਇਹ ਹਮਲਾ ਪਹਿਲਾ ਨਹੀਂ

ਦਰਅਸਲ ਇਹ ਹਮਲੇ ਵੈਨੇਜ਼ੁਏਲਾ 'ਤੇ 2001 ਤੋਂ ਜਾਰੀ ਸਨ। ਜਦੋਂ ਤੋਂ ਉਸ ਦੇ ਰਾਸ਼ਟਰਪਤੀ ਹਿਊਗੋ ਚਾਵੇਜ ਦੀ ਅਗਵਾਈ ਵਾਲੀ ਸਰਕਾਰ ਸੀ ਅਤੇ ਜਿਸ ਨੇ ਬੋਲਵੇਰੀਅਨ ਸੰਵਿਧਾਨ ਵਿੱਚ (1999) 'ਚ ਦੇਸ਼ ਦੀ ਪ੍ਰਭੂਸੱਤਾ ਕਾਇਮ ਰੱਖਦਿਆਂ ਕੁਝ ਅਜਿਹੇ ਫੈਸਲੇ ਲਏ ਸਨ, ਜਿਨ੍ਹਾਂ ਨਾਲ ਸਾਮਰਾਜੀ ਚੌਧਰ ਦਾ ਮੁਖੀ ਸਭ ਤੋਂ ਵੱਧ ਪ੍ਰਭਾਵਿਤ ਹੋਇਆ ਸੀ। ਉਦੋਂ ਤੋਂ ਹੀ ਅਮਰੀਕਾ ਵੈਨੇਜ਼ੁਏਲਾ ਦੇ ਪਿੱਛੇ ਪਿਆ ਹੋਇਆ ਸੀ, 2001 ਵਿੱਚ ਅਮਰੀਕੀ ਦਾਤਾ (ਸਰਕਾਰਾਂ ਉਲਟਾਉਣ ਵਿੱਚ ਭੂਮਿਕਾ ਨਿਭਾਉਣ ਵਾਲੀਆਂ) ਏਜੰਸੀਆਂ ਨੇ ਉਨ੍ਹਾਂ ਸੰਗਠਨਾਂ ਨੂੰ ਵਿੱਤੀ ਪੋਸ਼ਨ ਦੇਣਾ ਸ਼ੁਰੂ ਕਰ ਦਿੱਤਾ ਸੀ, ਜਿਹੜੀਆਂ ਦੇਸ਼ ਵਿੱਚ ਅਸ਼ਾਂਤੀ ਫੈਲਾਉਣ 'ਚ ਭੂਮਿਕਾ ਨਿਭਾਅ ਰਹੀਆਂ ਸਨ। ਜਿਨ੍ਹਾ ਵਿੱਚ ਨੈਸ਼ਨਲ ਐਂਡੋਮੈਂਟ ਫਾਰ ਡੈਮੋਕਰੇਸੀ ਅਤੇ 2002 ਵਿੱਚ ਤਖਤ ਪਲਟਣ ਦੀਆਂ ਕੋਸ਼ਿਸ਼ਾਂ ਵੀ ਹੋਈਆਂ। 2003-04 ਵਿੱਚ ਰਾਸ਼ਟਰਪਤੀ ਚਾਵੇਜ਼ ਨੂੰ ਲਾਹੁਣ ਲਈ, ਮਾਰੀਆ, ਕੋਰੋਨਾ ਮਚਾਂਡੋ ਨੂੰ ਫੰਡ ਅਤੇ ਰਾਜਨੀਤਕ ਦਿਸ਼ਾ-ਨਿਰਦੇਸ਼ ਵੀ ਅਮਰੀਕਾ ਨੇ ਦਿੱਤੇ। 2004 ਵਿੱਚ ਚਾਵੇਜ਼ ਦੀ ਸਰਕਾਰ ਅਤੇ ਉਸ ਨੂੰ ਬਦਨਾਮ ਕਰਨ ਲਈ ਪੰਜ ਨੁਕਾਤੀ ਰਣਨੀਤੀ ਵੀ ਅਮਰੀਕਾ ਨੇ ਹੀ ਬਣਾਈ ਸੀ।

2015 ਵਿੱਚ ਜਦੋਂ ਅਮਰੀਕਾ ਦੀ ਰਾਸ਼ਟਰਪਤੀ ਬਰਾਕ ਉਬਾਮਾ ਸੀ ਤਾਂ ਉਨ੍ਹਾਂ ਨੇ ਵੈਨੇਜ਼ੁਏਲਾ ਨੂੰ 'ਅਸਾਧਾਰਨ ਖਤਰਾ' ਐਲਾਨਕੇ ਉਸ 'ਤੇ ਕਈ ਪਾਬੰਦੀਆਂ ਲਾਈਆਂ ਸਨ। 2017 ਵਿੱਚ ਵੈਨੇਜ਼ੁਏਲਾ ਦਾ ਅਮਰੀਕੀ ਵਿੱਤੀ ਬਾਜ਼ਾਰ ਵਿੱਚ ਦਾਖ਼ਲਾ ਬੰਦ ਕਰ ਦਿੱਤਾ ਗਿਆ ਸੀ। 2018 ਵਿੱਚ ਕੌਮਾਂਤਰੀ ਬੈਂਕਾਂ ਅਤੇ ਸ਼ਿਪਿੰਗ ਕੰਪਨੀਆਂ ਨੂੰ ਅਮਰੀਕੀ ਰੋਕਾਂ ਦੀ ਪਾਲਣਾ ਕਰਨ ਲਈ ਨਿਰਦੇਸ਼ ਦਿੱਤੇ ਗਏ ਸਨ। ਇਸ 'ਤੇ ਕਾਰਵਾਈ ਕਰਦਿਆਂ ਬੈਂਕ ਆਫ਼ ਇੰਗਲੈਂਡ ਨੇ ਦੇ ਕੇਂਦਰੀ ਬੈਂਕ ਦੇ ਸੋਨੇ ਦੇ ਸਾਰੇ ਭੰਡਾਰ ਜ਼ਬਤ ਕਰ ਲਏ ਸਨ। 2019 ਵਿੱਚ ਜੁਆਨ ਗੁਆਈਦੋ ਨੂੰ ਅਮਰੀਕਾ ਵੱਲੋਂ ਪ੍ਰਮਾਣਿਤ ਰਾਸ਼ਟਰਪਤੀ ਐਲਾਨ ਕੇ ਵਿਦਰੋਹ ਕਰਨ ਦੀ ਅਸਫ਼ਲ ਕੋਸ਼ਿਸ਼ ਕੀਤੀ ਅਤੇ ਨਾਲ ਹੀ ਵੈਨੇਜ਼ੁਏਲਾ ਦੀਆਂ ਤੇਲ ਵੇਚਣ ਦੀ ਸਮਰੱਥਾ ਨੂੰ ਫਰੀਜ਼ ਕਰਨ ਅਤੇ ਵਿਦੇਸ਼ਾਂ ਵਿੱਚ ਉਹਦੀਆਂ ਤੇਲ ਸੰਪਤੀਆਂ ਨੂੰ ਬੰਦ ਕਰਨ ਦੇ ਆਦੇਸ਼ ਵੀ ਦਿੱਤੇ। 2020 ਵਿੱਚ ਉਪਰੇਸ਼ਨ ਗਿਦੋਨ ਰਾਹੀਂ ਰਾਸ਼ਟਰਪਤੀ ਮਾਦੁਰੋ ਨੂੰ ਅਗਵਾ ਕਰਨ ਅਤੇ ਉਹਦੀ ਗ੍ਰਿਫ਼ਤਾਰੀ ਲਈ ਇਨਾਮ ਵੀ ਰੱਖਿਆ। ਯਾਦ ਹੋਵੇਗਾ ਇਹ ਉਹੀ ਦੌਰ ਸੀ, ਜਦੋਂ ਕੋਰੋਨਾ ਮਹਾਂਮਾਰੀ ਛਾਈ ਹੋਈ ਸੀ ਅਤੇ ਅਮਰੀਕਾ ਵੈਨੇਜ਼ੁਏਲਾ 'ਤੇ ਕੌਮਾਂਤਰੀ ਮੁਦਰਾ ਕੋਸ਼ ਤੇ ਹੋਰ ਢੰਗਾਂ ਰਾਹੀਂ ਦਬਾਅ ਵਧਾ ਰਿਹਾ ਸੀ।

2025 ਵਿੱਚ ਨੋਬਲ ਇਨਾਮ ਕਮੇਟੀ ਨੇ ਇਹ ਸੁਝਾਅ ਭੇਜਿਆ ਕਿ ਮਾਦੁਰੋ ਨੂੰ ਰਾਸ਼ਟਰਪਤੀ ਦਾ ਅਹੁਦਾ ਤਿਆਗ ਦੇਣਾ ਚਾਹੀਦਾ ਹੈ ਅਤੇ ਇਸ ਦੇ ਬਦਲੇ ਮਾਰੀਆ ਕੋਰਿਨਾ ਮਚਾਂਡੋ ਨੂੰ ਨੋਬਲ ਸ਼ਾਂਤੀ ਪੁਰਸਕਾਰ ਤੋਹਫ਼ੇ ਵਿੱਚ ਦਿੱਤਾ ਜਾਵੇਗਾ। ਸੋ ਤਿੰਨ ਜਨਵਰੀ 2026 ਨੂੰ ਜੋ ਕੁਝ ਵਾਪਰਿਆ, ਇਹ ਉਸੇ ਲੜੀ ਦਾ ਹਿੱਸਾ ਹੈ।

### ਅਮਰੀਕਾ ਵੈਨੇਜ਼ੁਏਲਾ ਤੋਂ ਐਨਾ ਖਫ਼ਾ ਕਿਉਂ ਹੈ?

ਇਸ ਲਈ ਚਾਰ ਮਹੀਨੇ ਪਹਿਲਾਂ, ਅਮਰੀਕੀ ਹੋਮਲੈਂਡ ਸਿਕਿਉਰਟੀ ਸਲਾਹਕਾਰ ਸਟੀਫ਼ਨ ਮਿਲਰ ਦੇ ਕਹੇ ਸ਼ਬਦਾਂ ਨੂੰ ਸਾਂਝਾ ਕਰ ਲਈਏ, ਜਿਸ 'ਚ ਉਹਨੇ ਇਹ ਕਿਹਾ ਸੀ, "ਅਮਰੀਕਾ ਦੇ ਖੂਨ-ਪਸੀਨੇ, ਬੁੱਧੀ ਅਤੇ ਮਿਹਨਤ ਨੇ ਵੈਨੇਜ਼ੁਏਲਾ ਵਿੱਚ ਤੇਲ ਉਦਯੋਗ ਬਣਾਇਆ ਸੀ, ਉਸ ਉਤੇ ਤਾਨਾਸ਼ਾਹ ਜ਼ਬਤੀ ਅਮਰੀਕੀ ਸੰਪਤੀ ਦੀ ਦਰਜ ਸਭ ਤੋਂ ਵੱਡੀ ਚੋਰੀ ਹੈ।" ਅਮਰੀਕਾ ਲਾਤੀਨੀ ਅਮਰੀਕਾ ਇਸ ਦੇਸ਼ ਦੇ ਤੇਲ ਭੰਡਾਰਾਂ ਨੂੰ ਆਪਣੀ ਸੰਪਤੀ ਸਮਝਦਾ ਹੈ। ਵੈਨੇਜ਼ੁਏਲਾ ਵਿੱਚ ਦੁਨੀਆ ਨਾਲੋਂ ਸਭ ਤੋਂ ਵੱਧ ਤੇਲ ਦੇ ਭੰਡਾਰ ਹਨ। 3.12 ਕਰੋੜ ਦੀ ਆਬਾਦੀ ਵਾਲੇ ਵੈਨੇਜ਼ੁਏਲਾ ਦੀ ਧਰਤੀ ਹੇਠ ਤੇਲ, ਕੁਦਰਤੀ ਗੈਸ, ਸੋਨਾ, ਲੋਹਾ, ਬਾਕਸਾਈਟ, ਹੀਰੇ ਆਦਿ ਖਣਿਜ ਪਦਾਰਥ ਹਨ।

ਵੈਨੇਜ਼ੁਏਲਾ ਦੀ ਧਰਤੀ ਹੇਠ 303 ਬਿਲੀਅਨ ਬੈਰਲ ਤੇਲ ਦਾ ਭੰਡਾਰ ਹੈ, ਜਦੋਂ ਕਿ ਸਾਊਦੀ ਅਰਬ ਕੋਲ 267 ਬਿਲੀਅਨ ਬੈਰਲ, ਇਰਾਨ ਕੋਲ 209, ਕੈਨੇਡਾ ਕੋਲ 163, ਇਰਾਕ ਕੋਲ 145, ਯੂ ਏ ਈ ਕੋਲ 113, ਕੁਵੈਤ ਕੋਲ 102, ਰੂਸ ਕੋਲ 80, ਅਮਰੀਕਾ ਕੋਲ 74 ਬਿਲੀਅਨ ਬੈਰਲ, ਲਿਬੀਆ ਕੋਲ 48 ਬਿਲੀਆਨ ਬੈਰਲ। ਦਰਅਸਲ ਦੁਨੀਆ ਦੀ ਸਭ ਤੋਂ ਵੱਧ ਤੇਲ ਸੰਪਤੀ ਦੇ ਮਾਲਕ ਵੈਨੇਜ਼ੁਏਲਾ ਦੀ ਤੇਲ ਸਨਅਤ ਉਸਾਰਨ ਵਿੱਚ ਅਮਰੀਕੀ ਕੰਪਨੀਆਂ ਦੀ ਭੂਮਿਕਾ ਰਹੀ ਹੈ। ਇਹ ਟਕਰਾਅ ਉਦੋਂ ਸ਼ੁਰੂ ਹੋਇਆ, ਜਦੋਂ ਹਿਊਗੋ ਚਾਵੇਜ਼ ਰਾਸ਼ਟਰਪਤੀ ਬਣੇ, ਜਿਹੜੇ ਸਮਾਜਵਾਦੀ ਵਿਚਾਰਾਂ ਦੇ ਸਨ ਅਤੇ ਸਾਮਰਾਜਵਾਦੀ ਨੀਤੀਆਂ ਦੇ ਵਿਰੋਧੀ ਸਨ। ਉਨ੍ਹਾਂ 1999 ਵਿੱਚ ਦੇਸ਼ ਦਾ ਨਵਾਂ ਸੰਵਿਧਾਨ ਬਣਾਇਆ ਅਤੇ ਜਿਹੜੀ ਆਰਥਿਕ ਤੇ ਵਿਦੇਸ਼ ਨੀਤੀ ਬਣਾਈ, ਉਹ ਅਮਰੀਕਾ ਨੂੰ ਕਦੇ ਰਾਸ ਨਹੀਂ ਆਈ। ਜਿਸ ਕਰਕੇ ਉਹ ਵੈਨੇਜ਼ੁਏਲਾ ਨੂੰ ਹੜੱਪਣ ਦੀ ਹਰ ਕੋਸ਼ਿਸ਼ ਕਰਦੇ ਰਹੇ। ਚਾਵੇਜ਼ ਨੇ ਤਾਂ ਯੂ ਐੱਨ ਓ ਦੇ ਇੱਕ ਭਾਸ਼ਨ ਵਿੱਚ ਜਾਰਜ ਬੁੱਸ਼ ਨੂੰ ਸ਼ੈਤਾਨ ਤੱਕ ਕਹਿ ਦਿੱਤਾ ਸੀ।

### ਸਿਰਫ਼ ਤੇਲ ਹੀ ਨਹੀਂ, ਸਵਾਲ ਡਾਲਰ ਦੀ ਸਰਦਾਰੀ ਦਾ ਵੀ

ਵੈਨੇਜ਼ੁਏਲਾ ਆਪਣਾ ਤੇਲ 2018 ਤੋਂ, ਯੂਆਨ (ਚੀਨੀ ਕਰੰਸੀ) ਯੂਰੋ ਅਤੇ ਰੂਬਲ ਦੀ ਮੁਦਰਾ ਲੈ ਕੇ ਵੇਚ ਰਿਹਾ ਹੈ, ਜਦੋਂ ਕਿ ਮੰਡੀ ਵਿੱਚ ਸਰਦਾਰੀ ਅਮਰੀਕੀ ਡਾਲਰ ਦੀ ਚਲੀ ਆ ਰਹੀ ਸੀ। ਉਹਨੇ ਬ੍ਰਿਕਸ (Brics) 'ਚ ਸ਼ਾਮਲ ਹੋਣ ਦੀ ਬੇਨਤੀ ਵੀ ਕੀਤੀ ਹੈ ਅਤੇ ਉਹਦੇ ਤੇਲ ਦਾ ਖ਼ਰੀਦਦਾਰ ਵਿਸ਼ੇਸ਼ ਕਰਕੇ ਚੀਨ ਹੈ।

ਅਮਰੀਕਾ ਲਈ 2018 ਤੋਂ ਪਿੱਛੋਂ ਵੱਡੀ ਸੱਟ ਉਹਦੇ ਡਾਲਰ ਦੀ ਕੀਮਤ ਕੌਮਾਂਤਰੀ ਮੰਡੀ ਵਿੱਚ ਘਟਣਾ ਹੈ। ਅਮਰੀਕੀ ਅਰਥ ਵਿਵਸਥਾ ਟਿਕੀ ਹੀ ਡਾਲਰ ਉੱਤੇ ਹੈ। ਯਾਦ ਹੋਵੇਗਾ 1974 'ਚ ਹੈਨਰੀ ਕਸਿੰਜਰ ਨੇ ਸਾਊਦੀ ਅਰਬ ਨਾਲ ਜੋ ਸਮਝੌਤਾ ਕੀਤਾ ਸੀ ਤੇ ਜਿਹੜਾ ਫਿਰ ਦੁਨੀਆ 'ਚ ਲਾਗੂ ਹੋਇਆ ਸੀ ਕਿ ਦੁਨੀਆ ਭਰ ਵਿੱਚ ਵਿਕਣ ਵਾਲਾ ਸਾਰਾ ਤੇਲ ਅਮਰੀਕੀ ਡਾਲਰ ਨਾਲ ਹੀ ਵਿਕੇਗਾ ਅਤੇ ਇਸ ਦੇ ਬਦਲ ਵਿੱਚ ਅਮਰੀਕਾ ਇਨ੍ਹਾਂ ਦੇਸ਼ਾਂ ਨੂੰ ਫੌਜੀ ਸੁਰੱਖਿਆ ਮੁਹੱਈਆ ਕਰੇਗਾ। ਇਸ ਸਮਝੌਤੇ ਨੇ ਡਾਲਰ ਦੀ ਮੰਗ ਵਧਾ ਦਿੱਤੀ ਅਤੇ ਫਿਰ ਅਮਰੀਕੀ ਬੈਂਕਾਂ ਨੇ ਧੜਾਧੜ ਡਾਲਰ ਛਾਪਣੇ ਸ਼ੁਰੂ ਕਰ ਦਿੱਤੇ ਕਿ ਕਿਉਂਕਿ ਹਰ ਦੇਸ਼ ਨੂੰ ਤੇਲ ਖ਼ਰੀਦਣ ਲਈ ਡਾਲਰ ਦੀ ਲੋੜ ਸੀ। ਇਸ ਪਿੱਛੋਂ ਹੀ ਕੌਮਾਂਤਰੀ ਆਰਥਿਕ ਮਾਹਰਾਂ ਨੇ ਅਮਰੀਕੀ ਡਾਲਰ ਨੂੰ ਪੈਟਰੋ ਡਾਲਰ ਦਾ ਨਾਮਕਰਨ ਦੇਣਾ ਸ਼ੁਰੂ ਕਰ ਦਿੱਤਾ ਸੀ। ਇਸ ਤੋਂ ਪਹਿਲਾਂ ਪੌਂਡ ਤੇ ਸੋਨੇ ਦੀ ਸਰਦਾਰੀ ਸੀ। ਪੈਟਰੋ ਡਾਲਰ ਦਾ ਰੁਤਬਾ ਮਿਲਣ ਉਤੇ ਅਮਰੀਕਾ ਨੂੰ ਬੇਅਥਾਹ ਮੁਨਾਫ਼ੇ ਹੋਏ, ਇਸ ਰਾਸ਼ੀ ਨਾਲ ਹੀ ਉਹਨੇ ਆਪਣੇ ਫੌਜੀ ਫੰਡਾਂ ਨੂੰ ਵਧਾ ਕੇ ਫੌਜ ਨੂੰ ਆਧੁਨਿਕ ਰੂਪ ਦਿੱਤਾ ਤੇ ਨਾਲ ਹੀ ਇਕ ਕਲਿਆਣਕਾਰੀ ਰਾਜ ਵੀ ਬਣ ਗਿਆ। ਵੈਨੇਜ਼ੁਏਲਾ ਦਾ ਚੀਨ ਦੀ ਮੁਦਰਾ ਯੂਆਨ ਨਾਲ ਭੁਗਤਾਨ ਦਾ ਸਿੱਧਾ ਚੈਨਲ ਬਣਨਾ ਅਮਰੀਕਾ ਲਈ ਗਲੇ ਦੀ ਹੱਡੀ ਸੀ ਤੇ ਹੈ। ਇਹ ਵੈਨੇਜ਼ੁਏਲਾ ਹੀ ਨਹੀਂ, ਯਾਦ ਹੋਵੇਗਾ 2000 ਵਿੱਚ ਸੱਦਾਮ ਹੁਸੈਨ ਨੇ ਵੀ ਇਹੋ ਫੈਸਲਾ ਲਿਆ ਸੀ ਕਿ ਉਹ ਤੇਲ ਡਾਲਰ ਨਾਲ ਨਹੀਂ, ਇਰਾਕੀ ਤੇਲ ਯੂਰੋ ਨਾਲ ਵੇਚੇਗਾ। 2003 ਵਿੱਚ ਇਰਾਕ ਉੱਤੇ ਹਮਲੇ ਤੇ ਸੱਦਾਮ ਹੁਸੈਨ ਦੀ ਫਾਂਸੀ ਪਿੱਛੋਂ ਇਰਾਕੀ ਤੇਲ ਵੀ ਡਾਲਰ ਨਾਲ ਵਿਕਣ ਲੱਗਾ।

2009 ਵਿੱਚ ਗਦਾਫੀ ਨੇ ਵੀ ਵਪਾਰ ਲਈ ਸੋਨਾ ਜਾਂ ਅਫ਼ਰੀਕੀ ਗੋਲਡ ਦੀਨਾਰ ਨੂੰ ਅਪਣਾਇਆ ਅਤੇ ਇਸੇ ਨਾਲ ਤੇਲ ਵੇਚਿਆ। ਉਸ ਵੇਲੇ ਹਿਲੇਰੀ ਕਲਿੰਟਨ ਦੀ ਜਿਹੜੀ ਈ-ਮੇਲ ਜੱਗ ਜ਼ਾਹਿਰ ਹੋਈ ਸੀ, ਉਹ ਅਮਰੀਕੀ ਚਿਹਰੇ ਨੂੰ ਬੇਪੜਦ ਕਰਦੀ ਹੈ ਕਿ, "ਇਹ ਸੋਨਾ ਲਿਬੀਆ ਦੇ ਗੋਲਡ ਦੀਨਾਰ 'ਤੇ ਅਧਾਰਤ ਪੈਨ ਅਫ਼ਰੀਕੀ ਮੁਦਰਾ ਸਥਾਪਤ ਕਰਨ ਲਈ ਸੀ।" 2011 'ਚ ਲਿਬੀਆ ਉਤੇ ਬੰਬਾਰੀ ਅਤੇ ਕਰਨਲ ਗਦਾਫ਼ੀ ਦੀ ਹੱਤਿਆ ਪਿੱਛੋਂ ਲਿਬੀਆ ਅੱਜ ਖੁੱਲ੍ਹਾ ਗੁਲਾਮ ਬਾਜ਼ਾਰ ਹੈ। ਯਾਦ ਹੋਵੇਗਾ ਅਮਰੀਕੀ ਕਵਿੰਟਟ ਦੇ ਕੈਮਰੇ ਉਤੇ ਕਹੇ ਸ਼ਬਦ-'wecame we saw he died ਅਸੀਂ ਆਏ, ਅਸੀਂ ਵੇਖਿਆ ਉਹ ਮਰਿਆ ਹੋਇਆ ਸੀ। ਗੋਲਡ ਦੀਨਾਰ ਉਹਦੇ ਨਾਲ ਹੀ ਮਰ ਗਿਆ।

ਵੈਨੇਜ਼ੁਏਲਾ ਦੀ ਚੀਨੀ ਕਰੰਸੀ ਨਾਲ ਤੇਲ ਵੇਚਣ ਅਤੇ ਬਰਿਕਸ ਵਿੱਚ ਸ਼ਾਮਲ ਹੋਣ ਦੀ ਬੇਨਤੀ ਇਹ ਦੋਵੇਂ ਹੀ ਫੈਸਲੇ ਛੋਟੇ ਜਿਹੇ ਲਾਤੀਨੀ ਅਮਰੀਕੀ ਦੇਸ਼ ਲਈ ਬਹੁਤ ਅਹਿਮ ਸਨ। ਇਉਂ ਵਿਸ਼ਵ ਡੀ ਡਾਲਰਾਈਜੇਸ਼ਨ ਦੇ ਤਿੰਨ ਪ੍ਰਮੁੱਖ ਦੇਸ਼ਾਂ ਚੀਨ, ਰੂਸ ਅਤੇ ਇਰਾਨ ਦੇ ਨਾਲ ਸਾਂਝੇਦਾਰੀ ਵੱਲ ਵਧਣਾ ਅਮਰੀਕਾ ਨੂੰ ਕਿਵੇਂ ਬਰਦਾਸ਼ਤ ਹੁੰਦਾ।

ਖੈਰ ਵੈਨੇਜ਼ੁਏਲਾ ਦੇ ਤੇਲ ਨੂੰ ਚੀਨ ਵੱਲੋਂ ਯੂਆਨ 'ਚ ਖ਼ਰੀਦੇ ਜਾਣ ਨਾਲ ਅਮਰੀਕਾ ਨੂੰ ਬਹੁਤ ਵੱਡਾ ਆਰਥਿਕ ਨੁਕਸਾਨ ਉਠਾਉਣਾ ਪੈ ਰਿਹਾ ਸੀ ਤੇ ਹੈ। ਇਸ ਹਮਲੇ ਨਾਲ ਡੀ-ਡਾਲਰਾਈਜੇਸ਼ਨ 'ਤੇ ਵਿਚਾਰ ਕਰਨ ਵਾਲੇ ਦੇਸ਼ਾਂ ਨੂੰ ਵੀ ਇਕ ਸੰਦੇਸ਼ ਦਿੱਤਾ ਗਿਆ ਹੈ। ਜੇ ਡਾਲਰ ਨੂੰ ਚੁਣੌਤੀ ਦੇਵੋਗੇ ਤਾਂ ਤੁਹਾਡੇ ਉੱਤੇ ਵੀ ਇਹੋ ਜਿਹੀ ਬੰਬਾਰੀ ਹੋਵੇਗੀ। ਬਰਿਕਸ ਦੇਸ਼ਾਂ ਲਈ ਵੀ ਸੋਚਣਾ ਪਵੇਗਾ ਕਿ ਡਾਲਰ ਤੋਂ ਬਾਹਰ ਵਿਉਪਾਰ ਕਰਨ 'ਤੇ ਕੀ ਦੇਸ਼ 'ਤੇ ਹਮਲਾ ਹੋ ਜਾਵੇਗਾ। ਯਾਦ ਹੋਵੇਗਾ 1990 ਵਿੱਚ ਪਨਾਮਾ 'ਤੇ ਵੀ ਹਮਲਾ 3 ਜਨਵਰੀ ਨੂੰ ਹੀ ਹੋਇਆ ਸੀ। ਇਹ ਸਵੇਜ ਨਹਿਰ 'ਤੇ ਸਰਦਾਰੀ ਦਾ ਮਾਮਲਾ ਸੀ ਤੇ ਹੁਣ 36 ਸਾਲਾਂ ਦੇ ਵਕਫ਼ੇ ਪਿੱਛੋਂ ਵੈਨੇਜ਼ੁਏਲਾ 'ਤੇ ਹਮਲਾ, ਸੰਸਥਾਨਾਂ, ਵਪਾਰ ਤੇ ਸਮੁੰਦਰੀ ਮਾਰਗਾਂ 'ਤੇ ਇੱਕ ਵਿਸ਼ਵ ਗੁੰਡੇ ਸਰਦਾਰ ਦੀ ਚੌਧਰ ਦਾ ਸੁਆਲ ਹੈ।

ਅਮਰੀਕੀ ਕੰਪਨੀਆਂ ਪਹਿਲਾਂ ਹੀ ਲਾਈਨ ਵਿੱਚ ਸਨ ਕਿ ਉਹ ਵੈਨੇਜ਼ੁਏਲਾ ਵਿੱਚੋਂ ਤੇਲ ਕੱਢਣਗੀਆਂ, ਇਸ ਦੀ ਪੁਸ਼ਟੀ ਪੋਲਿਟਿਕੋ ਦੀ ਰਿਪੋਰਟ ਤੋਂ ਹੁੰਦੀ ਹੈ। ਬੀਤੀ 4 ਜਨਵਰੀ ਨੂੰ ਰਾਸ਼ਟਰਪਤੀ ਟਰੰਪ ਨੇ ਕਹਿ ਹੀ ਦਿੱਤਾ ਹੈ ਕਿ ਚਾਰ 4 ਅਮਰੀਕੀ ਕੰਪਨੀਆਂ ਵੈਨੇਜ਼ੁਏਲਾ ਵਿੱਚੋਂ ਤੇਲ ਕੱਢਣ ਦਾ ਕੰਮ ਸ਼ੁਰੂ ਕਰਨਗੀਆਂ। ਚਾਰ ਜਨਵਰੀ ਤੋਂ ਇਕ ਦਿਨ ਪਹਿਲਾਂ ਹਮਲਾ ਵੀ ਗਿਣਤੀ-ਮਿਣਤੀ ਕਰਕੇ ਹੋਇਆ ਹੈ, ਕਿਉਂਕਿ 4 ਜਨਵਰੀ ਨੂੰ ਹੀ ਅਮਰੀਕੀ ਲੰਪਟ ਬਦਮਾਸ਼ ਨੇ ਅਮਰੀਕੀ ਸਾਂਸਦਾਂ ਦੇ ਸਾਹਮਣੇ ਸਾਲਾਨਾ ਭਾਸ਼ਨ ਦੇਣਾ ਸੀ, ਜੋ ਦਿੱਤਾ ਅਤੇ ਆਪਣੀਆਂ ਵੱਡੀਆਂ ਪ੍ਰਾਪਤੀਆਂ 'ਚ ਅਤੇ ਬਹੁਤ ਵੱਡੀ ਜਿੱਤ ਕਿਹਾ।ਪਰ ਉੱਧਰ ਅਮਰੀਕਾ ਦੇ ਸਾਰੇ ਸ਼ਹਿਰਾਂ ਅਤੇ ਵਿਸ਼ਵ ਵਿੱਚ ਉਹਦੀ ਇਸ ਕਾਇਰਾਨਾ ਕਾਰਵਾਈ ਦੇ ਵਿਰੁੱਧ ਦੁਨੀਆ ਦੇ ਲੋਕ ਸੜਕਾ ਉੱਤੇ ਨਿਕਲ ਆਏ ਹਨ। ਅਮਰੀਕੀ ਲੋਕ ਜਾਣਦੇ ਹਨ ਕਿ ਇਸ ਨਾਲ ਅਮਰੀਕਾ ਨੂੰ ਇਕ ਹੋਰ ਯੁੱਧ ਵਿੱਚ ਟਰੰਪ ਨੇ ਧੱਕਾ ਦਿੱਤਾ ਹੈ। ਇਰਾਕ ਅਤੇ ਅਫ਼ਗਾਨਿਸਤਾਨ ਵਿੱਚ ਹਜ਼ਾਰਾਂ ਅਮਰੀਕੀਆਂ ਨੂੰ ਨਾ ਸਿਰਫ਼ ਜਾਨ ਗੁਆਉਣੀ ਪਈ, ਸਗੋਂ ਕਰੋੜਾਂ ਡਾਲਰ ਵੀ ਬਰਬਾਦ ਹੋਏ।

ਡਾਲਰ ਦੀ ਸਰਦਾਰੀ ਲਈ ਬੰਬਾਰੀ ਤੇ ਰਾਸ਼ਟਰਪਤੀ ਤੱਕ ਨੂੰ ਅਗਵਾ ਕਰਨ ਤੱਕ ਪਹੁੰਚਣਾ, ਡਾਲਰ ਦੀ ਡਿਗਦੀ ਸਾਖ ਨੂੰ ਬਚਾਅ ਨਹੀਂ ਸਕੇਗਾ। ਜਦੋਂ ਬਰਿਕਸ ਕੋਲ ਵਿਸ਼ਵ ਜੀ ਡੀ ਪੀ ਦਾ 40 ਫ਼ੀਸਦੀ ਕੰਟਰੋਲ ਹੋਵੇਗਾ ਤਾਂ ਇਹ ਕਹਿ ਦੇਵੇ ਕਿ-'ਬਸ ਹੁਣ ਕਾਫ਼ੀ ਹੋ ਗਿਆ ਡਾਲਰ। ਤਾਂ ਕੀ ਡਾਲਰ ਸਰਦਾਰੀ ਲਈ ਹਰ ਥਾਂ ਹਿੰਸਾ 'ਤੇ ਬੰਬਾਰੀ ਉਤੇ ਹੀ ਉੱਤਰ ਆਵੇਗਾ। ਜਦੋਂ ਕੋਈ ਦੇਸ਼ ਆਪਣੀ ਮੁਦਰਾ ਸਥਾਪਤ ਕਰਨ ਲਈ ਦੁਨੀਆ ਦੇ ਦੂਸਰੇ ਦੇਸ਼ਾਂ 'ਤੇ ਬੰਬਾਰੀ 'ਤੇ ਉੱਤਰ ਆਵੇ ਤਾਂ ਸਮਝੋ ਉਹਦੀ ਕਰੰਸੀ ਮਰ ਚੁੱਕੀ ਹੈ। ਵੈਨੇਜ਼ੁਏਲਾ ਸੁਰੱਖਿਅਤ ਨਹੀਂ, ਉਹ ਹੜ੍ਹ ਪਿਆ ਜਾਵੇਗਾ, ਤਾਂ ਅਮਰੀਕਾ ਵੀ ਆਪਣੇ ਅੰਤ ਵੱਲ ਵਧ ਰਿਹਾ ਹੈ। ਅਮਰੀਕੀ ਰਾਸ਼ਟਰਪਤੀ ਟਰੰਪ ਕਿ ਰਿਹਾ ਹੈ, ਜਦੋਂ ਤੱਕ ਸ਼ਾਂਤੀ ਨਹੀਂ ਹੁੰਦੀ, ਸਰਕਾਰ ਉਹ ਚਲਾਵੇਗਾ।

ਇਸ ਕੌਮਾਂਤਰੀ ਗੁੰਡਾਗਰਦੀ ਦਾ ਵੈਨੇਜ਼ੁਏਲਾ ਦੇ ਲੋਕਾਂ ਤੋਂ ਲੈ ਕੇ ਦੁਨੀਆ ਭਰ 'ਚ ਵਿਰੋਧ ਹੋ ਰਿਹਾ ਹੈ। ਬਹੁਤ ਸਾਰੀਆਂ ਸਰਕਾਰਾਂ ਨੇ ਇਸ ਘਟਨਾ ਦੀ ਨਿਖੇਧੀ ਕੀਤੀ ਹੈ। ਬੇਸ਼ੱਕ ਭਾਰਤ ਸਰਕਾਰ ਅਜੇ ਚੁੱਪ ਹੈ। ਅਮਰੀਕਾ ਦੀ ਇਸ ਦਾਦਾਗਿਰੀ ਦਾ ਸਖ਼ਤ ਵਿਰੋਧ ਹੋਣਾ ਚਾਹੀਦਾ ਹੈ। ਇਹ ਸਿਰਫ਼ ਇਕ ਦੇਸ਼ 'ਤੇ ਹਵਾਈ ਹਮਲਾ ਕਰਕੇ ਕਬਜ਼ਾ ਕਰਨ ਅਤੇ ਆਪਣੀ ਹੱਥਠੋਕਾ ਸਰਕਾਰ ਥੋਪਣ ਤੱਕ ਸੀਮਤ ਨਹੀਂ। ਇਹ ਵਿਸ਼ਵ ਪੱਧਰ 'ਤੇ ਜੰਗਲ ਦੇ ਕਾਨੂੰਨ ਨੂੰ ਉਤਸ਼ਾਹਤ ਕਰਨ ਵਾਲੀ ਹੈ। ਇਕ ਖ਼ਤਰਨਾਕ ਕਦਮ ਹੈ। ਇਹ ਦੂਸਰੀ ਸੰਸਾਰ ਜੰਗ ਤੋਂ ਪਿੱਛੋਂ ਸਭ ਤੋਂ ਖ਼ਤਰਨਾਕ ਸੰਕੇਤ ਹਨ ਕਿ ਵਿਸ਼ਵ ਬਾਜ਼ਾਰ ਵਿੱਤੀ ਸਰੋਤਾਂ, ਸੰਸਥਾਨਾਂ, ਦੁਨੀਆ ਦੇ ਕੁਦਰਤੀ ਸੰਸਾਧਨਾਂ ਅਤੇ ਸਸਤੀ ਕਿਰਤ ਹਾਸਲ ਕਰਨ ਲਈ ਕਦੇ ਵੀ ਕਿਤੇ ਰਾਖਸ਼ੀ ਦੰਦਾਂ ਨੂੰ ਗੱਡ ਕੇ ਆਪਣੇ ਮੁਨਾਫ਼ਿਆਂ ਅਤੇ ਪੂੰਜੀ ਦੇ ਅੰਬਾਰਾਂ ਨੂੰ ਵਿਸਥਾਰਨ ਦਾ ਐਲਾਨ ਕਰ ਸਕਦੀ ਹੈ। ਜਿਵੇਂ ਟਰੰਪ ਨੇ ਐਲਾਨ ਕੀਤਾ ਹੈ, ਉਸ 'ਚੋਂ ਜ਼ਾਹਰ ਹੈ ਕਿ ਇਸ ਫੌਜੀ ਹਮਲੇ ਨਾਲ ਦੁਨੀਆ ਦੇ ਸਭ ਤੋਂ ਵੱਧ ਤੇਲ ਭੰਡਾਰਾਂ ਉਤੇ ਅਮਰੀਕਾ ਦੀ ਸਰਦਾਰੀ ਫਿਰ ਬਹਾਲ ਹੋ ਗਈ ਹੈ। ਵੈਨੇਜ਼ੁਏਲਾ ਉਤੇ ਕੀਤੇ ਇਸ ਫੌਜੀ ਉਪਰੇਸ਼ਨ ਵਿਰੁੱਧ ਜ਼ੋਰਦਾਰ ਆਵਾਜ਼ ਉਠਾਉਣੀ ਚਾਹੀਦੀ ਹੈ। ਇਸ ਸਮੇਂ ਚੁੱਪ ਇਕ ਖ਼ਤਰਨਾਕ ਭਵਿੱਖ ਵੱਲ ਧੱਕੇਗੀ। ਅਮਰੀਕਾ ਨੇ ਜ਼ਾਹਰ ਕਰ ਦਿੱਤਾ ਹੈ ਕਿ ਉਹ ਦੁਨੀਆ ਦਾ ਸਭ ਤੋਂ ਵੱਡਾ ਅੱਤਵਾਦੀ ਦੇਸ਼ ਹੈ।

**# ਸੰਪਰਕ : 93544-30211**

CMYK

# ਸੰਘਰਸ਼ ਤਿੱਖਾ ਕਰਨ ਲਈ ਸਾਂਝਾ ਟਰਾਂਸਪੋਰਟ ਮੋਰਚਾ ਕਾਇਮ



**ਲੁਧਿਆਣਾ (ਰੈਕਟਰ ਕਥੂਰੀਆ)**- ਟ੍ਰਾਂਸਪੋਰਟ ਵਰਕਰਾਂ ਨੇ ਸੰਘਰਸ਼ ਤਿੱਖਾ ਕਰਨ ਦੀਆਂ ਤਿਆਰੀਆਂ ਕੀਤੀਆਂ ਹਨ। ਚੰਡੀਗੜ੍ਹ ਦੇ ਚੀਮਾ ਭਵਨ ਵਿਖੇ ਪੰਜਾਬ ਰੋਡਵੇਜ਼ ਪਨਬਸ ਪੀ ਆਰ ਟੀ ਸੀ ਕੰਟਰੈਕਟ ਵਰਕਰਜ਼ ਯੂਨੀਅਨ ਪੰਜਾਬ 25/11 ਵਲੋਂ ਸਾਂਝੀ ਮੀਟਿੰਗ ਕੀ ਬੁਲਾਈ ਗਈ। ਇਸ ਮੀਟਿੰਗ ਵਿੱਚ ਪੰਜਾਬ ਰੋਡਵੇਜ਼ ਪਨਬਸ/ਪੀ ਆਰ ਟੀ ਸੀ ਤੋਂ ਸੂਬਾ ਪ੍ਰਧਾਨ ਰੇਸ਼ਮ ਸਿੰਘ ਗਿੱਲ,ਸੂਬਾ ਜਨਰਲ ਸੈਕਟਰੀ ਸ਼ਮਸ਼ੇਰ ਸਿੰਘ ਢਿੱਲੋਂ,ਸੂਬਾ ਸੀਨੀ.ਮੀਤ ਪ੍ਰਧਾਨ ਹਰਕੇਸ਼ ਕੁਮਾਰ ਵਿੱਕੀ,ਹਰਿਆਣਾ ਰੋਡਵੇਜ਼ ਤੋਂ ਨਿਰੰਦਰ ਦਿਨੋਦ, ਸੁਮੇਰ ਸਿਵਾਚ,ਜਗਦੀਪ ਲਾਠਰ, ਵਰਿੰਦਰ ਸਗਰੋਹਾ, ਜੈ ਵੀਰ ਗਨਗਸ,ਅਸ਼ੋਕ ਖੋਖਰ ਅਤੇ ਹਿਮਾਚਲ ਪ੍ਰਦੇਸ਼ ਰੋਡਵੇਜ਼ ਤੋਂ ਮਾਨ ਸਿੰਘ ਠਾਕੁਰ ਪ੍ਰਧਾਨ ਡਰਾਈਵਰ ਯੂਨੀਅਨ ਚੰਡੀਗੜ੍ਹ ਟਰਾਂਸਪੋਰਟ ਤੋਂ ਚਰਨਜੀਤ ਸਿੰਘ ਢੀਂਡਸਾ, ਜੋਗਿੰਦਰ ਸਿੰਘ ਅਤੇ ਪਨਬੱਸ ਸਟੇਟ ਟ੍ਰਾਂਸਪੋਰਟ ਵਰਕਰ ਯੂਨੀਅਨ 1/19 ਤੋਂ ਲਖਵਿੰਦਰ ਸਿੰਘ ਆਗੂਆਂ ਨੇ ਸ਼ਮੂਲੀਅਤ ਕੀਤੀ। ਇਸ ਮੀਟਿੰਗ ਵਿੱਚ ਸਾਰੇ ਆਗੂਆਂ ਨੇ ਸਹਿਮਤੀ ਨਾਲ ਸਾਂਝਾਂ ਟਰਾਂਸਪੋਰਟ ਮੋਰਚਾ ਤਿਆਰ ਕੀਤਾ। ਮੀਟਿੰਗ ਤੋਂ ਬਾਅਦ ਪ੍ਰੈੱਸ ਬਿਆਨ ਜਾਰੀ ਕਰਦਿਆਂ ਆਗੂਆਂ ਨੇ ਕਿਹਾ ਕਿ ਮੌਜੂਦਾ ਸਰਕਾਰਾਂ ਪਬਲਿਕ ਟਰਾਂਸਪੋਰਟ ਵਿਭਾਗਾਂ ਦਾ ਨਿੱਜੀਕਰਨ ਕਰਨ ਵੱਲ ਤੁਰੀਆਂ ਹੋਈਆਂ ਹਨ। ਸਰਕਾਰਾਂ ਟਰਾਂਸਪੋਰਟ ਵਿਭਾਗ ਵੱਲ ਧਿਆਨ ਨਹੀਂ ਦੇ ਰਹੀਆਂ ਤੇ ਮੁਲਾਜ਼ਮਾਂ ਦੀਆ ਜਾਇਜ਼ ਮੰਗਾਂ ਦਾ ਹੱਲ ਕੱਢਣ ਦੀ ਬਜਾਏ ਰਾਜ ਸਰਕਾਰਾਂ ਉਲਟਾ ਵਿਭਾਗਾਂ ਦਾ ਭੋਗ ਪਾਉਣ ਵੱਲ ਚੱਲ ਰਹੀਆਂ ਹਨ। ਮੀਟਿੰਗ ਵਿੱਚ ਹਰਿਆਣਾ ਦੇ ਆਗੂਆਂ ਨੇ ਵੀ ਸ਼ਮੂਲੀਅਤ ਕੀਤੀ।

# ਸੀ ਪੀ ਆਈ ਦੇ ਵਿਹੜੇ ਨੰਨ੍ਹੀ ਸਾਨਵੀ ਦੀ ਲੋਹੜੀ ਮਨਾਈ

**ਚੰਡੀਗੜ੍ਹ (ਕਾਰਤਿਕਾ ਕਲਿਆਣੀ ਸਿੰਘ/ਰੈਕਟਰ ਕਥੂਰੀਆ)** ਸੀਪੀਆਈ ਲਈ ਕੁੜੀਆਂ ਦਾ ਜਨਮ ਅ ਬਹੁਤ ਹੀ ਖੁਸ਼ਗੀ ਅਤੇ ਖੁਸ਼ੀ ਵਾਲੀ ਗੱਲ ਹੈ।ਸੀਪੀਆਈ, ਚੰਡੀਗੜ੍ਹ ਦੀ ਜ਼ਿਲ੍ਹਾ ਕੌਂਸਲ ਵਲੋਂ ਅਜੇ ਭਵਨ ਵਿਖੇ ਲੋਹੜੀ ਮੌਕੇ ਵਿਸ਼ੇਸ਼ ਸਮਾਰੋਹ ਕੀਤਾ ਗਿਆ। ਸਮਾਗਮ ਦੌਰਾਨ ਸੁਰਜੀਤ ਕਪੂਰ (ਦਾਦੀ), ਸਰਵਪ੍ਰੀਤ ਸਿੰਘ (ਪਾਪਾ) ਤੇ ਅਨਮੋਲ (ਮਾਤਾ) ਦੀ ਧੀ ਸਾਨਵੀ, ਜਿਸ ਦਾ ਜਨਮ 6 ਜਨਵਰੀ 2025 ਨੂੰ ਹੋਇਆ, ਦੀ ਪਹਿਲੀ ਲੋਹੜੀ ਮਨਾਈ ਗਈ।ਸੀਪੀਆਈ ਵਲੋਂ ਜ਼ਿਲ੍ਹਾ ਸਕੱਤਰ ਸਾਥੀ ਰਾਜ ਕੁਮਾਰ, ਪ੍ਰੀਤਮ ਸਿੰਘ ਹੁੰਦਲ ਤੇ ਕਰਮ ਸਿੰਘ ਵਕੀਲ ਦੋਵੇਂ ਸਹਾਇਕ ਸਕੱਤਰ, ਸਗੀਰ ਅਹਿਮਦ, ਸੁਰਜੀਤ ਕੌਰ ਕਾਲੜਾ, ਮਹਿੰਦਰਪਾਲ ਸਿੰਘ, ਸ਼ੰਗਾਰਾ ਸਿੰਘ, ਸਤਿਆਵੀਰ ਸਿੰਘ, ਡਾ ਅਰਵਿੰਦਰ, ਕਾ. ਮਧੂ ਸਾਂਬਰ, ਪ੍ਰਲਾਦ ਸਿੰਘ, ਲਾਲ ਜੀ ਲਾਲੀ ਤੇ ਵਿਜੇ ਕੁਮਾਰ ਸ਼ਾਮਲ ਹੋਏ। ਕਰਮ ਸਿੰਘ ਵਕੀਲ ਨੇ ਸੀਪੀਆਈ ਵਲੋਂ ਬੱਚੀ ਸਾਨਵੀ ਦੀ ਪਹਿਲੀ ਲੋਹੜੀ ਮੌਕੇ ਦਾਦੀ ਸੁਰਜੀਤ ਕਪੂਰ ਤੇ ਸਮੁੱਚੇ ਪਰਿਵਾਰ ਨੂੰ ਮੁਬਾਰਕਬਾਦ ਪੇਸ਼ ਕੀਤੀ।ਉਨ੍ਹਾਂ ਲੋਹੜੀ ਅਤੇ ਲੋਕ ਹਿਤੈਸ਼ੀ ਜੁਝਾਰੂ ਦੁੱਲਾ ਭੱਟੀ ਬਾਰੇ ਹਾਜ਼ਰੀਨ ਨੂੰ ਦੱਸਿਆ।ਉਨ੍ਹਾਂ ਕਿਹਾ ਕਿ ਹਿੰਦ ਉਤੇ ਹਮਲਾਵਰ ਹੋਕੇ ਆਏ ਅਕਬਰ ਤੇ ਅਕਬਰੀ ਸੈਨਾ ਦੇ ਸਿਪਾਹਸਲਾਰਾਂ/ਸਾਸ਼ਕਾਂ ਨਾਲ ਇਥੋਂ ਦੇ ਜੁਝਾਰੂਆਂ ਨੇ ਅਨੇਕਾਂ ਵਾਰ ਲੋਹਾ ਲਿਆ। ਆਪਣੀਆਂ ਰਿਆਸਤਾਂ ਨੂੰ ਅਕਬਰ ਦੀਆਂ ਗੁਲਾਮ ਹੋਣ ਤੋਂ ਬਚਾਉਣ ਲਈ ਲੋਹਾ ਲੈਣ ਵਾਲੇ ਜੈਮਲ, ਫੱਤਾ, ਗੋਰਾ ਅਤੇ ਬਾਦਲ ਵੀ ਸੱਤ ਫੁੱਟ ਚਾਰ ਇੰਚ ਲੰਬੇ ਗੱਭਰੂ ਜਵਾਨ ਦੁੱਲਾ ਭੱਟੀ (ਅਸਦ ਉਲਾ ਖਾਂ ਭੱਟੀ) ਦੇ ਕੜਕੇ ਦਾ ਹੀ ਹਿਸਾ ਸਨ।ਉਨ੍ਹਾਂ ਦੱਸਿਆ ਕਿ ਦੁੱਲਾ ਭੱਟੀ ਨੇ ਰਾਤ-ਬਰਾਤੇ ਪਿੰਡਾਂ ਤੇ ਜੰਗਲ-ਬੇਲਿਆਂ ਵਿਚ ਧੂਣੀਆਂ ਬਾਲ ਕੇ ਆਮ ਲੋਕਾਂ ਨੂੰ ਸੰਗਠਿਤ ਕੀਤਾ।ਆਮ-ਲੋਕਾਂ ਦੀ ਸੈਨਾ ਬਣਾਈ।ਦੁੱਲਾ ਭੱਟੀ ਨੇ ਆਪਣੇ ਪਿਉ ਅਤੇ ਦਾਦੇ ਦੇ ਬੇਰਹਿਮੀ ਨਾਲ ਕਤਲ ਅਤੇ ਭੱਟੀਆਂ ਦੀ ਰਿਆਸਤ ਨੂੰ ਗੁਲਾਮ ਕਰਨ ਵਾਲੇ ਸ਼ਹਿਨਸ਼ਾਹ ਅਕਬਰ ਦੀਆਂ ਫੌਜਾਂ ਨਾਲ ਲੋਹਾ ਲਿਆ।ਦੁੱਲਾ ਭੱਟੀ ਮਰਦੇ ਦਮ ਤਕ ਜੂਝਦੇ ਰਹੇ ਅਤੇ ਆਮ ਰਿਆਇਆ ਨੂੰ ਆਨ-ਬਾਨ ਅਤੇ ਸ਼ਾਨ ਨਾਲ ਜਿਊਣ ਦਾ ਸੰਦੇਸ਼ ਦਿੱਤਾ। ਵਕੀਲ ਨੇ ਦੱਸਿਆ ਕਿ ਅਜੋਕੇ ਸਮੇਂ ਵਿਚ ਵੀ ਲੋਹੜੀ ਦੀ ਸਾਰਥਿਕਤਾ ਤੇ ਮਹੱਤਤਾ ਬਹੁਤ ਹੈ ਕਿਉਂਕਿ ਅਜੋਕੇ ਸਮੇਂ ਵਿਚ ਵੀ ਸਰਕਾਰ ਲੋਕ ਹਿਤਾਂ ਨੂੰ ਅਣਗੌਲਦੀ ਮੁਲਕ ਦੀ ਰਿਆਇਆ ਨੂੰ ਆਪਣੀ ਗੁਲਾਮੀ ਦੇ ਦਲਦਲ ਵਿਚ ਧੱਕ ਰਖਦੀ ਹੈ।



# ਕਾਂਗਰਸ ਤੇ ਹੋਰ ਪਾਰਟੀਆਂ ਛੱਡ 'ਆਪ' 'ਚ ਸ਼ਾਮਲ



**ਗਿੱਦੜਬਾਹਾ (ਜਸਵੰਤ ਗਿੱਲ ਛੱਤੇਆਣਾ)** ਕਾਂਗਰਸ ਸਮੇਤ ਹੋਰਨਾਂ ਪਾਰਟੀਆਂ ਨੂੰ ਉਸ ਸਮੇਂ ਝਟਕਾ ਲੱਗਾ, ਜਦੋਂ ਆਮ ਆਦਮੀ ਪਾਰਟੀ ਦੇ ਸ਼ਹਿਰੀ ਇੰਚਾਰਜ ਪਰਵਜੋਤ ਸਿੰਘ ਪੈਂਪੀ ਢਿੱਲੋਂ ਦੀ ਪ੍ਰੇਰਨਾ ਸਦਕਾ ਗਿੱਦੜਬਾਹਾ ਸ਼ਹਿਰ ਦੇ ਵਾਰਡ ਨੰਬਰ ਇੱਕ ਤੋਂ ਪੰਜਾਬ ਕਾਂਗਰਸ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਦੇ ਕਰੀਬੀ ਤੇ ਹੋਰ ਪਾਰਟੀਆਂ ਨਾਲ ਸੰਬੰਧਤ ਪਰਿਵਾਰ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋ ਗਏ। ਆਪ 'ਚ ਸ਼ਾਮਲ ਹੋਣ ਵਾਲੇ ਪਰਿਵਾਰਾਂ ਨੂੰ ਹਲਕਾ ਦੇ ਵਿਧਾਇਕ ਹਰਦੀਪ ਸਿੰਘ ਡਿੰਪੀ ਢਿੱਲੋਂ ਵੱਲੋਂ ਪਾਰਟੀ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ ਅਤੇ ਉਨ੍ਹਾਂ ਨੂੰ ਪਾਰਟੀ ਦੇ ਵਿੱਚ ਬਣਦਾ ਮਾਣ ਸਨਮਾਨ ਦੇਣ ਦਾ ਭਰੋਸਾ ਦਿੱਤਾ।ਇਸ ਮੌਕੇ ਆਮ ਆਦਮੀ ਪਾਰਟੀ ਵਿੱਚ ਸ਼ਾਮਿਲ ਹੋਣ ਵਾਲਿਆਂ ਵਿੱਚ ਰਛਪਾਲ ਸਿੰਘ, ਬਲਦੇਵ ਸਿੰਘ, ਰਵੀ ਖਾਨ, ਭੀਮ ਸੈਨ, ਖੁਸ਼ਦੀਪ ਸਿੰਘ ਆਪਣੇ ਸਮੂਹ ਪਰਿਵਾਰ ਸਮੇਤ ਪਾਰਟੀ ਵਿੱਚ ਸ਼ਾਮਲ ਸਨ। ਵਿਧਾਇਕ ਹਰਦੀਪ ਸਿੰਘ ਡਿੰਪੀ ਢਿੱਲੋਂ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਆਮ ਲੋਕਾਂ ਦੀਆਂ ਸਹੂਲਤਾਂ ਲਈ ਨਵੀਆਂ ਨਵੀਆਂ ਯੋਜਨਾਵਾਂ ਲੈ ਕੇ ਆ ਰਹੀ ਹੈ ਤੇ ਸਰਕਾਰ ਆਮ ਲੋਕਾਂ ਦੀ ਸਰਕਾਰ ਹੈ।ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਕੀਤੇ ਜਾ ਰਹੇ ਕੰਮਾਂ ਤੋਂ ਪੰਜਾਬ ਦੇ ਲੋਕ ਖੁਸ਼ ਹਨ ਤੇ ਆਉਣ ਵਾਲੀ 2027 ਵਿੱਚ ਵੀ ਆਮ ਆਦਮੀ ਪਾਰਟੀ ਦੀ ਹੀ ਸਰਕਾਰ ਬਣੇਗੀ।

# ਮਾਇਆਵਤੀ ਦਾ ਜਨਮ ਦਿਨ ਸ਼ੇਰਪੁਰ ਵਿਖੇ ਅੱਜ ਮਨਾਇਆ ਜਾਵੇਗਾ

**ਲੌਂਗੋਵਾਲ (ਪ੍ਰਦੀਪ ਸੱਪਲ)**- 15 ਜਨਵਰੀ ਨੂੰ ਸ਼ੇਰਪੁਰ ਦੀ ਦਾਣਾ ਮੰਡੀ ਵਿਖੇ ਭੈਣ ਕੁਮਾਰੀ ਮਾਇਆਵਤੀ ਦੇ ਜਨਮ ਦਿਨ 'ਤੇ ਕੀਤੇ ਜਾਣ ਵਾਲੇ ਜਨ ਕਲਿਆਣ ਦਿਵਸ ਸਮਾਰੋਹ ਦੀਆਂ ਤਿਆਰੀਆਂ ਲਈ ਹਲਕਾ ਸੁਨਾਮ ਵਿਖੇ ਮੀਟਿੰਗ ਕਰਕੇ ਲੀਡਰਸ਼ਿੱਪ ਦੀਆਂ ਜ਼ਿੰਮੇਵਾਰੀਆਂ ਲਗਾਈਆਂ ਗਈਆਂ।ਇਸ ਮੌਕੇ ਆਮ ਲੋਕਾਂ ਨੂੰ ਵੱਡੀ ਗਿਣਤੀ ਵਿੱਚ ਸ਼ੇਰਪੁਰ ਦੀ ਦਾਣਾ ਮੰਡੀ ਪਹੁੰਚਣ ਦਾ ਸੱਦਾ ਦਿੱਤਾ ਗਿਆ। ਇਸ ਮੌਕੇ ਡਾ. ਮੱਖਣ ਸਿੰਘ ਨੇ ਕਿਹਾ ਕਿ ਚਾਰ ਸਾਲ ਦਾ 48-48 ਹਜ਼ਾਰ ਰੁਪਏ ਤੁਰੰਤ ਔਰਤਾਂ ਦੇ ਖਾਤੇ ਵਿੱਚ ਟ੍ਰਾਂਸਫਰ ਕਰੇ ਸਰਕਾਰ ਵਰਨਾ ਕੁਰਸੀ ਖਾਲੀ ਕਰੋ। ਉਹਨਾਂ ਕਿਹਾ ਕਿ ਬਸਪਾ ਵੱਲੋਂ ਇਹ ਅਭਿਆਨ 15 ਜਨਵਰੀ ਤੋਂ ਭੈਣ ਕੁਮਾਰੀ ਮਾਇਆਵਤੀ ਦੇ ਜਨਮ ਦਿਨ ਤੋਂ ਸ਼ੁਰੂ ਕੀਤਾ ਜਾਵੇਗਾ। ਇਸ ਮੌਕੇ ਹਲਕਾ ਇੰਚਾਰਜ ਪਵਿੱਤਰ ਸਿੰਘ, ਹਲਕਾ ਪ੍ਰਧਾਨ ਰਾਮ ਸਿੰਘ ਲੌਂਗੋਵਾਲ, ਯੂਥ ਵਿੰਗ ਪ੍ਰਧਾਨ ਕਸ਼ਮੀਰ ਸਿੰਘ ਲੌਂਗੋਵਾਲ, ਪ੍ਰੇਮ ਸਿੰਘ ਸੁਨਾਮ, ਸ਼ਹਿਰੀ ਪ੍ਰਧਾਨ ਦੇਸ ਰਾਜ ਬਾਲਮੀਕੀ, ਨਾਹਰ ਸਿੰਘ ਬਹਾਦਰਪੁਰ, ਪੰਮਾ ਬਿਸ਼ਨਪੁਰਾ, ਤਰਸੇਮ ਕਿਲਾ ਭਰੀਆਂ, ਪ੍ਰਭੂ ਦਿਆਲਗੜ੍ਹ, ਲਾਡੀ ਮੰਡੇਰ ਕਲਾਂ, ਦਰਸ਼ਨ ਦੁੱਗਾਂ, ਬਲੌਰ ਸਿੰਘ ਝਾੜੋਂ, ਜਗਤਾਰ ਮਾਡਲ ਟਾਊਨ, ਜਸਵੰਤ ਸ਼ੇਰੋਂ, ਹਰਦੀਪ ਸ਼ਾਹਪੁਰ, ਬਿੱਟੂ ਬਖਸ਼ੀਵਾਲਾ, ਕਰਨੈਲ ਬਿਜਲਪੁਰ, ਬਲਵਿੰਦਰ ਨਾਗਰਾ, ਹਰਜੋਤ ਖੁਰਾਣੀ ਤੋਂ ਇਲਾਵਾ ਪਾਰਟੀ ਦੀ ਹੋਰ ਲੀਡਰਸ਼ਿੱਪ ਅਤੇ ਵੱਡੀ ਗਿਣਤੀ ਵਿੱਚ ਬਸਪਾ ਸਮਰਥਕ ਪਾਰਟੀ ਵਰਕਰ ਮੌਜੂਦ ਸਨ। ਇਸ ਮੌਕੇ ਹਾਜ਼ਰੀਨ ਨੇ ਵੱਡੀ ਗਿਣਤੀ ਵਿੱਚ ਆਪਣੀ ਨੇਤਾ ਭੈਣ ਕੁਮਾਰੀ ਮਾਇਆਵਤੀ ਦੇ ਜਨਮ ਦਿਨ 'ਤੇ ਪਹੁੰਚਣ ਦਾ ਭਰੋਸਾ ਦਿੱਤਾ।



# ਅਮਿਤ ਸ਼ਾਹ ਤੇ ਹੋਰ ਕੇਂਦਰੀ ਆਗੂ 22 ਫਰਵਰੀ ਨੂੰ ਕਿਸਾਨ ਰੈਲੀ 'ਚ ਸ਼ਾਮਲ ਹੋਣਗੇ : ਡਾ. ਸੀਮਾਂਤ ਗਰਗ

**ਮੋਗਾ (ਇਕਬਾਲ ਸਿੰਘ ਖਹਿਰਾ)**- 2027 ਦੀਆਂ ਚੋਣਾਂ ਦੇ ਮੱਦੇਨਜ਼ਰ ਭਾਜਪਾ ਆਉਣ ਵਾਲੇ ਦਿਨਾਂ ਵਿੱਚ ਆਪਣੀਆਂ ਗਤੀਵਿਧੀਆਂ ਤੇਜ਼ ਕਰ ਰਹੀ ਹੈ। ਇਸ ਪਹਿਲਕਦਮੀ ਦੇ ਹਿੱਸੇ ਵਜੋਂ, ਭਾਜਪਾ ਪੰਜਾਬ ਭਰ ਵਿੱਚ ਵੱਖ-ਵੱਖ ਥਾਵਾਂ 'ਤੇ ਚਾਰ ਰੈਲੀਆਂ ਕਰੇਗੀ, ਜਿਨ੍ਹਾਂ ਵਿੱਚ ਭਾਜਪਾ ਕਿਸਾਨ ਰੈਲੀ, ਭਾਜਪਾ ਯੁਵਾ ਮੋਰਚਾ ਰੈਲੀ ਅਤੇ ਭਾਜਪਾ ਮਹਿਲਾ ਮੋਰਚਾ ਰੈਲੀ ਸ਼ਾਮਲ ਹਨ। ਮਾਲਵਾ ਦੇ ਮੋਗਾ ਵਿੱਚ ਹੋਣ ਵਾਲੀ ਪੰਜਾਬ ਕਿਸਾਨ ਰੈਲੀ ਵਿੱਚ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ, ਕੇਂਦਰੀ ਖੇਤੀਬਾੜੀ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਅਤੇ ਹੋਰ ਕੇਂਦਰੀ ਅਤੇ ਸੂਬਾਈ ਭਾਜਪਾ ਆਗੂ ਸ਼ਾਮਲ ਹੋਣਗੇ, ਜੋ ਪੰਜਾਬ ਭਰ ਦੇ ਕਿਸਾਨਾਂ ਨੂੰ ਸੰਬੋਧਨ ਕਰਨਗੇ। ਕਿਸਾਨਾਂ ਨਾਲ ਵਿਚਾਰ-ਵਟਾਂਦਰਾ ਕਰਕੇ ਉਨ੍ਹਾਂ ਦੀ ਭਲਾਈ ਲਈ ਕਈ ਐਲਾਨ ਕੀਤੇ ਜਾਣ ਦੀ ਉਮੀਦ ਹੈ। ਇਹ ਜਾਣਕਾਰੀ ਦਿੰਦੇ ਹੋਏ ਭਾਜਪਾ ਦੇ ਸਾਬਕਾ ਜ਼ਿਲ੍ਹਾ ਪ੍ਰਧਾਨ ਡਾ. ਸੀਮਾਂਤ ਗਰਗ ਨੇ ਦੱਸਿਆ ਕਿ ਪੰਜਾਬ ਵਿੱਚ ਹੋਣ ਵਾਲੀਆਂ ਭਾਜਪਾ ਰੈਲੀਆਂ ਲਈ ਆਉਣ ਵਾਲੇ ਦਿਨਾਂ ਵਿੱਚ ਤਿਆਰੀਆਂ ਸ਼ੁਰੂ ਹੋ ਜਾਣਗੀਆਂ। 22 ਫਰਵਰੀ ਨੂੰ ਮੋਗਾ ਦੀ ਨਵੀਂ ਅਨਾਜ ਮੰਡੀ ਵਿੱਚ ਹੋਣ ਵਾਲੀ ਕਿਸਾਨ ਰੈਲੀ ਲਈ ਇੱਕ ਖਰੜਾ ਤਿਆਰ ਕੀਤਾ ਜਾਵੇਗਾ। ਸੀਮਾਂਤ ਗਰਗ ਨੇ ਦੱਸਿਆ ਕਿ 2014 ਵਿੱਚ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਸੱਤਾ ਸੰਭਾਲਣ ਤੋਂ ਬਾਅਦ, ਉਨ੍ਹਾਂ ਨੇ ਕਿਸਾਨਾਂ, ਖਾਸ ਕਰਕੇ ਪੰਜਾਬ ਦੇ ਕਿਸਾਨਾਂ ਦੀ ਆਮਦਨ ਦੁੱਗਣੀ ਕਰਨ ਲਈ ਕਈ ਯੋਜਨਾਵਾਂ ਸ਼ੁਰੂ ਕੀਤੀਆਂ ਹਨ। ਇਸ ਯੋਜਨਾ ਤਹਿਤ, ਦੇਸ਼ ਭਰ ਦੇ ਲੱਖਾਂ ਕਿਸਾਨਾਂ ਨੂੰ ਪ੍ਰਧਾਨ ਮੰਤਰੀ ਕਿਸਾਨ ਨਿਧੀ ਯੋਜਨਾ (ਪੀ ਐਮ-ਕਿਸਾਨ) ਤਹਿਤ ਵਿੱਤੀ ਸਹਾਇਤਾ ਮਿਲ ਰਹੀ ਹੈ ਅਤੇ ਕਿਸਾਨਾਂ ਨੂੰ ਆਧੁਨਿਕ ਖੇਤੀ ਕਰਨ ਅਤੇ ਨਕਦੀ ਫਸਲਾਂ ਦੀ ਕਾਸ਼ਤ ਕਰਨ ਲਈ ਉਤਸ਼ਾਹਿਤ ਕਰਨ ਲਈ ਕਈ ਪ੍ਰੋਗਰਾਮ ਲਾਗੂ ਕੀਤੇ ਜਾ ਰਹੇ ਹਨ।



# ਸਿਆਸੀ ਆਗੂਆਂ ਨੇ ਪੰਜਾਬ ਸਰਕਾਰ ਦੀ ਨੀਤੀ 'ਤੇ ਸਵਾਲ ਚੁੱਕੇ



**ਮੋਗਾ (ਇਕਬਾਲ ਸਿੰਘ ਖਹਿਰਾ)**- ਪੰਜਾਬ ਸਰਕਾਰ ਵੱਲੋਂ ਇਕ ਪਾਸੇ ਜਨਤਾ ਨੂੰ ਰਾਹਤ ਦੇਣ ਦੇ ਦਾਅਵੇ ਕੀਤੇ ਜਾ ਰਹੇ ਹਨ, ਪਰ ਦੂਜੇ ਪਾਸੇ ਹਕੀਕਤ ਇਸ ਤੋਂ ਬਿਲਕੁਲ ਉਲਟ ਨਜ਼ਰ ਆ ਰਹੀ ਹੈ। ਮੋਗਾ ਨਗਰ ਨਿਗਮ ਵੱਲੋਂ ਐਨ ਓ ਸੀ ਅਤੇ ਮਕਾਨਾਂ ਦੇ ਨਕਸ਼ੇ ਪਾਸ ਕਰਨ ਦੀ ਫੀਸ ਵਿੱਚ ਕੀਤਾ ਗਿਆ ਭਾਰੀ ਵਾਧਾ ਆਮ ਲੋਕਾਂ ਲਈ ਵੱਡੀ ਮੁਸੀਬਤ ਬਣ ਗਿਆ ਹੈ। ਪਹਿਲਾਂ ਜੋ ਨਕਸ਼ੇ 20 ਤੋਂ 25 ਹਜ਼ਾਰ ਰੁਪਏ ਵਿੱਚ ਪਾਸ ਹੋ ਜਾਂਦੇ ਸਨ, ਹੁਣ ਉਨ੍ਹਾਂ ਲਈ ਲਗਭਗ ਇਕ ਲੱਖ ਰੁਪਏ ਤੱਕ ਦੀ ਰਕਮ ਵਸੂਲੀ ਜਾ ਰਹੀ ਹੈ, ਜਿਸ ਨਾਲ ਮੱਧ ਵਰਗ ਅਤੇ ਗਰੀਬ ਵਰਗ ਦੀ ਕਮਰ ਟੁੱਟ ਰਹੀ ਹੈ।ਇਸ ਸਬੰਧੀ ਗੱਲਬਾਤ ਕਰਦਿਆਂ ਭਾਰਤੀ ਕਿਸਾਨ ਯੂਨੀਅਨ (ਲੱਖੋਵਾਲ) ਦੇ ਜਿਲ੍ਹਾ ਪ੍ਰਧਾਨ ਭੁਪਿੰਦਰ ਸਿੰਘ ਦੌਲਤਪੁਰਾ ਤੇ ਮੀਤ ਪ੍ਰਧਾਨ ਲਖਵਿੰਦਰ ਸਿੰਘ ਰੌਲੀ, ਬਲਾਕ ਪ੍ਰਧਾਨ ਗੁਰਮੇਲ ਸਿੰਘ ਡਰੋਲੀ ਨੇ ਸਾਂਝੇ ਤੌਰ 'ਤੇ ਜ਼ਿਲ੍ਹਾ ਮੀਡੀਆ ਸਕੱਤਰ ਬਲਕਰਨ ਸਿੰਘ ਢਿੱਲੋਂ ਰਾਹੀਂ ਬਿਆਨ ਦਿੰਦੇ ਹੋਏ ਪੰਜਾਬ ਸਰਕਾਰ ਅਤੇ ਨਗਰ ਨਿਗਮ ਪ੍ਰਸ਼ਾਸਨ ਦੀ ਸਖ਼ਤ ਆਲੋਚਨਾ ਕੀਤੀ ਹੈ। ਆਗੂਆਂ ਨੇ ਕਿਹਾ ਕਿ ਇਹ ਫ਼ੈਸਲਾ ਸਿੱਧੇ ਤੌਰ 'ਤੇ ਲੋਕ ਵਿਰੋਧੀ ਹੈ ਅਤੇ ਇਸ ਨਾਲ ਆਮ ਆਦਮੀ ਦੇ ਸੁਪਨੇ ਤੋੜੇ ਜਾ ਰਹੇ ਹਨ। ਇੱਕ ਗਰੀਬ ਪਰਿਵਾਰ ਸਾਰੀ ਉਮਰ ਦੀ ਕਮਾਈ ਨਾਲ ਜੇ ਘਰ ਬਣਾਉਣ ਦਾ ਸੋਚਦਾ ਹੈ, ਤਾਂ ਸਰਕਾਰ ਉਸ ਤੋਂ ਫੀਸਾਂ ਦੇ ਨਾਂ 'ਤੇ ਲੱਖਾਂ ਰੁਪਏ ਲੈ ਕੇ ਉਸ 'ਤੇ ਵਿੱਤੀ ਬੋਝ ਪਾ ਰਹੀ ਹੈ। ਉਨ੍ਹਾਂ ਕਿਹਾ ਕਿ ਨਗਰ ਨਿਗਮ ਦੀ ਇਸ ਨੀਤੀ ਨਾਲ ਭ੍ਰਿਸ਼ਟਾਚਾਰ ਨੂੰ ਵੀ ਉਤਸ਼ਾਹ ਮਿਲੇਗਾ, ਕਿਉਂਕਿ ਜਦੋਂ ਫੀਸਾਂ ਬੇਹੱਦ ਵਧਾ ਦਿੱਤੀਆਂ ਜਾਂਦੀਆਂ ਹਨ, ਤਾਂ ਆਮ ਆਦਮੀ ਗਲਤ ਰਾਹਾਂ ਵੱਲ ਧੱਕਿਆ ਜਾਂਦਾ ਹੈ। ਉਨ੍ਹਾਂ ਕਿਹਾ ਕਿ ਨਗਰ ਨਿਗਮ ਇਸ ਫ਼ੈਸਲੇ ਨੂੰ ਤੁਰੰਤ ਵਾਪਸ ਲਿਆ ਲਵੇ।

# ਨਸ਼ੇ ਦੀਆਂ ਗੋਲੀਆਂ ਸਮੇਤ ਕਾਬੂ

**ਫਰੀਦਕੋਟ (ਗੁਰਪ੍ਰੀਤ ਸਿੰਘ ਬੇਦੀ)**- ਥਾਣਾ ਸਦਰ ਫਰੀਦਕੋਟ ਪੁਲਿਸ ਵੱਲੋਂ ਪਿੰਡ ਪਿੱਪਲੀ ਤੋਂ ਸ਼ੱਕ ਦੇ ਅਧਾਰ 'ਤੇ ਕਾਬੂ ਕੀਤੇ ਗਏ ਇੱਕ ਵਿਅਕਤੀ ਪਾਸੋਂ 24 ਨਸ਼ੇ ਦੀਆਂ ਗੋਲੀਆਂ ਬਰਾਮਦ ਕਰਨ ਦਾ ਦਾਅਵਾ ਕੀਤਾ ਗਿਆ ਹੈ। ਪੁਲਿਸ ਵੱਲੋਂ ਕਥਿਤ ਦੋਸ਼ੀ ਖਿਲਾਫ ਮਾਮਲਾ ਦਰਜ ਕਰ ਲਿਆ ਗਿਆ ਹੈ। ਪ੍ਰਾਪਤ ਸੂਚਨਾ ਅਨੁਸਾਰ ਪੁਲਿਸ ਵੱਲੋਂ ਗੁਰਪ੍ਰੀਤ ਸਿੰਘ ਪੁੱਤਰ ਅੰਗਰੇਜ਼ ਸਿੰਘ ਵਾਸੀ ਪਿਪਲੀ ਨੂੰ ਸ਼ੱਕ ਦੇ ਅਧਾਰ 'ਤੇ ਰੋਕ ਕੇ ਉਸ ਦੀ ਤਲਾਸ਼ੀ ਲਈ ਤਾਂ ਉਸ ਪਾਸੋਂ 24 ਪਬੰਦੀਸ਼ੁਦਾ ਨਸ਼ੇ ਦੀਆਂ ਗੋਲੀਆਂ ਬਰਾਮਦ ਕੀਤੀਆਂ ਗਈਆਂ।ਪੁਲਿਸ ਵੱਲੋਂ ਮਾਮਲੇ ਦੀ ਪੜਤਾਲ ਕੀਤੀ ਜਾ ਰਹੀ ਹੈ।

# 7 ਕਿਲੋ ਭੁੱਕੀ ਚੂਰਾ-ਪੋਸਤ ਸਮੇਤ ਔਰਤ ਕਾਬੂ

**ਸਮਾਣਾ (ਗੁਰਪਿਆਰ ਸਿੰਘ ਬੱਲ)**- ਪੰਜਾਬ ਪੁਲਿਸ ਵੱਲੋਂ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਡੀ ਐਸ ਪੀ ਫਤਿਹ ਸਿੰਘ ਬਰਾੜ ਦੀ ਨਿਗਰਾਨੀ ਹੇਠ ਥਾਣਾ ਸਦਰ ਸਮਾਣਾ ਤੇ ਇੰਚਾਰਜ ਅਜੇ ਪਰੋਚਾ ਅਗਵਾਈ ਹੇਠ ਸਦਰ ਪੁਲਸ ਨੇ ਭੁੱਕੀ ਚੂਰਾ-ਪੋਸਤ ਵੇਚਣ ਲਈ ਗਾਹਕਾਂ ਦੀ ਉਡੀਕ 'ਚ ਸੜਕ ਕਿਨਾਰੇ ਬੈਠੀ ਇਕ ਔਰਤ ਨੂੰ 7 ਕਿਲੋਗ੍ਰਾਮ ਭੁੱਕੀ ਸਮੇਤ ਕਾਬੂ ਕਰ ਕੇ ਐੱਨ. ਡੀ. ਪੀ. ਐੱਸ. ਐਕਟ ਦੀਆਂ ਧਾਰਾਵਾਂ ਤਹਿਤ ਮਾਮਲਾ ਦਰਜ ਕੀਤਾ ਹੈ। ਮੁਲਜ਼ਮ ਔਰਤ ਦੀ ਪਛਾਣ ਜਸਪਾਲ ਕੌਰ ਨਿਵਾਸੀ ਪਿੰਡ ਮਰੌੜੀ ਵਜੋਂ ਹੋਈ ਹੈ।

# ਗੁਲਸ਼ਨ ਛਾਬੜਾ 'ਆਪ' ਦੇ ਸਿੱਖਿਆ ਵਿੰਗ ਦੇ ਪੰਜਾਬ ਪ੍ਰਧਾਨ ਨਿਯੁਕਤ

**ਅਜੀਤਵਾਲ (ਲਵਲੀ ਮਾਛੀਕੇ)** ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਦੇ ਓ ਐਸ ਡੀ ਵਜੋਂ ਸੇਵਾ ਨਿਭਾਅ ਰਹੇ ਆਮ ਆਦਮੀ ਪਾਰਟੀ ਪੰਜਾਬ ਦੇ ਸੀਨੀਅਰ ਆਗੂ ਸ੍ਰੀ ਗੁਲਸ਼ਨ ਛਾਬੜਾ ਦੀਆਂ ਪੰਜਾਬ ਐਜੂਕੇਸ਼ਨ ਵਿਭਾਗ ਵਿਚ ਨਿਭਾਈਆਂ ਜਾ ਰਹੀਆਂ ਵਧੀਆ ਸੇਵਾਵਾਂ ਨੂੰ ਦੇਖਦੇ ਹੋਏ ਸ੍ਰੀ ਗੁਲਸ਼ਨ ਛਾਬੜਾ ਨੂੰ ਆਮ ਆਦਮੀ ਪਾਰਟੀ ਦੇ ਸਿੱਖਿਆ ਵਿੰਗ ਦੇ ਪੰਜਾਬ ਪ੍ਰਧਾਨ ਵਜੋਂ ਨਿਯੁਕਤ ਕੀਤਾ ਗਿਆ ਹੈ। ਸ੍ਰੀ ਗੁਲਸ਼ਨ ਛਾਬੜਾ ਦੀ ਇਸ ਹੋਈ ਨਿਯੁਕਤੀ ਨਾਲ ਸਮੁੱਚੇ ਐਜੂਕੇਸ਼ਨ ਵਿਭਾਗ ਵਿਚ ਤੇ ਨਿਹਾਲ ਸਿੰਘ ਵਾਲਾ ਵਿਚ ਖੁਸ਼ੀ ਦੀ ਲਹਿਰ ਫੈਲ ਗਈ ਹੈ ਤੇ ਇਨ੍ਹਾਂ ਦੀ ਇਸ ਨਿਯੁਕਤੀ ਨਾਲ ਸਿੱਖਿਆ ਜ਼ਮੀਨੀ ਪੱਧਰ 'ਤੇ ਹੋਰ ਜ਼ਿਆਦਾ ਮਜਬੂਤ ਹੋਵੇਗੀ। ਸ੍ਰੀ ਗੁਲਸ਼ਨ ਛਾਬੜਾ ਆਮ ਆਦਮੀ ਪਾਰਟੀ ਵਿੱਚ ਲੰਮੇ ਸਮੇਂ ਤੋਂ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਦੇ ਓ ਐਸ ਡੀ ਵਜੋਂ ਸੇਵਾ ਨਿਭਾਅ ਰਹੇ ਹਨ। ਸ੍ਰੀ ਗੁਲਸ਼ਨ ਛਾਬੜਾ ਨੇ ਦੱਸਿਆ ਕਿ ਉਨ੍ਹਾਂ ਦੀ ਇਹ ਨਿਯੁਕਤੀ ਪਾਰਟੀ ਦੇ ਸੂਬਾ ਪ੍ਰਭਾਰੀ ਸ੍ਰੀ ਮੁਨੀਸ਼ ਸਿਸੋਦਿਆ ਤੇ ਪਾਰਟੀ ਦੇ ਸੂਬਾ ਪ੍ਰਧਾਨ ਅਮਨ ਅਰੋੜਾ ਦੇ ਯਤਨਾ ਸਦਕਾ ਹੋਈ ਹੈ। ਉਨ੍ਹਾਂ ਕਿਹਾ ਕਿ ਜਿਸ ਤੇ ਉਹ ਉਨ੍ਹਾਂ ਦੇ ਵਿਸ਼ੇਸ਼ ਧੰਨਵਾਦੀ ਹਨ।



# ਐੱਚ ਪੀ ਵੀ ਵੈਕਸੀਨ ਸੰਬੰਧੀ ਕਰਾਈ ਟ੍ਰੇਨਿੰਗ

**ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)** ਸਿਵਲ ਸਰਜਨ ਡਾ. ਅਮਰਜੀਤ ਕੌਰ ਦੀ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਤੇ ਜ਼ਿਲ੍ਹਾ ਟੀਕਾਕਰਨ ਅਫਸਰ ਕਮ ਨੋਡਲ ਅਫ਼ਸਰ ਡਾ. ਅੰਜੂ ਸਿੰਗਲਾ ਦੀ ਵੱਲੋਂ ਜ਼ਿਲ੍ਹੇ ਦੇ ਸਮੂਹ ਟੀਕਾਕਰਨ ਨੋਡਲ ਅਫਸਰਾਂ ਤੇ ਕੋਲਡ ਚੇਨ ਹੈਂਡਲਰਾਂ ਦੀ ਐਚ.ਪੀ.ਵੀ. ਵੈਕਸੀਨੇਸ਼ਨ ਸਬੰਧੀ ਟ੍ਰੇਨਿੰਗ ਕਰਾਈ ਗਈ। ਟ੍ਰੇਨਿੰਗ ਦੌਰਾਨ ਉਨ੍ਹਾਂ ਦੱਸਿਆ ਕਿ ਬੱਚੇਦਾਨੀ ਦੇ ਮੂੰਹ ਦਾ ਕੈਂਸਰ ਭਾਰਤ ਦੇਸ਼ ਵਿੱਚ ਦੂਜਾ ਸਭ ਤੋਂ ਜਿਆਦਾ ਹੋਣ ਵਾਲਾ ਕੈਂਸਰ ਹੈ, ਜਿਸ ਦਾ ਮੁੱਖ ਕਾਰਨ ਹਿਊਮਨ ਪੈਪੀਲੋਮਾ ਵਾਇਰਸ ਹੈ। ਇਸ ਦੀ ਲਾਗ ਤੋਂ ਬਚਾਅ ਲਈ ਵੈਕਸੀਨ ਦਾ ਮੁੱਖ ਮੰਤਵ ਇਸ ਬਿਮਾਰੀ ਤੋਂ ਬਚਾਅ ਤੇ ਹੋਰ ਬਿਮਾਰੀਆਂ ਤੋਂ ਰੋਕਥਾਮ ਅਤੇ ਮੌਤ ਦਰ ਘੱਟ ਕਰਨਾ ਹੈ।ਉਨ੍ਹਾਂ ਕਿਹਾ ਕਿ ਬੱਚੇਦਾਨੀ ਦੇ ਮੂੰਹ ਦੇ ਕੈਂਸਰ ਤੋਂ ਬਚਾਅ ਲਈ ਇਹ ਟੀਕਾਕਰਨ ਅਤਿ ਜ਼ਰੂਰੀ ਹੈ।ਉਨ੍ਹਾਂ ਦੱਸਿਆ ਕਿ ਐਚ.ਪੀ.ਵੀ. ਸਟ੍ਰੇਨ ਦਾ ਐਚ. ਪੀ. ਵੀ.16 ਅਤੇ 18 ਬੱਚੇਦਾਨੀ ਦੇ ਮੂੰਹ ਦੇ ਕੈਂਸਰ ਦਾ ਸਭ ਤੋਂ ਜ਼ਿਆਦਾ ਕਾਰਨ ਬਣਦਾ ਹੈ। ਉਨ੍ਹਾਂ ਕਿਹਾ ਕਿ ਇਹ ਵੈਕਸੀਨ ਪੂਰੀ ਤਰ੍ਹਾਂ ਸੁਰੱਖਿਅਤ ਹੈ।



# ਵਹੀਕਲ ਚੋਰੀ ਕਰਨ ਵਾਲੇ ਗਰੋਹ ਦੇ 2 ਮੈਂਬਰਾਂ ਨੂੰ ਕਾਬੂ ਕਰਕੇ 24 ਦੋਪਹੀਆ ਵਹੀਕਲ ਬਰਾਮਦ

**ਮਾਨਸਾ (ਆਤਮਾ ਸਿੰਘ ਪਮਾਰ)** ਸ੍ਰੀ ਭਾਗੀਰਥ ਸਿੰਘ ਮੀਨਾ, ਆਈ.ਪੀ.ਐਸ ਸੀਨੀਅਰ ਕਪਤਾਨ ਪੁਲਸ ਨੇ ਦੱਸਿਆ ਕਿ ਮਾਨਸਾ ਪੁਲਸ ਵੱਲੋਂ ਵਹੀਕਲ ਚੋਰੀ ਕਰਨ ਵਾਲੇ ਗਿਰੋਹ ਦੇ 2 ਮੈਬਰਾਂ ਨੂੰ ਕਾਬੂ ਕਰਕੇ ਵੱਡੀ ਸਫਲਤਾ ਹਾਸਲ ਕੀਤੀ ਹੈ।ਉਨ੍ਹਾਂ ਦੱਸਿਆ ਕਿ ਮੁਲਜ਼ਮਾਂ ਪਾਸੋਂ ਚੋਰੀ ਕੀਤੇ 23 ਮੋਟਰ ਸਾਈਕਲ ਤੇ 01 ਸਕਟੂਰੀ ਬਰਾਮਦ ਹੋਈ ਹੈ। ਐਸ.ਐਸ.ਪੀ ਅੱਗੇ ਦੱਸਿਆ ਕਿ ਜਸਵਿੰਦਰ ਸਿੰਘ ਉਪ ਕਪਤਾਨ ਪੁਲਿਸ (ਇੰਨਵੈ:) ਦੀ ਨਿਗਰਾਨੀ ਹੇਠ ਇੰਸਪੈਕਟਰ ਬਲਕੌਰ ਸਿੰਘ ਇੰਚਾਰਜ ਸੀ.ਆਈ.ਏ ਸਟਾਫ਼ ਮਾਨਸਾ ਦੀ ਅਗਵਾਈ 'ਚ ਸਦਰ ਥਾਣਾ ਗੁਰਵਿੰਦਰ ਸਿੰਘ 876/ਮਾਨਸਾ ਸਮੇਤ ਸੀ.ਆਈ.ਏ ਦੀ ਪੁਲਿਸ ਪਾਰਟੀ ਵੱਲੋਂ ਗਸ਼ਤ ਦੌਰਾਨ ਮੁਖ਼ਬਰੀ ਮਿਲਣ 'ਤੇ ਦਾਣਾ ਮੰਡੀ ਪਿੰਡ ਬੀਰੋਕੇ ਕਲਾਂ ਕੋਲ ਨਾਕਬੰਦੀ ਕੀਤੀ। ਇਸ ਦੌਰਾਨ ਗੁਰਮੀਤ ਸਿੰਘ ਸਿੰਘ ਉਰਫ ਗੀਤੂ ਪੁੱਤਰ ਬੂਟਾ ਸਿੰਘ ਪੁੱਤਰ ਲਾਭ ਸਿੰਘ ਵਾਸੀ ਹੋਡਲਾ ਕਲਾ, ਜਸਦੀਪ ਰਾਮ ਪੁੱਤਰ ਜਗਸੀਰ ਰਾਮ ਵਾਸੀ ਟਿੱਬੀ ਹਰੀ ਸਿੰਘ ਵਾਲਾ ਨੂੰ ਸਮੇਤ ਚੋਰੀ ਕੀਤੇ ਮੋਟਰ ਸਾਇਕਲ ਹੀਰੋ ਸਪਲੈਂਡਰ ਕਾਬੂ ਕਰਕੇ ਮੁਕਦੱਮਾ ਨੰਬਰ 05 ਮਿਤੀ 12.01.2026 ਅ/ਧ 303(2) ਬੀ.ਐਨ.ਐਸ ਥਾਣਾ ਸਦਰ 'ਚ ਦਰਜ ਕਰਕੇ ਗ੍ਰਿਫਤਾਰ ਕੀਤੇ ਗਏ।ਉਨ੍ਹਾਂ ਦੱਸਿਆ ਕਿ ਪੁੱਛਗਿੱਛ ਦੌਰਾਨ ਗੁਰਮੀਤ ਸਿੰਘ ਉਕਤਾਨ ਪਾਸੋਂ ਚੋਰੀ ਕੀਤੇ 22 ਮੋਟਰ ਸਾਇਕਲ ਤੇ 01 ਸਕਟੂਰੀ ਬਰਾਮਦ ਕੀਤੀ ਗਈ।ਹੁਣ ਤੱਕ ਮੁਦਕੱਮੇ 'ਚ ਕੁੱਲ 24 ਵਹੀਕਲ ਬਰਾਮਦ ਕੀਤੇ ਜਾ ਚੁੱਕੇ ਹਨ।ਉਨ੍ਹਾਂ ਕਿਹਾ ਕਿ ਗ੍ਰਿਫ਼ਤਾਰ ਵਿਅਕਤੀਆਂ ਨੂੰ ਮਾਨਯੋਗ ਅਦਾਲਤ ਵਿੱਚ ਪੇਸ਼ ਕਰਕੇ ਪੁਲਿਸ ਰਿਮਾਂਡ ਹਾਸਲ ਕਰਕੇ ਬਰੀਕੀ ਨਾਲ ਪੁੱਛਗਿੱਛ ਕੀਤੀ ਜਾਵੇਗੀ।ਪੁੱਛਗਿੱਛ ਉਪਰੰਤ ਚੋਰੀ ਦੀਆਂ ਹੋਰ ਵਾਰਦਾਤਾਂ ਟਰੇਸ ਹੋਣ ਦੀ ਵੀ ਪੂਰੀ ਪੂਰੀ ਸੰਭਾਵਨਾ ਹੈ।



# ਗੁੱਡ ਮੌਰਨਿੰਗ ਕਲੱਬ ਨੇ ਲੋਹੜੀ ਦੀ ਨੱਚ-ਟੱਪ ਕੇ ਤੇ ਭੰਗੜੇ ਪਾ ਕੇ ਖੁਸ਼ੀ ਕੀਤੀ ਸਾਂਝੀ

**ਕੋਟਕਪੂਰਾ, (ਰਛਪਾਲ ਭੁੱਲਰ)** ਲੋਹੜੀ ਦੇ ਤਿਉਹਾਰ ਦੀਆਂ ਖੁਸ਼ੀਆਂ ਸਾਂਝੀਆਂ ਕਰਨ ਲਈ ਸਥਾਨਕ ਫੇਰੂਮਾਨ ਚੌਂਕ ਵਿੱਚ ਸਥਿਤ ਗੁੱਡ ਮੌਰਨਿੰਗ ਵੈਲਫੇਅਰ ਕਲੱਬ ਵੱਲੋਂ ਕਰਾਏ ਗਏ ਨੂੰ ਪ੍ਰੋਗਰਾਮ ਵਿੱਚ ਸਰਬਸੰਮਤੀ ਨਾਲ ਕਲੱਬ ਦੇ ਪ੍ਰਧਾਨ ਡਾ. ਮਨਜੀਤ ਸਿੰਘ ਢਿੱਲੋਂ ਵੱਲੋਂ ਪੰਜਾਬ ਦੇ ਨੌਜਵਾਨਾ ਦੇ ਭਵਿੱਖ ਲਈ ਪ੍ਰਗਟਾਈ ਜਾ ਰਹੀ ਚਿੰਤਾ ਨੂੰ ਦੂਰ ਕਰਨ ਤੇ ਨੌਜਵਾਨਾਂ ਦਾ ਭਵਿੱਖ ਰੁਸ਼ਨਾਉਣ ਲਈ ਉਲੀਕੇ ਪ੍ਰੋਗਰਾਮਾ ਵਿੱਚ ਹਰ ਤਰਾਂ ਦਾ ਸਹਿਯੋਗ ਦੇਣ ਦਾ ਫੈਸਲਾ ਕੀਤਾ ਗਿਆ। ਸੁਪਰਡੈਂਟ ਜਸਕਰਨ ਸਿੰਘ ਭੱਟੀ ਤੇ ਓਮ ਪ੍ਰਕਾਸ਼ ਗੁਪਤਾ ਨੇ ਨਵੇਂ ਬਣੇ ਮੈਂਬਰਾਂ ਨੂੰ ਜੀ ਆਇਆਂ ਆਖਦਿਆਂ ਕਲੱਬ ਦੇ ਰੂਲ ਐਂਡ ਰੈਗੂਲੇਸ਼ਨ ਤੋਂ ਜਾਣੂ ਕਰਾਇਆ।ਕਲੱਬ ਦੇ ਮੁੱਖ ਸਰਪ੍ਰਸਤ ਗੁਰਿੰਦਰ ਸਿੰਘ ਮਹਿੰਦੀਰੱਤਾ ਨੇ ਕਲੱਬ ਵੱਲੋਂ ਅਤੀਤ ਵਿੱਚ ਕੀਤੇ ਮਨੁੱਖਤਾ ਦੀ ਭਲਾਈ ਵਾਲੇ ਸੇਵਾ ਕਾਰਜਾਂ ਤੇ ਭਵਿੱਖ ਵਿੱਚ ਉਲੀਕੇ ਜਾਣ ਵਾਲੇ ਪ੍ਰੋਗਰਾਮਾ ਦਾ ਸੰਖੇਪ ਵਿੱਚ ਜਿਕਰ ਕੀਤਾ।ਨਵੇਂ ਬਣੇ ਮੈਂਬਰ ਕੁਲਦੀਪ ਸਿੰਘ ਗਿੱਲ ਨੇ ਮੰਨਿਆ ਕਿ ਕਲੱਬ ਨਾਲ ਜੁੜ ਕੇ ਉਸ ਦੀਆਂ ਬਹੁਤ ਸਾਰੀਆਂ ਪ੍ਰੇਸ਼ਾਨੀਆਂ ਦੂਰ ਹੋ ਗਈਆਂ ਹਨ ਤੇ ਉਹ ਕਲੱਬ ਨਾਲ ਜੁੜਨ ਤੋਂ ਬਾਅਦ ਖੁਦ ਨੂੰ ਹਲਕਾ ਤੇ ਸੰਤੁਸ਼ਟ ਮਹਿਸੂਸ ਕਰ ਰਿਹਾ ਹੈ। ਨਵੇਂ ਬਣੇ ਮੈਂਬਰਾਂ ਵਿੱਚ ਸ਼ਾਮਲ ਗੁਰਜੀਤ ਸਿੰਘ ਸੋਢੀ ਤੇ ਡਾ ਕੇ.ਕੇ. ਕਟਾਰੀਆ ਨੇ ਮਾਣ ਮਹਿਸੂਸ ਕੀਤਾ ਕਿ ਉਹ ਇਲਾਕੇ ਦੀ ਨਾਮਵਰ ਸੰਸਥਾ ਨਾਲ ਜੁੜ ਰਹੇ ਹਨ।ਡਾ. ਮਨਜੀਤ ਸਿੰਘ ਢਿੱਲੋਂ ਨੇ ਆਪਣੇ ਪ੍ਰਧਾਨਗੀ ਭਾਸ਼ਣ ਵਿੱਚ ਆਖਿਆ ਕਿ ਇਕ ਸਾਲ ਦਾ ਇੱਕ ਲੱਖ ਕਰੋੜ ਰੁਪਿਆ ਵੱਖ-ਵੱਖ ਕਿਸਮ ਦੇ ਵੀਜ਼ੇ ਲਵਾਉਣ ਦੇ ਰੂਪ ਵਿੱਚ ਪੰਜਾਬ ਦਾ ਵਿਦੇਸ਼ਾਂ ਵਿੱਚ ਜਾ ਰਿਹਾ ਹੈ, ਸਾਡੇ ਨੌਜਵਾਨ ਆਪਣਾ ਹੁਨਰ ਲੈ ਕੇ ਪ੍ਰਵਾਸ ਕਰ ਰਹੇ ਹਨ, ਹੋਰ ਰਾਜਾਂ ਦੀ ਪੰਜਾਬ ਵਿੱਚ ਤੈਨਾਤ ਅਫਸਰਸ਼ਾਹੀ ਤੇ ਲੇਬਰ ਕਾਰਨ ਵੀ ਪੰਜਾਬ ਦਾ ਸਰਮਾਇਆ ਹੋਰਨਾ ਰਾਜਾਂ ਵਿੱਚ ਜਾਣ ਕਾਰਨ ਆਰਥਿਕ ਮੰਦਹਾਲੀ ਤੋਂ ਬਾਅਦ ਐਮਰਜੈਂਸੀ ਵਰਗੇ ਹਾਲਾਤ ਪੈਦਾ ਹੋਣ ਦਾ ਖਤਰਾ ਮੰਡਰਾਉਣ ਦੇ ਕਾਰਨਾ ਕਰਕੇ ਉਨ੍ਹਾਂ ਨੌਜਵਾਨਾਂ ਨੂੰ ਵੱਡੇ ਅਫਸਰ ਬਣਾਉਣ ਦਾ ਫੈਸਲਾ ਕੀਤਾ ਹੈ ਤਾਂ ਜੁ ਨੌਜਵਾਨਾਂ ਦਾ ਵਿਦੇਸ਼ ਜਾਣ ਦਾ ਰੁਝਾਨ ਘਟਾਇਆ ਜਾ ਸਕੇ।ਗੁਰਚਰਨ ਸਿੰਘ ਬੱਬੂ ਗੀਤ, ਸ਼ੇਅਰ ਤੇ ਚੁਟਕਲੇ ਸੁਣਾ ਕੇ ਰੰਗ ਬੰਨਿਆ, ਜਦਕਿ ਕਲੱਬ ਦੇ ਸਮੂਹ ਅਹੁਦੇਦਾਰਾਂ ਤੇ ਮੈਂਬਰਾਂ ਨੇ ਢੋਲ ਦੀ ਤਾਲ 'ਤੇ ਨੱਚ ਟੱਪ ਕੇ, ਭੰਗੜੇ ਅਤੇ ਡਾਂਸ ਰਾਹੀਂ ਖੂਬ ਮਨੋਰੰਜਨ ਕਰਨ ਤੋਂ ਬਾਅਦ ਰਾਤ ਦਾ ਖਾਣਾ ਇਕੱਠਿਆਂ ਨੇ ਖਾਧਾ।ਅੰਤ ਸਾਰਿਆਂ ਨੇ ਇਕ ਦੂਜੇ ਨੂੰ ਲੋਹੜੀ ਦੇ ਤਿਉਹਾਰ ਦੀਆਂ ਵਧਾਈਆਂ ਦਿੰਦਿਆਂ ਚੰਗੇਰੇ ਭਵਿੱਖ ਦੀਆਂ ਸ਼ੁੱਭਕਾਮਨਾਵਾਂ ਵੀ ਦਿੱਤੀਆਂ।ਨਵੇਂ ਬਣੇ ਮੈਂਬਰਾਂ ਨੂੰ ਜੀ ਆਇਆਂ ਆਖਦਿਆਂ ਉਨ੍ਹਾਂ ਦਾ ਗਰਮਜੋਸ਼ੀ ਨਾਲ ਸੁਆਗਤ ਵੀ ਕੀਤਾ ਗਿਆ।



# ਪੰਜਾਬ ਪੈਨਸ਼ਨਰਜ਼ ਯੂਨੀਅਨ ਦੀ ਮੀਟਿੰਗ 'ਚ ਸੰਘਰਸ਼ 'ਚ ਸ਼ਾਮਿਲ ਹੋਣ ਦਾ ਅਹਿਦ

**ਮੋਗਾ (ਇਕਬਾਲ ਸਿੰਘ ਖਹਿਰਾ)**- ਪੰਜਾਬ ਪੈਨਸ਼ਨਰਜ਼ ਯੂਨੀਅਨ (ਏਟਕ) ਬ੍ਰਾਂਚ ਮੋਗਾ ਦੀ ਮਹੀਨਾਵਾਰ ਮੀਟਿੰਗ ਯੂਨੀਅਨ ਦੇ ਐਕਟਿੰਗ ਪ੍ਰਧਾਨ ਅਜਮੇਰ ਸਿੰਘ ਅਖਾੜਾ ਦੀ ਪ੍ਰਧਾਨਗੀ ਹੇਠ ਸ਼ਹੀਦ ਨਛੱਤਰ ਸਿੰਘ ਧਾਲੀਵਾਲ ਭਵਨ ਮੋਗਾ ਵਿੱਚ ਹੋਈ। ਇਸ ਮੌਕੇ ਵਿੱਛੜੇ ਸਾਥੀਆਂ ਦਾਰਾ ਸਿੰਘ ਘੋਲੀਆ, ਸਰਬਣ ਸਿੰਘ ਸਿੰਘਾਂਵਾਲਾ, ਹਰਬੰਸ ਸਿੰਘ ਕੋਰੇਵਾਲਾ, ਹਰਬੰਸ ਸਿੰਘ ਮਕੈਨਿਕ ਦੀ ਭਰਜਾਈ, ਗੁਰਜੀਤ ਸਿੰਘ ਡਰੋਲੀ ਭਾਈ ਦੀ ਸੁਪਤਨੀ, ਜਗਸੀਰ ਸਿੰਘ ਖੋਸਾ ਦੇ ਪਿਤਾ ਮੁਖਤਿਆਰ ਸਿੰਘ ਦੀ ਮੌਤ 'ਤੇ ਦੁੱਖ ਪ੍ਰਗਟ ਕਰਦਿਆਂ ਦੋ ਮਿੰਟ ਦਾ ਮੋਨ ਧਾਰਨ ਕਰਕੇ ਉਹਨਾਂ ਨੂੰ ਸ਼ਰਧਾਂਜਲੀ ਦਿੱਤੀ ਗਈ। ਇਸ ਉਪਰੰਤ ਮੀਟਿੰਗ ਦੀ ਕਾਰਵਾਈ ਚਲਾਉਂਦਿਆਂ ਜਨਰਲ ਸਕੱਤਰ ਬੂਟਾ ਸਿੰਘ ਭੱਟੀ ਨੇ ਪੰਜਾਬ ਸਰਕਾਰ ਅਤੇ ਕੇਂਦਰ ਸਰਕਾਰ ਦੀ ਨੁਕਤਾਚੀਨੀ ਕਰਦਿਆਂ ਕਿਹਾ ਕਿ ਇਹ ਸਰਕਾਰਾਂ ਹਮੇਸ਼ਾ ਹੀ ਲੋਕ ਵਿਰੋਧੀ ਅਤੇ ਕਾਰਪੋਰੇਟ ਪੱਖੀ ਰਹੀਆਂ ਹਨ। ਸੰਘਰਸ਼ ਨਾਲ ਹੀ ਅਸੀਂ ਕੁੱਝ ਪ੍ਰਾਪਤ ਕਰ ਸਕਦੇ ਹਾਂ ਇਸ ਲਈ ਸਾਨੂੰ ਸੰਘਰਸ਼ਸ਼ੀਲ ਰਹਿਣਾ ਚਾਹੀਦਾ ਹੈ। ਸਤਪਾਲ ਸਹਿਗਲ ਚੇਅਰਮੈਨ ਨੇ ਪੈਨਸ਼ਨਰਾਂ ਨੂੰ ਕਾਨੂੰਨੀ ਜਾਣਕਾਰੀ ਅਤੇ ਕੋਰਟਾਂ ਵਿੱਚ ਚੱਲ ਰਹੇ ਵੱਖ-ਵੱਖ ਕੇਸਾਂ ਬਾਰੇ ਜਾਣਕਾਰੀ ਦਿੱਤੀ। ਇਸ ਉਪਰੰਤ ਅਵਤਾਰ ਸਿੰਘ ਗਗੜਾ ਨੇ ਕਿਹਾ ਕਿ ਸਾਨੂੰ ਉਸ ਰਾਜਸੀ ਤਾਕਤ ਨੂੰ ਤਕੜਾ ਕਰਕੇ ਵਿਧਾਨ ਸਭਾ ਵਿੱਚ ਭੇਜਣਾ ਚਾਹੀਦਾ ਹੈ ਜੋ ਆਮ ਲੋਕਾਂ, ਮਜ਼ਦੂਰਾਂ, ਮੁਲਾਜ਼ਮਾਂ ਦੇ ਮਸਲੇ ਵਿਧਾਨ ਸਭਾ ਵਿੱਚ ਰੱਖ ਸਕੇ। ਸੂਬਾ ਪ੍ਰਧਾਨ ਜਗਦੀਸ਼ ਸਿੰਘ ਚਾਹਲ ਨੇ ਕਿਹਾ ਕਿ ਜਥੇਬੰਦੀਆਂ ਨੇ ਪਹਿਲਾਂ ਬਹੁਤ ਕੁੱਝ ਲੈ ਕੇ ਦਿੱਤਾ ਹੈ। ਹੁਣ ਵੀ ਸੰਘਰਸ਼ ਕਰਕੇ ਆਪਣੇ ਹੱਕਾਂ ਦੀ ਰਾਖੀ ਕਰ ਰਹੀਆਂ ਹਨ। ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਵੱਲੋਂ 29 ਕਾਨੂੰਨਾਂ ਨੂੰ ਤੋੜ ਕੇ ਬਣਾਏ 4 ਕੋਡਾਂ ਦੇ ਵਿਰੋਧ ਵਿੱਚ, ਬਿਜਲੀ ਬਿੱਲ 2025 ਅਤੇ ਬੀਜ ਬਿੱਲ 2025 ਦੇ ਵਿਰੋਧ ਵਿੱਚ, ਮਗਨਰੇਗਾ ਦੀ ਬਹਾਲੀ ਲਈ, ਪੰਜਾਬ ਸਰਕਾਰ ਵੱਲੋਂ ਬਿਜਲੀ ਬੋਰਡ ਦੀਆਂ ਜਾਇਦਾਦਾਂ ਨੂੰ ਵੇਚਣ ਦੇ ਵਿਰੋਧ ਵਿੱਚ ਹੁਣ ਵੀ ਜਥੇਬੰਦੀਆਂ ਸੰਘਰਸ਼ ਕਰ ਰਹੀਆਂ ਹਨ। ਜਿਸ ਦੀ ਕੜੀ ਵਜੋਂ 16 ਜਨਵਰੀ ਨੂੰ ਡਿਪਟੀ ਕਮਿਸ਼ਨਰਾਂ ਦੇ ਦਫ਼ਤਰਾਂ ਮੂਹਰੇ ਧਰਨੇ ਦਿੱਤੇ ਜਾ ਰਹੇ ਹਨ ਅਤੇ 12 ਫਰਵਰੀ ਨੂੰ ਸੰਯੁਕਤ ਕਿਸਾਨ ਮੋਰਚੇ ਅਤੇ 10 ਕੇਂਦਰੀ ਟਰੇਡ ਯੂਨੀਅਨਾਂ ਵੱਲੋਂ ਦੇਸ਼ ਵਿਆਪੀ ਹੜਤਾਲ ਕੀਤੀ ਜਾ ਰਹੀ ਹੈ। ਸਰਵ ਸੰਮਤੀ ਨਾਲ ਹੱਥ ਖੜ੍ਹੇ ਕਰਕੇ ਇਨ੍ਹਾਂ ਪਰੋਗਰਾਮਾਂ ਵਿੱਚ ਸ਼ਾਮਲ ਹੋਣ ਨੂੰ ਪ੍ਰਵਾਨਗੀ ਦਿੱਤੀ ਗਈ। ਇਸ ਉਪਰੰਤ ਯੂਨੀਅਨ ਦੀ ਕਾਰਜਕਾਰੀ ਕਮੇਟੀ ਵਿੱਚ ਵਾਧਾ ਕਰਦਿਆਂ ਭੁਪਿੰਦਰ ਸਿੰਘ ਭਿੰਡਾ, ਛਿੰਦਰਪਾਲ ਸਿੰਘ ਵੜ੍ਹੇ, ਧਰਮਵੀਰ ਸਿੰਘ ਇੰਸਪੈਕਟਰ, ਉਂਕਾਰ ਪੁਰੀ, ਹਰਵਿੰਦਰ ਸਿੰਘ ਬਿੱਟਾ, ਮੱਘਰ ਸਿੰਘ, ਸੁਖਵਿੰਦਰ ਲਾਲ ਪੱਪੂ, ਪ੍ਰੇਮ ਕੁਮਾਰ ਮੋਗਾ, ਨਛੱਤਰ ਸਿੰਘ ਰਿਟਾ ਟੀਐਮ, ਮਹਿੰਦਰ ਸਿੰਘ ਗੁੰਮਟੀ ਨੂੰ ਮੀਤ ਸਕੱਤਰ ਚੁਣਿਆ ਗਿਆ। ਉਪਰੰਤ ਓਮ ਪ੍ਰਕਾਸ਼ 70 ਸਾਲ, ਬਲਵਿੰਦਰ ਸਿੰਘ ਜੀਰਾ 70 ਸਾਲ, ਦਰਸ਼ਨ ਸਿੰਘ ਭੇਖਾ 75 ਸਾਲ ਨੂੰ ਲਗਾਤਾਰ ਜਥੇਬੰਦੀ ਵਿੱਚ ਸਰਗਰਮ ਰਹਿਣ ਕਾਰਨ ਇੱਕ ਲੋਈ ਅਤੇ ਮੋਮੈਂਟੋ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਹੋਰਨਾਂ ਤੋਂ ਇਲਾਵਾ ਬਚਿੱਤਰ ਸਿੰਘ ਘੋਲੀਆ, ਪੋਹਲਾ ਸਿੰਘ ਬਰਾੜ, ਚਮਕੌਰ ਸਿੰਘ ਲੰਗੇਆਣਾ, ਨਿਰੰਜਣ ਸਿੰਘ ਮਾਛੀਕੇ, ਛਿੰਦਰਪਾਲ ਸਿੰਘ, ਅਵਤਾਰ ਸਿੰਘ, ਸਤਪਾਲ ਸਰਮਾ, ਬਲਬੀਰ ਸਿੰਘ ਰਾਮੂੰਵਾਲਾ, ਅਮਰਜੀਤ ਸਿੰਘ ਰਾਮੂੰਵਾਲਾ, ਅਮਰ ਸਿੰਘ ਮਹਿਣਾ, ਗੁਰਚਰਨ ਸਿੰਘ ਬਾਘਾਪੁਰਾਣਾ ਵੀ ਹਾਜ਼ਰ ਸਨ।

● **ਬਜ਼ੁਰਗ ਪੈਨਸ਼ਨਰਾਂ ਦਾ ਸਨਮਾਨ**



# ਸ੍ਰੀ ਮੈਡ ਰਾਜਪੂਤ ਸਭਾ ਨੇ ਧੂਮਧਾਮ ਨਾਲ ਮਨਾਈ ਲੋਹੜੀ

**ਫ਼ਾਜ਼ਿਲਕਾ, (ਨਿਸ਼ਾ ਸ਼ਰਮਾ)** ਲੋਹੜੀ ਮੌਕੇ ਰਾਜਪੂਤ ਸਭਾ ਵੱਲੋਂ ਪਰਵਾਰ ਮਿਲਣ ਸਮਾਰੋਹ ਬੜੀ ਧੂਮਧਾਮ ਨਾਲ ਮਨਾਇਆ ਗਿਆ।ਪ੍ਰੈਸ ਸਕੱਤਰ ਸੋਨੂ ਵਰਮਾ, ਸੀਨੀਅਰ ਮੀਤ ਪ੍ਰਧਾਨ ਰਾਜਿੰਦਰ ਮੋਹਨ (ਕਾਲਾ), ਸਤੀਸ਼ ਕੁਮਾਰ (ਲੱਡੂ), ਮੀਤ ਪ੍ਰਧਾਨ ਵਿਕਰਮ ਢੱਲ, ਓਮ ਪ੍ਰਕਾਸ਼ ਚੌਹਾਨ, ਸੁਭਾਸ਼ ਚੰਦਰ ਵਰਮਾ (ਰਾਕੇਸ਼), ਰਾਕੇਸ਼ ਕੁਮਾਰ ਨਾਟੀ ਅਤੇ ਸਾਹਿਲ ਵਰਮਾ ਨੇ ਦੱਸਿਆ ਕਿ ਸ੍ਰੀ ਮੈੜ ਰਾਜਪੂਤ ਸਭਾ ਵੱਲੋਂ ਲੋਹੜੀ ਦੇ ਮੌਕੇ 'ਤੇ ਇਸ ਵਿਸ਼ੇਸ਼ ਪਰਵਾਰ ਮਿਲਣ ਸਮਾਰੋਹ ਦਾ ਆਯੋਜਨ ਕੀਤਾ ਗਿਆ ਸੀ।ਪ੍ਰੋਗਰਾਮ ਵਿੱਚ ਸੰਸਦ ਸ਼ੇਰ ਸਿੰਘ ਘੁਬਾਇਆ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ।ਵਿਸ਼ੇਸ਼ ਮਹਿਮਾਨਾਂ ਵਜੋਂ ਕੌਂਸਲਰ ਪਾਲ ਚੰਦ ਵਰਮਾ, ਕੌਂਸਲਰ ਰਮੇਸ਼ ਵਰਮਾ, ਨੰਦ ਲਾਲ ਵਰਮਾ, ਅਸ਼ੋਕ ਸੋਨੀ, ਕ੍ਰਿਸ਼ਨ ਵਰਮਾ ਅਤੇ ਕ੍ਰਿਸ਼ਨ ਸਚੂ ਹਾਜ਼ਰ ਹੋਏ।ਪ੍ਰਧਾਨ ਰਾਜਿੰਦਰ ਵਰਮਾ (ਛਿੰਦਾ) ਨੇ ਮੁੱਖ ਮਹਿਮਾਨਾਂ ਦਾ ਸਵਾਗਤ ਕੀਤਾ ਤੇ ਪਰਿਵਾਰ ਮਿਲਣ ਸਮਾਰੋਹ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ। ਸਮਾਰੋਹ ਵਿੱਚ ਪਹੁੰਚੇ ਅਸ਼ੋਕ ਸੋਨੀ ਨੇ ਕਿਹਾ ਕਿ ਪ੍ਰਧਾਨ ਰਾਜਿੰਦਰ ਵਰਮਾ (ਛਿੰਦਾ) ਨੇ ਅਹੁਦਾ ਸੰਭਾਲਦਿਆਂ ਹੀ ਸਭਾ ਦੇ ਕੰਮਾਂ ਵਿੱਚ ਨਵੀਂ ਜਾਨ ਫੂਕ ਦਿੱਤੀ ਹੈ ਤੇ ਉਨ੍ਹਾਂ ਦੀ ਟੀਮ ਸਮਾਜ ਨੂੰ ਅੱਗੇ ਲਿਜਾਣ ਲਈ ਦਿਨ-ਰਾਤ ਮਿਹਨਤ ਕਰ ਰਹੀ ਹੈ, ਜੋ ਸ਼ਲਾਘਾਯੋਗ ਹੈ।ਕੌਂਸਲਰ ਪਾਲ ਚੰਦ ਵਰਮਾ, ਰਮੇਸ਼ ਵਰਮਾ ਤੇ ਹੋਰਨਾਂ ਨੇ ਵੀ ਇਸ ਸਫਲ ਆਯੋਜਨ ਲਈ ਪੂਰੀ ਟੀਮ ਨੂੰ ਵਧਾਈ ਦਿੱਤੀ।ਸੰਸਦ ਸ਼ੇਰ ਸਿੰਘ ਘੁਬਾਇਆ ਨੇ ਸ੍ਰੀ ਮੈਡ ਰਾਜਪੂਤ ਸਭਾ ਦੇ ਭਵਨ ਨਿਰਮਾਣ ਲਈ 5 ਲੱਖ ਰੁਪਏ ਦੇਣ ਦਾ ਐਲਾਨ ਕੀਤਾ ਤੇ ਹਰ ਸੰਭਵ ਸਹਿਯੋਗ ਦਾ ਭਰੋਸਾ ਦਿੱਤਾ। ਸਮਾਰੋਹ ਦੌਰਾਨ ਬੱਚਿਆਂ ਲਈ ਡਾਂਸ ਅਤੇ ਮਿਊਜ਼ਿਕ ਚੇਅਰ ਮੁਕਾਬਲੇ ਕਰਾਏ ਗਏ।ਨੌਜਵਾਨਾਂ ਤੇ ਜੋੜਿਆਂ ਲਈ ਬੈਲੂਨ ਮੁਕਾਬਲਾ ਅਤੇ ਨੀਲਮ ਘਰ ਮੁਕਾਬਲਾ ਵੀ ਕਰਾਇਆ ਗਿਆ।ਜੇਤੂਆਂ ਨੂੰ ਸਭਾ ਦੇ ਮੈਂਬਰਾਂ ਵੱਲੋਂ ਸਨਮਾਨਤ ਕੀਤਾ ਗਿਆ।ਪ੍ਰਧਾਨ ਰਾਜਿੰਦਰ ਵਰਮਾ ਵੱਲੋਂ ਸਭਾ ਦੇ ਕੰਮਾਂ 'ਚ ਅਹਿਮ ਯੋਗਦਾਨ ਪਾਉਣ ਵਾਲੇ ਮੈਂਬਰ ਅਮਿਤ ਨਾਹਲ, ਸਤੀਸ਼ ਵਰਮਾ, ਵਿਕਰਮ ਵਰਮਾ, ਚੰਦਰ ਵਰਮਾ, ਅਭਿਨਵ ਵਰਮਾ, ਰਾਕੇਸ਼ ਵਰਮਾ, ਸਾਹਿਲ ਵਰਮਾ, ਸ਼ਿਵਮ ਵਰਮਾ, ਦੇਵ ਵਰਮਾ ਅਤੇ ਸੋਨੂ ਵਰਮਾ ਨੂੰ ਸਨਮਾਨਤ ਕੀਤਾ ਗਿਆ। ਇਸ ਨੇਕ ਕਾਰਜ ਲਈ ਕੌਂਸਲਰ ਪਾਲ ਚੰਦ ਵਰਮਾ ਨੇ 11,000 ਰੁਪਏ, ਅਸ਼ੋਕ ਕੁਮਾਰ ਨੇ 5,100 ਰੁਪਏ, ਅਮੀਰ ਚੰਦ ਸਚੂ ਨੇ 3,100 ਰੁਪਏ ਤੇ ਰਤਨ ਲਾਲ ਨੇ 2,100 ਰੁਪਏ ਦਾ ਆਰਥਿਕ ਸਹਿਯੋਗ ਦਿੱਤਾ।ਅਖੀਰ 'ਚ ਰਾਜਿੰਦਰ ਵਰਮਾ (ਛਿੰਦਾ) ਨੇ ਸਾਰੇ ਮੈਂਬਰਾਂ ਤੇ ਪਰਿਵਾਰਾਂ ਦਾ ਇਸ ਸਮਾਰੋਹ ਨੂੰ ਸਫਲ ਬਣਾਉਣ ਲਈ ਧੰਨਵਾਦ ਕੀਤਾ।




# ਆਈ ਟੀ ਆਈ ਇੰਪਲਾਈਜ਼ ਐਸੋਸੀਏਸ਼ਨ ਦੀ ਕਾਂਝਲਾ ਤੇ ਰੰਗੀਆਂ ਦੀ ਮਹੀਨਾਵਾਰ ਮੀਟਿੰਗ

**ਸੰਗਾਲਾ (ਰਣਜੀਤ ਸਿੰਘ ਪੇਧਨੀ)**- ਪਾਵਰਕਾਮ ਦੀ ਪ੍ਰਮੁੱਖ ਜਥੇਬੰਦੀ ਆਈ ਟੀ ਆਈ ਇੰਪਲਾਈਜ਼ ਐਸੋਸੀਏਸ਼ਨ ਦੀ ਸਵ ਡਵੀਜ਼ਨ ਕਾਂਝਲਾ ਤੇ ਰੰਗੀਆਂ ਦੀ ਮਹੀਨਾਵਾਰ ਮੀਟਿੰਗ ਸਵ ਡਵੀਜ਼ਨ ਰੰਗੀਆਂ ਵਿਖੇ ਸਬ ਡਵੀਜ਼ਨ ਪ੍ਰਧਾਨ ਕੁਲਦੀਪ ਸਿੰਘ ਰਾਜੋਮਾਜਰਾ ਦੀ ਪ੍ਰਧਾਨਗੀ ਹੇਠ ਹੋਈ ਮੀਟਿੰਗ ਵਿੱਚ ਸਟੇਟ ਕਮੇਟੀ ਦੇ ਆਗੂ ਨਪਿੰਦਰ ਸਿੰਘ ਕਾਂਝਲਾ, ਸਰਕਲ ਆਗੂ ਮਨਜੀਤ ਸਿੰਘ ਲੱਡਾ ਵੀ ਮੌਜੂਦ ਸਨ। ਮੀਟਿੰਗ ਦੀ ਕਾਰਵਾਈ ਡਵੀਜ਼ਨ ਆਗੂ ਦਵਿੰਦਰ ਸਿੰਘ ਪੁੰਨਾਵਾਲ ਵੱਲੋਂ ਕੀਤੀ ਗਈ ਜਿਸ ਵਿੱਚ ਵੱਖ ਵੱਖ ਬੁਲਾਰਿਆਂ ਨੇ ਆਪਣੇ ਵਿਚਾਰ ਪੇਸ਼ ਕੀਤੇ ਅਤੇ ਮੁਲਾਜ਼ਮਾਂ ਨੂੰ ਆ ਰਹੀਆਂ ਸਮੱਸਿਆਵਾਂ ਬਾਰੇ ਵਿਚਾਰ-ਵਟਾਂਦਰਾ ਕੀਤਾ ਗਿਆ। ਜਥੇਬੰਦੀ ਦੇ ਵਿਸਤਾਰ ਲਈ ਵੀ ਵਿਚਾਰ-ਵਟਾਂਦਰਾ ਕੀਤਾ ਗਿਆ। ਇਸ ਮੀਟਿੰਗ ਵਿੱਚ ਸਬ ਸਟੇਸ਼ਨ ਕਾਂਝਲਾ ਗਰਿੱਡ ਦੇ ਜੇ ਈ ਅਰਸ਼ਪ੍ਰੀਤ ਸਿੰਘ ਨੂੰ ਆਈ ਟੀ ਆਈ ਜਥੇਬੰਦੀ ਦੇ ਪਰਵਾਰ ਵਿੱਚ ਸ਼ਾਮਲ ਕੀਤਾ ਗਿਆ। ਜਥੇਬੰਦੀ ਨਾਲ ਜੋੜਨ ਲਈ ਸੰਦੀਪ ਸਿੰਘ ਲੱਡਾ ਅਤੇ ਕੁਲਵੰਤ ਸਿੰਘ ਲੱਡਾ ਦੀ ਅਣਥੱਕ ਮਿਹਨਤ ਹੈ ਜੋ ਆਪਣੀ ਡਿਊਟੀ ਪੂਰੀ ਤਨਦੇਹੀ ਨਾਲ ਤੇ ਜਥੇਬੰਦੀ ਦੇ ਵਿਸਤਾਰ ਲਈ ਵੀ ਬਹੁਤ ਮਿਹਨਤੀ ਹਨ। ਉਨ੍ਹਾਂ ਦੀ ਮਿਹਨਤ ਅਤੇ ਜ਼ਜਬੇ ਨੂੰ ਸਲਾਮ ਹੈ। ਆਗੂਆਂ ਵਲੋਂ 16 ਜਨਵਰੀ ਨੂੰ ਕਿਸਾਨ ਜਥੇਬੰਦੀਆਂ ਅਤੇ ਭਰਾਤਰੀ ਜਥੇਬੰਦੀਆਂ ਦੇ ਸਹਿਯੋਗ ਨਾਲ ਜ਼ਿਲ੍ਹਾ ਪੱਧਰੀ ਧਰਨੇ ਦਿੱਤੇ ਜਾਣਗੇ। ਇਸ ਤੋਂ ਇਲਾਵਾ ਪਾਵਰਕਾਮ ਮੈਨਜਮੈਂਟ ਵੱਲੋਂ ਲਾਈਨਮੈਨ ਤੋਂ ਏ ਜੇ ਈ ਬਣਾ ਕੇ ਧੱਕੇ ਨਾਲ ਕੋਡ ਦੇਣ ਦੀ ਨਿਖੇਧੀ ਕਰਦਿਆਂ ਲਾਈਨਮੈਨ ਤੋਂ ਜੇ ਈ ਦੀ ਤਰੱਕੀ ਵਿੱਚ ਖੜੋਤ ਆਵੇਗੀ ਲਾਈਨਮੈਨ ਦੀ ਤਰੱਕੀ ਦਾ ਕੋਟਾ ਵਧਾ ਕੇ 90% ਕੀਤਾ ਜਾਵੇ। ਜਥੇਬੰਦੀ ਦਾ ਕੈਲੰਡਰ ਰਲੀਜ਼ ਕੀਤਾ ਗਿਆ ਅਤੇ ਕਾਂਝਲਾ ਤੇ ਰੰਗੀਆਂ ਸਬ ਡਵੀਜ਼ਨ ਦੇ ਦਫਤਰ ਅਤੇ ਕੰਪਲੇਂਟ ਸੈਂਟਰਾਂ ਤੇ ਕੈਲੰਡਰ ਲਗਾਏ ਗਏ। ਅੰਤ ਵਿੱਚ ਸਬ ਡਵੀਜ਼ਨ ਕਾਂਝਲਾ ਦੇ ਖਜ਼ਾਨਚੀ ਖੁਸ਼ਾਰ ਸਿੰਘ (ਨੋਨੀ ਭਲਵਾਨ) ਵੱਲੋਂ ਫੰਡ ਦਾ ਹਿਸਾਬ ਕਿਤਾਬ ਦਿੱਤਾ ਗਿਆ ਅਤੇ ਮੀਟਿੰਗ ਵਿੱਚ ਪਹੁੰਚੇ ਸਾਥੀਆਂ ਦਾ ਧੰਨਵਾਦ ਕੀਤਾ ਗਿਆ। ਮੀਟਿੰਗ ਵਿੱਚ ਜੇ ਪੀ ਕਾਂਝਲਾ, ਜਸਵੀਰ ਸਲੇਮਪੁਰ, ਬਲਵੰਤ ਸਿੰਘ ਕੁੰਬੜਵਾਲ, ਕੁਲਦੀਪ ਭਲਵਾਨ, ਮਨਪਰੀਤ ਧੂਰਾ, ਗੁਰਤੇਜ ਹਸਨਪੁਰ, ਤਰਸੇਮ ਨਾਭਾ ਆਦਿ ਸਾਥੀ ਹਾਜ਼ਰ ਸਨ।



# ਲੇਖਕ ਮੰਚ ਦੀ ਮਹੀਨਾਵਾਰ ਮੀਟਿੰਗ 'ਚ ਹੋਈ ਸਾਹਿਤ ਚਰਚਾ

**ਸਮਰਾਲਾ, (ਸੁਰਜੀਤ ਸਿੰਘ)** ਲੇਖਕ ਮੰਚ ਦੀ ਮਹੀਨਾਵਾਰ ਮੀਟਿੰਗ ਪ੍ਰਧਾਨ ਰਾਜਵਿੰਦਰ ਸਮਰਾਲਾ ਦੀ ਪ੍ਰਧਾਨਗੀ ਹੇਠ ਭ੍ਰਿਸ਼ਟਾਚਾਰ ਵਿਰੋਧੀ ਫਰੰਟ ਦੇ ਦਫਤਰ ਵਿਚ ਹੋਈ।ਮੀਟਿੰਗ ਵਿੱਚ ਸਾਹਿਤ ਚਰਚਾ ਦੇ ਨਾਲ ਪੰਜਾਬ ਕਲਾ ਮੰਚ ਦੇ ਚੇਅਰਮੈਨ ਸਵਰਨਜੀਤ ਸਵੀ ਵੱਲੋਂ ਉੱਘੇ ਸ਼ਾਇਰ ਗੁਰਭਜਨ ਸਿੰਘ ਗਿੱਲ ਨੂੰ 'ਪੰਜਾਬ ਗੌਰਵ', ਡਾ. ਕਰਮਜੀਤ ਸਿੰਘ ਵਾਈਸ ਚਾਂਸਲਰ ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਨੂੰ 'ਪੰਜਾਬ ਰਤਨ', ਨੀਨਾ ਟਿਵਾਣਾ ਨੂੰ 'ਰੰਗਮੰਚ ਸਨਮਾਨ' ਤੇ ਬਚਿੰਤ ਕੌਰ ਨੂੰ 'ਕਥਾ ਸਨਮਾਨ' ਦਿੱਤੇ ਜਾਣ 'ਤੇ ਹਾਜ਼ਰ ਮੈਂਬਰਾਂ ਵੱਲੋਂ ਖੁਸ਼ੀ ਦਾ ਇਜ਼ਹਾਰ ਕਰਦਿਆਂ ਮੁਬਾਰਕਬਾਦ ਦਿੱਤੀ ਗਈ। ਪ੍ਰਿੰਸੀਪਲ ਡਾ੍ ਪਰਮਿੰਦਰ ਸਿੰਘ ਬੈਨੀਪਾਲ ਨੇ ਕਿਹਾ ਕਿ ਲੇਖਕਾਂ ਨੂੰ ਬਣਦਾ ਸਨਮਾਨ ਮਿਲਣ ਨਾਲ ਲੇਖਕ ਦੀ ਹੌਸਲਾ ਅਫ਼ਜ਼ਾਈ ਹੁੰਦੀ ਹੈ।ਉਨ੍ਹਾਂ ਕਿਹਾ ਕਿ ਲੇਖਕ ਨੂੰ ਸਨਮਾਨ ਮਿਲਣ ਨਾਲ ਉਹ ਹੋਰ ਵੀ ਹੌਸਲੇ ਨਾਲ ਮਿਆਰੀ ਸਾਹਿਤ ਦੀ ਰਚਨਾ ਕਰਦਾ ਹੈ।ਰਚਨਾਵਾਂ ਦੇ ਦੌਰ ਵਿੱਚ ਦੋਰਾਹਾ ਤੋਂ ਆਏ ਰਾਮ ਕਮਾਲ ਨੇ 'ਸਮਾਜ ਦੀ ਹਕੀਕਤ', ਨੇਤਰ ਸਿੰਘ 'ਨੇਤਰ' ਨੇ 'ਮਾਲਕ', ਪ੍ਰਿੰ. ਡਾ. ਪਰਮਿੰਦਰ ਸਿੰਘ ਬੈਨੀਪਾਲ ਨੇ 'ਯਾਰਾਂ ਨਾਲ ਗੁਜ਼ਾਰੇ ਦਿਨ, ਯਾਦਾਂ ਨਾਲ ਸ਼ਿੰਗਾਰੇ ਦਿਨ' ਅਤੇ ਕਰਮਜੀਤ ਅਜ਼ਾਦ ਨੇ 'ਜਿਹਦਾ ਸੋਹਣਾ ਯਾਰ ਰੱਬ ਹੋਵੇ' ਰਚਨਾਵਾਂ ਪੇਸ਼ ਕਰਕੇ ਹਾਜ਼ਰ ਸਰੋਤਿਆਂ ਨੂੰ ਸਰਸ਼ਾਰ ਕੀਤਾ।ਰਚਨਾਵਾਂ 'ਤੇ ਉਸਾਰੂ ਬਹਿਸ ਹੋਈ। ਲੇਖਕਾਂ ਵੱਲੋਂ ਰਚਨਾਵਾਂ 'ਤੇ ਸੁਝਾਅ ਪੇਸ਼ ਕੀਤੇ ਗਏ।'ਅਕਸ ਰੰਗਮੰਚ' ਦੀ ਟੀਮ ਵੱਲੋਂ ਨਿਰਦੇਸ਼ਕ ਰਾਜਵਿੰਦਰ ਸਮਰਾਲਾ ਵੱਲੋਂ ਪੇਸ਼ ਕੀਤੇ ਨਾਟਕ 'ਬੁੱਲਾ ਕੀ ਜਾਣਾਂ ਮੈਂ ਕੌਣ' ਅਤੇ 'ਚਾਂਦਨੀ ਚੌਕ ਤੋਂ ਸਰਹਿੰਦ ਤੱਕ' ਦੀ ਪੁਰਅਸਰ ਪੇਸ਼ਕਾਰੀ 'ਤੇ ਵਧਾਈਆਂ ਦਿੱਤੀਆਂ ਗਈਆਂ।ਗੀਤਕਾਰ ਜਸਵੀਰ ਝੱਜ ਦੀ ਮਾਤਾ, ਕਹਾਣੀਕਾਰ ਬਲਵਿੰਦਰ ਗਰੇਵਾਲ ਦੀ ਭੈਣ, ਸ਼ਾਇਰ ਸਵਰਨ ਪੱਲ੍ਹਾ ਦੇ ਨੌਜਵਾਨ ਪੁੱਤਰ ਅਮਨਿੰਦਰ ਸਿੰਘ, ਡਾ ਹਰਜਿੰਦਰਪਾਲ ਸਿੰਘ ਦੇ ਮਾਸੀ ਸੁਰਜੀਤ ਕੌਰ ਸੰਘੋਲ ਅਤੇ ਅਜੀਤ ਅਖਬਾਰ ਦੇ ਮੁੱਖ ਸੰਪਾਦਕ ਅਤੇ ਪ੍ਰਬੰਧ ਨਿਦੇਸ਼ਕ ਡਾ ਬਰਜਿੰਦਰ ਸਿੰਘ ਹਮਦਰਦ ਦੀ ਮਾਤਾ ਅਤੇ ਟਰੱਸਟੀ ਬੀਬੀ ਪ੍ਰਕਾਸ਼ ਕੌਰ ਦੇ ਅਕਾਲ ਚਲਾਣੇ 'ਤੇ ਅਫ਼ਸੋਸ ਦਾ ਪ੍ਰਗਟਾਵਾ ਕੀਤਾ ਗਿਆ।



# ਕਮਿਊਨਿਸਟ ਆਗੂ ਜਗਸੀਰ ਸਿੰਘ ਖੋਸਾ ਨੂੰ ਸਦਮਾ, ਪਿਤਾ ਦਾ ਦੇਹਾਂਤ

**ਮੋਗਾ (ਇਕਬਾਲ ਸਿੰਘ ਖਹਿਰਾ)**- ਭਾਰਤੀ ਕਮਿਊਨਿਸਟ ਪਾਰਟੀ ਜ਼ਿਲ੍ਹਾ ਮੋਗਾ ਦੇ ਆਗੂ ਅਤੇ ਨਰੇਗਾ ਰੁਜਗਾਰ ਪ੍ਰਾਪਤ ਮਜਦੂਰ ਯੂਨੀਅਨ ਦੇ ਸੂਬਾ ਸਕੱਤਰ ਜਗਸੀਰ ਸਿੰਘ ਖੋਸਾ ਨੂੰ ਉਸ ਸਮੇਂ ਭਾਰੀ ਸਦਮਾ ਪਹੁੰਚਿਆ ਜਦੋਂ ਉਹਨਾਂ ਦੇ ਪਿਤਾ ਸਰਦਾਰ ਮੁਖਤਿਆਰ ਸਿੰਘ (71) ਅਚਨਚੇਤ ਦਿਲ ਦਾ ਦੌਰਾ ਪੈਣ ਕਾਰਨ ਸਦਾ ਲਈ ਇਸ ਦੁਨੀਆਂ ਤੋਂ ਚਲੇ ਗਏ। ਇੱਥੇ ਜ਼ਿਕਰ ਯੋਗ ਹੈ ਕਿ ਮੁਖਤਿਆਰ ਸਿੰਘ ਖੁਦ ਤਰਕਸ਼ੀਲ ਸੋਚਣੀ ਦੇ ਧਾਰਨੀ ਸਨ ਅਤੇ ਉਨਾਂ ਨੇ ਪੂਰੀ ਜ਼ਿੰਦਗੀ ਕਿਰਤ ਦੀ ਧਿਰ ਨੂੰ ਮਜਬੂਤ ਕਰਨ ਅਤੇ ਖੁਦ ਇੱਕ ਕਿਰਤੀ ਦੇ ਤੌਰ 'ਤੇ ਵਿਚਰਦਿਆਂ ਦੁੱਖਾਂ ਤਕਲੀਫਾਂ ਤੰਗੀਆਂ ਨੂੰ ਸਹਾਰਦਿਆਂ ਆਪਣੇ ਪਰਿਵਾਰ ਨੂੰ ਇੱਕ ਚੰਗੀ ਸੋਚ ਦਾ ਧਾਰਨੀ ਬਣਾਇਆ। ਉਹ ਹੱਥੀ ਕਿਰਤ ਕਰਨ ਨੂੰ ਅਹਿਮੀਅਤ ਦਿੰਦੇ ਸਨ ਅਤੇ ਆਪਣੇ ਆਖਰੀ ਸਮੇਂ ਤੱਕ ਇਹੀ ਸਿੱਖਿਆ ਉਹਨਾਂ ਆਪਣੇ ਪਰਿਵਾਰ ਨੂੰ ਦਿੱਤੀ। ਉਨਾਂ ਦੇ ਵੱਡੇ ਪੁੱਤਰ ਜਗਸੀਰ ਸਿੰਘ ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਦੇ ਸੂਬਾ ਸਕੱਤਰ ਹਨ ਅਤੇ ਉਨਾਂ ਦਾ ਵੱਡਾ ਪੋਤਾ ਸਵਰਾਜ ਸਿੰਘ ਵਿਦਿਆਰਥੀਆਂ ਦੀ ਜਥੇਬੰਦੀ ਆਲ ਇੰਡੀਆ ਸਟੂਡੈਂਟ ਫੈਡਰੇਸ਼ਨ ਦਾ ਜ਼ਿਲ੍ਹਾ ਸਕੱਤਰ ਹੈ। ਉਹਨਾਂ ਦੀ ਵੱਡੀ ਨੂੰਹ ਸਰਬਜੀਤ ਕੌਰ ਔਰਤਾਂ ਦੀ ਜਥੇਬੰਦੀ ਪੰਜਾਬ ਇਸਤਰੀ ਸਭਾ ਦੀ ਜ਼ਿਲ੍ਹਾ ਪ੍ਰਧਾਨ ਹੈ। ਬਾਪੂ ਮੁਖਤਿਆਰ ਸਿੰਘ ਨੂੰ ਆਖਰੀ ਸਮੇਂ ਸਲਾਮ ਕਰਨ ਲਈ ਭਾਰਤੀ ਕਮਿਊਨਿਸਟ ਪਾਰਟੀ ਦੇ ਜ਼ਿਲ੍ਹਾ ਸਕੱਤਰ ਕੁਲਦੀਪ ਸਿੰਘ ਭੋਲਾ,ਮੀਤ ਸਕੱਤਰ ਸ਼ੇਰ ਸਿੰਘ ਦੌਲਤਪੁਰਾ, ਬਲਾਕ ਮੋਗਾ ਦੇ ਸਕੱਤਰ ਸਵਰਾਜ ਸਿੰਘ ਢੁੱਡੀਕੇ, ਨਿਹਾਲ ਸਿੰਘ ਵਾਲਾ ਦੇ ਸਕੱਤਰ ਜਗਜੀਤ ਸਿੰਘ, ਮੀਤ ਸਕੱਤਰ ਗੁਰਾਂਦਿੱਤਾ ਦੀਨਾ, ਮਹਿੰਦਰ ਸਿੰਘ ਧੂਰਕੋਟ, ਆਲ ਇੰਡੀਆ ਯੂਥ ਫੈਡਰੇਸ਼ਨ ਦੇ ਰਾਸ਼ਟਰੀ ਸਕੱਤਰ ਸੁਖਜਿੰਦਰ ਮਹੇਸ਼ਰੀ, ਸਰਬ ਭਾਰਤ ਨੌਜਵਾਨ ਸਭਾ ਦੇ ਸੂਬਾ ਪ੍ਰਧਾਨ ਕਰਮਵੀਰ ਬੱਧਨੀ, ਸਵਰਨ ਸਿੰਘ ਖੋਸਾ,ਪੋਹਲਾ ਸਿੰਘ ਬਰਾੜ, ਵਿੱਕੀ ਮਹੇਸਰੀ, ਬਿੰਦਰ ਕੌਰ ਗਲੋਟੀ, ਰਾਜੂ ਮਹੇਸ਼ਰੀ, ਸੁੱਖਾ ਪੈਂਟਰ,ਹਰਜੀਤ ਸਿੰਘ, ਬਲਵਿੰਦਰ ਬਹੋਨਾ ਆਦਿ ਆਗੂ ਹਾਜ਼ਰ ਸਨ।



# ਮੋਗਾ ਦੇ ਡੀ ਐੱਨ ਮਾਡਲ ਸਕੂਲ ਨੂੰ ਮਿਲੀ ਬੰਬ ਨਾਲ ਉਡਾਉਣ ਦੀ ਧਮਕੀ



**ਮੋਗਾ (ਇਕਬਾਲ ਸਿੰਘ ਖਹਿਰਾ)**- ਮੋਗਾ ਸ਼ਹਿਰ ਵਿੱਚ ਉਸ ਵੇਲੇ ਦਹਿਸ਼ਤ ਦਾ ਮਾਹੌਲ ਪਸਰ ਗਿਆ ਜਦੋਂ ਦੋ ਨਿੱਜੀ ਸਕੂਲਾਂ ਨੂੰ ਬੰਬ ਨਾਲ ਉਡਾਉਣ ਦੀ ਧਮਕੀ ਮਿਲੀ। ਇਹ ਧਮਕੀ 14 ਜਨਵਰੀ ਸਵੇਰੇ ਕਰੀਬ 8:36 ਵਜੇ ਈ-ਮੇਲ ਦੇ ਜ਼ਰੀਏ ਭੇਜੀ ਗਈ, ਜਿਸ ਵਿੱਚ ਮੋਗਾ ਦੇ ਡੀ.ਐੱਨ. ਮਾਡਲ ਸਕੂਲ ਅਤੇ ਕੈਂਬਰਿਜ ਸਕੂਲ ਕੋਟ ਇਸੇ ਖਾਂ ਨੂੰ ਨਿਸ਼ਾਨਾ ਬਣਾਇਆ ਗਿਆ। ਧਮਕੀ ਮਿਲਣ ਦੀ ਸੂਚਨਾ ਮਿਲਦੇ ਹੀ ਸਕੂਲ ਪ੍ਰਬੰਧਕ ਅਤੇ ਪੁਲਸ ਪ੍ਰਸ਼ਾਸਨ ਤੁਰੰਤ ਹਰਕਤ ਵਿੱਚ ਆ ਗਏ। ਪੁਲਸ ਨੇ ਬਿਨਾਂ ਕਿਸੇ ਦੇਰੀ ਦੇ ਦੋਵਾਂ ਸਕੂਲਾਂ ਵਿੱਚ ਪਹੁੰਚ ਕੇ ਸੁਰੱਖਿਆ ਦੇ ਮੱਦੇਨਜ਼ਰ ਸਕੂਲਾਂ ਨੂੰ ਤੁਰੰਤ ਖਾਲੀ ਕਰਵਾ ਲਿਆ। ਸਕੂਲਾਂ ਵਿੱਚ ਮੌਜੂਦ ਵਿਦਿਆਰਥੀਆਂ ਅਤੇ ਸਟਾਫ ਨੂੰ ਸੁਰੱਖਿਅਤ ਤਰੀਕੇ ਨਾਲ ਬਾਹਰ ਕੱਢਿਆ ਗਿਆ। ਮੌਕੇ 'ਤੇ ਬੰਬ ਸਕੁਐਡ ਅਤੇ ਡਾਗ ਸਕੁਐਡ ਨੂੰ ਬੁਲਾਇਆ ਗਿਆ। ਡੀ.ਐਨ ਮਾਡਲ ਸਕੂਲ ਨੂੰ ਬੰਬ ਨਾਲ ਉਡਾਉਣ ਦੀ ਧਮਕੀ ਮਿਲਣ ਤੋਂ ਬਾਅਦ ਮੌਕੇ 'ਤੇ ਪਹੁੰਚੇ ਸਿਟੀ ਡੀ.ਐਸ.ਪੀ ਗੁਰਪ੍ਰੀਤ ਸਿੰਘ ਨੇ ਦੱਸਿਆ ਕਿ ਜਿਵੇਂ ਹੀ ਉਨ੍ਹਾਂ ਨੂੰ ਸੂਚਨਾ ਮਿਲੀ, ਉਹ ਤੁਰੰਤ ਆਪਣੀ ਟੀਮਾਂ ਨਾਲ ਮੌਕੇ 'ਤੇ ਪਹੁੰਚੇ ਅਤੇ ਜਾਂਚ-ਪੜਤਾਲ ਸ਼ੁਰੂ ਕਰ ਦਿੱਤੀ। ਸਕੂਲ ਵਿੱਚ ਆਏ ਬੱਚਿਆਂ ਦੇ ਟਿਫ਼ਨਾਂ ਦੀ ਜਾਂਚ ਕਰਨ ਦੇ ਨਾਲ-ਨਾਲ ਸਕੂਲ ਵਿੱਚ ਖੜ੍ਹੇ ਸਾਰੇ ਵਾਹਨਾਂ ਦੀ ਵੀ ਗੰਭੀਰਤਾ ਨਾਲ ਜਾਂਚ ਕੀਤੀ ਗਈ।

# ਖਜ਼ਾਨੇ ਦੀ ਚਾਬੀ ਪ੍ਰਧਾਨ ਮੰਤਰੀ ਕੋਲ : ਰਵਨੀਤ ਸਿੰਘ ਬਿੱਟੂ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ/ਪੂਜਾ)** - ਮਾਘੀ ਮੇਲੇ 'ਚ ਭਾਰਤੀ ਜਨਤਾ ਪਾਰਟੀ ਪੰਜਾਬ ਵੱਲੋਂ ਪਹਿਲੀ ਸਿਆਸੀ ਕਾਨਫਰੰਸ ਕੀਤੀ ਗਈ। ਸਿਆਸੀ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਕੇਂਦਰੀ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਨੇ ਆਮ ਆਦਮੀ ਪਾਰਟੀ ਦੀ ਸਰਕਾਰ 'ਤੇ ਤਿੱਖੇ ਨਿਸ਼ਾਨੇ ਵਿੰਨ੍ਹੇ। ਉਨ੍ਹਾਂ ਨੇ ਮੁੱਖ ਮੰਤਰੀ ਮਾਨ 'ਤੇ ਗਰਜ਼ੇ ਲਾਉਂਦਿਆ ਕਿਹਾ ਕਿ ਮੁੱਖ ਮੰਤਰੀ ਮਾਨ ਦੇਸ਼ ਦੇ ਪ੍ਰਧਾਨ ਮੰਤਰੀ ਦੀ ਫੋਟੋਆਂ ਗਿਣਦੇ ਸਨ, ਪਰ ਉਹ ਖ਼ੁਦ 10 ਦਿਨ ਪਹਿਲਾਂ ਦੋ ਦੇਸ਼ਾਂ 'ਚ ਘੁੰਮ ਕੇ ਆਏ ਹਨ ਅਤੇ ਇਹ ਵਿਦੇਸ਼ ਜਾਣ ਲਈ ਅਰਜ਼ੀ ਦਿੱਤੀ ਹੋਈ ਸੀ । ਉਹ ਇਹ ਦੱਸਣ ਕਿ ਵਿਦੇਸ਼ ਕੀ ਕਰਨ ਜਾਂਦੇ ਹਨ। ਉਨ੍ਹਾਂ ਨੇ ਆਤਿਸ਼ੀ ਵੀਡੀਓ ਵਿਵਾਦ ਮਾਮਲੇ 'ਤੇ ਬੋਲਦਿਆਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਦਿੱਲੀ ਵਿਧਾਨ ਸਭਾ ਵਿਚ ਗੁਰੂਆਂ ਦੀ ਬੇਅਦਬੀ ਕਰਵਾਈ ਹੈ ਅਤੇ ਇਸ ਦੇ ਲਈ ਮੁੱਖ ਮੰਤਰੀ ਮਾਨ ਨੂੰ ਮੁਆਫੀ ਮੰਗਣੀ ਚਾਹੀਦੀ ਹੈ। ਉਨ੍ਹਾਂ ਨੇ ਮਨਰੇਗਾ ਸਕੀਮ ਬਾਰੇ ਬੋਲਦਿਆਂ ਕਾਂਗਰਸ ਨੂੰ ਘੇਰਦਿਆਂ ਕਿਹਾ ਕਿ ਇਹ ਵਧੀਆ ਗੱਲ ਹੈ ਕਿ ਕਾਂਗਰਸ ਨੂੰ ਇਨਾਂ ਰੋਲਾ ਪਾਇਆ ਹੈ, ਕਿਉਂਕਿ ਲੋਕਾਂ ਨੂੰ ਹੁਣ ਪਤਾ ਲੱਗ ਗਿਆ ਕਿ ਮਨਰੇਗਾ ਸਕੀਮ ਤਹਿਤ ਹੁਣ 100 ਦੀ ਥਾਂ 125 ਦਿਨ ਦੀ ਦਿਹਾੜੀ ਮਿਲਣੀ ਹੈ। ਉਨ੍ਹਾਂ ਨੇ ਕਾਂਗਰਸ ਵੱਲੋਂ ਮੁੱਖ ਮੰਤਰੀ ਦੇ ਚਿਹਰੇ ਬਗੈਰ ਚੋਣ ਲੜਨ ਦੇ ਬਿਆਨ ਬਾਰੇ ਬੋਲਦਿਆਂ ਕਿਹਾ ਕਿ ਇੱਥੇ ਕਾਂਗਰਸ ਦੀ ਕਮਜ਼ੋਰੀ ਪਤਾ ਲੱਗਦੀ ਹੈ ਕਿ ਕਿਉਂਕਿ ਕਾਂਗਰਸ ਕੋਲ ਕੋਈ ਚਿਹਰਾ ਨਹੀਂ ਹੈ।ਉਨ੍ਹਾਂ ਕਿਹਾ ਕਿ ਪੈਸਾ ਨਾ ਕਾਂਗਰਸ ਕੋਲ ਹੈ ਨਾ ਆਮ ਆਦਮੀ ਪਾਰਟੀ ਦੇ ਕੋਲ ਹੈ ਨਾ ਹੀ ਅਕਾਲੀਆਂ ਕੋਲ ਹੈ, ਇਸ ਖ਼ਜ਼ਾਨੇ ਦੀ ਚਾਬੀ ਪ੍ਰਧਾਨ ਮੰਤਰੀ ਮੋਦੀ ਕੋਲ ਹੈ। ਇਸ ਲਈ ਅਸੀਂ ਡਬਲ ਇੰਜਣ ਦੀ ਸਰਕਾਰ ਬਣਾ ਕੇ ਆਪਣੇ ਕੰਮ ਲੈਣੇ ਹਨ। ਪੰਜਾਬ ਭਾਜਪਾ ਦੇ ਕਾਰਜਕਾਰੀ ਪ੍ਰਧਾਨ ਅਸ਼ਵਨੀ ਸ਼ਰਮਾ ਨੇ ਆਪਣੇ ਸੰਬੋਧਨ ਦੌਰਾਨ ਪੰਜਾਬ ਸਰਕਾਰ 'ਤੇ ਤਿੱਖੇ ਸ਼ਬਦੀ ਹਮਲੇ ਬੋਲੇ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਨੇ ਪੰਜਾਬ ਵਿੱਚ ਪੰਜਾਬ ਨੂੰ ਰੰਗਲਾ ਪੰਜਾਬ ਬਣਾਉਣ ਦਾ ਕਹਿ ਕੇ ਸਰਕਾਰ ਬਣਾਈ ਸੀ, ਪਰ ਹੁਣ ਤੱਕ ਪੰਜਾਬ ਨੂੰ ਰੰਗਲਾ ਨਹੀਂ ਕੰਗਲਾ ਬਣਾ ਦਿੱਤਾ ਹੈ। ਇਸ ਮੌਕੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ, ਰਾਸ਼ਟਰੀ ਜਨਰਲ ਸਕੱਤਰ ਤਰੁਣ ਚੁੱਘ, ਐਮ ਪੀ ਅਨੁਰਾਗ ਠਾਕੁਰ, ਸੁਨੀਲ ਜਾਖੜ, ਅਸ਼ਵਨੀ ਸ਼ਰਮਾ, ਦਿਆਲ ਸਿੰਘ ਸੋਢੀ, ਮਨਪ੍ਰੀਤ ਬਾਦਲ, ਰਾਣਾ ਗੁਰਮੀਤ ਸਿੰਘ ਸੋਢੀ, ਜਿਲਾ ਪ੍ਰਧਾਨ ਸਤੀਸ਼ ਅਸੀਜਾ, ਸਾਬਕਾ ਜਿਲਾ ਪ੍ਰਧਾਨ ਰਾਜੇਸ਼ ਗੋਰਾ ਪਠੇਲਾ, ਰਾਜਕੁਮਾਰ ਭਟੇਜਾ ਮੇਲੂ, ਅਨੁਰਾਗ ਸ਼ਰਮਾ ਸਮੇਤ ਜਿਲਾ ਲੀਡਰਸ਼ਿਪ ਹਾਜਰ ਸੀ।

# ਮਿਡਲ ਸਕੂਲ ਅਮਾਮ ਨਗਰ ਦੇ ਵਿਦਿਆਰਥੀਆਂ ਗੋਲਡ ਮੈਡਲ ਪੰਜਾਬ ਦੀ ਝੋਲੀ ਪਾਏ



**ਡਕਾਲਾ/ਬਲਬੇੜਾ (ਰਾਜਿੰਦਰ ਬਿੰਦ)**-ਨੇੜਲੇ ਪਿੰਡ ਅਮਾਮਨਗਰ (ਨਿਜਾਮਣੀ ਵਾਲਾ) ਦੇ ਮਿਡਲ ਸਕੂਲ ਦੇ ਵਿਦਿਆਰਥੀਆਂ ਵੱਲੋਂ ਕਰਨਾਟਕਾ 'ਚ ਹੋਏ ਵਾਲੀਬਾਲ ਮੁਕਾਬਲਿਆਂ 'ਚ ਚਾਰ ਸਟੇਟਾਂ ਦੇ ਖਿਡਾਰੀਆਂ ਨੂੰ ਹਰਾ ਕੇ ਪੰਜਾਬ ਲਈ ਗੋਲਡ ਮੈਡਲ ਜਿੱਤ ਕੇ ਸੂਬੇ ਦਾ ਮਾਣ ਵਧਾਇਆ। ਇਹ ਵਿਚਾਰ ਮੀਡੀਆ ਨਾਲ ਸਾਂਝੇ ਕਰਦੇ ਹੋਏ ਅਮਾਮਨਗਰ ਮਿਡਲ ਸਕੂਲ ਦੇ ਅਧਿਆਪਕ ਇੰਚਾਰਜ ਗੁਰਮੀਤ ਸਿੰਘ ਨੇ ਜਾਣਕਾਰੀ ਸਾਂਝੀ ਕਰਦੇ ਹੋਏ ਦੱਸਿਆ ਕਿ ਪਿੰਡ ਅਮਾਮਨਗਰ ਲਈ ਬਹੁਤ ਮਾਣ ਵਾਲੀ ਗੱਲ ਹੈ ਕਿ ਪਿੰਡ ਦੇ ਦੋ ਹੋਣਹਾਰ ਵਿਦਿਆਰਥੀ ਅਕਾਸ਼ ਸਿੰਘ ਤੇ ਪ੍ਰਿੰਸ ਸਿੰਘ ਨੇ ਪੰਜਾਬ ਵਾਲੀਬਾਲ ਟੀਮ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਕੇ ਖੇਡਦੇ ਹੋਏ ਗੋਲਡ ਮੈਡਲ ਪ੍ਰਾਪਤ ਕੀਤੇ। ਇਹ ਖੇਡ ਮੁਕਾਬਲੇ ਕਰਨਾਟਕਾ ਸਟੇਟ ਵਲੋਂ ਕਰਵਾਏ ਟੂਰਨਾਮੈਂਟ ਵਿੱਚ ਪੰਜਾਬ ਦੀ ਟੀਮ ਨੇ ਕੇਰਲਾ, ਤਾਮਿਲਨਾਡੂ, ਤੇਲੰਗਾਨਾ, ਦਿੱਲੀ ਤੇ ਕਰਨਾਟਕਾ ਚਾਰ ਸੂਬਿਆਂ ਦੀਆਂ ਟੀਮਾਂ ਨੂੰ ਹਰਾ ਕੇ ਇਹ ਮੈਡਲ ਪ੍ਰਾਪਤ ਕਰਕੇ ਪੰਜਾਬ ਸੂਬੇ ਦੀ ਝੋਲੀ 'ਚ ਪਾਏ। ਸਕੂਲ ਇੰਚਾਰਜ ਗੁਰਮੀਤ ਸਿੰਘ ਦੀ ਅਗਵਾਈ ਹੇਠ ਪ੍ਰੈਕਟਿਸ ਕਰ ਰਹੇ ਵਿਦਿਆਰਥੀ ਜਿੱਥੇ ਵਿੱਦਿਆ ਦੇ ਖੇਤਰ 'ਚ ਤਨ, ਮਨ ਨਾਲ ਆਪਣੀ ਮਿਹਨਤ ਕਰ ਰਹੇ ਹਨ, ਉੱਥੇ ਇਹਨਾਂ ਵਿਦਿਆਰਥੀਆਂ ਤੋਂ ਖੇਡਾਂ ਦੇ ਖੇਤਰ 'ਚ ਵੀ ਭਵਿੱਖ 'ਚ ਵੱਡੀਆਂ ਆਸਾਂ ਹਨ। ਉਹਨਾਂ ਦੱਸਿਆ ਕਿ ਹੁਣ ਇਹ ਵਿਦਿਆਰਥੀ ਇੰਟਰਨੈਸ਼ਨਲ ਪੱਧਰ 'ਤੇ ਹੋਣ ਵਾਲੇ ਮੁਕਾਬਲਿਆਂ 'ਚ ਭਾਗ ਲੈ ਕੇ ਵਿਦੇਸ਼ਾਂ ਵਿੱਚ ਆਪਣੀ ਗੇਮ ਨਾਲ ਪੰਜਾਬ ਦਾ ਨਾਮ ਰੋਸ਼ਨ ਕਰਨਗੇ। ਇਸ ਮੌਕੇ ਉਹਨਾਂ ਦਾ ਪਿੰਡ ਨਿਜਾਮਣੀ ਵਾਲਾ (ਅਮਾਮਨਗਰ) ਪਹੁੰਚਣ 'ਤੇ ਪਿੰਡ ਦੇ ਪਤਵੰਤੇ ਸੱਜਣਾਂ, ਸਕੂਲ ਦੇ ਸਮੁੱਚੇ ਸਟਾਫ ਅਤੇ ਵਿਦਿਆਰਥੀਆਂ ਵੱਲੋਂ ਸ਼ਾਨਦਾਰ ਸਵਾਗਤ ਕੀਤਾ ਗਿਆ।

# ਪਾਈਪ ਲਾਈਨ ਪਾ ਕੇ ਸੜਕਾਂ, ਗਲੀਆਂ ਠੀਕ ਕਰਨਾ ਭੁੱਲਿਆ ਠੇਕੇਦਾਰ

**ਬਠਿੰਡਾ (ਪਰਵਿੰਦਰ ਜੀਤ ਸਿੰਘ)** ਬਠਿੰਡਾ ਸ਼ਹਿਰ ਦੇ ਚੱਲ ਰਹੇ ਵਿਕਾਸ ਕੰਮਾਂ ਤੋਂ ਵਿਰਲਾ ਕਲੋਨੀ ਤੇ ਗੋਲ ਡੱਗੀ ਮਾਰਕੀਟ ਦੇ ਆਸੇ ਪਾਸੇ ਰਹਿੰਦੇ ਲੋਕਾਂ ਨੂੰ ਦੁਖੀ ਕਰ ਰੱਖਿਆ ਹੈ।ਕਰੀਬ 10 ਦਿਨ ਪਹਿਲਾਂ ਗੋਲ ਲੱਗੀ ਮਾਰਕੀਟ ਕੋਲ ਬਣੀ ਸੜਕ ਉੱਪਰ ਦੋ ਵੱਡੇ ਖੱਡੇ ਪੱਟ ਕੇ ਰੱਖ



ਦਿੱਤੇ ਗਏ ਹਨ, ਉਥੇ ਕੋਈ ਕੰਮ ਨਹੀਂ ਕੀਤਾ ਜਾ ਰਿਹਾ, ਜਿਸ ਕਾਰਨ ਰਾਹਗੀਰਾਂ ਨੂੰ ਪ੍ਰੇਸ਼ਾਨੀ ਹੋ ਰਹੀ ਹੈ। ਕਰੀਬ ਦੋ ਮਹੀਨੇ ਪਹਿਲਾਂ ਪਬਲਿਕ ਲਾਇਬ੍ਰੇਰੀ ਦੇ ਨਾਲ ਦੀ ਲੰਘਣ ਵਾਲੀ ਗਲੀ ਤੋਂ ਲੈ ਕੇ ਵਿਰਲਾ ਕਲੋਨੀ ਤੋਂ ਅੱਗੇ ਮਾਲ ਰੋਡ ਤੱਕ ਇੱਕ ਪਾਈਪਲਈਨ ਪਾਈ ਗਈ ਸੀ।ਉਹ ਪਾਈਪ ਲਾਈਨ ਪਾਉਣ ਤੋਂ ਬਾਅਦ ਸੜਕਾਂ ਤੇ ਗਲੀਆਂ ਦੀ ਦੁਬਾਰਾ ਬਰਾਮਦ ਕਰਨ ਦੀ ਥਾਂ ਉੱਪਰ ਮਿੱਟੀ ਪਾ ਕੇ ਓਦਾਂ ਹੀ ਛੱਡ ਦਿੱਤਾ ਗਿਆ, ਜਿਸ ਕਾਰਨ ਰਾਹਗੀਰਾਂ ਤੇ ਬਿਰਲਾ ਕਲੋਨੀ ਵਿੱਚ ਰਹਿਣ ਵਾਲੇ ਲੋਕਾਂ ਦੀ ਪ੍ਰਸ਼ਾਨੀ ਵਧ ਗਈ ਹੈ ਤੇ ਆਵਾਜਾਈ ਮੌਕੇ ਸਮੱਸਿਆ ਆ ਰਹੀ ਹੈ।ਹੁਣ ਮੁੜ ਇੱਕ ਵਿਭਾਗ ਵੱਲੋਂ ਗੋਲ ਡੱਗੀ ਮਾਰਕੀਟ ਕੋਲ ਇੱਕ ਦੋ ਵੱਡੇ ਟੋਏ ਪੱਟ ਦਿੱਤੇ ਗਏ ਹਨ।ਇਹ ਟੋਏ ਕਰੀਬ ਅੱਠ ਫੁੱਟ ਡੂੰਘੇ ਹਨ। ਇੱਥੋਂ ਦੀ ਆਵਾਜਾਈ ਬੰਦ ਹੋ ਕੇ ਰਹਿ ਗਈ ਹੈ, ਜਿਸ ਕਾਰਨ ਲੋਕਾਂ ਨੂੰ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ।

## ਭਗਤੀ ਜੀਵਨ ਦੀ ਇੱਕ ਮਹਾਨ ਯਾਤਰਾ : ਮਾਤਾ ਸੁਦੀਕਸ਼ਾ

**ਸਮਾਣਾ (ਇਕਬਾਲ ਸਿੰਘ ਬੱਲ)**- ਸਮਾਣਾ ਵਿਖੇ ਸਥਾਨਿਕ ਸੰਯੋਜਕ ਐਡਵੋਕੇਟ ਸੁਰਿੰਦਰ ਸਿੰਘ ਦੀ ਅਗਵਾਈ ਵਿੱਚ ਭਗਤੀ ਪੂਰਵ ਦਿਵਸ ਮਨਾਇਆ ਗਿਆ ।ਉਨ੍ਹਾਂ ਦੱਸਿਆ ਕਿ



ਸਤਿਗੁਰੂ ਮਾਤਾ ਸੁਦੀਕਸ਼ਾ ਮਹਾਰਾਜ ਨੇ ਭਗਤੀ ਪੂਰਵ ਦਿਵਸ ਮੌਕੇ ਸਮਾਲਖਾ ਵਿਖੇ ਸੰਗਤਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਭਗਤੀ ਸਿਰਫ਼ ਸ਼ਬਦ ਨਹੀਂ, ਸਗੋਂ ਜੀਵਨ ਦੀ ਇੱਕ ਮਹਾਨ ਯਾਤਰਾ ਹੈ। ਸਤਿਗੁਰੂ ਮਾਤਾ ਸੁਦੀਕਸ਼ਾ ਜੀ ਮਹਾਰਾਜ ਅਤੇ ਨਿਰੰਕਾਰੀ ਰਾਜਪਿਤਾ ਰਮਿਤ ਦੀ ਪਵਿੱਤਰ ਹਜ਼ੂਰੀ ਵਿਚ ਹੋਏ ਭਗਤੀ ਪੂਰਵ ਸਮਾਗਮ ਮੌਕੇ ਸੰਤਾਂ ਅਤੇ ਮਹਾਂਪੁਰਖਾਂ ਦੁਆਰਾ ਬ੍ਰਹਮ ਗਿਆਨ ਦੇ ਪ੍ਰਸਾਰ ਵਿੱਚ ਕੀਤੇ ਗਏ ਤਪੱਸਿਆ, ਕੁਰਬਾਨੀ ਅਤੇ ਅਨਮੋਲ ਯੋਗਦਾਨ ਨੂੰ ਭਾਵਨਾਤਮਕ ਤੌਰ 'ਤੇ ਯਾਦ ਕੀਤਾ ਗਿਆ।

## ਪਬਲਿਕ ਕਾਲਜ ਸਮਾਣਾ ਵਿਖੇ ਲੋਹੜੀ ਦਾ ਤਿਉਹਾਰ ਮਨਾਇਆ

**ਸਮਾਣਾ (ਗੁਰਪਿਆਰ ਸਿੰਘ ਬੱਲ, ਇਕਬਾਲ ਸਿੰਘ ਬੱਲ)**- ਪਬਲਿਕ ਕਾਲਜ, ਸਮਾਣਾ ਦੇ ਵਿਹੜੇ ਵਿੱਚ ਮੰਗਲਵਾਰ ਨੂੰ ਲੋਹੜੀ ਦਾ ਤਿਉਹਾਰ ਬੜੇ ਉਤਸ਼ਾਹ ਨਾਲ ਮਨਾਇਆ ਗਿਆ। ਸਭ ਤੋਂ ਪਹਿਲਾਂ ਕਾਲਜ ਪ੍ਰਿੰਸੀਪਲ ਡਾ. ਹਰਕੀਰਤ ਸਿੰਘ ਨੇ ਲੋਹੜੀ ਦੀ ਅਗਨੀ ਵਿਚ ਰਿਉੜੀਆਂ ਅਤੇ ਤਿਲ ਸੁੱਟ ਕੇ ਸਾਰਿਆਂ ਨੂੰ ਲੋਹੜੀ ਦੀ ਮੁਬਾਰਕਬਾਦ ਦਿੱਤੀ। ਇਸ ਦਿਨ



ਨੂੰ ਯਾਦਗਾਰੀ ਬਣਾਉਣ ਦੀ ਪਹਿਲ ਕਾਲਜ ਦੇ ਯੁਵਕ ਭਲਾਈ ਵਿਭਾਗ, ਐਨ.ਐਸ.ਐਸ. ਵਿਭਾਗ ਅਤੇ ਆਈ.ਕਿਊ.ਏ. ਸੈਲੋਂ ਵੱਲੋਂ ਕੀਤੀ ਗਈ। ਕਾਲਜ ਅਤੇ ਇਲਾਕੇ ਦੀ ਸੁੱਖ ਲਈ ਅਰਦਾਸ ਕੀਤੀ।ਉਪਰੰਤ ਵਿਦਿਆਰਥੀਆਂ ਅਤੇ ਸਟਾਫ ਨੇ ਲੋਹੜੀ ਨਾਲ ਸਬੰਧਤ ਗੀਤ ਗਾਏ। ਪ੍ਰੋ. ਹਰਪ੍ਰੀਤ ਕੌਰ ਨੇ ਵਿਦਿਆਰਥੀਆਂ ਨੂੰ ਸ਼ਾਬਾਸ਼ ਦਿੰਦੇ ਹੋਏ ਲੋਹੜੀ ਦੇ ਇਤਿਹਾਸ ਬਾਰੇ ਜਾਣਕਾਰੀ ਦਿੱਤੀ। ਇਸ ਮੌਕੇ ਵਿਦਿਆਰਥੀਆਂ ਅਤੇ ਸਟਾਫ ਨੂੰ ਫੁੱਲੇ, ਰਿਉੜੀਆਂ ਅਤੇ ਮੂੰਗਫਲੀਆਂ ਵੰਡੀਆਂ ਗਈਆਂ। ਡਾ. ਮੋਨੀਟਾ ਸਲੂਜਾ ਅਤੇ ਪ੍ਰੋ. ਸੁਮਨ ਰਾਹੀ ਨੇ ਮਿਠਾਈਆਂ ਵੰਡ ਕੇ ਆਪਣੀ ਪਰਿਵਾਰਕ ਖੁਸ਼ੀ ਸਾਂਝੀ ਕੀਤੀ। ਡਾ. ਹਰਕੀਰਤਨ ਕੌਰ ਅਤੇ ਪ੍ਰੋ. ਸੋਨੂੰ ਜੰਨ ਨੇ ਇਸ ਪਵਿੱਤਰ ਤਿਉਹਾਰ ਮੌਕੇ ਸ਼ਾਮਲ ਹੋਣ ਲਈ ਸਭ ਦਾ ਧੰਨਵਾਦ ਕੀਤਾ।

## ਚਾਈਨਾ ਡੋਰ ਦੀ ਲਪੇਟ 'ਚ ਆ ਕੇ ਗੰਭੀਰ ਜ਼ਖਮੀ



**ਲੁਧਿਆਣਾ (ਸਤੀਸ਼ ਸਚਦੇਵਾ)**- ਚਾਈਨਾ ਡੋਰ ਨੇ ਇਕ ਵਿਅਕਤੀ ਨੂੰ ਗੰਭੀਰ ਫੱਟੜ ਕਰ ਦਿੱਤਾ। ਗੰਭੀਰੀ ਹਾਲਤ ਵਿੱਚ ਮੋਨੂੰ ਕੌਸ਼ਲ ਸਰਕਾਰੀ ਹਸਪਤਾਲ ਜਵੱਦੀ ਕਲਾਂ ( ਲੁਧਿਆਣਾ ) ਵਿਖੇ ਐਮਰਜੰਸੀ ਵਿੱਚ ਦਾਖ਼ਲ ਹੈ। ਮੋਨੂੰ ਕੌਸ਼ਲ ਪੁੱਤਰ ਸੰਤੋਸ਼ ਕੌਸ਼ਲ ਉਮਰ 20 ਸਾਲ ਪਿੰਡ ਭੌਰਾ ਨੇੜੇ ਜਲੰਧਰ ਬਾਈ ਪਾਸ ਲੁਧਿਆਣਾ ਵਿਖੇ ਕੰਮ ਕਰਦਾ ਹੈ ਜੋ ਧਾਂਦਰਾ ਪਿੰਡ ਡਲਿਵਰੀ ਦੇ ਕੇ ਮੋਟਰਸਾਈਕਲ 'ਤੇ ਵਾਪਿਸ ਪਰਤਦਿਆਂ ਚਾਈਨਾ ਡੋਰ ਦੀ ਲਪੇਟ ਵਿੱਚ ਆ ਗਿਆ। ਉਸ ਨੂੰ ਉਸੇ ਮੌਕੇ ਸਰਕਾਰੀ ਹਸਪਤਾਲ ਜਵੱਦੀ ਵਿਖੇ ਪਹੁੰਚਾਇਆ ਗਿਆ । ਡਾਕਟਰ ਹਰਿੰਦਰਪਾਲ ਸਿੰਘ ਨੇ ਦੱਸਿਆ ਕਿ ਮਰੀਜ ਦੀ ਹਾਲਤ ਕਾਫ਼ੀ ਗੰਭੀਰ ਹੈ।

## ਮਾਊਂਟ ਲਿਟਰਾ ਸਕੂਲ ਵਿਖੇ ਲੋੜੀ ਦਾ ਤਿਉਹਾਰ ਮਨਾਇਆ

**ਫਰੀਦਕੋਟ (ਗੁਰਪ੍ਰੀਤ ਸਿੰਘ ਬੇਦੀ)**- ਮਾਊਂਟ ਲਿਟਰਾ ਜੀ ਸਕੂਲ ਫਰੀਦਕੋਟ ਵਿਖੇ ਲੋੜੀ ਦਾ ਤਿਉਹਾਰ ਬੜੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਪ੍ਰਧਾਨ ਇੰਜੀਨੀਅਰ ਚਮਨ ਲਾਲ ਗੁਲਾਟੀ ਨੇ ਸਾਰੇ ਅਧਿਆਪਕਾਂ ਨਾਲ ਲੋਹੜੀ ਦੀ ਮਹੱਤਤਾ ਬਾਰੇ ਗੱਲ ਕੀਤੀ ਅਤੇ ਲੋਹੜੀ ਤੇ ਨਵੇਂ ਸਾਲ ਦੀਆਂ ਸ਼ੁਭਕਾਮਨਾਵਾਂ ਦਿੱਤੀਆਂ। ਉਹਨਾਂ ਕਿਹਾ ਕਿ ਲੋਹੜੀ ਦਾ ਤਿਉਹਾਰ ਸਾਨੂੰ ਏਕਤਾ ਅਤੇ ਖੁਸ਼ਹਾਲੀ ਦਾ ਸੰਦੇਸ਼ ਦਿੰਦਾ ਹੈ। ਇਸ ਮੌਕੇ ਅਧਿਆਪਕਾਂ ਨੇ ਲੋਹੜੀ ਦੇ ਗੀਤ ਗਾਏ ।ਸਕੂਲ ਪ੍ਰਿੰਸੀਪਲ ਰਜਨੀ ਠਾਕੁਰ ਨੇ ਕਿਹਾ ਕਿ ਲੋਹੜੀ ਦਾ ਤਿਉਹਾਰ ਸਾਨੂੰ ਆਪਣੇ ਸੱਭਿਆਚਾਰ ਅਤੇ ਪਰੰਪਰਾਵਾਂ ਨੂੰ ਯਾਦ ਕਰਨ ਦਾ ਮੌਕਾ ਦਿੰਦਾ ਹੈ ।

# ਗੈਰ-ਅਧਿਆਪਨ ਕਰਮਚਾਰੀ ਸੰਘ ਦੀਆਂ ਚੋਣਾਂ ਲਈ ਬਾਗੜੀਆਂ ਟੀਮ ਨੇ ਦਾਖਲ ਕੀਤੇ ਨਾਮਜ਼ਦਗੀ ਪੱਤਰ



**ਨਾਭਾ (ਵਰਿੰਦਰ ਵਰਮਾ)**- ਪੰਜਾਬੀ ਯੂਨੀਵਰਸਿਟੀ ਪਟਿਆਲਾ ਵਿਖੇ ਗੈਰ ਅਧਿਆਪਨ ਕਰਮਚਾਰੀ ਸੰਘ ਦੀਆਂ ਚੋਣਾਂ ਦਾ ਐਲਾਨ ਹੁੰਦੇ ਹੀ ਚੋਣ ਅਖਾੜਾ ਭਖਦਾ ਨਜ਼ਰ ਆ ਰਿਹਾ ਹੈ। ਚੋਣਾਂ ਸਬੰਧੀ ਨਾਮਜ਼ਦਗੀ ਪੱਤਰ ਦਾਖਲ ਕਰਨ ਸਮੇਂ ਬਾਗੜੀਆਂ ਟੀਮ ਵਲੋਂ ਸ਼ਕਤੀ ਪ੍ਰਦਰਸ਼ਨ ਕੀਤਾ ਗਿਆ, ਜਿਸ ਦੌਰਾਨ ਵੱਡੀ ਗਿਣਤੀ ਵਿੱਚ ਵੱਖ ਵੱਖ ਵਿਭਾਗਾਂ ਦੇ ਕਰਮਚਾਰੀਆਂ ਨੇ ਸ਼ਮੂਲੀਅਤ ਕੀਤੀ। ਚੋਣ ਕਮਿਸ਼ਨਰ ਜਰਨੈਲ ਸਿੰਘ ਅਤੇ ਸਹਾਇਕ ਚੋਣ ਕਮਿਸ਼ਨਰ ਰਾਜ ਕੁਮਾਰ ਕੋਲ ਬਾਗੜੀਆਂ ਟੀਮ ਨੇ ਸਾਰੇ 12 ਉਮੀਦਵਾਰਾਂ ਦੇ ਨਾਮਜ਼ਦਗੀ ਪੱਤਰ ਦਾਖਲ ਕੀਤੇ। ਯੂਨੀਵਰਸਿਟੀ ਕਰਮਚਾਰੀ ਸੰਘ ਦੀਆਂ ਚੋਣਾਂ ਪਿਛਲੇ ਇੱਕ ਸਾਲ ਤੋਂ ਤਕਨੀਕੀ ਕਾਰਨਾਂ ਕਰਕੇ ਨਹੀਂ ਹੋਈਆਂ ਸਨ। ਬਾਗੜੀਆਂ ਟੀਮ ਵਲੋਂ ਪ੍ਰਧਾਨਗੀ ਦੇ ਅਹੁਦੇ ਲਈ ਉਮੀਦਵਾਰ ਦੇ ਤੌਰ 'ਤੇ ਰਾਜਿੰਦਰ ਸਿੰਘ ਬਾਗੜੀਆਂ ਦੇ ਨਾਂਅ ਦੀ ਸਰਬਸੰਮਤੀ ਨਾਲ ਚੋਣ ਕੀਤੀ ਗਈ। ਨਾਮਜ਼ਦਗੀ ਪੱਤਰ ਵਾਪਸ ਲੈਣ ਦੇ ਸਮੇਂ ਤੋਂ ਬਾਅਦ ਚੋਣ ਕਮਿਸ਼ਨ ਵੱਲੋਂ ਆਉਣ ਵਾਲੇ ਦਿਨਾਂ ਵਿੱਚ ਸਾਰੀਆਂ ਪਾਰਟੀਆਂ ਦੇ ਉਮੀਦਵਾਰਾਂ ਨੂੰ ਚੋਣ ਨਿਸ਼ਾਨ ਅਲਾਟ ਕੀਤੇ ਜਾਣਗੇ। ਪਿਛਲੇ ਦੋ ਸਾਲਾਂ ਦੌਰਾਨ ਯੂਨੀਵਰਸਿਟੀ ਦੇ ਕੱਚੇ ਮੁਲਾਜ਼ਮਾਂ ਨੂੰ ਰੈਗੂਲਰ ਕਰਵਾਉਣ ਲਈ ਬਾਗੜੀਆਂ ਟੀਮ ਵਲੋਂ ਤਿੱਖਾ ਸੰਘਰਸ਼ ਕਰਦਿਆਂ ਸਫਲਤਾ ਪ੍ਰਾਪਤ ਕੀਤੀ ਸੀ। ਬਾਗੜੀਆਂ ਟੀਮ ਦੇ ਕਾਰਜਕਾਲ ਦੌਰਾਨ ਵੱਖ ਵੱਖ ਕੇਡਰਾ ਦੇ ਮੁਲਾਜ਼ਮਾਂ ਦੀਆਂ ਤਰੱਕੀਆਂ, ਏਰੀਅਰ ਦੀ ਬਕਾਇਆ ਰਾਸ਼ੀ ਰਿਲੀਜ਼ ਕਰਵਾਉਣ, ਮੁਲਾਜ਼ਮਾਂ ਨੂੰ ਮਾਣ ਸਨਮਾਨ ਦਿਵਾਉਣ ਦੀ ਸਖ਼ਤ ਅਗਵਾਈ ਕੀਤੀ ਹੈ। ਪੰਜਾਬੀ ਯੂਨੀਵਰਸਿਟੀ ਦੇ ਵੱਖ ਵੱਖ ਕਰਮਚਾਰੀ ਸੰਗਠਨਾਂ ਜਿਨ੍ਹਾ ਵਿੱਚ ਦਿਵਿਆਂਗ ਕਰਮਚਾਰੀ ਐਸੋਸੀਏਸ਼ਨ, ਟੈਕਨੀਕਲ ਕਾਮੇ, ਸਫ਼ਾਈ ਕਰਮਚਾਰੀ, ਇੰਪਲਾਈ ਯੂਨੀਟੀ ਫਰੰਟ, ਪ੍ਰੀਖਿਆ ਸ਼ਾਖਾ ਦੇ ਮੁਲਾਜ਼ਮਾਂ ਸਮੇਤ ਵੱਡੀ ਗਿਣਤੀ ਵਿੱਚ ਕਰਮਚਾਰੀਆਂ ਨੇ ਬਾਗੜੀਆਂ ਟੀਮ ਦੀ ਹਮਾਇਤ ਦਾ ਐਲਾਨ ਕੀਤਾ।

## ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ 'ਚ ਵਿਭਾਗੀ ਅਧਿਕਾਰੀਆਂ ਤੇ ਕ੍ਰਮਚਾਰੀਆਂ ਨਾਲ ਮਨਾਈ ਲੋਹੜੀ

ਫ਼ਾਜ਼ਿਲਕਾ, (ਨਿਸ਼ਾ ਸ਼ਰਮਾ) ਡਿਪਟੀ ਕਮਿਸ਼ਨਰ ਅਮਰਪ੍ਰੀਤ ਕੌਰ ਸੰਧੂ ਨੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਚ ਅਧਿਕਾਰੀਆਂ, ਦਫ਼ਤਰ ਡਿਪਟੀ ਕਮਿਸ਼ਨਰ ਦੀਆਂ ਸਮੂਹ ਸ਼ਾਖਾਵਾਂ ਦੇ ਮੁਖੀਆਂ ਤੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ/ਕ੍ਰਮਚਾਰੀਆਂ ਨਾਲ ਲੋਹੜੀ ਦਾ ਤਿਉਹਾਰ ਮਨਾਇਆ। ਉਨ੍ਹਾਂ ਸਮੂਹ ਸਟਾਫ ਨੂੰ ਲੋਹੜੀ ਤੇ ਮਾਘੀ ਦੇ ਤਿਉਹਾਰ ਦੀਆਂ ਸੁਭਕਾਮਨਾਵਾਂ ਦਿੱਤੀਆਂ ਅਤੇ ਸਭ ਦੇ ਉੱਜਵਲ ਭਵਿੱਖ ਦੀ ਅਰਦਾਸ ਕੀਤੀ।ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਵਿ) ਸੁਭਾਸ਼ ਚੰਦਰ ਤੇ ਐਸ.ਡੀ.ਐਮ. ਅਬੋਹਰ ਕ੍ਰਿਸ਼ਨ ਪਾਲ ਰਾਜਪੂਤ ਵੀ ਮੌਜੂਦ ਸਨ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਇਹ ਤਿਉਹਾਰ ਆਪਸੀ ਭਾਈਚਾਰਾ ਮਜਬੂਤ ਕਰਦੇ ਹਨ। ਉਨ੍ਹਾਂ ਕਿਹਾ ਕਿ ਇਸ ਤਰ੍ਹਾਂ ਦੇ ਉਪਰਾਲੇ ਸਟਾਫ 'ਚ ਨਵਾਂ ਉਤਸ਼ਾਹ ਭਰਦੇ ਹਨ। ਉਨ੍ਹਾਂ ਨੇ ਸਮੂਹ ਸਟਾਫ ਨੂੰ ਕਿਹਾ ਕਿ ਉਹ ਸਮਾਜਿਕ ਬਰਾਬਰਤਾ ਪ੍ਰਤੀ ਜਾਗਰੂਕਤਾ ਲਈ ਹਮੇਸ਼ਾ ਕੰਮ ਕਰਦੇ ਰਹਿਣ ਤੇ ਦਫਤਰ ਵਿਖੇ ਆਉਣ ਵਾਲੇ ਲੋਕਾਂ ਨੂੰ ਸਰਕਾਰ ਦੀਆਂ ਸਕੀਮਾਂ ਤੇ ਯੋਜਨਾਵਾ ਦਾ ਲਾਭ ਸੁਖਾਵੇਂ ਮਾਹੌਲ ਵਿਚ ਮੁਹੱਈਆ ਕਰਾਉਣ।ਉਨ੍ਹਾਂ ਕਾਮਨਾ ਕੀਤੀ ਕਿ ਇਹ ਤਿਉਹਾਰ ਸਭ ਦੇ ਜੀਵਨ ਵਿਚ ਖੁਸ਼ੀਆਂ ਲੈ ਕੇ ਆਵੇ।ਉਨ੍ਹਾਂ ਕਿਹਾ ਕਿ ਇਹ ਦਿਨ ਸਾਨੂੰ ਸਾਡੀ ਵਿਰਾਸਤ ਨਾਲ ਜੋੜਦਾ ਹੈ ।

## ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ 'ਵਰਸਿਟੀ 'ਚ ਮਾਘੀ ਦੀ ਠੰਢ 'ਚ ਸੇਵਾ ਦੀ ਗਰਮਾਹਟ



**ਸ੍ਰੀ ਫਤਿਹਗੜ੍ਹ ਸਾਹਿਬ, (ਪ੍ਰਮੋਦ ਭਾਰਦਵਾਜ)** ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਵਿੱਚ ਮਾਘੀ ਦਾ ਪਵਿੱਤਰ ਤਿਓਹਾਰ ਹਰ ਸਾਲ ਦੀ ਤਰ੍ਹਾਂ ਇਸ ਵਰ੍ਹੇ ਵੀ ਪੂਰੀ ਸ਼ਰਧਾ, ਸਾਂਝ ਤੇ ਸੇਵਾ ਭਾਵਨਾ ਨਾਲ ਮਨਾਇਆ ਗਿਆ।ਇਸ ਪਾਵਨ ਮੌਕੇ ਯੂਨੀਵਰਸਿਟੀ ਦੇ ਮੈਂਬਰਾਂ ਵੱਲੋਂ ਵਿਸ਼ੇਸ਼ ਤੌਰ 'ਤੇ ਗਰਮ ਦੁੱਧ ਵਿੱਚ ਬਾਦਾਮ-ਕਾਜੂ ਮਿਲਾ ਕੇ ਲੰਗਰ ਦਾ ਆਯੋਜਨ ਕੀਤਾ ਗਿਆ। ਇਸ ਦੁੱਧ ਦੇ ਲੰਗਰ ਵਿੱਚ ਵਿਦਿਆਰਥੀਆਂ, ਅਧਿਆਪਕਾਂ ਤੇ ਗੈਰ-ਅਧਿਆਪਕ ਸਟਾਫ਼ ਨੇ ਉਤਸ਼ਾਹ ਨਾਲ ਭਾਗ ਲਿਆ।ਸਰਦੀ ਦੇ ਮੌਸਮ ਵਿੱਚ ਗਰਮ ਦੁੱਧ ਦਾ ਇਹ ਲੰਗਰ ਸੇਵਾ, ਸਿਹਤ ਤੇ ਸਾਂਝ ਦੀ ਭਾਵਨਾ ਦਾ ਪ੍ਰਤੀਕ ਬਣਿਆ। ਲੰਗਰ ਗੁਰੂ ਸਾਹਿਬਾਨ ਦੀਆਂ ਸਿੱਖਿਆਵਾਂ ਅਨੁਸਾਰ ਸਮਾਨਤਾ, ਨਿਮਰਤਾ ਅਤੇ ਨਿਸ਼ਕਾਮ ਸੇਵਾ ਦਾ ਜੀਵੰਤ ਉਦਾਹਰਨ ਸੀ। ਯੂਨੀਵਰਸਿਟੀ ਦੇ ਮਾਨਯੋਗ ਵਾਈਸ-ਚਾਂਸਲਰ ਪ੍ਰੋ. (ਡਾ.) ਪ੍ਰਿਤਪਾਲ ਸਿੰਘ ਨੇ ਮਾਘੀ ਤਿਉਹਾਰ ਦੇ ਸਾਲਾਨਾ ਆਯੋਜਨ ਤੇ ਦੁੱਧ ਦੇ ਲੰਗਰ ਲਈ ਫੈਕਲਟੀ ਮੈਂਬਰਾਂ ਦੇ ਉਪਰਾਲਿਆਂ ਦੀ ਭਰਪੂਰ ਸ਼ਲਾਘਾ ਕੀਤੀ।ਉਨ੍ਹਾਂ ਕਿਹਾ ਕਿ ਅਜਿਹੇ ਧਾਰਮਿਕ ਤੇ ਸੱਭਿਆਚਾਰਕ ਆਯੋਜਨ ਯੂਨੀਵਰਸਿਟੀ ਵਿੱਚ ਸੇਵਾ, ਸਾਂਝ ਅਤੇ ਮਨੁੱਖੀ ਮੁੱਲਾਂ ਨੂੰ ਮਜ਼ਬੂਤ ਕਰਦੇ ਹਨ। ਪ੍ਰੋ. (ਡਾ.) ਸੁਖਵਿੰਦਰ ਸਿੰਘ ਬਿਲਿੰਗ, ਡੀਨ ਅਕਾਦਮਿਕ ਮਾਮਲੇ ਨੇ ਵੀ ਫੈਕਲਟੀ ਅਤੇ ਸਟਾਫ਼ ਵੱਲੋਂ ਕੀਤੀ ਗਈ ਨਿਸ਼ਕਾਮ ਸੇਵਾ ਦੀ ਪ੍ਰਸ਼ੰਸਾ ਕਰਦੇ ਹੋਏ ਕਿਹਾ ਕਿ ਇਸ ਤਰ੍ਹਾਂ ਦੇ ਸਮਾਗਮ ਵਿਦਿਆਰਥੀਆਂ ਨੂੰ ਸੱਭਿਆਚਾਰਕ ਵਿਰਾਸਤ ਅਤੇ ਗੁਰਮਤਿ ਮੁੱਲਾਂ ਨਾਲ ਜੋੜਦੇ ਹਨ। ਇਸ ਅਵਸਰ 'ਤੇ ਯੂਨੀਵਰਸਿਟੀ ਦੇ ਰਜਿਸਟ੍ਰਾਰ ਪ੍ਰੋ. (ਡਾ.) ਤੇਜਬੀਰ ਸਿੰਘ ਨੇ ਵੀ ਸਮਾਗਮ ਦੀ ਸਫਲਤਾ ਲਈ ਯੋਗਦਾਨ ਪਾਉਣ ਵਾਲੇ ਸਾਰੇ ਫੈਕਲਟੀ ਮੈਂਬਰਾਂ ਅਤੇ ਸਹਿਯੋਗੀ ਸਟਾਫ਼ ਦੀ ਸ਼ਲਾਘਾ ਕੀਤੀ ਤੇ ਮਾਘੀ ਤਿਉਹਾਰ ਦੀ ਸਾਲਾਨਾ ਮਨਾਉਣ ਨੂੰ ਯੂਨੀਵਰਸਿਟੀ ਦੀ ਸਾਂਝੀ ਸੱਭਿਆਚਾਰਕ ਚੇਤਨਾ ਦਾ ਪ੍ਰਤੀਕ ਦੱਸਿਆ।

# ਤੀਜੀ ਵਜ਼ੀਫਾ ਪ੍ਰੀਖਿਆ ਦੇ ਨਤੀਜੇ ਦਾ ਐਲਾਨ

**ਪਟਿਆਲਾ (ਭੁਪਿੰਦਰਜੀਤ ਮੌਲਵੀਵਾਲਾ)**- ਡੈਮੋਕ੍ਰੇਟਿਕ ਟੀਚਰਜ਼ ਫਰੰਟ ਵਲੋਂ 36ਵੀਂ ਅਤੇ ਪਟਿਆਲਾ ਵਿਖੇ ਹੋਈ ਤੀਜੀ ਵਜ਼ੀਫਾ ਪ੍ਰੀਖਿਆ ਦੇ ਨਤੀਜੇ ਦਾ ਐਲਾਨ ਕਰ ਦਿੱਤਾ ਗਿਆ ਹੈ। ਜਾਣਕਾਰੀ ਦਿੰਦਿਆਂ ਤਰਸੇਮ ਲਾਲ ਅਤੇ ਤਲਵਿੰਦਰ ਸਿੰਘ ਨੇ ਦੱਸਿਆ ਕਿ ਪਟਿਆਲਾ 3 ਦੇ ਪ੍ਰੀਖਿਆ ਕੇਂਦਰ ਵਿੱਚ ਪੰਜਵੀਂ ਦੀ ਪ੍ਰੀਖਿਆ ਵਿਚੋਂ ਹਰਲੀਨ ਕੌਰ ਸਿਊਨਾ 312 ਅੰਕ ਪ੍ਰਾਪਤ ਕਰਕੇ ਪਹਿਲੀ ਰੋਸ਼ਨੀ ਸ.ਪ.ਸ. ਰੋਗਲਾ, ਗੁਰਫਤਿਹ ਸਿੰਘ ਦਦਹੇੜਾ, ਰਿਆਂਸ਼ ਦਦਹੇੜਾ, ਸ਼ਕਤੀ ਪ੍ਰਜਾਪਤੀ, ਪ੍ਰਤਾਪ ਨਗਰ, ਹਰਲੀਨ ਕੌਰ ਸਿਊਨਾ ਪਹਿਲੀਆਂ ਤਿੰਨ ਪੋਜੀਸ਼ਨਾਂ 'ਤੇ ਰਹੇ। ਇਸ ਤੋਂ ਇਲਾਵਾ 192 ਅੰਕਾਂ ਤੋਂ ਉੱਪਰ ਅੰਕ ਪ੍ਰਾਪਤ ਕਰਨ ਵਾਲੇ 75 ਦੇ ਕਰੀਬ ਵਿਦਿਆਰਥੀਆਂ ਨੂੰ ਸਨਮਾਨਤ ਕੀਤਾ ਜਾਵੇਗਾ।ਬਾਬਰਪੁਰ ਸੈਂਟਰ ਦੇ ਕਮਲਪ੍ਰੀਤ ਕੌਰ ਅਲਹੌਰਾਂ ਖੁਰਦ, ਸਤਿਗੁਰ ਸਿੰਘ ਭੀਲੋਵਾਲ ਅਤੇ ਨਵਦੀਪ ਕੌਰ ਅਲਹੌਰਾਂ ਖੁਰਦ ਪਹਿਲੇ, ਪ੍ਰਭਜੋਤ ਕੌਰ ਭੀਲੋਵਾਲ ਦੂਜੇ ਅਤੇ ਦਿਲਜੋਤ ਕੌਰ ਭੀਲੋਵਾਲ ਤੀਜੇ ਸਥਾਨ 'ਤੇ ਰਹੇ। 160 ਅੰਕਾਂ ਤੋਂ ਵੱਧ ਅੰਕ ਪ੍ਰਾਪਤ ਕਰਨ ਵਾਲੇ 35 ਵਿਦਿਆਰਥੀਆਂ ਨੂੰ ਵੀ ਸਨਮਾਨਤ ਕੀਤਾ ਜਾਵੇਗਾ।ਅੱਠਵੀਂ ਦੇ ਨਵਦੀਪ ਕੁਮਾਰ ਸਕੂਲ ਆਫ ਐਮੀਨੈਂਸ ਫੀਲਖਾਨਾ, ਹਰਮਨ ਜੋਤ ਸਿੰਘ ਸੇਂਟ ਪੀਟਰ ਅਤੇ ਰਿਜ਼ੁਲ ਫੀਲਖਾਨਾ ਪਹਿਲੀਆਂ ਤਿੰਨ ਪੋਜੀਸ਼ਨਾਂ 'ਤੇ ਰਹੇ। ਦਸਵੀਂ ਦੇ ਖੁਸ਼ੀ ਅਤੇ ਤਾਨੀਆ ਓਲਡ ਪੁਲਸ ਲਾਇਨ ਸਕੂਲ ਸੁਖਜੀਤ ਕੌਰ ਪਟਿਆਲਾ ਕੈਂਟ ਪਹਿਲੀਆਂ ਤਿੰਨ ਪੋਜੀਸ਼ਨਾਂ 'ਤੇ ਰਹੇ ।ਪਲੱਸ ਟੂ ਦੇ ਚਾਹਤ, ਵਿਨੀਤਾ ਅਤੇ ਅਮਨ ਕੌਰ ਓਲਡ ਪੁਲਸ ਲਾਈਨ ਸਕੂਲ ਨੇ ਪਹਿਲੀਆਂ ਤਿੰਨ ਪੋਜੀਸ਼ਨਾਂ ਪ੍ਰਾਪਤ ਕੀਤੀਆਂ। ਅੱਠਵੀਂ, ਦਸਵੀਂ ਅਤੇ ਬਾਰ੍ਹਵੀਂ ਦੇ ਬਾਕੀ ਰਹਿੰਦੇ ਵਿਦਿਆਰਥੀਆਂ ਨੂੰ ਵੀ ਸਨਮਾਨਤ ਕੀਤਾ ਜਾਵੇਗਾ। ਇਸ ਪ੍ਰੀਖਿਆ ਲਈ ਜਸਵਿੰਦਰ ਸਿੰਘ ਬੀਪੀਈਓ, ਇੰਦਰਪਾਲ ਸਿੰਘ ਅਮਰਜੀਤ ਸਿੰਘ, ਤਰਸੇਮ ਸਿੰਘ ਸੀਐਚਟੀ, ਜਸਪ੍ਰੀਤ ਕੌਰ ਸੀਐਚਟੀ, ਹਰਵਿੰਦਰ ਸਿੰਘ ਅਤੇ ਬਾਕੀ ਸਾਰੇ ਸੈਂਟਰ ਹੈਡ ਟੀਚਰ ਸਾਹਿਬਾਨ ਤੋਂ ਇਲਾਵਾ ਸੁਖਜੀਤ ਕੌਰ ਹਰਵਿੰਦਰ ਕੌਰਠ, ਬੀਰਪਾਲ ਕੌਰ ਅਤੇ ਹੋਰ ਬਹੁਤ ਸਾਰੇ ਟੀਚਰਾਂ ਨੇ ਭਰਪੂਰ ਸਹਿਯੋਗ ਦਿੱਤਾ। ਤਲਵਿੰਦਰ ਸਿੰਘ, ਹਰਜੀਤ ਸਿੰਘ, ਬਲਰਾਜ ਜੋਸ਼ੀ, ਅਕਸ਼ੈ ਕੁਮਾਰ, ਜਸਵਿੰਦਰ ਸਿੰਘ ਅਤੇ ਸੁਰਿੰਦਰ ਪਾਲ ਗੋਇਲ ਨੇ ਪ੍ਰਬੰਧਾਂ ਦੀ ਜ਼ਿੰਮੇਵਾਰੀ ਨਿਭਾਈ।

# ਗੁਰੂ ਗੋਬਿੰਦ ਸਿੰਘ ਜੀ ਦੇ 40 ਮੁਕਤਿਆਂ ਦੀ ਯਾਦ 'ਚ ਮਾਘੀ ਜੋੜ ਮੇਲਾ ਸ਼ੁਰੂ

**ਸ੍ਰੀ ਮੁਕਤਸਰ ਸਾਹਿਬ, (ਸ਼ਮਿੰਦਰਪਾਲ/ਪੂਜਾ)** ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ 40 ਮੁਕਤਿਆਂ ਦੀ ਸ਼ਹਾਦਤ ਦੀ ਸਾਕਸ਼ੀ ਸ੍ਰੀ ਮੁਕਤਸਰ ਸਾਹਿਬ ਦੀ ਪਵਿੱਤਰ ਧਰਤੀ 'ਤੇ ਮਾਘੀ ਜੋੜ ਮੇਲਾ ਸ਼ੁਰੂ ਹੋ ਗਿਆ ਹੈ।ਮਾਘੀ ਜੋੜ ਮੇਲੇ ਦੇ ਚੱਲਦਿਆਂ ਵੱਡੀ ਗਿਣਤੀ ਵਿੱਚ ਸੰਗਤਾਂ ਦਾ ਸ੍ਰੀ ਮੁਕਤਸਰ ਸਾਹਿਬ ਆਗਮਨ ਹੋਇਆ ਹੈ।ਲੋਹੜੀ ਦੀ ਰਾਤ ਤੋਂ ਹੀ ਸੰਗਤ ਪਹੁੰਚਣ ਲੱਗੀ ਸੀ ਤੇ ਸਵੇਰ ਤੋਂ ਬਾਅਦ ਦੁਪਹਿਰ ਤੱਕ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਪਹੁੰਚਣ ਤੇ ਪਵਿੱਤਰ ਸਰੋਵਰ ਵਿੱਚ ਇਸ਼ਨਾਨ ਦਾ ਸਿਲਸਿਲਾ ਚੱਲਦਾ ਰਹੇਗਾ।ਨਿਊਨਤਮ 4 ਡਿਗਰੀ ਤਾਪਮਾਨ ਵਿੱਚ ਕੜਾਕੇ ਦੀ ਠੰਢ ਤੇ ਸ਼ੀਤ ਲਹਿਰ ਦੇ ਦਰਮਿਆਨ ਵੀ ਸੰਗਤਾਂ ਦੀ ਆਸਥਾ ਘੱਟ ਹੋਣ ਦਾ ਨਾਮ ਨਹੀਂ ਲੈ ਰਹੀ ਤੇ ਸੰਗਤ ਇਸ਼ਨਾਨ ਨੂੰ ਉਮੜਣ ਲੱਗੀ ਹੈ।ਹਾਲਾਂਕਿ ਸੰਗਤ ਰਾਤ 12 ਵਜੇ ਹੀ ਉਮੜਣ ਲੱਗੀ ਸੀ ਤੇ ਇਸ ਦਰਮਿਆਨ ਤਾਂ ਨਿਊਨਤਮ ਤਾਪਮਾਨ 2 ਤੋਂ 3 ਡਿਗਰੀ ਤੱਕ ਆਂਕਿਆ ਜਾ ਰਿਹਾ ਸੀ। ਸੰਗਤਾਂ ਨੇ 40 ਮੁਕਤਿਆਂ ਨੂੰ ਨਮਨ ਕਰਦੇ ਹੋਏ ਉਨ੍ਹਾਂ ਦੀ ਸ਼ਹਾਦਤ ਨੂੰ ਯਾਦ ਕੀਤਾ।ਸੰਗਤ ਜਿੱਥੇ ਗੁਰਦੁਆਰਾ ਸ੍ਰੀ ਦਰਬਾਰ

**• 40 ਮੁਕਤਿਆਂ ਨੂੰ ਨਮਨ ਕਰਕੇ ਸ਼ਹਾਦਤ ਨੂੰ ਯਾਦ ਕੀਤਾ**



ਸਾਹਿਬ ਵਿੱਚ ਨਤਮਸਤਕ ਹੋਈ, ਉੱਥੇ ਗੁਰਦੁਆਰਾ ਸ਼ਹੀਦ ਗੰਜ ਸਾਹਿਬ, ਗੁਰਦੁਆਰਾ ਤੰਬੂ ਸਾਹਿਬ, ਗੁਰਦੁਆਰਾ ਟਿੱਬੀ ਸਾਹਿਬ, ਗੁਰਦੁਆਰਾ ਦਾਤਨਸਰ ਸਾਹਿਬ, ਗੁਰਦੁਆਰਾ ਤਰਨਤਾਰਨ ਸਾਹਿਬ ਸਮੇਤ ਹੋਰ ਗੁਰਦੁਆਰਿਆਂ ਵਿੱਚ ਵੀ ਨਤਮਸਤਕ ਹੋਣ ਲਈ ਸੰਗਤ ਪਹੁੰਚ ਰਹੀ ਹੈ। ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਨਿਰਮਲਜੀਤ ਸਿੰਘ ਨੇ ਦੱਸਿਆ ਕਿ 12 ਜਨਵਰੀ ਨੂੰ ਗੁਰਦੁਆਰਾ ਸ਼ਹੀਦ ਗੰਜ ਸਾਹਿਬ 'ਚ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਹੋਇਆ ਸੀ, ਜਿਸਦਾ ਮਾਘੀ ਮੌਕੇ ਸਵੇਰੇ ਸਾਢੇ ਸੱਤ ਵਜੇ ਭੋਗ ਪਾਇਆ ਗਿਆ।ਭਾਈ ਮਹਾਂ ਸਿੰਘ ਦੀਵਾਨ ਹਾਲ ਵਿੱਚ ਧਾਰਮਿਕ ਦੀਵਾਨ ਸਜਾਏ ਗਏ। ਰਾਗੀ-ਢਾਡੀ ਜੱਥਿਆਂ ਵੱਲੋਂ ਸੰਗਤਾਂ ਨੂੰ ਜਿੱਥੇ ਗੁਰੂ ਯਸ਼ ਸੁਣਾ ਕੇ ਨਿਹਾਲ ਕੀਤਾ ਗਿਆ, ਉੱਥੇ ਸਿੱਖ ਇਤਿਹਾਸ ਤੇ 40 ਮੁਕਤਿਆਂ ਦੀਆਂ ਕੁਰਬਾਨੀਆਂ ਤੋਂ ਜਾਣੂ ਕਰਾਇਆ ਗਿਆ।15 ਜਨਵਰੀ ਨੂੰ ਗੁਰਦੁਆਰਾ ਟਿੱਬੀ ਸਾਹਿਬ ਵਿੱਚ ਵਿਸ਼ੇਸ਼ ਢਾਡੀ ਸਮਾਗਮ ਹੋਵੇਗਾ।ਇਸੇ ਦਿਨ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਦੇ ਨਾਕਾ ਨੰਬਰ 4 ਤੋਂ ਨਗਰ ਕੀਰਤਨ ਆਰੰਭ ਹੋਵੇਗਾ, ਜੋ ਗੁਰਦੁਆਰਾ ਟਿੱਬੀ ਸਾਹਿਬ, ਗੁਰਦੁਆਰਾ ਦਾਤਨਸਰ ਸਾਹਿਬ ਹੁੰਦਾ ਹੋਇਆ ਵਾਪਸ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਪਹੁੰਚ ਕੇ ਸੰਪੰਨ ਹੋਵੇਗਾ।ਨਗਰ ਕੀਰਤਨ ਦਾ ਥਾਂ-ਥਾਂ ਸਵਾਗਤ ਕੀਤਾ ਜਾਵੇਗਾ।ਇਸੇ ਦਿਨ ਸਵੇਰੇ ਗਿਆਰਾਂ ਵਜੇ ਗੁਰਦੁਆਰਾ ਤੰਬੂ ਸਾਹਿਬ ਵਿੱਚ ਇੱਛੁਕ ਸੰਗਤਾਂ ਨੂੰ ਅੰਮ੍ਰਿਤ ਸੰਚਾਰ ਵੀ ਕਰਵਾਇਆ ਜਾਵੇਗਾ। ਮਲੋਟ ਰੋਡ 'ਤੇ ਮਨੋਰੰਜਨ ਮੇਲਾ ਵੀ ਸ਼ੁਰੂ ਹੋ ਗਿਆ ਹੈ।ਗੁਰੂਘਰਾਂ ਵਿੱਚ ਮੱਥਾ ਟੇਕਣ ਤੋਂ ਬਾਅਦ ਸੰਗਤ ਪਰਵਾਰ ਸਮੇਤ ਮਨੋਰੰਜਨ ਮੇਲੇ ਦਾ ਆਨੰਦ ਲਵੇਗੀ। ਮਨੋਰੰਜਨ ਮੇਲਾ 28 ਫਰਵਰੀ ਤੱਕ ਚੱਲੇਗਾ, ਉੱਥੇ ਹੀ ਮਲੋਟ ਰੋਡ 'ਤੇ ਮੇਲਾ ਗਰਾਊਂਡ ਦੇ ਆਸ-ਪਾਸ ਵੱਖ-ਵੱਖ ਸਾਜੋ-ਸਾਮਾਨ ਦੀਆਂ ਦੁਕਾਨਾਂ ਤੇ ਸਟਾਲਾਂ ਲੱਗਣ ਨਾਲ ਮੇਲੇ ਦੀ ਰੌਣਕ ਵਧ ਗਈ ਹੈ। ਦੱਸਣਯੋਗ ਹੈ ਕਿ ਲੋਹੜੀ ਦੀ ਰਾਤ ਜਿਵੇਂ ਹੀ ਸੰਗਤਾਂ ਦਾ ਮੁਕਤਸਰ ਆਗਮਨ ਸ਼ੁਰੂ ਹੋਇਆ ਤਾਂ ਸ਼ਹਿਰ ਦੇ ਦਾਨੀ ਸੱਜਣਾਂ ਨੇ ਵੀ ਹਰ ਵਾਰ ਦੀ ਤਰ੍ਹਾਂ ਦਿਲ ਖੋਲ੍ਹ ਕੇ ਲੰਗਰ ਸ਼ੁਰੂ ਕਰ ਦਿੱਤੇ।ਸੰਗਤਾਂ ਦੇ ਸਵਾਗਤ ਲਈ ਥਾਂ-ਥਾਂ ਵੱਖ-ਵੱਖ ਪ੍ਰਕਾਰ ਦੇ ਲੰਗਰ ਚੱਲ ਰਹੇ ਹਨ।


**ਉੱਤਰ ਰੇਲਵੇ**

**ਈ-ਨੀਲਾਮੀ ਸੂਚਨਾ**

ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਤੋਂ ਸੀਨੀਅਰ ਮੰਡਲ ਵਾਣਿਜ ਪ੍ਰਬੰਧਕ/ ਮਾਲਭਾੜਾ, ਉਤਰ ਰੇਲਵੇ, ਫਿਰੋਜਪੁਰ ਦੁਆਰਾ ਹੇਠਾਂ ਦਿਤੇ ਗਏ ਕੰਮ ਦੇ ਲਈ ਯੋਗ ਅਤੇ ਰਜਿਸਟਰਡ ਬੋਲੀਦਾਤਾਵਾਂ ਤੋਂ ਫਿਰੋਜਪੁਰ ਮੰਡਲ ਵਿਚ ਈ-ਨੀਲਾਮੀ ਮੰਗ ਕੀਤੀ ਗਈ ਹੈ:

| ਨੀਲਾਮੀ ਸੂਚੀ ਨੰ. | ਨੀਲਾਮੀ ਸ਼ੁਰੂ ਹੋਣ ਦਾ ਸਮਾਂ ਅਤੇ ਮਿਤੀ | ਕੰਮ ਦਾ ਨਾਮ |
|---|---|---|
| EAFZR-SLR26-07 | 28.01.2026 ਨੂੰ 11:00 Hrs. | ਗੱਡੀਆਂ ਦੇ ਪਾਰਸਲ ਸਪੇਸ ਨੂੰ ਲੀਸ ਤੇ ਦੇਣ ਦਾ ਠੇਕਾ (ਟ੍ਰੇਨ ਨੰਬਰ/ਐਸਐਲਆਰ ਕੰਪਾਰਟਮੈਂਟ): 12904/R1 & 12138/R1. |

ਵਿਸਤ੍ਰਿਤ ਜਾਣਕਾਰੀ ਅਤੇ ਪੰਜੀਕਰਨ ਦੇ ਲਈ, ਕਿਰਪਾ ਰੇਲਵੇ ਦੀ ਵੈਬਸਾਈਟ www.ireps.gov.in 'ਤੇ ਜਾਓ। 144/2026

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ



YES BANK Registered and Corporate Office: YES BANK House, Off Western Express Highway, Santacruz East, Mumbai – 400055 India. Website: www.yesbank.in, Email: comminications@yesbank.in, CIN: L65190MH2003PLC143249 . Regional Office At: 5th Floor, Max Tower, Sector 16B, Noida, U.P.- 201301

**ਸਰਫੇਸੀ ਐਕਟ ਦੇ ਸੈਕਸ਼ਨ 13 (2) ਅਧੀਨ ਨੋਟਿਸ ਦੀ ਪ੍ਰਕਾਸ਼ਨਾ**

ਨੋਟਿਸ ਦਿੱਤਾ ਜਾਂਦਾ ਹੈ ਕਿ ਹੇਠਾਂ ਦਰਸਾਏ ਕਰਜ਼ਦਾਰਾਂ/ਸਹਿ-ਕਰਜ਼ਦਾਰਾਂ/ਗਰੰਟਰਾਂ/ਰਹਿਣਕਾਰਾਂ, ਜਿਨ੍ਹਾਂ ਨੇ ਬੈਂਕ ਤੋਂ ਲਈ ਕਰਜ਼ਾ ਸਹੂਲਤ ਦਾ ਮੂਲ ਅਤੇ ਵਿਆਜ ਵਾਪਸ ਮੋੜਨ 'ਚ ਅਸਫਲਤਾ ਦਿਖਾਈ ਅਤੇ ਜਿਨ੍ਹਾਂ ਦੇ ਕਰਜ਼ਾ ਖਾਤੇ ਬੈਂਕ ਵੱਲੋਂ ਨਾਨ-ਪ੍ਰਫਾਰਮਿੰਗ ਐੱਸਟਸ (ਐੱਨ ਪੀ ਏ) ਵਰਗੀਕ੍ਰਿਤ ਕਰ ਦਿੱਤੇ ਗਏ ਹਨ। ਸਕਿਊਰਟਾਈਜੇਸ਼ਨ ਐਂਡ ਰੀਕੰਸਟਰਕਸ਼ਨ ਆਫ ਫਇਨੈਂਸ਼ੀਅਲ ਐੱਸਟਸ ਦੇ ਸੈਕਸ਼ਨ 13 (2) ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈਸਟ ਐਕਟ 2002 (ਸਰਫੇਸੀ ਐਕਟ) ਤਹਿਤ ਉਨ੍ਹਾਂ ਦੇ ਜਾਣਕਾਰੀ ਵਾਲੇ ਆਖਰੀ ਪਤਿਆਂ 'ਤੇ ਨੋਟਿਸ ਜਾਰੀ ਕੀਤੇ ਗਏ ਸਨ, ਜੋ ਬਿਨਾਂ ਤਾਮੀਲ ਵਾਪਸ ਪ੍ਰਾਪਤ ਹੋ ਗਏ ਸਨ ਅਤੇ ਉਨ੍ਹਾਂ ਨੂੰ ਇਸ ਜਨਤਕ ਨੋਟਿਸ ਰਾਹੀਂ ਉਹੀ ਜਾਣਕਾਰੀ ਦਿੱਤੀ ਗਈ ਹੈ।

| ਖਾਤਾ ਨੰ. | ਕਰਜ਼ੇ ਦੀ ਕਿਸਮ | ਕਰਜ਼ਦਾਰਾਂ, ਸਹਿ-ਕਰਜ਼ਦਾਰਾਂ, ਰਹਿਣਕਾਰਾਂ ਦਾ ਨਾਂਅ | 13(2) ਨੋਟਿਸ ਅਨੁਸਾਰ ਬਕਾਇਆ ਰਕਮ | ਐੱਨ ਪੀ ਏ ਮਿਤੀ | ਨੋਟਿਸ ਦੀ ਮਿਤੀ |
|---|---|---|---|---|---|
| AFH001501719624 & AFH001501719575 | ਏ ਐੱਫ ਐੱਚ ਐੱਲ ਕਰਜ਼ਾ ਸਹੂਲਤ | 1. ਸ੍ਰੀ ਗੁਰਪ੍ਰੀਤ ਸਿੰਘ ਪੁੱਤਰ ਸੰਤੋਖ ਸਿੰਘ (ਕਰਜ਼ਦਾਰ ਅਤੇ ਰਹਿਣਕਾਰ) ਵਾਸੀ ਮਕਾਨ ਨੰ. # 1406, ਗੋਬਿੰਦ ਵਿਹਾਰ-2, ਈਸਾਪੁਰ, ਰੋਡ, ਸੈਕਟਰ 22, ਡੇਰਾ ਬੱਸੀ ਐਸ ਏ ਐਸ ਨਗਰ, ਮੁਹਾਲੀ, ਪੰਜਾਬ-140507 2. ਸ੍ਰੀਮਤੀ ਮੋਨਿਕਾ ਪਤਨੀ ਗੁਰਪ੍ਰੀਤ ਸਿੰਘ (ਸਹਿ-ਕਰਜ਼ਦਾਰ) ਵਾਸੀ ਮਕਾਨ ਨੰ. # 1406, ਗੋਬਿੰਦ ਵਿਹਾਰ-2, ਈਸਾਪੁਰ, ਰੋਡ, ਸੈਕਟਰ 22, ਡੇਰਾ ਬੱਸੀ ਐਸ ਏ ਐਸ ਨਗਰ, ਮੁਹਾਲੀ, ਪੰਜਾਬ-140507 | 07.12.2025 ਨੂੰ ਰੁਪਏ 12,20,698.05/- (ਬਾਰਾਂ ਲੱਖ ਵੀਹ ਹਜ਼ਾਰ ਛੇ ਸੌ ਅਠਾਨਵੇਂ ਰੁਪਏ ਅਤੇ ਪੰਜ ਪੈਸੇ ਕੇਵਲ) | 03/12/2025 | 29/12/2025 |

ਸਕਿਊਰਡ ਐਸਟ ਦਾ ਵੇਰਵਾ : "ਜਾਇਦਾਦ ਜੋ ਕਿ ਮਕਾਨ #464/ਐੱਚ #1406, ਗੋਵਿੰਦ ਨਗਰ 2, (ਬੈਨਾਮਾ # 1348 ਮਿਤੀ 17.06.2022 ਅਨੁਸਾਰ) ਰਕਬਾ 1 ਬਿਸਵਾ 3 ਬਿਸਵਾਸੀ/58 ਵਰਗ ਗਜ਼, ਜ਼ਮੀਨ 2 ਬਿੱਘੇ, 8 ਬਿਸਵੇ ਦਾ ਹਿੱਸਾ, ਖੇਵਟ/ਖਤੌਨੀ #145/170, ਖਸਰਾ #34//15/2(1-14) ਅਤੇ 16/1(0-14), ਕਿੱਤੇ 2, ਜਮ੍ਹਾਂਬੰਦੀ ਸਾਲ 2013-2014 ਹੱਦਬਸਤ # 39, ਡੇਰਾਬੱਸੀ ਦੀ ਐਮ ਸੀ ਹੱਦ ਦੇ ਅੰਦਰਵਾਰ, ਜ਼ਿਲ੍ਹਾ ਐਸ ਏ ਐਸ ਨਗਰ, ਪੰਜਾਬ ਨਾਲ ਸੰਬੰਧਤ ਸਭ ਕੁੱਝ"

ਉਪਰੋਕਤ ਕਰਜ਼ਦਾਰ ਅਤੇ/ਜਾਂ ਉਨ੍ਹਾਂ ਦੇ ਗਰੰਟਰ/ਰਹਿਣਕਾਰ (ਜਦੋਂ ਵੀ ਲਾਗੂ ਹੋਵੇ) ਨੂੰ ਬਕਾਇਆ ਰਕਮ, ਇਸ ਨੋਟਿਸ ਦੀ ਪ੍ਰਕਾਸ਼ਨਾ ਮਿਤੀ ਤੋਂ 60 ਦਿਨਾਂ ਦੇ ਅੰਦਰ ਅਦਾ ਕਰਨ ਦਾ ਸੱਦਾ ਦਿੱਤਾ ਜਾਂਦਾ ਹੈ। ਅਸਫਲ ਰਹਿਣ 'ਤੇ 60 ਦਿਨ ਗੁਜ਼ਰ ਜਾਣ ਤੋਂ ਬਾਅਦ ਸਰਫੇਸੀ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (4) ਤਹਿਤ ਅਗਲੇ ਕਦਮ ਉਠਾਏ ਜਾਣਗੇ। ਇਸ ਤੋਂ ਅੱਗੇ ਇਹ ਵੀ ਤੁਹਾਡੇ ਧਿਆਨ 'ਚ ਲਿਆਂਦਾ ਜਾਂਦਾ ਹੈ ਕਿ ਉਕਤ ਐਕਟ ਦੇ ਸੈਕਸ਼ਨ 13 (8) ਤਹਿਤ, ਜੇਕਰ ਸਾਡੇ ਬਕਾਏ ਸਮੇਤ ਸਾਡੇ ਵੱਲੋਂ ਸਹਿਣ ਕੀਤੀਆਂ ਗਈਆਂ ਲਾਗਤਾਂ, ਚਾਰਜਿਜ਼ ਅਤੇ ਖਰਚੇ ਵਿਕਰੀ ਜਾਂ ਤਬਾਦਲੇ ਲਈ ਤੈਅ ਕੀਤੀ ਗਈ ਮਿਤੀ ਤੋਂ ਪਹਿਲਾਂ ਕਿਸੇ ਸਮੇਂ ਵੀ ਅਦਾ ਕਰ ਦਿੱਤੇ ਜਾਂਦੇ ਹਨ ਤਾਂ ਸਾਡੇ ਵੱਲੋਂ ਸਕਿਉਰਡ ਐੱਸਟ ਵਿਕਰੀ ਜਾਂ ਤਬਦੀਲ ਨਹੀਂ ਕੀਤੇ ਜਾਣਗੇ ਅਤੇ ਸਾਡੇ ਵੱਲੋਂ ਸਕਿਉਰਡ ਐੱਸਟ ਨੂੰ ਤਬਦੀਲ ਜਾਂ ਵਿਕਰੀ ਕਰਨ ਸੰਬੰਧੀ ਅਗਲੇ ਕਦਮ ਨਹੀਂ ਉਠਾਏ ਜਾਣਗੇ।

ਮਿਤੀ : 15.01.2026, ਸਥਾਨ : ਪੰਜਾਬ ਸਹੀ/- (ਅਧਿਕਾਰਤ ਅਫ਼ਸਰ) ਯੈੱਸ ਬੈਂਕ ਲਿਮਟਿਡ



YES BANK Registered Office: Yes Bank House, Western Express Highway, Santacruz (E), Mumbai, 400 055 Also At :- SCO No 129-130 2nd floor Sector 9-C Madhya Marg Chandigarh 160009 AlsoAt:-B-XX 2427–928, 1stFloor, Gobind Nagar, Ferozepur Road, Ludhiana–141001

**ਕਬਜ਼ਾ ਨੋਟਿਸ (ਸੈਕਸ਼ਨ ਰੂਲ 8 (1) ਤਹਿਤ ਅਚੱਲ ਜਾਇਦਾਦ ਲਈ)**

ਨਿਮਨਹਸਤਾਖਰੀ ਨੇ ਯੈੱਸ ਬੈਂਕ ਲਿਮ: ਦੇ ਅਧਿਕਾਰਤ ਅਫਸਰ ਵਜੋਂ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਿਟੀ ਇੰਟਰੈੱਸਟ ਐਕਟ, 2002 ਅਤੇ ਸਕਿਉਰਿਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 3 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਜਾਰੀ ਕੀਤੇ ਗਏ ਨੋਟਿਸ ਦੀ ਪ੍ਰਾਪਤੀ ਮਿਤੀ ਤੋਂ 60 ਦਿਨਾਂ ਦੇ ਅੰਦਰ-ਅੰਦਰ ਬਕਾਇਆ ਕਰਜ਼ਦਾਰਾਂ ਨੂੰ ਸੈਕਸ਼ਨ 13(2) ਤਹਿਤ ਨੋਟਿਸ 'ਚ ਦਰਸਾਈ ਰਕਮ ਨੂੰ ਵਿਆਜ ਸਮੇਤ ਮੋੜਨ ਲਈ ਡਿਮਾਂਡ ਨੋਟਿਸ ਜਾਰੀ ਕੀਤਾ ਸੀ।

ਕਰਜ਼ਦਾਰ ਦੱਸੀ ਰਕਮ ਵਾਪਸ ਮੋੜਨ 'ਚ ਅਸਫਲ ਰਹੇ ਹਨ। ਕਰਜ਼ਦਾਰਾਂ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਹੇਠਾਂ ਦਰਸਾਈ ਜਾਇਦਾਦ ਦਾ ਰੂਲ 9 ਨਾਲ ਪੜ੍ਹੇ ਜਾਂਦੇ ਐਕਟ ਦੇ ਸੈਕਸ਼ਨ 13 (4) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਵਰਨਣ ਜਾਇਦਾਦਾਂ ਦਾ ਹਰੇਕ ਖਾਤੇ ਅੱਗੇ ਵਰਨਣ ਮਿਤੀ ਨੂੰ ਸੰਕੇਤਕ ਕਬਜ਼ਾ ਪ੍ਰਾਪਤ ਕਰ ਲਿਆ ਹੈ। ਕਰਜ਼ਦਾਰਾਂ ਨੂੰ ਖਾਸ ਕਰਕੇ ਅਤੇ ਆਮ ਜਨਤਾ ਨੂੰ ਉਕਤ ਜਾਇਦਾਦ ਸੰਬੰਧੀ ਕਿਸੇ ਤਰ੍ਹਾਂ ਦੀ ਸੌਦੇਬਾਜ਼ੀ ਤੋਂ ਖਬਰਦਾਰ ਕੀਤਾ ਜਾਂਦਾ ਹੈ ਅਤੇ ਉਕਤ ਜਾਇਦਾਦ ਸੰਬੰਧੀ ਕਿਸੇ ਤਰ੍ਹਾਂ ਦੀ ਸੌਦੇਬਾਜ਼ੀ ਬਕਾਇਆ ਰਕਮ ਅਤੇ ਇਸ 'ਤੇ ਠੇਕਾ ਦਰ 'ਤੇ ਇਸ ਉੱਪਰ ਵਿਆਜ ਯੈੱਸ ਬੈਂਕ ਲਿਮ: ਦੀ ਵਸੂਲੀ ਹੇਠ ਹੋਵੇਗੀ।

| ਕਰਜ਼ਦਾਰ ਦਾ ਨਾਂਅ | ਸਕਿਉਰਡ ਐੱਸਟ ਦਾ ਵੇਰਵਾ | ਸੈਕਸ਼ਨ 13 (2) ਤਹਿਤ ਨੋਟਿਸ ਦੀ ਮਿਤੀ/ਐੱਨ ਪੀ ਏ ਮਿਤੀ | ਨੋਟਿਸ 'ਚ ਰਾਸ਼ੀ (ਰੁਪਏ) | ਕਬਜ਼ੇ ਦੀ ਮਿਤੀ | ਪ੍ਰਡਕਟ ਅਤੇ ਕਰਜ਼ਾ ਨੰ. |
|---|---|---|---|---|---|
| (1) ਸੁਨੀਲ ਕੁਮਾਰ ਪੁੱਤਰ ਮਿਲਖੀ ਰਾਮ ਪਤਾ : ਮਕਾਨ ਨੰ. ਈ-21, ਸੈਨਿਕ ਸਕੂਲ ਕਪੂਰਥਲਾ, ਪੰਜਾਬ-144601 (ਕਰਜ਼ਦਾਰ) (2) ਸਪਨਾ ਦੇਵੀ ਪਤਨੀ ਸੁਨੀਲ ਕੁਮਾਰ ਪਤਾ : ਮਕਾਨ ਨੰ. ਈ-21, ਸੈਨਿਕ ਸਕੂਲ ਕਪੂਰਥਲਾ, ਨੇੜੇ ਧੋਬੀ ਘਾਟ, ਕਪੂਰਥਲਾ, ਪੰਜਾਬ-144601 (ਸਹਿ-ਕਰਜ਼ਦਾਰ ਅਤੇ ਜਾਂ ਰਹਿਣਕਾਰ) | ਸਪਨਾ ਦੇਵੀ ਦੀ ਮਲਕੀਅਤ ਅਚੱਲ ਜਾਇਦਾਦ, ਅਬਾਦੀ ਅਜੀਤ ਨਗਰ, ਕਪੂਰਥਲਾ ਸ਼ਰਕੀ (ਬਿਨਾਂ ਡੀ ਟੀ ਏ) ਹੱਦਬਸਤ ਨੰ. 134, ਤਾਮੀਰ ਸ਼ੁਦਾ-110334 ਵਰਗ ਫੁੱਟ/ਖੇਵਟ ਨੰ. 258/788, ਖਤੌਨੀ/ਪਲਾਟ ਨੰ. 4550/3-7, 4553/3-7, 4554/0-13, 4555/1/3-17, 4556/8-0, 4580/3/0-7, 1/92, ਕੁੱਲ 6, ਕੁੱਲ ਰਕਬਾ 19 ਕਨਾਲਾਂ 11 ਮਰਲੇ, 1/92 ਹਿੱਸਾ, 4 ਮਰਲਾ ਨਾਲ ਸੰਬੰਧਤ ਸਭ ਕੁੱਝ | 16/07/2025 ਐੱਨ ਪੀ ਏ ਮਿਤੀ 07/01/2025 | ਰੁਪਏ 20,79,556.18/- (ਵੀਹ ਲੱਖ ਉਨਾਸੀ ਹਜ਼ਾਰ ਪੰਜ ਸੌ ਛਿਪੰਜਾ ਰੁਪਏ ਅਤੇ ਅਠਾਰਾਂ ਪੈਸੇ ਕੇਵਲ) | 09/01/2026 | ਸਹਿਯੋਗ ਮਕਾਨ ਕਰਜ਼ਾ A/c # AFH00 710182 0883 |
| (1) ਮੈਸ. ਬੀ ਆਰ ਸ਼ਰਮਾ ਕਨਫੈਕਸ਼ਨਰੀ ਰਾਹੀਂ ਇਸ ਦੇ ਮਾਲਕ ਸੰਜੀਵ ਕੁਮਾਰ ਪੁੱਤਰ ਸ੍ਰੀ ਬਲਵੰਤ ਰਾਏ ਪਤਾ : ਦੁਕਾਨ ਨੰ. ਐਨ ਜੇ-502, ਵਾਲਮੀਕੀ ਗੇਟ, ਜਲੰਧਰ-144001 ("ਕਰਜ਼ਦਾਰ") (2) ਸ੍ਰੀ ਸੰਜੀਵ ਕੁਮਾਰ ਪੁੱਤਰ ਸ੍ਰੀ ਬਲਵੰਤ ਰਾਏ ਪਤਾ : ਮਕਾਨ ਨੰ. 3-ਸੀ, ਸਤ ਨਗਰ, ਜਲੰਧਰ-144001 (ਸਹਿ-ਕਰਜ਼ਦਾਰ ਅਤੇ ਗਰੰਟਰ) (3) ਸ੍ਰੀਮਤੀ ਅਨੁ ਸ਼ਰਮਾ ਪਤਨੀ ਸੰਜੀਵ ਕੁਮਾਰ ਪਤਾ : ਮਕਾਨ ਨੰ. 3-ਸੀ, ਸਤ ਨਗਰ, ਜਲੰਧਰ-144001 (ਸਹਿ-ਕਰਜ਼ਦਾਰ ਅਤੇ ਰਹਿਣਕਾਰ) | ਦੁਕਾਨ ਨੰ. ਐਨ-ਜੇ-502, ਰਕਬਾ 154 ਵਰਗ ਫੁੱਟ, ਅਬਾਦੀ ਵਾਲਮੀਕੀ ਗੇਟ ਨਾਲ ਜਾਣੀ ਜਾਂਦੀ, ਲਾਲ ਰੇਖਾ ਦੇ ਅਧੀਨ, ਤਹਿਸੀਲ ਤੇ ਜ਼ਿਲ੍ਹਾ ਜਲੰਧਰ, ਦਸਤਾਵੇਜ਼ ਨੰ. 2022-2023/186/1/9000 ਮਿਤੀ 02.12.2022 ਦਸਤਾਵੇਜ਼ ਨੰ. 2022/2023/186/1/3365 ਮਿਤੀ 10.03.2023 ਪੂਰਬ : ਗਲੀ, ਪੱਛਮ : ਹੋਰ, ਉੱਤਰ : ਹੋਰ, ਦੱਖਣ : ਦੇਸ ਰਾਜ | 04/09/2025 ਐੱਨ ਪੀ ਏ ਮਿਤੀ 31/08/2025 | ਰੁਪਏ 04 ਸਤੰਬਰ 25 ਨੂੰ 2,547,110.35/- (ਪੱਚੀ ਲੱਖ ਸੰਤਾਲੀ ਹਜ਼ਾਰ ਇੱਕ ਸੌ ਦਸ ਰੁਪਏ ਅਤੇ ਪੈਂਤੀ ਪੈਸੇ ਕੇਵਲ) | 09/01/2026 | ਰਹਿਣ ਕੀਤਾ ਕਰਜ਼ਾ A/c # MOR00 71015 71103 |

ਕਿਰਪਾ ਕਰਕੇ ਧਿਆਨ ਦਿੱਤਾ ਜਾਵੇ ਕਿ ਐਕਟ ਦੇ ਸੈਕਸ਼ਨ 13 (8) ਤਹਿਤ ਜੇਕਰ ਬਕਾਏ ਸਮੇਤ ਲਾਗਤਾਂ, ਚਾਰਜਿਜ਼ ਅਤੇ ਖਰਚੇ ਜਨਤਕ ਨਿਲਾਮੀ/ਵਿਕਰੀ ਲਈ ਨੋਟਿਸ ਦੀ ਪ੍ਰਕਾਸ਼ਨਾ ਦੀ ਮਿਤੀ ਤੋਂ ਪਹਿਲਾਂ ਕਿਸੇ ਵੀ ਸਮੇਂ ਸਾਡੇ ਵੱਲੋਂ ਸਹਿਣ ਕੀਤੇ ਜਾਣਗੇ, ਤਦ ਵਿਕਰੀ ਨਹੀਂ ਕੀਤੀ ਜਾਵੇਗੀ ਅਤੇ ਸਕਿਉਰਡ ਐੱਸਟਸ ਨੂੰ ਸਾਡੇ ਵੱਲੋਂ ਵਿਕਰੀ ਜਾਂ ਤਬਦੀਲ ਨਹੀਂ ਕੀਤਾ ਜਾਵੇਗਾ ਅਤੇ ਸਾਡੇ ਵੱਲੋਂ ਸਕਿਉਰਡ ਐੱਸਟਸ ਦੀ ਵਿਕਰੀ ਜਾਂ ਤਬਦੀਲੀ ਲਈ ਅਗਲੇ ਕਦਮ ਨਹੀਂ ਉਠਾਏ ਜਾਣਗੇ।

ਸਹੀ/- (ਅਧਿਕਾਰਤ ਅਫਸਰ)

ਮਿਤੀ : 15.01.2026, ਸਥਾਨ : ਜਲੰਧਰ ਯੈੱਸ ਬੈਂਕ ਲਿਮਟਿਡ



Punjab National Bank BRANCH:- MODEL TOWN DISTT. LUDHIANA. Email:- bo077710@pnb.co.in

**ਵਿਕਰੀ ਦੀ ਜਾਣਕਾਰੀ ਹਿੱਤ ਕਰਜ਼ਦਾਰ ਨੂੰ ਨੋਟਿਸ (30 ਦਿਨਾ ਨੋਟਿਸ) ਸਕਿਊਰਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼ 2002 ਦਾ ਰੂਲ 8 (6)**

ਸੇਵਾ 'ਚ 10.12.2025

1. (ਕਰਜ਼ਦਾਰ) : ਮੈਸ: ਆਪ ਕਾ ਛੋਟੂ ਡਾਟ ਕਾਮ, # 30, ਸਾਊਥ ਮਾਡਲ ਗਰਾਮ, ਲੁਧਿਆਣਾ।

2. (ਕਰਜ਼ਦਾਰ) : ਸ੍ਰੀ ਅਭਿਸ਼ੇਕ ਬਜਾਜ ਪੁੱਤਰ ਸ੍ਰੀ ਬਲਵੰਤ ਬਜਾਜ ਰਾਹੀਂ ਇਸ ਦੇ ਮਾਲਕ ਮੈਸ: ਆਪ ਕਾ ਛੋਟੂ ਡਾਟ ਕਾਮ # ਮਕਾਨ ਨੰ. 7487, ਦੁਰਗਾਪੁਰੀ, ਹੈਬੋਵਾਲ ਕਲਾਂ, ਜ਼ਿਲ੍ਹਾ ਲੁਧਿਆਣਾ।

3. (ਰਹਿਣਕਾਰ/ਗਰੰਟਰ) : ਸ੍ਰੀਮਤੀ ਅਰਾਧਨਾ ਬਜਾਜ ਪਤਨੀ ਸ੍ਰੀ ਅਭਿਸ਼ੇਕ ਬਜਾਜ # ਮਕਾਨ ਨੰ. 7487, ਦੁਰਗਾਪੁਰੀ, ਹੈਬੋਵਾਲ ਕਲਾਂ, ਜ਼ਿਲ੍ਹਾ ਲੁਧਿਆਣਾ।

ਸ੍ਰੀਮਾਨ/ਸ੍ਰੀਮਤੀ

**ਸਕਿਉਰਡ ਐੱਸਟਸ ਦੀ ਵਿਕਰੀ ਵਾਸਤੇ ਸਕਿਉਰਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼ ਦੇ ਰੂਲ 8 (6) ਨਾਲ ਪੜ੍ਹੇ ਜਾਂਦੇ ਸਰਫੇਸੀ ਐਕਟ, 2002 ਦੇ ਸੈਕਸ਼ਨ 13(8) ਅਧੀਨ ਰਜਿਸਟਰਡ ਨੋਟਿਸ**

ਤੁਹਾਨੂੰ ਪੱਤਰ ਹਾਸਲ ਕਰਨ ਵਾਲਿਆਂ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਸਕਿਉਰਡ ਕ੍ਰੈਡਿਟਰ ਕੋਲ ਰਹਿਣ/ਚਾਰਜ਼ਡ ਹੇਠਾਂ ਦਰਸਾਈਆਂ ਚੱਲ/ਅਚੱਲ ਜਾਇਦਾਦਾਂ, ਜਿਨ੍ਹਾਂ ਦਾ ਪੀ ਐੱਨ ਬੀ ਸਕਿਉਰਡ ਕ੍ਰੈਡਿਟਰ ਦੇ ਅਧਿਕਾਰਤ ਅਫਸਰ ਨੇ ਸੰਕੇਤਕ/ਭੌਤਿਕ ਕਬਜ਼ਾ ਹਾਸਲ ਕਰ ਲਿਆ ਹੈ, ਪੰਜਾਬ ਨੈਸ਼ਨਲ ਬੈਂਕ ਸਕਿਉਰਡ ਕ੍ਰੈਡਿਟਰ ਦੀ (1) (ਕਰਜ਼ਦਾਰ) ਮੈਸ: ਆਪ ਕਾ ਛੋਟੂ ਡਾਟ ਕਾਮ # 30 ਸਾਊਥ ਮਾਡਲ ਗ੍ਰਾਮ, ਲੁਧਿਆਣਾ (2) (ਕਰਜ਼ਦਾਰ) : ਸ੍ਰੀ ਅਭਿਸ਼ੇਕ ਬਜਾਜ ਪੁੱਤਰ ਸ੍ਰੀ ਬਲਵੰਤ ਬਜਾਜ ਰਾਹੀਂ ਇਸ ਦੇ ਮਾਲਕ ਮੈਸ: ਆਪ ਕਾ ਛੋਟੂ ਡਾਟ ਕਾਮ # ਮਕਾਨ ਨੰ. 7487, ਦੁਰਗਾਪੁਰੀ, ਹੈਬੋਵਾਲ ਕਲਾਂ, ਜ਼ਿਲ੍ਹਾ ਲੁਧਿਆਣਾ (3) (ਰਹਿਣਕਾਰ/ਗਰੰਟਰ) : ਸ੍ਰੀਮਤੀ ਅਰਾਧਨਾ ਬਜਾਜ ਪਤਨੀ ਸ੍ਰੀ ਅਭਿਸ਼ੇਕ ਬਜਾਜ # ਮਕਾਨ ਨੰ. 7487, ਦੁਰਗਾਪੁਰੀ, ਹੈਬੋਵਾਲ ਕਲਾਂ, ਜ਼ਿਲ੍ਹਾ ਲੁਧਿਆਣਾ ਵੱਲੋਂ 25.09.25 ਨੂੰ ਬਕਾਇਆ ਰਕਮ ਰੁਪਏ 11,50,088.82 (ਗਿਆਰਾਂ ਲੱਖ ਪੰਜਾਹ ਹਜ਼ਾਰ ਅਠਾਸੀ ਰੁਪਏ ਅਤੇ ਬਿਆਸੀ ਪੈਸੇ ਕੇਵਲ) ਸਮੇਤ ਮੁਕੰਮਲ ਅਦਾਇਗੀ ਤੱਕ ਹੋਰ ਵਿਆਜ ਅਤੇ ਅਚਨਚੇਤੀ ਖਰਚੇ, ਲਾਗਤਾਂ, ਚਾਰਜਿਜ਼ ਆਦਿ ਮਨਫੀ ਵਸੂਲੀ (ਜੇਕਰ ਕੋਈ ਹੈ) ਸਰਫੇਸੀ ਐਕਟ ਦੇ ਸੈਕਸ਼ਨ 13 (2) ਤਹਿਤ 18.09.2025 ਨੂੰ ਜਾਰੀ ਡਿਮਾਂਡ ਨੋਟਿਸ ਅਨੁਸਾਰ ਵਸੂਲੀ ਲਈ "ਜਿਵੇਂ ਹੈ ਜਿੱਥੇ ਹੈ", ਜਿਵੇਂ ਹੈ ਜੋ ਹੈ" ਅਤੇ "ਉੱਥੇ ਜੋ ਵੀ ਹੈ" ਦੇ ਅਧਾਰ 'ਤੇ ਵਿਕਰੀ ਕੀਤੀ ਜਾਵੇਗੀ।

ਜਿਨ੍ਹਾਂ ਸਕਿਉਰਡ ਐੱਸਟਸ ਦੀ ਵਿਕਰੀ ਕੀਤੀ ਜਾਣੀ ਹੈ, ਦੇ ਵੇਰਵੇ ਹੇਠਾਂ ਦਰਸਾਏ ਗਏ ਹਨ :

ਰਿਹਾਇਸ਼ੀ ਅਚੱਲ ਜਾਇਦਾਦ ਦਾ ਉਚਿਤ ਗਿਰਵੀਨਾਮਾ ਕੁੱਲ ਜਾਇਦਾਦ ਰਕਬਾ 9.25 ਵਰਗ ਗਜ਼, ਐੱਮ ਸੀ ਨੰ. 34-7440, ਦੁਕਾਨ ਨੰ. 1, ਗਲੀ ਨੰ. 9 ਬੀ, ਖਸਰਾ ਨੰ. 19//4/1, ਖੱਤਾ ਨੰ. 94/99, ਜਮ੍ਹਾਂਬੰਦੀ ਸਾਲ 1996-97, ਦੁਰਗਾਪੁਰੀ ਵਿਖੇ ਸਥਿਤ, ਹੈਬੋਵਾਲ ਕਲਾਂ, ਤਹਿਸੀਲ ਤੇ ਜ਼ਿਲ੍ਹਾ ਲੁਧਿਆਣਾ, ਬੈਨਾਮਾ ਵਸੀਕਾ ਨੰ. 22303, ਮਿਤੀ 22/12/1999 ਅਨੁਸਾਰ ਸ੍ਰੀਮਤੀ ਅਰਾਧਨਾ ਬਜਾਜ ਪਤਨੀ ਅਭਿਸ਼ੇਕ ਬਜਾਜ ਦੇ ਨਾਂਅ। ਹੱਦਾਂ : ਪੂਰਬ : ਗਲੀ, ਪੱਛਮ : ਬਾਕੀ ਹਿੱਸਾ, ਉੱਤਰ : ਗੁਆਂਢ ਸਾਂਝੀ ਕੰਧ, ਦੱਖਣ : ਗਲੀ ।

ਕ੍ਰਿਪਾ ਕਰਕੇ ਧਿਆਨ ਦਿੱਤਾ ਜਾਵੇ ਕਿ ਸਰਫੇਸੀ ਐਕਟ ਦੇ ਸੈਕਸ਼ਨ 13 (8) ਅਨੁਸਾਰ ਤੁਸੀਂ ਉਕਤ ਸਕਿਉਰਡ ਐੱਸਟ ਸਾਰੇ ਬਕਾਏ ਦੀ ਅਦਾਇਗੀ ਕਰਕੇ 30 ਦਿਨਾਂ ਦੇ ਅੰਦਰ ਪੁਨਰਗ੍ਰਹਿਣ ਕਰ ਸਕਦੇ ਹੋ। ਸੈਕਸ਼ਨ 13 ਦੇ ਸਬ-ਸੈਕਸ਼ਨ 8 ਹੇਠ ਅਨੁਸਾਰ ਹੈ :- "ਜਿੱਥੇ ਸਕਿਉਰਡ ਕ੍ਰੈਡਿਟਰ ਦੀ ਬਕਾਇਆ ਸਾਰੀ ਰਕਮ ਸਮੇਤ ਉਸ ਦੀਆਂ ਸਾਰੀਆਂ ਲਾਗਤਾਂ, ਚਾਰਜਿਜ਼ ਅਤੇ ਖਰਚਿਆਂ ਦੇ ਸਕਿਉਰਡ ਕ੍ਰੈਡਿਟਰ ਨੂੰ ਜਨਤਕ ਨਿਲਾਮੀ ਨੋਟਿਸ ਜਾਂ ਕੁਟੇਸ਼ਨਾਂ ਦਾ ਸੱਦਾ ਦੇਣ ਜਾਂ ਜਨਤਾ ਤੋਂ ਟੈਂਡਰ ਸੱਦਣ ਜਾਂ ਲੀਜ਼ ਰਾਹੀਂ ਤਬਾਦਲੇ ਸੰਬੰਧੀ ਨਿੱਜੀ ਸੰਧੀ, ਇਕਰਾਰਨਾਮਾ ਜਾਂ ਸਕਿਉਰਡ ਐੱਸਟਸ ਦੀ ਵਿਕਰੀ ਤੋਂ ਪਹਿਲਾਂ ਸਕਿਉਰਡ ਕ੍ਰੈਡਿਟਰ ਨੂੰ ਜਮ੍ਹਾਂ ਕਰਵਾ ਦਿੱਤੇ ਜਾਣ।

(i) ਸਕਿਉਰਡ ਕ੍ਰੈਡਿਟਰ ਵੱਲੋਂ ਸਕਿਉਰਡ ਐੱਸਟਸ ਲੀਜ਼, ਇਕਰਾਰਨਾਮੇ ਜਾਣਕਾਰੀ ਰਾਹੀਂ ਤਬਦੀਲ ਨਹੀਂ ਕੀਤੇ ਜਾਣਗੇ ਅਤੇ (ii) ਜੇਕਰ ਸਕਿਉਰਡ ਕ੍ਰੈਡਿਟਰ ਵੱਲੋਂ ਲੀਜ਼ ਜਾਂ ਇਕਰਾਰਨਾਮੇ ਰਾਹੀਂ ਸਕਿਉਰਡ ਐੱਸਟਸ ਸੰਬੰਧੀ ਸਬ-ਸੈਕਸ਼ਨ ਹੇਠ ਰਕਮ ਜਮ੍ਹਾਂ ਕਰਵਾਉਣ ਤੋਂ ਪਹਿਲਾਂ ਕੋਈ ਕਦਮ ਉਠਾਇਆ ਜਾ ਚੁੱਕਿਆ ਹੋਵੇਗਾ, ਸਕਿਉਰਡ ਕ੍ਰੈਡਿਟਰ ਵੱਲੋਂ ਲੀਜ਼, ਇਕਰਾਰਨਾਮੇ ਜਾਂ ਵਿਕਰੀ ਰਾਹੀਂ ਅਗਲਾ ਕੋਈ ਕਦਮ ਨਹੀਂ ਚੁੱਕਿਆ ਜਾਵੇਗਾ।"

ਤੁਹਾਨੂੰ ਪੱਤਰ ਪ੍ਰਾਪਤ ਕਰਤਾ ਨੂੰ ਰੂਲਜ਼ 2002 ਦੇ ਰੂਲ 8(6) ਨਾਲ ਪੜ੍ਹੇ ਜਾਂਦੇ ਸਰਫੇਸੀ ਐਕਟ ਦੇ ਸੈਕਸ਼ਨ 13 (8) ਦੀ ਪਾਲਣਾ 'ਚ 30 ਦਿਨਾਂ ਦੇ ਅੰਦਰ 25-09-25 ਨੂੰ ਮੌਜੂਦਾ ਬਕਾਇਆ ਰਕਮ ਰੁ. 11,50,088.82/-(ਗਿਆਰਾਂ ਲੱਖ ਪੰਜਾਹ ਹਜ਼ਾਰ ਅਠਾਸੀ ਰੁਪਏ ਅਤੇ ਬਿਆਸੀ ਪੈਸੇ ਕੇਵਲ) ਸਮੇਤ ਅਗਲੇ ਵਿਆਜ,ਅਚਨਚੇਤੀ ਖਰਚੇ, ਲਾਗਤ ਅਤੇ ਚਾਰਜਿਜ਼ ਅਦਾ ਕਰਕੇ ਉਕਤ ਸਕਿਉਰਡ ਐੱਸਟਸ ਦੇ ਪੁਨਰਗ੍ਰਹਿਣ ਕਰਨ ਦੀ ਬੇਨਤੀ ਕੀਤੀ ਜਾਂਦੀ ਹੈ, ਅਸਫਲ ਰਹਿਣ 'ਤੇ ਸਕਿਉਰਡ ਐੱਸਟਸ ਦੀ ਵਿਕਰੀ ਵਾਸਤੇ ਸਕਿਉਰਡ ਐੱਸਟਸ ਦੀ ਨਿਲਾਮੀ ਰੱਖ ਦਿੱਤੀ ਜਾਵੇਗੀ ਅਤੇ ਵਿਕਰੀ ਨੋਟਿਸ ਦੀ ਸਕਿਉਰਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼ ਦੇ ਰੂਲ 9 (1) ਦੀ ਪਾਲਣਾ 'ਚ ਵਿਕਰੀ ਨੋਟਿਸ ਦੀ ਪ੍ਰਕਾਸ਼ਨਾ ਕਰ ਦਿੱਤੀ ਜਾਵੇਗੀ।

ਮਿਤੀ 10.12.2025 ਅਧਿਕਾਰਤ ਅਫਸਰ

ਸਥਾਨ : ਲੁਧਿਆਣਾ ਪੰਜਾਬ ਨੈਸ਼ਨਲ ਬੈਂਕ ਸਕਿਉਰਡ ਕ੍ਰੈਡਿਟਰ

# ਬਾਣੀ ਵਿੱਚ ਮਨੁੱਖ ਨੂੰ ਰੋਗਾਂ ਤੋਂ ਮੁਕਤ ਕਰਨ ਦੀ ਅਥਾਹ ਸ਼ਕਤੀ : ਸੀਚੇਵਾਲ



**ਸੁਲਤਾਨਪੁਰ ਲੋਧੀ, (ਬਲਵਿੰਦਰ ਸਿੰਘ ਧਾਲੀਵਾਲ)**-ਮਾਘੀ ਦੇ ਪਵਿੱਤਰ ਦਿਹਾੜੇ ਮੌਕੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੁਰਬ ਅਤੇ ਚਾਲੀ ਮੁਕਤਿਆਂ ਦੀ ਪਵਿੱਤਰ ਯਾਦ ਨੂੰ ਸਮਰਪਿਤ ਮਹਾਨ ਨਗਰ ਕੀਰਤਨ ਨਿਰਮਲ ਕੁਟੀਆ ਸੀਚੇਵਾਲ ਤੋਂ ਸ਼ੁਰੂ ਹੋ ਕੇ ਦੋਨਾ ਇਲਾਕੇ ਦੇ ਸੰਤ ਪਿੰਡਾਂ ਦੀ ਪਰਿਕਰਮਾ ਕਰਦਾ ਹੋਇਆ ਨਿਰਮਲ ਕੁਟੀਆ ਸੀਚੇਵਾਲ ਵਿਖੇ ਸੰਪੰਨ ਹੋਇਆ।ਇਹ ਨਗਰ ਕੀਰਤਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛੱਤਰ ਛਾਇਆ ਹੇਠ ਤੇ ਪੰਜ ਪਿਆਰਿਆਂ ਦੀ ਅਗਵਾਈ ਵਿੱਚ ਸਜਾਇਆ ਗਿਆ। ਸੀਚੇਵਾਲ ਤੋਂ ਚੱਲੇ ਇਸ ਨਗਰ ਕੀਰਤਨ ਦੌਰਾਨ ਨਾਨਕ ਹੱਟ, ਪਿੰਡ ਚੱਕ ਚੇਲਾ, ਨਿਹਾਲੂਵਾਲ, ਮੁਰੀਦਵਾਲ, ਕਾਸੂਵਾਲ, ਰੂਪੇਵਾਲ, ਔਲਾ ਰੂਪੇਵਾਲ, ਮਹਿਮੂਵਾਲ ਅਤੇ ਮਾਲੂਪੁਰ ਪਿੰਡਾਂ ਦੀ ਪਰਿਕਰਮਾ ਕੀਤੀ ਗਈ। ਵੱਖ-ਵੱਖ ਪਿੰਡਾਂ ਵਿੱਚ ਸੰਗਤਾਂ ਵੱਲੋਂ ਨਗਰ ਕੀਰਤਨ ਦਾ ਨਿੱਘਾ ਸਵਾਗਤ ਕੀਤਾ ਗਿਆ।ਨਗਰ ਕੀਰਤਨ ਦੌਰਾਨ ਵਾਤਾਵਰਣ ਪ੍ਰੇਮੀ ਅਤੇ ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਨੇ ਸੰਗਤਾਂ ਨੂੰ ਹਵਾ, ਪਾਣੀ ਅਤੇ ਧਰਤੀ ਦੀ ਸੰਭਾਲ ਦਾ ਸੁਨੇਹਾ ਦਿੱਤਾ। ਉਨ੍ਹਾਂ ਅਪੀਲ ਕੀਤੀ ਕਿ ਅੱਜ ਸਮੇਂ ਦੀ ਸਭ ਤੋਂ ਵੱਡੀ ਲੋੜ ਨਦੀਆਂ ਅਤੇ ਦਰਿਆਵਾਂ ਨੂੰ ਪ੍ਰਦੂਸ਼ਣ ਤੋਂ ਮੁਕਤ ਕਰਨ ਲਈ ਸਮੂਹਿਕ ਹੰਭਲੇ ਦੀ ਹੈ। ਉਨ੍ਹਾਂ ਨੇ ਲੋਕਾਂ ਨੂੰ ਨਾਮ-ਬਾਣੀ ਅਤੇ ਕੀਰਤਨ ਨਾਲ ਜੁੜਨ ਲਈ ਪ੍ਰੇਰਿਤ ਕਰਦੇ ਹੋਏ ਕਿਹਾ ਕਿ ਗੁਰੂ ਦੀ ਬਾਣੀ ਵਿੱਚ ਮਨੁੱਖ ਨੂੰ ਹਰ ਤਰ੍ਹਾਂ ਦੀਆਂ ਬਿਮਾਰੀਆਂ ਤੋਂ ਮੁਕਤ ਕਰਨ ਦੀ ਅਥਾਹ ਸ਼ਕਤੀ ਹੈ। ਨਗਰ ਕੀਰਤਨ ਦੌਰਾਨ ਸੰਤ ਬਲਬੀਰ ਸਿੰਘ ਸੀਚੇਵਾਲ ਵੱਲੋਂ ਸੰਗਤਾਂ ਨੂੰ ਬੂਟਿਆਂ ਦਾ ਪ੍ਰਸ਼ਾਦ ਵੰਡਿਆ ਗਿਆ। ਇਸ ਤੋਂ ਪਹਿਲਾਂ ਮਾਘੀ ਦੇ ਪਵਿੱਤਰ ਦਿਹਾੜੇ ਮੌਕੇ ਨਿਰਮਲ ਕੁਟੀਆ ਸੀਚੇਵਾਲ ਵਿਖੇ ਧਾਰਮਿਕ ਦੀਵਾਨ ਸਜਾਇਆ ਗਿਆ, ਜਿਸ ਵਿੱਚ ਸੰਤ ਸੀਚੇਵਾਲ ਨੇ ਪ੍ਰਵਚਨਾਂ ਦੀ ਸਾਂਝ ਪਾਈ।ਨਗਰ ਕੀਰਤਨ ਦੇ ਅੱਗੇ-ਅੱਗੇ ਗੱਤਕਾ ਖਿਡਾਰੀਆਂ ਨੇ ਆਪਣੀ ਕਲਾ ਦੇ ਜੌਹਰ ਵਿਖਾਏ। ਵੱਖ-ਵੱਖ ਪਿੰਡਾਂ ਵਿੱਚ ਸੰਗਤਾਂ ਲਈ ਵਿਸ਼ੇਸ਼ ਲੰਗਰਾਂ ਦਾ ਪ੍ਰਬੰਧ ਕੀਤਾ ਗਿਆ। ਨਗਰ ਕੀਰਤਨ ਦੌਰਾਨ ਸੰਤ ਅਵਤਾਰ ਸਿੰਘ ਯਾਦਗਾਰੀ ਸੀਨੀਅਰ ਸੈਕੰਡਰੀ ਸਕੂਲ ਸੀਚੇਵਾਲ ਦੇ ਵਿਦਿਆਰਥੀਆਂ ਨੇ [illegible] ਕੀਤਾ, ਜਦਕਿ ਨਿਰਮਲ ਕੁਟੀਆ ਸੀਚੇਵਾਲ ਦੇ ਹਾਜ਼ੂਰੀ ਰਾਗੀ ਤੇਜਿੰਦਰ ਸਿੰਘ ਸਰਪੰਚ ਦੇ ਜੱਥੇ ਨੇ ਮਾਘੀ ਨਾਲ ਸੰਬੰਧਤ ਪ੍ਰਸੰਗ ਸੁਣਾਏ।ਇਸ ਮੌਕੇ ਸੰਤ ਸੁਖਜੀਤ ਸਿੰਘ, ਸੰਤ ਗੁਰਮੇਜ ਸਿੰਘ, ਸੰਤ ਪ੍ਰਗਟ ਨਾਥ, ਸੁਰਜੀਤ ਸਿੰਘ ਸ਼ੰਟੀ, ਸਰਪੰਚ ਜੋਗਾ ਸਿੰਘ, ਸਰਪੰਚ ਬੂਟਾ ਸਿੰਘ, ਅਮਰੀਕ ਸਿੰਘ ਸੰਧੂ ਸਮੇਤ ਇਲਾਕੇ ਦੇ ਪੰਚ-ਸਰਪੰਚ ਅਤੇ ਵੱਡੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਰਹੀਆਂ।

# ਜ਼ਿਲ੍ਹਾ ਪੱਧਰੀ ਧਰਨੇ ਦੀ ਸਫਲਤਾ ਲਈ ਮੀਟਿੰਗ ਭਲਕੇ

**ਬੰਗਾ (ਅਵਤਾਰ ਕਲੇਰ)**-ਸੰਯੁਕਤ ਕਿਸਾਨ ਮੋਰਚਾ, ਮਜ਼ਦੂਰ, ਮੁਲਾਜ਼ਮ ਅਤੇ ਪੈਨਸ਼ਨਰ ਜਥੇਬੰਦੀਆਂ ਵੱਲੋਂ 16 ਜਨਵਰੀ ਨੂੰ ਡੀ ਸੀ ਦਫ਼ਤਰ ਨਵਾਂਸ਼ਹਿਰ ਅੱਗੇ ਦਿੱਤੇ ਜਾ ਰਹੇ ਜ਼ਿਲ੍ਹਾ ਪੱਧਰੀ ਧਰਨੇ ਦੀ ਤਿਆਰੀ ਸੰਬੰਧੀ ਮੀਟਿੰਗ ਸਥਾਨਕ ਮਲਕੀਤ ਚੰਦ ਮੇਹਲੀ ਭਵਨ ਬੰਗਾ ਰੋਡ ਨਵਾਂਸ਼ਹਿਰ ਵਿਖੇ ਕੀਤੀ ਗਈ।ਮੀਟਿੰਗ ਦੀ ਪ੍ਰਧਾਨਗੀ ਭੁਪਿੰਦਰ ਸਿੰਘ ਵੜੈਚ, ਜਸਵਿੰਦਰ ਸਿੰਘ ਭੰਗਲ, ਕੁਲਵਿੰਦਰ ਸਿੰਘ ਅਟਵਾਲ ਤੇ ਚਰਨਜੀਤ ਸਿੰਘ ਦੌਲਤਪੁਰ ਨੇ ਕੀਤੀ।ਸਭ ਤੋਂ ਪਹਿਲਾਂ ਬੀਤੇ ਦਿਨੀਂ ਵਿਛੜ ਗਏ ਸਾਥੀਆਂ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ। ਗੋਵਿੰਦ ਵਿੱਚ ਉਨ੍ਹਾਂ ਦੇ ਹਾਜ਼ਰੀ ਨੂੰ ਦੂਰ ਕਰਨ ਦੇ ਮੁੱਦਿਆਂ ਉੱਤੇ ਵਿਚਾਰ ਕੀਤੇ ਗਏ। 16 ਜਨਵਰੀ ਨੂੰ ਡੀ ਸੀ ਦਫ਼ਤਰ ਨਵਾਂਸ਼ਹਿਰ ਅੱਗੇ ਦਿੱਤੇ ਜਾਣ ਵਾਲੇ ਜ਼ਿਲ੍ਹਾ ਪੱਧਰੀ ਧਰਨੇ ਦੀ ਵਿਉਂਤਬੰਦੀ ਕੀਤੀ ਗਈ ਜਿਸ ਨੂੰ ਸਫਲ ਕਰਨ ਲਈ ਸਾਰੀਆਂ ਜਥੇਬੰਦੀਆਂ ਵੱਲੋਂ ਸਮੂਲੀਅਤ ਕਰਨ ਦਾ ਫ਼ੈਸਲਾ ਕੀਤਾ ਗਿਆ।ਮੀਟਿੰਗ ਵਿੱਚ ਸੰਯੁਕਤ ਕਿਸਾਨ ਮੋਰਚਾ, ਪੈਨਸ਼ਨਰ ਐਸੋਸੀਏਸ਼ਨ, ਇਫਟੂ, ਟੀ ਐੱਸ ਯੂ, ਠੇਕਾ ਮੁਲਾਜ਼ਮ ਯੂਨੀਅਨ, ਸੇਵਾ ਮੁਕਤ ਮੁਲਾਜ਼ਮ ਜਥੇਬੰਦੀਆਂ, ਪੇਂਡੂ ਮਜ਼ਦੂਰ ਯੂਨੀਅਨ ਅਤੇ ਹੋਰ ਜਥੇਬੰਦੀਆਂ ਸ਼ਾਮਲ ਹੋਈਆਂ।ਮੀਟਿੰਗ ਨੂੰ ਵਿਜੇ ਕੁਮਾਰ, ਕੁਲਦੀਪ ਸਿੰਘ, ਜਸਬੀਰ ਦੀਪ, ਗੁਰਦਿਆਲ ਸਿੰਘ, ਗੁਰਦਿਆਲ ਰੱਕੜ, ਕਮਲਜੀਤ ਸਨਾਵਾ ਅਤੇ ਹੋਰ ਆਗੂਆਂ ਨੇ ਸੰਬੋਧਨ ਕੀਤਾ।

# ਸੋਸ਼ਲ ਮੀਡੀਆ 'ਤੇ ਫੈਲਾਏ ਜਾ ਰਹੇ ਝੂਠੇ ਦੋਸ਼ਾਂ ਦੀ ਹੋਵੇ ਨਿਰਪੱਖ ਜਾਂਚ : ਜਿੰਪਾ



**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**-ਦਾਣਾ ਮੰਡੀ ਵਿੱਚ ਕਥਿਤ ਗੈਰ-ਕਾਨੂੰਨੀ ਜਬਰੀ ਵਸੂਲੀ ਨੂੰ ਲੈ ਕੇ ਵਿਧਾਇਕ ਬ੍ਰਮ ਸ਼ੰਕਰ ਜਿੰਪਾ ਨੇ ਆਪਣੇ ਉੱਪਰ ਲਗਾਏ ਜਾ ਰਹੇ ਦੋਸ਼ਾਂ ਸਬੰਧੀ ਇਕ ਸਾਂਝੀ ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕੀਤਾ। ਇਸ ਮੌਕੇ ਡੀ.ਐਸ.ਪੀ ਦੇਵ ਦੱਤ ਸ਼ਰਮਾ ਅਤੇ ਜ਼ਿਲ੍ਹਾ ਮੰਡੀ ਅਫਸਰ ਗੁਰਵਿੰਦਰਪਾਲ ਸਿੰਘ ਵੀ ਵਿਸ਼ੇਸ਼ ਤੌਰ 'ਤੇ ਮੌਜੂਦ ਸਨ। ਵਿਧਾਇਕ ਜਿੰਪਾ ਨੇ ਸੋਸ਼ਲ ਮੀਡੀਆ 'ਤੇ ਵਾਇਰਲ ਹੋ ਰਹੀ ਵੀਡੀਓ ਦਾ ਹਵਾਲਾ ਦਿੰਦੇ ਹੋਏ ਸਪਸ਼ਟ ਤੌਰ 'ਤੇ ਕਿਹਾ ਕਿ ਉਨ੍ਹਾਂ 'ਤੇ ਲਗਾਏ ਗਏ ਸਾਰੇ ਦੋਸ਼ ਪੂਰੀ ਤਰ੍ਹਾਂ ਬੇਬੁਨਿਆਦ ਤੇ ਰਾਜਨੀਤਿਕ ਸਾਜ਼ਿਸ਼ ਤੋਂ ਪ੍ਰੇਰਿਤ ਹਨ। ਵਿਧਾਇਕ ਜਿੰਪਾ ਨੇ ਕਿਹਾ ਕਿ ਸੋਸ਼ਲ ਮੀਡੀਆ 'ਤੇ ਇਕ ਵੀਡੀਓ ਵਾਇਰਲ ਕੀਤੀ ਜਾ ਰਹੀ ਹੈ, ਜਿਸ ਵਿਚ ਇਕ ਸੋਸ਼ਲ ਮੀਡੀਆ ਵੱਲੋਂ ਇਕ ਟਰੱਕ ਡਰਾਈਵਰ ਨਾਲ ਕੀਤੀ ਗਈ ਗੱਲਬਾਤ ਵਿਚ ਇਹ ਦੋਸ਼ ਲਗਾਇਆ ਗਿਆ ਹੈ ਕਿ ਮੰਡੀ ਵਿਚ ਕੱਟੀਆਂ ਗਈਆਂ ਪਰਚੀਆਂ 'ਗੁੰਡਾ ਟੈਕਸ' ਦੇ ਰੂਪ ਵਿਚ ਉਨ੍ਹਾਂ ਦੇ ਨਾਂਅ 'ਤੇ ਵਸੂਲੀਆਂ ਜਾ ਰਹੀਆਂ ਹਨ।

ਵਿਧਾਇਕ ਨੇ ਕਿਹਾ ਕਿ ਨਾ ਤਾਂ ਉਨ੍ਹਾਂ ਨੇ ਕਦੇ ਅਜਿਹੀ ਕਿਸੇ ਗੈਰ-ਕਾਨੂੰਨੀ ਵਸੂਲੀ ਨੂੰ ਉਤਸ਼ਾਹਿਤ ਕੀਤਾ ਹੈ ਅਤੇ ਨਾ ਹੀ ਉਨ੍ਹਾਂ ਨੇ ਕਿਸੇ ਅਧਿਕਾਰੀ ਜਾਂ ਕਰਮਚਾਰੀ ਨੂੰ ਅਜਿਹਾ ਕਰਨ ਲਈ ਕੋਈ ਨਿਰਦੇਸ਼ ਦਿੱਤੇ ਹਨ। ਉਨ੍ਹਾਂ ਕਿਹਾ ਕਿ ਵੀਡੀਓ ਵਿੱਚ ਪਰਚੀਆਂ ਕੱਟ ਰਹੇ ਕਰਮਚਾਰੀਆਂ ਵੱਲੋਂ ਖੁਦ ਸਪਸ਼ਟ ਕੀਤਾ ਜਾ ਰਿਹਾ ਹੈ ਕਿ ਪਰਚੀਆਂ ਨਿਯਮਾਂ ਅਨੁਸਾਰ ਪੂਰੀ ਤਰ੍ਹਾਂ ਕੱਟੀਆਂ ਜਾ ਰਹੀਆਂ ਹਨ ਅਤੇ ਵਿਧਾਇਕ ਦੇ ਨਾਂਅ 'ਤੇ ਕਿਸੇ ਵੀ ਤਰ੍ਹਾਂ ਦੀ ਗੈਰ-ਕਾਨੂੰਨੀ ਵਸੂਲੀ ਦਾ ਸਵਾਲ ਹੀ ਪੈਦਾ ਨਹੀਂ ਹੁੰਦਾ। ਵਿਧਾਇਕ ਨੇ ਕਿਹਾ ਕਿ ਉਨ੍ਹਾਂ ਨੇ ਵਿਭਾਗ ਦੇ ਅਧਿਕਾਰੀਆਂ ਨੂੰ ਜਾਂਚ ਕਰਨ ਲਈ ਕਿਹਾ ਹੈ ਕਿ ਕੀ ਸਲਿੱਪਾਂ ਨਿਯਮਾਂ ਅਨੁਸਾਰ ਜਾਰੀ ਕੀਤੀਆਂ ਜਾ ਰਹੀਆਂ ਹਨ ਜਾਂ ਨਹੀਂ। ਉਨ੍ਹਾਂ ਕਿਹਾ ਕਿ ਇਸ ਪੂਰੇ ਮਾਮਲੇ ਦੀ ਨਿਰਪੱਖ ਅਤੇ ਡੂੰਘਾਈ ਨਾਲ ਜਾਂਚ ਲਈ ਉਹ ਪੰਜਾਬ ਦੇ ਮੁੱਖ ਮੰਤਰੀ, ਮੰਡੀ ਵਿਭਾਗ ਦੇ ਮੰਤਰੀ, ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਅਤੇ ਡਿਪਟੀ ਕਮਿਸ਼ਨਰ ਨੂੰ ਲਿਖਤੀ ਬੇਨਤੀ ਕਰਨਗੇ। ਇਸ ਦੇ ਨਾਲ ਹੀ ਉਹ ਪੁਲਿਸ ਨੂੰ ਲਿਖਤੀ ਸ਼ਿਕਾਇਤ ਵੀ ਦੇਣਗੇ ਅਤੇ ਪੂਰੇ ਮਾਮਲੇ ਦੀ ਜਾਂਚ ਦੀ ਮੰਗ ਕਰਨਗੇ।ਪ੍ਰੈੱਸ ਕਾਨਫਰੰਸ ਤੋਂ ਬਾਅਦ ਵਿਧਾਇਕ ਜਿੰਪਾ ਨੇ ਦਾਣਾ ਮੰਡੀ ਦਾ ਦੌਰਾ ਕੀਤਾ ਅਤੇ ਉੱਥੇ ਸਬਜ਼ੀ ਵੇਚਣ ਵਾਲਿਆਂ ਨਾਲ ਗੱਲਬਾਤ ਕੀਤੀ ਅਤੇ ਉਨ੍ਹਾਂ ਦੀਆਂ ਸਮੱਸਿਆਵਾਂ ਸੁਣੀਆਂ। ਉਨ੍ਹਾਂ ਵਪਾਰੀਆਂ ਨੂੰ ਭਰੋਸਾ ਦਿੱਤਾ ਕਿ ਕਿਸੇ ਨਾਲ ਵੀ ਬੇਇਨਸਾਫ਼ੀ ਨਹੀਂ ਹੋਣ ਦਿੱਤੀ ਜਾਵੇਗੀ।


## ਸੇਲਜ਼ਮੈਨ ਦੀ ਲੋੜ

ਦੀ ਬੁੱਢਾ ਥੇਹ ਬਹੁਮੰਤਵੀ ਸਹਿਕਾਰੀ ਸਭਾ ਲਿਮ: ਵੱਲੋਂ ਸੂਚਿਤ ਕੀਤਾ ਜਾਂਦਾ ਹੈ ਕਿ ਸਭਾ ਨੂੰ ਸੇਲਜ਼ਮੈਨ ਦੀ ਲੋੜ ਹੈ। ਚਾਹਵਾਨ ਉਮੀਦਵਾਰ ਆਪਣੇ ਬਿਨੈ ਪੱਤਰ ਸਭਾ ਦੇ ਪ੍ਰਧਾਨ ਨੂੰ ਮਿਤੀ 15.01.2026 ਨੂੰ ਸਵੇਰੇ 10 ਵਜੇ ਤੱਕ ਸਭਾ ਦੇ ਦਫ਼ਤਰ ਵਿਖੇ ਦੇਣ। ਵਿੱਦਿਅਕ ਯੋਗਤਾ ਗ੍ਰੈਜੂਏਸ਼ਨ ਨਾਲ ਕੰਪਿਊਟਰ ਕੋਰਸ (ਘੱਟੋ-ਘੱਟ 120 ਘੰਟੇ) ਉਮਰ 21 ਤੋਂ 35 ਸਾਲ, ਵਸਨੀਕ ਸਭਾ ਦੇ ਲਾਗੇ ਦੇ ਖੇਤਰ ਵਿਚ ਹੀ ਹੋਵੇ। ਤਨਖਾਹ ਡੀ. ਸੀ. ਰੇਟਾਂ 'ਤੇ ਹੋਵੇਗੀ। ਉਮੀਦਵਾਰ ਦੀ ਇੰਟਰਵਿਊ ਸਭਾ ਦੇ ਦਫ਼ਤਰ ਵਿਖੇ ਮਿਤੀ 15.01.2026 ਨੂੰ ਸਵੇਰੇ 11.00 ਵਜੇ ਹੋਵੇਗੀ।

ਸੰਪਰਕ : 84270-11422


# ਸਾਬਕਾ ਸੈਨਿਕਾਂ ਨੂੰ ਸ਼ਰਧਾਂਜਲੀ ਕੀਤੀ ਭੇਟ



**ਜਲੰਧਰ (ਸੁਰਿੰਦਰ ਕੁਮਾਰ)**-ਵਜਰਾ ਕੋਰ, ਪੱਛਮੀ ਕਮਾਂਡ ਵੱਲੋਂ ਹਰ ਸਾਲ 14 ਜਨਵਰੀ ਨੂੰ ਮਨਾਇਆ ਜਾਣ ਵਾਲਾ, ਰੱਖਿਆ ਸੇਵਾਵਾਂ ਵੈਟਰਨਜ਼ ਦਿਵਸ ਭਾਰਤ ਦੇ ਪਹਿਲੇ ਸੈਨਾ ਮੁਖੀ, ਫੀਲਡ ਮਾਰਸ਼ਲ ਕੇ.ਐਮ. ਕਰਿਅੱਪਾ ਦੇ ਸੇਵਾਮੁਕਤੀ ਦਿਵਸ ਦੀ ਯਾਦ ਵਿੱਚ ਮਨਾਇਆ ਜਾਂਦਾ ਹੈ ਤੇ ਹਥਿਆਰਬੰਦ ਸੈਨਾਵਾਂ ਤੇ ਉਨ੍ਹਾਂ ਦੇ ਪਰਵਾਰਾਂ ਵਿਚਕਾਰ ਅਟੁੱਟ ਬੰਧਨ ਦਾ ਪ੍ਰਤੀਕ ਹੈ।ਆਰਮੀ ਕਮਾਂਡਰ, ਪੱਛਮੀ ਕਮਾਂਡ, ਲੈਫਟੀਨੈਂਟ ਜਨਰਲ ਅਜੈ ਚਾਂਦਪੁਰੀਆ, ਏ ਵੀ ਐੱਸ ਐੱਮ, ਵੀ ਐੱਸ ਐੱਮ, ਜੀ ਓ ਸੀ, ਵਜਰਾ ਕੋਰ, ਨੇ ਸਾਬਕਾ ਸੈਨਿਕਾਂ ਤੇ ਉਨ੍ਹਾਂ ਦੇ ਪਰਵਾਰਾਂ ਦੁਆਰਾ ਰਾਸ਼ਟਰ ਪ੍ਰਤੀ ਦਿੱਤੀ ਗਈ ਬੇਮਿਸਾਲ ਸੇਵਾ ਅਤੇ ਕੁਰਬਾਨੀ ਲਈ ਡੂੰਘਾ ਧੰਨਵਾਦ ਪ੍ਰਗਟ ਕੀਤਾ ਤੇ ਭਾਰਤੀ ਫੌਜ ਦੀ ਆਪਣੇ ਸਾਬਕਾ ਸੈਨਿਕਾਂ ਤੇ ਉਨ੍ਹਾਂ ਦੇ ਪਰਵਾਰਾਂ ਦਾ ਸਨਮਾਨ, ਸਮਰਥਨ ਅਤੇ ਮਜ਼ਬੂਤੀ ਨਾਲ ਖੜ੍ਹੇ ਰਹਿਣ ਦੀ ਵਚਨਬੱਧਤਾ ਨੂੰ ਦੁਹਰਾਇਆ। ਮੁੱਖ ਮਹਿਮਾਨ ਕੈਬਨਿਟ ਮੰਤਰੀ ਮਹਿੰਦਰ ਭਗਤ ਨੇ ਰਾਸ਼ਟਰ ਨਿਰਮਾਣ ਵਿੱਚ ਸਾਬਕਾ ਸੈਨਿਕਾਂ ਦੁਆਰਾ ਨਿਭਾਈ ਗਈ ਮਹੱਤਵਪੂਰਨ ਭੂਮਿਕਾ ਦੀ ਪ੍ਰਸ਼ੰਸਾ ਕੀਤੀ। ਉਨ੍ਹਾਂ ਨੇ ਰਾਜ ਦੀ ਤਰੱਕੀ ਵਿੱਚ ਅਤੇ ਹੜ੍ਹਾਂ ਦੌਰਾਨ ਪੰਜਾਬ ਵਿੱਚ ਉਨ੍ਹਾਂ ਦੇ ਯੋਗਦਾਨ ਦਾ ਵਿਸ਼ੇਸ਼ ਤੌਰ 'ਤੇ ਜ਼ਿਕਰ ਕੀਤਾ ਅਤੇ ਸਾਬਕਾ ਸੈਨਿਕਾਂ ਦੀ ਭਲਾਈ ਲਈ ਰਾਜ ਸਰਕਾਰ ਦੇ ਨਿਰੰਤਰ ਸਮਰਥਨ ਦਾ ਭਰੋਸਾ ਦਿੱਤਾ।ਇਸ ਮੌਕੇ ਰੱਖਿਆ ਬਲਾਂ ਦੇ ਸਾਬਕਾ ਸੈਨਿਕਾਂ, ਬਹਾਦਰੀ ਪੁਰਸਕਾਰ ਜੇਤੂਆਂ, ਬਹਾਦਰ ਔਰਤਾਂ, ਵਿਧਵਾਵਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਦੇ ਅਦੁੱਤੀ ਸਾਹਸ ਅਤੇ ਨਿਰਸਵਾਰਥ ਯੋਗਦਾਨ ਦਾ ਸਨਮਾਨ ਕੀਤਾ ਗਿਆ।

# 3 ਨੌਜਵਾਨ 57 ਨਸ਼ੀਲੀਆਂ ਕਫ ਬੋਤਲਾਂ ਸਮੇਤ ਕਾਬੂ



**ਡੇਰਾ ਬੱਸੀ (ਵਿਨੈ ਕੁਮਾਰ ਜੈਨ)**-ਪੰਜਾਬ ਸਰਕਾਰ ਦੀ ਨਸ਼ਿਆਂ ਵਿਰੋਧੀ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' ਦੇ ਤਹਿਤ, ਐੱਸ.ਏ.ਐੱਸ. ਨਗਰ ਪੁਲਿਸ ਵੱਲੋਂ ਇੱਕ ਵੱਡੀ ਸਫਲਤਾ ਹਾਸਲ ਕੀਤੀ ਗਈ। ਸ੍ਰੀ ਹਰਮਨਦੀਪ ਸਿੰਘ ਹਾਂਸ, ਐੱਸ ਐੱਸ ਪੀ ਮੁਹਾਲੀ ਦੇ ਦਿਸ਼ਾ-ਨਿਰਦੇਸ਼ਾਂ ਤੇ ਬਿਕਰਮਜੀਤ ਸਿੰਘ ਬਰਾੜ, ਡੀ ਐੱਸ ਪੀ ਡੇਰਾਬੱਸੀ ਦੀ ਨਿਗਰਾਨੀ ਹੇਠ ਇੰਸਪੈਕਟਰ ਸੁਮਿਤ ਮੋਰ, ਐੱਸ ਐੱਚ ਓ ਡੇਰਾਬੱਸੀ, ਅਤੇ ਐੱਸ ਆਈ ਕੁਲਵੰਤ ਸਿੰਘ, ਇੰਚਾਰਜ ਪੁਲਿਸ ਪੋਸਟ ਮੁਬਾਰਿਕਪੁਰ ਦੀ ਅਗਵਾਈ ਵਿੱਚ ਸਪੈਸ਼ਲ ਟੀਮ ਦਾ ਗਠਨ ਕੀਤਾ ਗਿਆ।13 ਜਨਵਰੀ ਨੂੰ ਪੁਲਿਸ ਟੀਮ ਵੱਲੋਂ ਡੇਰਾਬੱਸੀ-ਰਾਮਗੜ੍ਹ ਰੋਡ, ਨੇੜੇ ਮੁਬਾਰਿਕਪੁਰ ਵਿਖੇ ਸਪੈਸ਼ਲ ਨਾਕਾਬੰਦੀ ਕੀਤੀ ਗਈ। ਇਸ ਦੌਰਾਨ ਡੇਰਾਬੱਸੀ ਵੱਲੋਂ ਆ ਰਹੀ ਇੱਕ ਅਰਟੀਗਾ ਕਾਰ ਨੰਬਰ ਰੋਕਿਆ ਗਿਆ। ਕਾਰ ਵਿੱਚ ਤਿੰਨ ਵਿਅਕਤੀ ਸਵਾਰ ਸਨ, ਜਿਨ੍ਹਾਂ ਨੇ ਆਪਣੀ ਪਹਿਚਾਣ ਸੰਦੀਪ ਸਿੰਘ, ਪੁੱਤਰ ਕੁਲਵੰਤ ਸਿੰਘ, ਵਾਸੀ ਭਾਗੋਮਾਜਰਾ, ਐੱਸ ਏ ਐੱਸ ਨਗਰ, ਵਿਸ਼ਾਲ ਕੁਮਾਰ ਲੱਡੀ, ਪੁੱਤਰ ਵੇਦ ਪਾਲ, ਵਾਸੀ ਖਾਨਪੁਰ, ਖਰੜ,- ਵਿਨੇ ਕੁਮਾਰ, ਪੁੱਤਰ ਪ੍ਰਮੋਦ ਕੁਮਾਰ, ਵਾਸੀ ਵਾਰਡ ਨੰਬਰ 11, ਸਿੰਘਪੁਰਾ ਰੋਡ, ਖਰੜ ਦੱਸੀ। ਕਾਰ ਦੀ ਤਲਾਸ਼ੀ ਦੌਰਾਨ ਉਨ੍ਹਾਂ ਦੇ ਕਬਜ਼ੇ ਵਿਚੋਂ ਕੋਡੀਨ ਕਫ਼ ਸਿਰਪ ਦੀਆਂ 57 ਬੋਤਲਾਂ (100 ਮਿਲੀਲੀਟਰ ਪ੍ਰਤੀ ਬੋਤਲ), ਜੋ ਕਿ ਕਮਰਸ਼ੀਅਲ ਮਾਤਰਾ ਵਿੱਚ ਆਉਂਦੀਆਂ ਹਨ, ਬਰਾਮਦ ਕੀਤੀਆਂ ਗਈਆਂ।ਇਸ ਸਬੰਧੀ ਮੁਕਦਮਾ ਥਾਣਾ ਡੇਰਾਬੱਸੀ ਵਿਖੇ ਦਰਜ ਰਜਿਸਟਰ ਕੀਤਾ ਗਿਆ। ਮਾਮਲੇ ਦੀ ਅਗਲੀ ਜਾਂਚ ਜਾਰੀ ਹੈ ਤੇ ਬਰਾਮਦ ਨਸ਼ੀਲੇ ਪਦਾਰਥ ਦੇ ਸਰੋਤ ਅਤੇ ਸਪਲਾਈ ਚੇਨ ਦੀ ਜਾਂਚ ਕੀਤੀ ਜਾ ਰਹੀ ਹੈ।

# ਗੁਰਦੁਆਰਾ ਨਥਾਣਾ ਸਾਹਿਬ ਵਿਖੇ ਵੱਡੀ ਗਿਣਤੀ 'ਚ ਸੰਗਤ ਨਤਮਸਤਕ ਹੋਈ



**ਘਨੌਰ/ਪਟਿਆਲਾ (ਰਜਿੰਦਰ ਸਿੰਘ ਥਿੰਦ)**-ਮਾਘੀ ਦੇ ਪਵਿੱਤਰ ਦਿਹਾੜੇ ਮੌਕੇ ਤੀਜੀ ਪਾਤਸ਼ਾਹੀ ਗੁਰੂ ਅਮਰਦਾਸ ਜੀ ਦੇ ਚਰਨਛੋਹ ਅਸਥਾਨ ਗੁਰਦੁਆਰਾ ਨਥਾਣਾ ਸਾਹਿਬ ਜੰਡ ਮੰਘੌਲੀ ਵਿਖੇ ਵੱਡੀ ਗਿਣਤੀ ਵਿਚ ਸੰਗਤਾਂ ਨੇ ਗੁਰੂ ਘਰ ਨਤਮਸਤਕ ਹੋ ਕੇ ਮੱਥਾ ਟੇਕਿਆ। ਇਸ ਦੌਰਾਨ ਗੁਰਦੁਆਰਾ ਸਾਹਿਬ ਦੇ ਦੀਵਾਨ ਹਾਲ ਵਿਖੇ ਰੱਖੇ ਗਏ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ, ਉਥੇ ਹੀ ਤਿੰਨ ਰੋਜ਼ਾਨਾ ਇਸ ਸਾਲਾਨਾ ਮਾਘੀ ਜੋੜ ਮੇਲ ਨੂੰ ਸਮਰਪਤ ਕਰਵਾਏ ਧਾਰਮਕ ਦੀਵਾਨਾਂ ਵਿਚ ਕਥਾਵਾਚਕ ਭਾਈ ਸਰਬਜੀਤ ਸਿੰਘ ਢੋਟੀਆਂ, ਕਥਾਵਾਚਕ ਗਿਆਨੀ ਹਰਪ੍ਰੀਤ ਸਿੰਘ ਜੜਿਆਲਾ ਗੁਰੂ ਨੇ ਸੰਗਤਾਂ ਨੂੰ ਗੁਰੂ ਇਤਿਹਾਸ ਨਾਲ ਜੋੜਨ ਦਾ ਉਪਰਾਲਾ ਕੀਤਾ ਅਤੇ ਢਾਡੀ ਜਥਾ ਗੁਰੂ ਪਿਆਰ ਸਿੰਘ ਜੌਹਰ ਨੇ ਵੀ ਸੰਗਤਾਂ ਨੂੰ ਇਤਿਹਾਸ ਨਾਲ ਜੋੜਿਆ।ਮਾਘੀ ਦੇ ਸਾਲਾਨਾ ਜੋੜ ਮੇਲ ਦੌਰਾਨ ਧਾਰਮਕ ਸਮਾਗਮਾਂ ਵਿਚ ਉਚੇਚੇ ਤੌਰ 'ਤੇ ਅੰਤ੍ਰਿੰਗ ਕਮੇਟੀ ਮੈਂਬਰ ਜਥੇਦਾਰ ਸੁਰਜੀਤ ਸਿੰਘ ਗੜ੍ਹੀ, ਸ਼੍ਰੋਮਣੀ ਕਮੇਟੀ ਮੈਂਬਰ ਜਥੇਦਾਰ ਜਸਮੇਰ ਸਿੰਘ ਲਾਛੜੂ, ਬੀਬੀ ਹਰਪ੍ਰੀਤ ਕੌਰ ਮੁਖਮੈਲਪੁਰ ਆਦਿ ਤੋਂ ਇਲਾਵਾ ਗੁਰਦੁਆਰਾ ਸ੍ਰੀ ਦੂਖਨਿਵਾਰਨ ਸਾਹਿਬ ਦੇ ਮੈਨੇਜਰ ਭਾਗ ਸਿੰਘ, ਕਥਾਵਾਚਕ ਭਾਈ ਭੁਪਿੰਦਰਪਾਲ ਸਿੰਘ ਆਦਿ ਸ਼ਖਸੀਅਤਾਂ ਨੇ ਵੀ ਸ਼ਿਰਕਤ ਕੀਤੀ। ਜਥੇਦਾਰ ਗੜ੍ਹੀ ਨੇ ਕਿਹਾ ਕਿ ਗੁਰਦੁਆਰਾ ਨਥਾਣਾ ਸਾਹਿਬ ਦੀ ਮਹਾਨ ਧਰਤੀ ਵੀ ਗੁਰੂ ਅਮਰਦਾਸ ਪਾਤਸ਼ਾਹ ਦੀ ਚਰਨਛੋਹ ਧਰਤੀ ਹੈ, ਜਿਨ੍ਹਾਂ ਨੇ ਵਾਰ ਵਾਰ ਇਸ ਧਰਤੀ 'ਤੇ ਪਹੁੰਚ ਕੇ ਸੰਗਤਾਂ ਨੂੰ ਧਰਮ ਦੇ ਲੜ ਲਾੜਿਆ ਅਤੇ ਮਾਨਵਤਾ ਦਾ ਕਲਿਆਣ ਕੀਤਾ।।ਇਸ ਦੌਰਾਨ ਇਕੱਠ ਨੂੰ ਸੰਬੋਧਨ ਕਰਦਿਆਂ ਸ਼੍ਰੋਮਣੀ ਕਮੇਟੀ ਮੈਂਬਰ ਜਥੇਦਾਰ ਜਸਮੇਰ ਸਿੰਘ ਲਾਛੜੂ ਨੇ ਜਿਥੇ ਪੁੱਜੀਆਂ ਸਖਸ਼ੀਅਤਾਂ ਦਾ ਧੰਨਵਾਦ ਕੀਤਾ, ਉਥੇ ਹੀ ਇਤਿਹਾਸ ਰਾਹੀਂ ਮਾਘੀ ਦੇ ਪਵਿੱਤਰ ਦਿਹਾੜੇ ਦੀ ਮਹਾਨਤਾ ਬਾਰੇ ਸੰਗਤਾਂ ਨੂੰ ਜਾਣੂੰ ਕਰਵਾਇਆ।ਧਾਰਮਕ ਸਮਾਗਮ ਦੌਰਾਨ ਗੁਰਦੁਆਰਾ ਪ੍ਰਬੰਧਕ ਮੈਨੇਜਰ ਭਾਗ ਸਿੰਘ ਨੇ ਵੀ ਸਹਿਯੋਗ ਕਰਨ ਵਾਲੀਆਂ ਸੰਗਤਾਂ ਦਾ ਧੰਨਵਾਦ। ਇਸ ਮੌਕੇ ਹੋਰਨਾਂ ਤੋਂ ਇਲਾਵਾ ਐਡੀਸ਼ਨਲ ਮੈਨੇਜਰ ਮਨਦੀਪ ਸਿੰਘ ਭਲਵਾਨ, ਗੁਰਸ਼ਰਨ ਸਿੰਘ ਮੁਲਤਾਨੀ, ਬਾਬਾ ਕੁਲਦੀਪ ਸਿੰਘ, ਜਥੇ.ਸੁਖਜੀਤ ਸਿੰਘ ਬਘੌਰਾ, ਪ੍ਰਚਾਰਕ ਪਰਵਿੰਦਰ ਸਿੰਘ ਰਿਉਂਦ, ਪਰਵਿੰਦਰ ਸਿੰਘ ਬਰਾੜਾ, ਰਿਕਾਰਡ ਇੰਚਾਰਜ ਸਰਬਜੀਤ ਸਿੰਘ, ਭਾਈ ਹਜ਼ੂਰ ਸਿੰਘ, ਸੁਪਰਵਾਈਜ਼ਰ ਵਰਿੰਦਰ ਸਿੰਘ ਗੋਲਡੀ ਆਦਿ ਤੋਂ ਇਲਾਵਾ ਸ਼੍ਰੋਮਣੀ ਕਮੇਟੀ ਦੇ ਅਧਿਕਾਰੀ, ਸਟਾਫ ਮੈਂਬਰ ਅਤੇ ਵੱਡੀ ਗਿਣਤੀ ਵਿਚ ਸੰਗਤਾਂ ਆਦਿ ਹਾਜ਼ਰ ਸਨ।


## COURT NOTICE

(U/o 5 Rule 20 CPC)
In The Court of
Sh. Atul Kamboj
Additional District and Sessions Judge -6, Patiala
CNR No. PBPT01-013664-2025
Next Date: 09-02-2026
Harjinder Kaur Parwana
Vs.
General Public
Publication Issued To:
General Public

In above titled case, the defendant(s)/respondent(s) could not be served. It is ordered that defendant(s)/ respondent(s) should appear in person or through counsel on 09-02-2026 at 10:00 a.m.

For details logon to https://highcourtchd.gov.in/?mod=district_notice&district=patiala

Additional District and Sessions Judge -6, Patiala
Dated, this day of 13-01-2026

## COURT NOTICE

(U/o 5 Rule 20 CPC)
In The Court of
Ms. Harmandeep Kaur
Civil Judge Junior Division-3, Ferozepur
CNR No. PBFZ02-002073-2024
Next Date:- 24-02-2026
Cantonment Board
Vs.
Nirmal Kumari
Publication Issued To:
Nirmal Kumari
Spouse :- Sohan Lal
R/o 15-16, St. No. 3, Ferozepur Cantt, Tehsil and District Ferozepur

In above titled case, the defendant(s)/ respondent(s) could not be served. It is ordered that defendant(s)/ respondent(s) should appear in person or through counsel on 24-02-2026 at 10:00 a.m.

For details logon to https://highcourtchd.gov.in/?mod=district_notice&district=mogacourt

Civil Judge Junior Division-3 Ferozepur
Dated, this day of 11-12-2025

## ਅਦਾਲਤੀ ਇਸ਼ਤਿਹਾਰ

ਅਦਾਲਤ ਸਹਾਇਕ ਕੁਲੈਕਟਰ ਦਰਜਾ ਪਹਿਲਾ-ਕਮ-ਨਾਇਬ ਤਹਿਸੀਲਦਾਰ, ਬੁਢਲਾਡਾ।
ਅਦਾਲਤ ਵਿੱਚ ਵਿਅਕਤੀਗਤ ਹਾਜ਼ਰੀ ਲਈ ਸੰਮਨ
(ਜ਼ਾਬਤਾ ਦੀਵਾਨੀ ਦੇ ਨਿਯਮ 3 ਦਾ ਹੁਕਮ 5)
ਕੇਸ ਅਨੁਵਾਨ :- ਤਕਸੀਮ ਮਿਸਲ ਨੰ: : 212/ਰੀ-2 ਰਜੂਆ ਮਿਤੀ 09-04-2024 ਵਾਕਾ ਰਕਬਾ ਦੋਦੜਾ ਰਕਬਾ 118 ਕਨਾਲ 08 ਮਰਲੇ
ਅਖਬਾਰੀ ਇਸ਼ਤਿਹਾਰ ਰਾਹੀਂ ਮੁਸਤਰੀ-ਮੁਨਿਆਦੀ
ਰਣਦੀਪ ਸਿੰਘ ਬਨਾਮ ਹਰਵਿੰਦਰ ਸਿੰਘ ਵਗੈਰਾ।
ਮਸੂਲਇਲਮ ਧਿਰ ਨੰਬਰ :-
03 ਦੇ ਵਾਰਸ ਗੁਰਜੰਟ ਸਿੰਘ ਮੁਤਵਫੀ ਦੇ ਵਾਰਸ ੳ ) ਜਗਤਾਰ ਕੌਰ ਵਿਧਵਾ ਗੁਰਜੰਟ ਸਿੰਘ ਪੁੱਤਰ ਚੰਨਣ ਸਿੰਘ (ਅ) ਜਗਸੀਰ ਸਿੰਘ (ੲ) ਬਲਵੀਰ ਸਿੰਘ (ਸ) ਜਗਵੀਰ ਸਿੰਘ (ਹ) ਸਰਬਜੀਤ ਕੌਰ ਕ ਰਾਣੀ ਕੌਰ ਸੰਤਾਨ ਗੁਰਜੰਟ ਸਿੰਘ ਪੁੱਤਰ ਚੰਨਣ ਸਿੰਘ ਵਾਸੀਆਨ ਦੋਦੜਾ, ਤਹਿਸੀਲ ਬੁਢਲਾਡਾ।

ਬਾਬਤ ਆਪ ਦੇ ਨਾਂਅ ਦਾ ਇੱਕ ਦਾਅਵਾ ਦਾਇਰ ਕੀਤਾ ਗਿਆ ਹੈ। ਇਸ ਲਈ ਆਪ ਨੂੰ ਇਸ ਲਿਖਤ ਦੁਆਰਾ ਲਿਖਿਆ ਜਾਂਦਾ ਹੈ ਕਿ ਆਪ ਮਿਤੀ 16-02-2026 ਨੂੰ ਸਵੇਰੇ 10:00 ਵਜੇ ਇਸ ਅਦਾਲਤ ਵਿੱਚ ਖੁਦ ਹਾਜ਼ਰ ਹੋ ਕੇ ਦਾਅਵੇ ਦਾ ਜਵਾਬ ਦੇਵੋ। ਆਪ ਉਪਰੋਕਤ ਦਿਨ ਉਹ ਸਾਰੇ ਦਸਤਾਵੇਜ਼ ਪੇਸ਼ ਕਰੋ ਜਿਨ੍ਹਾਂ ਨੂੰ ਆਪ ਆਪਣੇ ਜਵਾਬ ਦੀ ਪੁਸ਼ਟੀ ਵਿੱਚ ਸਬੂਤ ਵਜੋਂ ਪੇਸ਼ ਕਰਨਾ ਚਾਹੁੰਦੇ ਹੋ। ਆਪ ਨੂੰ ਸੂਚਨਾ ਦਿੱਤੀ ਜਾਂਦੀ ਹੈ ਕਿ ਜੇਕਰ ਆਪ ਉਪਰੋਕਤ ਦਿਨ ਹਾਜ਼ਰ ਨਾ ਹੋਏ ਤਾਂ ਮੁਕੱਦਮਾ ਤੁਹਾਡੀ ਹਾਜ਼ਰੀ ਬਗੈਰ ਹੀ ਸੁਣਿਆ ਜਾਵੇਗਾ ਅਤੇ ਫੈਸਲਾ ਕਰ ਦਿੱਤਾ ਜਾਵੇਗਾ।

ਮੇਰੇ ਹਸਤਾਖਰ ਅਤੇ ਅਦਾਲਤ ਦੀ ਮੋਹਰ ਨਾਲ ਅੱਜ ਮਿਤੀ 14/01/2026 ਨੂੰ ਜਾਰੀ ਕੀਤਾ ਗਿਆ ਹੈ।

ਸਹੀ/-ਸਹਾਇਕ ਕੁਲੈਕਟਰ ਦਰਜਾ ਪਹਿਲਾ-ਕਮ-ਨਾਇਬ ਤਹਿਸੀਲਦਾਰ, ਬੁਢਲਾਡਾ।
ਰਾਹੀਂ ਜਮਾਂਦਾਰ, ਤਹਿਸੀਲ ਦਫਤਰ, ਬੁਢਲਾਡਾ
ਨੰਬਰ : 235 /ਰੀ-2 ਮਿਤੀ : 14.01.2026

## ਅਦਾਲਤੀ ਇਸ਼ਤਿਹਾਰ

ਬਾ - ਅਦਾਲਤ ਹਰੀਸ਼ ਕੁਮਾਰ, ਨਾਇਬ ਤਹਿਸੀਲਦਾਰ-ਕਮ-ਸਹਾਇਕ ਕੁਲੈਕਟਰ ਦਰਜਾ ਦੋਮ, ਲੋਪੋਕੇ, ਤਹਿਸੀਲ ਅਜਨਾਲਾ, ਜ਼ਿਲ੍ਹਾ ਅੰਮ੍ਰਿਤਸਰ।
ਵਿਸ਼ਾ:- ਮਾਲ ਰਿਕਾਰਡ ਵਿੱਚ ਨਾਂਅ ਦੀ ਤਬਦੀਲੀ ਕਰਨ ਸੰਬੰਧੀ ਨੋਟਿਸ।
ਨੋਟਿਸ ਬਨਾਮ ਆਮ ਜਨਤਾ

ਆਮ ਜਨਤਾ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਸ੍ਰੀ ਅਰਸ਼ਦੀਪ ਸਿੰਘ ਪੁੱਤਰ ਹਰਵਿੰਦਰ ਸਿੰਘ ਪੁੱਤਰ ਸੁਰਜੀਤ ਸਿੰਘ ਵਾਸੀ ਪਿੰਡ ਵਰਿਆ, ਤਹਿਸੀਲ ਲੋਪੋਕੇ, ਜ਼ਿਲ੍ਹਾ ਅੰਮ੍ਰਿਤਸਰ ਨੇ ਦਰਖਾਸਤ ਦਿੱਤੀ ਹੈ, ਜਿਸ ਵਿੱਚ ਉਸ ਨੇ ਲਿਖਿਆ ਹੈ ਕਿ ਪਿੰਡ ਵਰਿਆ ਵਿੱਚ ਜੋ ਮਾਲਕੀ ਜ਼ਮੀਨ ਹੈ, ਉਸ ਵਿੱਚ ਉਸ ਦਾ ਨਾਂਅ ਅਰਬਦੀਪ ਸਿੰਘ ਪੁੱਤਰ ਹਰਵਿੰਦਰ ਸਿੰਘ ਪੁੱਤਰ ਸੁਰਜੀਤ ਸਿੰਘ ਵਾਸੀ ਪਿੰਡ ਵਰਿਆ, ਤਹਿਸੀਲ ਲੋਪੋਕੇ, ਜ਼ਿਲ੍ਹਾ ਅੰਮ੍ਰਿਤਸਰ ਚੱਲਿਆ ਆ ਰਿਹਾ ਹੈ। ਖੇਤਰੀ ਅਮਲੇ ਵੱਲੋਂ ਤਸਦੀਕ ਕੀਤਾ ਗਿਆ ਹੈ ਕਿ ਅਰਸ਼ਦੀਪ ਸਿੰਘ ਪੁੱਤਰ ਹਰਵਿੰਦਰ ਸਿੰਘ ਪੁੱਤਰ ਸੁਰਜੀਤ ਸਿੰਘ ਅਤੇ ਅਰਬਦੀਪ ਸਿੰਘ ਪੁੱਤਰ ਹਰਵਿੰਦਰ ਸਿੰਘ ਪੁੱਤਰ ਸੁਰਜੀਤ ਸਿੰਘ, ਵਾਸੀ ਪਿੰਡ ਵਰਿਆ, ਤਹਿਸੀਲ ਲੋਪੋਕੇ, ਜ਼ਿਲ੍ਹਾ ਅੰਮ੍ਰਿਤਸਰ ਵਿੱਚ ਇੱਕ ਵਿਅਕਤੀ ਦੇ ਦੋ ਨਾਂਅ ਹਨ। ਦਰਖਾਸਤ ਕਰਤਾ ਦੇ ਪੈਨ ਕਾਰਡ ਦੀ ਫੋਟੋ ਕਾਪੀ, ਆਧਾਰ ਕਾਰਡ ਦੀ ਫੋਟੋ ਕਾਪੀ ਅਤੇ ਨਕਲ ਜਮ੍ਹਾਂਬੰਦੀ ਦੀ ਕਾਪੀ ਸਬੂਤ ਵਜੋਂ ਨੱਥੀ ਹਨ।

ਇਹ ਨੋਟਿਸ ਰਾਹੀਂ ਆਮ ਜਨਤਾ ਨੂੰ ਇਤਰਾਜ਼/ਕਲੇਮ ਦਾਇਰ ਕਰਨ ਲਈ ਮੌਕਾ ਦਿੱਤਾ ਜਾਂਦਾ ਹੈ ਕਿ ਉਪਰੋਕਤ ਅਰਸ਼ਦੀਪ ਸਿੰਘ ਪੁੱਤਰ ਹਰਵਿੰਦਰ ਸਿੰਘ ਪੁੱਤਰ ਸੁਰਜੀਤ ਸਿੰਘ ਵਾਸੀ ਪਿੰਡ ਵਰਿਆ, ਤਹਿਸੀਲ ਲੋਪੋਕੇ, ਜ਼ਿਲ੍ਹਾ ਅੰਮ੍ਰਿਤਸਰ ਦਾ ਨਾਂਅ ਦਰੁਸਤ ਕਰਨ 'ਤੇ ਜੇਕਰ ਕਿਸੇ ਨੂੰ ਕੋਈ ਇਤਰਾਜ਼ ਹੋਵੇ ਤਾਂ ਉਹ ਆਪਣਾ ਇਤਰਾਜ਼ 15 ਦਿਨਾਂ ਦੇ ਅੰਦਰ-ਅੰਦਰ ਨਿਮਨਹਸਤਾਖਰ ਦੇ ਪੇਸ਼ ਹੋ ਕੇ ਦੇ ਸਕਦਾ ਹੈ। ਨਿਸਚਿਤ ਸਮੇਂ ਦੇ ਅੰਦਰ-ਅੰਦਰ ਇਤਰਾਜ਼ ਨਾ ਆਉਣ ਦੀ ਸੂਰਤ ਵਿੱਚ ਅੰਦਰਾਜ਼ ਸੋਧ ਕੇ ਫੈਸਲਾ ਕਰ ਦਿੱਤਾ ਜਾਵੇਗਾ।

ਸਹੀ/-ਸਹਾਇਕ ਕੁਲੈਕਟਰ ਦਰਜਾ ਦੋਮ ਲੋਪੋਕੇ
ਨੰ: ਰੀਡਰ/ 2500 ਮਿਤੀ :- 12-1-26

## ਪਬਲਿਕ ਨੋਟਿਸ

ਸ੍ਰੀ ਸਰੂਪ ਸਿੰਘ ਪੁੱਤਰ ਸ੍ਰੀ ਗੁਰਬਖਸ਼ ਸਿੰਘ, ਵਾਸੀ ਨੰਗਲ ਖੂੰਗਾ ਦੇ ਨਾਂਅ 'ਤੇ ਟਿਊਬਵੈੱਲ ਖਾਤਾ ਨੰਬਰ ਐੱਚ 14 ਏ ਪੀ 340113 ਚੱਲ ਰਿਹਾ ਸੀ, ਜੋ ਹੁਣ ਸ੍ਰੀ ਜਰਨੈਲ ਸਿੰਘ ਪੁੱਤਰ ਸ੍ਰੀ ਪਰਗਟ ਸਿੰਘ ਦੇ ਨਾਂਅ 'ਤੇ ਤਬਦੀਲ ਹੋ ਰਿਹਾ ਹੈ। ਇਤਰਾਜ਼ ਕਰਤਾ ਪੰਦਰਾਂ ਦਿਨਾਂ ਦੇ ਅੰਦਰ-ਅੰਦਰ ਸਬ-ਅਰਬਨ ਉਪ ਮੰਡਲ ਟਾਂਡਾ ਦਫ਼ਤਰ ਨਾਲ ਸੰਪਰਕ ਕਰਨ।

ਸਹਾਇਕ ਕਾਰਜਕਾਰੀ ਇੰਜੀਨੀਅਰ
ਸਬ-ਅਰਬਨ ਟਾਂਡਾ, ਹੁਸ਼ਿਆਰਪੁਰ।

## COURT NOTICE

(U/o 5 Rule 20 CPC)
In The Court of
Ms. Harmandeep Kaur
Civil Judge Junior Division-3, Ferozepur
CNR No. PBFZ02-002069-2024
Next Date:- 20-02-2026
Cantonment Board
Vs.
Rakesh Kumar
Publication Issued To:
Rakesh Kumar
Father :- Ram Lal
R/o Mool Chand R/o Bunglow No.146(P), Sant Lal Road, Ferozepur Cantt.

In above titled case, the defendant(s)/ respondent(s) could not be served. It is ordered that defendant(s)/respondent(s) should appear in person or through counsel on 20-02-2026 at 10:00 a.m.

For details logon to https://highcourtchd.gov.in/?mod=district_notice&district=mogacourt

Civil Judge Junior Division-3 Ferozepur
Dated, this day of 27-11-2025

## ਅਦਾਲਤੀ ਇਸ਼ਤਿਹਾਰ

ਅਦਾਲਤ ਸਹਾਇਕ ਕੁਲੈਕਟਰ ਦਰਜਾ ਪਹਿਲਾ-ਕਮ-ਨਾਇਬ ਤਹਿਸੀਲਦਾਰ, ਬੁਢਲਾਡਾ।
ਅਦਾਲਤ ਵਿੱਚ ਵਿਅਕਤੀਗਤ ਹਾਜ਼ਰੀ ਲਈ ਸੰਮਨ
(ਜ਼ਾਬਤਾ ਦੀਵਾਨੀ ਦੇ ਨਿਯਮ 3 ਦਾ ਹੁਕਮ 5)
ਕੇਸ ਅਨੁਵਾਨ :- ਤਕਸੀਮ ਮਿਸਲ ਨੰ: : [illegible]/ਰੀ-2 ਰਜੂਆ ਮਿਤੀ [illegible] ਵਾਕਾ ਰਕਬਾ ਦੋਦੜਾ ਰਕਬਾ [illegible]
ਅਖਬਾਰੀ ਇਸ਼ਤਿਹਾਰ ਰਾਹੀਂ ਮੁਸਤਰੀ-ਮੁਨਿਆਦੀ
ਰਣਦੀਪ ਸਿੰਘ ਬਨਾਮ ਸੋਧਾਂ ਕੌਰ ਵਗੈਰਾ।
ਮਸੂਲਇਲਮ ਧਿਰ ਨੰਬਰ :-
11 ਦੇ ਵਾਰਸ (ਹ) ਸਰਬਜੀਤ ਕੌਰ (ਕ) ਰਾਣੀ ਕੌਰ ਸੰਤਾਨ ਗੁਰਜੰਟ ਸਿੰਘ ਪੁੱਤਰ ਚੰਨਣ ਸਿੰਘ ਵਾਸੀ ਦੋਦੜਾ।
14. ਰਾਜ ਸਿੰਘ ਪੁੱਤਰ ਮਹਿੰਦਰ ਸਿੰਘ ਪੁੱਤਰ ਸੁੱਚਾ ਸਿੰਘ 19. ਜਗਜੀਤ ਸਿੰਘ ਪੁੱਤਰ ਚੰਦ ਸਿੰਘ ਪੁੱਤਰ ਮੋਦਨ ਸਿੰਘ 41. ਗੁਰਬਿੰਦਰ ਪੁੱਤਰ ਬਹਾਦਰ ਸਿੰਘ ਪੁੱਤਰ ਗੁਰਦਿਆਲ ਸਿੰਘ 54. ਸੁਖਵਿੰਦਰ ਸਿੰਘ ਪੁੱਤਰ ਇੰਦਰ ਸਿੰਘ ਪੁੱਤਰ ਪਾਲਾ ਸਿੰਘ 55. ਰਣਜੀਤ ਕੌਰ ਪਤਨੀ ਜਗਜੀਤ ਸਿੰਘ ਪੁੱਤਰ ਜੰਗੀਰ ਸਿੰਘ 56. ਦਰਸ਼ਨ ਸਿੰਘ ਪੁੱਤਰ ਹਰਦੇਵ ਸਿੰਘ ਪੁੱਤਰ ਪ੍ਰੀਤਮ ਸਿੰਘ 66. ਦਰਸ਼ਨ ਸਿੰਘ ਪੁੱਤਰ ਅਜਮੇਰ ਸਿੰਘ ਪੁੱਤਰ ਫੁੰਮਣ ਸਿੰਘ 69. ਕਮਲਜੀਤ ਕੌਰ ਪਤਨੀ ਦਰਸ਼ਨ ਸਿੰਘ ਪੁੱਤਰ ਅਜਮੇਰ ਸਿੰਘ 70. ਗੁਰਵਿੰਦਰ ਕੌਰ ਪਤਨੀ ਗੁਰਦੀਪ ਸਿੰਘ ਪੁੱਤਰ ਅਮਰਜੀਤ ਸਿੰਘ ਵਾਸੀਆਨ ਦੋਦੜਾ, ਤਹਿਸੀਲ ਬੁਢਲਾਡਾ।

ਬਾਬਤ ਆਪ ਦੇ ਨਾਂਅ ਦਾ ਇੱਕ ਦਾਅਵਾ ਦਾਇਰ ਕੀਤਾ ਗਿਆ ਹੈ। ਇਸ ਲਈ ਆਪ ਨੂੰ ਇਸ ਲਿਖਤ ਦੁਆਰਾ ਲਿਖਿਆ ਜਾਂਦਾ ਹੈ ਕਿ ਆਪ ਮਿਤੀ 16-02-2026 ਨੂੰ ਸਵੇਰੇ 10:00 ਵਜੇ ਇਸ ਅਦਾਲਤ ਵਿੱਚ ਖੁਦ ਹਾਜ਼ਰ ਹੋ ਕੇ ਦਾਅਵੇ ਦਾ ਜਵਾਬ ਦੇਵੋ। ਆਪ ਉਪਰੋਕਤ ਦਿਨ ਉਹ ਸਾਰੇ ਦਸਤਾਵੇਜ਼ ਪੇਸ਼ ਕਰੋ ਜਿਨ੍ਹਾਂ ਨੂੰ ਆਪ ਆਪਣੇ ਜਵਾਬ ਦੀ ਪੁਸ਼ਟੀ ਵਿੱਚ ਸਬੂਤ ਵਜੋਂ ਪੇਸ਼ ਕਰਨਾ ਚਾਹੁੰਦੇ ਹੋ। ਆਪ ਨੂੰ ਸੂਚਨਾ ਦਿੱਤੀ ਜਾਂਦੀ ਹੈ ਕਿ ਜੇਕਰ ਆਪ ਉਪਰੋਕਤ ਦਿਨ ਹਾਜ਼ਰ ਨਾ ਹੋਏ ਤਾਂ ਮੁਕੱਦਮਾ ਤੁਹਾਡੀ ਹਾਜ਼ਰੀ ਬਗੈਰ ਹੀ ਸੁਣਿਆ ਜਾਵੇਗਾ ਅਤੇ ਫੈਸਲਾ ਕਰ ਦਿੱਤਾ ਜਾਵੇਗਾ।
ਮੇਰੇ ਹਸਤਾਖਰ ਅਤੇ ਅਦਾਲਤ ਦੀ ਮੋਹਰ ਨਾਲ ਅੱਜ ਮਿਤੀ 14/01/2026 ਨੂੰ ਜਾਰੀ ਕੀਤਾ ਗਿਆ ਹੈ।

ਸਹੀ/-ਸਹਾਇਕ ਕੁਲੈਕਟਰ ਦਰਜਾ ਪਹਿਲਾ-ਕਮ- ਨਾਇਬ ਤਹਿਸੀਲਦਾਰ, ਬੁਢਲਾਡਾ।
ਰਾਹੀਂ ਜਮਾਂਦਾਰ, ਤਹਿਸੀਲ ਦਫਤਰ, ਬੁਢਲਾਡਾ
ਨੰਬਰ : 236 /ਰੀ-2 ਮਿਤੀ : 14.01.2026

## ਅਦਾਲਤੀ ਇਸ਼ਤਿਹਾਰ

ਅਦਾਲਤ ਸਹਾਇਕ ਕੁਲੈਕਟਰ ਦਰਜਾ ਪਹਿਲਾ-ਕਮ-ਨਾਇਬ ਤਹਿਸੀਲਦਾਰ, ਬੁਢਲਾਡਾ।
ਅਦਾਲਤ ਵਿੱਚ ਵਿਅਕਤੀਗਤ ਹਾਜ਼ਰੀ ਲਈ ਸੰਮਨ
(ਜ਼ਾਬਤਾ ਦੀਵਾਨੀ ਦੇ ਨਿਯਮ 3 ਦਾ ਹੁਕਮ 5)
ਕੇਸ ਅਨੁਵਾਨ :- ਤਕਸੀਮ ਮਿਸਲ ਨੰ: : 213/ਰੀ-2 ਰਜੂਆ ਮਿਤੀ 09-09-2024 ਵਾਕਾ ਰਕਬਾ ਦੋਦੜਾ ਰਕਬਾ 139 ਕਨਾਲ 04 ਮਰਲੇ
ਅਖਬਾਰੀ ਇਸ਼ਤਿਹਾਰ ਰਾਹੀਂ ਮੁਸਤਰੀ-ਮੁਨਿਆਦੀ
ਰਣਦੀਪ ਸਿੰਘ ਬਨਾਮ ਹਰਵਿੰਦਰ ਸਿੰਘ ਵਗੈਰਾ।
ਮਸੂਲਇਲਮ ਧਿਰ ਨੰਬਰ :-
03 ਦੇ ਗੁਰਜੰਟ ਸਿੰਘ ਪੁੱਤਰ ਚੰਨਣ ਸਿੰਘ ਦੇ ਵਾਰਸ
ਮਸੂਲਇਲਮ ਨੰ.3. ਮੁਤਵਫੀ ਗੁਰਜੰਟ ਸਿੰਘ ਪੁੱਤਰ ਚੰਨਨ ਸਿੰਘ ਦੇ ਕਾਨੂੰਨੀ ਵਾ ਜਾਇਜ਼ ਵਾਰਿਸ (ੳ) ਜਗਤਾਰ ਕੌਰ ਵਿਧਵਾ ਗੁਰਜੰਟ ਸਿੰਘ ਪੁੱਤਰ ਚੰਨਨ ਸਿੰਘ (ਅ) ਜਗਸੀਰ ਸਿੰਘ (ੲ) ਬਲਵੀਰ ਸਿੰਘ (ਸ) ਜਗਵੀਰ ਸਿੰਘ (ਹ) ਸਰਬਜੀਤ ਕੌਰ (ਕ) ਰਾਣੀ ਕੌਰ ਸੰਤਾਨ ਗੁਰਜੰਟ ਸਿੰਘ ਪੁੱਤਰ ਚੰਨਨ ਸਿੰਘ ਵਾਸੀਆਨ ਦੋਦੜਾ, ਤਹਿਸੀਲ ਬੁਢਲਾਡਾ ਜ਼ਿਲ੍ਹਾ ਮਾਨਸਾ, 11. ਜੀਤ ਸਿੰਘ ਪੁੱਤਰ ਕਰਨੈਲ ਸਿੰਘ ਪੁੱਤਰ ਚੰਨਨ ਸਿੰਘ 12. ਭੁਪਿੰਦਰ ਸਿੰਘ ਪੁੱਤਰ ਮੇਵਾ ਸਿੰਘ ਪੁੱਤਰ ਮੱਘਰ ਸਿੰਘ 13. ਸੰਤਰਾਮ ਸਿੰਘ ਪੁੱਤਰ ਚੰਦ ਸਿੰਘ ਪੁੱਤਰ ਜਿੱਤ ਸਿੰਘ 14. ਪ੍ਰੀਤਮ ਸਿੰਘ ਪੁੱਤਰ ਗੁਰਨੰਦ ਸਿੰਘ ਪੁੱਤਰ ਬੁੱਗਰ ਸਿੰਘ 15. ਰੁਲਦੂ ਸਿੰਘ ਪੁੱਤਰ ਗੁਰਨੰਦ ਸਿੰਘ ਪੁੱਤਰ ਬੁੱਗਰ ਸਿੰਘ, 16. ਰਾਜਪਾਲ ਕੌਰ ਪਤਨੀ ਬਹਾਦਰ ਸਿੰਘ ਪੁੱਤਰ ਬਲਦੇਵ ਸਿੰਘ 21. ਸੁਖਦੇਵ ਸਿੰਘ ਪੁੱਤਰ ਸਿਵਨਾਥ ਸਿੰਘ ਪੁੱਤਰ ਸਹੇਲ ਸਿੰਘ 22. ਜਸਵੀਰ ਕੌਰ ਪਤਨੀ ਸੰਗਤ ਸਿੰਘ ਪੁੱਤਰ ਗੁਰਨਾਮ ਸਿੰਘ 25. ਭੋਲਾ ਸਿੰਘ ਪੁੱਤਰ ਸੁਖਦੇਵ ਸਿੰਘ ਪੁੱਤਰ ਸਿਵਨਾਥ ਸਿੰਘ 26. ਕੁਲਵਿੰਦਰ ਸਿੰਘ ਪੁੱਤਰ ਜਗਰੂਪ ਸਿੰਘ ਉਰਫ ਰੁਲਦੂ ਸਿੰਘ ਪੁੱਤਰ ਸੁਖਦੇਵ ਸਿੰਘ 27. ਅਮਰਜੀਤ ਕੌਰ ਵਿਧਵਾ ਜਗਰੂਪ ਸਿੰਘ ਉਰਫ ਰੁਲਦੂ ਸਿੰਘ ਪੁੱਤਰ ਸੁਖਦੇਵ ਸਿੰਘ 28. ਗੁਰਬਿੰਦਰ ਸਿੰਘ ਪੁੱਤਰ ਜਗਰੂਪ ਸਿੰਘ ਉਰਫ ਰੁਲਦੂ ਸਿੰਘ ਪੁੱਤਰ ਸੁਖਦੇਵ ਸਿੰਘ 29. ਜੰਗੀਰ ਕੌਰ ਮਾਤਾ ਜਗਰੂਪ ਸਿੰਘ ਉਰਫ ਰੁਲਦੂ ਸਿੰਘ ਪੁੱਤਰ ਸੁਖਦੇਵ ਸਿੰਘ।

ਬਾਬਤ ਆਪ ਦੇ ਨਾਂਅ ਦਾ ਇੱਕ ਦਾਅਵਾ ਦਾਇਰ ਕੀਤਾ ਗਿਆ ਹੈ। ਇਸ ਲਈ ਆਪ ਨੂੰ ਇਸ ਲਿਖਤ ਦੁਆਰਾ ਲਿਖਿਆ ਜਾਂਦਾ ਹੈ ਕਿ ਆਪ ਮਿਤੀ 16-02-2026 ਨੂੰ ਸਵੇਰੇ 10:00 ਵਜੇ ਇਸ ਅਦਾਲਤ ਵਿੱਚ ਖੁਦ ਹਾਜ਼ਰ ਹੋ ਕੇ ਦਾਅਵੇ ਦਾ ਜਵਾਬ ਦੇਵੋ। ਆਪ ਉਪਰੋਕਤ ਦਿਨ ਉਹ ਸਾਰੇ ਦਸਤਾਵੇਜ਼ ਪੇਸ਼ ਕਰੋ ਜਿਨ੍ਹਾਂ ਨੂੰ ਆਪ ਆਪਣੇ ਜਵਾਬ ਦੀ ਪੁਸ਼ਟੀ ਵਿੱਚ ਸਬੂਤ ਵਜੋਂ ਪੇਸ਼ ਕਰਨਾ ਚਾਹੁੰਦੇ ਹੋ। ਆਪ ਨੂੰ ਸੂਚਨਾ ਦਿੱਤੀ ਜਾਂਦੀ ਹੈ ਕਿ ਜੇਕਰ ਆਪ ਉਪਰੋਕਤ ਦਿਨ ਹਾਜ਼ਰ ਨਾ ਹੋਏ ਤਾਂ ਮੁਕੱਦਮਾ ਤੁਹਾਡੀ ਹਾਜ਼ਰੀ ਬਗੈਰ ਹੀ ਸੁਣਿਆ ਜਾਵੇਗਾ ਅਤੇ ਫੈਸਲਾ ਕਰ ਦਿੱਤਾ ਜਾਵੇਗਾ।
ਮੇਰੇ ਹਸਤਾਖਰ ਅਤੇ ਅਦਾਲਤ ਦੀ ਮੋਹਰ ਨਾਲ ਅੱਜ ਮਿਤੀ 14/01/2026 ਨੂੰ ਜਾਰੀ ਕੀਤਾ ਗਿਆ ਹੈ।

ਸਹੀ/-ਸਹਾਇਕ ਕੁਲੈਕਟਰ ਦਰਜਾ ਪਹਿਲਾ-ਕਮ- ਨਾਇਬ ਤਹਿਸੀਲਦਾਰ, ਬੁਢਲਾਡਾ।
ਰਾਹੀਂ ਜਮਾਂਦਾਰ, ਤਹਿਸੀਲ ਦਫਤਰ, ਬੁਢਲਾਡਾ
ਨੰਬਰ : 234 /ਰੀ-2 ਮਿਤੀ : 14.01.2026

## ਉੱਤਰ ਰੇਲਵੇ

### ਫਿਰੋਜ਼ਪੁਰ ਮੰਡਲ ਵਿਚ ਕਾਂਟਰੈਕਟ ਦੇ ਆਧਾਰ ਉਤੇ ਮੇਡਿਕਲ ਪ੍ਰੈਕਿਟਸ਼ਨਰਾਂ ਦੇ ਲਈ ਵਾਕ-ਇਨ-ਇੰਟਰਵਿਊ

ਫਿਰੋਜ਼ਪੁਰ ਮੰਡਲ ਵਿਚ ਕਾਂਟਰੈਕਟ ਦੇ ਆਧਾਰ ਉਤੇ 07 ਮੇਡਿਕਲ ਪ੍ਰੈਕਿਟਸ਼ਨਰਾਂ ਦੀ ਨਿਯੁਕਤੀ ਦੇ ਲਈ ਵਾਕ-ਇਨ-ਇੰਟਰਵਿਊ 06.02.2026 ਨੂੰ ਕਮੇਟੀ ਹਾਲ, ਮੰਡਲ ਰੇਲ ਪ੍ਰਬੰਧਕ ਦਫਤਰ, ਫਿਰੋਜ਼ਪੁਰ ਵਿਚ ਆਯੋਜਿਤ ਕੀਤਾ ਜਾਵੇਗਾ। ਉਮੀਦਵਾਰ ਵਾਕ-ਇਨ-ਇੰਟਰਵਿਊ ਫਾਰਮ ਅਤੇ ਅਧਿਸੂਚਨਾ ਵੈਬਸਾਈਟ https://nr.indianrailways.gov.in/> News&recruitment info>Recruitment info> ਤੋਂ ਡਾਊਨਲੋਡ ਕਰ ਸਕਦੇ ਹਨ। ਕਿਸੇ ਵੀ ਪ੍ਰਸ਼ਨ ਦੇ ਲਈ 9878823457, 9540096053 ਉਤੇ ਸੰਪਰਕ ਕਰਨ ਜਾਂ srdpofzr@gmail.com ਉਤੇ ਈਮੇਲ ਕਰ ਸਕਦੇ ਹਨ।

ਵਲੋਂ ਮੰਡਲ ਰੇਲ ਪ੍ਰਬੰਧਕ (ਪੀ)
ਉਤਰ ਰੇਲਵੇ/ਫਿਰੋਜ਼ਪੁਰ
140/2026

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

## ਉੱਤਰ ਰੇਲਵੇ

### ਈ-ਨਿਵਿਦਾ ਸੂਚਨਾ

ਨਿਵਿਦਾ ਸੂਚਨਾ ਨੰ :— 433_TELE_JAT_24_25_26 ਤਾਰੀਕ 11.01.2026
ਸਮਾਪਤੀ ਮਿਤੀ/ਸਮਾਂ: 03.02.2026 15:00 ਵਜੇ

ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਕੰਮ ਕਰਨ ਵਾਲੇ ਸੀਨੀਅਰ ਡੀਐਸਟੀਈ/ਜੇਏਟੀ ਨਿਵਿਦਾ ਸੂਚਨਾ ਨੰਬਰ 433_TELE_JAT_24_25_26 ਸਮਾਪਤੀ ਮਿਤੀ/ਸਮਾਂ 03.02.2026 15:00 ਵਜੇ ਦੇ ਵਿਰੁਧ https://www.ireps.gov.in 'ਤੇ ਈ-ਨਿਵਿਦਾਵਾਂ ਦੀ ਮੰਗ ਕਰਦੇ ਹਨ। ਬੋਲੀਦਾਤਾ ਆਪਣੀ ਮੂਲ/ ਸੰਸ਼ੋਧਿਤ ਬੋਲੀਆਂ ਅੰਤਮ ਮਿਤੀ ਅਤੇ ਸਮੇਂ ਤਕ ਹੀ ਜਮ੍ਹਾ ਕਰ ਸਕਣਗੇ। ਇਸ ਨਿਵਿਦਾ ਦੇ ਵਿਰੁਧ ਮੈਨੂੰਅਲ ਆਫਰ ਦੀ ਇਜਾਜਤ ਨਹੀਂ ਹੈ, ਅਤੇ ਪ੍ਰਾਪਤ ਐਸੇ ਕਿਸੇ ਵੀ ਮੈਨੂੰਅਲ ਆਫਰ ਨੂੰ ਅਣਦੇਖਾ ਕਰ ਦਿਤਾ ਜਾਵੇਗਾ। ਠੇਕੇਦਾਰਾਂ ਨੂੰ ਇਸ ਨਿਵਿਦਾ ਦੇ ਲਈ ਨਿਵਿਦਾ ਦਸਤਾਵੇਜ ਦੀ ਲਗਤ ਅਤੇ ਬਿਆਨਾ ਰਾਸ਼ੀ ਦਾ ਭੁਗਤਾਨ ਕੇਵਲ ਆਈਆਰਈਪੀਐਸ ਪੋਰਟ ਤੇ ਉਪਲਬਧ ਆਨਲਾਈਨ ਭੁਗਤਾਨ ਮੋਡ ਜਿਵੇਂ ਨੈਟ ਬੈਂਕਿੰਗ, ਡੇਬਿਟ ਕਾਰਡ, ਕਰੇਡਿਟ ਕਾਰਡ ਆਦਿ ਦੇ ਮਾਧਿਅਮ ਨਾਲ ਕਰਨ ਦੀ ਇਜਾਜਤ ਹੈ। ਡਿਮਾਂਡ ਡ੍ਰਾਫਟ, ਬੈਂਕਰ ਚੈਕ, ਜਮ੍ਹਾ ਰਸੀਦਾਂ, ਐਫਡੀਆਰ ਆਦਿ ਦੇ ਮਾਧਿਅਮ ਨਾਲ ਮੈਨੂੰਅਲ ਦੀ ਇਜਾਜਤ ਨਹੀਂ ਹੈ।

ਐਨਆਈਟੀ ਹੇਡਰ

| | | | |
|---|---|---|---|
| ਕਰਾਰ ਦਾ ਪ੍ਰਕਾਰ | ਕੰਮ | | |
| ਕੰਮ ਦਾ ਨਾਮ | ਜੰਮੂ, ਕਟਰਾ, ਬਨਿਹਾਲ ਅਤੇ ਬੜਗਾਮ ਵਿਚ ਪੁਰਾਣੇ ਤਾਂਬੇ (ਕਾਪਰ) ਆਧਾਰਿਤ ਮਾਧਿਅਮ ਨੂੰ ਹਟਾ ਕੇ ਉਚ ਗਤੀ ਵਾਲੇ ਫਾਈਬਰ-ਟੂ-ਦ-ਹੋਮ (FTTH) ਆਪਟੀਕਲ ਫਾਈਬਰ ਨੈਟਵਰਕ ਦੁਆਰਾ ਰੇਲਨੇਟ (Railnet) ਸੇਵਾਵਾਂ ਦਾ ਆਧੁਨਿਕੀਕਰਨ ਕੀਤਾ ਜਾ ਰਿਹਾ ਹੇ | | |
| ਨਿਵਿਦਾ ਸਮਾਪਨ ਮਿਤੀ ਸਮਾਂ | 03.02.2026 15:00 | ਨਿਵਿਦਾ ਅਪਲੋਡ ਕਰਨ ਦੀ ਮਿਤੀ ਸਮਾਂ | 12.01.2026 20:35 |
| ਵਿਗਿਆਪਤ ਮੂਲ (ਰੂ.) | 39507063.37 | ਆਈਆਰਈਪੀਐਸ ਦੇ ਅਨੁਸਾਰ ਬੋਲੀ ਸ਼ੁਰੂ ਮਿਤੀ | 20.01.2026 |
| ਬਿਆਨਾ ਰਾਸ਼ੀ | 347500.00 | ਪੂਰਾ ਹੋਣ ਦਾ ਸਮਾਂ | 4 ਮਹੀਨੇ |

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ 135/26

## ਅਦਾਲਤੀ ਇਸ਼ਤਿਹਾਰ, ਬਾ ਅਦਾਲਤ ਜ਼ਿਲ੍ਹਾ ਮੈਰਿਜ ਅਫ਼ਸਰ, ਜਲੰਧਰ

ਸਪੈਸ਼ਲ ਮੈਰਿਜ਼ ਐਕਟ-1954 ਅਧੀਨ ਮੈਰਿਜ਼ ਰਜਿਸਟਰ ਕਰਵਾਉਣ ਸੰਬੰਧੀ ਨੋਟਿਸ
ਬਨਾਮ
ਜਨਰਲ ਪਬਲਿਕ



ਆਮ ਜਨਤਾ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ GURWINDER SINGH S/O SUCHA SINGH R/O H.NO. 2395/C, MOHALLA BHAI BHARA, KARTARPUR, JALANDHAR, PUNJAB (INDIA) ਨੇ ਇਸ ਅਦਾਲਤ ਵਿੱਚ ਸਪੈਸ਼ਲ ਮੈਰਿਜ ਐਕਟ 1954 ਅਧੀਨ DREAMY D/O SUNIL KUMAR SURI R/O 3352 SURIAN MOHALLA, WARD NO. 13 KARTARPUR, JALANDHAR, PUNJAB (INDIA).
ਨਾਲ ਮੈਰਿਜ ਰਜਿਸਟਰਡ ਕਰਵਾਉਣ ਲਈ ਦਰਖਾਸਤ ਦਿੱਤੀ ਹੈ।
ਜੇਕਰ ਕਿਸੇ ਵਿਅਕਤੀ ਨੂੰ ਇਹ ਮੈਰਿਜ ਰਜਿਸਟਰਡ ਹੋਣ ਵਿੱਚ ਕੋਈ ਇਤਰਾਜ ਹੋਵੇ ਤਾਂ ਉਹ ਖੁਦ ਜਾਂ ਵਕੀਲ ਰਾਹੀ ਆਪਣਾ ਇਤਰਾਜ ਇਸ ਇਸ਼ਤਿਹਾਰ ਦੇ ਪ੍ਰਕਾਸ਼ਿਤ ਹੋਣ ਦੀ ਮਿਤੀ ਤੋਂ 30 ਦਿਨਾਂ ਦੇ ਅੰਦਰ ਅੰਦਰ ਇਸ ਅਦਾਲਤ ਵਿੱਚ ਪੇਸ਼ ਕਰ ਸਕਦਾ ਹੈ।
ਇਸ ਤੋਂ ਬਾਅਦ ਵਿੱਚ ਆਏ ਇਤਰਾਜਾਂ ਤੇ ਕੋਈ ਗੋਰ ਨਹੀਂ ਕੀਤਾ ਜਾਵੇਗਾ।
ਨੰਬਰ 01/ਰੀਡਰ/ਏ.ਡੀ.ਸੀ ਮਿਤੀ : 13-01-2026 ਜ਼ਿਲਾ ਮੈਰਿਜ ਅਫ਼ਸਰ,ਜਲੰਧਰ

## AXIS BANK LTD.

ਰਿਟੇਲ ਐਸੇਟ ਸੈਂਟਰ 'ਦੂਜੀ ਅਤੇ ਤੀਜੀ ਮੰਜ਼ਲ, ਜਾਇਦਾਦ ਨੰ. 7-ਈ, ਮਲਹਾਰ ਰੋਡ, ਸਰਾਭਾ ਨਗਰ, ਲੁਧਿਆਣਾ-141001
ਕਾਰਪੋਰੇਟ ਦਫਤਰ : 'ਐਕਸਿਸ ਹਾਊਸ', ਸੀ-2, ਵਾਡੀਆ ਇੰਟਰਨੈਸ਼ਨਲ ਸੈਂਟਰ, ਪਾਂਡੂਰੰਗ ਬੁਧਕਰ ਮਾਰਗ, ਵਰਲੀ, ਮੁੰਬਈ-400025, ਰਜਿਸਟਰਡ ਦਫਤਰ : 'ਤ੍ਰਿਸ਼ੂਲ', ਤੀਸਰੀ ਮੰਜ਼ਲ, ਸਾਹਮਣੇ ਸਮਰਥੇਸ਼ਵਰ ਮੰਦਰ, ਲਾਅ ਗਾਰਡਨ, ਐਲਿਸਬ੍ਰਿਜ ਅਹਿਮਦਾਬਾਦ-380006

### ਅਚੱਲ ਜਾਇਦਾਦ ਦੀ ਵਿਕਰੀ ਵਾਸਤੇ ਈ-ਨਿਲਾਮੀ ਵਿਕਰੀ ਨੋਟਿਸ

ਸਕਿਉਰਿਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼, 2002 ਦੇ ਰੂਲ 8 (6) ਦੀਆਂ ਵਿਵਸਥਾਵਾਂ ਨਾਲ ਪੜ੍ਹੇ ਜਾਂਦੇ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਈਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਿਟੀ ਇੰਟਰੈਸਟ ਐਕਟ 2002 ਤਹਿਤ ਅਚੱਲ ਐੱਸਟਸ ਦੀ ਵਿੱਕਰੀ ਵਾਸਤੇ ਈ-ਨਿਲਾਮੀ ਨੋਟਿਸ।

ਆਮ ਜਨਤਾ ਅਤੇ ਖਾਸ ਕਰ ਕਰਜ਼ਦਾਰਾਂ ਅਤੇ ਗਰੰਟਰਾਂ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਹੇਠਾਂ ਦਰਸਾਈ ਅਚੱਲ ਜਾਇਦਾਦ ਸਕਿਉਰਡ ਕ੍ਰੈਡਿਟਰ ਕੋਲ ਰਹਿਣ/ਚਾਰਜ਼ਡ ਹੈ, ਜਿਸ ਦਾ ਭੌਤਿਕ ਕਬਜ਼ਾ ਐਕਸਿਸ ਬੈਂਕ ਲਿਮਟਿਡ ਦੇ ਅਧਿਕਾਰਤ ਅਫਸਰ ਸਕਿਉਰਡ ਕ੍ਰੈਡਿਟਰ ਵੱਲੋਂ ਪ੍ਰਾਪਤ ਕਰ ਲਿਆ ਗਿਆ ਹੈ, ਦੀ ਵਿਕਰੀ (1) ਮੈਸ. ਦਵਿੰਦਰ ਬੁਰਜ ਟਰੇਡਿੰਗ ਕੰਪਨੀ (2) ਸ੍ਰੀ ਦਵਿੰਦਰ ਸਿੰਘ ਪੁੱਤਰ ਮੁਖਤਾਰ ਸਿੰਘ (3) ਸ੍ਰੀ ਹਰਜਿੰਦਰ ਸਿੰਘ ਪੁੱਤਰ ਸ੍ਰੀ ਮੁਖਤਾਰ ਸਿੰਘ ਦੀ 31 ਜਨਵਰੀ 2026 ਨੂੰ ਬਕਾਇਆ ਰਕਮ ਰੁਪਏ 35,36,039/- (ਪੈਂਤੀ ਲੱਖ ਛੱਤੀ ਹਜ਼ਾਰ ਉਨਤਾਲੀ ਰੁਪਏ ਕੇਵਲ) ਦੀ ਵਸੂਲੀ ਲਈ "ਜਿਵੇਂ ਹੈ ਜਿੱਥੇ ਹੈ", "ਜਿਵੇਂ ਹੈ ਜੋ ਹੈ" ਅਤੇ "ਉੱਥੇ ਜੋ ਵੀ ਹੈ" ਦੇ ਅਧਾਰ 'ਤੇ 13 ਜਨਵਰੀ 2026 ਸਮੇਤ ਭਵਿੱਖੀ ਵਿਆਜ ਅਤੇ ਲਾਗਤਾਂ ਕੀਤੀ ਜਾਵੇਗੀ। ਜ਼ਰੂਰੀ ਵੇਰਵਿਆਂ ਲਈ ਕਿਰਪਾ ਕਰਕੇ ਨਿਲਾਮੀ ਸਾਰਣੀ ਦਾ ਹਵਾਲਾ ਲਿਆ ਜਾਵੇ।

| | |
|---|---|
| ਜਾਣਕਾਰੀ 'ਚ ਜੋਖਮ (ਜੇਕਰ ਕੋਈ ਹੈ) | ਕੋਈ ਨਹੀਂ |
| ਰਾਖਵੀਂ ਕੀਮਤ (ਰੁਪਏ 'ਚ) | ਰੁਪਏ 14,68,725/- (ਚੌਦਾ ਲੱਖ ਅਠਾਹਠ ਹਜ਼ਾਰ ਸੱਤ ਸੌ ਪੱਚੀ ਰੁਪਏ ਕੇਵਲ) |
| ਬਿਆਨਾ ਰਕਮ ਡਿਪਾਜ਼ਟ (ਰੁਪਏ 'ਚ) | ਰੁਪਏ 1,46,873/- (ਇੱਕ ਲੱਖ ਛਿਆਲੀ ਹਜ਼ਾਰ ਅੱਠ ਸੌ ਤਹੇਤਰ ਰੁਪਏ ਕੇਵਲ) |
| ਬੋਲੀ ਵਾਧਾ ਰਕਮ | 10,000/- (ਦਸ ਹਜ਼ਾਰ ਰੁਪਏ ਕੇਵਲ) |
| ਈ ਐੱਮ ਡੀ ਸਮੇਤ ਬੋਲੀਆਂ/ਟੈਂਡਰ ਜਮ੍ਹਾਂ ਕਰਵਾਉਣ ਲਈ ਅੰਤਮ ਮਿਤੀ, ਸਮਾਂ ਅਤੇ ਸਥਾਨ | ਐਕਸਿਸ ਬੈਂਕ ਲਿਮਟਿਡ ਰਿਟੇਲ ਐੱਸਟ ਸੈਂਟਰ, ਦੂਜੀ ਅਤੇ ਤੀਜੀ ਮੰਜ਼ਲ, ਜਾਇਦਾਦ ਨੰ. 7 ਈ, ਮਲਹਾਰ ਰੋਡ, ਸਰਾਭਾ ਨਗਰ, ਲੁਧਿਆਣਾ-141001, ਵਿਖੇ 30 ਜਨਵਰੀ 2026 ਨੂੰ ਸ਼ਾਮ ਦੇ 5.00 ਵਜੇ ਤੱਕ |
| ਜਨਤਕ ਈ-ਨੀਲਾਮੀ ਲਈ ਮਿਤੀ, ਸਮਾਂ ਅਤੇ ਸਥਾਨ | ਵੈੱਬ ਪੋਰਟਲ https://www.bankeauctions.com 'ਤੇ 31 ਜਨਵਰੀ 2026 ਨੂੰ ਸਵੇਰੇ 11.00 ਵਜੇ ਅਤੇ ਦੁਪਹਿਰ 01.00 ਵਜੇ ਦਰਮਿਆਨ, ਹਰੇਕ 5 ਮਿੰਟਾਂ ਦੇ ਅਸੀਮਤ ਵਾਧਿਆਂ ਨਾਲ। ਈ-ਨਿਲਾਮੀ ਬੋਲੀ ਫਾਰਮ, ਘੋਸ਼ਣਾ ਆਦਿ ਰੱਖਦੇ ਈ-ਨਿਲਾਮੀ ਟੈਂਡਰ ਦਸਤਾਵੇਜ਼ ਉਪਰੋਕਤ ਦਰਸਾਏ ਸਰਵਿਸ ਪ੍ਰੋਵਾਈਡਰ ਦੀ ਵੈੱਬਸਾਈਟ 'ਤੇ ਉਪਲੱਬਧ ਹਨ। |

ਸਾਰਣੀ-ਜਾਇਦਾਦ ਦਾ ਵੇਰਵਾ : ਬੈਨਾਮਾ ਵਸੀਕਾ ਨੰ. 1387 ਮਿਤੀ 19.05.2015 ਅਨੁਸਾਰ ਸ੍ਰੀ ਹਰਜਿੰਦਰ ਸਿੰਘ ਅਤੇ ਸ੍ਰੀ ਦਵਿੰਦਰ ਸਿੰਘ ਦੇ ਨਾਂਅ 'ਤੇ ਰਜਿਸਟਰਡ ਜਾਇਦਾਦ/ਦੁਕਾਨ ਰਕਬਾ 33.75 ਵਰਗ ਗਜ਼ ਨੰ. 677 ਖੇਤਰਫਲ 30 ਫੁੱਟ ਲੰਬਾਈ,10 ਫੁੱਟ ਚੌੜਾਈ ਵਾਕਿਆ ਰਕਬਾ ਮੰਡੀ ਭਗਤਾਂਵਾਲਾ ਅੰਮ੍ਰਿਤਸਰ ਨਾਲ ਸੰਬੰਧਤ ਸਭ ਕੁਝ। ਹੱਦਾਂ (ਸਾਈਟ ਅਨੁਸਾਰ) : ਉੱਤਰ : ਦੁਕਾਨ ਨੰ. 678, ਪੂਰਬ : ਸੜਕ, ਦੱਖਣ : ਦੁਕਾਨ ਨੰ. 676, ਪੱਛਮ : ਹੋਰ ਦੁਕਾਨ।

ਵਿਕਰੀ ਦੀਆਂ ਵਿਸਥਾਰਤ ਸ਼ਰਤਾਂ ਅਤੇ ਨਿਯਮਾਂ ਲਈ ਕ੍ਰਿਪਾ ਕਰਕੇ ਸਕਿਉਰਡ ਕ੍ਰੈਡਿਟਰ ਦੀ ਵੈੱਬਸਾਈਟ https://www.axisbank.com/auction-retail ਅਤੇ ਬੈਂਕ ਪ੍ਰਮਾਣਿਤ ਸਰਵਿਸ ਪ੍ਰੋਵਾਈਡਰ ਮੈਸ: ਸੀ-1 ਇੰਡੀਆ ਪ੍ਰਾਈਵੇਟ ਲਿਮਟਿਡ ਦੇ ਵੈੱਬ ਪੋਰਟਲ https://www.bankeauctions.com ਦਾ ਹਵਾਲਾ ਲਿਆ ਜਾਵੇ। ਈ-ਨਿਲਾਮੀ ਬੈਂਕ ਦੇ ਪ੍ਰਮਾਣਿਤ ਸਰਵਿਸ ਪ੍ਰੋਵਾਈਡਰ ਮੈਸ: ਸੀ-1 ਇੰਡੀਆ ਪ੍ਰਾਈਵੇਟ ਲਿਮਟਿਡ ਦੇ ਵੈੱਬ ਪੋਰਟਲ https://www.bankeauctions.com ਰਾਹੀਂ ਆਨਲਾਈਨ ਕੀਤੀ ਜਾਵੇਗੀ। ਹੋਰ ਸਹਾਇਤਾ ਲਈ ਚਾਹਵਾਨ ਬੋਲੀਕਾਰ ਸ੍ਰੀ ਸੰਦੀਪ ਬਵੇਜਾ (ਮੋਬਾਈਲ ਨੰ. 89207-05598) ਬੈਂਕ ਦੇ ਅਧਿਕਾਰਤ ਅਫਸਰ ਨਾਲ ਦਫਤਰੀ ਸਮੇਂ ਸਵੇਰੇ 9.30 ਵਜੇ ਤੋਂ ਸ਼ਾਮ ਦੇ 6.00 ਵਜੇ ਤੱਕ ਸੰਪਰਕ ਕਰ ਸਕਦੇ ਹਨ। ਇਸ ਨੋਟਿਸ ਨੂੰ ਕਰਜ਼ਦਾਰਾਂ ਲਈ ਸਕਿਉਰਿਟੀ ਇੰਟਰੈਸਟ (ਇਨਫੋਰਸਮੈਂਟ) ਰੂਲ, 2002 ਦੇ ਰੂਲ 8 (6) ਤਹਿਤ 15 ਦਿਨਾਂ ਦਾ ਨੋਟਿਸ ਮੰਨਿਆ ਜਾਵੇ।

ਮਿਤੀ : 15.01.2026, ਸਥਾਨ : ਅੰਮ੍ਰਿਤਸਰ, ਸਹੀ/-, (ਅਧਿਕਾਰਤ ਅਫਸਰ), ਐਕਸਿਸ ਬੈਂਕ ਲਿਮਟਿਡ

## ਬੈਂਕ ਆੱਫ਼ ਇੰਡਿਆ Bank of India BOI

SUB: NOTICE FOR PAYMENT OF OVERDUE LOCKER RENT

| ਲੜੀ ਨੰ. | ਲਾਕਰ ਧਾਰਕ ਦਾ ਨਾਂਅ | ਪਤਾ | ਲਾਕਰ ਕਿਰਾਏ ਦਾ ਬਕਾਇਆ | ਭੇਜੇ ਨੋਟਿਸਾਂ ਦਾ ਵੇਰਵਾ | ਕਦੋਂ ਤੋਂ ਬਕਾਇਆ |
|---|---|---|---|---|---|
| 1. | 2. | 3. | 4. | 5. | 6. |
| 1. | ਸਤਿੰਦਰ ਅਹੁਜਾ | ਹਾਊਸ ਨੰ. 201, ਪ੍ਰੀਮੀਅਮ ਅਪਾਰਟਮੈਂਟ, ਪੱਖੋਵਾਲ ਰੋਡ, ਗੁਰਦੇਵ ਨਗਰ, ਲੁਧਿਆਣਾ-141001 | Rs. 8,400/- +GST | 07.04.2025 07.07.2025 23.10.2025 | 17.06.2021 |
| 2. | ਰਿਤੀ ਸਿਆਲ | ਹਾਊਸ ਨੰ. ਬੀ II 1247, ਸ਼ਕੁੰਤਲਾ ਭਵਨ, ਨੇੜੇ ਦਮੋਰੀਆ ਪੁਲ, ਲੁਧਿਆਣਾ-141008 | Rs. 6,000/- +GST | 07.04.2025 07.07.2025 23.10.2025 | 12.02.2022 |
| 3. | ਸੰਤੋਸ਼ ਰਾਣੀ ਕਪੂਰ | 9719, ਜੋਸ਼ੀ ਨਗਰ, ਲੁਧਿਆਣਾ | Rs. 5,700/- +GST | 07.04.2025 07.07.2025 23.10.2025 | 15.02.2022 |
| 4. | ਅਮਿਤ ਕੁਮਾਰ | 01 ਬੀ ਡੀ ਹੇਨਰੀ ਬੇਰਗਸਨ 95200 ਸਰਸੇਲਸ, ਫਰਾਂਸ-95200 | Rs. 8,400/- +GST | 07.04.2025 07.07.2025 23.10.2025 | 23.07.2022 |
| 5. | ਸੋਹਨ ਲਾਲ | ਹਾਊਸ ਨੰ. 34/6607, ਤਰਸੇਮ ਕਾਲੋਨੀ, ਜੱਸੀਆਂ ਰੋਡ, ਹੈਬੋਵਾਲ ਕਲਾਂ, ਲੁਧਿਆਣਾ | Rs. 8,400/- +GST | 07.04.2025 07.07.2025 23.10.2025 | 18.08.2022 |
| 6. | ਸ਼ਿਆਮ ਗੋਇਲ | 09 ਏ ਕਿਚਲੂ ਨਗਰ, ਲੁਧਿਆਣਾ-141001 | Rs. 6,000/- +GST | 07.04.2025 07.07.2025 23.10.2025 | 24.09.2022 |
| 7. | ਮੋਹਿਤ ਧੀਰ | 10089, ਆਰੇਵਾਲੀ ਗਲੀ, ਹੈਬੋਵਾਲ ਕਲਾਂ, ਜੋਸ਼ੀ ਨਗਰ, ਲੁਧਿਆਣਾ-141001 | Rs. 6,000/- +GST | 07.04.2025 07.07.2025 23.10.2025 | 06.10.2022 |

'ਉਪਰੋਕਤ ਸਾਰੇ ਲਾਕਰ ਧਾਰਕਾਂ ਦੇ ਲਾਕਰ ਬੈਂਕ ਆਫ਼ ਇੰਡਿਆ, ਐੱਸ ਯੂ ਐੱਸ ਨਗਰ, ਲੁਧਿਆਣਾ ਬ੍ਰਾਂਚ 'ਚ ਹਨ। ਉਪਰੋਕਤ ਸਾਰਣੀ ਦੇ ਕਾਲਮ 5 ਵਿੱਚ ਦਰਸਾਈਆਂ ਮਿਤੀਆਂ ਨੂੰ ਲਾਕਰਾਂ ਦੇ ਬਕਾਏ ਲਈ ਸਾਡੇ ਵੱਲੋਂ ਵੱਖ-ਵੱਖ ਸੂਚਨਾਵਾਂ ਭੇਜੀਆਂ ਗਈਆਂ ਸਨ। ਸਾਡੇ ਵੱਲੋਂ ਵੱਖ-ਵੱਖ ਸਮੇਂ ਯਾਦ ਦਹਾਨੀ ਵੀ ਕਰਵਾਈ ਗਈ। ਸਾਰੇ ਲਾਕਰ ਧਾਰਕਾਂ ਨੂੰ ਇੱਕ ਵਾਰ ਫਿਰ ਉਪਰੋਕਤ ਸਾਰਣੀ ਦੇ ਕਾਲਮ ਨੰ. 4 'ਚ ਦਰਸਾਏ ਬਕਾਏ ਨੂੰ ਇਸ ਨੋਟਿਸ ਦੀ ਪ੍ਰਕਾਸ਼ਨਾ ਦੇ 15 ਦਿਨ ਦੇ ਅੰਦਰ-ਅੰਦਰ ਜਮ੍ਹਾਂ ਕਰਵਾਉਣ ਲਈ ਸਲਾਹ ਦਿੱਤੀ ਜਾਂਦੀ ਹੈ। ਨਹੀਂ ਤਾਂ ਕਿਰਾਏ ਦੀ ਅਦਾਇਗੀ ਨਾ ਹੋਣ 'ਤੇ ਬੈਂਕ ਉਨ੍ਹਾਂ ਦੇ ਲਾਕਰਾਂ (ਲਾਕਰ ਧਾਰਕਾਂ ਦੇ) ਦੀ ਲਾਗਤ, ਖਰਚੇ ਅਤੇ ਚਾਰਜਿਜ਼ ਸਮੁੱਚੀ ਜ਼ਿੰਮੇਵਾਰੀ ਤੇ ਜੋਖ਼ਮ 'ਤੇ ਇਸ ਨੋਟਿਸ ਦੇ ਛਪਣ ਤੋਂ 15 ਦਿਨ ਤੋਂ ਬਾਅਦ ਖੋਲ੍ਹ ਲਵੇਗਾ।

# ਕਲਾਸੀਫਾਈਡ ਇਸ਼ਤਿਹਾਰ

## Change of Name

I, Gaganjeet Singh S/o Manjit Singh R/o VPO Budhi Pind, Distt. Hoshiarpur, Punjab, have added Surname Singh with my name . All concerned to note please.

I, Jagmeet Singh S/o Joginder Singh R/o Villa No 649, Lane No 5, Seactor-1, Dream City Amritsar have declare that Jagmeet is my Given name and Singh is my Surname.

I hitherto known Lagan son of Ajit Singh resident of H.NO.C-58, New Beant Nagar, PO. P.A.P. Line, Distt Jalandhar, Punjab, 144006. Have changed my name and shall hereafter be known as Lagan Sharma.

I, Manjinder Singh S/o Sukhdev Singh R/o VPO Ghot Poker, Distt. Gurdaspur, Punjab, India declare that my given name as Manjinder and my surname as Singh.

I, Pinki W/o Rajesh Kumar R/o H.No. 1276, Bootan Pind, P.O. Model Town, Jalandhar have changed my name from Pinki to Pinky. All concerned please note.

I, Damanjot Singh son of Harjinder Singh resident of H.No. 130, Lane No. 5, Friends Colony, Opp. DAV College, Jalandhar, Punjab have changed my name from Damanjot Singh to Given Name as Damanjot & Surname as Singh. All concerned please note.

I, Amarjyoti W/o Som Dutt R/o H.No. 574, Moh. Santokhgarh, Nurmahal Road, Nakodar, Jalandhar, Punjab-144040 have changed my name from Amarjyoti to Amarjyoti Madhar (Madhar as Surname). All concerned please note.

I, Satnam Singh S/O Pirthi Pal resident of Vill. Bulandpur Near Dhir Colony, Nurpur, P.O Industrial Town, District Jalandhar-144004, Punjab Have Changed my Name To Given Name as Satnam And Surname as Singh. All Concerned Please Note.

I, Shifali (D/O Rajinder Chaudhary ) W/O Vinit Gupta R/O H.No 71 Guru Gobind Singh Avenue Jalandhar-144009, Punjab Have Changed my Name From Shifali To Shifali Gupta. All Concerned Please Note.

I hitherto known as SONIA D/O JOGINDER PAL, Residing at H no 23, Mahajana Mohalla, Dasuya, Hoshiarpur, Punjab, 144205, have changed my name and shall hereafter be known as SONIA ARORA.

## Change of Name

I, Jagjit Singh S/o Tota Singh R/o Village Gehri Mandi Distt Amritsar have changed my name from Jagjit Singh to Jagjeet Singh

I, Rakesh Kumar s/o Balwant Rai r/o Vill. Dhadda, Po. Hazara, Distt.Jalandhar have changed my name from Rakesh Kumar to Kumar Rakesh (Surname as Kumar)

I, Jagtar Singh s/o Tarsem Singh r/o Vill. Dhadda, Po. Hazara, Distt. Jalandhar have changed my name from Jagtar Singh to Singh Jagtar (Surname as Singh)

I Deepak Kumar S/O Gopal Krishan Patti Heta Ki V.P.O Rurka Kalan Tehsil Phillaur Distt. Jalandhar. I Have Changed My Name To Given Name As Deepak & Surname As Kumar. All Please Note.

## ਬੇਦਖਲੀ ਨੋਟਿਸ

ਮੈਂ ਬਲਵਿੰਦਰ ਸਿੰਘ ਪੁੱਤਰ ਸਰਦੂਲ ਸਿੰਘ ਵਾਸੀ ਈ13/1061, ਨੇੜ ਬਾਬਾ ਫਰੀਦ ਨਗਰ, ਪਿੰਡ ਕਾ, ਅੰਮ੍ਰਿਤਸਰ ਆਪਣੇ ਬੇਟੇ ਅਕਾਸ਼ ਸਿੰਘ ਜੋ ਮੇਰੇ ਕਹਿਣੇ ਵਿੱਚ ਨਹੀ ਹੈ, ਮੇਰੀ ਕੋਈ ਗੱਲ ਨਹੀਂ ਮੰਨਦਾ, ਆਪਣੀ ਮਰਜੀ ਕਰਦਾ ਹੈ ਨੂੰ ਆਪਣੀ ਚੱਲ ਅਚੱਲ, ਝੁੱਕਵੀ ਅਣਝੁਕਵੀ ਜਾਇਦਾਦ ਤੋ ਬੇਦਖਲ ਕਰਦਾ ਹਾਂ. ਉਸ ਦੇ ਕਿਸੇ ਵੀ ਮਾੜੇ ਚੰਗੇ ਕੰਮ, ਨਫ਼ੇ ਨੁਕਸਾਨ, ਲੈਣ ਦੇਣ, ਲੜਾਈ ਝਗੜੇ ਦੇ ਲਈ ਮੈਂ ਅਤੇ ਮੇਰੇ ਪਰਿਵਾਰ ਦਾ ਕੋਈ ਮੈਂਬਰ ਜਿੰਮੇਵਾਰ ਨਹੀ ਹੋਵੇਗਾ. ਮੇਰਾ ਹੁਣ ਅਕਾਸ਼ ਸਿੰਘ ਦੇ ਨਾਲ ਕੋਈ ਸੰਬੰਧ ਨਹੀ ਹੈ।

ਮੈਂ ਜਸਵਿੰਦਰ ਕੌਰ ਪਤਨੀ ਜਸਵੰਤ ਸਿੰਘ ਵਾਸੀ ਪਿੰਡ ਬੀਬੜੀ, ਜ਼ਿਲ੍ਹਾ ਕਪੂਰਥਲਾ ਘੋਸ਼ਣਾ ਕਰਦੀ ਹਾਂ ਕਿ ਮੇਰਾ ਲੜਕਾ ਗੁਰਜੀਤ ਸਿੰਘ ਅਤੇ ਨੂੰਹ ਅਮਨਦੀਪ ਕੌਰ ਮੇਰੇ ਕਹਿਣੇ ਤੋਂ ਬਾਹਰ ਹਨ ਅਤੇ ਆਪਣੀ ਮਨਮਰਜੀ ਕਰਦੇ ਹਨ। ਮੈਂ ਆਪਣੇ ਲੜਕੇ ਅਤੇ ਨੂੰਹ ਨੂੰ ਆਪਣੀ ਤਮਾਮ ਚੱਲ ਅਤੇ ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਉਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜਿੰਮੇਵਾਰ ਹੋਵੇਗਾ। ਸੰਬੰਧਤ ਨੋਟ ਕਰਨ।

ਅਸੀਂ, ਗੁਰਦੀਪ ਸਿੰਘ ਪੁੱਤਰ ਗੁਰਮੇਜ ਸਿੰਘ ਅਤੇ ਹਰਜਿੰਦਰ ਕੌਰ ਪਤਨੀ ਗੁਰਦੀਪ ਸਿੰਘ, ਵਾਸੀਆਨ ਪਿੰਡ ਅਲਗੋਂ ਕੋਠੀ, ਜ਼ਿਲ੍ਹਾ ਤਰਨ ਤਾਰਨ ਬਿਆਨ ਕਰਦੇ ਹਾਂ ਕਿ ਸਾਡੀਆਂ ਲੜਕੀਆਂ ਮਨਦੀਪ ਕੌਰ ਅਤੇ ਅਮਨਦੀਪ ਕੌਰ ਸਾਡੇ ਕਹਿਣੇ ਤੋਂ ਬਾਹਰ ਹਨ ਅਤੇ ਆਪਣੀ ਮਨਮਰਜ਼ੀ ਕਰਦੀਆਂ ਹਨ। ਅਸੀਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਮੈਂ, ਜਸਪਾਲ ਕੌਰ ਪਤਨੀ ਸੁਖਚਰਨ ਸਿੰਘ, ਵਾਸੀ ਠੱਠਾ ਕਿਸ਼ਨ ਸਿੰਘ, ਤਹਿਸੀਲ ਜ਼ੀਰਾ, ਜ਼ਿਲ੍ਹਾ ਫਿਰੋਜ਼ਪੁਰ ਦੀ ਹਾਂ, ਮੇਰੀਆਂ ਲੜਕੀਆਂ ਗੁਰਮੀਤ ਕੌਰ, ਕਮਲਜੀਤ ਕੌਰ ਪੁੱਤਰੀਆਨ ਸੁਖਚਰਨ ਸਿੰਘ ਮੇਰੇ ਕਹਿਣੇ ਤੋਂ ਬਾਹਰ ਹਨ। ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਨ੍ਹਾਂ ਨਾਲ ਮੇਰਾ ਜਾਂ ਮੇਰੇ ਪਰਵਾਰਕ ਮੈਂਬਰਾਂ ਦਾ ਕੋਈ ਸੰਬੰਧ ਨਹੀਂ ਰਿਹਾ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

## ਬੇਦਖਲੀ ਨੋਟਿਸ

ਮੈਂ, ਅਨੁਰਾਗ ਅਰੋੜਾ ਪੁੱਤਰ ਸ੍ਰੀ ਕੇਵਲ ਕਿਸ਼ਨ, ਵਾਸੀ ਮਕਾਨ ਨੰ: 654, ਗੁਰੂ ਤੇਗ ਬਹਾਦਰ ਨਗਰ, ਜਲੰਧਰ, ਪੰਜਾਬ ਬਿਆਨ ਕਰਦਾ ਹਾਂ ਕਿ ਮੇਰੀ ਲੜਕੀ ਤਨੀਸ਼ਾ ਅਰੋੜਾ ਮੇਰੇ ਕਹਿਣੇ ਤੋਂ ਬਾਹਰ ਹੈ। ਉਸ ਨੂੰ ਸਮਝਾਉਣ ਦੇ ਬਾਵਜੂਦ ਉਹ ਆਪਣੀ ਮਨਮਰਜੀ ਕਰਦੀ ਹਾਂ, ਜਿਸ ਕਾਰਨ ਮੈਂ ਉਸ ਵੱਲੋਂ ਕੀਤੇ ਵਰਤਾਰੇ ਲਈ ਪ੍ਰੇਸ਼ਾਨ ਹਾਂ। ਇਸ ਲਈ ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਸ ਨਾਲ ਮੇਰਾ ਕੋਈ ਸੰਬੰਧ ਨਹੀਂ ਰਿਹਾ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਅਸੀਂ, ਕਸ਼ਮੀਰ ਸਿੰਘ ਪੁੱਤਰ ਸੋਹਨ ਸਿੰਘ ਅਤੇ ਕੁਲਵਿੰਦਰ ਕੌਰ ਪਤਨੀ ਕਸ਼ਮੀਰ ਸਿੰਘ, ਵਾਸੀ ਪਿੰਡ ਸਿੱਧਵਾਂ ਜਮੀਤਾ, ਤਹਿਸੀਲ/ਜ਼ਿਲ੍ਹਾ ਗੁਰਦਾਸਪੁਰ। ਸਾਡਾ ਲੜਕਾ ਜੁਗਰਾਜ ਸਿੰਘ ਅਤੇ ਉਸ ਦੀ ਪਤਨੀ ਰੱਜੀ ਉਰਫ ਮੋਨਿਕਾ, ਜੋ ਸਾਡੇ ਅਤੇ ਸਾਡੇ ਪਰਵਾਰ ਦੇ ਕਹਿਣੇ ਤੋਂ ਬਾਹਰ ਹੋਣ ਕਰਕੇ ਅਸੀਂ ਇਨ੍ਹਾਂ ਦੋਨਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਜੋ ਇਨ੍ਹਾਂ ਨਾਲ ਲੈਣ-ਦੇਣ ਕਰੇਗਾ, ਖੁਦ ਜ਼ਿੰਮੇਵਾਰ ਹੋਵੇਗਾ। (ਡੋਗਰਾ)

ਮੈਂ, ਜੀਤ ਸਿੰਘ ਪੁੱਤਰ ਰਾਜਮੱਲ ਵਾਸੀ ਪਿੰਡ ਭਰੋਵਾਲ, ਤਹਿਸੀਲ ਗੜ੍ਹਸ਼ੰਕਰ, ਜ਼ਿਲ੍ਹਾ ਹੁਸ਼ਿਆਰਪੁਰ ਬਿਆਨ ਕਰਦਾ ਹਾਂ ਕਿ ਮੇਰਾ ਛੋਟਾ ਲੜਕਾ ਬਲਜਿੰਦਰ ਸਿੰਘ ਅਤੇ ਮੇਰੀ ਨੂੰਹ ਗੁਰਮਨਦੀਪ ਕੌਰ ਦੋਵੇਂ ਮੇਰੇ ਕਹਿਣੇ ਤੋਂ ਬਾਹਰ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਆਪਣੇ ਨਫੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਿਤ ਨੋਟ ਕਰਨ।

ਅਸੀਂ, ਕੁਲਵਿੰਦਰ ਸਿੰਘ ਪੁੱਤਰ ਪਿਆਰਾ ਸਿੰਘ ਅਤੇ ਗੁਰਵਿੰਦਰ ਕੌਰ ਪਤਨੀ ਕੁਲਵਿੰਦਰ ਸਿੰਘ ਵਾਸੀ ਪਿੰਡ ਤੇ ਡਾਕਖਾਨਾ ਸਿੰਘਪੁਰ, ਜ਼ਿਲ੍ਹਾ ਹੁਸ਼ਿਆਰਪੁਰ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਰਾਜਵਿੰਦਰ ਸਿੰਘ ਉਰਫ ਰਾਜੂ ਅਤੇ ਉਸ ਦੀ ਪਤਨੀ ਆਰਤੀ ਸ਼ਰਮਾ ਤੇ ਪੋਤਰਾ ਗੁਨਕੀਰਤ ਸਿੰਘ ਸਾਡੇ ਕਹਿਣੇ ਤੋਂ ਬਾਹਰ ਹਨ ਅਤੇ ਸਾਡੇ ਸਮਝਾਉਣ ਦੇ ਬਾਵਜੂਦ ਉਹ ਆਪਣੀ ਮਨਮਰਜ਼ੀ ਕਰਦੇ ਹਨ। ਅਸੀਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦੇ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸਾਡਾ ਤੇ ਸਾਡੇ ਪਰਵਾਰ ਦਾ ਇਨ੍ਹਾਂ ਨਾਲ ਕੋਈ ਤਲਕ-ਵਾਸਤਾ ਨਹੀਂ ਹੈ।

## ਨਾਂਅ ਦੀ ਬਦਲੀ

ਮੈਂ, ਉਮੇਸ਼ ਰਾਮ ਪੁੱਤਰ ਬਿਸ਼ਨਾਥ ਰਾਮ ਵਾਸੀ ਰੂਪਛਪਰਾ ਉਰਫ ਸਰੰਗਪੁਰ, ਮੁਜ਼ੱਫਰਪੁਰ, ਬਿਹਾਰ-843125, ਸੂਚਿਤ ਕਰਦਾ ਹਾਂ ਕਿ ਮੈਂ ਆਪਣੀ ਲੜਕੀ (ਆਧਾਰ ਨੰ: 9096 3811 4373) ਦਾ ਨਾਂਅ ਬਦਲ ਕੇ ਨਿਸ਼ਾ ਕੁਮਾਰੀ ਤੋਂ ਅਨੀਸ਼ਾ ਕੁਮਾਰੀ ਰੱਖ ਲਿਆ ਹੈ। ਅਤੇ ਉਸ ਦੀ ਸਹੀ ਜਨਮ ਤਰੀਖ 06/07/2009 ਹੈ। ਕ੍ਰਿਪਾ ਕਰਕੇ ਸੰਬੰਧਤ ਨੋਟ ਕਰਨ।

ਮੈਂ ਵਾਇਲਟ ਪਤਨੀ ਇਮਾਨੂੰਏਲ ਵਾਸੀ ਪਿੰਡ ਸੋਹਲ ਤਹਿਸੀਲ ਤੇ ਜ਼ਿਲ੍ਹਾ ਗੁਰਦਾਸਪੁਰ ਨੇ ਆਪਣਾ ਨਾਮ ਬਦਲ ਕੇ ਵਿਲਟ ਰੱਖ ਲਿਆ ਹੈ।

## ਆਮ ਸੂਚਨਾ

ਇਕ ਖੇਤੀਬਾੜੀ ਟਿਊਬਵੈੱਲ ਕੁਨੈਕਸ਼ਨ ਜਿਸ ਦਾ ਖਾਤਾ ਨੰ: ਐਕਸ 32 ਏਪੀ080248 ਐਕਸ ਹੈ, ਜੋ ਕਿ ਦਰਸ਼ਨ ਸਿੰਘ ਪੁੱਤਰ ਸੁੰਦਰ ਸਿੰਘ ਪਿੰਡ ਲਿੱਧੜਾਂ, ਜ਼ਿਲ੍ਹਾ ਜਲੰਧਰ ਦੇ ਨਾਂਅ ਉਪਰ ਚੱਲ ਰਿਹਾ ਹੈ, ਨੂੰ ਸ੍ਰੀਮਤੀ ਮਹਿੰਦਰ ਕੌਰ ਪਤਨੀ ਹਰਦੀਪ ਸਿੰਘ ਪਿੰਡ ਲਿੱਧੜਾਂ ਜ਼ਿਲ੍ਹਾ ਜਲੰਧਰ ਨੇ ਆਪਣੇ ਨਾਂਅ ਉਪਰ ਤਬਦੀਲ ਕਰਾਉਣ ਲਈ ਕਰਤਾਰਪੁਰ ਉਪ ਮੰਡਲ 2 ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਵਿਖੇ ਬਿਨੈਪੱਤਰ ਦਿੱਤਾ ਹੈ। ਜੇਕਰ ਇਸ ਸੰਬੰਧੀ ਕਿਸੇ ਨੂੰ ਕੋਈ ਇਤਰਾਜ਼ ਹੋਵੇ ਤਾਂ ਉਹ 15 ਦਿਨਾਂ ਦੇ ਅੰਦਰ-ਅੰਦਰ ਇਤਰਾਜ਼ ਲਿਖਤੀ ਰੂਪ ਵਿਚ ਇਸ ਦਫ਼ਤਰ ਵਿਚ ਪੇਸ਼ ਕਰ ਸਕਦਾ ਹੈ। ਇਸ ਤੋਂ ਬਾਅਦ ਬਣਦੀ ਕਾਰਵਾਈ ਕਰਕੇ ਨਾਂਅ ਤਬਦੀਲ ਕਰ ਦਿੱਤਾ ਜਾਵੇਗਾ। ਸਹਾਇਕ ਕਾਰਜਕਾਰੀ ਇੰਜੀਨੀਅਰ ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ ਉਪ ਮੰਡਲ ਨੰ: 2 ਕਰਤਾਰਪੁਰ।

ਹਰਜੀਤ ਸਿੰਘ ਪੁੱਤਰ ਅਮਰੀਕ ਸਿੰਘ ਭਾਨੂਆਂ ਏਪੀ02-977 ਦੇ ਨਾਮ ਮੋਟਰ ਕੁਨੈਕਸ਼ਨ ਹੈ। ਇਸ ਨੂੰ ਬਦਲ ਕੇ ਜਗਰਾਜ ਸਿੰਘ ਪੁੱਤਰ ਤੇਜਾ ਸਿੰਘ ਭਾਨੂਆਂ ਦੇ ਨਾਮ ਬਦਲੀ ਕਰਨ ਦੀ ਅਰਜੀ ਆਈ ਹੈ। ਜੇਕਰ ਕਿਸੇ ਨੂੰ ਇਤਰਾਜ ਹੈ ਤਾਂ 7 ਦਿਨਾ ਵਿੱਚ ਕਰ ਸਕਦਾ ਹੈ।ਵੱਲੋਂ:- ਐਸ.ਡੀ.ਓ ਪੰਜਾਬ ਰਾਜ ਪਾਵਰ ਕਾਰਪੋਰੇਸ਼ਨ ਲਿਮ: ਬੰਗਾਂ।

ਮੈ ਚੰਨਣ ਸਿੰਘ ਪੁੱਤਰ ਸਿੰਗਾਰਾ ਸਿੰਘ ਵਾਸੀ ਪਿੰਡ ਭੋਡੇ ਡਾਕ ਖਾਨਾ ਤਲਵਣ ਤਹਿਸੀਲ ਫਿਲੌਰ ਜ਼ਿਲ੍ਹਾ ਜਲੰਧਰ ਬਿਆਨ ਕਰਦਾ ਹਾਂ ਕਿ ਮੈਂ ਆਪਣੇ ਲੜਕੇ ਕੁਲਵਿੰਦਰ ਸਿੰਘ ਉਰਫ ਕਾਲੂ ਅਤੇ ਇਸ ਦੀ ਪਤਨੀ ਸੁਰਿੰਦਰ ਕੌਰ ਉਰਫ ਸਪਨਾ ਨੂੰ ਇਸ ਕਰਕੇ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕੀਤਾ ਸੀ ਕਿਉਂਕਿ ਉਹ ਮੇਰੇ ਕਹਿਣ ਤੋਂ ਬਾਹਰ ਸੀ। ਪਰ ਹੁਣ ਮੇਰਾ ਲੜਕਾ ਕੁਲਵਿੰਦਰ ਸਿੰਘ ਉਰਫ ਕਾਲੂ ਅਤੇ ਇਸ ਦੀ ਪਤਨੀ ਸੁਰਿੰਦਰ ਕੌਰ ਉਰਫ ਸਪਨਾ ਮੇਰੇ ਕਹਿਣੇ ਵਿੱਚ ਹਨ । ਮੇਰੀ ਸੇਵਾ ਕਰਦੇ ਹਨ। ਇਸ ਲਈ ਮੈਂ ਬੇਦਖਲੀ ਕੈਂਸਲ ਕਰਦਾ ਹਾਂ ਅੱਜ ਤੋ ਬਾਅਦ ਮੇਰਾ ਲੜਕਾ ਅਤੇ ਮੇਰੀ ਨੂੰਹ ਦੋਨੋਂ ਮੇਰੀ ਸਾਰੀ ਜਾਇਦਾਦ ਦੇ ਹੱਕਦਾਰ ਹਨ। ਸੰਬਧਤ ਨੋਟ ਕਰਨ।

ਮੈਂ, ਹਰਜਿੰਦਰ ਸਿੰਘ ਪੁੱਤਰ ਬਾਵਾ ਸਿੰਘ ਵਾਸੀ ਪਿੰਡ ਚਾਟੀਵਿੰਡ, ਤਰਨ ਤਾਰਨ ਰੋਡ, ਪੱਤੀ ਬਾਬਾ ਜੀਵਨ ਸਿੰਘ, ਜ਼ਿਲ੍ਹਾ ਅੰਮ੍ਰਿਤਸਰ ਬਿਆਨ ਕਰਦਾ ਹਾਂ ਕਿ ਮੇਰਾ ਵੱਡਾ ਭਰਾ ਰਣਜੀਤ ਸਿੰਘ, ਜਿਸ ਦੀ ਮੌਤ ਹੋ ਚੁੱਕੀ ਹੈ। ਉਸ ਦੇ ਲੜਕੇ ਅਰਜਨ ਸਿੰਘ ਅਤੇ ਹਰਸਿਮਰਨ ਸਿੰਘ ਅਤੇ ਦੂਸਰਾ ਭਰਾ ਸੁਰਜੀਤ ਸਿੰਘ, ਜਿਸ ਦੇ ਲੜਕੇ ਹਰਪ੍ਰੀਤ ਸਿੰਘ ਅਤੇ ਵਿਸ਼ਾਲ ਸਿੰਘ ਇਨ੍ਹਾਂ ਦਾ ਸਾਡੇ ਪਰਵਾਰ ਨਾਲ ਕੋਈ ਸੰਬੰਧ ਨਹੀਂ ਹੈ। ਇਹ ਆਪਣੇ ਕੀਤੇ ਕੰਮਾਂ ਦੇ ਆਪ ਜ਼ਿੰਮੇਵਾਰ ਹੋਣਗੇ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰਾ ਤੇ ਮੇਰੇ ਪਰਵਾਰ ਦਾ ਇਨ੍ਹਾਂ ਨਾਲ ਕੋਈ ਤਲਕ-ਵਾਸਤਾ ਨਹੀਂ ਹੈ।

## ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ

'ਨਵਾਂ ਜ਼ਮਾਨਾ' ਅਖ਼ਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖ਼ਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।

## ਸੜਕ ਹਾਦਸੇ 'ਚ ਐਂਬੂਲੈਂਸ ਚਾਲਕ ਦੀ ਮੌਤ

**ਕਪੂਰਥਲਾ (ਮਨਜੀਤ ਮਾਨ, ਪ੍ਰੀਤ ਸੰਗੋਜਲਾ)**- ਅੰਮ੍ਰਿਤਸਰ ਜੀ.ਟੀ. ਰੋਡ 'ਤੇ ਪਿੰਡ ਗਾਜੀ ਗੁੱਡਾਣਾ ਦੇ ਨਜ਼ਦੀਕ ਬੀਤੀ ਦੇਰ ਰਾਤ ਅਣਪਛਾਤੇ ਵਾਹਨ ਵਲੋਂ ਐਂਬੂਲੈਂਸ ਨੂੰ ਟੱਕਰ ਮਾਰੇ ਜਾਣ ਕਾਰਨ ਐਂਬੂਲੈਂਸ ਚਾਲਕ ਗੰਭੀਰ ਜ਼ਖਮੀ ਹੋ ਗਿਆ। ਜਿਸ ਦੀ ਸੂਚਨਾ ਮਿਲਣ 'ਤੇ ਸੜਕ ਸੁਰੱਖਿਆ ਫੋਰਸ ਨੇ ਜ਼ਖਮੀ ਐਂਬੂਲੈਂਸ ਚਾਲਕ ਨੂੰ ਸੁਭਾਨਪੁਰ ਨੇੜੇ ਨਿੱਜੀ ਹਸਪਤਾਲ ਵਿਖੇ ਦਾਖਲ ਕਰਵਾਇਆ, ਜਿੱਥੇ ਉਸਦੀ ਹਾਲਤ ਨੂੰ ਗੰਭੀਰ ਦੇਖਦਿਆਂ ਉਸਨੂੰ 108 ਐਂਬੂਲੈਂਸ ਦੀ ਸਹਾਇਤਾ ਨਾਲ ਸਿਵਲ ਹਸਪਤਾਲ ਕਪੂਰਥਲਾ ਰੈਫਰ ਕਰ ਦਿੱਤਾ ਗਿਆ ਜਿੱਥੇ ਉਸ ਦੀ ਇਲਾਜ ਦੌਰਾਨ ਮੌਤ ਹੋ ਗਈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਥਾਣਾ ਢਿਲਵਾਂ ਦੇ ਏ ਐੱਸ ਆਈ ਜਸਬੀਰ ਸਿੰਘ ਨੇ ਦੱਸਿਆ ਕਿ ਮ੍ਰਿਤਕ ਵਿਅਕਤੀ ਦੀ ਪਹਿਚਾਣ ਨਰਿੰਦਰ ਸਿੰਘ ਉਰਫ਼ ਗੋਲਡੀ ਪੁੱਤਰ ਦਿਲਬਾਗ ਸਿੰਘ ਵਾਸੀ ਚੰਡੀਗੜ੍ਹ ਵਜੋਂ ਹੋਈ। ਉਨ੍ਹਾਂ ਦੱਸਿਆ ਕਿ ਐਂਬੂਲੈਂਸ ਚਾਲਕ ਚੰਡੀਗੜ੍ਹ ਤੋਂ ਅੰਮ੍ਰਿਤਸਰ ਮਰੀਜ਼ ਲੈਣ ਲਈ ਜਾ ਰਿਹਾ ਸੀ ਤਾਂ ਜੀ.ਟੀ. ਰੋਡ 'ਤੇ ਗਾਜੀ ਗੁੱਡਾਣਾ ਨੇੜੇ ਇਹ ਹਾਦਸਾ ਵਾਪਰ ਗਿਆ। ਏ ਐੱਸ ਆਈ ਨੇ ਦੱਸਿਆ ਕਿ ਪਰਵਾਰਕ ਮੈਂਬਰਾਂ ਦੇ ਬਿਆਨਾਂ 'ਤੇ ਅਣਪਛਾਤੇ ਵਾਹਨ ਚਾਲਕ ਦੇ ਖ਼ਿਲਾਫ਼ ਕੇਸ ਦਰਜ ਕੀਤਾ ਗਿਆ ਹੈ ਤੇ ਮ੍ਰਿਤਕ ਵਿਅਕਤੀ ਦੇ ਪਰਵਾਰਕ ਮੈਂਬਰਾਂ ਦੇ ਬਿਆਨਾਂ ਤੋਂ ਬਾਅਦ ਲਾਸ਼ ਦਾ ਪੋਸਟਮਾਰਟਮ ਕਰਵਾਕੇ ਲਾਸ਼ ਨੂੰ ਵਾਰਸਾਂ ਹਵਾਲੇ ਕਰ ਦਿੱਤਾ ਗਿਆ।



## ਸਰਪੰਚ ਸਾਥੀਆਂ ਸਮੇਤ 'ਆਪ' 'ਚ ਸ਼ਾਮਲ



**ਫਿਲੌਰ (ਨਿਰਮਲ)** ਆਮ ਆਦਮੀ ਪਾਰਟੀ ਹਲਕਾ ਇੰਚਾਰਜ ਫਿਲੌਰ ਪ੍ਰਿੰਸੀਪਲ ਪ੍ਰੇਮ ਕੁਮਾਰ ਦੀ ਅਗਵਾਈ ਹੇਠ ਪਿੰਡ ਪੁਤਾਪੁਰ ਦੇ ਸਰਪੰਚ ਅਤੇ ਪਿੰਡ ਮੌ ਸਾਹਿਬ ਦੇ ਸਰਪੰਚਾਂ ਨੇ ਆਪਣੇ ਸਾਥੀਆਂ ਸਮੇਤ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਏ। ਇਸ ਮੌਕੇ ਪ੍ਰਿੰਸੀਪਲ ਪ੍ਰੇਮ ਕੁਮਾਰ ਨੇ ਨਵੇਂ ਸ਼ਾਮਲ ਹੋਏ ਸਰਪੰਚਾਂ ਅਤੇ ਆਗੂਆਂ ਦਾ ਪਾਰਟੀ ਵਿੱਚ ਸਵਾਗਤ ਕਰਦਿਆਂ ਕਿਹਾ ਕਿ ਆਮ ਆਦਮੀ ਪਾਰਟੀ ਵੱਲੋਂ ਲੋਕ-ਹਿੱਤ ਵਿੱਚ ਚਲਾਈਆਂ ਜਾ ਰਹੀਆਂ ਸਕੀਮਾਂ ਲੋਕਾਂ ਦਾ ਭਰੋਸਾ ਪਾਰਟੀ ਨਾਲ ਲਗਾਤਾਰ ਵੱਧ ਰਿਹਾ ਹੈ। ਉਨ੍ਹਾਂ ਕਿਹਾ ਕਿ ਸਿੱਖਿਆ, ਸਿਹਤ, ਬਿਜਲੀ ਅਤੇ ਆਮ ਲੋਕਾਂ ਦੀ ਭਲਾਈ ਲਈ ਕੀਤੇ ਜਾ ਰਹੇ ਕੰਮਾਂ ਨੇ ਪਿੰਡ ਪੱਧਰ ਤੇ ਵੀ ਆਪਣੀ ਵੱਖਰੀ ਪਹਿਚਾਣ ਬਣਾਈ ਹੈ। ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਣ ਵਾਲੇ ਦਵਿੰਦਰ ਸਿੰਘ ਸਾਬਕਾ ਸਰਪੰਚ, ਦਿਲਪ੍ਰੀਤ ਸਿੰਘ ਮੌਜੂਦਾ ਸਰਪੰਚ, ਸ਼ਿੰਗਾਰਾ ਸਿੰਘ ਪੰਚ, ਰਾਜ ਕੁਮਾਰ ਪੰਚ, ਲਖਵਿੰਦਰ ਕੌਰ ਪੰਚ, ਨਿਸ਼ਾ ਪੰਚ, ਭਵਿੰਦਰ ਕੌਰ ਸਾਬਕਾ ਸਰਪੰਚ, ਸੰਤੋਖ ਸਿੰਘ, ਬਲਵਿੰਦਰ ਰਾਮ, ਜੀਵਨ ਕੁਮਾਰ, ਗੁਦਾਵਰ ਸਿੰਘ, ਭਰਪੂਰ ਸਿੰਘ, ਉਮਰਜੀਤ ਸਿੰਘ ਪਿੰਡ ਮੌ ਸਾਹਿਬ ਦੇ ਸਰਪੰਚ ਇਸ ਮੌਕੇ ਬਲਾਕ ਪ੍ਰਧਾਨ ਸਰਪੰਚ ਪਿੰਡ ਸੰਗਤਪੁਰ ਤਰਸੇਮ ਸਿੰਘ, ਪਿੰਡ ਬੇਗਮਪੁਰ ਤੋਂ ਸਰਪੰਚ ਹਰਕਮਲ ਸਿੰਘ, ਦੀਪਾ ਬਕਾਪੁਰ ਪੀ ਏ ਹੋਰ ਪਾਰਟੀ ਆਗੂ ਹਾਜ਼ਰ ਸਨ।

## ਫੈਕਟਰੀ ਦੀ ਦੀਵਾਰ ਅੰਦਰੋਂ ਮਿਲੀ ਨੌਜਵਾਨ ਦੀ ਲਾਸ਼

**ਕਪੂਰਥਲਾ (ਮਨਜੀਤ ਮਾਨ, ਪ੍ਰੀਤ ਸੰਗੋਜਲਾ)**-ਥਾਣਾ ਸੁਭਾਨਪੁਰ ਦੇ ਨਜ਼ਦੀਕੀ ਪਿੰਡ ਹਮੀਰਾ ਜਗਤਜੀਤ ਫੈਕਟਰੀ ਦੀ ਦੀਵਾਰ ਅੰਦਰੋਂ ਖਾਲੀ ਬੋਕਸ ਪਲਾਟ ਵਿੱਚੋਂ ਇਕ ਨੌਜਵਾਨ ਦੀ ਲਾਸ਼ ਬਰਾਮਦ ਹੋਈ। ਪੱਤਰਕਾਰਾਂ ਨੂੰ ਮਿਲੀ ਜਾਣਕਾਰੀ ਅਨੁਸਾਰ ਸ਼ਮਸ਼ੇਰ ਸਿੰਘ ਪੁੱਤਰ ਕੁਲਵੰਤ ਸਿੰਘ ਵਾਸੀ ਜਲੰਧਰ ਦੇ ਪਰਵਾਰਕ ਮੈਂਬਰ ਨੇ ਦੱਸਿਆ ਕਿ ਸ਼ਮਸ਼ੇਰ ਸਿੰਘ ਡਰਾਈਵਰੀ ਦਾ ਕੰਮ ਕਰਦਾ ਸੀ। 6 ਜਨਵਰੀ ਨੂੰ ਉਹ ਗੱਡੀ ਲੈ ਕੇ ਬਟਾਲਾ ਤੋਂ ਜਲੰਧਰ ਵਾਪਸ ਆ ਰਿਹਾ ਸੀ ਤਾਂ ਉਸ ਨੇ ਹਮੀਰਾ ਵਿਖੇ ਕਿਸੇ ਚਾਹ ਦੀ ਦੁਕਾਨ ਤੋਂ ਚਾਹ ਪੀਤੀ ਸੀ ਅਤੇ ਫਿਰ ਉਸ ਦਾ ਕੋਈ ਅਤਾ ਪਤਾ ਨਹੀਂ ਚੱਲਿਆ। ਉਸ ਦੀ ਕਾਫੀ ਭਾਲ ਕੀਤੀ। ਫਿਰ ਅਸੀਂ ਥਾਣਾ ਸੁਭਾਨਪੁਰ ਪਹੁੰਚ ਕੇ ਸ਼ਮਸ਼ੇਰ ਸਿੰਘ ਦੀ ਗੁਮਸ਼ੁਦਗੀ ਦੀ ਸ਼ਿਕਾਇਤ ਦਰਜ ਕਰਵਾਈ ਸੀ ਪਰ ਮਿਤੀ 13 ਜਨਵਰੀ ਨੂੰ ਸਾਨੂੰ ਫੋਨ ਆਇਆ ਕਿ ਜਿਸ ਵਿਅਕਤੀ ਦੀ ਤੁਸੀਂ ਭਾਲ ਕਰਦੇ ਸੀ ਉਸ ਵਿਅਕਤੀ ਦੀ ਲਾਸ਼ ਜਗਤਜੀਤ ਫੈਕਟਰੀ ਹਮੀਰਾ ਦੀ ਦੀਵਾਰ ਅੰਦਰ ਪਈ ਹੈ। ਜਦੋਂ ਅਸੀਂ ਆ ਕੇ ਦੇਖਿਆ ਤਾਂ ਉਹ ਸ਼ਮਸ਼ੇਰ ਸਿੰਘ ਦੀ ਲਾਸ਼ ਸੀ ਇਸ ਸੰਬੰਧੀ ਜਦੋਂ ਸੁਭਾਨਪੁਰ ਦੇ ਮੁੱਖੀ ਇੰਸਪੈਕਟਰ ਬਿਕਰਮਜੀਤ ਸਿੰਘ ਚੋਹਾਨ ਨਾਲ ਗੱਲਬਾਤ ਕੀਤੀ ਤੇ ਉਨ੍ਹਾਂ ਦੱਸਿਆ ਕਿ ਲਾਸ਼ ਨੂੰ ਕਬਜ਼ੇ ਵਿਚ ਲੈ ਲਿਆ ਹੈ ਤੇ ਮੌਤ ਦੇ ਕਾਰਨ ਦਾ ਪਤਾ ਨਹੀਂ ਲੱਗ ਸਕਿਆ। ਲਾਸ਼ ਨੂੰ ਸਿਵਲ ਹਸਪਤਾਲ ਪੋਸਟ ਮਾਰਟਮ ਲਈ ਭੇਜ ਦਿੱਤੀ ਹੈ ਪੋਸਟਮਾਰਟਮ ਹੋਣ ਉਪਰੰਤ ਮੌਤ ਦੇ ਕਾਰਨ ਦਾ ਪਤਾ ਲੱਗ ਸਕੇਗਾ। ਲਾਸ਼ ਨੂੰ ਪਰਵਾਰਕ ਮੈਂਬਰਾਂ ਨੂੰ ਸੌਂਪ ਦਿੱਤਾ ਗਿਆ।

## ਬੇਟੀ ਬਚਾਓ-ਬੇਟੀ ਪੜ੍ਹਾਓ ਸਕੀਮ ਤਹਿਤ ਜ਼ਿਲ੍ਹਾ ਪੱਧਰੀ ਜਾਗਰੂਕਤਾ ਕੈਂਪ

**ਹੁਸ਼ਿਆਰਪੁਰ (ਓ ਪੀ ਰਾਣਾ)**- ਸਮਾਜਿਕ ਸੁਰੱਖਿਆ ਅਤੇ ਇਸਤਰੀ ਤੇ ਬਾਲ ਵਿਕਾਸ ਵਿਭਾਗ, ਪੰਜਾਬ ਵੱਲੋਂ 'ਬੇਟੀ ਬਚਾਓ-ਬੇਟੀ ਪੜ੍ਹਾਓ' ਸਕੀਮ ਅਧੀਨ ਔਰਤਾਂ ਲਈ ਸਿੱਖਿਆ, ਅਧਿਕਾਰਾਂ, ਸਿਹਤ, ਸਫ਼ਾਈ ਅਤੇ ਜਾਗਰੂਕਤਾ ਸਬੰਧੀ ਜ਼ਿਲ੍ਹਾ ਪੱਧਰੀ ਕੈਂਪ ਡਾ. ਬੀ.ਆਰ ਅੰਬੇਡਕਰ ਭਵਨ, ਰਾਮ ਕਲੋਨੀ ਕੈਂਪ, ਹੁਸ਼ਿਆਰਪੁਰ ਵਿਖੇ ਲਗਾਇਆ ਗਿਆ। ਇਸ ਸਮਾਗਮ ਵਿਚ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਮੁੱਖ ਮਹਿਮਾਨ ਸਨ। ਉਨ੍ਹਾਂ ਦੱਸਿਆ ਕਿ ਇਸ ਕੈਂਪ ਵਿੱਚ ਸਿਹਤ ਵਿਭਾਗ ਵੱਲੋਂ ਲੱਗਭਗ 250 ਔਰਤਾਂ ਦਾ ਮੁਫ਼ਤ ਹੈਲਥ ਚੈਕਅੱਪ ਕੀਤਾ ਗਿਆ। ਇਸ ਤੋਂ ਇਲਾਵਾ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ, ਹੁਸ਼ਿਆਰਪੁਰ ਵੱਲੋਂ ਔਰਤਾਂ ਅਤੇ ਲੜਕੀਆਂ ਨੂੰ ਰੋਜ਼ਗਾਰ ਪ੍ਰਦਾਨ ਕਰਨ ਲਈ ਵੱਖ- ਵੱਖ 15 ਕੰਪਨੀਆਂ ਵੱਲੋਂ ਰੋਜ਼ਗਾਰ ਕੈਂਪ ਲਗਾਇਆ ਗਿਆ। ਇਨ੍ਹਾਂ ਵੱਖ-ਵੱਖ 15 ਕੰਪਨੀਆਂ ਵੱਲੋਂ ਲਗਭਗ 250 ਔਰਤਾਂ ਅਤੇ ਲੜਕੀਆਂ ਨੂੰ ਰਜਿਸਟਰਡ ਕੀਤਾ ਗਿਆ।



## ਚਿੱਤਰਕਲਾ, ਅੱਖਰਕਾਰੀ ਤੇ ਫੋਟੋਗ੍ਰਾਫ਼ੀ ਦੀ ਪ੍ਰਦਰਸ਼ਨੀ ਅੱਜ ਤੋਂ

**ਜਲੰਧਰ (ਵਿਕਾਸ ਸਿੰਘ ਉੱਭੀ)**-ਕਲਾ ਤੇ ਕਲਾਕਾਰ ਮੰਚ ਜਲੰਧਰ ਵੱਲੋਂ ਸਥਾਨਕ ਪੰਜਾਬ ਪ੍ਰੈੱਸ ਕਲੱਬ ਦੇ ਸਹਿਯੋਗ ਨਾਲ 15 ਤੋਂ 16 ਜਨਵਰੀ ਨੂੰ ਸਵੇਰੇ 11 ਵਜੇ ਤੋਂ ਸ਼ਾਮ 5 ਵਜੇ ਤੱਕ ਪੰਜਾਬ ਪ੍ਰੈੱਸ ਕਲੱਬ ਜਲੰਧਰ ਵਿਖੇ ਚਿੱਤਰਕਲਾ, ਅੱਖਰਕਾਰੀ ਤੇ ਫੋਟੋਗ੍ਰਾਫੀ ਦੀ ਪ੍ਰਦਰਸ਼ਨੀ ਲਗਾਈ ਜਾ ਰਹੀ ਹੈ। ਮੰਚ ਦੇ ਸਰਪ੍ਰਸਤ ਸਤਨਾਮ ਸਿੰਘ ਮਾਣਕ ਨੇ ਮੰਚ ਵਲੋਂ ਸਭ ਨੂੰ ਇਹ ਪ੍ਰਦਰਸ਼ਨੀ ਦੇਖਣ ਤੇ ਆਪਣੇ ਵਿਚਾਰ ਦੇਣ ਦਾ ਸੱਦਾ ਦਿੱਤਾ ਹੈ। ਉਨ੍ਹਾਂ ਨੇ ਦੱਸਿਆ ਕਿ ਇਸ ਪ੍ਰਦਰਸ਼ਨੀ ਵਿਚ ਦੁਆਬੇ ਅਤੇ ਮਾਲਵੇ ਦੇ ਪੰਜ ਪ੍ਰਸਿੱਧ ਕਲਾਕਾਰ ਆਪਣੀਆਂ ਕਲਾਕ੍ਰਿਤੀਆਂ ਰਾਹੀਂ ਚਿੱਤਰਕਲਾ ਦੇ ਰੰਗ ਬਿਖੇਰਨਗੇ, ਜਿਨ੍ਹਾਂ ਵਿਚ ਚਿੱਤਰਕਾਰ ਗੁਰਮੀਤ ਹੀਰ, ਚਿੱਤਰਕਾਰ ਇੰਦਰਜੀਤ ਸਿੰਘ (ਜਲੰਧਰ), ਮੰਜਿਲ ਸਿੰਘ (ਜਲੰਧਰ), ਰਵੀ ਰਵਿੰਦਰ ਫੋਟੋਗ੍ਰਾਫ਼ਰ ਲੁਧਿਆਣਾ, ਕੰਵਰਦੀਪ ਸਿੰਘ ਅੱਖਰਕਾਰੀ (ਕਪੂਰਥਲਾ) ਆਦਿ ਪਹੁੰਚ ਰਹੇ ਹਨ। ਵਰਣਨਯੋਗ ਹੈ ਕਿ ਪਿਛਲੇ ਮਹੀਨੇ ਚਿੱਤਰਕਾਰ ਇੰਦਰਜੀਤ ਸਿੰਘ ਦੀ ਪ੍ਰਦਰਸ਼ਨੀ ਆਰਟ ਗੈਲਰੀ ਵਿੱਚ ਲਗਾਈ ਗਈ ਸੀ। ਕੰਵਰਦੀਪ ਸਿੰਘ ਅੱਖਰਕਾਰ ਪੰਜਾਬ ਤੋਂ ਮੁੰਬਈ ਤੱਕ ਆਪਣੀ ਕਲਾ ਦਾ ਹੁਨਰ ਦਿਖਾ ਚੁੱਕੇ ਹਨ। ਪ੍ਰੈੱਸ ਕਲੱਬ ਦੇ ਪ੍ਰਧਾਨ-ਸਤਪ੍ਰੀਤ ਸਿੰਘ ਸੈਣੀ ਨੇ ਮੰਚ ਦਾ ਸਹਿਯੋਗ ਕਰਦਿਆਂ ਕੌਂਸਲ ਤੋਂ ਇਲਾਵਾ ਦੇਸ਼ ਭਗਤ ਯਾਦਗਾਰ ਹਾਲ ਕਮੇਟੀ, ਡਾ. ਲਖਵਿੰਦਰ ਸਿੰਘ ਜੌਹਲ, ਗੁਰਵਿੰਦਰ ਔਜਲਾ, ਮੰਚ ਅਸ਼ੋਕ ਭੌਰਾ, ਬਲਜੀਤ ਬੱਲ, ਪਾਲੀ ਖਾਦਿਮ, ਕਮਲੇਸ਼ ਦੁੱਗਲ, ਸੁਰਿੰਦਰਪਾਲ ਸਿੰਘ, ਕੁਲਵਿੰਦਰ ਸਿੰਘ, ਐਡਵੋਕੇਟ ਹਰਦੀਪ ਸਿੰਘ ਭੱਟੀ (ਖੰਨਾ) ਆਦਿ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕਰ ਕੇ ਕਲਾਕਾਰਾਂ ਦੀ ਹੌਸਲਾ ਅਫ਼ਜ਼ਾਈ ਕਰਨਗੇ।



ਪਿੰਡ ਮੇਹਲੀ ਵਿਖੇ ਜਸਵੰਤ ਰਾਏ ਤੇ ਬਖਸ਼ਿੰਦਰ ਕੌਰ ਦੀ ਲਾਡਲੀ ਬੱਚੀ ਤਕਦੀਰ ਕੌਰ ਦੀ ਪਹਿਲੀ ਲੋਹੜੀ ਪਾਈ। ਇਸ ਮੌਕੇ ਜੱਸੀ ਕਲੇਰ,ਅਨੁ ਕਲੇਰ, ਅਵਤਾਰ ਤਾਰੀ, ਜਸਵਿੰਦਰ ਕੌਰ ਅਤੇ ਹੋਰ।

(ਫੋਟੋ ਤੇ ਵੇਰਵਾ : ਅਵਤਾਰ ਕਲੇਰ, ਬੰਗਾ)

## ਧੀਆਂ ਦੀ ਲੋਹੜੀ ਦਾ ਤਿਉਹਾਰ ਧੂਮਧਾਮ ਨਾਲ ਮਨਾਇਆ

**ਬਲਾਚੌਰ (ਜਸਵਿੰਦਰ ਬੈਂਸ)**

ਹਲਕਾ ਬਲਾਚੌਰ ਦੇ ਪਿੰਡ ਭੂਰੀਵਾਲੇ ਮਾਲੇਵਾਲ ਵਿਖੇ ਗ੍ਰਾਮ ਪੰਚਾਇਤ ਅਤੇ ਸਮੂਹ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ 'ਧੀਆਂ ਦੀ ਲੋਹੜੀ' ਦਾ ਤਿਉਹਾਰ ਬੜੇ ਉਤਸ਼ਾਹ ਅਤੇ ਸ਼ਰਧਾ ਨਾਲ ਮਨਾਇਆ ਗਿਆ। ਇਸ ਸਮਾਗਮ ਵਿੱਚ ਹਲਕਾ ਵਿਧਾਇਕਾ ਸੰਤੋਸ਼ ਕਟਾਰੀਆ ਅਤੇ ਹਲਕਾ ਯੂਥ ਪ੍ਰਧਾਨ ਕਰਨਵੀਰ ਕਟਾਰੀਆ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ ਅਤੇ ਨਵ-ਜੰਮੀਆਂ ਧੀਆਂ ਨੂੰ ਆਸ਼ੀਰਵਾਦ ਦਿੱਤਾ।ਸਮਾਗਮ ਦੌਰਾਨ ਪਿੰਡ ਦੀਆਂ 7 ਨਵ-ਜੰਮੀਆਂ ਧੀਆਂ ਦੀ ਲੋਹੜੀ ਮਨਾਈ ਗਈ, ਜਿੱਥੇ ਮੁੱਖ ਮਹਿਮਾਨਾਂ ਹਲਕਾ ਵਿਧਾਇਕ ਸੰਤੋਸ਼ ਕਟਾਰੀਆ, ਯੂਥ ਆਗੂ ਕਰਨਵੀਰ ਕਟਾਰੀਆ ਅਤੇ ਸੋਨੂੰ ਭੂੰਬਲਾ(ਪਤਨੀ ਸੰਜੀਵ ਪਿੰਟੂ) ਵੱਲੋਂ ਬੱਚੀਆਂ ਅਤੇ ਉਨ੍ਹਾਂ ਦੇ ਪਰਵਾਰਾਂ ਨੂੰ ਤੋਹਫ਼ੇ ਵੰਡ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਸੰਬੋਧਨ ਕਰਦਿਆਂ ਵਿਧਾਇਕਾ ਸੰਤੋਸ਼ ਕਟਾਰੀਆ ਨੇ ਕਿਹਾ ਕਿ ਅੱਜ ਦੇ ਯੁੱਗ ਵਿੱਚ ਧੀਆਂ ਕਿਸੇ ਵੀ ਖੇਤਰ ਵਿੱਚ ਪਿੱਛੇ ਨਹੀਂ ਹਨ। ਪੰਚਾਇਤ ਵੱਲੋਂ ਧੀਆਂ ਦੀ ਲੋਹੜੀ ਮਨਾਉਣ ਦਾ ਇਹ ਉਪਰਾਲਾ ਸਮਾਜ ਵਿੱਚ ਇੱਕ ਚੰਗਾ ਸੁਨੇਹਾ ਦਿੰਦਾ ਹੈ।ਹਲਕਾ ਯੂਥ ਪ੍ਰਧਾਨ ਕਰਨਵੀਰ ਕਟਾਰੀਆ ਨੇ ਜਿੱਥੇ ਧੀਆਂ ਦੀ ਲੋਹੜੀ ਦੀ ਵਧਾਈ ਦਿੱਤੀ, ਉੱਥੇ ਹੀ ਉਨ੍ਹਾਂ ਨੇ ਜ਼ਿਲ੍ਹਾ ਪ੍ਰੀਸ਼ਦ ਚੋਣਾਂ ਵਿੱਚ ਮਿਲੀ ਵੱਡੀ ਜਿੱਤ ਲਈ ਪਿੰਡ ਵਾਸੀਆਂ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਪਿੰਡ ਵਾਸੀਆਂ ਵੱਲੋਂ ਮਿਲੇ ਪਿਆਰ ਅਤੇ ਸਹਿਯੋਗ ਸਦਕਾ ਹੀ ਇਹ ਜਿੱਤ ਸੰਭਵ ਹੋਈ ਹੈ।ਇਸ ਮੌਕੇ ਸਮੂਹ ਗ੍ਰਾਮ ਪੰਚਾਇਤ ਮੈਂਬਰ ਧਰਮਪਾਲ ਮੂੰਡਣ ,ਜਸਪਾਲ ਕਟਾਰੀਆ, ਬਲਰਾਮ ਕਟਾਰੀਆ, ਹਰਦੀਪ ਸਿੰਘ , ਗੀਤਾ ਦੇਵੀ ,ਪੁਸ਼ਪਾ ਦੇਵੀ ਅਤੇ ਮਨਜੀਤ ਕੌਰ ਅਤੇ ਮੋਹਤਬਰ ਵਿਅਕਤੀ ਸੋਨੂੰ ਭੂੰਬਲਾ ਪਤਨੀ ਸੰਜੀਵ ਪਿੰਟੂ, ਅਛਰ ਦਾਸ, ਮਾਸਟਰ ਰਾਕੇਸ਼ ਭੂੰਬਲਾ,ਦੇਵ ਰਾਜ, ਬਲਵੀਰ, ਬ੍ਰਜੇਸ਼ ਭੂੰਬਲਾ, ਕਾਲਾ ਭੂੰਬਲਾ, ਸੁਭਾਸ਼ ਸਰਪੰਚ ਪੰਡੋਰੀ , ਨੀਲ ਕੰਠ, ਰਘਵੀਰ ਰਾਣਾ, ਬਲਕਾਰ ਚੇਚੀ, ਬਲਵੀਰ ਕਟਾਰੀਆ,ਸਿੰਦਰ , ਦਵਿੰਦਰ ਉਧਨਵਾਲ, ਵਿਜੇ ਸਮਰਾਲਾ, ਜਿੰਦੂ , ਅਸ਼ੋਕ ਕੁਮਾਰ, ਬਾਂਟੀ ਭੂੰਬਲਾ, ਸਤਪਾਲ ਮੀਲੂ, ਗੁਰਚਰਨ ਦਾਸ, ਰਾਮ ਸਰੂਪ ਫੌਜੀ, ਦੇਵਰਾਜ, ਮਨੋਹਰ ਲਾਲ, ਗੁਰਮੇਲ ਚੰਦ, ਓਮੀ ਭੂੰਬਲਾ, ਟੇਕ ਚੰਦ , ਗੁਰਪ੍ਰਸਾਦ, ਸੁਨੀਲ ਭੂੰਬਲਾ, ਸੁਭਾਸ਼ ਭੂੰਬਲਾ, ਪ੍ਰਦੀਪ ਦੇਦੜ, ਸੋਹਨ ਲਾਲ, ਸ਼ਾਮ, ਰਾਜੂ ਲੁਧਿਆਣਾ,ਵਿਜੇ ਲੁਧਿਆਣਾ, ਰਾਮ ਸ਼ਾਹ,ਬਖਸ਼ੀਸ ,ਰਘਵੀਰ ਨੀਟੂ, ਪਵਨ ਕੁਮਾਰ, ਮੇਹਰ ਚੰਦ, ਹੁਸਨ ਚੰਦ ਬਲਾਕ ਪ੍ਰਧਾਨ, ਸੁਰਜੀਤ ਲੰਬੜ, ਜਿੰਦਰ ਭੂੰਬਲਾ, ਰਾਮਪਾਲ, ਵਿਜੇ ਕੁਮਾਰ, ਗੋਪਾਲ ਭੂੰਬਲਾ, ਅਜੇਪਾਲ, ਹੁਸਨ ਲਾਲ, ਸਿੰਦਰ ਭੂੰਬਲਾ, ਤੇਲੂ ਰਾਮ, ਰਾਮਪ੍ਰਕਾਸ਼, ਲਾਡੀ, ਰਿਕੂ ਫੌਜੀ, ਬਿਦਰ ਫੌਜੀ , ਅਸ਼ਵਨੀ ਫੌਜੀ,ਗੁਰਚਰਨ ਮੀਲੂ,ਚਮਨ ਕਟਾਰੀਆ, ਵਿੱਕੀ ਕਟਾਰੀਆ ,ਚਮਨ ਲਾਲ,ਜਸਪਾਲ , ਸੇਠੀ ਭੂੰਬਲਾ, ਹਰਵਿੰਦਰ ਭਾਟੀਆ, ਸ਼ੈਰੀ, ਬਲਜੀਤ , ਤਨਵੀਰ, ਰਾਜੂ, ਅਤੇ ਵੱਡੀ ਗਿਣਤੀ ਵਿੱਚ ਨਗਰ ਨਿਵਾਸੀ ਹਾਜ਼ਰ ਸਨ, ਜਿਨ੍ਹਾਂ ਨੇ ਲੋਹੜੀ ਦੀਆਂ ਖੁਸ਼ੀਆਂ ਸਾਂਝੀਆਂ ਕੀਤੀਆਂ।



## ਨਗਰ ਕੌਂਸਲ ਬਲਾਚੌਰ ਨੇ ਧੂਮਧਾਮ ਨਾਲ ਮਨਾਈ ਲੋਹੜੀ

**ਬਲਾਚੌਰ (ਜਸਵਿੰਦਰ ਬੈਂਸ)**- ਨਗਰ ਕੌਂਸਲ ਬਲਾਚੌਰ ਦੇ ਦਫ਼ਤਰ ਵਿਖੇ ਲੋਹੜੀ ਦਾ ਤਿਉਹਾਰ ਬੜੀ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਨਗਰ ਕੌਂਸਲ ਦੇ ਪ੍ਰਧਾਨ ਸੁਨੀਲ ਕੌਸ਼ਲ (ਲਾਡੀ ਰਾਣਾ) ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ ਤੇ ਉਨ੍ਹਾਂ ਨੇ ਸਮੂਹ ਸਟਾਫ ਤੇ ਇਲਾਕਾ ਨਿਵਾਸੀਆਂ ਨਾਲ ਮਿਲ ਕੇ ਲੋਹੜੀ ਦੀ ਅਗਨੀ ਪ੍ਰਚੰਡ ਕੀਤੀ। ਸਮਾਗਮ ਦੌਰਾਨ ਸੰਬੋਧਨ ਕਰਦਿਆਂ ਪ੍ਰਧਾਨ ਲਾਡੀ ਰਾਣਾ ਨੇ ਕਿਹਾ ਕਿ ਲੋਹੜੀ ਪੰਜਾਬ ਦਾ ਇੱਕ ਅਹਿਮ ਤਿਉਹਾਰ ਹੈ ਜੋ ਆਪਸੀ ਭਾਈਚਾਰਕ ਸਾਂਝ ਅਤੇ ਖੁਸ਼ੀਆਂ ਦਾ ਪ੍ਰਤੀਕ ਹੈ। ਉਨ੍ਹਾਂ ਕਿਹਾ ਕਿ ਸਾਨੂੰ ਅਜਿਹੇ ਤਿਉਹਾਰ ਰਲ-ਮਿਲ ਕੇ ਮਨਾਉਣੇ ਚਾਹੀਦੇ ਹਨ ਤਾਂ ਜੋ ਸਾਡੀ ਅਮੀਰ ਵਿਰਾਸਤ ਆਉਣ ਵਾਲੀਆਂ ਪੀੜ੍ਹੀਆਂ ਤੱਕ ਪਹੁੰਚ ਸਕੇ। ਉਨ੍ਹਾਂ ਨੇ ਨਗਰ ਕੌਂਸਲ ਦੇ ਸਮੂਹ ਕਰਮਚਾਰੀਆਂ ਅਤੇ ਸ਼ਹਿਰ ਵਾਸੀਆਂ ਨੂੰ ਇਸ ਪਵਿੱਤਰ ਦਿਹਾੜੇ ਦੀ ਲੱਖ-ਲੱਖ ਵਧਾਈ ਦਿੱਤੀ। ਇਸ ਮੌਕੇ 'ਤੇ ਨਗਰ ਕੌਂਸਲ ਦੇ ਵੱਖ-ਵੱਖ ਵਾਰਡਾਂ ਕੌਂਸਲਰ ਤੇ ਵਿਭਾਗ ਦੇ ਉੱਚ ਅਧਿਕਾਰੀ ਵੀ ਮੌਜੂਦ ਸਨ। ਸਮਾਗਮ ਦੌਰਾਨ ਰਵਾਇਤੀ ਮੂੰਗਫਲੀ ਅਤੇ ਰਿਓੜੀਆਂ ਵੰਡ ਕੇ ਇੱਕ-ਦੂਜੇ ਦਾ ਮੂੰਹ ਮਿੱਠਾ ਕਰਵਾਇਆ ਗਿਆ। ਹਾਜ਼ਰ ਅਧਿਕਾਰੀਆਂ ਅਤੇ ਕੌਂਸਲਰਾਂ ਨੇ ਵੀ ਇਸ ਮੌਕੇ ਸ਼ਹਿਰ ਦੇ ਵਿਕਾਸ ਅਤੇ ਲੋਕਾਂ ਦੀ ਸੇਵਾ ਲਈ ਆਪਣੀ ਵਚਨਬੱਧਤਾ ਦੁਹਰਾਈ। ਇਸ ਮੌਕੇ ਵਿਸ਼ੂ ਰਾਣਾ ਸਹਿ ਇੰਚਾਰਜ ਮੀਡੀਆ ਹਲਕਾ ਬਲਾਚੌਰ,ਬਿੱਟੂ ਰਾਣਾ, ਰਣਜੀਤ ਸਿੰਘ ਕਾਕਾ ਵਾਇਸ ਪ੍ਰਧਾਨ,ਜਸਵਿੰਦਰ ਸਿਆਨ, ਰਾਧੇ ਸ਼ਾਮ ਬਿੱਲੂ, ਰਾਮ ਪਾਲ ਮਹੈਸ਼ੀ,ਨਿਰਮਲਾ ਰਾਣੀ, ਪਰਮਿੰਦਰ ਮੇਨਕਾ, ਪੰਮਾ ਭਟਿਆ , ਨਰੇਸ਼ ਚੌਧਰੀ ਹਾਜ਼ਰ ਸਨ।



## ਐੱਸ ਸੀ ਐਂਡ ਬੀ ਸੀ ਕਰਮਚਾਰੀ ਫੈਡਰੇਸ਼ਨ ਵੱਲੋਂ ਸਾਲ 2026 ਦਾ ਕਲੰਡਰ ਜਾਰੀ

**ਫਗਵਾੜਾ (ਜਸਵਿੰਦਰ ਢੱਡਾ)**- ਐੱਸ ਸੀ ਐਂਡ ਬੀਸੀ ਕਰਮਚਾਰੀ ਫੈਡਰੇਸ਼ਨ ਪੰਜਾਬ ਦੀ ਇਕ ਅਹਿਮ ਮੀਟਿੰਗ ਰੈਸਟ ਹਾਊਸ ਫਗਵਾੜਾ ਵਿਖੇ ਫੈਡਰੇਸ਼ਨ ਦੇ ਪ੍ਰਧਾਨ ਬੂਟਾ ਰਾਮ ਸ਼ਤਰਾਨਾ ਦੀ ਪ੍ਰਧਾਨਗੀ ਹੇਠ ਹੋਈ ਤੇ ਇਸ ਮੌਕੇ ਸਾਲ 2026 ਦਾ ਕੈਲੰਡਰ ਰਿਲੀਜ਼ ਕੀਤਾ ਗਿਆ। ਇਸ ਮੌਕੇ ਪੂਰੇ ਪੰਜਾਬ ਤੋਂ ਆਏ ਫੈਡਰੇਸ਼ਨ ਦੇ ਵੱਖ-ਵੱਖ ਅਹੁਦੇਦਾਰਾਂ ਤੇ ਮੈਂਬਰਾਂ ਵੱਲੋਂ ਫੈਡਰੇਸ਼ਨ ਦੀ ਵਧੀਆ ਕਾਰਗੁਜ਼ਾਰੀ ਲਈ ਆਪਣੇ ਵਿਚਾਰ ਪੇਸ਼ ਕੀਤੇ ਗਏ। ਫੈਡਰੇਸ਼ਨ ਦੀਆਂ ਅਹਿਮ ਮੰਗਾਂ ਵਿੱਚੋਂ ਪਹਿਲੀ ਮੁੱਖ ਮੰਗ ਪੰਜਾਬ ਸਰਕਾਰ ਨੂੰ 85ਵੀਂ ਸੋਧ ਨੂੰ ਲਾਗੂ ਕਰਨ, 10-10 -2014 ਦਾ ਗੈਰ ਕਾਨੂੰਨੀ ਪੱਤਰ ਵਾਪਸ ਕਰਨ, ਪੇ ਕਮਿਸ਼ਨ ਦਾ ਏਰੀਅਰ ਇੱਕੋ ਕਿਸ਼ਤ ਵਿੱਚ ਜਾਰੀ ਕਰਨ, ਪੁਰਾਣੀ ਪੈਨਸ਼ਨ ਲਾਗੂ ਕਰਨ, ਛੇਵੇਂ ਪੇ ਕਮਿਸ਼ਨ ਦੀਆਂ ਤਰੁੱਟੀਆਂ ਨੂੰ ਦੂਰ ਕਰਨ ਅਤੇ ਡੀਏ ਦੀਆਂ ਕਿਸਤਾਂ ਤੁਰੰਤ ਜਾਰੀ ਕਰਨਾ ਅਤੇ ਹੋਰ ਜਾਇਜ਼ ਮੰਗਾਂ ਮੰਨਣ ਦੀ ਅਪੀਲ ਕੀਤੀ ਗਈ। ਇਸ ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਮੁੱਖ ਸਰਪ੍ਰਸਤ ਗਿਆਨ ਚੰਦ ਨਈਅਰ,ਸਰਪ੍ਰਸਤ ਰਮੇਸ਼ ਸਹੋਤਾ, ਕੈਸ਼ੀਅਰ ਤਜਿੰਦਰ ਸਿੰਘ ਪਟਿਆਲਾ, ਵਾਇਸ ਚੇਅਰਮੈਨ ਇੰਜੀਨੀਅਰ ਪਰਵਿੰਦਰ ਕੁਮਾਰ ਫਗਵਾੜਾ, ਦਵਿੰਦਰ ਭੱਟੀ ਵਧੀਕ ਪ੍ਰਧਾਨ, ਸੂਬਾ ਐਡਵਾਈਜ਼ਰ ਕਰਨੈਲ ਸਿੰਘ, ਸੂਬਾ ਆਰਗੇਨਾਈਜ਼ਰ ਇੰਜੀਨੀਅਰ ਮਹਿੰਦਰ ਕੁਮਾਰ ਪਟਿਆਲਾ, ਗੁਰਪਾਲ ਸਿੰਘ ਪਟਿਆਲਾ, ਗੁਰਮੀਤ ਸਿੰਘ ਪਟਿਆਲਾ, ਇੰਜੀਨੀਅਰ ਗੁਰਪ੍ਰੀਤ, ਦਵਿੰਦਰ ਬਾਹੋਵਾਲ ਹੁਸ਼ਿਆਰ,ਇੰਜੀਨੀਅਰ ਮੁਕੇਸ਼, ਦਵਿੰਦਰ ਕੁਮਾਰ ਪ੍ਰਧਾਨ ਨੰਗਲ, ਸੁਰਿੰਦਰ ਕੁਮਾਰ ਨੰਗਲ ਡੈਮ, ਰਾਕੇਸ਼ ਕੁਮਾਰ, ਨਿਰਮਲਜੀਤ ਨੰਗਲ, ਪਰਮਜੀਤ ਲਾਲ ਨੰਗਲ, ਅਵਤਾਰ ਸਿੰਘ ਫਗਵਾੜਾ ਤੋਂ ਇਲਾਵਾ ਹੋਰ ਬਹੁਤ ਸਾਰੇ ਮੁਲਾਜ਼ਮ ਸਾਥੀ ਮੌਜੂਦ ਸਨ।



## ਬੇਗਮਪੁਰਾ ਟਾਈਗਰ ਫੋਰਸ ਨੇ ਵਿਦਿਅਕ ਅਦਾਰਿਆਂ 'ਚ ਸੰਵਿਧਾਨ ਨੂੰ ਪੜ੍ਹਾਉਣ ਲਈ ਮੁੱਖ ਮੰਤਰੀ ਨੂੰ ਭੇਜਿਆ ਮੰਗ ਪੱਤਰ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਬੇਗਮਪੁਰਾ ਟਾਈਗਰ ਫੋਰਸ ਦੇ ਕੌਮੀ ਚੇਅਰਮੈਨ ਤਰਸੇਮ ਦੀਵਾਨਾ ਤੇ ਕੌਮੀ ਪ੍ਰਧਾਨ ਧਰਮਪਾਲ ਸਾਹਨੇਵਾਲ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਫੋਰਸ ਦੇ ਜ਼ਿਲ੍ਹਾ ਪ੍ਰਧਾਨ ਹੈਪੀ ਫਤਹਿਗੜ੍ਹ ਤੇ ਬੰਟੀ ਹਰਿਆਣਾ ਬਲਾਕ ਪ੍ਰਧਾਨ ਹਰਿਆਣਾ ਭੂੰਗਾ ਵੱਲੋਂ ਸੂਬੇ ਦੇ ਸਮੂਹ ਵਿੱਦਿਅਕ ਅਦਾਰਿਆਂ ਵਿੱਚ ਭਾਰਤੀ ਸੰਵਿਧਾਨ ਨੂੰ ਲਾਜ਼ਮੀ ਵਿਸ਼ੇ ਵਜੋਂ ਪੜ੍ਹਾਉਣ ਲਈ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੂੰ ਏ ਡੀ ਸੀ ਪਰਮਪ੍ਰੀਤ ਸਿੰਘ ਹੁਸ਼ਿਆਰਪੁਰ ਰਾਹੀਂ ਇੱਕ ਮੰਗ ਪੱਤਰ ਭੇਜਿਆ ਗਿਆ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਹੈਪੀ ਫਤਹਿਗੜ੍ਹ ਤੇ ਬੰਟੀ ਹਰਿਆਣਾ ਨੇ ਦੱਸਿਆ ਕਿ ਭਾਰਤੀ ਸੰਵਿਧਾਨ ਦੁਨੀਆਂ ਦੇ ਸਭ ਤੋਂ ਵਧੀਆ ਸੰਵਿਧਾਨਾ ਵਿੱਚੋਂ ਇੱਕ ਹੈ। ਪਰ ਦੁੱਖ ਦੀ ਗੱਲ ਹੈ ਕਿ ਪੰਜਾਬ ਵਾਸੀਆਂ ਨੂੰ ਭਾਰਤੀ ਸੰਵਿਧਾਨ ਬਾਰੇ ਬਹੁਤੀ ਜਾਣਕਾਰੀ ਨਾ ਹੋਣ ਕਰਕੇ ਉਹ ਅਧਿਕਾਰਾਂ ਤੋਂ ਵਾਂਝੇ ਰਹਿ ਜਾਂਦੇ ਹਨ ਜਾਂ ਉਹਨਾਂ ਵਿੱਚ ਜਾਣੇ ਅਣਜਾਣੇ ਅਨੁਸ਼ਾਸਨਹੀਨਤਾ ਪਾਈ ਜਾ ਰਹੀ ਹੈ। ਕਈ ਨਾਗਰਿਕ ਆਪਣੇ ਅਧਿਕਾਰਾਂ ਤੋਂ ਵਾਂਝੇ ਰਹਿ ਜਾਂਦੇ ਹਨ ਇਸ ਲਈ ਉਹਨਾਂ ਨੂੰ ਭਾਰਤੀ ਸੰਵਿਧਾਨ ਬਾਰੇ ਜਾਣਕਾਰੀ ਹੋਣੀ ਬਹੁਤ ਜ਼ਰੂਰੀ ਹੈ। ਇਸ ਮੌਕੇ ਹੋਰਨਾਂ ਤੋ ਇਲਾਵਾ ਬਿੱਟੂ ਸ਼ੇਰਗੜ੍ਹ, ਬੰਟੀ ਹਰਿਆਣਾ, ਗੁਰਦੀਪ ਰਿਹਾਣਾ ਕਲਾ, ਕੁਲਵੰਤ ਹਰਿਆਣਾ ਕਲਾ, ਸਤੀਸ਼ ਕੁਮਾਰ, ਰਵੀ, ਮਨੀ, ਨਿੱਕੂ ਸੁੰਦਰ ਨਗਰ, ਖੁਸ਼ਦੀਪ, ਮੋਹਿਤ ਸ਼ੇਰਗੜ੍ਹ, ਮੋਹਿਤ ਬਿਰਦੀ, ਹੇਮੰਤ ਬਿਰਦੀ, ਗੁਰਦੀਪ ਬਿਰਦੀ, ਭੋਲਾ ਸ਼ੇਰਗੜ੍ਹ, ਰਾਮ ਮੂਰਤੀ ਸ਼ੇਰਪੁਰ, ਗੁਰਪਾਲ ਸਿੰਘ ਅਸਲਾਮਾਬਾਦ, ਮਨਜੀਤ ਸਿੰਘ ਦਸ਼ਮੇਸ਼ ਨਗਰ ਆਦਿ ਹਾਜ਼ਰ ਸਨ।



## ਸਕੂਲ ਦਾ ਸਮਾਂ 31 ਤੱਕ 10 ਤੋਂ 3 ਕਰੇ ਪੰਜਾਬ ਸਰਕਾਰ : ਜੀ ਟੀ ਯੂ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**- ਗੌਰਮਿੰਟ ਟੀਚਰਜ਼ ਯੂਨੀਅਨ ਦੇ ਜ਼ਿਲ੍ਹਾ ਜਥੇਬੰਦਕ ਸੀਨੀਅਰ ਆਗੂ ਪ੍ਰਿੰਸ ਪਲਿਆਲ ਗੜਦੀਵਾਲਾ ਅਤੇ ਆਗੂ ਪਰਵੀਨ ਚੌਧਰੀ ਨੇ ਪ੍ਰੈਸ ਨਾਲ ਗੱਲ ਕਰਦਿਆਂ ਕਿਹਾ ਕਿ ਸੰਘਣੀ ਧੁੰਦ ਅਤੇ ਸ਼ੀਤ ਲਹਿਰ ਨੂੰ ਧਿਆਨ ਵਿੱਚ ਰੱਖਦੇ ਹੋਏ ਸਕੂਲ ਸਮਾਂ 31 ਜਨਵਰੀ ਤੱਕ 10 ਤੋਂ 3 ਕਰੇ ਪੰਜਾਬ ਸਰਕਾਰ। ਉਹਨਾਂ ਕਿਹਾ ਕਿ ਮੌਸਮ ਵਿਭਾਗ ਵੱਲੋਂ ਪਹਿਲਾਂ ਹੀ ਐਡਵਾਈਜਰੀ ਜਾਰੀ ਕਰ ਦਿੱਤੀ ਗਈ ਹੈ ਕਿ ਆਉਂਦੇ ਦਿਨਾਂ ਵਿੱਚ ਮੌਸਮ ਹੋਰ ਵੀ ਖਰਾਬ ਰਹਿ ਸਕਦਾ ਹੈ। ਅਜਿਹੇ ਧੁੰਦ ਭਰੇ ਮੌਸਮ ਵਿੱਚ ਬੱਚਿਆਂ ਅਤੇ ਦੂਰ ਦੁਰਾਡੇ ਤੋਂ ਆਉਂਦੇ ਅਧਿਆਪਕਾਂ ਦਾ ਸਕੂਲ ਆਉਣਾ-ਜਾਣਾ ਬਹੁਤ ਔਖਾ ਹੈ। ਉਹਨਾਂ ਕਿਹਾ ਕਿ ਕੋਈ ਅਣਸੁਖਾਵੀ ਘਟਨਾ ਵਾਪਰਨ ਤੋਂ ਪਹਿਲਾਂ ਹੀ ਸਰਕਾਰ ਨੂੰ 31 ਜਨਵਰੀ ਤੱਕ ਸਕੂਲ ਸਮਾਂ 10 ਤੋਂ 3 ਕਰ ਦੇਣਾ ਚਾਹੀਦਾ ਹੈ। ਇਸ ਮੌਕੇ ਤੇ ਕੁਲਵਿੰਦਰ ਸਿੰਘ, ਸਾਹਿਲ ਠਾਕੁਰ, ਦਵਿੰਦਰ ਸਿੰਘ, ਪਰਮਜੀਤ ਸਿੰਘ, ਪਰਵੀਨ ਚੌਧਰੀ, ਸੋਹਣ ਲਾਲ, ਸੰਜੀਵ ਕੁਮਾਰ, ਆਦਿ ਸਾਥੀ ਹਾਜ਼ਰ ਸਨ।

## ਓਲਡ ਏਜ ਹੋਮ ਵਿਖੇ ਬਜ਼ੁਰਗਾਂ ਨਾਲ ਮਨਾਇਆ ਲੋਹੜੀ ਦਾ ਤਿਉਹਾਰ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਲਾਇਨਜ਼ ਕਲੱਬ ਹੁਸ਼ਿਆਰਪੁਰ ਪਰਲ ਵੱਲੋਂ ਓਲਡ ਏਜ ਹੋਮ ਰਾਮ ਕਲੋਨੀ ਕੈਂਪ ਵਿੱਚ ਲੋਹੜੀ ਦਾ ਪਵਿੱਤਰ ਤਿਉਹਾਰ ਪ੍ਰਧਾਨ ਵਿਜੇ ਅਰੋੜਾ ਦੀ ਪ੍ਰਧਾਨਗੀ ਹੇਠ ਮਨਾਇਆ ਗਿਆ। ਇਸ ਮੌਕੇ ਓਲਡ ਏਜ ਹੋਮ ਵਿਖੇ ਰਹਿ ਰਹੇ ਬਜ਼ੁਰਗਾਂ ਨੂੰ ਮੂੰਗਫਲੀ, ਰੇਵੜੀ, ਜੂਸ, ਫਲ ਅਤੇ ਹੋਰ ਖਾਣ-ਪੀਣ ਦੀ ਸਮੱਗਰੀ ਭੇਟ ਕੀਤੀ ਗਈ। ਇਸ ਮੌਕੇ ਪ੍ਰਧਾਨ ਵਿਜੇ ਅਰੋੜਾ ਨੇ ਕਿਹਾ ਕਿ ਲੋਹੜੀ ਸਿਰਫ਼ ਇੱਕ ਤਿਉਹਾਰ ਨਹੀਂ, ਸਗੋਂ ਆਪਸੀ ਪਿਆਰ, ਸਤਿਕਾਰ ਤੇ ਏਕਤਾ ਦਾ ਪ੍ਰਤੀਕ ਹੈ। ਉਨ੍ਹਾਂ ਨੇ ਕਿਹਾ ਕਿ ਬਜ਼ੁਰਗਾਂ ਦੇ ਚਿਹਰਿਆਂ 'ਤੇ ਖ਼ੁਸ਼ੀ ਵੇਖ ਕੇ ਮਨ ਨੂੰ ਬਹੁਤ ਸਕੂਨ ਮਿਲਿਆ।ਇਸ ਮੌਕੇ ਪ੍ਰਮੁੱਖ ਸਮਾਜਸੇਵੀ ਸੰਜੀਵ ਅਰੋੜਾ ਅਤੇ ਲਾਇਨ ਉਮੇਸ਼ ਰਾਣਾ ਨੇ ਕਿਹਾ ਕਿ ਪੰਜਾਬ ਦੀ ਲੋਕ ਸੰਸਕ੍ਰਿਤੀ ਦਾ ਪ੍ਰਮੁੱਖ ਤਿਉਹਾਰ ਲੋਹੜੀ ਹੁਣ ਸਿਰਫ਼ ਅੱਗ ਜਲਾਉਣ ਤੱਕ ਸੀਮਤ ਨਹੀਂ ਰਹਿ ਗਿਆ, ਸਗੋਂ ਸਮੇਂ ਦੇ ਨਾਲ ਇਸ ਵਿੱਚ ਕਾਫ਼ੀ ਬਦਲਾਅ ਆਇਆ ਹੈ।ਇਸ ਮੌਕੇ ਓਲਡ ਏਜ ਹੋਮ ਪ੍ਰਬੰਧਕਾਂ ਨੇ ਲਾਇਨਜ਼ ਕਲੱਬ ਦੇ ਮੈਂਬਰਾਂ ਦਾ ਧੰਨਵਾਦ ਕੀਤਾ।ਆਖ਼ਿਰ ਵਿੱਚ ਸਾਰਿਆਂ ਨੇ ਮਿਲ ਕੇ ਲੋਹੜੀ ਦੇ ਗੀਤ ਗਾਏ ਤੇ ਬਜ਼ੁਰਗਾਂ ਵਿੱਚ ਖਾਣ ਪੀਣ ਵਾਲੀ ਸਮਗਰੀ ਵੰਡੀਂ ਗਈ।ਲਾਇਨ ਵਿਜੇ ਅਰੋੜਾ, ਲਾਇਨ ਸੰਜੀਵ ਅਰੋੜਾ, ਲਾਇਨ ਉਮੇਸ਼ ਰਾਣਾ, ਲਾਇਨ ਹਰਜੀਤ ਸਿੰਘ ਭਾਟੀਆ, ਲਾਇਨ ਅਸ਼ਵਨੀ ਕੁਮਾਰ ਦੱਤਾ, ਲਾਇਨ ਐਚ. ਕੇ. ਨਾਕੜਾ ਸਮੇਤ ਹੋਰ ਮੈਂਬਰ ਹਾਜ਼ਰ ਸਨ।

## ਧੀ ਦੀ ਲੋਹੜੀ ਪਾਉਣ ਵਾਲਾ ਪਰਵਾਰ ਬਣਿਆ ਪ੍ਰੇਰਨਾਦਾਇਕ

**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)**- ਇੱਥੋਂ ਨਜ਼ਦੀਕ ਪਿੰਡ ਅਲਾਚੌਰ ਵਿਖੇ ਇੱਕ ਪਰਵਾਰ ਵੱਲੋਂ ਆਪਣੀ ਨਵ ਜਨਮੀ ਬੱਚੀ ਮਿਹਰ ਕੌਰ ਦੀ ਲੋਹੜੀ ਪਾ ਕੇ ਧੀਆਂ ਪੁੱਤਰਾਂ ਪ੍ਰਤੀ ਬਰਾਬਰਤਾ ਦਾ ਪ੍ਰੇਰਨਾਦਾਇਕ ਸੰਦੇਸ਼ ਸਾਂਝਾ ਕੀਤਾ ਗਿਆ ਹੈ। ਪਿੰਡ ਦੇ ਬਾਬਾ ਖੇਮ ਸਿੰਘ ਮਾਡਲ ਹਾਈ ਸਕੂਲ ਦੇ ਵਿਹੜੇ ਵਿੱਚ ਲੋਹੜੀ ਦੀ ਧੂਣੀ ਬਾਲ੍ਹ ਕੇ ਲੋਹੜੀ ਪਾਈ ਗਈ। ਇਸ ਮੌਕੇ ਉਪਕਾਰ ਸੋਸਾਇਟੀ ਦੇ ਪ੍ਰਧਾਨ ਜੇ ਐੱਸ ਗਿੱਦਾ, ਸਕੱਤਰ ਦੇਸ ਰਾਜ ਬਾਲੀ ਤੇ ਮਨਜੀਤ ਕੌਰ ਐੱਮ ਡੀ ਨੇ ਧੀਆਂ ਦੀ ਲੋਹੜੀ ਮਨਾਉਣ ਦੇ ਮੰਤਵ ਬਾਰੇ ਆਪਣੇ ਵਿਚਾਰ ਸਾਂਝੇ ਕੀਤੇ। ਨਵ ਜਨਮੀਆਂ ਲੜਕੀਆਂ ਦੀ ਲੋਹੜੀ ਪਾਉਣਾ ਵੀ ਬੇਟੀ ਬਚਾਓ ਯਤਨਾਂ ਦਾ ਹੀ ਹਿੱਸਾ ਬਣਿਆ ਹੋਇਆ ਹੈ। ਇਸ ਵੇਲੇ ਪ੍ਰੀਵਾਰ ਵਲੋਂ ਮੈਨੇਜਮੈਂਟ ਪ੍ਰਧਾਨ ਪਰਮਿੰਦਰ ਸਿੰਘ, ਮਨਜੀਤ ਸਿੰਘ, ਸਕੂਲ ਪ੍ਰਿੰਸੀਪਲ, ਡਾ. ਮਹਿਕਦੀਪ ਕੌਰ, ਉਪਕਾਰ ਪ੍ਰਧਾਨ ਜੇ ਐਸ ਗਿੱਦਾ, ਸਕੱਤਰ ਦੇਸ ਰਾਜ ਬਾਲੀ, ਡਾ.ਅਵਤਾਰ ਸਿੰਘ ਦੇਨੋਵਾਲ ਕਲਾਂ, ਹਰਬੰਸ ਕੌਰ, ਰਾਜਿੰਦਰ ਕੌਰ ਗਿੱਦਾ, ਬਲਵਿੰਦਰ ਕੌਰ ਬਾਲੀ, ਦਰਸ਼ਨ ਕੌਰ, ਜਸਵਿੰਦਰ ਕੌਰ ਢੱਲ, ਹਰਪਾਲ ਸਿੰਘ ਹੰਸਰੋਂ ਤੇ ਗੁਰਵਿੰਦਰ ਸਿੰਘ ਬਸਿਆਲ੍ਹਾ, ਸੰਤੋਸ਼, ਮਨਜੀਤ ਕੌਰ, ਅਮਨਦੀਪ ਕੌਰ, ਅੰਜੂ, ਬੇਵੀ, ਮਨਪ੍ਰੀਤ ਯਾਦਵ, ਜਯੋਤੀ, ਬਲਵਿੰਦਰ ਕੌਰ,ਪ੍ਰੀਤੀ ਚੰਦੇਰ, ਹਰਪ੍ਰੀਤ ਕੌਰ, ਸਰਬਜੀਤ ਕੌਰ ਤੇ ਬਲਜੀਤ ਕੌਰ ਆਦਿ ਪ੍ਰਮੁੱਖ ਤੌਰ ਤੇ ਹਾਜ਼ਰ ਸਨ। ਪਰਵਾਰ ਵਲੋਂ ਉਪਕਾਰ ਸੋਸਾਇਟੀ ਮੈਂਬਰਾਂ ਨੂੰ ਸਨਮਾਨਤ ਕੀਤਾ ਗਿਆ ਤੇ ਬੱਚੀ ਦੇ ਜਨਮ ਦੀ ਖੁਸ਼ੀ ਵਿੱਚ ਸੋਸਾਇਟੀ ਦੀ ਮਾਲੀ ਮਦਦ ਕੀਤੀ ਗਈ।



## ਦੀ-ਗੋਲਡਨ ਵੈੱਲਫੇਅਰ ਸੁਸਾਇਟੀ ਨੇ ਲੋਹੜੀ ਦਾ ਤਿਉਹਾਰ ਮਨਾਇਆ

**ਨਕੋਦਰ (ਮਨਜੀਤ ਮਾਨ)**

ਦੀ-ਗੋਲਡਨ ਵੈਲਫੇਅਰ ਸੁਸਾਇਟੀ ਵੱਲੋਂ ਲੋਹੜੀ ਦੇ ਤਿਉਹਾਰ ਦਾ ਪ੍ਰੋਗਰਾਮ ਗੋਲਡਨ ਐਵਨਿਊ ਕਲੋਨੀ ਨਕੋਦਰ ਵਿਖੇ ਮਨਾਇਆ ਗਿਆ, ਜਿਸ ਵਿੱਚ ਸਮੂਹ ਕਲੋਨੀ ਨਿਵਾਸੀਆਂ ਦੇ ਪਰਵਾਰਾਂ ਤੇ ਕਲੋਨੀ ਦੀ ਸੁਸਾਇਟੀ ਦੇ ਮੈਂਬਰਾਂ ਵੱਲੋਂ ਸ਼ਿਰਕਤ ਕੀਤੀ ਗਈ।ਇਸ ਪ੍ਰੋਗਰਾਮ ਦੇ ਵਿੱਚ ਛੋਟੇ ਬੱਚਿਆਂ ਵੱਲੋਂ ਭੰਗੜਾ ਅਤੇ ਗਿੱਧੇ ਦੀਆਂ ਆਈਟਮਾਂ ਨੂੰ ਪੇਸ਼ ਕੀਤਾ ਗਿਆ ਤੇ ਲੇਡੀਜ ਵੱਲੋਂ ਆਪਣੇ ਅੰਦਾਜ਼ ਵਿੱਚ ਡਾਂਸ ਅਤੇ ਬੋਲੀਆਂ ਨਾਲ ਲੋਹੜੀ ਮਨਾਉਣ ਲਈ ਮਨੋਰੰਜਨ ਕੀਤਾ ਗਿਆ।ਇਸ ਮੌਕੇ ਦਲਜੀਤ ਸਿੰਘ ਤੇਜੀ ਪ੍ਰਧਾਨ ਦੀ-ਗੋਲਡਨ ਐਵਨਿਊ ਵੈਲਫੇਅਰ ਸੋਸਾਇਟੀ ਵੱਲੋਂ ਸਾਰਿਆਂ ਲੋਹੜੀ ਦੇ ਤਿਉਹਾਰ ਦੀਆਂ ਮੁਬਾਰਕਾਂ ਦੇਣ ਦੇ ਨਾਲ ਸੋਸਾਇਟੀ ਵੱਲੋਂ ਵੱਖ-ਵੱਖ ਪ੍ਰੋਗਰਾਮਾਂ ਬਾਰੇ ਜਾਣਕਾਰੀ ਸਾਂਝੀ ਕੀਤੀ ਗਈ।ਮਨਜਿੰਦਰ ਸਿੰਘ ਬੱਲ (ਜਨਰਲ ਸਕੱਤਰ) ਵੱਲੋਂ ਆਏ ਹੋਏ ਸਾਰੇ ਮਹਿਮਾਨਾਂ ਤੇ ਪਰਵਾਰਕ ਮੈਂਬਰਾਂ ਦਾ ਇਸ ਲੋਹੜੀ ਦੇ ਪ੍ਰੋਗਰਾਮ ਵਿੱਚ ਸ਼ਾਮਿਲ ਹੋਣ ਤੇ ਧੰਨਵਾਦ ਕੀਤਾ।ਇਸ ਮੌਕੇ 'ਤੇ ਸਾਰੇ ਆਏ ਹੋਏ ਮਹਿਮਾਨਾਂ ਤੇ ਪਰਿਵਾਰਾਂ ਦੇ ਮੈਂਬਰਾਂ ਲਈ ਚਾਹ-ਪਾਣੀ, ਲੱਡੂ, ਮੂੰਗਫਲੀ ਰੇਵੜੀਆਂ ਆਦਿ ਦਾ ਖ਼ਾਸ ਪ੍ਰਬੰਧ ਕੀਤਾ ਗਿਆ ਸੀ।ਮਨਜਿੰਦਰ ਸਿੰਘ ਬੱਲ ਵੱਲੋਂ ਪ੍ਰੈਸ ਨਾਲ ਜਾਣਕਾਰੀ ਸਾਂਝੀ ਕਰਦਿਆਂ ਸਾਰੇ ਦੇਸ਼ ਵਾਸੀਆਂ ਅਤੇ ਵਿਦੇਸ਼ਾਂ ਵਿੱਚ ਰਹਿੰਦੇ ਸਾਕ ਸਬੰਧੀ ਅਤੇ ਨਜਦੀਕੀ ਰਿਸ਼ਤੇਦਾਰਾਂ ਨੂੰ ਲੋਹੜੀ ਦੇ ਤਿਉਹਾਰ ਦੀਆਂ ਮੁਬਾਰਕਾਂ ਦਿੱਤੀਆਂ ਗਈਆਂ ਅਤੇ ਸੁੱਖ ਸ਼ਾਂਤੀ ਅਤੇ ਖੁਸ਼ੀਆਂ ਤੇ ਖੇੜਿਆਂ ਭਰਿਆ ਸਮਾਂ ਆਉਣ ਦੀ ਕਾਮਨਾ ਕੀਤੀ ਗਈ।ਇਸ ਪ੍ਰੋਗਰਾਮ ਵਿੱਚ ਕਸ਼ਮੀਰ ਸਿੰਘ ਕਲੇਰ, ਭੁਪਿੰਦਰ ਕੁਮਾਰ ਨਾਯਰ, ਪਵਿੱਤਰ ਸਿੰਘ ਕੈਲ੍ਹੇ, ਜਸਵੀਰ ਸਿੰਘ, ਪਵਨ ਕੁਮਾਰ (ਸਾਇੰਸ ਮਾਸਟਰ), ਬਲਵਿੰਦਰ ਸਿੰਘ (ਰਿਟਾਇਰਡ ਪੁਲਸ ਅਫਸਰ,ਸੀ.ਆਈ.ਡੀ ਵਿਭਾਗ), ਕੁਲਦੀਪ ਸਿੰਘ,ਮਲਕੀਤ ਸਿੰਘ ਕੱਲ੍ਹਾ (ਐਡਵੋਕੇਟ),ਹਰੀਪਾਲ, ਗੁਰਮੀਤ ਸਿੰਘ ਚਾਨਾ (ਮਾਲਵਾ ਪੰਪ ਵਾਲੇ), ਗੁਰਮੀਤ ਸਿੰਘ ਕਲੇਰ, ਮਾਸਟਰ ਓਂਕਾਰ ਸਿੰਘ ਰਿਟਾਇਰਡ ਮੈਥ ਮਾਸਟਰ, ਰਾਜ ਕਪੂਰ ਲੈਕਚਰਾਰ ਮੈਥ (ਰਿਟਾਇਰਡ), ਰਣਜੀਤ ਸਿੰਘ ਚਾਹਲ ਦਾ ਪਰਿਵਾਰ, ਨਿਰਮਲ ਸਿੰਘ, ਵਿੱਕੀ ਭਟਾਰਾ, ਸੋਹਣ ਸਿੰਘ ਚਾਨੀਆ ਵਾਲੇ ਸਵ.ਸ.ਜ਼ੋਗਿੰਦਰ ਸਿੰਘ ਸੋਖੀ ਦਾ ਪਰਿਵਾਰ ਤੇ ਹੋਰ ਬਹੁਤ ਸਾਰੇ ਸੂਝਵਾਨ ਮੈਂਬਰ ਹਾਜ਼ਰ ਸਨ।



## ਬਿਰਧ ਆਸ਼ਰਮ ਵਿਖੇ ਜ਼ਰੂਰਤਮੰਦਾਂ ਨਾਲ ਮਨਾਈ ਲੋਹੜੀ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਇੰਟਰਨੈਸ਼ਨਲ ਸ਼ੇਰ-ਏ-ਪੰਜਾਬ ਸਪੋਰਟਸ ਐਂਡ ਕਲਚਰਲ ਸੁਸਾਇਟੀ ਰਜਿ. ਫਗਵਾੜਾ ਵਲੋਂ ਹਰ ਸਾਲ ਦੀ ਤਰ੍ਹਾਂ ਲੋਹੜੀ ਦਾ ਤਿਉਹਾਰ ਗੁਰੂ ਨਾਨਕ ਮਿਸ਼ਨ ਨੇਤਰਹੀਣ ਬਿਰਧ ਆਸ਼ਰਮ ਸਪਰੋੜ ਵਿਖੇ ਸੁਸਾਇਟੀ ਦੇ ਪ੍ਰਧਾਨ ਗੀਤ ਪ੍ਰੀਤ ਪਾਲ ਸਿੰਘ ਦੀ ਅਗਵਾਈ ਹੇਠ ਮਨਾਇਆ ਗਿਆ। ਸਮਾਗਮ 'ਚ ਬਤੌਰ ਮੁੱਖ ਮਹਿਮਾਨ ਸਮਾਜ ਸੇਵਕ ਡਾਕਟਰ ਦਰਸ਼ਨ ਕਟਾਰੀਆ ਕੌਂਸਲਰ ਫਗਵਾੜਾ ਜਗਦੀਪ ਯੂ ਐੱਸ ਏ ਤੇ ਮਨੋਜ ਕੁਮਾਰ ਕਨੇਡਾ ਨੇ ਸ਼ਮੂਲੀਅਤ ਕੀਤੀ। ਇਸ ਮੌਕੇ ਆਸ਼ਰਮ ਦੇ ਵਸਨੀਕਾਂ ਨੂੰ ਮੂੰਗਫਲੀ, ਰਿਓੜੀ, ਗੱਚਕ ਤੋਂ ਇਲਾਵਾ ਮਿਠਾਈ ਤੇ ਹੋਰ ਖਾਣ-ਪੀਣ ਦੀ ਸਮੱਗਰੀ ਤੇ ਸ਼ਾਲ ਭੇਟ ਕੀਤੀ ਗਏ। ਮੁੱਖ ਮਹਿਮਾਨਾਂ ਨੇ ਜੱਥੇਬੰਦੀ ਦੇ ਇਸ ਉਪਰਾਲੇ ਦੀ ਭਰਪੂਰ ਸ਼ਲਾਘਾ ਕੀਤੀ ਅਤੇ ਕਿਹਾ ਕਿ ਸਾਨੂੰ ਆਪਣੀਆਂ ਖੁਸ਼ੀਆਂ ਸਮਾਜ ਦੇ ਬੇਸਹਾਰਾ, ਮਜਬੂਰ ਤੇ ਲਾਚਾਰ ਲੋਕਾਂ ਨਾਲ ਜਰੂਰ ਸਾਂਝੀਆਂ ਕਰਨੀਆਂ ਚਾਹੀਦੀਆਂ ਹਨ ਤਾਂ ਜੋ ਉਹ ਆਪਣੇ ਆਪ ਨੂੰ ਇਸ ਸਮਾਜ ਤੋਂ ਵੱਖਰਾ ਮਹਿਸੂਸ ਨਾ ਕਰਨ। ਪ੍ਰਧਾਨ ਗੀਤ ਪ੍ਰੀਤ ਪਾਲ ਸਿੰਘ ਨੇ ਦੱਸਿਆ ਕਿ ਹਰ ਸਾਲ ਉਹਨਾਂ ਦੀ ਸੁਸਾਇਟੀ ਬਿਰਧ ਆਸ਼ਰਮ ਵਿਖੇ ਲੋਹੜੀ ਅਤੇ ਦੀਵਾਲੀ ਮਨਾਉਂਦੀ ਹੈ ਜਿਸਦਾ ਮਕਸਦ ਸਿਰਫ ਇਹੋ ਹੈ ਕਿ ਇੱਥੋਂ ਦੇ ਵਸਨੀਕਾਂ ਨੂੰ ਵੀ ਤਿਉਹਾਰਾਂ ਦੀ ਖੁਸ਼ੀ 'ਚ ਸ਼ਾਮਲ ਕੀਤਾ ਜਾਵ। ਸਮਾਗਮ 'ਚ ਡਾਕਟਰ ਰਮਨ ਸ਼ਰਮਾ, ਗੁਰਮੁਖ ਸਿੰਘ ਦੁਆਬਾ ਨਿਊਜ਼ 24 ਵਿਜੇਪਾਲ ਤੀਜੀ ਜੀਵਨ ਸੰਘਾ ਬਲਵਿੰਦਰ ਸਿੰਘ (ਜੇ.ਈ.) ਪਲਾਹੀ, ਸਲਵਿੰਦਰ ਸਿੰਘ ਜੱਸੀ ਜਨਰਲ ਸਕੱਤਰ ਸੁਸਾਇਟੀ ਦਾ ਵਿਸ਼ੇਸ਼ ਸਹਿਯੋਗ ਰਿਹਾ।





## ਜ਼ਿਲ੍ਹਾ ਸਿੱਖਿਆ ਅਧਿਕਾਰੀ ਨੇ ਸਟਾਫ਼ ਨਾਲ ਮਿਲ ਕੇ ਲੋਹੜੀ ਮਨਾਈ



**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)** ਜ਼ਿਲ੍ਹਾ ਸਿੱਖਿਆ ਦਫ਼ਤਰ ਸ਼ਹੀਦ ਭਗਤ ਸਿੰਘ ਨਗਰ ਵਿਖੇ ਐਲੀਮੈਂਟਰੀ ਅਤੇ ਸੈਕੰਡਰੀ ਵਿਭਾਗ ਦੇ ਦਫ਼ਤਰਾਂ ਦੇ ਕਰਮਚਾਰੀਆਂ ਦੇ ਸਹਿਯੋਗ ਤੇ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈਕੰਡਰੀ ਸਿੱਖਿਆ) ਅਨੀਤਾ ਸ਼ਰਮਾ ਅਤੇ ਉਪ ਜ਼ਿਲ੍ਹਾ ਸਿੱਖਿਆ ਅਫਸਰ ਲਖਬੀਰ ਸਿੰਘ ਦੀ ਅਗਵਾਈ ਹੇਠ ਰਿਸ਼ਤਿਆਂ ਦੇ ਨਿੱਘ ਤੇ ਮਿਠਾਸ ਨਾਲ ਭਰੇ ਲੋਹੜੀ ਦਾ ਤਿਉਹਾਰ ਬੜੀ ਖੁਸ਼ੀ ਨਾਲ ਮਨਾਇਆ ਗਿਆ।ਉਪ ਜ਼ਿਲ੍ਹਾ ਸਿੱਖਿਆ ਅਫਸਰ ਲਖਬੀਰ ਸਿੰਘ ਨੇ ਲੋਹੜੀ ਦੇ ਤਿਉਹਾਰ ਮੌਕੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਲੋਹੜੀ ਦਾ ਤਿਉਹਾਰ ਪੋਹ ਮਹੀਨੇ ਦੇ ਆਖ਼ਰੀ ਦਿਨ ਵਾਲੀ ਰਾਤ ਨੂੰ ਮਨਾਇਆ ਜਾਂਦਾ ਹੈ। ਸਿੱਖਿਆ ਅਫਸਰ ਲਖਬੀਰ ਸਿੰਘ ਨੇ ਕਿਹਾ ਕਿ ਸਾਨੂੰ ਅਜੋਕੇ ਸਮੇਂ ਵਿੱਚ ਮੁੰਡੇ ਕੁੜੀ ਵਿੱਚ ਫਰਕ ਨਹੀਂ ਕਰਨਾ ਚਾਹੀਦਾ ਅੱਜ ਦੇ ਦੌਰ ਵਿੱਚ ਕੁੜੀਆਂ ਵੀ ਮਾਪਿਆਂ ਲਈ ਕਿਸੇ ਕਦਰ ਘਟ ਨਹੀਂ ਹਨ। ਇਸ ਮੌਕੇ ਦੋਹਾਂ ਦਫ਼ਤਰਾਂ ਦੇ ਕਰਮਚਾਰੀਆਂ ਵਲੋਂ ਲਕੜਾਂ ਤੇ ਪਾਥੀਆਂ ਦੀ ਧੂਣੀ ਬਾਲ ਕੇ ਉਸ ਵਿਚ ਤਿਲ, ਰਿਓੜੀਆਂ ਤੇ ਮੂੰਗਫਲੀ ਪਾ ਕੇ ਖੁਸ਼ੀ ਸਾਂਝੀ ਕੀਤੀ ਤੇ ਪਰਮਾਤਮਾ ਦਾ ਸ਼ੁਕਰਾਨਾ ਕੀਤਾ ਗਿਆ। ਇਸ ਮੌਕੇ ਸੁਪਰਡੈਂਟ ਜਸਵਿੰਦਰ ਸਿੰਘ, ਤਜਿੰਦਰ ਸਿੰਘ, ਬਿਕਰਮ, ਦੇਸ ਰਾਜ ਸਚਿਨ, ਸਤਨਾਮ, ਸੁਖਦੀਪ,ਰਜਿੰਦਰ ਸ਼ਰਮਾ, ਰੀਤੂ ਭਨੋਟ, ਜਗਦੀਸ਼ ਰਾਏ, ਵਰਿੰਦਰ ਕੁਮਾਰ, ਗੁਰਪ੍ਰੀਤ, ਸੁਖਵਿੰਦਰ, ਚਰਨਜੀਤ, ਦੀਪਕ,ਗਿਆਨ ਚੰਦ, ਗੌਰਵ, ਚੇਤਨ, ਮਨਦੀਪ, ਬਲਜਿੰਦਰ, ਅਮਰਜੀਤ ਆਦਿ ਹਾਜਰ ਸਨ।

## ਭਾਈ ਮਹਾਂ ਸਿੰਘ, ਮਾਈ ਭਾਗੋ ਤੇ 40 ਮੁਕਤਿਆਂ ਦੀ ਯਾਦ 'ਚ ਗੁਰਮਤਿ ਸਮਾਗਮ

**ਮੋਹਾਲੀ (ਗੁਰਜੀਤ ਬਿੱਲਾ)**

ਧੰਨ ਧੰਨ ਅਮਰ ਸ਼ਹੀਦ ਜੱਥੇਦਾਰ ਬਾਬਾ ਹਨੂੰਮਾਨ ਸਿੰਘ ਜੀ ਦੇ ਸ਼ਹੀਦੀ ਅਸਥਾਨ ਗੁਰਦੁਆਰਾ ਸਿੰਘ ਸ਼ਹੀਦਾਂ ਸੋਹਾਣਾ ਵਿੱਖੇ ਭਾਈ ਮਹਾਂ ਸਿੰਘ, ਮਾਈ ਭਾਗੋ ਅਤੇ 40 ਮੁਕਤਿਆਂ ਦੀ ਯਾਦ ਵਿੱਚ ਗੁਰਮਤਿ ਸਮਾਗਮ ਦਾ ਆਯੋਜਨ ਕਰਵਾਇਆ ਗਿਆ । ਇਸ ਦਿਨ ਉਨਾਂ ਦੀ ਯਾਦ ਵਿੱਚ ਸਵੇਰੇ 9:00 ਵਜੇ ਸ੍ਰੀ ਸਹਿਜ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ । ਇਸ ਉਪਰੰਤ ਸਾਰਾ ਦਿਨ ਗੁਰਮਤਿ ਸਮਾਗਮ ਦਾ ਆਯੋਜਨ ਕੀਤਾ ਗਿਆ । ਇਸ ਗੁਰਮਤਿ ਸਮਾਗਮ ਵਿੱਚ ਭਾਈ ਲਖਵਿੰਦਰ ਸਿੰਘ ਦੇ ਇੰਟਰਨੈਸ਼ਨਲ ਪੰਥਕ ਢਾਡੀ ਜੱਥੇ ਨੇ ਮੁਕਤਸਰ ਦੀ ਜੰਗ ਵਿੱਚ ਦਸਮ ਪਿਤਾ ਧੰਨ ਧੰਨ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਵੱਲੋਂ 40 ਸਿੰਘਾਂ ਨੂੰ ਸ਼ਹੀਦੀ ਪ੍ਰਾਪਤ ਕਰਨ ਉਪਰੰਤ ਮੁਕਤਿਆਂ ਦਾ ਖਿਤਾਬ ਦੇਣ ਦਾ ਪੂਰਾ ਪ੍ਰਸੰਗ ਸੰਗਤਾਂ ਨੂੰ ਢਾਡੀ ਵਾਰਾਂ ਵਿੱਚ ਵਿਸਥਾਰ ਸਹਿਤ ਸੁਣਾਇਆ। ਭਾਈ ਸਤਬੀਰ ਸਿੰਘ ਜੀ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਵਾਲਿਆਂ ਦੇ ਰਾਗੀ ਜੱਥੇ ਨੇ ਆਪਣੇ ਰਸ ਭਿੰਨੇ ਕੀਰਤਨ ਰਾਹੀਂ ਸੰਗਤਾਂ ਨੂੰ ਇਲਾਹੀ ਬਾਣੀ ਨਾਲ ਗਵਾ ਕੇ ਗੁਰੂ ਨਾਲ ਜੋੜਨ ਦਾ ਉਪਰਾਲਾ ਕੀਤਾ। ਭਾਈ ਜਤਿੰਦਰ ਸਿੰਘ ਜੀ ਪ੍ਰਚਾਰਕ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅੰਮ੍ਰਿਤਸਰ ਵਾਲਿਆਂ ਨੇ ਆਪਣੇ ਪ੍ਰਵਚਨਾ ਰਾਹੀਂ ਮਾਈ ਭਾਗੋ ਦੇ ਅਣਮੁੱਲੇ ਯੋਗਦਾਨ ਨੂੰ ਸੰਗਤਾਂ ਨੂੰ ਜਾਣੂ ਕਰਵਾਇਆ ਅਤੇ ਦੱਸਿਆ ਕਿ ਜਦੋਂ 40 ਸਿੰਘ ਗੁਰੂ ਜੀ ਨੂੰ ਬੇਦਾਵਾ ਲਿਖ ਕੇ ਦੇ ਆਏ ਤਾਂ ਮਾਈ ਭਾਗੋ ਨੇ ਹੀ ਉਨ੍ਹਾਂ ਨੂੰ ਅਜਿਹਾ ਪ੍ਰੇਰਿਆ ਕਿ ਇਹ ਮੁਕਤਸਰ ਦੀ ਜੰਗ ਇਤਿਹਾਸ ਵਿੱਚ ਮੀਲ ਪੱਥਰ ਸਾਬਤ ਹੋਈ । ਇਸ ਤੋਂ ਇਲਾਵਾ ਭਾਈ ਜਸਪਾਲ ਸਿੰਘ ਜੀ ਲੁਧਿਆਣੇ ਵਾਲੇ, ਭਾਈ ਵਰਿੰਦਰ ਸਿੰਘ ਜੀ , ਭਾਈ ਸੁਰਜੀਤ ਸਿੰਘ ਜੀ ਪਟਿਆਲੇ ਵਾਲੇ, ਭਾਈ ਸੁਖਬੀਰ ਸਿੰਘ ਜੀ ਸ੍ਰੀ ਅੰਮ੍ਰਿਤਸਰ ਵਾਲੇ, ਭਾਈ ਗੁਰਪ੍ਰੀਤ ਸਿੰਘ ਜੀ ਭਾਈ ਸੁਭਾਸ਼ ਸਿੰਘ ਜੀ, ਭਾਈ ਹਰਪਾਲ ਸਿੰਘ ਜੀ, ਸੁਖਮਨੀ ਸੇਵਾ ਸੁਸਾਇਟੀ ਦੀਆਂ ਬੀਬੀਆਂ, ਭਾਈ ਜਗਤਾਰ ਸਿੰਘ ਜੀ ਦੇ ਜੱਥਿਆਂ ਤੋਂ ਇਲਾਵਾ ਗੁਰਦੁਆਰਾ ਸਾਹਿਬ ਦੇ ਹਜ਼ੂਰੀ ਜੱਥੇ ਭਾਈ ਗੁਰਮੀਤ ਸਿੰਘ, ਭਾਈ ਇੰਦਰਜੀਤ ਸਿੰਘ, ਭਾਈ ਜਸਵੰਤ ਸਿੰਘ ਅਤੇ ਭਾਈ ਜਰਨੈਲ ਸਿੰਘ ਦੇ ਜੱਥਿਆਂ ਨੇ ਕਥਾ, ਕੀਰਤਨ, ਕਵੀਸ਼ਰੀ ਅਤੇ ਗੁਰਮਤਿ ਵਿਚਾਰਾਂ ਰਾਹੀਂ ਸੰਗਤਾਂ ਨੂੰ ਸਾਰਾ ਦਿਨ ਹਰਿ ਜਸ ਸੁਣਾ ਕੇ ਨਿਹਾਲ ਕੀਤਾ। ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ।ਪ੍ਰਬੰਧਕ ਕਮੇਟੀ ਗੁਰਦੁਆਰਾ ਸਿੰਘ ਸ਼ਹੀਦਾਂ ਦੇ ਬੁਲਾਰੇ ਨੇ ਇਸ ਮੌਕੇ ਦੱਸਿਆ ਕਿ ਆਉਣ ਵਾਲੀ ਮਿਤੀ 28 ਜਨਵਰੀ ਨੂੰ ਦਸਵੀਂ ਦਾ ਸ਼ੁਭ ਦਿਹਾੜਾ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਜਾਵੇਗਾ । ਉਨ੍ਹਾਂ ਦੱਸਿਆ ਕਿ ਇਸ ਦਿਨ ਸਵੇਰੇ 9:00 ਵਜੇ ਸ੍ਰੀ ਸਹਿਜ ਪਾਠ ਜੀ ਦੇ ਭੋਗ ਪਾਏ ਜਾਣਗੇ । ਇਸ ਉਪਰੰਤ ਸ੍ਰੀ ਦਰਬਾਰ ਸਾਹਿਬ ਜੀ ਅੰਮ੍ਰਿਤਸਰ ਦੇ ਹਜ਼ੂਰੀ ਰਾਗੀ ਜੱਥੇ, ਇੰਟਰਨੈਸ਼ਨਲ ਪੰਥਕ ਢਾਡੀ ਜੱਥੇ ਅਤੇ ਉੱਚ ਕੋਟੀ ਦੇ ਪ੍ਰਚਾਰਕ ਸੰਗਤਾਂ ਨੂੰ ਸਾਰਾ ਦਿਨ ਹਰਿ ਜਸ ਸੁਣਾ ਕੇ ਨਿਹਾਲ ਕਰਨਗੇ। ਇਸ ਦਿਨ ਵਿਸ਼ਾਲ ਅੰਮ੍ਰਿਤ ਸੰਚਾਰ ਦਾ ਆਯੋਜਨ ਸਵੇਰੇ 10 ਵਜੇ ਕੀਤਾ ਜਾਵੇਗਾ। ਗੁਰੂ ਕਾ ਲੰਗਰ ਅਤੁੱਟ ਵਰਤਾਇਆ ਜਾਵੇਗਾ ਜੀ।



## ਭਾਜਪਾ ਵੱਲੋਂ ਮੰਡਲ ਪ੍ਰਧਾਨਾਂ ਦੀ ਨਿਯੁਕਤੀ

**ਫਿਲੌਰ, (ਨਿਰਮਲ)**

ਜ਼ਿਲ੍ਹਾ ਪ੍ਰਧਾਨ ਰਣਜੀਤ ਸਿੰਘ ਪਵਾਰ ਨੇ ਜਾਣਕਾਰੀ ਦਿੰਦਿਆ ਦੱਸਿਆ ਕਿਜ਼ਿਲ੍ਹਾ ਜਲੰਧਰ ਦਿਹਾਤੀ ਉੱਤਰੀ ਦੇ ਸੰਗਠਨਾਤਮਿਕ ਢਾਂਚੇ ਨੂੰ ਮੁੱਖ ਰੱਖਦਿਆਂ ਪਾਰਟੀ ਹਾਈ ਕਮਾਨ ਦੇ ਦਿਸ਼ਾ ਨਿਰਦੇਸ਼ਾ ਸਦਕਾ, ਬਹੁਤ ਦਿਨ ਤਰਕ ਕਰਨ ਤੇ ਬਾਅਦ ਪਾਰਟੀ ਦੇ ਮੰਡਲ ਪ੍ਰਧਾਨਾਂ ਨੂੰ ਨਿਯੁਕਤ ਕੀਤਾ। ਇਸ ਮੌਕੇ ਡੂੰਘੇ ਸੰਗਠਨਾਤਮਿਕ ਸੋਚ ਦੇ ਮਾਲਕ ਜੀਵਨ ਗਰਗ ਦਾ ਜ਼ਿਲ੍ਹੇ ਨੂੰ ਗਠਿਤ ਕਰਨ ਲਈ ਵਿਸ਼ੇਸ਼ ਯੋਗਦਾਨ ਰਿਹਾ ਵਿਧਾਨ ਸਭਾ ਫਿਲੌਰ : ਪਾਰਟੀ ਵਿੱਚ ਨਵੇ ਨਿਯੁਕਤ ਕੀਤੇ ਮੰਡਲਾਂ ਅਤੇ ਨਵੇ ਆਹੁਦੇ ਨਾਲ ਨਿਵਾਜੇ ਗਏ ਪ੍ਰਧਾਨਾਂ ਦਾ ਵੇਰਵਾ ਗੁਰਾਇਆ ਮੰਡਲ ਤੋਂ ਵਿਪਨ ਸ਼ਰਮਾਂ, ਦੁਸਾਂਝ ਕਲਾਂ ਮੰਡਲ ਤੋਂ ਰਾਜੀਵ ਪਰਾਸ਼ਰ, ਰੁਕੜਾ ਮੰਡਲ ਤੋਂ ਪ੍ਰੀਤੀ ਢੰਡਾ , ਪ੍ਰਤਾਪ ਪੁਰਾ ਮੰਢਲ ਤੋਂ ਰਾਮ ਰਾਜ ਬਿਰਦੀ ਅੱਪਰਾ ਤੇ ਅਵਿਸ਼ੇਕ ਸਿੰਘ।ਵਿਧਾਨ ਸਭਾ ਕਰਤਾਰਪੁਰ : ਬੱਲਾ ਮੰਡਲ ਤੇ ਅਜੀਤ ਸਿੰਘ , ਪੰਚਰੰਗਾ ਮੰਡਲ ਤੋਂ ਬਲਵੰਤ ਸਿੰਘ ਕਾਹਲੋਂ, ਲਾਂਬੜਾ ਤੋਂ ਡਾਕਟਰ ਕੁਲਦੀਪ ਮਾਹੀ , ਲਾਂਬੜਾ ਟੂ ਤੋਂ ਬਲਵੀਰ ਸਿੰਘ , ਜੰਡੂ ਸਿੰਘਾ ਮੰਡਲ ਤੋਂ ਤਜੇਸ਼ ਕੁਮਾਰ।ਵਿਧਾਨ ਸਭਾ ਆਦਮਪੁਰ : ਕਠਾਰ ਮੰਡਲ ਤੋਂ ਪਲਵਿੰਦਰ ਸਿੰਘ , ਆਦਮਪੁਰ ਮੰਡਲ ਤੋ ਪਰਮਿੰਦਰ ਕੁਮਾਰ , ਪਤਾਰਾ ਮੰਡਲ ਤੋਂ ਡਾ ਜਸਵੀਰ ਕੋਟਲੀ , ਅਲਾਵਲਪੁਰ ਤੋਂ ਨਿਸ਼ਾ ਬੇਰੀ ਅਤੇ ਭੋਗਪੁਰ ਤੋਂ ਸਰਬਜੀਤ ਸਿੰਘ ਗਿਲ ਉਪਰੋਕਤ ਪ੍ਰਧਾਨਾ ਨੂੰ ਪਾਰਟੀ ਨੇ ਅਹੁਦੇ ਨਾਲ ਨਿਵਾਜਿਆ। ਇਸ ਮੌਕੇ ਜੀਵਨ ਗਰਗ ਜੀ ਤੋ ਇਲਾਵਾ ਨਾਲ ਮਹਾਂ ਮੰਤਰੀ ਮਨਮੀਤ ਸਿੰਘ ਵਿੱਕੀ , ਚੰਦਰਸ਼ੇਖਰ ਚੌਹਾਨ ਮੈਂਬਰ ਕਾਰਜਕਰਣੀ ਪੰਜਾਬ , ਡਾ. ਮੁਕੇਸ਼ ਦਾਦਰਾ ਕਾਰਜਕਰਣੀ ਮੈਂਬਰ ਪੰਜਾਬ , ਤਰਸੇਮ ਰੁਪਾਣਾ ਬੇਮੁਕਤ ਜਾਤੀਆਂ ਪ੍ਰਧਾਨ ਪੰਜਾਬ , ਅਜੇ ਪੁੰਜ ਜਿਲ੍ਹਾ ਸੋਸਲ ਮੀਡੀਆ ਇਚਾਰਜ , ਸੁਰਿੰਦਰ ਮਹਿਸਮਪੁਰੀ ਦਫ਼ਤਰ ਸੈਕਟਰੀ ਐੱਸ ਸੀ ਮੋਰਚਾ ਪੰਜਾਬ ਤੋਂ ਇਲਾਵਾ ਹੋਰ ਅਹੁਦੇਦਾਰ ਮੌਜੂਦ ਸਨ।



## ਹਸਪਤਾਲਾਂ 'ਚ ਮੈਡੀਕਲ ਉਪਕਰਨਾਂ ਨੂੰ ਅਪਗ੍ਰੇਡ ਕੀਤਾ ਜਾਵੇ : ਰਾਣਾ

**ਚੰਡੀਗੜ੍ਹ, (ਕ੍ਰਿਸ਼ਨ ਗਰਗ)**-ਹਰਿਆਣਾ ਦੇ ਪਸ਼ੂਪਾਲਨ ਅਤੇ ਮੱਛੀ ਪਾਲਨ ਮੰਤਰੀ ਸ਼ਿਆਮ ਸਿੰਘ ਰਾਣਾ ਨੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਸੂਬੇ ਦੇ ਜਿਨ੍ਹਾਂ ਪਸ਼ੂ ਡਿਸਪੈਂਸਰੀ ਅਤੇ ਹਸਪਤਾਲਾਂ ਵਿੱਚ ਆਧੁਨਿਕ ਮੈਡੀਕਲ ਉਪਕਰਨਾਂ ਅਤੇ ਮਸ਼ੀਨਾਂ ਦੀ ਲੋੜ ਹੈ, ਉਨ੍ਹਾਂ ਨੂੰ ਜਲਦ ਅਪਗ੍ਰੇਡ ਕੀਤਾ ਜਾਵੇ, ਤਾਂ ਜੋ ਪਸ਼ੂਆਂ ਦਾ ਸਮੇਂ ਸਿਰ ਤੇ ਪ੍ਰਭਾਵੀ ਉਪਚਾਰ ਕਰਵਾਇਆ ਜਾ ਸਕੇ। ਉਨ੍ਹਾਂ ਨੇ ਇਹ ਵੀ ਨਿਰਦੇਸ਼ ਦਿੱਤੇ ਕਿ ਪੁਰਾਣੇ ਅਤੇ ਜਰਜਰ ਇਮਾਰਤਾਂ ਦੀ ਥਾਂ ਨਵੀਆਂ ਇਮਾਰਤਾਂ ਦਾ ਨਿਰਮਾਣ ਕੀਤਾ ਜਾਵੇ, ਜਿਸ ਨਾਲ ਪਸ਼ੂਪਾਲਨ ਸੇਵਾਵਾਂ ਦੀ ਗੁਣਵੱਤਾ ਵਿੱਚ ਸੁਧਾਰ ਹੋਵੇ।

## ਬਿਆਸ ਪਿੰਡ ਛਿੰਝ ਮੇਲੇ 'ਤੇ ਖੂਨਦਾਨ ਕੈਂਪ ਲਗਾਇਆ ਜਾਵੇਗਾ

**ਅਲਾਵਲਪੁਰ, (ਮਦਨ ਬੰਗੜ)**-ਬਿਆਸ ਪਿੰਡ ਦੇ ਪ੍ਰਸਿੱਧ ਛਿੰਝ ਮੇਲੇ 'ਤੇ ਖੂਨਦਾਨ ਕੈਂਪ ਆਯੋਜਿਤ ਕਰਵਾਇਆ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਉੱਘੇ ਸਮਾਜ ਸੇਵੀ ਗੁਰਪ੍ਰੀਤ ਸਿੰਘ ਰੰਧਾਵਾ ਨੇ ਦੱਸਿਆ ਕਿ ਬਿਆਸ ਪਿੰਡ ਦੇ ਦਿਨਾਂ ਛਿੰਝ ਮੇਲੇ 15 ਅਤੇ 16 ਜਨਵਰੀ ਨੂੰ ਛਿੰਝ ਮੇਲੇ ਦੇ ਅਸਥਾਨ ਤੇ ਸਮੂਹ ਨਗਰ ਨਿਵਾਸੀਆਂ ਅਤੇ ਇਲਾਕਾ ਨਿਵਾਸੀਆਂ ਦੇ ਸਹਿਯੋਗ ਨਾਲ ਖੂਨਦਾਨ ਕੈਂਪ ਆਯੋਜਿਤ ਕਰਵਾਇਆ ਜਾ ਰਿਹਾ ਹੈ।

## ਮਾਇਆਵਤੀ ਦੇ ਜਨਮ ਦਿਨ ਤੇ ਜਨ ਕਲਿਆਣ ਦਿਵਸ ਸਮਾਰੋਹ ਅੱਜ



**ਹੁਸ਼ਿਆਰਪੁਰ (ਓ ਪੀ ਰਾਣਾ, ਬਲਵੀਰ ਸਿੰਘ ਸੈਣੀ)**- ਪੰਜਾਬ ਸੰਭਾਲੋ ਮੁਹਿੰਮ ਤਹਿਤ 15 ਜਨਵਰੀ ਦਾਣਾ ਮੰਡੀ ਗੜ੍ਹਸ਼ੰਕਰ ਵਿਖੇ ਬਹੁਜਨ ਸਮਾਜ ਪਾਰਟੀ ਦੀ ਕੌਮੀ ਪ੍ਰਧਾਨ ਕੁਮਾਰੀ ਮਾਇਆਵਤੀ ਦੇ ਜਨਮ ਦਿਨ ਤੇ ਜਨ ਕਲਿਆਣ ਦਿਵਸ ਸਮਾਰੋਹ ਬਹੁਤ ਜੋਸ਼ੋ ਖਰੋਸ਼ ਤੇ ਸ਼ਰਧਾ ਪੂਰਵਕ ਮਨਾਇਆ ਜਾਵੇਗਾ। ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਕਰਦਿਆਂ ਬਸਪਾ ਪੰਜਾਬ ਦੇ ਇੰਚਾਰਜ ਗੁਰਨਾਮ ਚੌਧਰੀ, ਜਨਰਲ ਸਕੱਤਰ ਪੰਜਾਬ ਠੇਕੇਦਾਰ ਭਗਵਾਨ ਦਾਸ ਸਿੱਧੂ, ਜ਼ਿਲ੍ਹਾ ਪ੍ਰਧਾਨ ਦਲਜੀਤ ਰਾਏ, ਜਿਲਾ ਸਕੱਤਰ ਐਡਵੋਕੇਟ ਪਲਵਿੰਦਰ ਮਾਨਾ ਇੰਚਾਰਜ ਹਲਕਾ ਚੱਬੇਵਾਲ ਨੇ ਕਿਹਾ ਕਿ 15 ਜਨਵਰੀ ਨੂੰ ਕੁਮਾਰੀ ਮਾਇਆਵਤੀ ਦੇ ਜਨਮ ਦਿਨ ਤੇ ਗੜ੍ਹਸ਼ੰਕਰ ਵਿਖੇ ਕਿਰਤੀ , ਕਾਮੇ, ਮਜ਼ਦੂਰਾਂ ਤੇ ਬਹੁਜਨ ਸਮਾਜ ਪਾਰਟੀ ਦੇ ਵਰਕਰਾਂ ਦਾ ਵਿਸ਼ਾਲ ਇਕੱਠ ਹੋਵੇਗਾ ਜਿਸ ਨੂੰ ਜਨ ਕਲਿਆਣ ਦਿਵਸ ਵਜੋਂ ਮਨਾਇਆ ਜਾਵੇਗਾ। ਉਨਾਂ ਕਿਹਾ ਉੱਤਰ ਪ੍ਰਦੇਸ਼ ਦੀ ਚਾਰ ਵਾਰ ਮੁੱਖ ਮੰਤਰੀ ਰਹਿੰਦਿਆਂ ਮਾਇਆਵਤੀ ਨੇ ਜੋ ਜਨ ਕਲਿਆਣ ਲਈ, ਉੱਤਰ ਪ੍ਰਦੇਸ਼ ਦੀ ਜਨਤਾ ਅਤੇ ਵਿਕਾਸ ਲਈ ਮਹਾਨ ਕਾਰਜ ਕੀਤੇ ਹਨ ਉਹਨਾਂ ਤੋਂ ਲੋਕਾਂ ਨੂੰ ਜਾਣੂ ਕਰਵਾਇਆ ਜਾਵੇਗਾ ਅਤੇ ਪੰਜਾਬ ਸਰਕਾਰ ਜੋ ਗਰੰਟੀਆਂ ਦੇ ਕੇ ਸੱਤਾ ਵਿੱਚ ਆਈ ਹੈ ਉਸਨੂੰ ਉਹ ਗਰੰਟੀਆਂ ਯਾਦ ਕਰਵਾਈਆਂ ਜਾਣਗੀਆਂ।

## ਧੀਆਂ ਦੀ ਲੋਹੜੀ ਉਤਸ਼ਾਹ ਨਾਲ ਮਨਾਈ



**ਮਹਿਤਪੁਰ (ਰਾਜਾ)**- ਸਿਵਲ ਸਰਜਨ ਜਲੰਧਰ ਦੇ ਦਿਸ਼ਾ-ਨਿਰਦੇਸ਼ਾਂ ਅਤੇ ਸੀਨੀਅਰ ਮੈਡੀਕਲ ਅਫਸਰ ਡਾ. ਰਘੂ ਪ੍ਰਿਆ ਜੀ ਦੀ ਅਗਵਾਈ ਹੇਠ ਪੀ ਐੱਚ ਸੀ ਮਹਿਤਪੁਰ ਦੇ ਸਮੂਹ ਸਟਾਫ ਵੱਲੋਂ ਮਹਿਤਪੁਰ ਖੇਤਰ ਵਿੱਚ ਜਨਮ ਲੈਣ ਵਾਲੀਆਂ ਨਵਜਾਤ ਧੀਆਂ ਨੂੰ ਕੰਬਲ ਅਤੇ ਰਵਾਇਤੀ ਲੋਹੜੀ ਦਾ ਸਮਾਨ ਵੰਡਿਆ ਗਿਆ। ਡਾ. ਰਘੂ ਪ੍ਰਿਆ ਨੇ ਇਸ ਮੌਕੇ ਸੰਦੇਸ਼ ਦਿੱਤਾ ਕਿ ਧੀਆਂ ਸਮਾਜ ਦੀ ਸ਼ਾਨ ਹਨ ਤੇ ਉਨ੍ਹਾਂ ਦੀ ਸੰਭਾਲ ਅਤੇ ਸੁਰੱਖਿਆ ਸਾਡੀ ਸਾਂਝੀ ਜ਼ਿੰਮੇਵਾਰੀ ਹੈ। ਇਸ ਤਰ੍ਹਾਂ ਦੇ ਕਾਰਜਕ੍ਰਮ ਸਮਾਜ ਵਿੱਚ ਧੀ ਬਚਾਓ ਤੇ ਧੀ ਪੜ੍ਹਾਓ ਦੀ ਸੋਚ ਨੂੰ ਮਜ਼ਬੂਤ ਕਰਦੇ ਹਨ। ਇਸ ਉਪਰਾਲੇ ਵਿੱਚ ਸਟਾਫ ਮੈਂਬਰ ਬਲਾਕ ਐਜੂਕੇਟਰ ਹਿਮਾਲਿਆ ਪ੍ਰਕਾਸ਼, ਮੈਡੀਕਲ ਅਫ਼ਸਰ ਜੈਪਾਲ, ਨਰਸਿੰਗ ਸਿਸਟਰ ਕਿਰਨਜੀਤ ਕੌਰ, ਐੱਲ ਐੱਚ ਵੀ ਕੁਲਵਿੰਦਰ ਕੌਰ ਤੇ ਹੋਰ ਵੀ ਮੌਜੂਦ ਸਨ ।

## ਹੱਡੀਆਂ ਦਾ ਮੁਫ਼ਤ ਮੈਡੀਕਲ ਚੈੱਕਅੱਪ ਕੈਂਪ

**ਆਦਮਪੁਰ (ਪਰਮਜੀਤ ਸਿੰਘ)**- ਜੰਡੂ ਸਿੰਘਾ ਵਿੱਚ ਮੌਜੂਦ ਰੋਗ ਨਿਵਾਰਣ ਹਸਪਤਾਲ (ਨਜ਼ਦੀਕ ਯੂਨੀਅਨ ਬੈਂਕ) ਦੇ ਮੁੱਖ ਡਾਕਟਰ ਸੰਦੀਪ ਸਿੰਘ ਭੋਗਲ ਤੇ ਡਾਕਟਰ ਰੁਪਿੰਦਰ ਕੌਰ ਵੱਲੋਂ ਵੈਦਯਰਤਨਮ ਕੰਪਨੀ ਦੇ ਸਹਿਯੋਗ ਨਾਲ ਲੋਕ ਭਲਾਈ ਹਿੱਤ ਹੱਡੀਆਂ ਦਾ ਮੁਫ਼ਤ ਮੈਡੀਕਲ ਚੈਕਅੱਪ ਕੈਂਪ ਲਗਾਇਆ। ਡਾ. ਸੰਦੀਪ ਸਿੰਘ ਭੋਗਲ ਨੇ ਦਸਿਆ ਕਿ ਇਸ ਕੈਂਪ ਵਿੱਚ 205 ਮਰੀਜ਼ਾਂ ਦੀਆਂ ਹੱਡੀਆਂ ਦੀਆਂ ਬਿਮਾਰੀਆਂ ਜਿਵੇਂ ਗੋਡਿਆਂ ਦੇ ਦਰਦ, ਅੱਡੀ ਦੇ ਦਰਦ, ਗਰਦਨ ਦਰਦ, ਗੱਠੀਆ ਤੇ ਜੋੜਾਂ ਦੇ ਦਰਦ ਨਾਲ ਸਬੰਧਿਤ ਬੀਮਾਰੀਆਂ ਦਾ ਇਲਾਜ ਕਰਕੇ ਕੈਂਪ ਵਿੱਚ ਆਏ ਮਰੀਜ਼ਾਂ ਨੂੰ ਦਵਾਈਆਂ ਫਰੀ ਦਿੱਤੀਆਂ ਗਈਆਂ ਤੇ ਉਨ੍ਹਾਂ ਦੇ 205 ਬੀ ਐੱਮ ਡੀ ਟੈਸਟ ਵੀ ਫ੍ਰੀ ਕੀਤੇ ਗਏ। ਇਸ ਮੌਕੇ ਤੇ ਵੈਦਯਰਤਨਮ ਕੰਪਨੀ ਤੋਂ ਪ੍ਰੱਬਜੋਤ ਸਿੰਘ ਸੇਲਜ਼ ਮੈਨੇਜਰ, ਵਿਸ਼ਾਲ ਟੈਕਨੀਸ਼ੀਅਨ, ਪ੍ਰੀਆ, ਮਨੀਸ਼ਾ, ਜਸਪ੍ਰੀਤ, ਮੀਰਾ, ਮਹਿਕ ਸਟਾਫ ਹਾਜ਼ਰ ਸਨ।



## ਨਸ਼ੀਲੀਆਂ ਗੋਲੀਆਂ ਸਮੇਤ ਵਿਅਕਤੀ ਗ੍ਰਿਫ਼ਤਾਰ



**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)**- ਨਸ਼ਿਆਂ ਨੂੰ ਠੱਲ੍ਹ ਪਾਉਂਦੇ ਹੋਏ ਬੀਤੀ ਕੱਲ੍ਹ ਰਾਹੋਂ ਦੀ ਪੁਲਸ ਵਲੋਂ ਐਸ.ਐਚ.ਓ ਵਰਿੰਦਰ ਕੁਮਾਰ ਦੀ ਅਗਵਾਈ 'ਚ 30 ਨਸ਼ੀਲੀਆਂ ਗੋਲੀਆਂ ਸਮੇਤ ਇੱਕ ਵਿਅਕਤੀ ਨੂੰ ਕਾਬੂ ਕੀਤਾ ਹੈ। ਐਸ.ਐਚ.ਓ ਚੌਧਰੀ ਵਰਿੰਦਰ ਕੁਮਾਰ ਨੇ ਆਖਿਆ ਕਿ ਪੁਲਸ ਪਾਰਟੀ ਗਸ਼ਤ ਕਰਦੀ ਹੋਈ ਜਦੋਂ ਦਾਣਾ ਮੰਡੀ ਰਾਹੋਂ ਤੋਂ ਹੁੰਦੇ ਹੋਏ ਰਾਹੋਂ ਨਵਾਂਸ਼ਹਿਰ ਰੋਡ ਤੇ ਸ਼ੌਕਰਾਂ ਪਿੰਡ ਵੱਲ ਜਾ ਰਹੀ ਸੀ ਤਾਂ ਸੜਕ 'ਤੇ ਇੱਕ ਸ਼ੱਕੀ ਵਿਅਕਤੀ ਆਉਂਦਾ ਦਿਖਾਈ ਦਿੱਤਾ। ਸ਼ੱਕ ਦੇ ਆਧਾਰ 'ਤੇ ਉਸ ਕੋਲੋਂ ਤਲਾਸ਼ੀ ਲੈਣ 'ਤੇ 30 ਨਸ਼ੀਲੀਆਂ ਗੋਲੀਆਂ ਬਰਾਮਦ ਕੀਤੀਆਂ ਗਈਆਂ । ਪੁਲਸ ਵਲੋਂ ਉਸ ਨੂੰ ਮੌਕੇ 'ਤੇ ਕਾਬੂ ਕਰਕੇ ਅਗਲੀ ਤਫਤੀਸ਼ ਸ਼ੁਰੂ ਕਰ ਦਿੱਤੀ ਗਈ ਹੈ।ਥਾਣਾ ਮੁਖੀ ਨੇ ਆਖਿਆ ਕਿ ਦੋਸ਼ੀ ਨੂੰ ਗ੍ਰਿਫਤਾਰ ਕਰ ਲਿਆ ਹੈ ਜਿਸ ਦੀ ਪਹਿਚਾਣ ਅਸ਼ਵਨੀ ਕੁਮਾਰ ਪੁੱਤਰ ਜੋਗਿੰਦਰ ਪਾਲ, ਗੜ੍ਹੀ ਫ਼ਤਿਹ ਖਾਂ, ਰਾਹੋਂ ਵਜੋਂ ਹੋਈ ਹੈ।

## ਬੈਂਸ ਨੇ 21 ਕੱਚੇ ਕਰਮਚਾਰੀਆਂ ਨੂੰ ਰੈਗੂਲਰਾਈਜ਼ੇਸ਼ਨ ਸਰਟੀਫ਼ਿਕੇਟ ਸੌਂਪੇ



**ਚੰਡੀਗੜ੍ਹ, (ਗੁਰਜੀਤ ਬਿੱਲਾ)**- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀ ਕਰਮਚਾਰੀਆਂ ਪ੍ਰਤੀ ਸੁਹਿਰਦ ਵਚਨਬੱਧਤਾ ਨੂੰ ਉਜਾਗਰ ਕਰਦਿਆਂ ਇੱਕ ਮਿਸਾਲੀ ਕਦਮ ਤਹਿਤ ਪੰਜਾਬ ਦੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਪੰਜਾਬ ਸਕੂਲ ਸਿੱਖਿਆ ਬੋਰਡ (ਪੀ ਐੱਸ ਈ ਬੀ) ਵਿੱਚ ਠੇਕੇ 'ਤੇ ਕੰਮ ਕਰ ਰਹੇ 21 ਕਰਮਚਾਰੀਆਂ ਦੀਆਂ ਸੇਵਾਵਾਂ ਨੂੰ ਰੈਗੂਲਰ ਕਰਦਿਆਂ ਉਨ੍ਹਾਂ ਨੂੰ ਰੈਗੂਲਰਾਈਜ਼ੇਸ਼ਨ ਸਰਟੀਫ਼ਿਕੇਟ ਸੌਂਪੇ।ਹਰਜੋਤ ਸਿੰਘ ਬੈਂਸ ਨੇ ਦੱਸਿਆ ਕਿ ਪਾਲਿਸੀ ਫਾਰ ਵੈੱਲਫੇਅਰ ਆਫ ਐਡਹਾਕ, ਕੰਟਰੈਕਚੂਅਲ, ਡੇਲੀ ਵੇਜਜ਼, ਵਰਕ-ਚਾਰਜਡ ਐਂਡ ਟੈਂਪਰੇਰੀ ਇੰਪਲਾਇਜ਼ ਤਹਿਤ 16 ਪੈਕਰ, 2 ਕੁੱਕ, 2 ਵੇਟਰ ਅਤੇ ਇੱਕ ਡਰਾਈਵਰ ਨੂੰ ਪੱਕੇ ਕਰਕੇ ਸਰਕਾਰੀ ਸੇਵਾਵਾਂ ਵਿੱਚ ਲਿਆਂਦਾ ਗਿਆ ਹੈ।

## ਬਹੁਰੰਗ ਕਲਾ ਮੰਚ ਵੱਲੋਂ ਸੈਮੀਨਾਰ ਤੇ ਸਨਮਾਨ ਸਮਾਰੋਹ



**ਹੁਸ਼ਿਆਰਪੁਰ, (ਬਲਬੀਰ ਸਿੰਘ ਸੈਣੀ)**- ਬਹੁ-ਰੰਗ ਕਲਾਮੰਚ ਹੁਸ਼ਿਆਰਪੁਰ ਵੱਲੋਂ ਮਾਈ ਭਾਰਤ ਹੁਸ਼ਿਆਰਪੁਰ ਦੇ ਦਿਸ਼ਾ-ਨਿਰਦੇਸ਼ ਉੱਪਰ ਰਾਸ਼ਟਰੀ ਯੁਵਾ ਦਿਵਸ ਉੱਪਰ ਇੱਕ ਸੈਮੀਨਾਰ ਤੇ ਸਨਮਾਨ ਸਮਾਰੋਹ ਕਰਵਾਇਆ ਗਿਆ। ਜਿਸ ਵਿੱਚ ਮੁੱਖ ਮਹਿਮਾਨ ਦੇ ਤੌਰ ਤੇ ਸੈਂਟ ਜੋਸਫ ਸਕੂਲ ਦੇ ਫਿਜ਼ਿਕਸ ਡਿਪਾਰਟਮੈਂਟ ਦੇ ਹੈਡ ਅਤੇ ਸੋਲੇਸ ਵੈਲਨੈਸ ਦੇ ਫਾਊਂਡਰ ਮੈਂਬਰ ਸਤੀਸ਼ ਸਿੱਲ੍ਹੀ ਉੱਪਲ ਅਤੇ ਸਮਾਜ ਸੇਵੀ ਰੰਗ ਕਰਮੀ ਅਸ਼ੋਕ ਪੁਰੀ ਹਾਜ਼ਿਰ ਹੋਏ। ਇਸ ਮੌਕੇ ਤੇ ਡਾ. ਅਸ਼ੋਕ ਪੁਰੀ ਨੇ ਦੱਸਿਆ ਕਿ 1984 ਤੋਂ ਭਾਰਤ ਸਰਕਾਰ ਸਵਾਮੀ ਵਿਵੇਕਾਨੰਦ ਦੇ ਜਨਮ ਦਿਨ 12 ਜਨਵਰੀ ਨੂੰ ਰਾਸ਼ਟਰੀ ਯੁਵਾ ਦਿਵਸ ਦੇ ਤੌਰ ਤੇ ਮਨਾ ਰਹੀ ਹੈ।ਸਵਾਮੀ ਵਿਵੇਕਾਨੰਦ ਦੇ ਵਿਦਿਆ ਪ੍ਰਸਾਰ ਲਈ ਬਜਵਾੜਾ ਹੁਸ਼ਿਆਰਪੁਰ ਦੇ ਮਹਾਤਮਾ ਹੰਸ ਰਾਜ ਨੇ ਆਪਣਾ ਜੀਵਨ ਲਾਹੌਰ ਤੋਂ ਵਿਦਿਆ ਕ੍ਰਾਂਤੀ ਲਈ ਸੱਮਰਪਿਤ ਕੀਤਾ ਸੀ।ਰਾਸ਼ਟਰੀ ਯੁਵਾ ਦਿਵਸ ਨੂੰ ਸੱਮਰਪਿਤ ਪ੍ਰੋਗਰਾਮ ਵਿੱਚ ਬਹੁ-ਰੰਗ ਕਲਾਮੰਚ ਵੱਲੋਂ ਖੂਨਦਾਨ ਅਭਿਆਨ ਲਈ ਸੱਮਰਪਿਤ ਅਜੈ ਸਹਿਦੇਵ ਮਾਸ ਮੀਡੀਆ ਦੇ ਨੈਂਨਸੀ ਅਰੋੜਾ ਹਰਿਆਣਾ ਤੋਂ ਪਵਨ ਸਿੰਘ, ਨਰੇਸ਼ ਐਸ.ਗਰਗ ਅਤੇ ਕੁਮਾਰ ਵਿਨੋਦ ਨੂੰ ਸੈਮੀਨਾਰ ਦੇ ਮੁੱਖ ਮਹਿਮਾਨ ਸਤੀਸ਼ ਸਿੱਲ੍ਹੀ ਉੱਪਲ ਤੇ ਰੇਨੁਕਾ ਰਾਜਪੂਤ ਨੇ ਸਨਮਾਨਤ ਕੀਤਾ।

## ਧੀਆਂ ਦੀ ਲੋਹੜੀ ਸਮਾਗਮ ਕਰਵਾਇਆ

**ਜੇਜੋਂ ਦੋਆਬਾ, (ਨਿਰਮਲ ਸਿੰਘ ਮੁੱਗੋਵਾਲ)**- ਤਪ ਅਸਥਾਨ ਨਿਰਮਲ ਕੁਟੀਆ ਛੰਭਵਾਲੀ ਪਿੰਡ ਪੰਡਵਾ ਨੇੜੇ ਫਗਵਾੜਾ ਵਿਖੇ 'ਧੀਆਂ ਦੀ ਲੋਹੜੀ' ਤੇ ਇੱਕ ਵਿਸ਼ੇਸ਼ ਸਮਾਗਮ ਕਰਵਾਇਆ ਗਿਆ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਇਸ ਅਸਥਾਨ ਦੇ ਮੁੱਖ ਸੰਚਾਲਕ ਸੰਤ ਬਾਬਾ ਗੁਰਚਰਨ ਸਿੰਘ ਨੇ ਦੱਸਿਆ ਕਿ ਇਸ ਸਮਾਗਮ ਦਾ ਮੁੱਖ ਮਨੋਰਥ ਲੜਕੀਆਂ ਨੂੰ ਵੀ ਲੜਕਿਆਂ ਵਾਂਗ ਅੱਗੇ ਵਧਣ ਦੇ ਬਰਾਬਰ ਮੌਕੇ ਪ੍ਰਦਾਨ ਕਰਨਾ ਹੈ। ਉਨਾਂ ਦੱਸਿਆ ਕਿ ਧੰਨ- ਧੰਨ ਦਸਵੇਂ ਪਾਤਸ਼ਾਹ ਸਰਬੰਸਦਾਨੀ ਸ੍ਰੀ ਗੁਰੂ ਗੋਬਿੰਦ ਸਿੰਘ ਮਹਾਰਾਜ ਜੀ ਦੇ ਅਵਤਾਰ ਪੁਰਬ ਤੇ ਬ੍ਰਹਮਲੀਨ ਸ਼੍ਰੋਮਣੀ ਵਿਰੱਕਤ ਸ਼੍ਰੀਮਾਨ ਸੰਤ ਬਾਬਾ ਦਲੇਲ ਸਿੰਘ ਮਹਾਰਾਜ ਦੇ ਜਨਮ ਦਿਨ ਦੇ ਸੰਬੰਧ ਵਿੱਚ ਤਪ ਅਸਥਾਨ ਨਿਰਮਲ ਕੁਟੀਆ ਸ਼ੰਭਵਾਲੀ ਪੰਡਵਾਂ ਵਿਖੇ ਹੀ ਧਾਰਮਿਕ ਸਮਾਗਮ ਬੜੇ ਉਤਸ਼ਾਹ ਪੂਰਵਕ ਢੰਗ ਨਾਲ 14 ਜਨਵਰੀ ਦਿਨ ਬੁੱਧਵਾਰ ਨੂੰ ਕੀਤਾ ਜਾ ਰਿਹਾ ਹੈ। ਉਹਨਾਂ ਕਿਹਾ ਕਿ ਇਸ ਮੌਕੇ ਸਭ ਤੋਂ ਪਹਿਲਾਂ ਸ੍ਰੀ ਅਖੰਡ ਪਾਠ ਸਾਹਿਬ ਜੀ ਦੀਆ ਚੱਲ ਰਹੀਆਂ ਲੜੀਆਂ ਦੇ ਭੋਗ ਪਾਏ ਜਾਣਗੇ। ਉਸ ਤੋਂ ਬਾਅਦ ਸਜੇ ਦੀਵਾਨਾਂ ਵਿੱਚ ਮੀਰੀ ਪੀਰੀ ਜਥਾ ਜਗਾਧਰੀ ਵਾਲਾ ਤੇ ਭਾਈ ਪ੍ਰਤਾਪ ਸਿੰਘ ਜੀ ਹਜ਼ੂਰੀ ਰਾਗੀ ਤਖਤ ਸ੍ਰੀ ਕੇਸਗੜ੍ਹ ਸਾਹਿਬ (ਅਨੰਦਪੁਰ ਸਾਹਿਬ) ਵਾਲੇ ਆਈਆਂ ਸੰਗਤਾਂ ਨੂੰ ਕਥਾ ਕੀਰਤਨ ਰਾਹੀਂ ਉਸ ਸਰਬ ਸ਼ਕਤੀਮਾਨ ਪ੍ਰਮਾਤਮਾ ਨਾਲ ਜੋੜਨਗੇ। ਗੁਰੂ ਕੇ ਲੰਗਰ ਅਟੁੱਟ ਚਲਣਗੇ।

# ਪੰਜਾਬ ਸਰਕਾਰ ਵੱਲੋਂ ਕੌਮਾਂਤਰੀ ਪੰਜਾਬੀ ਭਾਸ਼ਾ ਓਲੰਪੀਆਡ ਦੇ ਜੇਤੂਆਂ ਦਾ ਐਲਾਨ



**ਚੰਡੀਗੜ੍ਹ, (ਗੁਰਜੀਤ ਬਿੱਲਾ)**- ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਤੀਜੇ ਕੌਮਾਂਤਰੀ ਪੰਜਾਬੀ ਭਾਸ਼ਾ ਓਲੰਪੀਆਡ-2025 ਨੂੰ ਸਫਲਤਾਪੂਰਵਕ ਕਰਵਾਉਣ ਬਾਅਦ ਇਸ ਦੇ ਨਤੀਜੇ ਐਲਾਨ ਕਰ ਦਿੱਤੇ ਗਏ ਹਨ।ਤੀਜੀ ਤੋਂ 5ਵੀਂ ਜਮਾਤ ਲਈ ਕਰਵਾਏ ਕੌਮਾਂਤਰੀ ਵਰਗ ਵਿੱਚ ਨਿਆਮਤ ਕੌਰ ਬਰਾੜ ਨੇ ਪਹਿਲਾ, ਅਖਿਲ ਸਿੰਘ ਨੇ ਦੂਜਾ ਤੇ ਹਰਸੀਰਤ ਕੌਰ ਨੇ ਤੀਜਾ ਸਥਾਨ ਹਾਸਲ ਕੀਤਾ ਹੈ, ਇਹ ਸਾਰੇ ਵਿਦਿਆਰਥੀ ਓਸਲੋ (ਨਾਰਵੇ) ਦੇ ਰਹਿਣ ਵਾਲੇ ਹਨ। 6ਵੀਂ-8ਵੀਂ ਜਮਾਤ ਲਈ ਕਰਵਾਏ ਕੌਮਾਂਤਰੀ ਵਰਗ ਵਿੱਚ ਸਿਮਰਤ ਕੌਰ ਨੇ ਪਹਿਲਾ, ਅੰਮ੍ਰਿਤ ਕੌਰ ਵਿਰਦੀ ਨੇ ਦੂਜਾ ਅਤੇ ਨਵਜੋਤ ਸਿੰਘ ਮਠਾਰੂ ਨੇ ਤੀਜਾ ਸਥਾਨ ਹਾਸਲ ਕੀਤਾ। ਇਹ ਸਾਰੇ ਜੇਤੂ ਨੈਰੋਬੀ (ਕੀਨੀਆ) ਦੇ ਹਨ। 9ਵੀਂ-12ਵੀਂ ਜਮਾਤ ਦੇ ਕੌਮਾਂਤਰੀ ਵਰਗ ਵਿੱਚ ਓਸਲੋ ਦੇ ਪਰਮੀਤ ਸਿੰਘ ਗੁਲਮ ਨੇ ਪਹਿਲਾ ਸਥਾਨ ਹਾਸਲ ਕੀਤਾ।ਪੰਜਾਬ ਕੈਟਾਗਰੀ ਵਿੱਚ, ਤੀਜੀ-5ਵੀਂ ਜਮਾਤ ਵਰਗ ਲਈ ਅੰਮ੍ਰਿਤਸਰ ਦੀ ਗੀਨਤ ਮਾਹਲ ਨੇ ਪਹਿਲਾ, ਮੋਗਾ ਦੀ ਅਵਨੀਤ ਕੌਰ ਨੇ ਦੂਜਾ ਅਤੇ ਫ਼ਰੀਦਕੋਟ ਦੀ ਸੰਗਮਪ੍ਰੀਤ ਕੌਰ ਨੇ ਤੀਜਾ ਸਥਾਨ ਪ੍ਰਾਪਤ ਕੀਤਾ। 6ਵੀਂ-8ਵੀਂ ਜਮਾਤ ਵਰਗ ਲਈ ਪਟਿਆਲਾ ਦੀ ਕਾਰਜਨੀਤ ਕੌਰ ਨੇ ਪਹਿਲਾ, ਫ਼ਰੀਦਕੋਟ ਦੀ ਜੈਸਮੀਨ ਰੂਪਰਾ ਅਤੇ ਰੂਪਨਗਰ ਦੀ ਅਨੀਸ਼ਾ ਕੁਮਾਰੀ ਨੇ ਕ੍ਰਮਵਾਰ ਦੂਜਾ ਅਤੇ ਤੀਜਾ ਸਥਾਨ ਹਾਸਲ ਕੀਤਾ। 9ਵੀਂ-12ਵੀਂ ਜਮਾਤ ਵਰਗ ਵਿੱਚ ਮੋਗਾ ਦੇ ਦਿਲਜਸ਼ ਸਿੰਘ ਨੇ ਪਹਿਲਾ, ਫਤਿਹਗੜ੍ਹ ਸਾਹਿਬ ਦੀ ਸਿਮਰਨਜੋਤ ਕੌਰ ਨੇ ਦੂਜਾ ਅਤੇ ਗੁਰਦਾਸਪੁਰ ਦੀ ਨਵਰੂਪ ਕੌਰ ਨੇ ਤੀਜਾ ਸਥਾਨ ਹਾਸਲ ਕੀਤਾ।ਹੋਰਨਾਂ ਸੂਬਿਆਂ ਦੀ ਸ਼੍ਰੇਣੀ ਵਿੱਚ ਦਿੱਲੀ ਦੀ ਪ੍ਰਨੀਤ ਕੌਰ ਆਹੂਜਾ ਨੇ ਤੀਜੀ-5ਵੀਂ ਜਮਾਤ ਵਰਗ ਵਿੱਚ ਪਹਿਲਾ, ਰਾਜਸਥਾਨ ਦੀ ਖੁਸ਼ਨੂਰ ਕੌਰ ਨੇ ਦੂਜਾ ਅਤੇ ਉੱਤਰ ਪ੍ਰਦੇਸ਼ ਦੀ ਜਸਮੀਨ ਕੌਰ ਨੇ ਤੀਜਾ ਸਥਾਨ ਹਾਸਲ ਕੀਤਾ। 6ਵੀਂ-8ਵੀਂ ਜਮਾਤ ਵਰਗ ਵਿੱਚ ਹਰਿਆਣਾ ਦੀ ਦਕਸ਼ ਨੇ ਪਹਿਲਾ, ਜਦਕਿ ਚੰਡੀਗੜ੍ਹ ਦੇ ਗੁਰਨੂਰ ਸਿੰਘ ਅਤੇ ਨਵਨੀਤ ਉਨਿਆਲ ਨੇ ਕ੍ਰਮਵਾਰ ਦੂਜਾ ਅਤੇ ਤੀਜਾ ਸਥਾਨ ਹਾਸਲ ਕੀਤਾ। 9ਵੀਂ-12ਵੀਂ ਜਮਾਤ ਵਰਗ ਵਿੱਚ ਚੰਡੀਗੜ੍ਹ ਦੇ ਮਨਤੇਜ ਸਿੰਘ ਵਿਰਕ ਨੇ ਪਹਿਲਾ, ਹਰਿਆਣਾ ਦੇ ਵੰਸ਼ਦੀਪ ਸਿੰਘ ਨੇ ਦੂਜਾ ਅਤੇ ਚੰਡੀਗੜ੍ਹ ਦੇ ਏਕਾਂਸ਼ ਸਿੰਘ ਨੇ ਤੀਜਾ ਸਥਾਨ ਹਾਸਲ ਕੀਤਾ।ਓਲੰਪੀਆਡ ਦੇ ਜੇਤੂਆਂ ਅਤੇ ਭਾਗੀਦਾਰਾਂ ਨੂੰ ਵਧਾਈ ਦਿੰਦਿਆਂ ਪੰਜਾਬ ਦੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ 2.25 ਲੱਖ ਤੋਂ ਵੱਧ ਵਿਦਿਆਰਥੀਆਂ ਦੀ ਵੱਡੀ ਸ਼ਮੂਲੀਅਤ ਨੂੰ ਪੰਜਾਬੀ ਭਾਸ਼ਾ ਤੇ ਸੱਭਿਆਚਾਰ ਨੂੰ ਪ੍ਰਫੁੱਲਤ ਕਰਨ ਲਈ ਸੂਬਾ ਸਰਕਾਰ ਦੇ ਯਤਨਾਂ ਦਾ ਨਤੀਜਾ ਦੱਸਿਆ।

## ਸ਼ਰਧਾਲੂਆਂ ਦੀ ਆਸਥਾ ਦਾ ਕੇਂਦਰ ਹੈ ਮਾਘੀ ਮੇਲਾ : ਗੌਰਵ ਗੌਤਮ

**ਚੰਡੀਗੜ੍ਹ, (ਕ੍ਰਿਸ਼ਨ ਗਰਗ)**- ਹਰਿਆਣਾ ਦੇ ਖੇਡ ਰਾਜ ਮੰਤਰੀ ਗੌਰਵ ਗੌਤਮ ਨੇ ਸ਼ਰਧਾਲੂਆਂ ਦੀ ਮੰਗ ਨੂੰ ਪੂਰਾ ਕਰਦੇ ਹੋਏ ਮੰਗਲਵਾਰ ਨੂੰ ਉੱਤਰ ਪ੍ਰਦੇਸ਼ ਦੇ ਪ੍ਰਯਾਗਰਾਜ ਵਿੱਚ 15 ਫਰਵਰੀ ਮਹਾਸ਼ਿਵਰਾਤਰੀ ਦੇ ਪਵਿੱਤਰ ਪੁਰਬ ਤੱਕ ਆਯੋਜਿਤ ਕੀਤੇ ਜਾ ਰਹੇ ਮਾਘੀ ਮੇਲੇ ਲਈ ਪਲਵਲ ਤੋਂ ਪ੍ਰਯਾਗਰਾਜ ਤੱਕ ਸਪੈਸ਼ਲ ਬੱਸ ਨੂੰ ਪਲਵਲ ਬੱਸ ਅੱਡੇ ਤੋਂ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ। ਗੌਰਵ ਗੌਤਮ ਨੇ ਕਿਹਾ ਕਿ ਪਲਵਲ ਤੋਂ ਪ੍ਰਯਾਗਰਾਜ ਤੱਕ ਸਿੱਧੀ ਬੱਸ ਸਹੂਲਤ ਮਿਲਣ ਨਾਲ ਸ਼ਰਧਾਲੂਆਂ ਨੂੰ ਲਾਭ ਹੋਵੇਗਾ ਅਤੇ ਉਹ ਬਿਨ੍ਹਾਂ ਕਿਸੇ ਪਰੇਸ਼ਾਨੀ ਦੇ ਮਾਘੀ ਮੇਲਾ ਦਰਸ਼ਨ ਅਤੇ ਇਸ਼ਨਾਨ ਦਾ ਲਾਭ ਚੁੱਕ ਸਕਣਗੇ। ਪ੍ਰਯਾਗਰਾਜ ਵਿੱਚ 15 ਫਰਵਰੀ ਤੱਕ ਆਯੋਜਿਤ ਕੀਤੇ ਜਾ ਰਹੇ ਮਾਘੀ ਮੇਲੇ ਦੌਰਾਨ ਕਈ ਪ੍ਰਮੁੱਖ ਇਸ਼ਨਾਨ ਪੁਰਬ ਅਤੇ ਧਾਰਮਿਕ ਆਯੋਜਨ ਹੋਣਗੇ। ਉਨ੍ਹਾਂ ਨੇ ਕਿਹਾ ਕਿ ਮਾਘੀ ਮੇਲਾ ਸਦੀਆਂ ਤੋਂ ਸ਼ਰਧਾਲੂਆਂ ਦੀ ਆਸਥਾ, ਸ਼ਰਧਾ ਅਤੇ ਸਮਾਜਿਕ ਭਾਈਚਾਰੇ ਦਾ ਕੇਂਦਰ ਰਿਹਾ ਹੈ।

# ਪੰਜਾਬ ਮੰਡੀ ਬੋਰਡ ਦੇ ਮੁੱਖ ਦਫ਼ਤਰ 'ਚ ਲੋਹੜੀ ਦਾ ਤਿਉਹਾਰ ਮਨਾਇਆ

**ਐੱਸ ਏ ਐੱਸ ਨਗਰ, (ਗੁਰਜੀਤ ਬਿੱਲਾ)**- ਪੰਜਾਬ ਮੰਡੀ ਬੋਰਡ ਦੇ ਮੁੱਖ ਦਫ਼ਤਰ ਵਿੱਚ ਲੋਹੜੀ ਦਾ ਤਿਉਹਾਰ ਪੂਰੇ ਉਤਸ਼ਾਹ, ਖ਼ੁਸ਼ੀ ਅਤੇ ਰਵਾਇਤੀ ਢੰਗ ਨਾਲ ਮਨਾਇਆ ਗਿਆ।



ਇਸ ਸਮਾਗਮ ਵਿੱਚ ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਹਰਚੰਦ ਸਿੰਘ ਬਰਸਟ ਵੱਲੋਂ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਕੇ ਲੋਹੜੀ ਬਾਲੀ ਗਈ ਅਤੇ ਤਿੱਲ, ਰੇਵੜੀਆਂ, ਮੂੰਗਫਲੀਆਂ ਪਾ ਕੇ ਮੰਡੀ ਬੋਰਡ ਦੀ ਚੜ੍ਹਦੀਕਲਾ ਤੇ ਸਾਰਿਆਂ ਦੀ ਸੁੱਖ-ਸ਼ਾਂਤੀ, ਖੁਸ਼ਹਾਲੀ ਅਤੇ ਤਰੱਕੀ ਲਈ ਅਰਦਾਸ ਕੀਤੀ ਗਈ। ਇਸ ਦੌਰਾਨ ਬਰਸਟ ਨੇ ਸਾਰਿਆਂ ਨੂੰ ਲੋਹੜੀ ਦੀਆਂ ਦਿਲੋਂ ਵਧਾਈਆਂ ਦਿੱਤੀਆਂ। ਉਨ੍ਹਾਂ ਆਖਿਆ ਕਿ ਲੋਹੜੀ ਪੰਜਾਬੀ ਸਭਿਆਚਾਰ ਦਾ ਮਹੱਤਵਪੂਰਨ ਤਿਉਹਾਰ ਹੈ, ਜੋ ਏਕਤਾ ਅਤੇ ਆਪਸੀ ਸਾਂਝ ਦਾ ਪ੍ਰਤੀਕ ਹੈ। ਅਜਿਹੇ ਤਿਉਹਾਰ ਹੀ ਸਾਨੂੰ ਆਪਣੀ ਸੰਸਕ੍ਰਿਤੀ ਨਾਲ ਜੋੜਦੇ ਹਨ ਅਤੇ ਸਮਾਜ ਵਿੱਚ ਆਪਸੀ ਸਾਂਝ ਅਤੇ ਸਦਭਾਵਨਾ ਨੂੰ ਮਜ਼ਬੂਤ ਕਰਦੇ ਹਨ। ਸਮਾਗਮ ਦੌਰਾਨ ਦੇ ਰਵਾਇਤੀ ਗੀਤ ਗਾਏ ਗਏ, ਜਿਸ ਨਾਲ ਪੂਰਾ ਮਾਹੌਲ ਖੁਸ਼ਨੁਮਾ ਬਣ ਗਿਆ। ਇਸ ਮੌਕੇ ਰੇਵੜੀਆਂ, ਮੂੰਗਫਲੀ ਅਤੇ ਗੱਜਕ ਵੀ ਵੰਡੀਆਂ ਗਈਆਂ। ਸਮਾਗਮ ਵਿੱਚ ਜਤਿੰਦਰ ਸਿੰਘ ਭੰਗੂ ਇੰਜੀਨੀਅਰ ਇਨ ਚੀਫ਼, ਹਰਜੀਤ ਸਿੰਘ ਸੰਧੂ ਸੰਯੁਕਤ ਸਕੱਤਰ ਅਤੇ ਸਮੂਹ ਅਧਿਕਾਰੀ ਤੇ ਕਰਮਚਾਰੀ ਮੌਜੂਦ ਰਹੇ।

# ਅੱਖਾਂ ਦਾ ਫਰੀ ਚੈੱਕਅੱਪ ਕੈਂਪ 17 ਨੂੰ



**ਮੇਹਟਿਆਣਾ (ਜਗਤਾਰ ਸਿੰਘ ਭੁੰਗਰਨੀ)**- ਲਾਇਨਜ਼ ਕਲੱਬ ਆਦਮਪੁਰ, ਲਾਇਨਜ਼ ਆਈ ਹਸਪਤਾਲ ਸੁਸਾਇਟੀ ਵੱਲੋਂ ਜਤਿੰਦਰ ਸਿੰਘ ਮਿਨਹਾਸ ਦੀ ਮਦਦ ਨਾਲ ਗਰੀਬ ਦਾ ਮੂੰਹ ਗੁਰੂ ਦੀ ਗੋਲਕ ਸੰਸਥਾ ਅਜਨੋਹਾ ਤੇ ਗੁਰੂ ਨਾਨਕ ਚੈਰੀਟੇਬਲ ਡਿਸਪੈਂਸਰੀ ਤੇ ਲੈਬੋਰਟਰੀ ਪਿੰਡ ਨਰੂੜ ਦੇ ਸਹਿਯੋਗ ਨਾਲ ਚੌਥਾ ਅੱਖਾਂ ਦਾ ਫ੍ਰੀ ਚੈੱਕਅੱਪ ਕੈਂਪ 17 ਜਨਵਰੀ ਨੂੰ ਸਵੇਰੇ 9 ਵਜੇ ਤੋਂ ਦੁਪਹਿਰ 1 ਵਜੇ ਤੱਕ ਸਿੰਘ ਸਭਾ ਗੁਰਦੁਆਰਾ ਸਾਹਿਬ ਪਿੰਡ ਮੁੱਖਲਿਆਣਾ ਵਿਖੇ ਲਗਾਇਆ ਜਾ ਰਿਹਾ। ਅੱਖਾਂ ਦੇ ਮਾਹਿਰ ਡਾਕਟਰਾਂ ਦੀ ਟੀਮ ਵੱਲੋਂ ਮਰੀਜ਼ਾਂ ਦਾ ਚੈੱਕਅੱਪ ਕਰਕੇ ਦਵਾਈਆਂ ਫ੍ਰੀ ਦਿੱਤੀ ਜਾਣਗੀਆਂ। ਜਿਨ੍ਹਾਂ ਮਰੀਜ਼ਾਂ ਦੇ ਲੈਂਜ ਪੈਣੇ ਹਨ ਲਾਇਨਜ਼ ਆਈ ਹਸਪਤਾਲ ਆਦਮਪੁਰ ਵਿਖੇ ਲਾਇਨਜ਼ ਕਲੱਬ ਆਦਮਪੁਰ ਅਤੇ ਲਾਇਨਜ਼ ਆਈ ਹਸਪਤਾਲ ਵਲੋਂ ਫ੍ਰੀ ਪਾਏ ਜਾਣਗੇ। ਇਸ ਮੌਕੇ ਹਾਜ਼ਰ ਗੁਰੂ ਘਰ ਵਜ਼ੀਰ ਭਾਈ ਮਨਦੀਪ ਸਿੰਘ ਜੀ, ਸੰਸਥਾ ਮੁੱਖੀ ਭਾਈ ਹਰਵਿੰਦਰ ਸਿੰਘ ਖਾਲਸਾ ਅਜਨੋਹਾ, ਜਤਿੰਦਰ ਸਿੰਘ ਰਾਣਾ ਖਾਲਸਾ ਮੁੱਖਲਿਆਣਾ ਡਿਸਪੈਂਸਰੀ ਤੇ ਲੈਬੋਰਟਰੀ ਇਨਚਾਰਜ, ਹਰਦੀਪ ਸਿੰਘ, ਅਵਤਾਰ ਸਿੰਘ, ਸੁਖਦੇਵ ਸਿੰਘ ਪੰਚ, ਨਿਰਮਲਜੀਤ ਸਿੰਘ, ਮਨਪ੍ਰੀਤ ਸਿੰਘ, ਕੁਲਵੰਤ ਕੌਰ, ਪਰਮਿੰਦਰ ਕੌਰ, ਕੁਲਵਿੰਦਰ ਕੌਰ, ਤੀਰਥ ਸਿੰਘ, ਪ੍ਰਭਜੋਤ ਸਿੰਘ ,ਦੀਪ ਸਿੰਘ, ਪ੍ਰੋਫੈਸਰ ਗੁਰਪ੍ਰੀਤ ਸਿੰਘ, ਲਖਵਿੰਦਰ ਸਿੰਘ, ਕਰਨਪ੍ਰੀਤ ਸਿੰਘ, ਹਰਪ੍ਰੀਤ ਸਿੰਘ, ਫ਼ਤਹਿ ਸਿੰਘ, ਹਰਸਿਮਰਨਜੀਤ ਸਿੰਘ, ਭਾਈ ਜਸਵਿੰਦਰ ਸਿੰਘ, ਦਲਜੀਤ ਸਿੰਘ, ਜਰਨੈਲ ਸਿੰਘ, ਸਰਪੰਚ ਓਕਾਰ ਸਿੰਘ ਆਦਿ ਹਾਜ਼ਰ ਸਨ।

# ਨਵਜੰਮੀਆਂ ਧੀਆਂ ਦੀ ਲੋਹੜੀ ਮਨਾਈ

**ਚਮਕੌਰ ਸਾਹਿਬ, (ਗੁਰਵਿੰਦਰਪਾਲ ਸਿੰਘ ਬੌਬੀ)**- ਰਵਿਦਾਸ ਮਿਸ਼ਨ ਸੁਸਾਇਟੀ ਚਮਕੌਰ ਸਾਹਿਬ ਵੱਲੋਂ ਪ੍ਰਧਾਨ ਪ੍ਰਿੰਸੀਪਲ ਲਛਮਣ ਸਿੰਘ ਦੀ ਅਗਵਾਈ ਹੇਠ ਨਵਜੰਮੀਆਂ ਧੀਆਂ ਦੀ ਪਹਿਲੀ ਲੋਹੜੀ ਖੁਸ਼ੀ ਤੇ ਉਤਸ਼ਾਹ ਨਾਲ ਮਨਾਈ । ਇਸ ਸਮਾਗਮ ਵਿੱਚ ਹਲਕਾ ਵਿਧਾਇਕ ਡਾ. ਚਰਨਜੀਤ ਸਿੰਘ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਪ੍ਰਧਾਨ ਪ੍ਰਿੰਸੀਪਲ ਲਛਮਣ ਸਿੰਘ ਨੇ ਦੱਸਿਆ ਕਿ ਇਸ ਸਮਾਗਮ ਦਾ ਮੁੱਖ ਉਦੇਸ਼ ਸਮਾਜ ਵਿੱਚ ਧੀਆਂ ਪ੍ਰਤੀ ਸਕਾਰਾਤਮਕ ਸੋਚ ਨੂੰ ਵਧਾਵਾ ਦੇਣਾ ਤੇ ਬੇਟੀ ਬਚਾਓ, ਬੇਟੀ ਪੜ੍ਹਾਓ ਦੇ ਸੰਦੇਸ਼ ਨੂੰ ਹੋਰ ਮਜ਼ਬੂਤ ਕਰਨਾ ਸੀ। ਵਿਧਾਇਕ ਡਾ. ਚਰਨਜੀਤ ਸਿੰਘ ਨੇ ਨਵਜੰਮੀਆਂ ਧੀਆਂ ਤੇ ਉਨ੍ਹਾਂ ਦੇ ਪਰਵਾਰਾਂ ਨੂੰ ਵਧਾਈ ਦਿੰਦਿਆਂ ਧੀਆਂ ਨੂੰ ਅਸ਼ੀਰਵਾਦ ਦਿੱਤਾ। ਉਨ੍ਹਾਂ ਵਾਹਿਗੁਰੂ ਅੱਗੇ ਅਰਦਾਸ ਕੀਤੀ ਕਿ ਧੀਆਂ ਸਦਾ ਚੜ੍ਹਦੀ ਕਲਾ ਵਿੱਚ ਰਹਿਣ, ਤੰਦਰੁਸਤ ਅਤੇ ਖੁਸ਼ਹਾਲ ਜੀਵਨ ਬਿਤਾਉਣ ਅਤੇ ਆਪਣੇ ਮਾਪਿਆਂ ਤੇ ਪਰਿਵਾਰ ਦਾ ਨਾਂਅ ਰੌਸ਼ਨ ਕਰਨ। ਉਨ੍ਹਾਂ ਕਿਹਾ ਕਿ ਲੋਹੜੀ ਵਰਗੇ ਪਰੰਪਰਾਗਤ ਤਿਉਹਾਰਾਂ ਨੂੰ ਧੀਆਂ ਨਾਲ ਜੋੜ ਕੇ ਮਨਾਉਣਾ ਸਮਾਜ ਵਿੱਚ ਇੱਕ ਸਕਾਰਾਤਮਕ ਬਦਲਾਅ ਦਾ ਸੰਕੇਤ ਹੈ। ਇਸ ਨਾਲ ਨਾ ਸਿਰਫ਼ ਧੀਆਂ ਦਾ ਮਾਣ ਵਧਦਾ ਹੈ ਸਗੋਂ ਲੋਕਾਂ ਦੀ ਸੋਚ ਵਿੱਚ ਵੀ ਬਦਲਾਅ ਆਉਂਦਾ ਹੈ। ਉਨ੍ਹਾਂ ਰਵਿਦਾਸ ਮਿਸ਼ਨ ਸੁਸਾਇਟੀ ਵੱਲੋਂ ਕੀਤੇ ਜਾ ਰਹੇ ਇਸ ਉਪਰਾਲੇ ਦੀ ਖੂਬ ਪ੍ਰਸ਼ੰਸਾ ਕੀਤੀ ਤੇ ਭਵਿੱਖ ਵਿੱਚ ਵੀ ਇਸ ਤਰ੍ਹਾਂ ਦੇ ਸਮਾਜਿਕ ਕਾਰਜ ਜਾਰੀ ਰੱਖਣ ਦੀ ਅਪੀਲ ਕੀਤੀ। ਸਮਾਗਮ ਦੌਰਾਨ ਰਵਿਦਾਸ ਮਿਸ਼ਨ ਸੁਸਾਇਟੀ ਦੇ ਮੈਂਬਰਾਂ ਵੱਲੋਂ ਵਿਧਾਇਕ ਡਾ. ਚਰਨਜੀਤ ਸਿੰਘ ਦਾ ਸਨਮਾਨ ਵੀ ਕੀਤਾ। ਇਸ ਮੌਕੇ ਮਾਰਕੀਟ ਕਮੇਟੀ ਦੇ ਚੇਅਰਮੈਨ ਸਕਿੰਦਰ ਸਿੰਘ ਸਹੇੜੀ, ਸਿਆਸੀ ਸਕੱਤਰ ਜਗਤਾਰ ਸਿੰਘ ਘੜੂੰਆ, ਕੌਂਸਲਰ ਭੁਪਿੰਦਰ ਸਿੰਘ ਭੂਰਾ, ਕੌਂਸਲਰ ਸੁਖਬੀਰ ਸਿੰਘ, ਕੌਂਸਲਰ ਸੁਖਬੀਰ ਸਿੰਘ, ਬਖਸ਼ੀਸ ਸਿੰਘ, ਮੋਹਣ ਸਿੰਘ ਤੇ ਦਰਸ਼ਨ ਵਰਮਾ ਆਦਿ ਹਾਜ਼ਰ ਸਨ।



## ਡਿਪਟੀ ਕਮਿਸ਼ਨਰ ਵੱਲੋਂ ਦਫ਼ਤਰੀ ਕੰਮ ਪੰਜਾਬੀ ਭਾਸ਼ਾ 'ਚ ਕਰਨ ਦੀ ਤਾਕੀਦ

**ਹੁਸ਼ਿਆਰਪੁਰ, (ਓ ਪੀ ਰਾਣਾ)**- ਪੰਜਾਬ ਰਾਜ ਭਾਸ਼ਾ ਐਕਟ 1967 ਅਤੇ ਰਾਜ ਭਾਸ਼ਾ (ਤਰਮੀਮ) ਐਕਟ 2008 ਵਿਚ ਕੀਤੇ ਉਪਬੰਧਾਂ ਅਨੁਸਾਰ ਪੰਜਾਬ ਰਾਜ ਦੇ ਸਕੱਤਰੇਤ, ਸਮੂਹ ਸਰਕਾਰੀ/ਅਰਧ ਸਰਕਾਰੀ ਵਿਭਾਗਾਂ, ਬੋਰਡਾਂ, ਕਾਰਪੋਰੇਸ਼ਨਾਂ, ਨਿਗਮਾਂ ਅਤੇ ਵਿੱਦਿਅਕ ਅਦਾਰਿਆਂ ਦੇ ਦਫ਼ਤਰਾਂ ਵਿਚ ਸਮੁੱਚਾ ਦਫ਼ਤਰੀ ਕੰਮ ਪੰਜਾਬੀ ਭਾਸ਼ਾ ਵਿਚ ਕੀਤਾ ਜਾਣ ਲਾਜ਼ਮੀ ਹੈ। ਪੰਜਾਬ ਸਰਕਾਰ ਵੱਲੋਂ ਦਫ਼ਤਰੀ ਕੰਮ-ਕਾਜ ਪੰਜਾਬੀ ਭਾਸ਼ਾ ਵਿਚ ਕਰਨ ਲਈ ਸਮੇਂ-ਸਮੇਂ 'ਤੇ ਹਦਾਇਤਾਂ ਜਾਰੀ ਕੀਤੀਆਂ ਜਾਂਦੀਆਂ ਰਹੀਆਂ ਹਨ। ਇਸ ਬਾਰੇ ਵਿਸਥਾਰ ਨਾਲ ਗੱਲ ਕਰਦਿਆਂ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਜ਼ਿਲ੍ਹੇ ਦੇ ਸਮੂਹ ਸਰਕਾਰੀ/ਅਰਧ ਸਰਕਾਰੀ ਵਿਭਾਗਾਂ, ਬੋਰਡਾਂ, ਕਾਰਪੋਰੇਸ਼ਨਾਂ, ਨਿਗਮਾਂ ਅਤੇ ਵਿੱਦਿਅਕ ਅਦਾਰਿਆਂ ਦੇ ਦਫ਼ਤਰੀ ਕਰਮਚਾਰੀਆਂ/ਆਧਿਕਾਰੀਆਂ ਨੂੰ ਕਿਹਾ ਕਿ ਦਫ਼ਤਰਾਂ ਦਾ ਸਮੁੱਚਾ ਕਾਰਜ ਪੰਜਾਬ ਦੀ ਰਾਜ ਭਾਸ਼ਾ ਪੰਜਾਬੀ ਵਿੱਚ ਕਰਨਾ ਲਾਜ਼ਮੀ ਬਣਾਇਆ ਜਾਵੇ। ਇਸ ਦੇ ਨਾਲ ਹੀ ਉਨ੍ਹਾਂ ਸਖ਼ਤ ਹਦਾਇਤਾਂ ਦਿੰਦਿਆਂ ਕਿਹਾ ਕਿ ਸਮੂਹ ਵਿਭਾਗਾਂ ਦੀਆਂ ਵੈੱਬਸਾਈਟਾਂ ਅੰਗਰੇਜ਼ੀ ਦੇ ਨਾਲ-ਨਾਲ ਪੰਜਾਬੀ ਭਾਸ਼ਾ (ਭਾਵ ਦੋਨੋਂ ਭਾਸ਼ਾਵਾਂ) ਵਿਚ ਤਿਆਰ ਕੀਤੀਆਂ ਜਾਣ।

## ਪੰਜਾਬ ਸਰਕਾਰ ਨੇ ਮਕਾਨ ਉਸਾਰੀਆਂ ਦਾ ਬੋਝ ਘਟਾਇਆ

**ਚੰਡੀਗੜ੍ਹ, (ਗੁਰਜੀਤ ਬਿੱਲਾ)**- ਪੰਜਾਬ ਦੇ ਮਕਾਨ ਉਸਾਰੀ ਅਤੇ ਸ਼ਹਿਰੀ ਵਿਕਾਸ ਮੰਤਰੀ ਹਰਦੀਪ ਸਿੰਘ ਮੁੰਡੀਆਂ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਐਮਨੈਸਟੀ ਪਾਲਿਸੀ-2025 ਵਿੱਚ ਤਿੰਨ ਮਹੀਨੇ ਦੇ ਵਾਧੇ ਨੂੰ ਪ੍ਰਵਾਨਗੀ ਦਿੰਦਿਆਂ ਇੱਕ ਵੱਡਾ ਲੋਕ-ਪੱਖੀ ਕਦਮ ਚੁੱਕਿਆ ਹੈ, ਜਿਸ ਨਾਲ ਪੰਜਾਬ ਭਰ ਦੇ ਡਿਫ਼ਾਲਟਰ ਪਲਾਟ ਅਲਾਟੀਆਂ ਨੂੰ ਵੱਡੀ ਰਾਹਤ ਮਿਲੀ ਹੈ। ਕੈਬਨਿਟ ਮੰਤਰੀ ਨੇ ਦੱਸਿਆ ਕਿ ਮੰਤਰੀ ਮੰਡਲ ਨੇ ਮਕਾਨ ਉਸਾਰੀ ਤੇ ਸ਼ਹਿਰੀ ਵਿਕਾਸ ਵਿਭਾਗ ਦੀਆਂ ਵੱਖ-ਵੱਖ ਸਕੀਮਾਂ ਤਹਿਤ ਅਲਾਟ ਅਤੇ ਨਿਲਾਮ ਕੀਤੇ ਪਲਾਟਾਂ ਲਈ ਐਮਨੈਸਟੀ ਨੀਤੀ 2025 ਦੇ ਵਾਧੇ ਨੂੰ ਪ੍ਰਵਾਨਗੀ ਦਿੱਤੀ ਹੈ। ਇਸ ਫ਼ੈਸਲੇ ਨਾਲ ਵਿਕਾਸ ਅਥਾਰਟੀਆਂ ਦੇ ਡਿਫ਼ਾਲਟਰ ਅਲਾਟੀਆਂ ਨੂੰ ਇਸ ਨੀਤੀ ਤਹਿਤ 31 ਮਾਰਚ, 2026 ਤੱਕ ਅਪਲਾਈ ਕਰਨ ਦਾ ਨਵਾਂ ਮੌਕਾ ਮਿਲਿਆ ਹੈ। ਯੋਗ ਬਿਨੈਕਾਰਾਂ ਨੂੰ ਸਬੰਧਤ ਵਿਕਾਸ ਅਥਾਰਟੀ ਦੁਆਰਾ ਮਨਜ਼ੂਰੀ ਦੀ ਮਿਤੀ ਤੋਂ ਤਿੰਨ ਮਹੀਨਿਆਂ ਦੇ ਅੰਦਰ-ਅੰਦਰ ਬਕਾਇਆ ਰਕਮ ਜਮ੍ਹਾਂ ਕਰਾਉਣੀ ਪਵੇਗੀ ਤੇ ਅਰਜ਼ੀਆਂ ਨਵੀਂ ਐਲਾਨੀ ਮਿਤੀ ਨੂੰ ਜਾਂ ਇਸ ਤੋਂ ਪਹਿਲਾਂ ਜਮ੍ਹਾਂ ਕਰਾਉਣੀਆਂ ਪੈਣਗੀਆਂ।

# ਬਜ਼ੁਰਗਾਂ ਦੇ ਆਪਣਾ ਘਰ 'ਚ ਮਨਾਈ ਲੋਹੜੀ

**ਰੂਪਨਗਰ, (ਨ ਜ ਸ)**- ਬਜ਼ੁਰਗਾਂ ਦੇ ਆਪਣਾ ਘਰ ਹਵੇਲੀ ਕਲਾਂ ਵਿਖੇ ਸਾਂਝੀ ਵਾਲਤਾ ਦਾ ਪ੍ਰਤੀਕ ਲੋਹੜੀ ਦਾ ਪਵਿੱਤਰ ਤਿਉਹਾਰ ਬਹੁਤ ਹੀ ਉਤਸ਼ਾਹ ਨਾਲ ਮਨਾਇਆ ਗਿਆ। ਇੰਨਰਵੀਲ ਕਲੱਬ ਰੂਪਨਗਰ ਦੇ ਸਹਿਯੋਗ ਨਾਲ ਸਮਾਜ ਦੇ ਬਜ਼ੁਰਗਾਂ ਦੀ ਚੜ੍ਹਦੀ ਕਲਾ ਲਈ ਮਨਾਏ ਗਏ ਇਸ ਸਮਾਰੋਹ ਵਿੱਚ ਬਜ਼ੁਰਗਾ ਪ੍ਰਤੀ ਸਤਿਕਾਰ ਪ੍ਰਗਟ ਕਰਨ ਵਾਲੇ ਵੱਡੀ ਗਿਣਤੀ ਵਿਚ ਲੋਕ ਸ਼ਾਮਲ ਹੋਏ। ਲੋਹੜੀ ਬਾਲਣ ਦਾ ਅਰੰਭ ਗਾਇਤਰੀ ਮੰਤਰ ਦਾ ਉਚਾਰਣ ਕਰਨ ਉਪਰੰਤ ਨਗਰ ਸੁਧਾਰ ਟਰੱਸਟ ਦੇ ਚੇਅਰਮੈਨ ਸ਼ਿਵ ਕੁਮਾਰ ਲਾਲਪੁਰਾ, ਮਾਰਕਿਟ ਕਮੇਟੀ ਦੇ ਚੇਅਰਮੈਨ ਭਾਗ ਸਿੰਘ ਮਦਾਨ ਤੇ ਉੱਘੇ ਸਮਾਜ ਸੇਵਕ ਡਾ ਆਰ ਐੱਸ ਪਰਮਾਰ ਵਲੋਂ ਲੋਹੜੀ ਬਾਲ ਕੇ ਕੀਤਾ ਗਿਆ। ਤਿੰਨੋ ਮਹਿਮਾਨਾ ਨੇ ਸਭ ਨੂੰ ਲੋਹੜੀ ਦੀ ਵਧਾਈ ਦਿੱਤੀ ਅਤੇ ਆਪਣਾ ਘਰ ਦੇ ਪ੍ਰਬੰਧਕਾ ਵਲੋਂ ਬਜ਼ੁਰਗਾ ਦੀ ਬੇਹਤਰੀ ਲਈ ਕੀਤੇ ਜਾ ਰਹੇ ਉਪਰਾਲਿਆ ਦੀ ਪ੍ਰਸ਼ੰਸਾ ਕੀਤੀ। ਇਸ ਮੌਕੇ ਗੁਰੂ ਗਰਾਮਰ ਅਕਾਡਮੀ ਦੇ ਬੱਚਿਆ, ਪ੍ਰਕਾਸ਼ ਮੈਮੋਰੀਅਲ ਸਕੂਲ ਦੇ ਗੂੰਗੇ ਤੇ ਬੋਲੇ ਬੱਚਿਆ ਨੇ ਮਨੋਰਜਨ ਦਾ ਪ੍ਰੋਗਰਾਮ ਪੇਸ਼ ਕੀਤਾ। ਇਸ ਮੌਕੇ ਸੰਸਥਾ ਦੇ ਟਰੱਸਟੀ ਬਲਬੀਰ ਸਿੰਘ ਸੈਣੀ, ਡਾ. ਅਜਮੇਰ ਸਿੰਘ, ਅਮਰਜੀਤ ਸਿੰਘ, ਐਡਵੋਕੇਟ ਰਾਵਿੰਦਰ ਸਿੰਘ ਮੁੰਡਰਾ, ਦਲਜੀਤ ਸਿੰਘ, ਜਗਦੇਵ ਸਿੰਘ, ਬਹਾਦਰਜੀਤ ਸਿੰਘ, ਵਿਨੋਦ ਜੈਨ, ਇੰਨਰਵੀਲ ਕਲੱਬ ਦੀ ਪ੍ਰਧਾਨ ਗੁਰਮੀਤ ਕੌਰ ਸਮੇਤ ਅਹੁਦੇਦਾਰ ਪਰਮਿੰਦਰ ਕੌਰ ਪੰਦੋਹਲ, ਮੀਨਲ, ਸੁਮਨ ਤਿਆਗੀ, ਆਸਿਮਾ ਅਗਰਵਾਲ, ਸੁਪਿੰਦਰ ਕੌਰ, ਆਦਰਸ਼ ਸ਼ਰਮਾ, ਆਪਣਾ ਘਰ ਦੇ ਬਜ਼ੁਰਗ ਭੁਪਿੰਦਰ ਸਿੰਘ, ਜਿੰਦਰ ਸਿੰਘ, ਇਕਬਾਲ ਸਿੰਘ, ਜਸਵੰਤ ਸਿੰਘ, ਤਰਸੇਮ ਸਿੰਘ, ਪਾਲ ਸਿੰਘ, ਹਰਮੇਸ ਲਾਲ, ਤਾਰਾ ਸਿੰਘ, ਸੁਖਦੇਵ ਸ਼ਰਮਾ, ਸ਼ਾਮ ਲਾਲ ਗੋਇਲ, ਕੇ. ਐਲ. ਕਪੂਰ, ਅਸ਼ਵਨੀ ਸਹਿਗਲ, ਕੇ. ਐਸ. ਭੌਗਲ ਆਦਿ ਹਾਜ਼ਰ ਸਨ।



# ਗੁਰਦੁਆਰਾ ਬਾਬਾ ਮੰਝ ਸਾਹਿਬ ਜੀ ਸਮਾਧਾਂ ਤੋਂ ਨਗਰ ਕੀਰਤਨ ਖਾਲਸਾਈ ਸ਼ਾਨੋ-ਸ਼ੌਕਤ ਨਾਲ ਸਜਾਇਆ

**ਅੱਡਾ ਸਰਾਂ (ਜਸਵੀਰ ਕਾਜਲ)**- ਮਿਸਲ ਸ਼ਹੀਦਾਂ ਤਰਨਾ ਦਲ ਹਰੀਆਂ ਵੇਲਾਂ ਜਥੇਬੰਦੀ ਵੱਲੋਂ ਸਾਹਿਬ ਸਤਿਗੁਰੂ ਸ੍ਰੀ ਗੁਰੂ ਅਰਜਨ ਦੇਵ ਜੀ ਮਹਾਰਾਜ ਜੀ ਦੇ ਅਨਿੰਨ ਸੇਵਕ ਧੰਨ ਧੰਨ ਬਾਬਾ ਮੰਝ ਸਾਹਿਬ ਜੀ ਦੇ ਪਾਵਨ ਪਵਿੱਤਰ ਅਸਥਾਨ ਗੁਰਦੁਆਰਾ ਬਾਬਾ ਮੰਝ ਸਾਹਿਬ ਜੀ ਸਮਾਧਾਂ ਵਿਖੇ ਮਾਘੀ ਦੇ ਪਾਵਨ ਦਿਹਾੜੇ ਤੇ ਨਗਰ ਕੀਰਤਨ ਖਾਲਸਾਈ ਸ਼ਾਨੋ ਸ਼ੌਕਤ ਨਾਲ ਸਜਾਇਆ ਗਿਆ ਅਤੇ ਸਾਲਾਨਾ ਜੋੜ ਮੇਲਾ 14 ਜਨਵਰੀ ਦਿਨ ਬੁੱਧਵਾਰ ਨੂੰ ਪਿੰਡ ਕੰਗਮਾਈ ਜਿਲ੍ਹਾ ਹੁਸ਼ਿਆਰਪੁਰ ਵਿਖੇ ਮੁੱਖ ਪ੍ਰਬੰਧਕ ਜਿੰਦਾ ਸ਼ਹੀਦ ਸਿੰਘ ਸਾਹਿਬ ਬਾਬਾ ਨਿਹਾਲ ਸਿੰਘ ਜੀ ਜਥੇਦਾਰ ਮਿਸਲ ਸ਼ਹੀਦਾਂ ਤਰਨਾ ਦਲ ਹਰੀਆਂ ਵੇਲਾਂ ਵਾਲਿਆਂ ਦੀ ਦੇਖ ਰੇਖ ਹੇਠ ਬਹੁਤ ਹੀ ਸ਼ਰਧਾ ਤੇ ਸਤਿਕਾਰ ਸਹਿਤ ਮਨਾਇਆ ਜਾ ਰਿਹਾ ਹੈ। ਜਿਸ ਵਿੱਚ ਪੰਥ ਦੇ ਪ੍ਰਸਿੱਧ , ਕਥਾ ਵਾਚਕ ਗਿਆਨੀ ਨਵਤੇਜ ਸਿੰਘ ਦਮਦਮੀ ਟਕਸਾਲ, ਕੀਰਤਨ ਜਥਾ ਭਾਈ ਸ਼ੁਭਦੀਪ ਸਿੰਘ ਹਜੂਰੀ ਰਾਗੀ ਸੱਚਖੰਡ ਸ੍ਰੀ ਦਰਬਾਰ ਸਾਹਿਬ , ਗਿਆਨੀ ਗੁਰਿੰਦਰ ਸਿੰਘ ਬੈਂਸ ਢਾਡੀ ਜੱਥਾ ,ਭਾਈ ਹਰਭਜਨ ਸਿੰਘ ਸੋਤਲੇ ਵਾਲੇ, ਭਾਈ ਕੁਲਵਿੰਦਰ ਸਿੰਘ ਕੰਗਮਾਈ ਵਾਲੇ, ਸੰਤ ਜੋਗਾ ਸਿੰਘ ਰਾਮੂ ਥਿਆੜੇ ਵਲੇ ਅਤੇ ਹੋਰ ਅਨੇਕਾਂ ਸੰਤ ਮਹਾਂਪੁਰਸ਼ ਪਹੁੰਚ ਰਹੇ ਹਨ। ਨਗਰ ਕੀਰਤਨ ਨੂੰ ਜੀ ਆਇਆ ਆਖਦੇ ਹੋਏ ਪਿੰਡ ਗੋਰਾਇਆਂ ਦੀ ਸਮੂਹ ਸਾਧ ਸੰਗਤ ਅਤੇ ਐੱਨ ਆਰ ਆਈ ਸੰਗਤ ਵੱਲੋਂ ਫੁੱਲਾਂ ਦੀ ਵਰਖਾ ਕੀਤੀ ਗਈ। ਸਿੰਘ ਸਾਹਿਬ ਪੰਜ ਪਿਆਰਿਆਂ ਤੇ ਗੁਰੂ ਦੇ ਵਜ਼ੀਰਾਂ ਨੂੰ ਗੁਰੂ ਘਰ ਦੀ ਬਖਸ਼ਿਸ਼ ਸਰੂਪ ਦੇ ਕੇ ਸਨਮਾਨਤ ਕੀਤਾ ਗਿਆ ਅਤੇ ਆਈਆਂ ਹੋਈਆਂ ਸੰਗਤਾਂ ਵਾਸਤੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ। ਇਸ ਮੌਕੇ ਗੁਰਦੁਆਰਾ ਪ੍ਰਬੰਧਕ ਕਮੇਟੀ ਪਿੰਡ ਗੋਰਾਇਆ ਸਮੂਹ ਨਗਰ ਨਿਵਾਸੀ ਸੰਗਤਾਂ ਹਾਜ਼ਰ ਸਨ।



# 31 ਨਵ-ਜੰਮੀਆਂ ਧੀਆਂ ਦੀ ਲੋਹੜੀ ਪਾਈ

**ਫਗਵਾੜਾ (ਡਾ. ਰਮਨ)**- ਫਗਵਾੜਾ ਦੇ ਨਜ਼ਦੀਕੀ ਪਿੰਡ ਵਜੀਦੋਵਾਲ ਵਿਖੇ ਸਰਪੰਚ ਰਿੰਪਲ ਕੁਮਾਰ ਦੀ ਅਗਵਾਈ ਹੇਠ ਬਾਲ ਵਿਕਾਸ ਪ੍ਰੋਜੈਕਟ ਅਫਸਰ ਫਗਵਾੜਾ, ਐੱਨ ਆਰ ਆਈ ਤੇ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ 31 ਨਵ-ਜੰਮੀਆਂ ਧੀਆਂ ਦੀ ਲੋਹੜੀ ਪਾਈ ਗਈ। ਇਸ ਸਬੰਧੀ ਆਯੋਜਿਤ ਸਮਾਗਮ ਵਿਚ ਮੁੱਖ ਮਹਿਮਾਨ ਕਮਲਜੀਤ ਕੌਰ ਕੌਂਸਲਰ ਪਤਨੀ ਕੁਲਵਿੰਦਰ ਸਿੰਘ ਕਿੰਦਾ ਸਾਬਕਾ ਕੌਂਸਲਰ, ਪੰਡਿਤ ਲਾਭ ਚੰਦ ਥੀਂਗਲੀ (ਕਪੂਰਥਲਾ) ਨੰਬਰਦਾਰ, ਕਿਸਾਨ ਯੂਨੀਅਨ ਦੇ ਜਿਲ੍ਹਾ ਪ੍ਰਧਾਨ ਸਤਨਾਮ ਸਿੰਘ ਸੋਢੀ ਖਹਿਰਾ ਦੋਨਾ, ਮੇਜਰ ਸਿੰਘ ਨੰਬਰਦਾਰ ਮੇਹਲੀ ਅਤੇ ਦਿਲਬਾਗ ਸਿੰਘ ਬੰਗਾ ਸਮਾਜ ਸੇਵਕ ਪਿੰਡ ਬਿਸ਼ਨਪੁਰ ਨੇ ਸ਼ਿਰਕਤ ਕੀਤੀ। ਜਦਕਿ ਵਿਸ਼ੇਸ਼ ਮਹਿਮਾਨਾਂ ਵਜੋਂ ਬ੍ਰਾਹਮਣ ਮੰਡ ਖਾਟੀ ਧਾਮ ਤੋਂ ਹਰਮੇਸ਼ ਪਾਠਕ, ਸੀ.ਡੀ.ਪੀ.ਓ. ਦਫਤਰ ਫਗਵਾੜਾ ਦੇ ਸੁਪਰਵਾਈਜਰ ਰਾਜਵਿੰਦਰਜੀਤ ਕੌਰ ਅਤੇ ਸਰਕਾਰੀ ਪ੍ਰਾਇਮਰੀ ਸਕੂਲੀ ਵਜੀਦੋਵਾਲ ਦੇ ਇੰਚਾਰਜ ਮੈਡਮ ਨੀਨਾ ਵਨਿਆਲ ਅਤੇ ਪ੍ਰਿੰਸੀਪਲ ਬਲਦੇਵ ਸਿੰਘ ਸ਼ਾਮਲ ਹੋਏ। ਇਸ ਦੌਰਾਨ ਲੋਹੜੀ ਦੀ ਧੂਣੀ ਜਲਾਈ ਗਈ ਅਤੇ ਸ਼ਗਨ ਵਜੋਂ ਤਿਲ, ਚਾਵਲ, ਗੁੜ, ਮੂੰਗਫਲੀ ਅਤੇ ਰੇਓੜੀਆਂ ਧੂਣੀ ਵਿਚ ਪਾ ਕੇ ਸਰਬੱਤ ਦੇ ਭਲੇ ਦੀ ਅਰਦਾਸ ਉਪਰੰਤ ਔਰਤਾਂ ਅਤੇ ਲੜਕੀਆਂ ਵਲੋਂ ਲੋਹੜੀ ਦੇ ਪਰੰਪਰਿਕ ਲੋਕ ਗੀਤ ਗਾਏ ਗਏ। ਮੁੱਖ ਮਹਿਮਾਨ ਕਮਲਜੀਤ ਕੌਰ ਕੌਂਸਲਰ ਨੇ ਆਪਣੇ ਕਰ ਕਮਲਾਂ ਨਾਲ ਪਿੰਡ ਵਜੀਦੋਵਾਲ ਤੋਂ ਇਲਾਵਾ ਖਲਵਾੜਾ ਕਲੋਨੀ, ਬਿਸ਼ਨਪੁਰ, ਹੱਪੋਵਾਲ, ਮੰਢਾਲੀ ਅਤੇ ਫਗਵਾੜਾ ਦੀਆਂ 31 ਨਵਜੰਮੀਆਂ ਬੱਚੀਆਂ ਨੂੰ ਸ਼ਗਨ ਦੇ ਨਾਲ ਮਠਿਆਈ, ਗਰਮ ਸੂਟ ਅਤੇ ਖੂਬਸੂਰਤ ਤੋਹਫੇ ਭੇਂਟ ਕੀਤੇ। ਉਹਨਾਂ ਨੇ ਸਰਪੰਚ ਰਿੰਪਲ ਕੁਮਾਰ ਅਤੇ ਪਿੰਡ ਵਜੀਦੋਵਾਲ ਦੀ ਪੰਚਾਇਤ ਦੇ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜੋਕੇ ਸਮੇਂ ਵਿੱਚ ਧੀਆਂ ਨੇ ਆਪਣੀ ਕਾਬਲੀਅਤ ਨੂੰ ਹਰ ਖੇਤਰ ਵਿਚ ਸਾਬਤ ਕੀਤਾ ਹੈ।



# ਪ੍ਰਕਾਸ਼ ਪੁਰਬ ਨੂੰ ਸਮਰਪਿਤ ਗੁਰਮਤਿ ਸਮਾਗਮ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਸਚਖੰਡ ਵਾਸੀ ਸਿੰਘ ਸਾਹਿਬ ਗਿਆਨੀ ਤਰਲੋਚਨ ਸਿੰਘ ਜੀ ਸੇਵਕ ਜਥਾ ਵੱਲੋਂ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਮਹਾਨ ਗੁਰਮਤਿ ਸਮਾਗਮ ਨਵੀਂ ਆਬਾਦੀ ਵਿਖੇ ਕਰਵਾਇਆ ਗਿਆ। ਸਮਾਗਮ ਦੇ ਰੂਪ ਵਿੱਚ ਦੇਰ ਰਾਤ ਤੱਕ ਕੀਰਤਨ ਦਰਬਾਰ ਸਜਾਇਆ ਗਿਆ ਜਿਸ ਵਿੱਚ ਪੰਥ ਦੇ ਪ੍ਰਸਿੱਧ ਕੀਰਤਨੀਏ ਹਜ਼ੂਰੀ ਰਾਗੀ ਭਾਈ ਸਰੂਪ ਸਿੰਘ ਸੱਚਖੰਡ ਸ੍ਰੀ ਦਰਬਾਰ ਸਾਹਿਬ ਤੇ ਭਾਈ ਹਰਜੋਤ ਸਿੰਘ ਹਜੂਰੀ ਰਾਗੀ ਤਖਤ ਸ੍ਰੀ ਕੇਸਗੜ੍ਹ ਸਾਹਿਬ ਨੇ ਹਾਜਰੀ ਭਰੀ।ਸਮਾਗਮ ਦੀ ਸ਼ੁਰੂਆਤ ਭਾਈ ਗੁਰਪ੍ਰੀਤ ਸਿੰਘ ਗ੍ਰੰਥੀ ਸਿੰਘ ਤਖਤ ਸ੍ਰੀ ਕੇਸਗੜ੍ਹ ਸਾਹਿਬ ਵੱਲੋਂ ਰਹਿਰਾਸ ਸਾਹਿਬ ਦੇ ਪਾਠ ਨਾਲ ਹੋਈ। ਇਸ ਤੋਂ ਉਪਰੰਤ ਨਿੱਕੇ-ਨਿੱਕੇ ਬੱਚਿਆਂ ਵੱਲੋਂ ਪਿਆਰ ਅਤੇ ਸ਼ਰਧਾ ਨਾਲ ਕੀਰਤਨ ਤੇ ਕਵਿਤਾਵਾਂ ਪੇਸ਼ ਕੀਤੀਆਂ ਗਈਆਂ ਜੋ ਸੰਗਤ ਵੱਲੋਂ ਖੂਬ ਸਰਾਹੀਆਂ ਗਈਆਂ।ਇਸ ਮੌਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਮੈਂਬਰ ਭਾਈ ਅਮਰਜੀਤ ਸਿੰਘ ਚਾਵਲਾ ਤੇ ਬਾਬਾ ਸਤਨਾਮ ਸਿੰਘ ਮੁੱਖ ਪ੍ਰਬੰਧਕ ਕਿਲਾ ਅਨੰਦਗੜ੍ਹ ਸਾਹਿਬ ਵੱਲੋਂ ਪ੍ਰਕਾਸ਼ ਪੁਰਬ ਦੀਆਂ ਵਧਾਈਆਂ ਸੰਗਤ ਨੂੰ ਦੇਂਦਿਆਂ ਸਿੰਘ ਸਾਹਿਬ ਗਿਆਨੀ ਤਰਲੋਚਨ ਸਿੰਘ ਦੀਆਂ ਸੇਵਾਵਾਂ ਨੂੰ ਯਾਦ ਕੀਤਾ ਗਿਆ। ਸਮਾਗਮ ਸਮਾਪਤੀ ਉਪਰੰਤ ਅਰਦਾਸ ਗਿਆਨੀ ਜੋਗਿੰਦਰ ਸਿੰਘ ਹੈਡ ਗ੍ਰੰਥੀ ਤਖਤ ਸ੍ਰੀ ਕੇਸਗੜ੍ਹ ਸਾਹਿਬ ਨੇ ਕੀਤੀ।ਸਟੇਜ ਦੀ ਸੇਵਾ ਐਡਵੋਕੇਟ ਹਰਦੇਵ ਸਿੰਘ ਵਧੀਕ ਮੈਨੇਜਰ ਤਖਤ ਸ੍ਰੀ ਕੇਸਗੜ੍ਹ ਸਾਹਿਬ ਵੱਲੋਂ ਨਿਭਾਈ ਗਈ।ਸਮਾਗਮ ਵਿੱਚ ਬਾਬਾ ਤੀਰਥ ਸਿੰਘ, ਭਾਈ ਮਲਕੀਤ ਸਿੰਘ ਮੈਨੇਜਰ, ਭਾਈ ਅਮਨਦੀਪ ਸਿੰਘ, ਅਨੂਰੁਦ ਸਿੰਘ, ਜਗਨੰਦਨ ਸਿੰਘ, ਜਸ਼ਨਜੋਤ ਸਿੰਘ, ਗਗਨਦੀਪ ਸਿੰਘ, ਬਲਦੇਵ ਸਿੰਘ, ਨਵਦੀਪ ਸਿੰਘ, ਗੁਰਦੀਪ ਸਿੰਘ, ਜਗਮੋਹਣ ਸਿੰਘ, ਭੁਪਿੰਦਰ ਸਿੰਘ, ਗੁਰਿੰਦਰ ਸਿੰਘ ਹਰਦੀਪ ਸਿੰਘ (ਚੰਡੀਗੜ੍ਹ ਹਾਰਡਵੇਅਰ) ਆਦਿ ਨੇ ਹਾਜ਼ਰੀ ਭਰੀ।



## ਤੀਜਾ ਅੰਤਰਰਾਸ਼ਟਰੀ ਪੰਜਾਬੀ ਬੋਲੀ ਓਲੰਪਿਆਡ-2025 ਸਫਲਤਾਪੂਰਵਕ ਕਰਵਾਇਆ

**ਐੱਸ ਏ ਐੱਸ ਨਗਰ (ਗੁਰਜੀਤ ਬਿੱਲਾ)**- ਪੰਜਾਬ ਸਰਕਾਰ ਵੱਲੋਂ ਮਾਂ-ਬੋਲੀ ਪੰਜਾਬੀ ਦੇ ਪ੍ਰਚਾਰ ਤੇ ਇਸ ਨੂੰ ਨਵੀਂ ਪੀੜ੍ਹੀ ਦੀ ਸਿੱਖਿਆ ਨਾਲ ਜੋੜਨ ਲਈ ਲਗਾਤਾਰ ਢੁਕਵੇਂ ਤੇ ਪ੍ਰਭਾਵਸ਼ਾਲੀ ਉਪਰਾਲੇ ਕੀਤੇ ਜਾ ਰਹੇ ਹਨ। ਇਨ੍ਹਾਂ ਹੀ ਉਪਰਾਲਿਆਂ ਦੇ ਤਹਿਤ ਮਾਣਯੋਗ ਸਿੱਖਿਆ ਮੰਤਰੀ, ਪੰਜਾਬ ਹਰਜੋਤ ਸਿੰਘ ਬੈਂਸ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਤੀਜਾ ਅੰਤਰਰਾਸ਼ਟਰੀ ਪੰਜਾਬੀ ਬੋਲੀ ਓਲੰਪਿਆਡ-2025 ਸਫਲਤਾਪੂਰਵਕ ਕਰਵਾਇਆ ਗਿਆ, ਜੋ ਕਿ ਪੰਜਾਬੀ ਭਾਸ਼ਾ ਪ੍ਰਤੀ ਵਧ ਰਹੀ ਜਾਗਰੂਕਤਾ ਦਾ ਜਿਉਂਦਾ ਜਾਗਦਾ ਸਬੂਤ ਹੈ। ਇਸ ਓਲੰਪਿਆਡ ਦਾ ਮਕਸਦ ਕੇਵਲ ਇੱਕ ਪ੍ਰਤੀਯੋਗਿਤਾ ਕਰਵਾਉਣਾ ਹੀ ਨਹੀਂ ਸੀ, ਸਗੋਂ ਵਿਦਿਆਰਥੀਆਂ ਵਿੱਚ ਮਾਂ-ਬੋਲੀ ਪ੍ਰਤੀ ਮਾਣ, ਭਾਸ਼ਾਈ ਆਤਮ-ਵਿਸ਼ਵਾਸ ਅਤੇ ਸੱਭਿਆਚਾਰਕ ਪਛਾਣ ਨੂੰ ਮਜ਼ਬੂਤ ਕਰਨਾ ਸੀ। ਇਸ ਲਈ 18 ਅਗਸਤ 2025 ਤੋਂ 31 ਅਕਤੂਬਰ 2025 ਤੱਕ ਕਰਵਾਈ ਗਈ ਆਨਲਾਈਨ ਰਜਿਸਟ੍ਰੇਸ਼ਨ ਵਿੱਚ ਸਰਕਾਰੀ, ਏਡਿਡ, ਪ੍ਰਾਈਵੇਟ ਅਤੇ ਸੀ.ਬੀ.ਐਸ.ਈ. ਸਕੂਲਾਂ ਦੇ ਬੱਚਿਆਂ ਨੇ ਬੇਮਿਸਾਲ ਉਤਸ਼ਾਹ ਨਾਲ ਭਾਗ ਲਿਆ।

# ਆਰ ਟੀ ਓ ਵੱਲੋਂ ਪ੍ਰਦੂਸ਼ਣ ਚੈੱਕ ਸੈਂਟਰਾਂ ਦੀ ਜਾਂਚ

**ਜਲੰਧਰ (ਸੁਰਿੰਦਰ ਕੁਮਾਰ)**- ਸੜਕ ਹਾਦਸਿਆਂ ਨੂੰ ਰੋਕਣ ਤੇ ਆਮ ਲੋਕਾਂ ਵਿੱਚ ਸੜਕ ਸੁਰੱਖਿਆ ਪ੍ਰਤੀ ਜਾਗਰੂਕਤਾ ਵਧਾਉਣ ਦੇ ਉਦੇਸ਼ ਨਾਲ ਮਨਾਏ ਜਾ ਰਹੇ ਸੜਕ ਸੁਰੱਖਿਆ ਮਹੀਨਾ-2026 ਤਹਿਤ ਰੀਜ਼ਨਲ ਟਰਾਂਸਪੋਰਟ ਅਫ਼ਸਰ ਵਲੋਂ ਵੱਖ-ਵੱਖ ਪ੍ਰਦੂਸ਼ਣ ਚੈਕ ਸੈਂਟਰਾਂ ਦੀ ਜਾਂਚ ਕੀਤੀ ਗਈ।ਬੀ ਐੱਮ ਸੀ ਚੌਂਕ ਸਥਿਤ ਪ੍ਰਦੂਸ਼ਣ ਚੈਕ ਸੈਂਟਰ ਦਾ ਨਿਰੀਖਣ ਕਰਦਿਆਂ ਰੀਜਨਲ ਟਰਾਂਸਪੋਰਟ ਅਫ਼ਸਰ ਅਮਨਪਾਲ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਦੀਆਂ ਹਦਾਇਤਾਂ 'ਤੇ ਮਨਾਏ ਜਾ ਰਹੇ ਸੜਕ ਸੁਰੱਖਿਆ ਮਹੀਨੇ ਤਹਿਤ ਇਹ ਵਿਸ਼ੇਸ਼ ਜਾਂਚ ਕੀਤੀ ਗਈ ਹੈ। ਉਨ੍ਹਾਂ ਇਸ ਮੌਕੇ ਲੋਕਾਂ ਨੂੰ ਟ੍ਰੈਫਿਕ ਨਿਯਮਾਂ ਤੇ ਟਰਾਂਸਪੋਰਟ ਵਿਭਾਗ ਵਲੋਂ ਜਾਰੀ ਹਦਾਇਤਾਂ ਦੀ ਪਾਲਣਾ ਕਰਨ ਦੀ ਅਪੀਲ ਕੀਤੀ ਤਾਂ ਜੋ ਹਰੇਕ ਲਈ ਸੁਰੱਖਿਅਤ ਸਫ਼ਰ ਯਕੀਨੀ ਬਣਾਇਆ ਜਾ ਸਕੇ। ਇਸ ਦੌਰਾਨ ਕਈ ਵਾਹਨ ਚਾਲਕਾਂ ਵੱਲੋਂ ਆਪਣੇ ਪ੍ਰਦੂਸ਼ਣ ਸਰਟੀਫਿਕੇਟ ਰੀਨਿਊ ਵੀ ਕਰਵਾਏ ਗਏ। ਇਸ ਮੌਕੇ ਸਹਾਇਕ ਰੀਜ਼ਨਲ ਟਰਾਂਸਪੋਰਟ ਅਫ਼ਸਰ ਵਿਸ਼ਾਲ ਗੋਇਲ ਨੇ ਵਾਹਨ ਚਾਲਕਾਂ ਨੂੰ ਟ੍ਰੈਫਿਕ ਨਿਯਮਾਂ ਸਬੰਧੀ ਵਿਸਥਾਰਪੂਰਵਕ ਜਾਣਕਾਰੀ ਦਿੱਤੀ। ਉਨ੍ਹਾਂ ਕਿਹਾ ਕਿ ਸਾਡੀ ਸਭ ਦੀ ਜ਼ਿੰਮੇਵਾਰੀ ਬਣਦੀ ਹੈ ਕਿ ਸੜਕ ਸੁਰੱਖਿਆ ਨਿਯਮਾਂ ਦੀ ਪਾਲਣਾ ਕਰਦਿਆਂ ਆਪਣੀ ਅਤੇ ਹੋਰਨਾਂ ਦੀ ਸੁਰੱਖਿਆ ਨੂੰ ਯਕੀਨੀ ਬਣਾਈਏ। ਉਨ੍ਹਾਂ ਅੱਗੇ ਦੱਸਿਆ ਕਿ ਸੜਕ ਸੁਰੱਖਿਆ ਮਹੀਨੇ ਤਹਿਤ ਵਿਭਾਗ ਵੱਲੋਂ ਵੱਖ-ਵੱਖ ਜਾਗਰੂਕਤਾ ਗਤੀਵਿਧੀਆਂ ਕਰਵਾਈਆਂ ਜਾ ਰਹੀਆਂ ਹਨ।



# ਸਿਵਲ ਸਰਜਨ ਨੇ ਨਵਜਨਮੇ ਬੱਚਿਆਂ ਤੇ ਮਾਵਾਂ ਨੂੰ ਵੰਡੇ ਲੋਹੜੀ ਦੇ ਤੋਹਫ਼ੇ

**ਮੋਹਾਲੀ, (ਗੁਰਜੀਤ ਬਿੱਲਾ)**

ਲੋਹੜੀ ਦੇ ਤਿਉਹਾਰ ਮੌਕੇ ਸਿਵਲ ਸਰਜਨ ਡਾ. ਸੰਗੀਤਾ ਜੈਨ ਨੇ ਜ਼ਿਲ੍ਹਾ ਹਸਪਤਾਲ ਵਿਚ ਨਵਜਨਮੇ ਬੱਚਿਆਂ ਤੇ ਉਨ੍ਹਾਂ ਦੀਆਂ ਮਾਵਾਂ ਨੂੰ ਲੋਹੜੀ ਦੇ ਤੋਹਫ਼ੇ ਵੰਡੇ ਤੇ ਲੋਹੜੀ ਦੀਆਂ ਵਧਾਈਆਂ ਦਿਤੀਆਂ। ਇਸ ਮੌਕੇ ਗੱਲਬਾਤ ਕਰਦਿਆਂ ਡਾ. ਜੈਨ ਨੇ ਕਿਹਾ ਕਿ ਸਮਾਜਕ ਸਾਂਝ ਨੂੰ ਮਜ਼ਬੂਤ ਕਰਦਾ ਲੋਹੜੀ ਦਾ ਤਿਉਹਾਰ ਇਸ ਗੱਲੋਂ ਵੀ ਅਹਿਮ ਹੈ ਕਿ ਇਹ ਧੀਆਂ ਨੂੰ ਮੁੰਡਿਆਂ ਬਰਾਬਰ ਸਮਝਣ ਦਾ ਸੁਨੇਹਾ ਦਿੰਦਾ ਹੈ। ਉਨ੍ਹਾਂ ਕਿਹਾ ਕਿ ਸਿਹਤ ਵਿਭਾਗ ਦੇ ਸੁਹਿਰਦ ਯਤਨਾਂ ਸਦਕਾਂ ਧੀਆਂ ਪ੍ਰਤੀ ਲੋਕਾਂ ਦੀ ਸੋਚ ਵਿਚ ਕਾਫ਼ੀ ਬਦਲਾਅ ਆ ਗਿਆ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵਲੋਂ ਕੁੜੀਆਂ ਦੀ ਭਲਾਈ ਲਈ ਕਈ ਯੋਜਨਾਵਾਂ ਸਫ਼ਲਤਾ ਨਾਲ ਚਲਾਈਆਂ ਜਾ ਰਹੀਆਂ ਹਨ ਜਿਨ੍ਹਾਂ ਦਾ ਮਕਸਦ ਲਿੰਗ ਅਨੁਪਾਤ ਵਿਚ ਹੋਰ ਸੁਧਾਰ ਕਰਨਾ ਹੈ। ਇਸ ਮੌਕੇ ਜ਼ਿਲ੍ਹਾ ਪਰਵਾਰ ਭਲਾਈ ਅਫ਼ਸਰ ਡਾ. ਤਮੰਨਾ ਸਿੰਘਲ, ਜ਼ਿਲ੍ਹਾ ਟੀਕਾਕਰਨ ਅਫ਼ਸਰ ਡਾ. ਗਿਰੀਸ਼ ਡੋਗਰਾ, ਐੱਸ ਐੱਮ ਓ ਡਾ. ਐੱਚ ਐੱਸ ਚੀਮਾ, ਡਾ. ਪਰਮਿੰਦਰਜੀਤ ਸਿੰਘ ਤੇ ਹੋਰ ਅਧਿਕਾਰੀ ਮੌਜੂਦ ਸਨ।



# 101 ਨਵਜਨਮੀਆਂ ਬੱਚੀਆਂ ਦੀ ਮਨਾਈ ਲੋਹੜੀ

**ਜਲੰਧਰ (ਇਕਬਾਲ ਸਿੰਘ ਉਭੀ)**

ਸਮਾਜਿਕ ਸੁਰੱਖਿਆ ਅਤੇ ਇਸਤਰੀ ਤੇ ਬਾਲ ਵਿਕਾਸ ਵਿਭਾਗ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਜ਼ਿਲ੍ਹਾ ਪੱਧਰ 'ਤੇ 101 ਨਵਜਨਮੀਆਂ ਬੱਚੀਆਂ ਦੀ ਲੋਹੜੀ ਮਨਾਈ ਗਈ।ਸਮਾਗਮ ਵਿੱਚ ਵਧੀਕ ਡਿਪਟੀ ਕਮਿਸ਼ਨਰ (ਜ) ਅਮਨਿੰਦਰ ਕੌਰ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਦਿਆਂ ਲੜਕੀਆਂ ਨੂੰ ਪੂਰਾ ਸਨਮਾਨ ਅਤੇ ਬਰਾਬਰੀ ਦਾ ਦਰਜਾ ਦੇਣ ਦਾ ਸੰਦੇਸ਼ ਦਿੱਤਾ।ਉਨ੍ਹਾਂ ਕਿਹਾ ਕਿ ਲੜਕੀਆਂ ਅੱਜ ਅੱਗੇ ਵਧ ਕੇ ਵੱਡੇ ਮੁਕਾਮ ਹਾਸਲ ਕਰ ਰਹੀਆਂ ਹਨ ਅਤੇ ਕਿਸੇ ਵੀ ਖੇਤਰ ਵਿੱਚ ਪੁਰਸ਼ਾਂ ਤੋਂ ਘੱਟ ਨਹੀਂ ਹਨ। ਲੜਕੀਆਂ ਨੂੰ ਉੱਚ ਸਿੱਖਿਆ ਦਿਵਾਉਣ 'ਤੇ ਜ਼ੋਰ ਦਿੰਦਿਆਂ ਉਨ੍ਹਾਂ ਮਾਪਿਆਂ ਨੂੰ ਧੀਆਂ ਦੀ ਚੰਗੀ ਪਰਵਰਿਸ਼ ਕਰਨ ਅਤੇ ਉਨ੍ਹਾਂ ਪ੍ਰਤੀ ਉਸਾਰੂ ਸੋਚ ਰੱਖਣ ਦੀ ਅਪੀਲ ਕੀਤੀ।ਇਸ ਮੌਕੇ ਜ਼ਿਲ੍ਹਾ ਪ੍ਰੋਗਰਾਮ ਅਫਸਰ ਮਨਜਿੰਦਰ ਸਿੰਘ ਨੇ ਸੰਬੋਧਨ ਕਰਦਿਆਂ ਕਿਹਾ ਕਿ ਨਵਜਨਮੀਆਂ ਬੱਚੀਆਂ ਦੇ ਸਨਮਾਨ ਵਿੱਚ ਧੀਆਂ ਦੀ ਲੋਹੜੀ ਮਨਾਈ ਗਈ ਹੈ।ਇਸ ਮੌਕੇ ਡਿਪਟੀ ਡਾਇਰੈਕਟਰ ਜ਼ਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ ਨੀਲਮ ਮਹੇ, ਸਹਾਇਕ ਡਾਇਰੈਕਟਰ ਯੁਵਕ ਸੇਵਾਵਾਂ ਰਵੀ ਦਾਰਾ, ਸਕੱਤਰ ਰੈੱਡ ਕਰਾਸ ਸੁਸਾਇਟੀ ਸੁਰਜੀਤ ਲਾਲ, ਲੋਕ ਗਾਇਕ ਦਲਵਿੰਦਰ ਦਿਆਲਪੁਰੀ, ਸਮਾਜ ਸੇਵੀ ਪਰਮਿੰਦਰ ਬੇਰੀ ਵੱਲੋਂ ਵੀ ਸ਼ਿਰਕਤ ਕੀਤੀ ਗਈ।ਸਮਾਗਮ ਦੌਰਾਨ ਡੀਸੀਪੀਓ ਅਜੈ ਭਾਰਤੀ, ਸੀ ਡੀ ਪੀ ਓ ਜਲੰਧਰ ਅਰਬਨ, ਸੀ ਡੀ ਪੀ ਓ ਜਲੰਧਰ ਈਸਟ ,ਵੇਸਟ ਅਤੇ ਸੀ ਡੀ ਪੀ ਓ ਨਕੋਦਰ ਤੇ ਸੁਪਰਵਾਈਜ਼ਰ ਤੇ ਆਂਗਣਵਾੜੀ ਵਰਕਰ ਵੀ ਮੌਜੂਦ ਸਨ।



## 2 ਕਿਲੋ 306 ਗ੍ਰਾਮ ਹੈਰੋਇਨ, 30 ਹਜ਼ਾਰ ਰੁਪਏ ਦੀ ਡਰੱਗ ਮਨੀ ਸਣੇ ਦੋ ਗ੍ਰਿਫਤਾਰ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**- ਜ਼ਿਲ੍ਹਾ ਫਿਰੋਜ਼ਪੁਰ ਪੁਲਸ ਨੂੰ ਉਸ ਵੇਲੇ ਵੱਡੀ ਸਫਲਤਾ ਹਾਸਲ ਹੋਈ ਜਦ ਸੀ ਆਈ ਏ ਸਟਾਫ ਨੇ 2 ਕਿਲੋ 306 ਗ੍ਰਾਮ ਹੈਰੋਇਨ, 30 ਹਜ਼ਾਰ ਰੁਪਏ ਦੀ ਡਰੱਗ ਮਨੀ, ਦੋ ਮੋਬਾਇਲ ਫੋਨ ਅਤੇ ਇਕ ਮੋਟਰਸਾਈਕਲ ਬਰਾਮਦ ਕੀਤਾ। ਪੁਲਸ ਨੇ ਦੱਸਿਆ ਕਿ ਇਸ ਸਬੰਧ ਵਿਚ ਥਾਣਾ ਸਿਟੀ ਫਿਰੋਜ਼ਪੁਰ ਪੁਲਸ ਅਤੇ ਥਾਣਾ ਸਦਰ ਫਿਰੋਜ਼ਪੁਰ ਪੁਲਸ ਨੇ 2 ਵਿਅਕਤੀਆਂ ਖਿਲਾਫ ਐੱਨ ਡੀ ਪੀ ਐੱਸ ਐਕਟ ਤਹਿਤ ਮਾਮਲੇ ਦਰਜ ਕੀਤੇ ਹਨ। ਜ਼ਿਲ੍ਹਾ ਪੁਲਸ ਮੁਖੀ ਭੁਪਿੰਦਰ ਸਿੰਘ ਸਿੱਧੂ ਨੇ ਦੱਸਿਆ ਕਿ ਸੀ ਆਈ ਏ ਸਟਾਫ ਫਿਰੋਜ਼ਪੁਰ ਦੇ ਇਸਪੈਕਟਰ ਮੋਹਿਤ ਧਵਨ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਸ ਪਾਰਟੀ ਨੂੰ ਇਤਲਾਹ ਮਿਲੀ ਕਿ ਰਾਜ ਸਿੰਘ ਉਰਫ ਰਾਜੂ ਪੁੱਤਰ ਪਿਆਰਾ ਸਿੰਘ ਵਾਸੀ ਪਿੰਡ ਟੇਂਡੀਵਾਲਾ ਜੋ ਕਿ ਹੈਰੋਇਨ ਵੇਚਣ ਦਾ ਧੰਦਾ ਕਰਦਾ ਹੈ, ਅੱਜ ਵੀ ਆਪਣੇ ਪਾਸ ਹੈਰੋਇਨ ਲੈ ਕੇ ਅੱਗੇ ਵੇਚਣ ਲਈ ਦਾਣਾ ਮੰਡੀ ਫਿਰੋਜ਼ਪੁਰ ਸ਼ਹਿਰ ਵਿਖੇ ਮੋਟਰਸਾਈਕਲ 'ਤੇ ਰੁਕ ਕੇ ਗਾਹਕਾਂ ਦਾ ਇੰਤਜ਼ਾਰ ਕਰ ਰਿਹਾ ਹੈ। ਜੇਕਰ ਹੁਣੇ ਛਾਪੇਮਾਰੀ ਕਰਕੇ ਕਾਬੂ ਕੀਤਾ ਜਾਵੇ ਤਾਂ ਭਾਰੀ ਮਾਤਰਾ ਵਿਚ ਹੈਰੋਇਨ ਬਰਾਮਦ ਹੋ ਸਕਦੀ ਹੈ। ਪੁਲਸ ਨੇ ਦੱਸਿਆ ਕਿ ਦੋਸ਼ੀ ਰਾਜ ਸਿੰਘ ਉਰਫ ਰਾਜੂ ਨੂੰ ਗ੍ਰਿਫਤਾਰ ਕਰਕੇ 2 ਕਿਲੋ 306, ਇਕ ਮੋਬਾਇਲ ਫੋਨ ਸਮੇਤ ਸਿੰਮ ਅਤੇ ਇਕ ਮੋਟਰਸਾਈਕਲ ਸਪਲੈਂਡਰ ਪਲੱਸ ਬਰਾਮਦ ਕੀਤਾ। ਥਾਣਾ ਸਦਰ ਫਿਰੋਜ਼ਪੁਰ ਦੇ ਸਹਾਇਕ ਥਾਣੇਦਾਰ ਸੁਖਬੀਰ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਸ ਪਾਰਟੀ ਸਾਥੀ ਕਰਮਚਾਰੀਆਂ ਦੇ ਨਾਲ ਬਾਸਵਾਰੀ ਸਰਕਾਰੀ ਗੱਡੀ ਦੌਰਾਨੇ ਗਸ਼ਤ ਸੀ ਤਾਂ ਇਸ ਦੌਰਾਨ ਦੋਸ਼ੀ ਲਵਪ੍ਰੀਤ ਸਿੰਘ ਪੁੱਤਰ ਹਰਪਾਲ ਸਿੰਘ ਵਾਸੀ ਪੀਰੂ ਵਾਲਾ ਨੂੰ ਬਾਰੇ ਕੇ ਤੋਂ 30 ਹਜ਼ਾਰ ਰੁਪਏ ਦੀ ਡਰੱਗ ਮਨੀ, ਕਰੰਸੀ ਨੋਟ ਅਤੇ 1 ਮੋਬਾਇਲ ਫੋਨ ਸਮੇਤ ਕਾਬੂ ਕੀਤਾ ਗਿਆ।

## ਕਿਸਾਨ-ਮਜ਼ਦੂਰ ਮੋਰਚੇ ਦੇ ਸੱਦੇ 'ਤੇ ਕਾਲੇ ਕਾਨੂੰਨਾਂ ਦੀਆਂ ਕਾਪੀਆਂ ਸਾੜੀਆਂ

**ਦਿੜ੍ਹਬਾ (ਜਸਵੀਰ ਲਾਡੀ)** ਕਿਸਾਨ ਮਜ਼ਦੂਰ ਮੋਰਚੇ ਦੇ ਸੱਦੇ ਸੱਦੇ 'ਤੇ ਭਾਰਤੀ ਕਿਸਾਨ ਯੂਨੀਅਨ ਏਕਤਾ ਆਜ਼ਾਦ ਵੱਲੋਂ ਸੁਨਾਮ ਬਲਾਕ ਦੇ ਪਿੰਡ ਛਾਜਲੀ, ਮੈਦੇਵਾਸ, ਚੀਮਾਂ ਮੰਡੀ, ਨਮੋਲ ਵਿੱਚ



ਲੋਹੜੀ ਦੇ ਤਿਉਹਾਰ ਉੱਪਰ ਕੇਂਦਰ ਸਰਕਾਰ ਵੱਲੋਂ ਲਿਆਂਦੇ ਜਾ ਰਹੇ ਕਾਲੇ ਕਾਨੂੰਨਾਂ ਦੀਆਂ ਕਾਪੀਆਂ ਸਾੜੀਆਂ ਗਈਆਂ। ਜ਼ਿਲ੍ਹਾ ਆਗੂ ਸੰਤ ਰਾਮ ਛਾਜਲੀ, ਜਸਵੀਰ ਮੈਦੇਵਾਸ, ਹੈਪੀ ਨਮੋਲ ਨੇ ਕਿਹਾ ਕਿ ਕੇਂਦਰ ਦੀ ਸਰਕਾਰ ਲਗਾਤਾਰ ਕਿਸਾਨ ਵਿਰੋਧੀ ਮਜ਼ਦੂਰ ਵਿਰੋਧੀ ਤੇ ਲੋਕ ਵਿਰੋਧੀ ਕਾਨੂੰਨ ਨੇ ਜਿਹੜੇ ਧੜਾਧੜ ਲੋਕਾਂ ਉੱਪਰ ਦਿਨੋ-ਦਿਨ ਨਵੇਂ ਹਮਲੇ ਦੇ ਰੂਪ ਦੇ ਵਿੱਚ ਲੈ ਕੇ ਆ ਰਹੀ ਹੈ।ਕਿਸਾਨੀ ਨੂੰ ਖਤਮ ਕਰਨ ਦੇ ਲਈ ਜੋ ਬੀਜ ਬਿੱਲ 2025 ਕੇਂਦਰ ਦੀ ਸਰਕਾਰ ਲੈ ਕੇ ਆ ਰਹੀ ਹੈ, ਉਹ ਪੰਜਾਬ ਤੇ ਭਾਰਤ ਦੀ ਕਿਸਾਨੀ ਲਈ ਬਹੁਤ ਹੀ ਖਤਰਨਾਕ ਹੈ, ਇਹ ਉਹਨਾਂ ਤਿੰਨ ਕਾਲੇ ਖੇਤੀ ਕਾਨੂੰਨਾਂ ਦੀ ਤਰ੍ਹਾਂ ਬਿੱਲ ਹੈ, ਜੀਹਦੇ ਨਾਲ ਕਿਸਾਨੀ ਦਾ ਖੇਤਰ ਪੂਰੀ ਤਰ੍ਹਾਂ ਕਾਰਪੋਰੇਟ ਦੇ ਹਵਾਲੇ ਚਲਾ ਜਾਵੇਗਾ। ਬਿਜਲੀ ਬਿੱਲ 2025 ਨਾਲ ਕਿਸਾਨਾਂ ਤੇ ਗਰੀਬ ਲੋਕਾਂ ਦੇ ਕੋਲੋਂ ਬਿਜਲੀ ਪੂਰੀ ਤਰ੍ਹਾਂ ਪਹੁੰਚ ਤੋਂ ਬਾਹਰ ਹੋ ਜਾਵੇਗੀ, ਕਿਉਂਕਿ ਬਿਜਲੀ ਦਾ ਖੇਤਰ ਪੂਰੀ ਤਰ੍ਹਾਂ ਕਾਰਪੋਰੇਟ ਅਧੀਨ ਚਲਿਆ ਜਾਵੇਗਾ, ਫਿਰ ਕਾਰਪੋਰੇਟ ਘਰਾਣੇ ਮਹਿੰਗੇ ਭਾਅ ਦੇ ਉੱਪਰ ਬਿਜਲੀ ਜਿਹੜੀ ਲੋਕਾਂ ਨੂੰ ਮਨਮਰਜ਼ੀ ਦੇ ਭਾਅ ਵੇਚਣਗੇ ਤੇ ਖੇਤਾਂ ਦੀ ਬਿਜਲੀ ਤੇ ਮਿਲਦੀ ਸਬਸਿਡੀ ਇਹ ਪੂਰੀ ਤਰ੍ਹਾਂ ਖਤਮ ਹੋ ਜਾਵੇਗੀ।ਇਸੇ ਤਰ੍ਹਾਂ ਗਰੀਬ ਲੋਕਾਂ ਦਾ ਇੱਕੋ ਇੱਕ ਰੁਜ਼ਗਾਰ ਮਨਰੇਗਾ ਨੂੰ ਵੀ ਕੇਂਦਰ ਦੀ ਸਰਕਾਰ ਪੂਰੀ ਤਰਾ ਬੰਦ ਕਰਨ ਦੇ ਰਾਹ ਪਈ ਹੈ। ਜੀ ਰਾਮ ਜੀ ਦੇ ਬਿੱਲ ਰਾਹੀਂ ਮਨਰੇਗਾ ਨੂੰ ਖਤਮ ਕੀਤਾ ਜਾ ਰਿਹਾ, ਕਿਉਂਕਿ ਪਹਿਲਾਂ ਕੇਂਦਰ ਸਰਕਾਰ 90% ਹਿੱਸਾ ਮਨਰੇਗਾ ਵਿੱਚ ਪਾਉਂਦੀ ਸੀ ਤੇ ਰਾਜ ਸਰਕਾਰਾਂ 10% ਹਿੱਸਾ ਪਾਉਂਦੀਆਂ ਸਨ।ਪਰ ਹੁਣ ਕੇਂਦਰ ਸਰਕਾਰ 60% ਤੇ ਰਾਜ ਸਰਕਾਰਾਂ 40% ਹਿੱਸਾ ਜਿਹੜਾ ਪਾਉਣਗੀਆਂ। ਕੋਈ ਵੀ ਰਾਜ ਜਿਹੜਾ 40% ਹਿੱਸਾ ਮਨਰੇਗਾ ਲਈ ਨਹੀਂ ਕੱਢ ਸਕਦਾ, ਕਿਉਂਕਿ ਪੰਜਾਬ ਦੀ ਤਰ੍ਹਾਂ ਸਾਰੇ ਰਾਜਾਂ ਦਾ ਕਰਜੇ ਦੇ ਪੱਖੋਂ ਬੁਰਾ ਹਾਲ ਹੈ।ਇਸ ਲਈ ਕੇਂਦਰ ਸਰਕਾਰ ਬੜੀ ਸੋਚੀ ਸਾਂਝੀ ਸਾਜ਼ਿਸ਼ ਦੇ ਤਹਿਤ ਰਾਜਾਂ ਦੇ ਉੱਪਰ ਬੋਝ ਪਾ ਕੇ ਮਨਰੇਗਾ ਨੂੰ ਖਤਮ ਕਰਨਾ ਚਾਹੁੰਦੀ ਹੈ ।ਪੰਜਾਬ ਸਰਕਾਰ ਵੀ ਇਨ੍ਹਾਂ ਸਾਰੇ ਬਿੱਲਾਂ ਨੂੰ ਭਾਵੇਂ ਲੋਕਾਂ ਦੇ ਵਿੱਚ ਪ੍ਰਚਾਰ ਕੀਤਾ ਜਾ ਰਿਹਾ ਵਿਧਾਨ ਸਭਾ ਦੇ ਸੈਸ਼ਨ ਸੱਦ ਕੇ ਮਨਰੇਗਾ ਦਾ ਵਿਰੋਧ ਕੀਤਾ ਜਾ ਰਿਹਾ। ਮੁੱਖ ਮੰਤਰੀ ਟਵੀਟ ਕਰਕੇ ਬਿਜਲੀ ਬਿਲ ਦਾ ਵਿਰੋਧ ਕਰ ਰਹੇ ਹਨ, ਪਰ ਬਿਜਲੀ ਬਿੱਲ ਨੂੰ ਜਿੱਥੇ ਵਿਸ਼ੇਸ਼ ਸਦਨ ਸੱਦ ਕੇ ਮੁੱਢੋਂ ਰੱਦ ਕੀਤਾ ਜਾਣਾ ਚਾਹੀਦਾ ਸੀ, ਉਹ ਸਿਰਫ ਟਵੀਟ ਕਰਕੇ ਬੁੱਤਾ ਸਾਰ ਰਹੇ ਹਨ।

## ਮਾਲਵਾ ਵੈੱਲਫੇਅਰ ਕਲੱਬ ਵੱਲੋਂ ਨਵੇਂ ਸਾਲ ਦਾ ਕੈਲੰਡਰ ਜਾਰੀ



**ਤਲਵੰਡੀ ਸਾਬੋ (ਜਗਦੀਪ ਗਿੱਲ)**- ਸਥਾਨਕ ਸਮਾਜ ਸੇਵੀ ਸੰਸਥਾ ਮਾਲਵਾ ਵੈਲਫੇਅਰ ਕਲੱਬ ਵੱਲੋਂ ਹਰ ਸਾਲ ਦੀ ਤਰ੍ਹਾਂ ਕਲੱਬ ਦੀਆਂ ਗਤੀਵਿਧੀਆਂ ਨੂੰ ਦਰਸਾਉਂਦਾ ਹੋਇਆ ਨਵੇਂ ਸਾਲ 2026 ਦਾ ਕੈਲੰਡਰ ਬਾਬਾ ਕਾਕਾ ਸਿੰਘ ਮੁੱਖੀ ਬੁੰਗਾ ਮਸਤੂਆਣਾ ਸਾਹਿਬ ਤਲਵੰਡੀ ਸਾਬੋ ਅਤੇ ਸਮੂਹ ਕਲੱਬ ਮੈਂਬਰਾਂ ਵੱਲੋਂ ਰਿਲੀਜ਼ ਕੀਤਾ ਗਿਆ।ਕਲੱਬ ਪ੍ਰਧਾਨ ਗਗਨਦੀਪ ਸਿੰਘ ਹੈਪੀ ਨੇ ਦੱਸਿਆ ਕਿ ਮਾਲਵਾ ਵੈਲਫੇਅਰ ਕਲੱਬ ਦਾ ਇਸ ਸਾਲ ਦਾ ਕੈਲੰਡਰ ਨੌਂਵੇ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350ਵੇਂ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਜਾਰੀ ਕੀਤਾ ਗਿਆ ਹੈ। ਪ੍ਰੈਸ ਸਕੱਤਰ ਵਿਕਾਸ ਸਿੰਗਲਾ ਵੱਲੋਂ ਪ੍ਰੈਸ ਨੋਟ ਜਾਰੀ ਕਰਦਿਆਂ ਦੱਸਿਆ ਕਿ ਕੈਲੰਡਰ ਵਿੱਚ ਕਲੱਬ ਦੀਆਂ ਗਤੀਵਿਧੀਆਂ, ਸਰਕਾਰੀ ਛੁੱਟੀਆਂ ਅਤੇ ਸਮਾਜਿਕ ਸੁਨੇਹਿਆਂ ਨੂੰ ਦਰਜ਼ ਕੀਤਾ ਗਿਆ ਹੈ। ਕਲੱਬ ਸਰਪ੍ਰਸਤ ਅਮ੍ਰਿਤਪਾਲ ਸਿੰਘ ਬਰਾੜ ਅਤੇ ਚੇਅਰਮੈਨ ਸ਼ੇਖਰ ਤਲਵੰਡੀ ਦੁਆਰਾ ਇਸ ਮੌਕੇ ਹਰ ਸਾਲ ਕਲੱਬ ਦੁਆਰਾ ਕਰਵਾਈਆਂ ਜਾਣ ਵਾਲੀਆਂ ਗਤੀਵਿਧੀਆਂ ਬਾਰੇ ਦੱਸਿਆ ਗਿਆ।ਬਾਬਾ ਕਾਕਾ ਸਿੰਘ ਜੀ ਦੁਆਰਾ ਕਲੱਬ ਦੇ ਕੰਮਾਂ ਦੀ ਸ਼ਲਾਘਾ ਕਰਦਿਆਂ ਹੋਇਆ ਹਰ ਸਮੇਂ ਕਲੱਬ ਦੀ ਮੱਦਦ ਕਰਨ ਦਾ ਭਰੋਸਾ ਦਿੱਤਾ ਗਿਆ।ਅੰਤ ਵਿੱਚ ਖਜਾਨਚੀ ਮਨਦੀਪ ਸਿੰਘ ਧਾਲੀਵਾਲ ਅਤੇ ਸਕੱਤਰ ਜਗਨਦੀਪ ਸਿੰਘ ਦੁਆਰਾ ਹਾਜ਼ਰੀਨ ਮੈਂਬਰਾਂ ਤੇ ਕੈਲੰਡਰ ਲਈ ਐਡ ਦੇਣ ਲਈ ਸਿੱਧੂ ਕੰਪਿਊਟਰਾਈਜਡ ਧਰਮ ਕੰਢਾ, ਰਣਦੀਪ ਹਸਪਤਾਲ, ਸਮਾਰਟ ਇਲੈਕਟ੍ਰੀਕਲ ਅਤੇ ਵਿਜੈਪਾਲ ਸਿੰਘ ਚੌਧਰੀ ਮੈਡੀਕਲ ਹਾਲ ਦਾ ਧੰਨਵਾਦ ਕੀਤਾ ਗਿਆ। ਇਸ ਮੌਕੇ ਕਲੱਬ ਮੈਂਬਰ ਪ੍ਰਿੰਸੀਪਲ ਬਿਕਰਮਜੀਤ ਸਿੰਘ ਸਿੱਧੂ,ਅਰਸਦੀਪ ਸਿੰਘ ਗਿੱਲ, ਸ਼ੁਭਦੀਪ ਸਿੰਘ ਰੂਬੀ, ਅਮਨਦੀਪ ਸਿੰਘ, ਸੁਖਵਿੰਦਰ ਸਿੰਘ,ਰਾਜਾ ਢਿੱਲੋਂ, ਨੱਥਾ ਸਿੰਘ, ਚਿਮਨ ਲਾਲ, ਰਜਤ ਕੁਮਾਰ, ਵਿਜੈ ਚੌਧਰੀ, ਲਛਮਣ ਠੇਕੇਦਾਰ, ਪੁਰਅਮਨ ਕੁਮਾਰ ਪੀਰੂ, ਕੁਲਦੀਪ ਸਿੰਘ ਆਦਿ ਹਾਜਰ ਸਨ।

## ਨਗਰ ਨਿਗਮ ਦੇ ਵਿਹੜੇ 'ਚ ਮੁਲਾਜ਼ਮਾਂ ਮਨਾਈ ਲੋਹੜੀ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**- ਨਗਰ ਨਿਗਮ ਪਟਿਆਲਾ ਦੇ ਵਿਹੜੇ ਵਿੱਚ ਲੋਹੜੀ ਦਾ ਤਿਉਹਾਰ ਸੈਂਕੜੇ ਮੁਲਾਜ਼ਮਾਂ ਦੀ ਭਾਗੀਦਾਰੀ ਨਾਲ ਉਤਸ਼ਾਹ, ਸਾਂਝ ਅਤੇ ਪਿਆਰ ਦੇ ਮਾਹੌਲ ਵਿੱਚ ਮਨਾਇਆ ਗਿਆ। ਇਸ ਸਬੰਧ ਵਿੱਚ ਮੇਅਰ ਕੁੰਦਨ



ਗੋਗੀਆ ਅਤੇ ਕਮਿਸ਼ਨਰ ਪਰਮਜੀਤ ਸਿੰਘ ਨੇ ਦੱਸਿਆ ਕਿ ਲੋਹੜੀ ਪੰਜਾਬ ਦੀ ਅਮੀਰ ਸੱਭਿਆਚਾਰਕ ਵਿਰਾਸਤ ਦਾ ਪ੍ਰਤੀਕ ਹੈ, ਜੋ ਸਾਨੂੰ ਇਕ ਦੂਜੇ ਨਾਲ ਜੋੜਦੀ ਹੈ ਅਤੇ ਆਪਸੀ ਸਾਂਝ, ਪਿਆਰ ਤੇ ਸੰਬਾ ਦੀ ਭਾਵਨਾ ਨੂੰ ਮਜ਼ਬੂਤ ਕਰਦੀ ਹੈ। ਮੇਅਰ ਨੇ ਕਿਹਾ ਕਿ ਨਗਰ ਨਿਗਮ ਦੇ ਕਰਮਚਾਰੀ ਸ਼ਹਿਰ ਦੀ ਰੀੜ੍ਹ ਦੀ ਹੱਡੀ ਹਨ ਅਤੇ ਅਜਿਹੇ ਮੌਕੇ ਰਲ ਕੇ ਮਨਾਉਣ ਨਾਲ ਉਨ੍ਹਾਂ ਨੂੰ ਹੋਰ ਉਤਸ਼ਾਹ ਮਿਲਦਾ ਹੈ। ਇਸ ਮੌਕੇ ਨਗਰ ਨਿਗਮ ਦੇ ਹਰ ਵਿਭਾਗ ਦੇ ਕਰਮਚਾਰੀ ਮੌਜੂਦ ਰਹੇ।ਮੇਅਰ ਕੁੰਦਨ ਗੋਗੀਆ ਅਤੇ ਨਗਰ ਨਿਗਮ ਕਮਿਸ਼ਨਰ ਪਰਮਜੀਤ ਸਿੰਘ ਨੇ ਦੱਸਿਆ ਕਿ ਮੁਲਾਜ਼ਮਾਂ ਨੇ ਰਵਾਇਤੀ ਢੰਗ ਨਾਲ ਲੋਹੜੀ ਦੀ ਅੱਗ ਜਲਾਈ, ਇਕ ਦੂਜੇ ਨੂੰ ਤਿਉਹਾਰ ਦੀਆਂ ਵਧਾਈਆਂ ਦਿੱਤੀਆਂ ਅਤੇ ਰੇਵੜੀਆਂ, ਗੱਚਕ, ਮੂੰਗਫਲੀ ਅਤੇ ਤਿਲ-ਗੁੜ ਸਾਂਝੇ ਕੀਤੇ। ਦੋਹਾਂ ਨੇ ਸਾਂਝੇ ਤੌਰ ਤੇ ਕਿਹਾ ਕਿ ਨਗਰ ਨਿਗਮ ਪਟਿਆਲਾ ਦਾ ਹਰ ਕਰਮਚਾਰੀ ਦਿਨ-ਰਾਤ ਸ਼ਹਿਰ ਦੀ ਸਫ਼ਾਈ, ਵਿਕਾਸ ਅਤੇ ਨਾਗਰਿਕ ਸਹੂਲਤਾਂ ਲਈ ਸਮਰਪਿਤ ਹੈ। ਸੜਕਾਂ, ਨਾਲੀਆਂ, ਸਫ਼ਾਈ, ਪਾਣੀ ਸਪਲਾਈ, ਰੋਸ਼ਨੀ ਅਤੇ ਹੋਰ ਸ਼ਹਿਰੀ ਸਹੂਲਤਾਂ ਵਿੱਚ ਜੋ ਸੁਧਾਰ ਨਜ਼ਰ ਆ ਰਿਹਾ ਹੈ, ਉਹ ਸਾਡੇ ਕਰਮਚਾਰੀਆਂ ਦੀ ਮਿਹਨਤ ਦਾ ਨਤੀਜਾ ਹੈ। ਪ੍ਰਸ਼ਾਸਨ ਕਰਮਚਾਰੀਆਂ ਦੀ ਭਲਾਈ, ਸੁਰੱਖਿਆ ਅਤੇ ਕੰਮਕਾਜੀ ਸੁਵਿਧਾਵਾਂ ਵਧਾਉਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਅੰਤ ਵਿੱਚ ਦੋਹਾਂ ਨੇ ਸਾਂਝੇ ਤੌਰ ਤੇ ਨਗਰ ਨਿਗਮ ਦੇ ਸਾਰੇ ਮੁਲਾਜ਼ਮਾਂ ਅਤੇ ਸ਼ਹਿਰ ਵਾਸੀਆਂ ਨੂੰ ਲੋਹੜੀ ਅਤੇ ਨਵੇਂ ਸਾਲ ਦੀਆਂ ਸ਼ੁਭਕਾਮਨਾਵਾਂ ਦਿੰਦਿਆਂ ਕਿਹਾ ਕਿ ਸਾਂਝ, ਸੇਵਾ ਅਤੇ ਇਮਾਨਦਾਰੀ ਦੇ ਨਾਲ ਅੱਗੇ ਵਧ ਕੇ ਹੀ ਪਟਿਆਲਾ ਦੀ ਤਰੱਕੀ ਸੰਭਵ ਹੈ।

## ਹੇਮਕੁੰਟ ਸਕੂਲ 'ਚ ਮਨਾਇਆ ਲੋਹੜੀ ਦਾ ਤਿਉਹਾਰ



**ਕੋਟ ਈਸੇ ਖਾਂ (ਅਰੋੜਾ)** ਸ੍ਰੀ ਹੇਮਕੁੰਟ ਸੀਨੀਅਰ ਸੈਕੰਡਰੀ ਸਕੂਲ ਵਿੱਚ ਅੱਜ ਬਾਲ ਕੇ ਲੋਹੜੀ ਮਨਾਈ ਗਈ।ਅਧਿਆਪਕਾਂ ਵੱਲੋਂ ਗਿੱਧਾ ਪਾਇਆ ਗਿਆ ਤੇ ਰਵਾਇਤੀ ਲੋਹੜੀ ਦੇ ਗੀਤ ਗਾਏ ਗਏ, ਜਿਵੇਂ 'ਸੁੰਦਰ ਮੁੰਦਰੀਏ ਹੋ, ਤੇਰਾ ਕੌਣ ਵਿਚਾਰਾ ਹੋ' ਤੇ 'ਹੋ ਧੀਏ ਲੋਹੜੀਏ', ਜਿਨ੍ਹਾਂ ਨਾਲ ਸਾਰਾ ਮਾਹੌਲ ਖੁਸ਼ੀ ਨਾਲ ਭਰ ਗਿਆ। ਹੇਮਕੁੰਟ ਸੰਸਥਾਵਾਂ ਦੇ ਚੇਅਰਮੈਨ ਕੁਲਵੰਤ ਸਿੰਘ ਸੰਧੂ ਤੇ ਐੱਮ.ਡੀ.ਮੈਡਮ ਰਣਜੀਤ ਕੌਰ ਸੰਧੂ ਨੇ ਲੋਹੜੀ ਦੇ ਇਤਿਹਾਸ ਤੋਂ ਜਾਣੂ ਕਰਾਉਂਦੇ ਹੋਏ ਦੱਸਿਆ ਕਿ ਲੋਹੜੀ ਨੂੰ ਪਹਿਲੋ ਤਿਲੋੜੀ ਕਿਹਾ ਜਾਂਦਾ ਸੀ।ਇਹ ਸ਼ਬਦ ਤਿਲ+ਰਿਓੜੀ ਦੇ ਮੇਲ ਤੋਂ ਬਣਿਆ ਸ,ਜੋ ਸਮੇਂ ਦੇ ਨਾਲ ਬਦਲ ਕੇ ਲੋਹੜੀ ਦੇ ਰੂਪ ਵਿੱਚ ਪ੍ਰਸਿੱਧ ਹੋ ਗਿਆ ਹੈ। ਇਸ ਖੁਸ਼ੀ ਮੌਕੇ ਅਧਿਆਪਕਾਂ ਨੂੰ ਲੋਹੜੀ ਵਜੋਂ ਮੂੰਗਫਲੀ, ਗੱਚਕ, ਰਿਉੜੀਆਂ ਤੇ ਤਿਲ ਵੰਡੇ।ਪ੍ਰਿੰਸੀਪਲ ਰਮਨਜੀਤ ਕੌਰ ਨੇ ਲੋਹੜੀ ਦੀਆਂ ਸ਼ੁਭਕਾਮਨਾਵਾਂ ਦਿੱਤੀਆਂ ਤੇ ਤਿਉਹਾਰਾਂ ਰਾਹੀ ਆਪਸੀ ਭਾਈਚਾਰੇ ਅਤੇ ਪੰਜਾਬੀ ਸਭਿਆਚਾਰ ਨੂੰ ਮਜ਼ਬੂਤ ਕਰਨ ਦੀ ਗੱਲ ਕੀਤੀ।

## ਸ਼੍ਰੋਮਣੀ ਦਾਰਸ਼ਨਿਕ ਐਵਾਰਡ ਨਾਲ ਡਾ. ਸਵਰਾਜ ਸਿੰਘ ਸਨਮਾਨਤ

**ਪਟਿਆਲਾ, (ਰਾਜਿੰਦਰ ਸਿੰਘ ਥਿੰਦ)** ਰੰਗਮੰਚ ਦੀਆਂ ਦੋ ਪ੍ਰਸਿੱਧ ਸੰਸਥਾਵਾਂ ਕਲਾ ਕ੍ਰਿਤੀ ਪਟਿਆਲਾ ਤੇ ਨਟਰਾਜ ਆਰਟਸ ਥੀਏਟਰ ਪਟਿਆਲਾ ਦੇ ਸਾਂਝੇ ਉਦਮ ਸਦਕਾ ਸਥਾਨਕ ਮੁਸਾਫਿਰ ਮੈਮੋਰੀਅਲ ਸੈਂਟਰਲ ਸਟੇਟ ਲਾਇਬ੍ਰੇਰੀ ਦੇ ਹਾਲ ਵਿਚ 'ਸੁਨੇਹਾ ਪਿਆਰ ਦਾ 2026' ਤੇ ਸ਼੍ਰੋਮਣੀ ਦਾਰਸ਼ਨਿਕ ਐਵਾਰਡ ਸਨਮਾਨ ਸਮਾਗਮ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਸਾਹਿਤ, ਕਲਾ ਗੀਤ, ਸੰਗੀਤ ਤੇ ਹਾਸਰਸ ਪ੍ਰੋਗਰਾਮ ਦਾ ਵਧੀਆ ਸੁਮੇਲ ਸੀ, ਜਿਸ ਦੇ ਮੁੱਖ ਮਹਿਮਾਨ ਬਲਜਿੰਦਰ ਸਿੰਘ ਢਿੱਲੋਂ, ਚੇਅਰਮੈਨ ਪੰਜਾਬ ਐਗਰੋ ਫੂਡ ਗਰੇਨ ਕਾਰਪੋਰੇਸ਼ਨ ਲਿ. ਸਨ, ਜਦੋਂ ਕਿ ਪ੍ਰਧਾਨਗੀ ਕਲਾ ਕ੍ਰਿਤੀ ਦੇ ਪ੍ਰਧਾਨ ਅਵਤਾਰ ਸਿੰਘ ਅਰੋੜਾ ਨੇ ਕੀਤੀ। ਵਿਸ਼ੇਸ਼ ਮਹਿਮਾਨ ਦੇ ਤੌਰ 'ਤੇ ਉਚੇਚੇ ਤੌਰ 'ਤੇ ਪਹੁੰਚੇ ਕਲਾ ਤੇ ਸਾਹਿਤ ਨੂੰ ਉਤਸ਼ਾਹਤ ਕਰਨ ਵਾਲੇ ਰਾਜੇਸ਼ ਸ਼ਰਮਾ ਪੰਜੋਲਾ, ਕਮਲਜੀਤ ਕੌਰ ਢਿੱਲੋਂ ਸਨ ਤੇ ਸਮਾਜ ਸੇਵਿਕਾ ਸਤਿੰਦਰਪਾਲ ਕੌਰ ਵਾਲੀਆ ਸਨ, ਜਿਨ੍ਹਾਂ ਨੇ ਮਿਲ ਕੇ ਸਾਰੀਆ ਸ਼ਖ਼ਸੀਅਤਾਂ ਦਾ ਮਾਣ ਸਨਮਾਨ ਕੀਤਾ।ਪਰਮਿੰਦਰ ਪਾਲ ਕੌਰ ਅਤੇ ਗੋਪਾਲ ਸ਼ਰਮਾ ਦੇ ਉੱਦਮ ਦੀ ਭਰਪੂਰ ਸ਼ਲਾਘਾ ਕਰਦਿਆਂ ਉਨ੍ਹਾਂ ਨੂੰ ਵਧਾਈ ਦਿੱਤੀ ਅਤੇ ਆਸ ਪ੍ਰਗਟਾਈ ਕਿ ਭਵਿੱਖ 'ਚ ਵੀ ਅਜਿਹੇ ਆਯੋਜਨ ਇਸੇ ਤਰ੍ਹਾਂ ਨਾਲ ਜਾਰੀ ਰਹਿਣਗੇ। ਪ੍ਰੋਗਰਾਮ ਦੌਰਾਨ ਪਹਿਲੀ ਵਾਰ ਕਲਾ ਕ੍ਰਿਤੀ ਤੇ ਨਟਰਾਜ ਆਰਟਸ ਥੀਏਟਰ ਦੇ



ਨਾਲ-ਨਾਲ ਸਮਾਜ ਦੀਆਂ ਹੋਰ 2 ਦਰਜਨ ਤੋਂ ਵੱਧ ਸੰਸਥਾਵਾਂ ਦੇ ਨੁਮਾਇੰਦਿਆਂ ਨੇ ਮਿਲ ਕੇ ਵਿਸ਼ਵ ਚਿੰਤਕ ਐਵਾਰਡੀ ਤੇ ਅੰਤਰਰਾਸ਼ਟਰੀ ਮਾਮਲਿਆਂ ਦੇ ਮਾਹਿਰ ਡਾਕਟਰ ਸਵਰਾਜ ਸਿੰਘ ਨੂੰ ਸ਼੍ਰੋਮਣੀ ਦਾਰਸ਼ਨਿਕ ਐਵਾਰਡ ਨਾਲ ਸਨਮਾਨਤ ਕੀਤਾ। ਸਨਮਾਨ ਦੇ ਰੂਪ ਵਿੱਚ ਉਨ੍ਹਾਂ ਨੂੰ ਫੁੱਲਾਂ ਦੇ ਬੁੱਕੇ, ਹਾਰ, ਸਨਮਾਨ ਪੱਤਰ, ਸ਼ਾਲ ਅਤੇ ਹੋਰ ਤੋਹਫ਼ੇ ਵਜੋਂ ਭੇਟ ਕੀਤੇ ਗਏ।ਸ਼੍ਰੋਮਣੀ ਦਾਰਸ਼ਨਿਕ ਐਵਾਰਡ ਸਨਮਾਨ ਪ੍ਰਾਪਤ ਕਰਨ ਮਗਰੋਂ ਡਾਕਟਰ ਸਵਰਾਜ ਸਿੰਘ ਨੇ ਆਖਿਆ ਕਿ ਭਾਰਤ ਦਰਸ਼ਨ ਵਿੱਚ ਸਾਡੇ ਸੱਭਿਆਚਾਰਕ ਵਿਰਸੇ ਦੀ ਬਹੁਤ ਹੀ ਅਹਿਮੀਅਤ ਹੈ। ਇਸ ਦੇ ਕਾਰਨ ਹੀ ਸਾਡੇ ਦੇਸ਼ ਦੀ ਏਕਤਾ ਅਤੇ ਅਖੰਡਤਾ ਮਜ਼ਬੂਤ ਹੁੰਦੀ ਹੈ ਤੇ ਉਨ੍ਹਾਂ ਨੂੰ ਐਵਾਰਡ ਮਿਲਣਾ ਪੂਰਵੀ ਚਿੰਤਨ ਦਾ ਗੁੰਜਾਰ ਹੈ, ਜੋ ਕਿ ਪੱਛਮੀ ਸਭਿਆਚਾਰ ਨੂੰ ਨਕੇਲ ਪਾਉਣ ਵਿੱਚ ਕਾਮਯਾਬ ਹੋ ਰਿਹਾ ਹੈ।ਇਸ ਦੇ ਨਾਲ ਹੀ 'ਸਾਡਾ ਮਾਣ-ਸਾਡਾ ਪਟਿਆਲਾ' ਤਹਿਤ 10 ਹੋਰਾਂ ਨੂੰ ਵੀ ਕਲਾ, ਸਾਹਿਤ, ਸੰਗੀਤ, ਗਾਇਨ ਤੇ ਹੋਰ ਕਲਾਵਾਂ ਲਈ ਵਿਸ਼ੇਸ਼ ਤੌਰ ਉਤੇ ਸਨਮਾਨ ਕੀਤਾ ਗਿਆ, ਜਿਨ੍ਹਾਂ ਵਿੱਚ ਕਲਾ ਤੇ ਸਮਾਜ ਸੇਵਾ ਲਈ ਅਕਸ਼ਯ ਗੋਪਾਲ, ਮਾਲਾ ਗੋਪਾਲ, ਸਮਾਜ ਸੇਵਾ ਤੇ ਕੌਂਸਲ ਫਾਉਂਡੇਸ਼ਨ ਦੇ ਪ੍ਰਧਾਨ ਡਾਕਟਰ ਗੁਰਵਿੰਦਰ ਕਾਂਸਲ, ਪ੍ਰਸਿੱਧ ਕਵਿਤਰੀਆਂ ਰਣਜੀਤ ਕੌਰ ਸਵੀ, ਪੰਕਵੀ ਗੁਪਤਾ, ਅਨੀਤਾ ਪਟਿਆਲਵੀ, ਬਲਵਿੰਦਰ ਕੌਰ ਥਿੰਦ ਤੇ ਇਕ ਹੋਰ ਵਿਸ਼ੇਸ਼ ਤੌਰ 'ਤੇ ਸਨਮਾਨ ਇੰਜ. ਰਾਜਿੰਦਰ ਪਾਲ ਸ਼ਰਮਾ ਸਮਾਜ ਸੇਵਾ ਅਤੇ ਵਾਤਾਵਰਣ ਤੇ ਕਲਾ ਪ੍ਰੇਮੀ ਨੂੰ ਵੀ ਦਿੱਤਾ ਗਿਆ।ਇਸ ਤੋਂ ਇਲਾਵਾ ਸਮਾਜ ਸੇਵੀ, ਕਲਾ ਪ੍ਰੇਮੀ ਰਜਿੰਦਰ ਸਿੰਘ, ਬਜਿੰਦਰ ਠਾਕੁਰ ਹਾਸਰਸ ਕਵੀ,ਸਨੀ ਸਿੰਘ ਨੂੰ ਵੀ ਗਾਇਕ ਵਜੋਂ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਗਿਆ। ਕਲਾਕ੍ਰਿਤੀ ਦੀ ਡਾਇਰੈਕਟਰ ਤੇ ਰੰਗਮੰਚ ਦੀ ਉੱਘੀ ਸ਼ਖ਼ਸੀਅਤ, ਐਕਟਰ ਪਰਮਿੰਦਰ ਪਾਲ ਕੌਰ ਦੁਆਰਾ ਪੇਸ਼ ਕੀਤੇ ਗਏ ਨਸ਼ਿਆਂ ਖ਼ਿਲਾਫ਼ 'ਕੋਈ ਇਹ ਜਵਾਬ' ਨਾਟਕ ਦੇ ਮੋਨੋਲਾਗ ਨੂੰ ਵੀ ਦਰਸ਼ਕਾਂ ਵੱਲੋਂ ਬਹੁਤ ਹੀ ਪਸੰਦ ਕੀਤਾ ਗਿਆ।ਵਿਸ਼ਾਲ ਕੁਮਾਰ, ਮੰਗਤ ਖਾਨ ਤੇ ਸਤੀਸ਼ ਵਿਦਰੋਹੀ ਨੇ ਵੀ ਆਪਣੀਆਂ ਸ਼ਾਨਦਾਰ ਰਚਨਾਵਾਂ ਅਤੇ ਗੀਤ ਪੇਸ਼ ਕੀਤੇ ਗਏ।

## ਸੁਪਰੀਮ ਕੌਨਵੈਂਟ ਸਕੂਲ 'ਚ ਮਨਾਇਆ ਲੋਹੜੀ ਦਾ ਤਿਉਹਾਰ



**ਹਠੂਰ (ਨਛੱਤਰ ਸੰਧੂ)**- ਇਲਾਕੇ ਦੀ ਨਾਮਵਰ ਵਿੱਦਿਅਕ ਸੰਸਥਾ ਸੁਪਰੀਮ ਕੌਨਵੈਂਟ ਸਕੂਲ ਬਿਲਾਸਪੁਰ ਵਿਖੇ ਵਿਦਿਆਰਥੀਆਂ ਦੇ ਵਿੱਦਿਅਕ ਮਿਆਰ ਨੂੰ ਉੱਚਾ ਚੁੱਕਣ ਅਤੇ ਉਹਨਾਂ ਦਾ ਸਰਵਪੱਖੀ ਵਿਕਾਸ ਕਰਨ ਦੇ ਨਾਲ ਨਾਲ ਸੱਭਿਆਚਾਰ ਨਾਲ ਉਹਨਾਂ ਨੂੰ ਜੋੜਨ ਲਈ ਵੱਖ-ਵੱਖ ਮਹੱਤਵਪੂਰਨ ਦਿਨਾਂ ਅਤੇ ਤਿਉਹਾਰਾਂ ਨੂੰ ਸਕੂਲ ਵਿੱਚ ਬਹੁਤ ਹੀ ਧੂਮ ਧਾਮ ਨਾਲ ਮਨਾਇਆ ਜਾਂਦਾ ਹੈ। ਇਸੇ ਹੀ ਗੱਲ ਨੂੰ ਮੁੱਖ ਰੱਖਦਿਆਂ ਹੋਇਆਂ ਸਕੂਲ ਵਿੱਚ ਲੋਹੜੀ ਦਾ ਤਿਉਹਾਰ ਬਹੁਤ ਹੀ ਧੂਮਧਾਮ ਨਾਲ ਮਨਾਇਆ ਗਿਆ। ਇਸ ਦਿਨ ਦੀ ਮਹੱਤਤਾ ਬਾਰੇ ਅਧਿਆਪਕਾਂ ਦੁਆਰਾ ਵਿਦਿਆਰਥੀਆਂ ਨੂੰ ਆਨਲਾਇਨ ਕਲਾਸਾ ਦੌਰਾਨ ਜਾਣੂ ਕਰਵਾਇਆ ਗਿਆ। ਇਸ ਖਾਸ ਮੌਕੇ ਅਧਿਆਪਕਾਂ ਨੇ ਗਿੱਧੇ ਅਤੇ ਭੰਗੜੇ ਨਾਲ ਮਾਹੌਲ ਨੂੰ ਖੁਸ਼ਨੁਮਾ ਬਣਾਇਆ। ਇਸ ਮੌਕੇ ਮੌਜੂਦ ਸਕੂਲ ਪ੍ਰਧਾਨ ਚਰਨ ਸਿੰਘ, ਸਕੂਲ ਚੇਅਰਮੈਨ ਯੋਗਿੰਦਰ ਸ਼ਰਮਾ, ਸਕੂਲ ਪ੍ਰਿੰਸੀਪਲ ਕੁੰਜੂਮੋਲ ਜੋਅ ਅਤੇ ਵਾਇਸ ਪ੍ਰਿੰਸੀਪਲ ਜਸਮੇਲ ਸਿੰਘ ਨੇ ਸਮੂਹ ਸਟਾਫ ਤੇ ਵਿਦਿਆਰਥੀਆਂ ਨੂੰ ਲੋਹੜੀ ਤੇ ਮਾਘੀ ਦੀ ਵਧਾਈ ਦਿੱਤੀ। ਇਸ ਮੌਕੇ ਸਮੂਹ ਸਟਾਫ ਮੈਂਬਰਾਂ ਨੇ ਇਸ ਦਿਨ ਦੀ ਪਹਿਚਾਣ ਮੂੰਗਫਲੀ, ਗੱਚਕ ਤੇ ਰਿਉੜੀਆਂ ਦਾ ਖੂਬ ਲੁਤਫ ਉਠਾਇਆ।

## 'ਜਵਾਹਰ ਸਿੰਘ ਵਾਲਾ ਦੇ ਗਰੀਬ ਦਲਿਤਾਂ ਨੂੰ ਨਾ ਉਜਾੜਿਆ ਜਾਵੇ'

**ਨਿਹਾਲ ਸਿੰਘ ਵਾਲਾ (ਨਛੱਤਰ ਸੰਧੂ)**- ਜਵਾਹਰ ਸਿੰਘ ਵਾਲਾ ਦੇ ਗਰੀਬ ਦਲਿਤਾਂ ਨੂੰ ਨਾ ਉਜਾੜੋ ਸਰਕਾਰ ਜੀ, ਉਕਤ ਵਿਚਾਰਾਂ ਦਾ ਪ੍ਰਗਟਾਵਾ ਕਰਦਿਆਂ ਰਾਸ਼ਟਰੀ ਪਛੜਾ ਵਰਗ ਮੋਰਚਾ, ਪੰਜਾਬ ਦੇ ਸੀਨੀਅਰ ਮੀਤ ਪ੍ਰਧਾਨ ਡਾ. ਹਰਗੁਰਪ੍ਰਤਾਪ ਸਿੰਘ ਦੀਪ ਹਸਪਤਾਲ ਵਾਲਿਆਂ ਨੇ ਹਲਕਾ ਨਿਹਾਲ ਸਿੰਘ ਵਾਲਾ ਦੇ ਐਮ.ਐਲ.ਏ. ਮਨਜੀਤ ਸਿੰਘ ਬਿਲਾਸਪੁਰ ਅਤੇ ਸਥਾਨਕ ਪ੍ਰਸ਼ਾਸਨ ਨੂੰ ਬੇਨਤੀ ਕੀਤੀ ਕਿ ਜਵਾਹਰ ਸਿੰਘ ਵਾਲਾ ਦੇ ਗਰੀਬ ਦਲਿਤਾਂ ਦਾ ਸੜਕ ਵਿੱਚ ਆ ਰਹੇ ਮਕਾਨਾਂ ਦਾ ਮਸਲਾ, ਸੁਹਿਰਦਤਾ ਨਾਲ ਨਿਬੇੜਿਆ ਜਾਵੇ ਅਤੇ ਗਰੀਬਾਂ ਨਾਲ ਕਿਸੇ ਵੀ ਕਿਸਮ ਦਾ ਧੱਕਾ ਨਾ ਕੀਤਾ ਜਾਵੇ। ਹਾਈਵੇ ਬਣਨ ਦੇ ਚਲਦਿਆਂ ਪਿੰਡ ਜਵਾਹਰ ਸਿੰਘ ਵਾਲਾ ਦੇ 18-20 ਗਰੀਬ ਦਲਿਤ ਭਾਈਚਾਰੇ ਦੇ ਪੱਕੇ ਮਕਾਨ ਸੜਕ ਵਿੱਚ ਆਉਂਦੇ ਹਨ।ਸਰਕਾਰ ਬਹੁਤ ਹੀ ਨਿਗੂਣਾ ਮੁਆਵਜ਼ਾ ਦੇ ਕੇ ਉਹਨਾਂ ਨੂੰ ਉੱਥੋਂ ਉਜਾੜਨਾ ਚਾਹੁੰਦੀ ਹੈ। ਕੇਂਦਰ ਸਰਕਾਰ ਅਤੇ ਪੰਜਾਬ ਸਰਕਾਰ ਦੋਨੋਂ ਹੀ ਦਲਿਤ ਵਿਰੋਧੀ ਸਾਬਿਤ ਹੋ ਰਹੀਆਂ ਹਨ।ਇਸ ਦੇ ਚੱਲਦਿਆਂ ਪਿਛਲੇ 4-5



ਮਹੀਨੇ ਤੋਂ ਇਹਨਾਂ ਗਰੀਬ ਦਲਿਤਾਂ ਨੇ ਸੜਕ ਦੇ ਕਿਨਾਰੇ ਦਿਨ-ਰਾਤ ਦਾ ਪੱਕਾ ਮੋਰਚਾ ਲਗਾ ਰੱਖਿਆ ਹੈ ਅਤੇ ਲਗਾਤਾਰ ਸੰਘਰਸ਼ ਕਰ ਰਹੇ ਹਨ।ਗਰੀਬ ਦਲਿਤਾਂ ਨੇ ਦਿਵਾਲੀ, ਨਵਾਂ ਸਾਲ, ਗੁਰਪੁਰਬ, ਸਭ ਭਾਰੀ ਧੁੰਦਾਂ ਵਿੱਚ ਅਤੇ ਤ੍ਰੇਲ-ਭਰੀਆਂ ਠੰਢੀਆਂ ਰਾਤਾਂ ਵਿੱਚ ਸੜਕ 'ਤੇ ਲਗਾਏ ਆਪਣੇ ਤੰਬੂ ਵਿੱਚ ਗੁਜ਼ਾਰੇ ਹਨ। ਅਜਿਹੇ ਵਿੱਚ ਕਿਸੇ ਵੀ ਦਿਨ ਭਾਰੀ ਠੰਢ ਕਰਕੇ ਕੋਈ ਵੀ ਅਣਹੋਣੀ ਵਾਪਰ ਸਕਦੀ ਹੈ।ਇੱਥੋ ਤੱਕ ਕਿ ਕਿਸੇ ਨਾ ਕਿਸੇ ਗਰੀਬ ਇਨਸਾਨ ਦੀ ਠੰਢ ਕਰਕੇ ਜਾਨ ਵੀ ਜਾ ਸਕਦੀ ਹੈ।ਡਾ. ਹਰਗੁਰਪ੍ਰਤਾਪ ਨੇ ਪ੍ਰਸ਼ਾਸਨ ਨੂੰ ਚਿਤਾਵਨੀ ਦਿੱਤੀ ਕਿ ਅਗਰ ਮੋਰਚੇ 'ਤੇ ਡਟੇ ਕਿਸੇ ਗਰੀਬ ਦਲਿਤ ਵੀਰ ਦੀ ਜਾਨ ਨੂੰ ਕੁੱਝ ਹੋ ਗਿਆ ਤਾਂ ਇਹ ਮਸਲਾ ਜਵਾਹਰ ਸਿੰਘ ਵਾਲਾ ਦੇ 20 ਦਲਿਤ ਪਰਵਾਰਾਂ ਦਾ ਨਾ ਰਹਿ ਕੇ ਸਮੂਹ ਕਿਸਾਨਾਂ-ਮਜ਼ਦੂਰਾਂ ਅਤੇ ਪਛੜੇ ਵਰਗ ਦਾ ਮਸਲਾ ਬਣ ਜਾਵੇਗਾ। ਸਰਕਾਰ ਅਤੇ ਸਥਾਨਕ ਪ੍ਰਸ਼ਾਸਨ ਅਤੇ ਸਥਾਨਕ ਐਮ.ਐਲ.ਏ. ਮਨਜੀਤ ਸਿੰਘ ਬਿਲਾਸਪੁਰ ਖੁਦ ਪਹਿਲ ਕਦਮੀ ਕਰ ਕੇ ਦਲਿਤ ਭਾਈਚਾਰੇ ਦੀ ਸੰਤੁਸ਼ਟੀ ਕਰਵਾ ਕੇ ਇਸ ਮਸਲੇ ਦਾ ਸਾਰਥਕ ਹੱਲ ਕੱਢੇ।ਉਹਨਾਂ ਇਸ ਮੌਕੇ ਸਾਰੀਆਂ ਇਨਸਾਫ ਪਸੰਦ ਜਥੇਬੰਦੀਆਂ ਨੂੰ ਜਵਾਹਰ ਸਿੰਘ ਵਾਲਾ ਦੇ ਗਰੀਬ ਦਲਿਤਾਂ ਦੇ ਮੋਢੇ ਨਾਲ ਮੋਢਾ ਜੋੜ ਕੇ ਖੜ੍ਹਨ ਦੀ ਬੇਨਤੀ ਕੀਤੀ।

## ਲੋਕ ਸੇਵਾ ਸੋਸਾਇਟੀ ਨੇ ਨਵਜੰਮੀਆਂ ਲੜਕੀਆਂ ਲਈ ਕੰਬਲਾਂ ਦੀ ਕੀਤੀ ਸੇਵਾ

**ਜਗਰਾਉਂ (ਅਮਿਤ ਖੰਨਾ)**- ਜਗਰਾਉਂ ਦੀ ਸਮਾਜ ਸੇਵੀ ਸੰਸਥਾ ਲੋਕ ਸੇਵਾ ਸੋਸਾਇਟੀ ਵੱਲੋਂ ਲੋਹੜੀ ਧੀਆਂ ਦੀ ਮਨਾਉਣ ਮੌਕੇ ਨਵਜੰਮੀਆਂ ਲੜਕੀਆਂ ਲਈ ਗਰਮ ਕੰਬਲਾਂ ਦੀ ਸੇਵਾ ਕੀਤੀ ਗਈ। ਸੋਸਾਇਟੀ ਦੇ ਚੇਅਰਮੈਨ ਗੁਲਸ਼ਨ ਅਰੋੜਾ ਪ੍ਰਧਾਨ ਮਦਨ ਲਾਲ ਅਰੋੜਾ ਸੈਕਟਰੀ ਡਾਕਟਰ ਕੁਲਭੂਸ਼ਨ ਗੁਪਤਾ ਅਤੇ ਕੈਸ਼ੀਅਰ ਸੁਨੀਲ ਬਜਾਜ ਦੀ ਅਗਵਾਈ ਵਿੱਚ ਲੋਕ ਸੇਵਾ ਸੁਸਾਇਟੀ ਵੱਲੋਂ ਸਿਵਲ ਹਸਪਤਾਲ ਜਗਰਾਉਂ ਵਿਖੇ 101 ਨਵਜੰਮੀਆਂ ਲੜਕੀਆਂ ਨੂੰ ਕੰਬਲ, ਲੋਹੜੀ ਦਾ ਤੋਹਫਾ ਮੂੰਗਫਲੀ ਗੱਚਕ ਅਤੇ ਲੱਡੂ ਵੰਡ ਕੇ ਧੀਆਂ ਦੀ ਲੋਹੜੀ ਮਨਾਈ। ਇਸ ਮੌਕੇ ਹਲਕਾ ਵਿਧਾਇਕਾ ਸਰਬਜੀਤ ਕੌਰ ਮਾਣੂਕੇ ਨੇ ਬਤੌਰ ਮੁੱਖ ਮਹਿਮਾਨ ਸਮਾਗਮ ਵਿੱਚ ਸ਼ਿਰਕਤ ਕਰਦਿਆਂ ਨਵ ਜੰਮੀਆਂ ਲੜਕੀਆਂ ਦੀਆਂ ਮਾਵਾਂ ਨੂੰ ਗਰਮ ਕੰਬਲ ਅਤੇ ਹੋਰ ਸਮਾਨ ਤਕਸੀਮ ਕੀਤਾ। ਉਹਨਾਂ ਲੋਕ ਸੇਵਾ ਸੋਸਾਇਟੀ ਵੱਲੋਂ ਹਰੇਕ ਸਾਲ ਲੋਹੜੀ ਮੌਕੇ ਕੀਤੇ ਜਾਂਦੇ ਉਪਰਾਲੇ ਦੀ ਸ਼ਲਾਘਾ ਕੀਤੀ। ਇਸ ਮੌਕੇ ਐੱਸ ਐੱਮ ਓ ਗੁਰਵਿੰਦਰ ਕੌਰ ਨੇ ਕਿਹਾ ਕਿ ਲੋਕ ਸੇਵਾ ਸੁਸਾਇਟੀ ਹਮੇਸ਼ਾ ਹੀ ਸਿਵਲ ਹਸਪਤਾਲ ਜਗਰਾਉਂ ਨੂੰ ਲੋੜੀਦਾ ਸਮਾਨ ਮੁਹੱਈਆ ਕਰਾਉਣ ਲਈ ਤਤਪਰ ਰਹਿੰਦੀ ਹੈ ਜਿਸ ਲਈ ਹਸਪਤਾਲ ਦਾ ਸਮੂਹ ਸਟਾਫ਼ ਸੋਸਾਇਟੀ ਦਾ ਧੰਨਵਾਦੀ ਹੈ। ਇਸ ਮੌਕੇ ਚੇਅਰਮੈਨ ਗੁਲਸ਼ਨ ਅਰੋੜਾ ਤੇ ਸਰਪ੍ਰਸਤ ਰਜਿੰਦਰ ਜੈਨ ਨੇ ਦੱਸਿਆ ਕਿ ਸੁਸਾਇਟੀ ਵੱਲੋਂ ਜਿੱਥੇ 101 ਨਵਜੰਮੀਆਂ ਲੜਕੀਆਂ ਲਈ ਸਿਵਲ ਹਸਪਤਾਲ ਨੂੰ ਗਰਮ ਕੰਬਲ



ਦਿੱਤੇ ਗਏ ਹਨ ਉੱਥੇ ਹੀ ਲੋਹੜੀ ਦਾ ਤੋਹਫਾ ਮੂੰਗਫਲੀ ਗੱਚਕ ਅਤੇ ਰਿਉੜੀਆਂ ਦੇ ਨਾਲ ਲੱਡੂ ਵੀ ਹਸਪਤਾਲ ਦੇ ਸਮੂਹ ਸਟਾਫ਼ ਨੂੰ ਵੰਡੇ ਗਏ। ਇਸ ਮੌਕੇ ਵਾਈਸ ਚੇਅਰਮੈਨ ਸੁਖਜਿੰਦਰ ਸਿੰਘ ਢਿੱਲੋਂ ਤੇ ਕੰਵਲ ਕੱਕੜ ਪ੍ਰੋਜੈਕਟ ਚੇਅਰਮੈਨ ਮਨੋਹਰ ਸਿੰਘ ਟੱਕਰ ਪ੍ਰੋਜੈਕਟ ਕੈਸ਼ੀਅਰ ਰਾਜੀਵ ਗੁਪਤਾ ਪੀ ਆਰ ਓ ਸੁਖਦੇਵ ਗਰਗ ਬਿਕਰਮ ਬਾਂਸਲ ਇਕਬਾਲ ਸਿੰਘ ਕਟਾਰੀਆ ਆਰ ਕੇ ਗੋਇਲ ਜਗਦੀਪ ਸਿੰਘ ਪ੍ਰੇਮ ਬਾਂਸਲ ਕਪਿਲ ਸ਼ਰਮਾ, ਕੈਪਟਨ ਨਰੇਸ਼ ਵਰਮਾ, ਗੋਪਾਲ ਗੁਪਤਾ ਸਮੇਤ ਸਿਵਲ ਹਸਪਤਾਲ ਦੇ ਡਾ ਗੁਰਵਿੰਦਰ ਕੌਰ ਐੱਸ ਐੱਮ ਓ, ਡਾ. ਧੀਰਜ, ਡਾ. ਸੰਗੀਨਾ, ਬਲਜਿੰਦਰ ਕੁਮਾਰ ਹੈਪੀ, ਡਾ. ਨਵਦੀਪ ਕੌਰ, ਡਾ. ਗੁਰਸਿਮਰਨ ਸਿੰਘ ਸਮੇਤ ਸਮੂਹ ਸਟਾਫ਼ ਹਾਜ਼ਰ ਸੀ।

## ਰੋਟਰੈਕਟ ਕਲੱਬ ਦੇ ਮੈਂਬਰਾਂ ਨੇ ਵਿਸ਼ੇਸ਼ ਲੋੜਾਂ ਵਾਲੇ ਬੱਚਿਆਂ ਨਾਲ ਮਨਾਈ ਲੋਹੜੀ



**ਲੁਧਿਆਣਾ (ਰੈਕਟਰ ਕਥੂਰੀਆ)**- ਰੋਟਰੈਕਟ ਕਲੱਬ ਦੇ ਮੈਂਬਰਾਂ ਨੇ 13 ਜਨਵਰੀ ਨੂੰ ਤੇਰੀ ਓਟ ਦਿਵਯਾਂਗ ਸੰਸਥਾ ਦਾ ਦੌਰਾ ਕੀਤਾ ਅਤੇ ਸਰੀਰਕ ਤੌਰ 'ਤੇ ਅਪਾਹਜ਼ ਬੱਚਿਆਂ ਨਾਲ ਲੋਹੜੀ ਦਾ ਤਿਉਹਾਰ ਮਨਾਇਆ। ਵਿਦਿਆਰਥੀਆਂ ਨੇ ਪੈਸੇ ਇਕੱਠੇ ਕੀਤੇ ਅਤੇ ਐਨ.ਜੀ.ਓ ਦੇ ਬੱਚਿਆਂ ਲਈ ਵੱਖ-ਵੱਖ ਮਠਿਆਈਆਂ ਅਤੇ ਹੋਰ ਖਾਣ-ਪੀਣ ਦੀਆਂ ਚੀਜ਼ਾਂ ਦਿੱਤੀਆਂ। ਵਿਦਿਆਰਥੀਆਂ ਨੇ ਲੋਹੜੀ ਦੀ ਅੱਗ ਬਾਲੀ, ਇਨ੍ਹਾਂ ਬੱਚਿਆਂ ਨਾਲ ਡਾਂਸ ਕੀਤਾ ਅਤੇ ਉਨ੍ਹਾਂ ਦੇ ਮਾਸੂਮ ਚਿਹਰਿਆਂ 'ਤੇ ਮੁਸਕਰਾਹਟ ਦੇਖ ਕੇ ਬਹੁਤ ਖੁਸ਼ ਹੋਏ। ਰੋਟਰੈਕਟ ਕਲੱਬ ਦੇ ਮੁਖੀ ਡਾ: ਆਂਚਲ ਅਰੋੜਾ ਨੇ ਤੇਰੀ ਓਟ ਐਨ ਜੀ ਓ ਦੀ ਸੰਸਥਾਪਕ ਮੈਡਮ ਇਕਬਾਲ ਕੌਰ ਨੂੰ ਭਰੋਸਾ ਦਿਵਾਇਆ ਕਿ ਉਹ ਅਜਿਹੇ ਹੋਰ ਦੌਰੇ ਕਰਾਉਣਗੇ। ਪਿੰਸੀਪਲ ਡਾ: ਕਮਲਜੀਤ ਗਰੇਵਾਲ ਨੇ ਕਲੱਬ ਦੇ ਵਿਦਿਆਰਥੀਆਂ ਅਤੇ ਅਧਿਆਪਕਾਂ ਵੱਲੋਂ ਅਜਿਹੇ ਸਾਰਥਕ ਸਮਾਗਮ ਕਰਵਾਉਣ ਦੇ ਉਪਰਾਲੇ ਦੀ ਸ਼ਲਾਘਾ ਕੀਤੀ।

## 21 ਕੁੜੀਆਂ ਦੀ ਪਹਿਲੀ ਲੋਹੜੀ ਪ੍ਰੰਪਰਾਗਤ ਤੇ ਭਾਵੁਕ ਮਾਹੌਲ 'ਚ ਮਨਾਈ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**- ਲੋਹੜੀ ਦੇ ਪਾਵਨ ਤਿਉਹਾਰ ਮੌਕੇ ਅਖਿਲ ਭਾਰਤੀ ਮਹਿਲਾ ਅਗਰਵਾਲ ਸੰਮੇਲਨ, ਫਿਰੋਜ਼ਪੁਰ ਕੈਂਟ ਵੱਲੋਂ 'ਕੰਨਿਆ ਲੋਹੜੀ ਸਨਮਾਨ ਸਮਾਰੋਹ' ਦਾ ਆਯੋਜਨ ਕਰਕੇ ਧੀਆਂ ਦੇ ਸਨਮਾਨ ਅਤੇ ਸਸ਼ਕਤੀਕਰਨ ਦਾ ਸੰਦੇਸ਼ ਦਿੱਤਾ ਗਿਆ। ਇਸ ਸਮਾਰੋਹ ਦੌਰਾਨ 21 ਕੁੜੀਆਂ ਦੀ ਪਹਿਲੀ ਲੋਹੜੀ ਪ੍ਰੰਪਰਾਗਤ ਅਤੇ ਭਾਵੁਕ ਮਾਹੌਲ ਵਿੱਚ ਮਨਾਈ ਗਈ, ਜਿਸ ਨੇ ਮੌਜੂਦ ਲੋਕਾਂ ਨੂੰ ਗਹਿਰਾ ਪ੍ਰਭਾਵਿਤ ਕੀਤਾ।ਇਹ ਸਮਾਗਮ ਸ੍ਰੀ ਰਾਮ ਬਾਗ ਵ੍ਰਿਧ ਸੇਵਾ ਆਸ਼ਰਮ, ਫਿਰੋਜ਼ਪੁਰ ਕੈਂਟ ਵਿਚ ਆਯੋਜਿਤ ਕੀਤਾ ਗਿਆ। ਸਮਾਰੋਹ ਦੀ ਅਧਿਆਕਸ਼ਤਾ ਪੰਜਾਬ ਉਪ-ਅਧਿਆਕਸ਼ ਹਰਿਸ਼ ਗੋਇਲ ਨੇ ਕੀਤੀ। ਇਸ ਮੌਕੇ ਮਹਿਲਾ ਪ੍ਰਧਾਨ ਅਨੂ ਗਰਗ ਨੇ ਦੱਸਿਆ ਕਿ ਮੁੱਖ ਮਹਿਮਾਨ ਵਜੋਂ ਜੈਨੇਸਿਸ ਡੈਂਟਲ ਕਾਲਜ ਐਂਡ ਹਸਪਤਾਲ ਦੀ ਚੇਅਰਮੈਨ ਮੀਨਾਕਸ਼ੀ ਸਿੰਘਲ ਸ਼ਾਮਲ ਹੋਈਆਂ। ਵਿਸ਼ੇਸ਼ ਮਹਿਮਾਨਾਂ ਵਿੱਚ ਜੈਨੇਸਿਸ ਦੀ ਜਾਇੰਟ ਚੇਅਰਮੈਨ ਸੰਜਨਾ ਮਿੱਤਲ, ਦੀਪਾਲੀ ਵਸ਼ਿਸ਼ਠ (ਐੱਮ.ਡੀ. ਟੀ.ਬੀ.ਐੱਸ. ਇੰਟਰਨੈਸ਼ਨਲ ਸਕੂਲ), ਕਿਰਨ ਬਾਂਸਲ (ਡਾਇਰੈਕਟਰ, ਸ਼ਹੀਦ ਭਗਤ ਸਿੰਘ ਕਾਲਜ), ਡਾ. ਨੀਰੂ ਅਰੋੜਾ, ਅੰਜਲੀ ਗਰੋਵਰ, ਡਾ. ਸਰੋਜ ਖੰਨਾ ਆਦਿ ਹਾਜ਼ਰ ਰਹੇ। ਮੰਚ ਸੰਚਾਲਨ ਮਹਾਸਚਿਵ ਰਿਤਿਕਾ ਗੋਇਲ ਨੇ ਕੀਤਾ। ਮੁੱਖ ਮਹਿਮਾਨ ਮੀਨਾਕਸ਼ੀ ਸਿੰਘਲ ਨੇ ਆਪਣੇ ਸੰਬੋਧਨ ਵਿਚ ਕਿਹਾ ਕਿ ਧੀਆਂ ਸਮਾਜ ਦੀ ਰੀੜ੍ਹ ਦੀ ਹੱਡੀ ਹਨ। ਉਨ੍ਹਾਂ ਦੀ ਪਹਿਲੀ ਲੋਹੜੀ ਨੂੰ ਸਨਮਾਨ ਨਾਲ ਮਨਾਉਣਾ ਸਿਰਫ਼ ਇਕ ਪਰੰਪਰਾ ਨਹੀਂ, ਬਲਕਿ ਆਉਣ ਵਾਲੀਆਂ ਪੀੜ੍ਹੀਆਂ ਲਈ ਸਕਾਰਾਤਮਕ ਸੋਚ ਦਾ ਸੰਦੇਸ਼ ਹੈ। ਉਨ੍ਹਾਂ ਕਿਹਾ ਕਿ ਨਾਰੀ



ਸਸ਼ਕਤੀਕਰਨ ਦੀ ਸ਼ੁਰੂਆਤ ਸਨਮਾਨ ਅਤੇ ਮੌਕਿਆਂ ਨਾਲ ਹੁੰਦੀ ਹੈ। ਇਸ ਮੌਕੇ ਸੰਜਨਾ ਮਿੱਤਲ, ਡਾ. ਨੀਰੂ ਅਰੋੜਾ ਨੇ ਵਿਚਾਰ ਸਾਂਝੇ ਕੀਤੇ । ਸਮਾਰੋਹ ਦੌਰਾਨ ਪਰੰਪਰਾਗਤ ਢੰਗ ਨਾਲ ਲੋਹੜੀ ਸਾੜੀ ਗਈ। ਹਾਜ਼ਰ ਲੋਕਾਂ ਨੇ ਅੱਗ ਵਿੱਚ ਤਿਲ, ਮੂੰਗਫਲੀ ਅਤੇ ਰੇਵੜੀਆਂ ਅਰਪਿਤ ਕਰਕੇ ਮੰਗਲਕਾਮਨਾਵਾਂ ਕੀਤੀਆਂ। ਇਸ ਉਪਰੰਤ ਪ੍ਰਸ਼ਾਦ ਵੰਡਿਆ ਗਿਆ ਅਤੇ ਸਭ ਲਈ ਲੰਗਰ/ਲੰਚ ਦੀ ਵਿਵਸਥਾ ਵੀ ਕੀਤੀ ਗਈ। ਸਾਰੀਆਂ ਕੁੜੀਆਂ ਨੂੰ ਤੋਹਫ਼ੇ ਭੇਟ ਕਰਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਅਮਨਦੀਪ ਹਸਪਤਾਲ ਦੇ ਫੈਸਿਲਿਟੀ ਡਾਇਰੈਕਟਰ ਡਾ. ਅਭਿਸ਼ੇਕ ਅਰੋੜਾ ਦਾ ਵਿਸ਼ੇਸ਼ ਸਹਿਯੋਗ ਰਿਹਾ। ਸਮਾਰੋਹ ਵਿੱਚ ਅਖਿਲ ਭਾਰਤੀ ਅਗਰਵਾਲ ਸੰਮੇਲਨ ਦੇ ਪੂਰਵ ਪ੍ਰਧਾਨ ਅਸ਼ੋਕ ਗੁਪਤਾ, ਸੁਸ਼ੀਲ ਗੁਪਤਾ, ਵਿਸ਼ਾਲ ਗੁਪਤਾ, ਸੰਜੇ ਗੁਪਤਾ, ਸੂਰਜ ਮੇਹਤਾ, ਗੌਰਵ ਡੋਡਾ, ਰਾਜਕੁਮਾਰ ਆਰ.ਕੇ. ਆਦਿ ਵੀ ਹਾਜ਼ਰ ਸਨ। ਇਸ ਅਵਸਰ 'ਤੇ ਅਖਿਲ ਭਾਰਤੀ ਮਹਿਲਾ ਅਗਰਵਾਲ ਸੰਮੇਲਨ ਦੀ ਪ੍ਰਧਾਨ ਅਨੂ ਗਰਗ, ਸਰਪਰਸਤ ਸਵਿਤਾ ਗੋਇਲ, ਸਕੱਤਰ ਰਿਤਿਕਾ ਗੋਇਲ ਸਮੇਤ ਉਰਮਿਲ ਗੋਇਲ, ਨੀਲਮ ਗੁਪਤਾ, ਦੀਪਾ ਗੋਇਲ, ਕੋਮਲ ਕੰਸਲ, ਸਰਿਤਾ ਗਰਗ, ਨੀਤੂ ਗੋਇਲ, ਸ਼ਾਈਨਾ ਗੋਇਲ, ਕੰਗਨਾ ਗੋਇਲ, ਮੇਘਾ ਗੁਪਤਾ, ਈਸ਼ਾ ਅਗਰਵਾਲ, ਲੀਮਾ ਸਿੰਘਲ, ਅਨਿਤਾ ਸਿੰਘਲ ਸਮੇਤ ਕਈ ਹੋਰ ਮਹਿਲਾ ਮੈਂਬਰ ਹਾਜ਼ਰ ਰਹੇ।

## ਵਿਧਾਇਕ ਨੇ ਜਲਾਲਾਬਾਦ ਦੇ ਸੇਮ ਪ੍ਰਭਾਵਤ ਲੋਕਾਂ ਨੂੰ ਦਿੱਤਾ ਤੋਹਫਾ

### ਸੇਮ ਗ੍ਰਸਤ ਜ਼ਮੀਨ ਦੇ ਸੁਧਾਰ ਦੇ ਪ੍ਰੋਜੈਕਟ ਦਾ ਰੱਖਿਆ ਨੀਂਹ ਪੱਥਰ

**ਫ਼ਾਜ਼ਿਲਕਾ (ਨਿਸ਼ਾ ਸ਼ਰਮਾ)** ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬੇ ਦੇ ਸਰਵਪੱਖੀ ਵਿਕਾਸ ਵਿਕਾਸ ਲਈ ਤਤਪਰ ਹੈ ਤੇ ਇਸੇ ਤਹਿਤ ਹੀ ਪੰਜਾਬ ਸਰਕਾਰ ਵੱਲੋਂ ਆਉਣ ਵਾਲੇ ਲੋਹੜੀ ਦੇ ਤਿਉਹਾਰ ਤੋਂ ਪਹਿਲਾਂ ਹੀ ਹਲਕਾ ਜਲਾਲਾਬਾਦ ਦੇ ਪਿੰਡ ਸਜਰਾਣਾ, ਅਲਿਆਣਾ ਤੇ ਘੱਟਿਆ ਵਾਲੀ ਬੋਦਲਾ ਵਿਖੇ 5 ਕਰੋੜ 57 ਲੱਖ ਦੀ ਲਾਗਤ ਨਾਲ ਜ਼ਮੀਨ ਦੋਜ਼ ਪਾਇਪ ਲਾਈਨ ਡਰੇਨਜ ਸਿਸਟਮ ਸੋਲਰ ਪੰਪ ਰਾਹੀਂ ਸੇਮ ਗ੍ਰਸਤ ਜ਼ਮੀਨਾਂ ਦਾ ਸੁਧਾਰ ਹੋਵੇਗਾ।ਇਹ ਪ੍ਰਗਟਾਵਾ ਵਿਧਾਇਕ ਜਗਦੀਪ ਕੰਬੋਜ ਗੋਲਡੀ ਨੇ ਸੇਮ ਗ੍ਰਸਤ ਜਮੀਨਾਂ ਦਾ ਸੁਧਾਰ ਦੇ ਇਸ ਪ੍ਰੋਜੈਕਟ ਦਾ ਨੀਂਹ ਪੱਥਰ ਰੱਖਣ ਮੌਕੇ ਕੀਤਾ। ਵਿਧਾਇਕ ਗੋਲਡੀ ਕੰਬੋਜ ਨੇ ਇਸ ਪ੍ਰਾਜੈਕਟ ਲਈ ਉਹ ਕੈਬਨਿਟ ਮੰਤਰੀ ਭੂਮੀ ਤੇ ਜਲ ਸੰਭਾਲ ਵਿਭਾਗ ਪੰਜਾਬ ਸ੍ਰੀ ਬਰਿੰਦਰ ਕੁਮਾਰ ਗੋਇਲ ਦਾ ਧੰਨਵਾਦ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਦੇ ਉਪਰਾਲੇ ਸਦਕਾ ਹਲਕਾ ਜਲਾਲਾਬਾਦ ਦੇ ਪਿੰਡ ਸਜਰਾਣਾ ਵਿਖੇ 2 ਕਰੋੜ 34 ਲੱਖ, ਅਲਿਆਣਾ 1 ਕਰੋੜ 42 ਲੱਖ ਤੇ ਘਟਿਆ ਵਾਲੀ ਬੋਦਲਾ ਵਿਖੇ 1 ਕਰੋੜ 81 ਲੱਖ ਦੀ ਲਾਗਤ ਨਾਲ ਬਣਨ ਵਾਲੇ ਇਨ੍ਹਾਂ ਪ੍ਰਾਜੈਕਟਾਂ ਦੇ ਨੀਂਹ ਪੱਥਰ ਰੱਖੇ ਗਏ ਹਨ। ਇਹ ਪ੍ਰੋਜੈਕਟ ਮਹਿੰਦਰ ਸਿੰਘ ਸੈਣੀ, ਮੁੱਖ ਭੂਮੀ ਪਾਲ, ਪੰਜਾਬ, ਸ੍ਰੀ ਜਸਵੀਰ ਸਿੰਘ, ਭੂਮੀ ਪਾਲ, ਫਿਰੋਜ਼ਪੁਰ ਦੀ ਦਿਸ਼ਾ ਨਿਰਦੇਸ਼ ਤੇ ਸ੍ਰੀ ਗੁਰਬਿੰਦਰ ਸਿੰਘ, ਮੰਡਲ ਭੂਮੀ ਰੱਖਿਆ ਅਫ਼ਸਰ, (ਇੰਜੀ.) ਮੁੱਖ ਦਫ਼ਤਰ ਚੰਡੀਗੜ੍ਹ ਦੀ ਦੇਖ-ਰੇਖ ਅਧੀਨ ਲਾਗੂ ਕੀਤੇ ਜਾ ਰਹੇ ਹਨ।ਉਨ੍ਹਾਂ ਕਿਹਾ ਕਿ ਹਲਕੇ ਦੇ 24 ਪਿੰਡਾਂ ਵਿੱਚ ਇਹ ਪ੍ਰਾਜੈਕਟ ਉਲੀਕੇ ਗਏ ਹਨ, ਜੋ ਲਗਭਗ 27 ਕਰੋੜ 78 ਲੱਖ ਦੀ ਲਾਗਤ ਨਾਲ ਬਣਨਗੇ।ਉਨ੍ਹਾਂ ਕਿਹਾ ਕਿ ਇਨ੍ਹਾਂ ਪਿੰਡਾਂ ਵਿੱਚ ਜਮੀਨ ਵਿੱਚ ਪਾਇਪ ਲਾਈਨ ਡਰੇਨਜ ਸਿਸਟਮ ਸੋਲਰ ਪੰਪ ਰਾਹੀਂ ਸੇਮ ਗ੍ਰਸਤ ਜਮੀਨਾਂ ਦਾ ਸੁਧਾਰ ਹੋਵੇਗਾ।ਉਨ੍ਹਾਂ ਕਿਹਾ ਕਿ 25-25 ਏਕੜ ਤੇ ਇਹ ਸੋਲਰ ਪੰਪ ਲੱਗਣਗੇ ਤੇ ਇਹ ਜ਼ਮੀਨਾਂ ਦੇ ਪਾਣੀ ਦੇ ਪੱਧਰ ਨੂੰ ਹੇਠਾਂ ਲੈ ਕੇ ਜਾਣਗੇ ਤੇ ਫਿਰ ਤੋਂ ਜ਼ਮੀਨਾਂ ਆਬਾਦ ਦੇ ਹਰੀਆਂ ਭਰੀਆਂ ਨਜ਼ਰ ਆਉਣਗੀਆਂ। ਉਨ੍ਹਾਂ ਕਿਹਾ ਕਿ ਇਨ੍ਹਾਂ ਪਿੰਡਾਂ ਵਿੱਚ 1970 ਵਿੱਚ ਸੇਮ ਆਈ ਸੀ ਤੇ ਹੁਣ ਪੰਜਾਬ ਸਰਕਾਰ ਵੱਲੋਂ ਇਸ ਪ੍ਰੋਜੈਕਟ ਅਧੀਨ ਲੋਹੜੀ ਤੋਂ ਪਹਿਲਾ ਇਨ੍ਹਾਂ ਸੇਮ ਗ੍ਰਸਤ ਪਿੰਡਾਂ ਦੇ ਕਿਸਾਨਾਂ ਨੂੰ ਜੋ ਖੁਸ਼ੀ ਦਿੱਤੀ ਹੈ ਉਸ ਨਾਲ ਇਨ੍ਹਾਂ ਕਿਸਾਨਾਂ ਦੇ ਚਿਹਰੇ ਤੇ ਖੁਸ਼ੀ ਆਵੇਗੀ। ਉਨ੍ਹਾਂ ਇਸ ਉਪਰਾਲੇ ਲਈ ਪੰਜਾਬ ਸਰਾਕਰ ਦਾ ਧੰਨਵਾਦ ਕੀਤਾ ਤੇ ਕਿਸਾਨਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਹੁਣ ਉਹ ਸਮਾਂ ਨੇੜੇ ਹੈ ਜਦੋਂ ਉਹ ਸੇਮ ਗ੍ਰਸਤ ਜ਼ਮੀਨਾਂ ਵਿੱਚ ਫਸਲਾਂ ਬੀਜ ਸਕਣਗੇ।ਹਲਕਾ ਜਲਾਲਾਬਾਦ ਦੇ ਸੇਮ ਗ੍ਰਸਤ ਪ੍ਰੋਜੈਕਟਾਂ ਦੀ ਸ਼ੁਰੂਆਤ ਕਰਨ ਸਬੰਧੀ ਡਿਪਟੀ ਕਮਿਸ਼ਨਰ ਫ਼ਾਜ਼ਿਲਕਾ ਅਮਰਪ੍ਰੀਤ ਕੌਰ ਸਿੱਧੂ ਦਾ ਇਨ੍ਹਾਂ ਪ੍ਰੋਜੈਕਟਾਂ ਵਿੱਚ ਵਿਸ਼ੇਸ਼ ਧਿਆਨ ਦੇਣ ਸਬੰਧੀ ਵਿਧਾਇਕ ਸ੍ਰੀ ਜਗਦੀਪ ਕੰਬੋਜ ਗੋਲਡੀ ਵੱਲੋਂ ਧੰਨਵਾਦ ਕੀਤਾ ਗਿਆ।

## ਸੰਯੁਕਤ ਕਿਸਾਨ ਮੋਰਚਾ ਵੱਲੋਂ ਭਲਕ ਦੇ ਮੁਜ਼ਾਹਰੇ 'ਚ ਪੁੱਜਣ ਦਾ ਸੱਦਾ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ / ਪੂਜਾ)**- ਕੁੱਲ ਹਿੰਦ ਕਿਸਾਨ ਸਭਾ (ਅਜੇ ਭਵਨ ) ਦੇ ਸੂਬਾ ਆਗੂ ਗੁਰਪ੍ਰੀਤ ਕੱਟਿਆਂਵਾਲੀ, ਪੈਨਸ਼ਨਰ ਐਸੋਸੀਏਸ਼ਨ ਦੇ ਪ੍ਰਧਾਨ ਗੋਬਿੰਦ ਸਿੰਘ ਕੋਟਲੀ ਦਿਉਣ, ਕਿਰਤੀ ਕਿਸਾਨ ਯੂਨੀਅਨ ਦੇ ਜਿਲਾ ਮੀਤ ਪ੍ਰਧਾਨ ਜਥੇਦਾਰ ਬਲਵਿੰਦਰ ਸਿੰਘ ਕੋਟਲੀ ਸੰਘਰ, ਬੀ.ਕੇ.ਯੂ ਲੱਖੋਵਾਲ ਦੇ ਜਿਲਾ



ਪ੍ਰਧਾਨ ਜੋਗਿੰਦਰ ਸਿੰਘ ਮੱਲਣ, ਪੰਜਾਬ ਸਟੂਡੈਂਟ ਯੂਨੀਅਨ ਦੇ ਜਿਲਾ ਆਗੂ ਨੌਨਿਹਾਲ ਸਿੰਘ ਥਾਂਦੇਵਾਲਾ, ਦਿਹਾਤੀ ਮਜ਼ਦੂਰ ਸਭਾ ਦੇ ਪ੍ਰਧਾਨ ਹਰਜੀਤ ਸਿੰਘ ਮਦਰੱਸਾ ਦੇ ਸਾਂਝੇ ਪ੍ਰਧਾਨਗੀ ਮੰਡਲ ਹੇਠ ਸ਼ਹੀਦ ਭਾਈ ਮਹਾਂ ਸਿੰਘ ਦਿਵਾਨ ਹਾਲ ਵਿੱਚ ਹੋਈ ਮੀਟਿੰਗ 'ਚ ਬੀ.ਕੇ.ਯੂ ਉਗਰਾਹਾਂ ਦੇ ਜ਼ਿਲ੍ਹਾ ਪ੍ਰਧਾਨ ਹਰਬੰਸ ਸਿੰਘ ਕੋਟਲੀ ਅਬਲੂ, ਬੀ.ਕੇ.ਯੂ ਰਾਜੇਵਾਲ ਦੇ ਜਿਲਾ ਜਥੇਦਾਰ ਗੁਰਮੀਤ ਸਿੰਘ ਲੰਬੀ ਢਾਬ, ਕੌਮੀ ਕਿਸਾਨ ਯੂਨੀਅਨ ਦੇ ਜ਼ਿਲਾ ਪ੍ਰਧਾਨ ਚੌਧਰੀ ਪਾਲ ਸਿੰਘ ਭਲੇਰੀਆਂ, ਟੈਕਨੀਕਲ ਸਰਵਿਸ ਯੂਨੀਅਨ ਦੇ ਡਿਵੀਜ਼ਨਲ ਸਕੱਤਰ ਗਗਨਦੀਪ ਸਿੰਘ, ਪੰਜਾਬ ਖੇਤ ਮਜ਼ਦੂਰ ਯੂਨੀਅਨ ਦੇ ਆਗੂ ਤਰਸੇਮ ਸਿੰਘ ਖੁੰਡੇ ਹਲਾਲ, ਦਿਹਾਤੀ ਮਜਦੂਰ ਸਭਾ ਦੇ ਜਿਲਾ ਪ੍ਰਧਾਨ ਜਗਜੀਤ ਸਿੰਘ ਜੱਸੇਆਣਾ, ਸੀਟੂ ਦੇ ਸੂਬਾਈ ਆਗੂ ਕਾਮਰੇਡ ਤਰਸੇਮ ਲਾਲ ਭੁੱਲਰ, ਕੁੱਲ ਹਿੰਦ ਖੇਤ ਮਜ਼ਦੂਰ ਯੂਨੀਅਨ ਦੇ ਆਗੂ ਕਾਮਰੇਡ ਰਾਜ ਕੁਮਾਰ ਮੁਕਤਸਰ ਨੇ ਬੋਲਦਿਆਂ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਬਿਜਲੀ ਨੂੰ ਜਨਤਕ ਸੇਵਾ ਦੀ ਥਾਂ ਮੰਡੀ ਦੀ ਵਸਤੂ ਬਣਾਉਣ ਦੇ ਇਰਾਦੇ ਨਾਲ ਲਿਆਂਦੇ ਜਾ ਰਹੇ ਬਿਜਲੀ ਬਿੱਲ 2025 ਅਤੇ ਬੀਜ ਬਿੱਲ 2025 ਨੂੰ ਵਾਪਸ ਲੈਣ, ਨਿਜੀਕਰਨ ਅਤੇ ਸਰਕਾਰੀ ਅਦਾਰਿਆਂ ਦੀਆਂ ਜਮੀਨਾਂ ਵੇਚਣ ਵਿਰੁੱਧ ਅਤੇ ਚਾਰ ਲੇਬਰ ਕੋਡ ਰੱਦ ਕਰਵਾਉਣ ਲਈ ਅਤੇ ਮਨਰੇਗਾ ਬਹਾਲ ਕਰਵਾਉਣ ਲਈ ਕਿਸਾਨ, ਮਜ਼ਦੂਰ, ਮੁਲਾਜ਼ਮ, ਠੇਕਾ ਕਰਮਚਾਰੀ ਅਤੇ ਹੋਰ ਭਰਾਤਰੀ ਜਥੇਬੰਦੀਆਂ ਵੱਲੋਂ ਡੀ ਸੀ ਦਫਤਰਾਂ ਮੂਹਰੇ 16 ਜਨਵਰੀ ਨੂੰ ਰੋਸ ਮੁਜਾਹਰੇ ਕੀਤੇ ਜਾਣਗੇ। ਇਸ ਮੌਕੇ ਕਿਰਤੀ ਕਿਸਾਨ ਯੂਨੀਅਨ ਦੇ ਜ਼ਿਲਾ ਮੀਤ ਪ੍ਰਧਾਨ ਬਲਵਿੰਦਰ ਸਿੰਘ ਥਾਂਦੇਵਾਲਾ ਨੇ ਕਿਹਾ ਕਿ 16 ਜਨਵਰੀ ਨੂੰ 12 ਵਜੇ ਤੋਂ ਲੈ ਕੇ 2 ਵਜੇ ਤੱਕ ਡੀ.ਸੀ ਦਫਤਰ ਸ੍ਰੀ ਮੁਕਤਸਰ ਸਾਹਿਬ ਅੱਗੇ ਵੱਡਾ ਇਕੱਠ ਕਰਕੇ ਰੋਸ ਧਰਨਾ ਦਿੱਤਾ ਜਾਵੇਗਾ।

## ਭਾਰਤੀ ਕਿਸਾਨ ਯੂਨੀਅਨ ਏਕਤਾ ਆਜ਼ਾਦ ਨੇ ਕਾਲੇ ਕਾਨੂੰਨਾਂ ਦੀਆਂ ਕਾਪੀਆਂ ਸਾੜੀਆਂ

**ਮੂਣਕ (ਰਾਜਪਾਲ ਸਿੰਗਲਾ)**- ਕਿਸਾਨ ਮਜ਼ਦੂਰ ਮੋਰਚੇ ਦੇ ਸੱਦੇ 'ਤੇ ਭਾਰਤੀ ਕਿਸਾਨ ਯੂਨੀਅਨ ਏਕਤਾ ਆਜਾਦ ਵੱਲੋਂ ਲੈਹਰਾ ਬਲਾਕ ਦੇ ਪਿੰਡ ਪਾਪੜਾ, ਚੋਟੀਆਂ, ਪਸੌਰ, ਗੋਬਿੰਦਗੜ੍ਹ ਖੋਖਰ, ਗਦੜਿਆਣੀ ਆਦਿ ਪਿੰਡਾਂ ਵਿੱਚ ਲੋਹੜੀ ਦੇ ਤਿਹਾਰ



ਮੌਕੇ ਕੇਂਦਰ ਸਰਕਾਰ ਦੇ ਵੱਲੋਂ ਲਿਆਂਦੇ ਜਾ ਰਹੇ ਲੋਕ ਵਿਰੋਧੀ ਕਾਲੇ ਕਾਨੂੰਨਾਂ ਦੀਆਂ ਕਾਪੀਆਂ ਸਾੜੀਆਂ ਗਈਆਂ । ਜ਼ਿਲਾ ਆਗੂ ਸੰਤ ਰਾਮ ਛਾਜਲੀ, ਜਸਵੀਰ ਮੈਦੇਵਾਸ,ਹੈਪੀ ਨਮੋਲ ਨੇ ਕਿਹਾ ਕਿ ਕੇਂਦਰ ਦੀ ਸਰਕਾਰ ਲਗਾਤਾਰ ਕਿਸਾਨ ਵਿਰੋਧੀ, ਮਜ਼ਦੂਰ ਵਿਰੋਧੀ ਤੇ ਲੋਕ ਵਿਰੋਧੀ ਕਾਨੂੰਨ ਲਿਆ ਕੇ ਲੋਕਾਂ ਨਾਲ ਧੱਕੇਸ਼ਾਹੀ ਕਰਨ ਦੇ ਰਾਹ ਪੈ ਗਈ ਹੈ। ਕਿਸਾਨੀ ਨੂੰ ਖਤਮ ਕਰਨ ਲਈ ਜੋ ਬੀਜ ਬਿਲ 2025 ਕੇਂਦਰ ਦੀ ਸਰਕਾਰ ਲੈ ਕੇ ਆ ਰਹੀ ਹੈ ਉਹ ਪੰਜਾਬ ਤੇ ਭਾਰਤ ਦੀ ਕਿਸਾਨੀ ਲਈ ਬਹੁਤ ਹੀ ਖਤਰਨਾਕ ਹੈ। ਇਹ ਉਹਨਾਂ ਤਿੰਨ ਕਾਲੇ ਖੇਤੀ ਕਾਨੂੰਨਾਂ ਦੀ ਤਰ੍ਹਾਂ ਬਿਲ ਹੈ ਜਿਹਦੇ ਨਾਲ ਕਿਸਾਨੀ ਦਾ ਖੇਤਰ ਪੂਰੀ ਤਰ੍ਹਾਂ ਕਾਰਪੋਰੇਟ ਦੇ ਹਵਾਲੇ ਚਲਾ ਜਾਵੇਗਾ। ਕਿਉਂਕਿ ਕਿਸਾਨ ਦੇ ਘਰ ਦੇ ਵਿੱਚ ਬੀਜ ਤਾਂ ਹੋਵੇਗਾ ਪਰ ਉਸ ਕੋਲ ਉਸ ਬੀਜ ਨੂੰ ਬੀਜਣ ਦੀ ਇਜਾਜ਼ਤ ਨਹੀਂ ਹੋਵੇਗੀ ਤੇ ਉਸ ਨੂੰ ਬੀਜ ਉਹ ਕਾਰਪੋਰੇਟ ਕੰਪਨੀਆਂ ਤੋਂ ਮਹਿੰਗੇ ਭਾਅ ਲੈ ਕੇ ਹੀ ਬੀਜਣੇ ਪੈਣਗੇ। ਇਸੇ ਤਰ੍ਹਾਂ ਪ੍ਰਸਤਾਵਿਤ ਬਿਜਲੀ ਬਿਲ 2025 ਨਾਲ ਕਿਸਾਨਾਂ ਤੇ ਗਰੀਬ ਲੋਕਾਂ ਕੋਲੋਂ ਬਿਜਲੀ ਪੂਰੀ ਤਰ੍ਹਾਂ ਪਹੁੰਚ ਤੋਂ ਬਾਹਰ ਹੋ ਜਾਵੇਗੀ ਕਿਉਂਕਿ ਬਿਜਲੀ ਦਾ ਖੇਤਰ ਪੂਰੀ ਤਰ੍ਹਾਂ ਕਾਰਪੋਰੇਟ ਅਧੀਨ ਚਲਿਆ ਜਾਵੇਗਾ ਫਿਰ ਕਾਰਪੋਰੇਟ ਘਰਾਣੇ ਮਹਿੰਗੇ ਭਾਅ ਦੇ ਉੱਪਰ ਬਿਜਲੀ ਦੇਣਗੇ। ਇਸੇ ਤਰ੍ਹਾਂ ਗਰੀਬ ਲੋਕਾਂ ਦਾ ਇੱਕੋ ਇੱਕ ਰੁਜ਼ਗਾਰ ਮਨਰੇਗਾ ਨੂੰ ਵੀ ਕੇਂਦਰ ਦੀ ਸਰਕਾਰ ਪੂਰੀ ਤਰਾਂ ਬੰਦ ਕਰਨ ਦੇ ਰਾਹ ਪੈ ਗਈ ਹੈ। ਇਸ ਮੌਕੇ ਆਗੂਆਂ ਨੇ ਕਿਹਾ ਕਿ ਪੰਜਾਬ ਸਰਕਾਰ ਨਾਲ ਸਬੰਧਤ ਕਿਸਾਨਾਂ ਦੀਆਂ ਮੰਗਾਂ ਦਾ ਪੰਜਾਬ ਸਰਕਾਰ ਫੌਰੀ ਹੱਲ ਕਰੇ ਨਹੀਂ ਤਾਂ ਆਉਣ ਵਾਲੇ ਦਿਨਾਂ ਵਿੱਚ ਕਿਸਾਨ ਮਜ਼ਦੂਰ ਮੋਰਚੇ ਵੱਲੋਂ ਸੰਘਰਸ਼ ਵਿੱਢਿਆ ਜਾਵੇਗਾ।

## ਸਲੋਗਨ ਰਾਈਟਿੰਗ ਤੇ ਪੋਸਟਰ ਮੇਕਿੰਗ ਮੁਕਾਬਲੇ ਕਰਵਾਏ




**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**- ਸਰਕਾਰੀ ਕਿਰਤੀ ਕਾਲਜ ਨਿਆਲ ਪਾਤੜਾਂ ਵਿਖੇ ਪੰਜਾਬ ਸਰਕਾਰ ਦੇ ਯੁਵਕ ਸੇਵਾਵਾਂ ਵਿਭਾਗ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਪ੍ਰਿੰਸੀਪਲ ਪ੍ਰੋਫ਼ੈਸਰ ਰਚਨਾ ਭਾਰਦਵਾਜ ਦੀ ਰਹਿਨੁਮਾਈ ਹੇਠ ਐੱਨ ਐੱਸ ਐੱਸ ਵਿਭਾਗ ਅਤੇ ਰੈੱਡ ਰਿਬੱਨ ਕਲੱਬ ਵੱਲੋਂ ਰਾਸ਼ਟਰੀ ਯੁਵਾ ਦਿਵਸ ਨੂੰ ਮੁੱਖ ਰੱਖਦੇ ਹੋਏ ਸਲੋਗਨ ਰਾਈਟਿੰਗ ਤੇ ਪੋਸਟਰ ਮੇਕਿੰਗ ਮੁਕਾਬਲੇ ਕਰਵਾਏ ਗਏ ।ਇਸ ਦੌਰਾਨ ਐੱਨ ਐੱਸ ਐੱਸ ਦੇ ਪ੍ਰੋਗਰਾਮ ਅਫ਼ਸਰ ਅਤੇ ਰੈੱਡ ਰਿੱਬਨ ਕਲੱਬ ਦੇ ਇੰਚਾਰਜ ਪ੍ਰੋ ਹਰਮੀਤ ਸਿੰਘ ਨੇ ਵਿਦਿਆਰਥੀਆ ਨੂੰ ਸੰਬੋਧਨ ਕਰਦੇ ਹੋਏ ਰਾਸ਼ਟਰੀ ਯੁਵਾ ਦਿਵਸ ਬਾਰੇ ਵਿਸਥਾਰ ਸਹਿਤ ਜਾਣਕਾਰੀ ਦਿੱਤੀ । ਮੁਕਾਬਲਿਆਂ ਦੀ ਜੱਜਮੈਂਟ ਪ੍ਰੋਗਰਾਮ ਅਫਸਰ ਜਗਦੀਸ਼ ਸਿੰਘ, ਪ੍ਰੋਗਰਾਮ ਅਫਸਰ ਰੇਣੂ ਰਾਣੀ,ਪ੍ਰੋਗਰਾਮ ਅਫਸਰ ਹਰਮੀਤ ਸਿੰਘ ਵੱਲੋਂ ਕੀਤੀ ਗਈ। ਪੋਸਟਰ ਮੇਕਿੰਗ ਮੁਕਾਬਲੇ ਵਿੱਚ ਕੋਮਲ ਬੀ ਏ ਭਾਗ ਤੀਸਰਾ ਨੇ ਪਹਿਲਾ ਸਥਾਨ ਅਤੇ ਸਲੋਗਨ ਲਿਖਣ ਮੁਕਾਬਲੇ ਵਿਚ ਕਰਮਜੀਤ ਕੌਰ ਬੀ ਏ ਭਾਗ ਤੀਸਰਾ ਨੇ ਪਹਿਲਾ ਸਥਾਨ ਹਾਸਿਲ ਕੀਤਾ ।ਜੇਤੂ ਵਿਦਿਆਰਥੀਆਂ ਨੂੰ ਕਾਲਜ ਪ੍ਰਿੰਸੀਪਲ ਅਤੇ ਸਟਾਫ ਵੱਲੋਂ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ ਗਿਆ ਇਸ ਮੌਕੇ ਪ੍ਰੋ ਭੁਪਿੰਦਰ ਕੋਰ, ਪ੍ਰੋ ਕੁਲਵਿੰਦਰ ਕੋਰ, ਪ੍ਰੋ ਰਮਨਜੀਤ ਕੋਰ ਤੋਂ ਇਲਾਵਾ ਐੱਨ ਐੱਸ ਐੱਸ ਅਤੇ ਰੈੱਡ ਰਿਬੱਨ ਕਲੱਬ ਦੇ ਵੰਲਟੀਅਰ ਮੌਜੂਦ ਸਨ।

15-Jan-PAGE-11-Jan-26.qxd 1/14/2026 10:19 PM Page 1



## ਸਾਥੀ ਨੂੰ ਛੁਡਾਉਣ ਦੀ ਕੋਸ਼ਿਸ਼ 'ਚ ਸ਼ੂਟਰ ਸੁਖਰਾਜ ਸਿੰਘ ਉਰਫ਼ ਗੂੰਗਾ ਪੁਲਸ ਦੀ ਗੋਲੀ ਨਾਲ ਜ਼ਖ਼ਮੀ



ਭੇਰੋਵਾਲ, (ਮਨੋਜ ਕੁਮਾਰ)-ਮੈਰਿਜ ਪੈਲੇਸ ਵਿਚ ਸਾਬਕਾ ਸਰਪੰਚ ਨੂੰ ਗੋਲੀਆਂ ਮਾਰ ਕੇ ਕਤਲ ਕਰਨ ਵਾਲੇ ਇਕ ਮੁਲਜ਼ਮ ਨੂੰ ਛੁਡਾਉਣ ਲਈ ਮੋਟਰਸਾਈਕਲ ਸਵਾਰ ਦੋ ਅਣਪਛਾਤੇ ਵਿਅਕਤੀਆਂ ਨੇ ਪੁਲਸ ਪਾਰਟੀ 'ਤੇ ਗੋਲੀਆਂ ਚਲਾਉਣੀਆਂ ਸ਼ੁਰੂ ਕਰ ਦਿੱਤੀਆਂ। ਇਸ ਗੋਲੀਬਾਰੀ ਦੌਰਾਨ ਪੁਲਸ ਮੁਲਾਜ਼ਮ ਦਾ ਹਥਿਆਰ ਖੋਹ ਕੇ ਭੱਜਣ ਦੀ ਕੋਸ਼ਿਸ਼ ਵਿਚ ਸ਼ੂਟਰ ਸੁਖਰਾਜ ਸਿੰਘ ਉਰਫ਼ ਗੂੰਗਾ ਗੋਲੀਆਂ ਲੱਗਣ ਨਾਲ ਜ਼ਖ਼ਮੀ ਹੋ ਗਿਆ। ਇਸ ਮੁਕਾਬਲੇ ਵਿਚ ਇਕ ਪੁਲਸ ਮੁਲਾਜ਼ਮ ਵੀ ਗੋਲੀ ਲੱਗਣ ਨਾਲ ਜ਼ਖ਼ਮੀ ਹੋ ਗਿਆ। ਪੁਲਸ ਕਮਿਸ਼ਨਰ ਅੰਮ੍ਰਿਤਸਰ ਗੁਰਪ੍ਰੀਤ ਸਿੰਘ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਬੀਤੀ 4 ਜਨਵਰੀ ਨੂੰ ਮਜੀਠਾ-ਵੇਰਕਾ ਬਾਈਪਾਸ 'ਤੇ ਇਕ ਮੈਰਿਜ ਪੈਲੇਸ ਵਿਚ ਵਿਆਹ ਸਮਾਗਮ ਦੌਰਾਨ ਸਾਬਕਾ ਸਰਪੰਚ ਜਰਮਲ ਸਿੰਘ ਨੂੰ ਗੋਲੀਆਂ ਮਾਰ ਕੇ ਕਤਲ ਕਰ ਦਿੱਤਾ ਗਿਆ ਸੀ। ਇਸ ਸਬੰਧੀ ਥਾਣਾ ਸ਼ਹਿਰ ਅੰਮ੍ਰਿਤਸਰ ਵਿਚ ਦਰਜ ਕੀਤੇ ਗਏ ਮਾਮਲੇ ਵਿਚ ਦੋਵੇਂ ਸ਼ੂਟਰਾਂ ਸੁਖਰਾਜ ਸਿੰਘ ਉਰਫ਼ ਗੂੰਗਾ ਤੇ ਕਰਮਜੀਤ ਸਿੰਘ ਵਾਸੀ ਪਿੰਡ ਪਾਸਾਂਵਾਲ, ਗੁਰਦਾਸਪੁਰ ਨੂੰ ਛੱਤੀਸਗੜ੍ਹ ਤੋਂ ਗ੍ਰਿਫ਼ਤਾਰ ਕੀਤਾ ਗਿਆ ਸੀ। ਜਾਂਚ ਦੌਰਾਨ ਮੁਲਜ਼ਮ ਸੁਖਰਾਜ ਸਿੰਘ ਉਰਫ਼ ਗੂੰਗਾ ਨੂੰ ਪੁਲਸ ਪਾਰਟੀ ਵੱਲੋਂ ਰਿਕਵਰੀ ਲਈ ਵੱਲਾ ਲਿਜਾਇਆ ਗਿਆ, ਜਿਸ ਦੌਰਾਨ ਇਕ ਪਿਸਤੌਲ (.30 ਬੋਰ) ਦੀ ਬਰਾਮਦ ਕੀਤੀ ਗਈ। ਜਦੋਂ ਪੁਲਸ ਪਾਰਟੀ, ਮੁਲਜ਼ਮ ਨਾਲ ਵਾਪਸ ਆ ਰਹੀ ਸੀ ਤਾਂ ਮੋਟਰਸਾਈਕਲ ਸਵਾਰ ਦੋ ਅਣਪਛਾਤੇ ਨੌਜਵਾਨਾਂ ਨੇ ਅਚਾਨਕ ਸੁਖਰਾਜ ਸਿੰਘ ਉਰਫ਼ ਗੂੰਗਾ ਨੂੰ ਪੁਲਸ ਹਿਰਾਸਤ ਤੋਂ ਛੁਡਾਉਣ ਦੇ ਇਰਾਦੇ ਨਾਲ ਪੁਲਸ ਮੁਲਾਜ਼ਮਾਂ 'ਤੇ ਗੋਲੀਆਂ ਚਲਾ ਦਿੱਤੀਆਂ। ਹਮਲਾਵਰਾਂ ਵੱਲੋਂ ਕੀਤੀ ਗਈ ਗੋਲੀਬਾਰੀ ਕਾਰਨ ਪੁਲਸ ਦੀ ਗੱਡੀ ਦਾ ਟਾਇਰ ਫਟ ਗਿਆ, ਜਿਸ ਕਾਰਨ ਗੱਡੀ ਰੁਕ ਗਈ। ਮੁਕਾਬਲਾ ਕਰਨ ਲਈ ਐੱਸਐੱਚਓ ਸਦਰ ਨਵਤੇਜ ਸਿੰਘ ਨੇ ਗੋਲੀਆਂ ਚਲਾਈਆਂ। ਹਮਲਾਵਰਾਂ ਨੇ ਪੁਲਸ ਪਾਰਟੀ 'ਤੇ ਗੋਲੀਬਾਰੀ ਜਾਰੀ ਰੱਖੀ, ਜਿਸ ਦੌਰਾਨ ਇਕ ਗੋਲੀ ਸਿਪਾਹੀ ਵਰੁਣ ਕੁਮਾਰ ਦੀ ਲੱਤ 'ਤੇ ਲੱਗੀ। ਇਸ ਮੌਕੇ ਮੁਲਜ਼ਮ ਭੱਜਣ ਦੀ ਕੋਸ਼ਿਸ਼ 'ਚ ਗੋਲੀ ਲੱਗਣ ਨਾਲ ਜ਼ਖ਼ਮੀ ਹੋ ਗਿਆ। ਜ਼ਖ਼ਮੀ ਮੁਲਜ਼ਮ ਨੂੰ ਤੁਰੰਤ ਡਾਕਟਰੀ ਇਲਾਜ ਲਈ ਹਸਪਤਾਲ ਲਿਜਾਇਆ ਗਿਆ। ਮੁਲਜ਼ਮ ਸੁਖਰਾਜ ਸਿੰਘ ਉਰਫ਼ ਗੂੰਗਾ ਦਾ ਪਹਿਲਾਂ ਵੀ ਅਪਰਾਧਿਕ ਰਿਕਾਰਡ ਹੈ ਤੇ ਉਹ ਰਾਜਵਿੰਦਰ ਸਿੰਘ ਉਰਫ਼ ਰਾਜ (ਸਰਪੰਚ) ਕਤਲ ਕੇਸ ਵਿਚ ਸਬੰਧੀ ਮਾਮਲੇ ਵਿਚ ਥਾਣਾ ਸਿਟੀ ਪੱਟੀ, ਤਰਨਤਾਰਨ ਵਿੱਚ ਵੀ ਲੋੜੀਂਦਾ ਸੀ।

## ਪੇਂਡੂ ਬੇਰੁਜ਼ਗਾਰ ਨੌਜਵਾਨਾਂ ਲਈ ਡੇਅਰੀ ਫਾਰਮਿੰਗ ਦਾ ਸਿਖਲਾਈ ਕੋਰਸ 19 ਤੋਂ



**ਧਾਰੀਵਾਲ/ਗੁਰਦਾਸਪੁਰ (ਮਨਦੀਪ ਸਿੰਘ ਵਿੱਕੀ/ਜਨਕ ਮਹਾਜਨ)**-ਵਰਿਆਮ ਸਿੰਘ, ਡਿਪਟੀ ਡਾਇਰੈਕਟਰ ਡੇਅਰੀ ਵਿਕਾਸ ਗੁਰਦਾਸਪੁਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਡੇਅਰੀ ਫਾਰਮਰਾਂ ਲਈ 2 ਹਫਤੇ ਦਾ ਡੇਅਰੀ ਸਿਖਲਾਈ ਕੋਰਸ 19 ਜਨਵਰੀ ਤੋਂ 30 ਜਨਵਰੀ (2 ਹਫਤੇ) ਡੇਅਰੀ ਸਿਖਲਾਈ ਕੇਂਦਰ ਵੇਰਕਾ, ਜ਼ਿਲ੍ਹਾ ਅੰਮ੍ਰਿਤਸਰ ਵਿਖੇ ਚਲਾਇਆ ਜਾਵੇਗਾ। ਉਨ੍ਹਾਂ ਅੱਗੇ ਦੱਸਿਆ ਕਿ ਜ਼ਿਲ੍ਹਾ ਗੁਰਦਾਸਪੁਰ ਨਾਲ ਸਬੰਧਿਤ ਪੇਂਡੂ ਬੇਰੁਜ਼ਗਾਰ ਨੌਜਵਾਨ ਲੜਕੇ ਲੜਕੀਆਂ, ਜੋ ਡੇਅਰੀ ਦਾ ਕਿੱਤਾ ਸ਼ੁਰੂ ਕਰਨਾ ਚਾਹੁੰਦੇ ਹਨ, ਡੇਅਰੀ ਸਿਖਲਾਈ ਕੋਰਸ ਵਾਸਤੇ ਦਫ਼ਤਰ ਡਿਪਟੀ ਡਾਇਰੈਕਟਰ ਡੇਅਰੀ ਗੁਰਦਾਸਪੁਰ, ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ, ਬਲਾਕ-ਬੀ, ਚੌਥੀ ਮੰਜ਼ਿਲ, ਕਮਰਾ ਨੰ. 508 ਵਿਖੇ 19 ਜਨਵਰੀ ਤੱਕ ਅਰਜ਼ੀਆਂ ਦੇ ਸਕਦੇ ਹਨ। ਉਨ੍ਹਾਂ ਨੇ ਦੱਸਿਆ ਕਿ ਖੇਤੀ ਵਿੱਚ ਵਿਭਿੰਨਤਾ ਲਿਆਉਣ ਅਤੇ ਕਿਸਾਨਾਂ ਦੀ ਆਮਦਨ ਵਿੱਚ ਵਾਧਾ ਕਰਨ ਲਈ ਡੇਅਰੀ ਦੇ ਕਿੱਤੇ ਨੂੰ ਸਹਾਇਕ ਧੰਦੇ ਵਜੋਂ ਅਪਨਾਉਣ ਲਈ 2 ਹਫਤੇ ਦੀ ਡੇਅਰੀ ਸਿਖਲਾਈ 19 ਜਨਵਰੀ ਤੋਂ ਡੇਅਰੀ ਸਿਖਲਾਈ ਤੇ ਵਿਸਥਾਰ ਕੇਂਦਰ ਵੇਰਕਾ ਜ਼ਿਲ੍ਹਾ ਅੰਮ੍ਰਿਤਸਰ ਵਿਖੇ ਕਰਵਾਈ ਜਾਣੀ ਹੈ। ਇਸ ਸਿਖਲਾਈ ਕੋਰਸ ਵਿੱਚ ਜ਼ਿਲ੍ਹਾ ਗੁਰਦਾਸਪੁਰ ਨਾਲ ਸਬੰਧਤ ਬੇਰੁਜ਼ਗਾਰ ਨੌਜਵਾਨ ਲੜਕੇ /ਲੜਕੀਆਂ ਜੋ ਘੱਟੋ-ਘੱਟ 5ਵੀਂ ਪਾਸ ਹੋਣ, ਉਮਰ 18 ਤੋਂ 55 ਸਾਲ ਦਰਮਿਆਨ ਹੋਵੇ, ਪੇਂਡੂ ਖੇਤਰ ਨਾਲ ਸਬੰਧਤ ਹੋਣ, ਇਸ ਸਿਖਲਾਈ ਵਿੱਚ ਭਾਗ ਲੈ ਸਕਦੇ ਹਨ। ਸਿਖਲਾਈ ਉਪਰੰਤ ਵਿਭਾਗ ਵੱਲੋਂ ਸਬੰਧਤਾਂ ਨੂੰ ਵੱਖ-ਵੱਖ ਬੈਂਕਾਂ ਤੋਂ ਡੇਅਰੀ ਕਰਜ਼ੇ ਦੀ ਸੁਵਿਧਾ ਰਾਹੀਂ 2 ਤੋਂ 20 ਦੁਧਾਰੂ ਪਸ਼ੂਆਂ ਦੇ ਡੇਅਰੀ ਯੂਨਿਟ ਸਥਾਪਤ ਕਰਵਾ ਕੇ 25 ਪ੍ਰਤੀਸ਼ਤ ਜਨਰਲ ਅਤੇ 33 ਪ੍ਰਤੀਸ਼ਤ ਅ:ਜਾਤੀ ਲਈ ਸਬਸਿਡੀ ਮੁਹੱਈਆ ਕਰਵਾਈ ਜਾਵੇਗੀ। ਚਾਹਵਾਨ ਲੜਕੇ/ ਲੜਕੀਆਂ ਇਸ ਸਬੰਧੀ ਦਫਤਰ ਡਿਪਟੀ ਡਾਇਰੈਕਟਰ ਡੇਅਰੀ ਗੁਰਦਾਸਪੁਰ ਨਾਲ ਆਪਣੇ ਅਸਲ ਯੋਗਤਾ ਸਰਟੀਫਿਕੇਟ ਅਤੇ ਪਾਸਪੋਰਟ ਸਾਈਜ਼ ਫੋਟੋ ਅਤੇ ਆਧਾਰ ਕਾਰਡ ਲੈ ਕੇ ਫਾਰਮ ਭਰਵਾ ਸਕਦੇ ਹਨ।

## ਯਾਦਵਿੰਦਰ ਸਿੰਘ ਸਵੀਡਨ ਦਾ ਨਾਵਲ 'ਸਲੀਬ ਤੋਂ ਜ਼ਿੰਦਗੀ ਤੱਕ' ਲੋਕ ਅਰਪਿਤ



ਬਾਬਾ ਬਕਾਲਾ ਸਾਹਿਬ (ਜਸਪਾਲ ਸਿੰਘ)-ਪਿਛਲੇ 41 ਸਾਲਾਂ ਤੋਂ ਨਿਰੰਤਰ ਪੰਜਾਬੀ ਮਾਂ ਬੋਲੀ ਦੀ ਸੇਵਾ ਵਿੱਚ ਜੁਟੀ ਚਰਚਿਤ ਸਾਹਿਤਕ ਸੰਸਥਾ ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਵੱਲੋਂ ਕੇਂਦਰੀ ਪੰਜਾਬੀ ਲੇਖਕ ਸਭਾ (ਰਜਿ.) ਦੇ ਸਹਿਯੋਗ ਨਾਲ ਮਾਘੀ ਦਿਵਸ ਮੌਕੇ ਇਕ ਸਾਹਿਤਕ ਸਮਾਗਮ, ਨਜ਼ਦੀਕੀ ਪਿੰਡ ਦਨਿਆਲ ਵਿਖੇ ਕਰਵਾਇਆ ਗਿਆ। ਇਸ ਮੌਕੇ ਸਮਾਗਮ ਦੇ ਪ੍ਰਧਾਨਗੀ ਮੰਡਲ ਵਿੱਚ ਪ੍ਰਵਾਸੀ ਲੇਖਕ ਯਾਦਵਿੰਦਰ ਸਿੰਘ ਬਦੇਸ਼ਾ (ਸਵੀਡਨ), ਹਰਕੰਵਲਜੀਤ ਸਾਹਿਲ ਕੈਨੇਡਾ (ਸੰਪਾਦਕ 7-ਰੰਗ), ਕੇਂਦਰੀ ਪੰਜਾਬੀ ਲੇਖਕ ਸਭਾ ਦੇ ਮੀਤ ਪ੍ਰਧਾਨ ਸ਼ੇਲਿੰਦਰਜੀਤ ਸਿੰਘ ਰਾਜਨ, ਕਾਰਜਕਾਰੀ ਮੈਂਬਰ ਮਾ: ਮਨਜੀਤ ਸਿੰਘ ਵੱਸੀ, ਮਾਸਟਰ ਬਾਵਾ ਸਿੰਘ ਦਨਿਆਲ, ਗੁਰਮੁੱਖ ਸਿੰਘ ਦਨਿਆਲ, ਜਸਪਾਲ ਸਿੰਘ ਬਦੇਸ਼ਾ (ਦੋਵੇਂ ਸਾਬਕਾ ਸਰਪੰਚ), ਮਨੋਹਰ ਸਿੰਘ ਬਦੇਸ਼ਾ ਸਿੰਘ ਕਲੇਰ ਸੁਸ਼ੋਭਿਤ ਹੋਏ। ਇਸ ਮੌਕੇ ਸਭ ਤੋਂ ਪਹਿਲਾਂ ਸਮੁੱਚੇ ਤੌਰ 'ਤੇ 'ਪਵਣੁ ਗੁਰੂ ਪਾਣੀ ਪਿਤਾ ਮਾਤਾ ਧਰਤਿ ਮਹਤੁ' ਦੇ ਮਹਾਂਵਾਕ ਅਨੁਸਾਰ ਇਸ ਵਰ੍ਹੇ ਆਪਣੇ ਚੁਫੇਰੇ ਨੂੰ ਸਾਫ ਸੁਥਰਾ, ਹਰਿਆ ਭਰਿਆ ਰੱਖਣ, ਰੁੱਖ ਲਾਉਣ, ਪਾਣੀ ਦੀ ਹੋ ਰਹੀ ਬਰਬਾਦੀ ਨੂੰ ਰੋਕਣ, ਜਲ ਸਰੋਤਾਂ ਦੀ ਸ਼ੁੱਧਤਾ ਨੂੰ ਕਾਇਮ ਰੱਖਣ ਦਾ ਪ੍ਰਣ ਕੀਤਾ ਗਿਆ। ਉਪਰੰਤ ਪ੍ਰਵਾਸੀ ਲੇਖਕ ਯਾਦਵਿੰਦਰ ਸਿੰਘ ਬਦੇਸ਼ਾ (ਸਵੀਡਨ) ਦਾ ਤੀਸਰਾ ਨਾਵਲ 'ਸਲੀਬ ਤੋਂ ਜ਼ਿੰਦਗੀ ਤੱਕ' ਨੂੰ ਸਮੁੱਚੇ ਪ੍ਰਧਾਨਗੀ ਮੰਡਲ ਵੱਲੋਂ ਲੋਕ ਅਰਪਿਤ ਕੀਤਾ ਗਿਆ। ਇਸ ਮੌਕੇ ਮਾ: ਧਰਮ ਸਿੰਘ ਧਿਆਨਪੁਰੀ ਨੇ ਨਾਵਲ ਸਲੀਬ ਤੋਂ ਜ਼ਿੰਦਗੀ ਤੱਕ ਉਪਰ ਭਾਵਪੂਰਤ ਸ਼ਬਦਾਂ ਵਿੱਚ ਪਰਚਾ ਪੜ੍ਹਿਆ, ਜਿਸ ਉਪਰ ਉਸਾਰੂ ਬਹਿਸ ਹੋਈ। ਉਪਰੰਤ ਬੀਬਾ ਮਨਦੀਪ ਕੌਰ ਸਵੀਡਨ, ਬੀਬੀ ਪਿਆਰ ਕੌਰ, ਪਟਵਾਰੀ ਪ੍ਰਿਤਪਾਲ ਸਿੰਘ, ਮਲਕੀਤ ਸਿੰਘ ਜੇ.ਈ., ਲਖਬੀਰ ਸਿੰਘ ਫੌਜੀ, ਹੀਰਾ ਸਿੰਘ, ਗੁਰਜੀਤ ਸਿੰਘ, ਜਗਤਾਰ ਸਿੰਘ ਨੇ ਕਿਹਾ ਕਿ ਯਾਦਵਿੰਦਰ ਸਿੰਘ ਬਦੇਸ਼ਾ ਨੇ ਰੋਜ਼ੀ ਰੋਟੀ ਲਈ, ਜਿੱਥੇ ਵਿਦੇਸ਼ ਰਹਿੰਦਿਆਂ ਜਿੱਥੇ ਪਰਿਵਾਰਕ ਜ਼ਿੰਮੇਵਾਰੀਆਂ ਬਾਖੂਬੀ ਨਿਭਾਈਆਂ, ਉੱਥੇ ਪੰਜਾਬ ਦੀ ਮਿੱਟੀ ਨਾਲ ਜੁੜਦਿਆਂ ਪੰਜਾਬੀ ਸਾਹਿਤ ਸਭਾ ਦੀ ਝੋਲੀ ਵੀ ਤਿੰਨ ਪੁਸਤਕਾਂ ਪਾ ਕੇ ਆਪਣਾ ਵੱਡਮੁੱਲਾ ਯੋਗਦਾਨ ਪਾਇਆ ਹੈ। ਇਸ ਮੌਕੇ ਹੋਏ ਕਵੀ ਦਰਬਾਰ ਵਿੱਚ ਮੱਖਣ ਸਿੰਘ ਭੈਣੀਵਾਲਾ, ਸਿਮਰਜੀਤ ਕੌਰ ਮਾਹਲਾ, ਮਾ: ਧਰਮ ਸਿੰਘ ਧਿਆਨਪੁਰੀ, ਮਾ: ਲਖਵਿੰਦਰ ਸਿੰਘ ਮਾਨ ਹਵੇਲੀਆਣਾ, ਅਜੀਤ ਸਿੰਘ ਸਠਿਆਲਵੀ, ਡਾ: ਕੁਲਵੰਤ ਸਿੰਘ ਬਾਠ, ਬਲਵਿੰਦਰ ਸਿੰਘ ਅਠੌਲਾ, ਹਰਕੰਵਲਜੀਤ ਸਾਹਿਲ, ਸੰਤੋਖ ਸਿੰਘ ਅਠੌਲਾ ਨੇ ਕਾਵਿ ਰਚਨਾਵਾਂ ਪੇਸ਼ ਕੀਤੀਆਂ। ਮੰਚ ਸੰਚਾਲਨ ਦੇ ਫਰਜ਼ ਸਭਾ ਦੇ ਮੁੱਖ ਸੰਚਾਲਕ ਸ਼ੇਲਿੰਦਰਜੀਤ ਸਿੰਘ ਰਾਜਨ ਨੇ ਬਾਖੂਬੀ ਨਿਭਾਏ। ਅਖੀਰ ਵਿੱਚ ਯਾਦਵਿੰਦਰ ਸਿੰਘ ਬਦੇਸ਼ਾ ਨੇ ਆਪਣੇ ਜ਼ਿੰਦਗੀ ਦੇ ਮਿੱਠੇ ਕੌੜੇ ਤਜਰਬੇ ਵੀ ਸਭ ਨਾਲ ਸਾਂਝੇ ਕੀਤੇ। ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਵੱਲੋਂ ਯਾਦਵਿੰਦਰ ਸਿੰਘ ਬਦੇਸ਼ਾ ਨੂੰ ਵਿਸ਼ੇਸ਼ ਤੌਰ 'ਤੇ ਸਨਮਨਾਨਿਤ ਕੀਤਾ ਗਿਆ।

## ਰਾਤ ਸਮੇਂ ਅੰਗੀਠੀਆਂ ਕਮਰੇ ਅੰਦਰ ਰੱਖਣ ਤੋਂ ਗੁਰੇਜ਼ ਕਰਨਾ ਚਾਹੀਦਾ : ਡਾ. ਗਿੱਲ



**ਚੋਹਲਾ ਸਾਹਿਬ (ਰਮਨ ਚੱਢਾ)**-ਕਮਿਊਨਿਟੀ ਹੈਲਥ ਸੈਂਟਰ ਸਰਹਾਲੀ ਕਲਾਂ ਵਿਖੇ ਡਾਕਟਰ ਜਤਿੰਦਰ ਸਿੰਘ ਗਿੱਲ ਸੀਨੀਅਰ ਮੈਡੀਕਲ ਅਫਸਰ ਇੰਚਾਰਜ ਸੀਐੱਚਸੀ ਸਰਹਾਲੀ ਦੀ ਯੋਗ ਅਗਵਾਈ ਹੇਠ ਮੀਟਿੰਗ ਕੀਤੀ ਗਈ ਹੈ। ਇਸ ਸਮੇਂ ਡਾਕਟਰ ਜਤਿੰਦਰ ਸਿੰਘ ਗਿੱਲ ਨੇ ਦੱਸਿਆ ਕਿ ਸਰਦੀ ਦੇ ਦਿਨ ਚੱਲ ਰਹੇ ਹਨ ਅਤੇ ਸੰਘਣੀ ਧੁੰਦ ਕਾਰਨ ਠੰਡ ਹੋਰ ਤੇਜ਼ ਹੁੰਦੀ ਜਾ ਰਹੀ ਹੈ।

ਉਨ੍ਹਾਂ ਦੱਸਿਆ ਕਿ ਕਈ ਲੋਕ ਕਮਰੇ ਅੰਦਰ ਨਿੱਘ ਲੈਣ ਲਈ ਅੰਗੀਠੀਆਂ ਜਾਂ ਬਾਲਟੇ ਵਿੱਚ ਕੋਲੇ ਜਾਂ ਲੱਕੜਾਂ ਦੀ ਅੱਗ ਪਾ ਕੇ ਰੱਖ ਲੈਂਦੇ ਹਨ ਜਿਸ ਕਾਰਨ ਕਮਰੇ ਅੰਦਰ ਆਕਸੀਜਨ ਦੀ ਕਮੀ ਹੋ ਜਾਂਦੀ ਹੈ, ਸਾਹ ਲੈਣ ਵਿੱਚ ਮੁਸ਼ਕਲ ਆਉਂਦੀ ਹੈ ਅਤੇ ਇਸ ਨਾਲ ਕਮਰੇ ਅੰਦਰ ਸੁੱਤੇ ਪਰਿਵਾਰਕ ਮੈਂਬਰਾਂ ਦੀ ਜਾਨ ਵੀ ਚਲੇ ਜਾਂਦੀ ਹੈ। ਇਸ ਲਈ ਇਹ ਰਾਤ ਸਮੇਂ ਅੰਗੀਠੀਆਂ ਕਮਰੇ ਅੰਦਰ ਰੱਖਣ ਤੋਂ ਗੁਰੇਜ਼ ਕਰਨਾ ਚਾਹੀਦਾ ਹੈ। ਉਨ੍ਹਾਂ ਦੱਸਿਆ ਕਿ ਧੁੰਦ ਕਾਰਨ ਸ਼ੜਕੀ ਹਾਦਸਿਆਂ ਤੋ ਬਚਣ ਲਈ ਜ਼ਰੂਰੀ ਕੰਮਾਂ ਵਾਸਤੇ ਹੀ ਘਰੋਂ ਬਾਹਰ ਜਾਣਾ ਚਾਹੀਦਾ ਹੈ ਅਤੇ ਆਪਣੇ ਵਹੀਕਲ ਦੀ ਸਪੀਡ ਲਿਮਿਟ ਵਿੱਚ ਰੱਖਣੀ ਚਾਹੀਦੀ ਹੈ ਤਾਂ ਜੋ ਤੁਰੰਤ ਬਚਾਅ ਕੀਤਾ ਜਾ ਸਕੇ। ਇਸ ਸਮੇਂ ਪ੍ਰਧਾਨ ਜਸਪਿੰਦਰ ਸਿੰਘ, ਬਲਰਾਜ ਸਿੰਘ ਬੀਈਈ, ਐੱਸਆਈ ਬਿਕਰਮਜੀਤ ਸਿੰਘ, ਐੱਸਆਈ ਅੰਗਰੇਜ਼ ਸਿੰਘ, ਐੱਸਆਈ ਦੀਨ ਦਿਆਲ, ਅਮਨਦੀਪ ਸਿੰਘ ਫਤਿਹਾਬਾਦ, ਅਮਨਪ੍ਰੀਤ ਸਿੰਘ ਭੈਲ, ਅਮਨਦੀਪ ਸਿੰਘ ਧੂੰਦਾ, ਗੁਰਪਵਿੱਤਰ ਸਿੰਘ ਸੋਹਲ ਆਦਿ ਹਾਜ਼ਰ ਸਨ।

## ਸਾਹਿਤਕ ਵਿਚਾਰ ਮੰਚ ਅਤੇ ਜਸਪਾਲ ਹੰਜਰਾਅ ਸਾਹਿਤਕ ਮੰਚ ਵੱਲੋਂ ਸਨਮਾਨ ਸਮਾਰੋਹ

### * ਰਾਜਪਾਲ ਸਿੰਘ ਬਾਠ ਦੀ ਕਿਤਾਬ 'ਹੋਂਦ ਦੇ ਅਰਥ' ਦਾ ਹੋਇਆ ਲੋਕ ਅਰਪਣ



ਫ਼ਤਿਹਗੜ੍ਹ ਚੂੜੀਆਂ, (ਜਸਦੇਵ ਸਿੰਘ ਮਾਨ)-ਫ਼ਤਿਹਗੜ੍ਹ ਚੂੜੀਆਂ ਦੇ ਤਾਜ਼ ਪੈਲੇਸ ਵਿੱਚ ਸਾਹਿਤਕ ਖ਼ੇਤਰ ਵਿੱਚ ਪਿਛਲੇ ਕਈ ਸਾਲਾਂ ਤੋਂ ਕੰਮ ਕਰ ਰਹੇ ਸਾਹਿਤਕ ਵਿਚਾਰ ਮੰਚ ਅਤੇ ਜਸਪਾਲ ਹੰਜਰਾਅ ਸਾਹਿਤਕ ਮੰਚ ਵੱਲੋਂ ਇੱਕ ਸ਼ਾਨਦਾਰ ਤੇ ਸਫਲ ਸਾਹਿਤਕ ਸਮਾਰੋਹ ਕੇਂਦਰੀ ਪੰਜਾਬੀ ਲੇਖਕ ਸਭਾ ਦੇ ਸਹਿਯੋਗ ਨਾਲ ਕਰਵਾਇਆ ਗਿਆ, ਜਿਸ ਵਿੱਚ ਪੰਜਾਬ ਭਰ ਤੋਂ ਸਾਹਿਤਕਾਰ ਅਤੇ ਵਿਦਵਾਨ ਸ਼ਖ਼ਸੀਅਤਾਂ ਨੇ ਸ਼ਿਰਕਤ ਕੀਤੀ। ਸਮਾਰੋਹ ਦੇ ਸ਼ੁਰੂ ਵਿੱਚ ਨਾਮਵਰ ਲੇਖਕ ਅਤੇ ਗੀਤਕਾਰ ਰਾਜਪਾਲ ਸਿੰਘ ਬਾਠ ਦੀ ਨਵਾਂ ਕਾਵਿ ਸੰਗ੍ਰਹਿ 'ਹੋਂਦ ਦੇ ਅਰਥ' ਦਾ ਲੋਕ ਅਰਪਣ ਕੀਤਾ ਗਿਆ। ਸੰਗ੍ਰਹਿ 'ਤੇ ਵਿਸਥਾਰਪੂਰਵਕ ਪਰਚਾ ਡਾ. ਸੁਖਵਿੰਦਰ ਸਿੰਘ ਪਠਾਨਕੋਟ ਨੇ ਪੜ੍ਹਿਆ ਅਤੇ ਚਰਚਾ ਵਿੱਚ ਕੇਂਦਰੀ ਪੰਜਾਬੀ ਲੇਖਕ ਸਭਾ ਦੇ ਦਫ਼ਤਰ ਸਕੱਤਰ ਦੀਪ ਦਵਿੰਦਰ ਸਿੰਘ ਅਤੇ ਡਾ. ਮੋਹਨ ਬੇਗੋਵਾਲ ਨੇ ਭਾਗ ਲਿਆ। ਪ੍ਰੋਗਰਾਮ ਦੇ ਦੂਜੇ ਪੜਾਅ ਦੌਰਾਨ ਮੰਚਾਂ ਵੱਲੋਂ ਰੋਜ਼ਾਨਾ ਪਹਿਰੇਦਾਰ/ਜੁਝਾਰ ਟਾਈਮਜ਼ ਦੇ ਸੰਪਾਦਕ ਸ੍. ਬਲਵਿੰਦਰ ਸਿੰਘ ਪੁੜੈਣ ਨੂੰ ਗੁਰਦਿਆਲ ਸਿੰਘ ਫੁੱਲ ਸਾਲਾਨਾ ਐਵਾਰਡ ਨਾਲ ਸਨਮਾਨਿਤ ਕੀਤਾ ਗਿਆ ਜਿਸ ਵਿੱਚ ਦੁਸ਼ਾਲਾ, ਸਨਮਾਨ ਪੱਤਰ ਅਤੇ ਨਕਦ ਰਾਸ਼ੀ ਭੇਟ ਕੀਤੇ ਗਏ। ਇਸੇ ਤਰ੍ਹਾਂ ਹਰ ਸਾਲ ਦਿੱਤੇ ਜਾਣ ਵਾਲਾ ਜਸਪਾਲ ਹੰਜਰਾਅ ਯਾਦਗਾਰੀ ਐਵਾਰਡ ਕਾਲਮ ਨਵੀਸ ਅਤੇ ਨਾਮਵਰ ਕਹਾਣੀਕਾਰ ਮੁਖ਼ਤਾਰ ਗਿੱਲ ਨੂੰ ਭੇਟ ਕੀਤਾ ਗਿਆ, ਜਿਸ ਵਿੱਚ ਦੁਸ਼ਾਲਾ, ਸਨਮਾਨ ਪੱਤਰ ਅਤੇ ਨਕਦ ਰਾਸ਼ੀ ਭੇਟ ਕੀਤੇ ਗਏ। ਦੋਵਾਂ ਮੰਚਾਂ ਵੱਲੋਂ ਸਾਂਝੇ ਤੌਰ 'ਤੇ ਕਰਵਾਏ ਗਏ ਇਸ ਸਮਾਗਮ ਵਿੱਚ ਦੋ ਅਹਿਮ ਸ਼ਖ਼ਸੀਅਤਾਂ ਡਾ. ਲੇਖ ਰਾਜ ਪ੍ਰਧਾਨ ਜ਼ਿਲਾ ਸਾਹਿਤ ਕੇਂਦਰ ਗੁਰਦਾਸਪੁਰ ਅਤੇ ਜਸਦੇਵ ਮਾਨ ਸ਼ਬਦ ਸਾਂਝ ਲਾਇਬ੍ਰੇਰੀ ਨੂੰ ਵਿਸ਼ੇਸ਼ ਸਨਮਾਨਾਂ ਨਾਲ ਨਿਵਾਜਿਆ ਗਿਆ। ਇਨ੍ਹਾਂ ਦੋਵਾਂ ਅਦੀਬਾਂ ਨੂੰ ਵੀ ਦੁਸ਼ਾਲੇ, ਸਮਨਾਮ ਪੱਤਰ ਅਤੇ ਨਕਦ ਰਾਸ਼ੀ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਡਾ. ਵਿਕਰਮਜੀਤ ਦੀ ਹਾਜ਼ਰੀ ਵਿੱਚ 'ਅੱਖਰ' ਦਾ ਨਵਾਂ ਅੰਕ ਜਾਰੀ ਕੀਤਾ ਗਿਆ। ਸਮਾਗਮ ਦੇ ਅਖੀਰ ਵਿੱਚ ਕਵੀਆਂ ਨੇ ਆਪੋ ਆਪਣੇ ਕਲਾਮ ਪੇਸ਼ ਕੀਤੇ ਜਿਨ੍ਹਾਂ ਵਿੱਚ ਦੀਪ ਜਗਦੀਪ, ਡਾ. ਮਨਦੀਪ ਕੌਰ ਢੀਂਡਸਾ, ਗੁਰਮੀਤ ਸਿੰਘ ਬਾਜਵਾ, ਜਗਤਾਰ ਗਿੱਲ, ਸਰਬਜੀਤ ਸਿੰਘ ਸੰਧੂ, ਹਰਜੀਤ ਸਿੰਘ ਸੰਧੂ, ਜਤਿੰਦਰ ਔਲਖ, ਧਰਵਿੰਦਰ ਔਲਖ, ਹਰਮੀਤ ਆਰਟਿਸਟ, ਡਾ. ਰਾਜਕੁਮਾਰ ਹੰਸ, ਰਛਪਾਲ ਰਸੀਲਾ, ਬਲਦੇਵ ਸਿੰਘ ਰੰਧਾਵਾ, ਰਾਜਪਾਲ ਸ਼ਰਮਾ, ਨਰਿੰਜਣ ਸਿੰਘ ਗਿੱਲ, ਸੁੱਚਾ ਸਿੰਘ ਰੰਧਾਵਾ, ਸੁਖਦੇਵ ਸਿੰਘ ਕਾਹਲੋਂ ਸ਼ਾਮਿਲ ਹੋਏ। ਮੰਚ ਦਾ ਸੰਚਾਲਨ ਹਰਪਾਲ ਸਿੰਘ ਨਾਗਰਾ ਕਾਰਜਕਾਰਨੀ ਮੈਂਬਰ ਕੇਂਦਰੀ ਪੰਜਾਬੀ ਲੇਖਕ ਸਭਾ, ਪ੍ਰੀਤਮ ਸਰਪੰਚ ਅਤੇ ਰੋਜ਼ੀ ਸਿੰਘ ਨੇ ਸਾਂਝੇ ਤੌਰ 'ਤੇ ਕੀਤਾ। ਅਖੀਰ ਡਾ. ਹੀਰਾ ਸਿੰਘ ਨੇ ਸਾਰੇ ਮਹਿਮਾਨਾਂ ਦਾ ਧੰਨਵਾਦ ਕੀਤਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਕੈਸ਼ੀਅਰ ਜਤਿੰਦਰ ਸਿੰਘ ਰੰਧਾਵਾ, ਚਰਨਜੀਤ ਸਿੰਘ ਚੰਨ, ਦੇਵ ਸੁਖਦੇਵ ਸਿੰਘ, ਗੋਲਡੀ ਫੁੱਲ, ਸੁਖਵੰਤ ਸਿੰਘ, ਮਨਿੰਦਰ ਸਿੰਘ ਭਿੰਡਰ, ਤਰਸੇਮ ਸਿੰਘ ਰੰਧਾਵਾ, ਰਜਿੰਦਰ ਸਿੰਘ, ਗੁਰਦੇਵ ਸਿੰਘ ਸੰਧੂ, ਸੰਤੋਖ ਸਿੰਘ ਬਾਠ, ਗੋਲਡੀ ਮਾਨ, ਜਸਵਿੰਦਰ ਸਿੰਘ ਸੰਧੂ, ਵਰਿੰਦਰ ਕੌਰ, ਲਵਲੀਨ ਕੌਰ, ਨਵਪ੍ਰੀਤ ਹੰਜਰਾਅ, ਰਜਿੰਦਰ ਸਿੰਘ ਬੰਟੂ ਹਾਜ਼ਰ ਸਨ। ਇਸ ਮੌਕੇ ਸਾਹਿਤ ਸਭਾ ਫਤਿਹਗੜ੍ਹ ਚੂੜੀਆਂ ਅਤੇ ਸ਼ਬਦ ਸਾਂਝ ਲਾਇਬ੍ਰੇਰੀ ਮਾਨਸੈਂਡਵਾਲ ਨੇ ਸਾਂਝੇ ਰੂਪ 'ਚ ਪ੍ਰੋਗਰਾਮ ਦੀ ਸਫਲਤਾ ਲਈ ਸਹਿਯੋਗ ਕੀਤਾ।

## ਖੁੰਬਾਂ ਦੀ ਖੇਤੀ 'ਤੇ ਪੰਜਾਬ ਸਰਕਾਰ ਵੱਲੋਂ 80 ਹਜ਼ਾਰ ਰੁਪਏ ਤੱਕ ਸਬਸਿਡੀ

### * 2 ਲੱਖ ਰੁਪਏ ਨਾਲ ਸਥਾਪਤ ਹੋ ਜਾਂਦੈ ਛੋਟਾ ਮਸ਼ਰੂਮ ਉਤਪਾਦਨ ਯੂਨਿਟ



ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ)-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਕਿਸਾਨਾਂ ਨੂੰ ਰਿਵਾਇਤੀ ਖੇਤੀ ਤੋਂ ਬਾਗਬਾਨੀ ਵੱਲ ਪ੍ਰੇਰਿਤ ਕਰਨ ਅਤੇ ਉਨ੍ਹਾਂ ਦੀ ਆਮਦਨ ਵਧਾਉਣ ਲਈ ਤੇਜ਼ੀ ਨਾਲ ਕੰਮ ਕਰ ਰਹੀ ਹੈ, ਜਿਸ ਨਾਲ ਬਾਗਬਾਨੀ ਹੋਰ ਲਾਭਕਾਰੀ ਅਤੇ ਟਿਕਾਊ ਬਣ ਰਹੀ ਹੈ। ਪੰਜਾਬ ਸਰਕਾਰ ਵੱਲੋਂ 2 ਲੱਖ ਰੁਪਏ ਦੀ ਲਾਗਤ ਵਾਲੇ ਛੋਟੇ ਮਸ਼ਰੂਮ ਉਤਪਾਦਨ ਯੂਨਿਟ ਸਥਾਪਿਤ ਕਰਨ ਲਈ ਕਿਸਾਨਾਂ ਨੂੰ 80,000 ਰੁਪਏ ਤੱਕ ਦੀ ਸਬਸਿਡੀ ਦਿੱਤੀ ਜਾ ਰਹੀ ਹੈ। ਕਿਸਾਨ ਖੁੰਬਾਂ ਦੀ ਖੇਤੀ ਕਰਕੇ ਆਪਣੇ ਜੀਵਨ ਨੂੰ ਆਰਥਿਕ ਪੱਖੋਂ ਖੁਸ਼ਹਾਲ ਬਣਾ ਸਕਦੇ ਹਨ। ਇਹ ਜਾਣਕਾਰੀ ਵਿਧਾਨ ਸਭਾ ਹਲਕਾ ਖੇਮਕਰਨ ਤੋਂ ਵਿਧਾਇਕ ਸਰਵਨ ਸਿੰਘ ਧੁੰਨ ਨੇ ਪ੍ਰੈੱਸ ਰਾਹੀਂ ਕਿਸਾਨਾਂ ਨਾਲ ਸਾਂਝੀ ਕੀਤੀ। ਉਨ੍ਹਾਂ ਦੱਸਿਆ ਕਿ ਕਿਸਾਨ ਖੁੰਬਾਂ ਦੀ ਖੇਤੀ ਵਿੱਚ ਘੱਟ ਨਿਵੇਸ਼ ਕਰਕੇ ਵੱਧ ਮੁਨਾਫ਼ਾ ਕਮਾ ਸਕਦੇ ਹਨ ਤੇ ਖੁੰਬਾਂ ਉਗਾਉਣ ਲਈ ਘੱਟ ਜ਼ਮੀਨ ਅਤੇ ਘੱਟ ਪਾਣੀ ਦੀ ਲੋੜ ਹੁੰਦੀ ਹੈ। ਉਨ੍ਹਾਂ ਦੱਸਿਆ ਕਿ ਇੱਕ ਛੋਟਾ ਮਸ਼ਰੂਮ ਯੂਨਿਟ ਆਮ ਤੌਰ 'ਤੇ ਲਗਭਗ 200 ਵਰਗ ਫੁੱਟ ਖੇਤਰ ਵਿੱਚ ਸਥਾਪਤ ਕੀਤਾ ਜਾ ਸਕਦਾ ਹੈ ਤੇ ਪੰਜਾਬ ਦੇ ਬਾਗਬਾਨੀ ਵਿਭਾਗ ਵੱਲੋਂ ਇਸ ਪ੍ਰੋਜੈਕਟ ਲਈ 2 ਲੱਖ ਰੁਪਏ ਦੀ ਲਾਗਤ 'ਤੇ 40 ਫ਼ੀਸਦੀ ਤੱਕ ਦੀ ਸਬਸਿਡੀ ਦਿੱਤੀ ਜਾ ਰਹੀ ਹੈ। ਧੁੰਨ ਨੇ ਦੱਸਿਆ ਕਿ ਇਸ ਕੰਮ ਵਿੱਚ ਰੁਚੀ ਰੱਖਣ ਵਾਲੇ ਕਿਸਾਨ ਆਪਣੇ ਜ਼ਿਲ੍ਹੇ ਦੇ ਬਾਗਬਾਨੀ ਅਫ਼ਸਰ ਨਾਲ ਸੰਪਰਕ ਕਰਕੇ ਯੋਜਨਾ ਅਧੀਨ ਰਜਿਸਟ੍ਰੇਸ਼ਨ ਕਰਵਾ ਸਕਦੇ ਹਨ। ਉਨ੍ਹਾਂ ਕਿਹਾ ਕਿ ਕਿਸਾਨਾਂ ਨੂੰ ਆਧਾਰ ਕਾਰਡ, ਜ਼ਮੀਨ ਸੰਬੰਧੀ ਜਾਣਕਾਰੀ, ਬੈਂਕ ਖਾਤੇ ਦੇ ਵੇਰਵੇ ਅਤੇ ਫ਼ੋਟੋਗ੍ਰਾਫ਼ ਜਮ੍ਹਾ ਕਰਵਾਉਣੇ ਹੋਣਗੇ। ਉਨ੍ਹਾਂ ਕਿਹਾ ਕਿ ਬਾਗਬਾਨੀ ਵਿਭਾਗ ਵੱਲੋਂ ਕਿਸਾਨਾਂ ਨੂੰ ਤਕਨੀਕੀ ਸਹਾਇਤਾ ਬਾਰੇ ਵੀ ਜਾਣਕਾਰੀ ਦਿੱਤੀ ਜਾਂਦੀ ਹੈ।

## ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਪਠਾਨਕੋਟ ਵੱਲੋਂ ਹੜ੍ਹ ਪੀੜਤਾਂ ਦੀ ਆਰਥਿਕ ਮਦਦ

### * ਮੁੜ ਪੈਰਾਂ ਸਿਰ ਖੜ੍ਹੇ ਕਰਨ ਲਈ 10 ਹੜ੍ਹ ਪ੍ਰਭਾਵਿਤ ਪਰਿਵਾਰਾਂ ਨੂੰ ਦਿੱਤੇ 7.70 ਲੱਖ ਰੁਪਏ



**ਪਠਾਨਕੋਟ (ਦਵਿੰਦਰ ਸਿੰਘ)**-ਜ਼ਿਲ੍ਹਾ ਕਾਨੂੰਨੀ ਸੇਵਾ ਅਥਾਰਟੀ ਪਠਾਨਕੋਟ ਵੱਲੋਂ ਇੱਕ ਪ੍ਰੋਗਰਾਮ ਦਾ ਆਯੋਜਨ ਸਕੱਤਰ-ਕਮ-ਸੀਜੇਐੱਮ ਰੁਪਿੰਦਰ ਸਿੰਘ ਅਗਵਾਈ ਵਿੱਚ ਕੀਤਾ ਗਿਆ, ਜਿਸ ਵਿੱਚ ਜ਼ਿਲਾ ਕਾਨੂੰਨੀ ਸੇਵਾਵਾਂ ਅਥਾਰਟੀ ਪਠਾਨਕੋਟ ਦੇ ਚੇਅਰਮੈਨ-ਕਮ-ਜ਼ਿਲ੍ਹਾ ਅਤੇ ਸੈਸ਼ਨ ਜੱਜ ਜੱਤਿੰਦਰ ਪਾਲ ਸਿੰਘ ਖੁਰਮੀ ਵਿਸ਼ੇਸ਼ ਤੌਰ ਤੇ ਸ਼ਾਮਿਲ ਹੋਏ। ਇਸ ਮੌਕੇ ਜ਼ਿਲਾ ਪਠਾਨਕੋਟ ਦੇ 10 ਹੜ੍ਹ ਪੀੜਤ ਪਰਿਵਾਰਾਂ ਨੂੰ 7.70 ਲੱਖ ਰੁਪਏ ਦੀ ਆਰਥਿਕ ਸਹਾਇਤਾ ਦਿੱਤੀ ਗਈ। ਇਸ ਮੌਕੇ ਜ਼ਿਲਾ ਅਤੇ ਸੈਸ਼ਨ ਜੱਜ ਜਤਿੰਦਰ ਪਾਲ ਸਿੰਘ ਖੁਰਮੀ ਨੇ ਦੱਸਿਆ ਕਿ ਜ਼ਿਲਾ ਕਾਨੂੰਨੀ ਸੇਵਾਵਾਂ ਅਥਾਰਟੀ ਪਠਾਨਕੋਟ ਵੱਲੋ ਹੜ੍ਹਾਂ ਦੇ ਦੌਰਾਨ ਜੁਡੀਸ਼ੀਅਲ ਅਧਿਕਾਰੀ ਐਡਵੋਕੇਟ ਅਤੇ ਪੀਐੱਲਵੀ ਦੀਆਂ ਟੀਮਾਂ ਦਾ ਗਠਨ ਕੀਤਾ ਗਿਆ ਸੀ ਅਤੇ ਮੌਕੇ 'ਤੇ ਹੀ ਹੜ੍ਹ ਪੀੜਤਾਂ ਨੂੰ ਰਾਹਤ ਸਮੱਗਰੀ ਵੰਡੀ ਗਈ ਸੀ।

ਉਨ੍ਹਾਂ ਦੱਸਿਆ ਕਿ ਉਨ੍ਹਾਂ ਦੀਆਂ ਟੀਮਾਂ ਵੱਲੋਂ 10 ਜ਼ਰੂਰਤਮੰਦ ਪਰਿਵਾਰ ਚੁਣੇ ਗਏ ਸੀ ਜਿਨ੍ਹਾਂ ਨੂੰ ਕੋਈ ਵੀ ਰਾਹਤ ਨਹੀਂ ਮਿਲੀ ਸੀ, ਉਨ੍ਹਾਂ 10 ਪਰਿਵਾਰਾਂ ਨੂੰ 7.70 ਲੱਖ ਰੁਪਏ ਦੀ ਆਰਥਿਕ ਮਦਦ ਕੀਤੀ ਗਈ ਤਾਂ ਜੋ ਉਹ ਆਪਣਾ ਮੁੜ ਵਸੇਬਾ ਕਰ ਸਕਣ। ਉਨ੍ਹਾਂ ਦੱਸਿਆ ਕਿ ਜ਼ਿਲਾ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਹਰ ਜ਼ਰੂਰਤਮੰਦ ਨੂੰ ਮੁਫਤ ਕਾਨੂੰਨੀ ਸਹਾਇਤਾ ਵੀ ਦਿੱਤੀ ਜਾਂਦੀ ਹੈ, ਜਿਸ ਵਿੱਚ ਵਕੀਲ ਦਾ ਸਾਰਾ ਖਰਚ ਅਥਾਰਟੀ ਵੱਲੋਂ ਕੀਤਾ ਜਾਂਦਾ ਹੈ। ਉਨ੍ਹਾਂ ਦੱਸਿਆ ਕਿ ਅਨੁਸੂਚਿਤ ਜਾਤੀ, ਮਜ਼ਦੂਰ, ਅਪੰਗ, ਜਿਨ੍ਹਾਂ ਲੋਕਾਂ ਦੀ ਸਾਲਾਨਾ ਆਮਦਨ ਤਿੰਨ ਲੱਖ ਤੋਂ ਘੱਟ ਹੈ ਜਾਂ ਜਿਹੜੇ ਲੋਕ ਜੇਲਾਂ ਵਿੱਚ ਬੰਦ ਹਨ ਉਨ੍ਹਾਂ ਨੂੰ ਜ਼ਿਲਾ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਮੁਫਤ ਵਿੱਚ ਕਾਨੂੰਨੀ ਸਹਾਇਤਾ ਦਿੱਤੀ ਜਾਂਦੀ ਹੈ ਤਾਂ ਜੋ ਕੋਈ ਵੀ ਜ਼ਰੂਰਤਮੰਦ ਇਨਸਾਫ ਤੋਂ ਵਾਂਝਾ ਨਾ ਰਹਿ ਸਕੇ। ਇਸ ਮੌਕੇ ਸੀਨੀਅਰ ਸਹਾਇਕ ਸੰਜੇ ਕੁਮਾਰ, ਪੀਐੱਲਵੀ ਵਿਨੋਦ ਕੁਮਾਰ, ਪੀਐੱਲਵੀ ਜਗੀਰ ਸਿੰਘ, ਪੀਐੱਲਵੀ ਬਲਵਾਨ ਸਿੰਘ ਆਦਿ ਸ਼ਾਮਿਲ ਸਨ।

## ਸ਼੍ਰੀ ਬ੍ਰਾਹਮਣ ਸਭਾ ਗੁਰਦਾਸਪੁਰ ਨੇ ਮਕਰ ਸੰਕ੍ਰਾਂਤੀ ਧੂਮਧਾਮ ਨਾਲ ਮਨਾਈ




ਗੁਰਦਾਸਪੁਰ, (ਦਿਨੇਸ਼ ਕੁਮਾਰ)-ਸ਼੍ਰੀ ਬ੍ਰਾਹਮਣ ਸਭਾ ਗੁਰਦਾਸਪੁਰ ਨੇ ਮਕਰ ਸੰਕ੍ਰਾਂਤੀ ਦਾ ਤਿਉਹਾਰ ਬਟਾਲਾ ਰੋਡ ਸਥਿਤ ਸ਼੍ਰੀ ਬ੍ਰਾਹਮਣ ਭਵਨ ਵਿਖੇ ਬੜੀ ਧੂਮਧਾਮ ਨਾਲ ਮਨਾਇਆ। ਮਕਰ ਸੰਕ੍ਰਾਂਤੀ ਦੇ ਤਿਉਹਾਰ ਮੌਕੇ ਸਭ ਤੋਂ ਪਹਿਲਾਂ ਹਵਨ ਯੱਗ ਕੀਤਾ ਗਿਆ ਜਦੋਂਕਿ ਪ੍ਰਧਾਨ ਮੁਕੇਸ਼ ਸ਼ਰਮਾ ਨੇ ਸਾਰੇ ਮਹਿਮਾਨਾਂ ਦਾ ਸਵਾਗਤ ਕੀਤਾ। ਇਸ ਮੌਕੇ ਸ਼ਸ਼ੀ ਸ਼ਰਮਾ ਤੇ ਉਨ੍ਹਾਂ ਦੀ ਧਰਮਪਤਨੀ ਸੁਸ਼ਮਾ ਸ਼ਰਮਾ ਵਿਸ਼ੇਸ਼ ਮਹਿਮਾਨ ਦੇ ਤੌਰ 'ਤੇ ਹਾਜ਼ਰ ਹੋਏ। ਇਸ ਮੌਕੇ ਪੰਡਿਤ ਵਿਜੇ ਸ਼ਰਮਾ ਨੇ ਮਕਰ ਸੰਕ੍ਰਾਂਤੀ ਦੀ ਮਹੱਤਤਾ 'ਤੇ ਚਾਨਣਾ ਪਾਉਂਦੇ ਹੋਏ ਦੱਸਿਆ ਕਿ ਮਕਰ ਸੰਕ੍ਰਾਂਤੀ ਲੋਹੜੀ ਤੋਂ ਇੱਕ ਦਿਨ ਬਾਅਦ ਮਨਾਈ ਜਾਂਦੀ ਹੈ। ਮੰਨਿਆ ਜਾਂਦਾ ਹੈ ਕਿ ਮਕਰ ਸੰਕ੍ਰਾਂਤੀ ਉਹ ਦਿਨ ਹੈ ਜਦੋਂ ਭਗਵਾਨ ਭਾਸਕਰ ਖੁਦ ਆਪਣੇ ਪੁੱਤਰ ਸ਼ਨੀ ਨੂੰ ਮਿਲਣ ਉਨ੍ਹਾਂ ਦੇ ਘਰ ਆਉਂਦੇ ਹਨ ਕਿਉਂਕਿ ਸ਼ਨੀ ਦੇਵ ਮਕਰ ਰਾਸ਼ੀ ਦੇ ਮਾਲਕ ਹਨ। ਇਸ ਲਈ ਇਸ ਦਿਨ ਨੂੰ ਮਕਰ ਸੰਕ੍ਰਾਂਤੀ ਕਿਹਾ ਜਾਂਦਾ ਹੈ। ਮਕਰ ਸੰਕ੍ਰਾਂਤੀ ਵਾਲੇ ਦਿਨ ਸਮੁੰਦਰ ਵਿੱਚ ਕਪਿਲ ਮੁਨੀ ਦੇ ਆਸ਼ਰਮ ਵਿੱਚੋਂ ਲੰਘਦੇ ਸਮੇਂ ਗੰਗਾ ਜੀ ਭਗੀਰਥ ਨੂੰ ਮਿਲੇ। ਮਕਰ ਸੰਕ੍ਰਾਂਤੀ ਦਾ ਵਿਗਿਆਨਕ ਮਹੱਤਵ ਇਹ ਹੈ ਕਿ ਇਸ ਦਿਨ ਤੋਂ ਸੂਰਜ ਦੇ ਉਤਰ ਵੱਲ ਜਾਣ ਤੋਂ ਬਾਅਦ ਕੁਦਰਤ ਵਿੱਚ ਬਦਲਾਅ ਆਉਣੇ ਸ਼ੁਰੂ ਹੋ ਜਾਂਦੇ ਹਨ। ਮਕਰ ਸੰਕ੍ਰਾਂਤੀ 'ਤੇ ਸੂਰਜ ਦੇਵਤਾ ਦੀ ਵਿਸ਼ੇਸ਼ ਤੌਰ 'ਤੇ ਪੂਜਾ ਕਰਕੇ ਪ੍ਰਸੰਨਤਾ ਹਾਸਲ ਕੀਤੀ ਜਾਂਦੀ ਹੈ। ਇਸ ਤੋਂ ਇਲਾਵਾ ਸ਼ਰਧਾਲੂ ਭਗਵਾਨ ਵਿਸ਼ਨੂੰ ਅਤੇ ਮਾਂ ਲਕਸ਼ਮੀ ਦੀ ਵੀ ਪੂਜਾ ਕਰਦੇ ਹਨ। ਸਮਾਗਮ ਦਾ ਮੰਚ ਸੰਚਾਲਨ ਜਨਰਲ ਸਕੱਤਰ ਗਣੇਸ਼ ਸ਼ਾਸਤਰੀ ਵੱਲੋਂ ਕੀਤਾ ਗਿਆ ਜਦਕਿ ਪ੍ਰਧਾਨ ਮੁਕੇਸ਼ ਸ਼ਰਮਾ ਦੇ ਸਾਰਿਆ ਦਾ ਸਮਾਗਮ ਵਿਚ ਸ਼ਾਮਿਲ ਹੋਣ ਲਈ ਧੰਨਵਾਦ ਕੀਤਾ। ਇਸ ਮੌਕੇ ਸਾਬਕਾ ਪ੍ਰਧਾਨ ਕਮਲਜੀਤ ਸ਼ਰਮਾ, ਅਰੁਣ ਸ਼ਰਮਾ, ਸ਼ਾਮ ਲਾਲ ਸ਼ਰਮਾ, ਕੈਸ਼ੀਅਰ ਮਨੋਜ ਗੌਤਮ, ਪਵਨ ਸ਼ਰਮਾ, ਸੁਨੀਲ ਸ਼ਰਮਾ, ਪੰਡਿਤ ਆਗਿਆ ਰਾਮ, ਅਸ਼ੋਕ ਸ਼ਰਮਾ, ਵਿਜੇ ਭਨੋਟ, ਯੋਗਰਾਜ ਸ਼ਰਮਾ, ਅਸ਼ੋਕ ਸ਼ਾਸ਼ਤਰੀ, ਮਨੋਜ ਰੈਣਾ, ਅਨੁਜ ਸ਼ਰਮਾ, ਸੁਧੀਰ ਬਾਬਾ, ਦੌਲਤ ਰਾਮ ਸ਼ਰਮਾ, ਅਜੇ ਸ਼ਰਮਾ, ਰਮੇਸ਼ ਮੋਹਨ, ਸ਼ਿਵ ਗੌਤਮ, ਕੁਲਦੀਪ ਸ਼ਰਮਾ, ਓਮ ਪ੍ਰਕਾਸ਼ ਸ਼ਰਮਾ, ਜਨਕ ਰਾਜ ਪਟਵਾਰੀ, ਨਰਿੰਦਰ ਸ਼ਰਮਾ ਸਮੇਤ ਸਾਰੇ ਅਹੁਦੇਦਾਰ, ਮੈਂਬਰ ਸਾਹਿਬਾਨ ਆਦਿ ਵੀ ਹਾਜ਼ਰ ਸਨ।

## ਲੋਹੜੀ ਦੇ ਤਿਉਹਾਰ ਮੌਕੇ ਗੰਨੇ ਦੇ ਰਸ ਦਾ ਲਗਾਇਆ ਲੰਗਰ



ਧਾਰੀਵਾਲ/ਹਰਚੋਵਾਲ, (ਮਨਦੀਪ ਸਿੰਘ ਵਿੱਕੀ)-ਪਿੰਡ ਕੋਟ ਟੋਡਰ ਮੱਲ ਦੇ ਸਮਾਜਸੇਵੀ ਕਿਸਾਨ ਸੁਰਿੰਦਰ ਸਿੰਘ ਅਤੇ ਉਸਦੀ ਪਤਨੀ ਸੰਦੀਪ ਕੌਰ ਸਮੇਤ ਪਰਿਵਾਰਕ ਮੈਂਬਰਾਂ ਵੱਲੋਂ ਹਰ ਸਾਲ ਦੀ ਤਰ੍ਹਾਂ ਅੱਜ ਲੋਹੜੀ ਦੇ ਤਿਉਹਾਰ ਲੈ ਕੇ ਮੁਫਤ ਗੰਨੇ ਦੇ ਰਸ ਲੰਗਰ ਲਗਾਇਆ ਜਾਂਦਾ ਹੈ। ਇਸ ਦੌਰਾਨ ਪਿੰਡ ਕੋਟ ਟੋਡਰ ਮੱਲ ਤੋਂ ਇਲਾਵਾ ਵੀ ਆਸ ਪਾਸੇ ਦੇ ਲੋਕਾਂ ਨੇ ਖੀਰ ਬਣਾਉਣ ਵਾਸਤੇ ਇਥੋਂ ਗੰਨੇ ਦੇ ਰਸ ਦੇ ਲੰਗਰ ਆਪੋ ਆਪਣੇ ਘਰਾਂ ਨੂੰ ਲਿਜਾਇਆ ਗਿਆ। ਇਸ ਸਬੰਧੀ ਸਮਾਜਸੇਵੀ ਸੁਰਿੰਦਰ ਸਿੰਘ ਅਤੇ ਉਸਦੀ ਪਤਨੀ ਸੰਦੀਪ ਕੌਰ ਨੇ ਦੱਸਿਆ ਕਿ ਅੱਜ ਲੋਹੜੀ ਦੇ ਤਿਉਹਾਰ ਮੌਕੇ ਸਵੇਰੇ 4 ਵਜੇ ਤੋਂ ਲੈ ਕੇ ਸ਼ਾਮ ਤੱਕ ਗੰਨੇ ਦੇ ਰਸ ਲੋਕਾਂ ਨੂੰ ਮੁਫਤ ਦਿੱਤਾ ਗਿਆ। ਸਵੇਰੇ ਦੋ ਘੰਟੇ ਗੰਨੇ ਦਾ ਰਸ ਲੈਣ ਵਾਲੇ ਲੋਕਾਂ ਦਾ ਤਾਂਤਾ ਲੱਗਿਆ ਰਿਹਾ। ਇਸ ਤੋਂ ਬਾਅਦ ਵੀ ਸ਼ਾਮ 3 ਵਜੇ ਤੱਕ ਵੀ ਲੋਕਾਂ ਦੀਆਂ ਲਾਈਨਾਂ ਲੱਗੀਆਂ ਰਹੀਆਂ। ਇਸ ਮੌਕੇ ਇਕ ਟਨ ਦੇ ਕਰੀਬ ਗੰਨਾ ਖਪਤ ਹੋ ਗਿਆ ਅਤੇ ਸੈਂਕੜੇ ਲੀਟਰ ਗੰਨੇ ਦਾ ਰਸ ਲੋਕਾਂ ਦੀ ਮਰਜ਼ੀ ਅਨੁਸਾਰ ਉਨ੍ਹਾਂ ਨੂੰ ਵਰਤਾਇਆ ਗਿਆ। ਇਸ ਮੌਕੇ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਦੇ ਜਨਰਲ ਸਕੱਤਰ ਤੇ ਸਮਾਜਸੇਵੀ ਆਗੂ ਭਾਈ ਗਗਨਦੀਪ ਸਿੰਘ ਰਿਆੜ, ਸੁਰਿੰਦਰ ਸਿੰਘ ਟੋਡਰ ਮੱਲ ਨੇ ਲੋਹੜੀ ਦੇ ਸੰਖੇਪ ਇਤਿਹਾਸ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਲੋਹੜੀ ਉੱਤਰੀ ਭਾਰਤ ਦਾ, ਖ਼ਾਸ ਕਰ ਪੰਜਾਬ ਅਤੇ ਹਰਿਆਣੇ ਦਾ ਖੇਤੀਬਾੜੀ ਨਾਲ ਸਬੰਧਤ ਇੱਕ ਮਸ਼ਹੂਰ ਤਿਉਹਾਰ ਹੈ। ਪੰਜਾਬ ਅਤੇ ਹਰਿਆਣਾ ਤੋਂ ਇਲਾਵਾ ਇਹ ਹਿਮਾਚਲ ਪ੍ਰਦੇਸ਼ ਅਤੇ ਦਿੱਲੀ ਵਿੱਚ ਵੀ ਬੜੀ ਧੂਮ-ਧਾਮ ਨਾਲ ਮਨਾਇਆ ਜਾਂਦਾ ਹੈ। ਜਿਸ ਘਰ ਮੁੰਡੇ ਨੇ ਜਨਮ ਲਿਆ ਹੋਵੇ ਉਸਦੀ ਪਹਿਲੀ ਲੋਹੜੀ ਵਜੋਂ ਇਸ ਤਿਉਹਾਰ ਨੂੰ ਬੜੇ ਜੋਸ਼ ਨਾਲ ਮਨਾਇਆ ਜਾਂਦਾ ਹੈ ਅਤੇ ਭੁੱਗਾ ਬਾਲ ਕੇ ਲੋਹੜੀ ਦੀਆਂ ਖੁਸ਼ੀਆਂ ਸਾਂਝੀਆਂ ਕੀਤੀਆਂ ਜਾਂਦੀਆਂ ਹਨ। ਇਸ ਮੌਕੇ ਕਰਨਦੀਪ ਸਿੰਘ, ਗਗਨਦੀਪ ਸਿੰਘ ਰਿਆੜ ਆਦਿ ਆਗੂ ਹਾਜ਼ਰ ਸਨ।

## 73 ਸਾਲਾ ਔਰਤ ਨੂੰ ਖੱਬੇ ਫੇਫੜੇ ਦੇ ਵੱਡੇ ਟਿਊਮਰ ਦੇ ਸਫਲ ਇਲਾਜ ਤੋਂ ਬਾਅਦ ਮਿਲੀ ਨਵੀਂ ਜ਼ਿੰਦਗੀ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਜਗਦੀਸ਼ ਕਮਲੇਸ਼)-73 ਸਾਲਾ ਔਰਤ ਨੂੰ ਖੱਬੇ ਫੇਫੜੇ ਦੇ ਵੱਡੇ ਟਿਊਮਰ ਦੇ ਪਾਰਕ ਗ੍ਰੀਸ਼ੀਅਨ ਹਸਪਤਾਲ 'ਚ ਸਫਲ ਇਲਾਜ ਤੋਂ ਬਾਅਦ ਨਵੀਂ ਜ਼ਿੰਦਗੀ ਮਿਲੀ ਹੈ। ਡਾ. ਹਰਿੰਦਰ ਸਿੰਘ ਬੇਦੀ , ਡਾਇਰੈਕਟਰ-ਕਾਰਡੀਓਥੋਰਾਸਿਕ ਸਰਜਰੀ, ਪਾਰਕ ਗਸ਼ੀਅਨ ਹਸਪਤਾਲ ਨੇ ਕਿਹਾ ਕਿ ਕਮਜ਼ੋਰ ਬਜ਼ੁਰਗ ਮਰੀਜ਼ਾਂ ਵਿੱਚ ਫੇਫੜਿਆਂ ਦੀਆਂ ਅਜਿਹੀਆਂ ਵੱਡੀਆਂ ਸਰਜਰੀਆਂ ਵਿੱਚ ਬ੍ਰੌਂਕੋ ਪਲੂਰਲ ਫਿਸਟੁਲਾ (ਬੀਪੀਐੱਫ) ਦਾ ਵਧੇਰੇ ਖਤਰਾ ਹੁੰਦਾ ਹੈ, ਜੋ ਕਿ ਹਵਾ ਦੇ ਰਸਤੇ ਹੋਣ ਨਾਲ ਜੁੜੀ ਸੰਭਾਵਤ ਤੌਰ 'ਤੇ ਘਾਤਕ ਪੋਸਟ ਆਪਰੇਸ਼ਨ ਪੇਚੀਦਗੀ ਹੈ। ਇਹ ਸਰਜਰੀ ਕਾਰਡੀਅਕ ਅਨੈਸਥੀਟਿਸਟ ਡਾ. ਪ੍ਰਿਯੰਕਾ ਗੋਇਲ ਦੁਆਰਾ ਨਵੀਨਤਮ ਬ੍ਰੌਂਕੀਅਲ ਬਲੌਕਰਾਂ ਦੀ ਵਰਤੋਂ ਕਰਦਿਆਂ ਵਿਸ਼ੇਸ਼ ਡਬਲ-ਫੇਫੜੇ ਦੇ ਅਨੈਸਥੀਸੀਆ ਦੇ ਤਹਿਤ ਸਾਵਧਾਨੀ ਨਾਲ ਕੀਤੀ ਗਈ ਸੀ। ਬੀਪੀਐੱਫ ਦੇ ਜੋਖਮ ਨੂੰ ਘਟਾਉਣ ਲਈ ਟੀਮ ਨੇ ਬੇਦੀ-ਆਈਐੱਮਏ ਬਟਰੇਸ ਟੈਕਨੋਲੋਜੀ ਦੇ ਨਾਲ ਉਨਤ ਸਟੈਪਲਰ-ਕਟਰ ਟੈਕਨੋਲੋਜੀ ਦੀ ਵਰਤੋਂ ਕੀਤੀ ਜੋ ਕਿ ਡਾ. ਬੇਦੀ ਦੁਆਰਾ ਵਿਕਸਤ ਕੀਤੀ ਗਈ ਇੱਕ ਨਵੀਨਤਮ ਸਰਜੀਕਲ ਵਿਧੀ ਹੈ। ਇਹ ਤਕਨੀਕ ਸਰਜੀਕਲ ਸਾਈਟ ਨੂੰ ਮਜ਼ਬੂਤ ਕਰਨ ਲਈ ਮਰੀਜ਼ ਦੇ ਆਪਣੇ ਸਿਹਤਮੰਦ ਟਿਸ਼ੂ ਦੀ ਵਰਤੋਂ ਕਰਦੀ ਹੈ, ਜਿਸ ਨਾਲ ਹਵਾ ਦੇ ਰਸਤੇ ਵਿੱਚ ਵਿਘਨ ਪੈਣ ਦੀ ਸੰਭਾਵਨਾ ਘਟਦੀ ਹੈ। ਬੇਦੀ-ਆਈਐੱਮਏ ਬਟਰਸ ਤਕਨੀਕ ਨੂੰ ਵਿਗਿਆਨਕ ਤੌਰ ਤੇ ਪ੍ਰਮਾਣਿਤ ਕੀਤਾ ਗਿਆ ਹੈ, ਪ੍ਰਮੁੱਖ ਸਰਜੀਕਲ ਰਸਾਲਿਆਂ ਵਿੱਚ ਪ੍ਰਕਾਸ਼ਤ ਕੀਤਾ ਗਿਆ ਹੈ, ਅਤੇ ਕਈ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਕਾਨਫਰੰਸਾਂ ਵਿੱਚ ਪੇਸ਼ ਕੀਤਾ ਗਿਆ ਹੈ। ਸਰਜਰੀ ਤੋਂ ਬਾਅਦ ਮਰੀਜ਼ ਤੇਜ਼ੀ ਨਾਲ ਠੀਕ ਹੋ ਗਈ। ਮੈਡੀਕਲ ਮਾਹਿਰਾਂ ਮੁਤਾਬਕ ਫੇਫੜਿਆਂ ਦੀ ਸਰਜਰੀ ਤੋਂ ਬਾਅਦ ਆਪਰੇਸ਼ਨ ਤੋਂ ਬਾਅਦ ਹਵਾ ਲੀਕ ਹੋਣਾ ਸਭ ਤੋਂ ਗੰਭੀਰ ਪੇਚੀਦਗੀਆਂ ਵਿੱਚੋਂ ਇੱਕ ਹੈ, ਖ਼ਾਸਕਰ ਬਜ਼ੁਰਗ ਮਰੀਜ਼ਾਂ ਵਿੱਚ। ਹਾਲਾਂਕਿ ਟਿਸ਼ੂ-ਅਧਾਰਤ ਮਜ਼ਬੂਤ ਤਕਨੀਕਾਂ ਦੀ ਵਰਤੋਂ ਨਤੀਜਿਆਂ ਵਿੱਚ ਮਹੱਤਵਪੂਰਣ ਸੁਧਾਰ ਕਰਨ ਅਤੇ ਰਿਕਵਰੀ ਦੇ ਸਮੇਂ ਨੂੰ ਘਟਾਉਣ ਲਈ ਦਰਸਾਈ ਗਈ ਹੈ। ਡਾ. ਬੇਦੀ ਨੇ ਕਿਹਾ ਕਿ ਇਹ ਮਾਣ ਵਾਲੀ ਗੱਲ ਹੈ ਕਿ ਇਹ ਸਧਾਰਣ ਪਰ ਪ੍ਰਭਾਵਸ਼ਾਲੀ ਸਰਜੀਕਲ ਇਨੋਵੇਸ਼ਨ ਭਾਰਤ ਵਿੱਚ ਵਿਕਸਿਤ ਕੀਤਾ ਗਿਆ ਸੀ ਅਤੇ ਹੁਣ ਇਸ ਨੂੰ ਦੁਨੀਆ ਭਰ ਦੇ ਥੋਰੇਸਿਕ ਸਰਜਨਾਂ ਦੁਆਰਾ ਸ਼ਾਨਦਾਰ ਨਤੀਜਿਆਂ ਨਾਲ ਅਪਣਾਇਆ ਜਾ ਰਿਹਾ ਹੈ। ਉਨ੍ਹਾਂ ਅੱਗੇ ਕਿਹਾ ਕਿ ਲਗਾਤਾਰ ਸਾਹ ਦੀ ਸਮੱਸਿਆ ਜਾਂ ਖੰਘ ਜੋ ਸ਼ੁਰੂਆਤੀ ਇਲਾਜ ਨਾਲ ਠੀਕ ਨਹੀਂ ਹੁੰਦੇ, ਦਾ ਜਲਦੀ ਡਾਕਟਰੀ ਮੁਲਾਂਕਣ ਕਰਵਾਉਣਾ ਚਾਹੀਦਾ ਹੈ। ਡਾ. ਬੇਦੀ ਨੇ ਦੱਸਿਆ ਕਿ ਅਤਿ-ਆਧੁਨਿਕ ਥੋਰੈਸਿਕ ਸਰਜੀਕਲ ਸੁਵਿਧਾਵਾਂ ਦੀ ਉਪਲਬਧਤਾ ਦੇ ਨਾਲ ਮਰੀਜ਼ਾਂ ਨੂੰ ਹੁਣ ਫੇਫੜਿਆਂ ਦੀ ਉਨਤ ਦੇਖਭਾਲ ਲਈ ਮੈਟਰੋ ਸ਼ਹਿਰਾਂ ਜਾਂ ਵਿਦੇਸ਼ਾਂ ਦੀ ਯਾਤਰਾ ਕਰਨ ਦੀ ਜ਼ਰੂਰਤ ਨਹੀਂ ਹੈ।

## 'ਆਪ' ਵਿਧਾਇਕ ਅਜੈ ਗੁਪਤਾ ਨੂੰ ਸਦਮਾ: ਪਤਨੀ ਦਾ ਦਿਹਾਂਤ



ਅੰਮ੍ਰਿਤਸਰ-ਅੰਮ੍ਰਿਤਸਰ ਕੇਂਦਰੀ ਵਿਧਾਨ ਸਭਾ ਹਲਕੇ ਤੋਂ ਆਮ ਆਦਮੀ ਪਾਰਟੀ ਦੇ ਵਿਧਾਇਕ ਡਾ. ਅਜੈ ਗੁਪਤਾ ਦੀ ਪਤਨੀ ਰੇਣੂ ਗੁਪਤਾ ਦਾ ਦਿਹਾਂਤ ਹੋ ਗਿਆ ਹੈ। ਉਨ੍ਹਾਂ ਦਾ ਅੰਤਿਮ ਸੰਸਕਾਰ ਅੱਜ 15 ਜਨਵਰੀ ਨੂੰ ਦੁਪਹਿਰ 2:00 ਵਜੇ ਦੁਰਗਿਆਣਾ ਸ਼ਿਵਪੁਰੀ, ਹਾਥੀ ਗੇਟ ਵਿਖੇ ਕੀਤਾ ਜਾਵੇਗਾ। ਰੇਣੂ ਗੁਪਤਾ ਨੇ ਲੰਬੀ ਬਿਮਾਰੀ ਤੋਂ ਬਾਅਦ ਮੰਗਲਵਾਰ ਰਾਤ ਲਗਭਗ 10:30 ਵਜੇ ਆਖਰੀ ਸਾਹ ਲਿਆ। ਰਿਪੋਰਟਾਂ ਅਨੁਸਾਰ ਗੁਪਤਾ ਜਿਗਰ ਦੇ ਕੈਂਸਰ ਤੋਂ ਪੀੜਤ ਸਨ। ਰੇਣੂ ਗੁਪਤਾ ਆਪਣੇ ਪਿੱਛੇ ਇੱਕ ਪੂਰਾ ਪਰਿਵਾਰ ਛੱਡ ਗਈ ਹੈ: ਦੋ ਪੁੱਤਰ ਅਤੇ ਇੱਕ ਧੀ। ਪਰਿਵਾਰਕ ਜਾਣਕਾਰੀ ਅਨੁਸਾਰ ਉਨ੍ਹਾਂ ਦੇ ਇੱਕ ਪੁੱਤਰ ਅਤੇ ਇੱਕ ਧੀ ਵਿਆਹੀ ਹੋਈ ਹੈ, ਜਦੋਂ ਕਿ ਦੂਜਾ ਡਾ. ਸਰਾਂਸ਼ ਗੁਪਤਾ ਅਜੇ ਅਣਵਿਆਹਿਆ ਹੈ।

ਰੇਣੂ ਗੁਪਤਾ ਦੇ ਦਿਹਾਂਤ ਦੀ ਖ਼ਬਰ ਫੈਲਦੇ ਹੀ ਵਿਧਾਇਕ ਡਾ. ਅਜੇ ਗੁਪਤਾ ਦੇ ਪਰਿਵਾਰ ਅਤੇ ਸਮਰਥਕਾਂ ਵਿੱਚ ਸੋਗ ਦੀ ਲਹਿਰ ਦੌੜ ਗਈ। ਵੱਡੀ ਗਿਣਤੀ ਵਿੱਚ ਰਾਜਨੀਤਿਕ, ਸਮਾਜਿਕ ਅਤੇ ਧਾਰਮਿਕ ਸੰਗਠਨਾਂ ਦੇ ਨੁਮਾਇੰਦਿਆਂ ਨੇ ਆਪਣੀ ਡੂੰਘੀ ਸੰਵੇਦਨਾ ਪ੍ਰਗਟ ਕੀਤੀ। ਪੂਰੇ ਸ਼ਹਿਰ ਵਿੱਚ ਸੋਗ ਦਾ ਮਾਹੌਲ ਸੀ ਅਤੇ ਲੋਕ ਵਿਛੜੀ ਆਤਮਾ ਦੀ ਸ਼ਾਂਤੀ ਲਈ ਪ੍ਰਾਰਥਨਾ ਕਰ ਰਹੇ ਸਨ।

## ਲੋਹੜੀ ਤੇ ਮਕਰ ਸਕਰਾਂਤੀ ਮੌਕੇ ਸ੍ਰੀ ਸੁਖਮਨੀ ਸਾਹਿਬ ਦਾ ਪਾਠ ਕਰਵਾਇਆ



ਡੇਰਾ ਬੱਸੀ (ਵਿਨੈ ਕੁਮਾਰ ਜੈਨ)-ਲੌਂਗੋਵਾਲ ਗਰੁੱਪ ਆਫ਼ ਕਾਲਜਿਜ਼, ਡੇਰਾ ਬੱਸੀ ਵਿੱਚ 13 ਜਨਵਰੀ ਨੂੰ ਲੋਹੜੀ ਅਤੇ ਮਕਰ ਸਕਰਾਂਤੀ ਦੇ ਪਵਿੱਤਰ ਤਿਉਹਾਰਾਂ ਦੇ ਸ਼ੁਭ ਮੌਕੇ 'ਤੇ ਸ੍ਰੀ ਸੁਖਮਨੀ ਸਾਹਿਬ ਪਾਠ ਦਾ ਸ਼ਰਧਾ ਭਾਵ ਨਾਲ ਆਯੋਜਨ ਕੀਤਾ ਗਿਆ। ਇਸ ਧਾਰਮਿਕ ਸਮਾਗਮ ਦਾ ਮਕਸਦ ਸੰਸਥਾ ਦੇ ਵਿਦਿਆਰਥੀਆਂ, ਅਧਿਆਪਕਾਂ ਅਤੇ ਕਰਮਚਾਰੀਆਂ ਲਈ ਸ਼ਾਂਤੀ, ਸੁਖ-ਸਮ੍ਰਿੱਧੀ ਅਤੇ ਭਲਾਈ ਦੀ ਅਰਦਾਸ ਕਰਨਾ ਸੀ।

ਸਵੇਰੇ ਸਮੇਂ ਗੁਰਬਾਣੀ ਦੀ ਮਿੱਠੀ ਧੁਨ ਨਾਲ ਸੰਸਥਾ ਦਾ ਪੂਰਾ ਪ੍ਰੰਗਣ ਆਧਿਆਤਮਿਕ ਮਾਹੌਲ ਨਾਲ ਗੂੰਜ ਉੱਠਿਆ। ਸ੍ਰੀ ਸੁਖਮਨੀ ਸਾਹਿਬ ਪਾਠ ਦੌਰਾਨ ਸੰਗਤ ਵੱਲੋਂ ਧਿਆਨ ਲਗਾ ਕੇ ਗੁਰਬਾਣੀ ਸਰਵਣ ਕੀਤੀ ਗਈ। ਪਾਠ ਦੇ ਉਪਰੰਤ ਅਰਦਾਸ ਕੀਤੀ ਗਈ, ਜਿਸ ਵਿੱਚ ਦੇਸ਼ ਦੀ ਤਰੱਕੀ, ਸਮਾਜਿਕ ਸਾਂਝ, ਵਿਦਿਆਰਥੀਆਂ ਦੀ ਉਜਜਵਲ ਭਵਿੱਖ ਅਤੇ ਸੰਸਥਾ ਦੀ ਲਗਾਤਾਰ ਉੱਨਤੀ ਲਈ ਦੁਆ ਕੀਤੀ ਗਈ। ਇਸ ਪਵਿੱਤਰ ਸਮਾਗਮ ਵਿੱਚ ਲੌਂਗੋਵਾਲ ਗਰੁੱਪ ਆਫ਼ ਕਾਲਜਿਜ਼ ਦੀ ਚੇਅਰਪਰਸਨ ਕਾਂਤਾ ਕਟਿਆਲ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ। ਉਨ੍ਹਾਂ ਦੇ ਨਾਲ ਵਾਈਸ-ਚੇਅਰਮੈਨ ਡਾ. ਕਪਿਲ ਕਟਿਆਲ ਨੇ ਵੀ ਆਪਣੀ ਹਾਜ਼ਰੀ ਲਗਵਾਈ। ਇਸ ਤੋਂ ਇਲਾਵਾ ਐੱਲ ਪੀ ਪੀ ਸੀ ਦੀ ਪ੍ਰਿੰਸੀਪਲ ਡਾ. ਰੋਜ਼ੀ ਕਟਿਆਲ, ਐਡਮਿਸ਼ਨ ਡਾਇਰੈਕਟਰ ਤੇ ਐੱਲ ਏ ਸੀ ਦੇ ਪ੍ਰਿੰਸੀਪਲ ਡਾ. ਵਿਨੋਦ ਕਟਿਆਲ ਤੇ ਐੱਚ ਆਰ ਹੈਡ ਮਿਸ ਸਾਕਸ਼ੀ ਕਟਿਆਲ ਵੀ ਸਮਾਗਮ ਵਿੱਚ ਮੌਜੂਦ ਰਹੇ।

ਸਾਰੇ ਮਾਣਯੋਗ ਅਤਿਥੀਆਂ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਅੱਗੇ ਮੱਥਾ ਟੇਕ ਕੇ ਅਸ਼ੀਰਵਾਦ ਪ੍ਰਾਪਤ ਕੀਤਾ। ਸ੍ਰੀ ਸੁਖਮਨੀ ਸਾਹਿਬ ਪਾਠ ਦੇ ਉਪਰਾਂਤ ਗੁਰੂ ਕਾ ਲੰਗਰ ਵਰਤਾਇਆ ਗਿਆ, ਜਿਸ ਵਿੱਚ ਵਿਦਿਆਰਥੀਆਂ, ਅਧਿਆਪਕਾਂ ਅਤੇ ਸਟਾਫ਼ ਮੈਂਬਰਾਂ ਨੇ ਸਾਂਝੀ ਪੰਗਤ ਵਿੱਚ ਬੈਠ ਕੇ ਪ੍ਰਸ਼ਾਦਾ ਛਕਿਆ। ਲੰਗਰ ਦੌਰਾਨ ਸੇਵਾ ਅਤੇ ਸਾਂਝ ਦਾ ਸੁੰਦਰ ਦ੍ਰਿਸ਼ ਵੇਖਣ ਨੂੰ ਮਿਲਿਆ, ਜੋ ਸਿੱਖ ਧਰਮ ਦੀ ਮਹਾਨ ਪਰੰਪਰਾ ਨੂੰ ਦਰਸਾਉਂਦਾ ਹੈ।

ਸ਼ਾਮ ਦੇ ਸਮੇਂ ਲੋਹੜੀ ਦੇ ਤਿਉਹਾਰ ਨੂੰ ਮਨਾਉਂਦੇ ਹੋਏ ਸੰਸਥਾ ਦੇ ਪ੍ਰੰਗਣ ਵਿੱਚ ਪਰੰਪਰਾਗਤ ਲੋਹੜੀ ਦਾ ਅੱਗ ਬਾਲ ਕੇ ਸਮਾਗਮ ਕਰਵਾਇਆ ਗਿਆ। ਵਿਦਿਆਰਥੀਆਂ, ਅਧਿਆਪਕਾਂ ਅਤੇ ਕਰਮਚਾਰੀਆਂ ਨੇ ਲੋਹੜੀ ਦੇ ਗੀਤ ਗਾ ਕੇ ਅਤੇ ਅੱਗ ਦੇ ਗੇੜੇ ਲਗਾ ਕੇ ਖੁਸ਼ੀ ਮਨਾਈ। ਇਸ ਮੌਕੇ ਮੂੰਗਫਲੀ, ਰਿਓੜੀਆਂ ਅਤੇ ਪੌਪਕਾਰਨ ਵੰਡੇ ਗਏ, ਜਿਸ ਨਾਲ ਸਮਾਰੋਹ ਵਿੱਚ ਖੁਸ਼ੀ ਅਤੇ ਉਤਸ਼ਾਹ ਦਾ ਮਾਹੌਲ ਬਣਿਆ।

ਚੇਅਰਪਰਸਨ ਕਾਂਤਾ ਕਟਿਆਲ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਲੌਂਗੋਵਾਲ ਗਰੁੱਪ ਆਫ਼ ਕਾਲਜਿਜ਼ ਸਿਰਫ਼ ਉੱਚ ਸਿੱਖਿਆ ਹੀ ਨਹੀਂ, ਸਗੋਂ ਵਿਦਿਆਰਥੀਆਂ ਨੂੰ ਚੰਗੇ ਇਨਸਾਨ ਬਣਾਉਣ ਵੱਲ ਵੀ ਪੂਰਾ ਧਿਆਨ ਦੇ ਰਿਹਾ ਹੈ। ਵਾਈਸ-ਚੇਅਰਮੈਨ ਡਾ. ਕਪਿਲ ਕਟਿਆਲ ਨੇ ਕਿਹਾ ਕਿ ਅਜਿਹੇ ਸਮਾਗਮ ਵਿਦਿਆਰਥੀਆਂ ਵਿੱਚ ਸਾਂਝ, ਏਕਤਾ ਅਤੇ ਸੱਭਿਆਚਾਰਕ ਚੇਤਨਾ ਨੂੰ ਮਜ਼ਬੂਤ ਕਰਦੇ ਹਨ। ਸਮਾਗਮ ਦੇ ਅੰਤ ਵਿੱਚ ਪ੍ਰਬੰਧਕਾਂ ਵੱਲੋਂ ਸਮੂਹ ਸਟਾਫ਼, ਵਿਦਿਆਰਥੀਆਂ ਅਤੇ ਸੇਵਾਦਾਰਾਂ ਦਾ ਧੰਨਵਾਦ ਕੀਤਾ ਗਿਆ, ਜਿਨ੍ਹਾਂ ਨੇ ਇਸ ਧਾਰਮਿਕ ਅਤੇ ਸਾਂਸਕ੍ਰਿਤਿਕ ਸਮਾਗਮ ਨੂੰ ਸਫਲ ਬਣਾਉਣ ਵਿੱਚ ਯੋਗਦਾਨ ਪਾਇਆ। ਲੌਂਗੋਵਾਲ ਗਰੁੱਪ ਆਫ਼ ਕਾਲਜਿਜ਼ ਵੱਲੋਂ ਭਵਿੱਖ ਵਿੱਚ ਵੀ ਇਸ ਤਰ੍ਹਾਂ ਦੇ ਸਮਾਗਮ ਆਯੋਜਿਤ ਕਰਦੇ ਰਹਿਣ ਦਾ ਸੰਦੇਸ਼ ਦਿੱਤਾ ਗਿਆ।

## ਡੀ ਏ ਵੀ ਸਕੂਲ 'ਚ ਨਵੇਂ ਸਾਲ ਅਤੇ ਲੋਹੜੀ ਮੌਕੇ ਹਵਨ ਯੱਗ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਜਗਦੀਸ਼ ਕਮਲੇਸ਼)-ਡੀ. ਏ. ਵੀ. ਸਕੂਲ ਸੀਨੀਅਰ ਸੈਕੰਡਰੀ ਸਕੂਲ ਹਾਥੀ ਗੇਟ ਵਿਖੇ ਨਵੇਂ ਸਾਲ ਅਤੇ ਲੋਹੜੀ ਦੇ ਪਵਿੱਤਰ ਤਿਉਹਾਰ ਦੇ ਮੌਕੇ ਹਵਨ ਦਾ ਆਯੋਜਨ ਕੀਤਾ ਗਿਆ। ਸਕੂਲ ਦੇ ਚੇਅਰਮੈਨ ਐਡਵੋਕੇਟ ਸੁਦਰਸ਼ਨ ਕਪੂਰ ਅਤੇ ਮੈਨੇਜਰ ਪ੍ਰਿੰਸੀਪਲ ਡਾ. ਨੀਲਮ ਕਾਮਰਾ ਨੇ ਮੁੱਖ ਮੇਜ਼ਬਾਨ ਵਜੋਂ ਹਵਨ ਵਿੱਚ ਹਿੱਸਾ ਲਿਆ। ਹਵਨ ਦੀ ਪਵਿੱਤਰ ਅਗਨੀ ਵਿੱਚ ਵੈਦਿਕ ਮੰਤਰਾਂ ਨਾਲ ਅਹੂਤੀਆਂ ਪਾਈਆਂ ਗਈਆਂ ਅਤੇ ਪਰਮਾਤਮਾ ਅੱਗੇ ਸਾਰਿਆਂ ਦੀ ਭਲਾਈ ਅਤੇ ਨਵੇਂ ਸਾਲ ਦੀ ਖੁਸ਼ੀ ਲਈ ਪ੍ਰਾਰਥਨਾ ਕੀਤੀ ਗਈ। ਇਸ ਤੋਂ ਬਾਅਦ ਲੋਹੜੀ ਬਾਲੀ ਗਈ ਜੋ ਪੰਜਾਬੀ ਸੱਭਿਆਚਾਰ ਦੀ ਸਾਂਝ, ਪਿਆਰ ਅਤੇ ਭਾਈਚਾਰੇ ਦਾ ਸੰਦੇਸ਼ ਦਿੰਦੀ ਹੈ। ਸਕੂਲ ਦੇ ਪ੍ਰਿੰਸੀਪਲ ਵਿਕਾਸ ਪਰਾਸ਼ਰ ਨੇ ਨਵੇਂ ਸਾਲ ਅਤੇ ਲੋਹੜੀ ਦੀ ਵਧਾਈ ਦਿੰਦੇ ਹੋਏ ਕਿਹਾ ਕਿ ਬਲਦੀ ਅੱਗ ਦੀ ਲਾਟ ਸਾਨੂੰ ਜ਼ਿੰਦਗੀ ਦੇ ਅਸਲ ਅਰਥ ਦੀ ਯਾਦ ਦਿਵਾਉਂਦੀ ਹੈ। ਇਹ ਹਮੇਸ਼ਾ ਉੱਚਾ ਉੱਠਣ ਦਾ ਸੁਨੇਹਾ ਦਿੰਦੀ ਹੈ, ਇਸ ਲਈ ਸਾਨੂੰ ਆਪਸੀ ਈਰਖਾ, ਨਫ਼ਰਤ ਅਤੇ ਫਿਰਕਾਪ੍ਰਸਤੀ ਤੋਂ ਉੱਪਰ ਉਠ ਕੇ ਇਸ ਤਿਉਹਾਰ ਨੂੰ ਪਿਆਰ ਅਤੇ ਸਦਭਾਵਨਾ ਨਾਲ ਮਨਾਉਣਾ ਚਾਹੀਦਾ ਹੈ। ਵਿਦਿਆਰਥੀਆਂ ਅਤੇ ਸਟਾਫ਼ ਮੈਂਬਰਾਂ ਨੂੰ ਸ਼ੁਭਕਾਮਨਾਵਾਂ ਦਿੰਦੇ ਹੋਏ ਐਡਵੋਕੇਟ ਸੁਦਰਸ਼ਨ ਕਪੂਰ ਨੇ ਕਿਹਾ ਕਿ ਨਵਾਂ ਸਾਲ ਪੂਰੀ ਦੁਨੀਆ ਵਿੱਚ ਸ਼ਾਂਤੀ, ਪਿਆਰ ਅਤੇ ਸਦਭਾਵਨਾ ਲੈ ਕੇ ਆਵੇ। ਡਾ. ਨੀਲਮ ਕਾਮਰਾ ਨੇ ਵਿਦਿਆਰਥੀਆਂ ਨੂੰ ਸਖ਼ਤ ਮਿਹਨਤ ਕਰਨ ਲਈ ਪ੍ਰੇਰਿਤ ਕਰਦੇ ਹੋਏ ਕਿਹਾ ਕਿ ਸਾਨੂੰ ਚੰਗੇ ਕਰਮ ਕਰਨੇ ਚਾਹੀਦੇ ਹਨ ਅਤੇ ਜੀਵਨ ਦੀਆਂ ਕਦਰਾਂ-ਕੀਮਤਾਂ ਨੂੰ ਕਦੇ ਨਹੀਂ ਭੁੱਲਣਾ ਚਾਹੀਦਾ। ਇਸ ਮੌਕੇ ਵਾਈਸ ਪ੍ਰਿੰਸੀਪਲ ਰਾਜੇਸ਼ ਸ਼ਰਮਾ, ਸਾਰੇ ਸਟਾਫ਼ ਮੈਂਬਰ ਅਤੇ ਵਿਦਿਆਰਥੀ ਮੌਜੂਦ ਸਨ।

## ਲਿਵਾਸਾ ਹਸਪਤਾਲ ਅੰਮ੍ਰਿਤਸਰ ਵੱਲੋਂ ਪਠਾਨਕੋਟ ਵਿਖੇ ਨੈਫਰੋਲੋਜੀ ਓਪੀਡੀ ਦੀ ਸ਼ੁਰੂਆਤ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਜਗਦੀਸ਼ ਕਮਲੇਸ਼)-ਲਿਵਾਸਾ ਹਸਪਤਾਲ ਅੰਮ੍ਰਿਤਸਰ ਨੇ ਰਾਜ ਹਸਪਤਾਲ ਪਠਾਨਕੋਟ ਵਿਖੇ ਆਪਣੀ ਸਮਰਪਿਤ ਨੈਫਰੋਲੋਜੀ ਓਪੀਡੀ ਦੀ ਸ਼ੁਰੂਆਤ ਕੀਤੀ। ਓਪੀਡੀ ਮਹੀਨੇ ਦੇ ਹਰ ਦੂਜੇ ਬੁੱਧਵਾਰ ਨੂੰ ਸਵੇਰੇ 11 ਵਜੇ ਤੋਂ ਦੁਪਹਿਰ 3 ਵਜੇ ਤੱਕ ਹੋਵੇਗੀ। ਓਪੀਡੀ ਦੀ ਅਗਵਾਈ ਡਾ. ਰਾਧਿਕਾ ਗਰਗ, ਨੈਫਰੋਲੋਜੀ ਅਤੇ ਕਿਡਨੀ ਟ੍ਰਾਂਸਪਲਾਂਟ ਫਿਜ਼ੀਸ਼ੀਅਨ ਲਿਵਾਸਾ ਹਸਪਤਾਲ ਅੰਮ੍ਰਿਤਸਰ ਕਰਨਗੇ। ਓਪੀਡੀ ਗੁਰਦੇ ਨਾਲ ਸਬੰਧਤ ਕਈ ਸਮੱਸਿਆਵਾਂ ਨੂੰ ਹੱਲ ਕਰੇਗੀ, ਜਿਸ ਵਿੱਚ ਸੀਰਮ ਕ੍ਰੀਟੀਨਾਈਨ ਅਤੇ ਯੂਰੀਆ ਦੇ ਪੱਧਰ, ਪਿਸ਼ਾਬ ਨਾਲੀ ਦੀ ਲਾਗ, ਗੁਰਦੇ ਦੀ ਪੱਥਰੀਆਂ, ਡਾਇਲਿਸਿਸ ਨਾਲ ਸਬੰਧਤ ਚਿੰਤਾਵਾਂ, ਕਿਡਨੀ ਟ੍ਰਾਂਸਪਲਾਂਟ ਫਾਲੋ-ਅਪ ਅਤੇ ਬੇਕਾਬੂ ਸ਼ੂਗਰ ਨਾਲ ਜੁੜੇ ਗੁਰਦੇ ਦੀਆਂ ਪੇਚੀਦਗੀਆਂ ਸ਼ਾਮਲ ਹਨ।

ਸੀਈਓ-ਲਿਵਾਸਾ ਹਸਪਤਾਲ ਅਨੁਰਾਗ ਯਾਦਵ ਨੇ ਕਿਹਾ ਕਿ ਇਸ ਨੈਫਰੋਲੋਜੀ ਓਪੀਡੀ ਦੀ ਸ਼ੁਰੂਆਤ ਪੂਰੇ ਪੰਜਾਬ ਵਿੱਚ ਵਿਸ਼ੇਸ਼ ਸਿਹਤ ਸੰਭਾਲ ਨੂੰ ਪਹੁੰਚਯੋਗ ਬਣਾਉਣ ਦੇ ਸਾਡੇ ਮਿਸ਼ਨ ਵਿੱਚ ਇੱਕ ਹੋਰ ਮਹੱਤਵਪੂਰਨ ਕਦਮ ਹੈ। ਗੁਰਦੇ ਦੀਆਂ ਬਿਮਾਰੀਆਂ ਲਈ ਸਮੇਂ ਸਿਰ ਨਿਦਾਨ ਅਤੇ ਵਾਰ-ਵਾਰ ਫਾਲੋ-ਅਪ ਦੀ ਜ਼ਰੂਰਤ ਹੁੰਦੀ ਹੈ ਅਤੇ ਇਸ ਪਹਿਲਕਦਮੀ ਦੇ ਜ਼ਰੀਏ, ਸਾਡਾ ਉਦੇਸ਼ ਇਹ ਯਕੀਨੀ ਬਣਾਉਣਾ ਹੈ ਕਿ ਮਰੀਜ਼ਾਂ ਨੂੰ ਬਿਨਾਂ ਕਿਸੇ ਦੇਰੀ ਜਾਂ ਦੂਰੀ ਦੀਆਂ ਰੁਕਾਵਟਾਂ ਦੇ ਮਾਹਰ ਦੇਖਭਾਲ ਪ੍ਰਾਪਤ ਹੋਵੇ ਫੈਸਿਲਿਟੀ ਡਾਇਰੈਕਟਰ-ਲਿਵਾਸਾ ਹਸਪਤਾਲ ਅੰਮ੍ਰਿਤਸਰ, ਦਿਵਿਆ ਪ੍ਰਸ਼ਾਂਤ ਬਜਾਜ ਨੇ ਦੱਸਿਆ ਕਿ ਇਹ ਨੈਫਰੋਲੋਜੀ ਓਪੀਡੀ ਪਠਾਨਕੋਟ ਅਤੇ ਆਸ-ਪਾਸ ਦੇ ਖੇਤਰਾਂ ਵਿੱਚ ਮਰੀਜ਼ਾਂ ਨੂੰ ਇੱਕ ਜਾਣੀ-ਪਛਾਣੀ ਅਤੇ ਸੁਵਿਧਾਜਨਕ ਸਥਿਤੀ ਵਿੱਚ ਢਾਂਚਾਗਤ ਅਤੇ ਮਾਹਿਰ ਨੈਫਰੋਲੋਜੀ ਦੇਖਭਾਲ ਪ੍ਰਦਾਨ ਕਰਨ ਲਈ ਤਿਆਰ ਕੀਤੀ ਗਈ ਹੈ।

## ਪੁਲਸ ਥਾਣਾ ਡੇਰਾ ਬਾਬਾ ਨਾਨਕ ਨੇ ਬੜੀ ਸ਼ਰਧਾ ਤੇ ਧੂਮਧਾਮ ਨਾਲ ਮਨਾਈ ਲੋਹੜੀ



ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਪੁਲਸ ਜ਼ਿਲ੍ਹਾ ਬਟਾਲਾ ਅਧੀਨ ਆਉਂਦੇ ਪੁਲਸ ਥਾਣਾ ਡੇਰਾ ਬਾਬਾ ਨਾਨਕ ਵਿਖੇ 1947 ਤੋਂ ਬਾਅਦ ਪਹਿਲੀ ਵਾਰ ਐੱਸਐੱਚਓ ਅਸ਼ੋਕ ਕੁਮਾਰ ਸ਼ਰਮਾ ਦੀ ਅਗਵਾਈ ਹੇਠ ਪੁਲਸ ਮੁਲਾਜ਼ਮਾਂ ਵੱਲੋਂ ਲੋਹੜੀ ਦਾ ਤਿਉਹਾਰ ਬੜੀ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਪੁਲਸ ਥਾਣਾ ਕੰਪਲੈਕਸ ਦੇ ਅੰਦਰ ਪੁਲਸ ਮੁਲਾਜ਼ਮਾਂ ਵੱਲੋਂ ਮੂੰਗਫਲੀ, ਰਿਓੜੀਆਂ, ਗਚਕ ਤੇ ਮੱਕੀ ਦੇ ਦਾਣਿਆਂ ਦੀਆਂ ਅਹੂਤੀਆਂ ਅਗਨੀ ਤੇ ਪਾ ਕੇ ਬੜੀ ਸ਼ਰਧਾ ਨਾਲ ਮੱਥਾ ਟੇਕਣ ਉਪਰੰਤ ਆਪਣੇ ਪਰਿਵਾਰ, ਪੁਲਸ ਮਹਿਕਮੇ ਅਤੇ ਅਵਾਮ ਦੀ ਚੜ੍ਹਦੀ ਕਲਾ ਲਈ ਅਰਦਾਸ ਕੀਤੀ ਗਈ। ਇਸ ਮੌਕੇ ਪੁਲਸ ਮੁਲਾਜ਼ਮਾਂ ਵੱਲੋਂ ਲੋਹੜੀ ਦੀ ਖੁਸ਼ੀ ਵਿੱਚ ਭੰਗੜੇ ਪਾਏ ਗਏ ਅਤੇ ਆਪਸ ਵਿੱਚ ਗਿਫਟ ਦੇ ਕੇ ਆਪਸੀ ਭਾਈਚਾਰਕ ਸਾਂਝ ਬਣਾਈ ਰੱਖਦੇ ਹੋਏ ਇਸ ਤਿਉਹਾਰ ਨੂੰ ਬੜੇ ਉਤਸ਼ਾਹ ਤੇ ਸ਼ਰਧਾ ਨਾਲ ਮਨਾਇਆ ਗਿਆ। ਇਸ ਮੌਕੇ ਐੱਸਐੱਚਓ ਅਸ਼ੋਕ ਕੁਮਾਰ ਸ਼ਰਮਾ ਨੇ ਹਲਕੇ ਦੇ ਲੋਕਾਂ ਨੂੰ ਲੋਹੜੀ ਦੇ ਤਿਉਹਾਰ ਦੀ ਵਧਾਈ ਦਿੰਦਿਆਂ ਕਿਹਾ ਕਿ ਡੇਰਾ ਬਾਬਾ ਨਾਨਕ ਦੇ ਲੋਕਾਂ ਵੱਲੋਂ ਅੱਜ ਇਹ ਲੋਹੜੀ ਦਾ ਤਿਉਹਾਰ ਬਹੁਤ ਹੀ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਗਿਆ ਹੈ, ਉਨ੍ਹਾਂ ਕਿਹਾ ਕਿ ਸਾਨੂੰ ਸਾਰਿਆਂ ਨੂੰ ਅਜਿਹੇ ਤਿਉਹਾਰ ਆਪਸੀ ਭਾਈਚਾਰਕ ਸਾਂਝ ਨੂੰ ਕਾਇਮ ਰੱਖਦੇ ਹੋਏ ਸਾਂਝੇ ਤੌਰ ਤੇ ਮਨਾਉਣੇ ਚਾਹੀਦੇ ਹਨ।

ਇਸ ਮੌਕੇ ਸਬ-ਇੰਸਪੈਕਟਰ ਕੈਲਾਸ਼ ਚੰਦਰ ਸ਼ਰਮਾ, ਥਾਣੇਦਾਰ ਕਾਬਲ ਸਿੰਘ, ਥਾਣੇਦਾਰ ਸ਼ਰੀਫ ਮਸੀਹ, ਥਾਣੇਦਾਰ ਨਿਰਮਲ ਸਿੰਘ, ਹੌਲਦਾਰ ਸੁਖਜਿੰਦਰ ਸਿੰਘ, ਥਾਣੇਦਾਰ ਭੁਪਿੰਦਰ ਸਿੰਘ, ਗਗਨ ਸ਼ਰਮਾ, ਮੁਨਸ਼ੀ ਸੁਖਜਿੰਦਰ ਸਿੰਘ, ਪੰਜਾਬ ਹੋਮਗਾਰਡ ਸੁਖਦੇਵ ਸਿੰਘ, ਸਰਪੰਚ ਭੁਪਿੰਦਰ ਸਿੰਘ (ਭਿੰਦਾ) ਖੋਦੇਬੇਟ, ਡਰਾਈਵਰ ਹੌਲਦਾਰ ਅਵਤਾਰ ਸਿੰਘ ਤੋਂ ਇਲਾਵਾ ਹੋਰ ਪੁਲਸ ਮੁਲਾਜ਼ਮ ਵੀ ਹਾਜ਼ਰ ਸਨ।

## ਚਾਈਨਾ ਡੋਰ ਦੇ ਮੁਕੰਮਲ ਬਾਈਕਾਟ ਦਾ ਸੁਨੇਹਾ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਜਗਦੀਸ਼ ਕਮਲੇਸ਼)-ਭਾਰਤੀ ਜਨਤਾ ਪਾਰਟੀ ਹਲਕਾ ਉਤਰੀ ਤੋਂ ਭਾਜਪਾ ਨੇਤਾ ਅਕਸ਼ੈ ਸ਼ਰਮਾ ਨੇ ਲੋਹੜੀ ਦੇ ਤਿਉਹਾਰ ਮੌਕੇ ਰਵਾਇਤੀ ਡੋਰ ਨਾਲ ਪਤੰਗਬਾਜ਼ੀ ਕੀਤੀ। ਇਸ ਦੌਰਾਨ ਉਨ੍ਹਾਂ ਨੇ ਚਾਈਨਾ ਡੋਰ ਤੋਂ ਦੂਰ ਰਹਿਣ ਅਤੇ ਇਸਦਾ ਪੂਰੀ ਤਰ੍ਹਾਂ ਬਾਈਕਾਟ ਕਰਨ ਦਾ ਸੰਦੇਸ਼ ਦਿੱਤਾ।

ਡ੍ਰੈਗਨ ਪਤੰਗ ਉਡਾਉਂਦੇ ਹੋਏ ਅਕਸ਼ੈ ਸ਼ਰਮਾ ਨੇ ਕਿਹਾ ਕਿ ਪਤੰਗਬਾਜ਼ੀ ਨੌਜਵਾਨਾਂ ਦਾ ਸ਼ੌਕ ਹੈ, ਪਰ ਕਿਸੇ ਵੀ ਸ਼ੌਕ ਲਈ ਕਿਸੇ ਦੀ ਜਾਨ ਨਾਲ ਖੇਡਣਾ ਠੀਕ ਨਹੀਂ। ਇਸੇ ਲਈ ਉਨ੍ਹਾਂ ਨੇ ਰਵਾਇਤੀ ਡੋਰ ਨਾਲ ਪਤੰਗ ਉਡਾ ਕੇ ਇਹ ਸੰਦੇਸ਼ ਦਿੱਤਾ ਕਿ ਸ਼ੌਕ ਨੂੰ ਜ਼ਿੰਦਾ ਰੱਖੋ, ਪਰ ਕਿਸੇ ਨੂੰ ਨੁਕਸਾਨ ਨਾ ਪਹੁੰਚੇ। ਇਸ ਮੌਕੇ ਉਨ੍ਹਾਂ ਨੇ ਸਾਰਿਆਂ ਨੂੰ ਲੋਹੜੀ ਦੀਆਂ ਦਿਲੋਂ ਵਧਾਈਆਂ ਦਿੱਤੀਆਂ ਅਤੇ ਤਿਉਹਾਰ ਨੂੰ ਆਪਣੇ ਪਰਿਵਾਰ ਤੇ ਅਪਨਿਆਂ ਨਾਲ ਮਿਲਜੁਲ ਕੇ ਮਨਾਉਣ ਦੀ ਅਪੀਲ ਕੀਤੀ।

# ਵਿਦਿਆਰਥੀ ਨੇ ਸਟਾਰਟਅੱਪ ਪੰਜਾਬ ਕਨਕਲੇਵ 2026 'ਚ ਕੀਤਾ ਆਪਣੀਆਂ ਨਵੀਨਤਾਵਾਂ ਦਾ ਪ੍ਰਦਰਸ਼ਨ

**ਜਲੰਧਰ (ਸ਼ੈਲੀ ਐਲਬਰਟ)**

ਨਵੀਨਤਾ ਦੀ ਭਾਵਨਾ ਨੂੰ ਇੱਕ ਸ਼ਕਤੀਸ਼ਾਲੀ ਨਵਾਂ ਹੁਲਾਰਾ ਮਿਲਿਆ ਜਦੋਂ ਪੰਜਾਬ ਸਰਕਾਰ ਦੇ ਉਦਯੋਗ ਅਤੇ ਵਣਜ ਵਿਭਾਗ ਨੇ ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਦੇ ਸਹਿਯੋਗ ਨਾਲ 'ਸਟਾਰਟਅੱਪ ਪੰਜਾਬ ਕਨਕਲੇਵ 2026' ਦੀ ਮੇਜ਼ਬਾਨੀ ਕੀਤੀ। ਇਸ ਕਨਕਲੇਵ ਦਾ ਉਦਘਾਟਨ ਪੰਜਾਬ ਦੇ ਮਾਨਯੋਗ ਮੁੱਖ ਮੰਤਰੀ ਭਗਵੰਤ ਮਾਨ ਦੁਆਰਾ ਕੀਤਾ ਗਿਆ ਸੀ, ਅਤੇ ਇਹ ਉੱਦਮੀਆਂ ਦੀ ਅਗਲੀ ਪੀੜ੍ਹੀ ਨੂੰ ਪ੍ਰੇਰਿਤ ਕਰਨ, ਸਸ਼ਕਤ ਬਣਾਉਣ ਅਤੇ ਪਾਲਣ ਪੋਸ਼ਣ ਕਰਨ ਲਈ ਤਿਆਰ ਕੀਤਾ ਗਿਆ ਸੀ, ਜਿਸ ਨਾਲ ਪੰਜਾਬ ਦੇ ਨਵੀਨਤਾ ਅਗਵਾਈ ਵਾਲੇ ਆਰਥਿਕ ਵਿਕਾਸ ਦੇ ਕੇਂਦਰ ਵਜੋਂ ਉਭਰਨ ਦੇ ਰਣਨੀਤਕ ਦ੍ਰਿਸ਼ਟੀਕੋਣ ਨੂੰ ਮਜ਼ਬੂਤੀ ਮਿਲਦੀ ਹੈ।ਇਸ ਕਨਕਲੇਵ ਵਿੱਚ ਕਈ ਉੱਘੇ ਨੇਤਾ ਤੇ ਸੀਨੀਅਰ ਅਧਿਕਾਰੀ ਸ਼ਾਮਲ ਹੋਏ, ਜਿਨ੍ਹਾਂ ਵਿੱਚ ਸੰਜੀਵ ਅਰੋੜਾ, ਮਾਨਯੋਗ ਉਦਯੋਗ ਅਤੇ ਵਣਜ ਮੰਤਰੀ, ਪੰਜਾਬ, ਡਾ. ਅਸ਼ੋਕ ਕੁਮਾਰ ਮਿੱਤਲ, ਸੰਸਦ ਮੈਂਬਰ (ਰਾਜ ਸਭਾ) ਅਤੇ ਐੱਲ ਪੀ ਯੂ ਦੇ ਸੰਸਥਾਪਕ ਚਾਂਸਲਰ, ਰਾਜ ਕੁਮਾਰ ਚੱਬੇਵਾਲ, ਐਮਪੀ, ਹੁਸ਼ਿਆਰਪੁਰ; ਸਰਵਜੀਤ ਸਿੰਘ, ਵਿਸ਼ੇਸ਼ ਮੁੱਖ ਸਕੱਤਰ, ਖੇਡ ਅਤੇ ਯੁਵਾ ਸੇਵਾਵਾਂ, ਪੰਜਾਬ, ਡਾ. ਜਸਪਾਲ ਸਿੰਘ ਸੰਧੂ, ਵਾਈਸ ਚਾਂਸਲਰ, ਐਲਪੀਯੂ; ਕਰਨਲ ਡਾ. ਰਸ਼ਮੀ ਮਿੱਤਲ, ਪ੍ਰੋ-ਚਾਂਸਲਰ, ਐੱਲ ਪੀ ਯੂ, ਸੁਰਭੀ ਮਲਿਕ, ਆਈ ਏ ਐਸ, ਡਾਇਰੈਕਟਰ ਆਫ ਇੰਡਸਟਰੀ ਐਂਡ ਕਾਮਰਸ-ਕਮ-ਸਟੇਟ ਸਟਾਰਟਅੱਪ ਨੋਡਲ ਅਫਸਰ, ਸ਼ੈਲੇਂਦਰ ਤਿਆਗੀ, ਸੀਈਓ, ਨਿਊਰੋਨ/ਐੱਸ ਟੀ ਪੀ ਆਈ, ਅਮਿਤ ਕੁਮਾਰ ਪੰਚਾਲ, ਡੀ ਸੀ ਕਪੂਰਥਲਾ, ਅਤੇ ਗੌਰਵ ਤੂਰਾ, ਐੱਸ ਐੱਸ ਪੀ ਕਪੂਰਥਲਾ ਸ਼ਾਮਿਲ ਸਨ।ਇਸ ਸੰਮੇਲਨ ਨੇ ਲਗਭਗ 100 ਸਟਾਰਟਅੱਪ, ਇਨਕਿਊਬੇਟਰ, ਨਿਵੇਸ਼ਕ, ਉਦਯੋਗ ਨੇਤਾ, ਅਕਾਦਮਿਕ ਨੇਤਾ, ਨੀਤੀ ਨਿਰਮਾਤਾ ਅਤੇ ਈਕੋਸਿਸਟਮ ਭਾਈਵਾਲਾਂ ਨੂੰ ਇਕੱਠਾ ਕੀਤਾ, ਜਿਸ ਨਾਲ ਸਹਿਯੋਗ ਤੇ ਵਿਚਾਰਾਂ ਦੇ ਆਦਾਨ-ਪ੍ਰਦਾਨ ਲਈ ਇੱਕ ਪਲੇਟਫਾਰਮ ਬਣਾਇਆ ਗਿਆ।ਐੱਲ ਪੀ ਯੂ ਇਸ ਕਨਕਲੇਵ ਵਿੱਚ ਇੱਕ ਮੁੱਖ ਯੋਗਦਾਨ ਪਾਉਣ ਵਾਲੇ ਵਜੋਂ ਉਭਰਿਆ, ਇਸ ਦੇ ਵਿਦਿਆਰਥੀਆਂ ਨੇ 15 ਤੋਂ ਵੱਧ ਨਵੀਨਤਾਕਾਰੀ ਸਟਾਰਟਅੱਪ ਪੇਸ਼ ਕੀਤੇ, ਜੋ ਕਿ ਯੂਨੀਵਰਸਿਟੀ ਦੇ ਅਨੁਭਵੀ ਸਿੱਖਿਆ ਅਤੇ ਉਦਯੋਗ ਸਿਰਜਣ 'ਤੇ ਜ਼ੋਰ ਦੇਣ ਨੂੰ ਦਰਸਾਉਂਦਾ ਹੈ। ਨੌਜਵਾਨ ਨਵੀਨਤਾਕਾਰਾਂ ਨੂੰ ਸੰਬੋਧਨ ਕਰਦੇ ਹੋਏ, ਪੰਜਾਬ ਦੇ ਮਾਨਯੋਗ ਮੁੱਖ ਮੰਤਰੀ, ਭਗਵੰਤ ਮਾਨ ਨੇ ਕਿਹਾ ਕਿ ਪੰਜਾਬੀ ਕੁਦਰਤੀ ਉੱਦਮੀ ਅਤੇ ਨਵੀਨਤਾਕਾਰੀ ਹਨ, ਅਤੇ ਅੱਗੇ ਕਿਹਾ ਕਿ ਰਾਜ ਨਵੀਨਤਾਕਾਰੀ ਅਤੇ ਪ੍ਰਭਾਵ-ਅਧਾਰਤ ਵਿਚਾਰਾਂ ਲਈ ਨੀਤੀ ਸਹਾਇਤਾ ਅਤੇ ਵਿੱਤੀ ਸਹਾਇਤਾ ਦੋਵੇਂ ਪ੍ਰਦਾਨ ਕਰਦਾ ਹੈ। ਇਸ ਮੌਕੇ 'ਤੇ, ਅੱਠ ਸਟਾਰਟਅੱਪਾਂ ਨੂੰ ਪ੍ਰੋਤਸਾਹਨ ਚੈੱਕ ਵੰਡੇ ਗਏ, ਜਿਨ੍ਹਾਂ ਵਿੱਚੋਂ ਸੱਤ ਨੂੰ ?3 ਲੱਖ ਦੀ ਸੀਡ ਗ੍ਰਾਂਟ ਮਿਲੀ ਅਤੇ ਇੱਕ ਨੂੰ 1.20 ਲੱਖ ਲੀਜ਼ ਰੈਂਟਲ ਸਹਾਇਤਾ ਵਜੋਂ ਮਿਲੀ।ਇਸ ਮੌਕੇ 'ਤੇ ਬੋਲਦੇ ਹੋਏ, ਡਾ. ਅਸ਼ੋਕ ਕੁਮਾਰ ਮਿੱਤਲ, ਸੰਸਦ ਮੈਂਬਰ (ਰਾਜ ਸਭਾ) ਅਤੇ ਐੱਲ ਪੀ ਯੂ ਦੇ ਸੰਸਥਾਪਕ ਚਾਂਸਲਰ, ਨੇ ਕਿਹਾ ਕਿ ਉਦਯੋਗ ਤੇ ਨਵੀਨਤਾ ਐੱਲ ਪੀ ਯੂ ਦੇ ਅਕਾਦਮਿਕ ਅਤੇ ਸੰਸਥਾਗਤ ਦਰਸ਼ਨ ਦਾ ਇੱਕ ਮੁੱਖ ਥੰਮ੍ਹ ਹਨ।



# ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ 'ਚ ਲੋਹੜੀ ਦਾ ਤਿਉਹਾਰ ਮਨਾਇਆ



**ਸੁਲਤਾਨਪੁਰ, (ਹਨੀ)**-ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਸੁਲਤਾਨਪੁਰ ਲੋਧੀ ਵਿਖੇ ਪ੍ਰਿੰਸੀਪਲ ਰੇਨੂੰ ਅਰੋੜਾ ਦੀ ਅਗਵਾਈ ਵਿੱਚ ਆਨਲਾਈਨ ਲੋਹੜੀ ਦਾ ਤਿਉਹਾਰ ਮਨਾਇਆ ਗਿਆ। ਸਕੂਲ ਦੇ ਵਿਦਿਆਰਥੀਆਂ ਨੇ ਆਪਣੀਆਂ ਆਨਲਾਈਨ ਕਲਾਸਾਂ ਦੌਰਾਨ ਲੋਹੜੀ ਦੇ ਤਿਉਹਾਰ ਨਾਲ ਸਬੰਧਤ ਪੋਸਟਰ ਮੇਕਿੰਗ ਅਤੇ ਬਹੁਤ ਹੀ ਸੁੰਦਰ ਗ੍ਰੀਟਿੰਗ ਕਾਰਡਸ ਦੁਆਰਾ ਲੋਹੜੀ ਦੇ ਤਿਉਹਾਰ ਨੂੰ ਦਰਸਾਇਆ । ਸਕੂਲ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਬੀਬੀ ਗੁਰਪ੍ਰੀਤ ਕੌਰ ਮੈਂਬਰ ਸ਼੍ਰੋਮਣੀ ਕਮੇਟੀ, ਇੰਜੀਨੀਅਰ ਸਵਰਨ ਸਿੰਘ ਪ੍ਰਧਾਨ ਗੁਰੂ ਨਾਨਕ ਖਾਲਸਾ ਕਾਲਜ ਸੁਲਤਾਨਪੁਰ ਲੋਧੀ, ਸਕੂਲ ਡਾਇਰੈਕਟਰ ਇੰਜੀਨੀਅਰ ਹਰਨਿਆਮਤ ਕੌਰ, ਪ੍ਰਸ਼ਾਸ਼ਕ ਇੰਜੀਨੀਅਰ ਨਿਮਰਤਾ ਕੌਰ ਤੇ ਪ੍ਰਿੰਸੀਪਲ ਰੇਨੂੰ ਅਰੋੜਾ ਨੇ ਸਮੂਹ ਸਟਾਫ ਅਤੇ ਵਿਦਿਆਰਥੀਆਂ ਨੂੰ ਲੋਹੜੀ ਦੀਆਂ ਵਧਾਈਆਂ ਦਿੱਤੀਆਂ ਗਈਆਂ।

# ਵਾਹਨਾਂ ਦੀ ਟੱਕਰ, ਇੱਕ ਗੰਭੀਰ ਜ਼ਖਮੀ

**ਬਲਾਚੌਰ (ਜਸਵਿੰਦਰ ਬੈਂਸ)**

ਸ਼ਹੀਦ ਭਗਤ ਸਿੰਘ ਨਗਰ ਦੀ ਸਬ ਡਿਵੀਜ਼ਨ ਬਲਾਚੌਰ ਦੇ ਰੋਪੜ-ਬਲਾਚੌਰ ਮੁੱਖ ਮਾਰਗ 'ਤੇ ਪਿੰਡ ਸੁੱਧੇ ਮਜਾਰੇ ਦੇ ਕੱਟ ਨੇੜੇ ਇੱਕ ਭਿਆਨਕ ਸੜਕ ਹਾਦਸਾ ਵਾਪਰਨ ਦਾ ਸਮਾਚਾਰ ਪ੍ਰਾਪਤ ਹੋਇਆ ਹੈ। ਇਸ ਹਾਦਸੇ ਵਿੱਚ ਇੱਕ ਆਲਟੋ ਕਾਰ, ਸਕੂਟੀ ਅਤੇ ਮਾਰੂਤੀ ਕਾਰ ਦੀ ਆਪਸੀ ਟੱਕਰ ਹੋ ਗਈ, ਜਿਸ ਵਿੱਚ ਇੱਕ ਵਿਅਕਤੀ ਜ਼ਖ਼ਮੀ ਹੋ ਗਿਆ। ?ਜਾਣਕਾਰੀ ਅਨੁਸਾਰ, ਇੱਕ ਆਲਟੋ ਗੱਡੀ, ਜਿਸ ਨੂੰ ਮਨੀਸ਼ ਕੁਮਾਰ ਪੁੱਤਰ ਅਵਤਾਰ ਚੰਦ (ਨਿਵਾਸੀ ਭਰਥਲਾ) ਚਲਾ ਰਿਹਾ ਸੀ, ਰੋਪੜ ਤੋਂ ਬਲਾਚੌਰ ਵੱਲ ਜਾ ਰਹੀ ਸੀ। ਜਦੋਂ ਇਹ ਗੱਡੀ ਸੁੱਧੇ ਮਜਾਰੇ ਕੱਟ ਕੋਲ ਪਹੁੰਚੀ, ਤਾਂ ਅਚਾਨਕ ਇੱਕ ਸਕੂਟੀ, ਜਿਸ ਨੂੰ ਰਜਿੰਦਰ ਸਿੰਘ ਪੁੱਤਰ ਮੇਵਾ ਸਿੰਘ ਚਲਾ ਰਿਹਾ ਸੀ, ਸੜਕ ਪਾਰ ਕਰਦੇ ਸਮੇਂ ਆਲਟੋ ਦੇ ਅੱਗੇ ਆ ਗਈ। ?ਸਕੂਟੀ ਨਾਲ ਟਕਰਾਉਣ ਤੋਂ ਬਾਅਦ ਆਲਟੋ ਗੱਡੀ ਬੇਕਾਬੂ ਹੋ ਕੇ ਸਾਈਡ 'ਤੇ ਜਾ ਰਹੀ ਇੱਕ ਹੋਰ ਮਾਰੂਤੀ ਗੱਡੀ ਨਾਲ ਜਾ ਟਕਰਾਈ। ਇਸ ਜ਼ੋਰਦਾਰ ਟੱਕਰ ਕਾਰਨ ਆਲਟੋ ਵਿੱਚ ਸਵਾਰ ਪਰਮਜੀਤ ਸਿੰਘ ਪੁੱਤਰ ਰਾਮਪਾਲ ਸਿੰਘ ਗੰਭੀਰ ਰੂਪ ਵਿੱਚ ਜ਼ਖ਼ਮੀ ਹੋ ਗਿਆ। ?ਘਟਨਾ ਦੀ ਸੂਚਨਾ ਮਿਲਦੇ ਹੀ ਸੜਕ ਸੁਰੱਖਿਆ ਫੋਰਸ ਦੀ ਟੀਮ ਤੁਰੰਤ ਮੌਕੇ 'ਤੇ ਪਹੁੰਚੀ। ਟੀਮ ਨੇ ਐੱਨ ਐੱਚ ਏ ਆਈ ਦੀ ਐਂਬੂਲੈਂਸ ਦੀ ਮਦਦ ਨਾਲ ਜ਼ਖ਼ਮੀ ਪਰਮਜੀਤ ਸਿੰਘ ਨੂੰ ਹਸਪਤਾਲ ਪਹੁੰਚਾਇਆ, ? ਸੜਕ ਸੁਰੱਖਿਆ ਫੋਰਸ ਟੀਮ ਨੇ ਮੁਸਤੈਦੀ ਦਿਖਾਉਂਦੇ ਹੋਏ ਰੋਡ ਕਲੀਅਰ ਕਰਵਾਇਆ ਅਤੇ ਟ੍ਰੈਫਿਕ ਨੂੰ ਮੁੜ ਸੁਚਾਰੂ ਢੰਗ ਨਾਲ ਚਾਲੂ ਕੀਤਾ। ਹਾਦਸੇ ਦੀ ਜਾਣਕਾਰੀ ਤੁਰੰਤ ਕੰਟਰੋਲ ਰੂਮ ਅਤੇ ਥਾਣਾ ਕਾਠਗੜ੍ਹ ਨੂੰ ਦੇ ਦਿੱਤੀ ਗਈ ਹੈ ਤਾਂ ਜੋ ਅਗਲੇਰੀ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ ਜਾ ਸਕੇ।



# ਹੜ੍ਹ ਪ੍ਰਭਾਵਤ ਕਿਸਾਨਾਂ ਦੀ ਸਹਾਇਤਾ



**ਮੋਹਟੀਆਣਾ (ਜਗਤਾਰ ਸਿੰਘ ਭੁੰਗਰਨੀ)**

ਕਿਸਾਨ ਕਮੇਟੀ ਦੋਆਬਾ ਪੰਜਾਬ ਹੜ੍ਹ ਪ੍ਰਭਾਵਿਤ ਕਿਸਾਨਾਂ ਸਹਾਇਤਾ ਕੀਤੀ ਗਈ। ਇਸ ਮੌਕੇ ਕਿਸਾਨ ਕਮੇਟੀ ਦੋਆਬਾ ਪੰਜਾਬ ਦੇ ਪ੍ਰਧਾਨ ਸਤਵੀਰ ਸਿੰਘ ਦਿਹਾਨਾ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਹੜ੍ਹ ਪੀੜਤ ਕਿਸਾਨਾਂ ਦੀ ਪਿਛਲੇ ਤਿੰਨ ਚਾਰ ਮਹੀਨਿਆਂ ਤੋਂ ਸਹਾਇਤਾ ਕੀਤੀ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ 2 ਲੱਖ ਰੁਪਏ ਦਾਂ ਡੀਜ਼ਲ ਦੀ ਸੇਵਾ ਪਿੰਡ ਪੱਲਾ ਮੇਗਾ ਜ਼ਿਲ੍ਹਾ ਫਿਰੋਜ਼ਪੁਰ ਦੇ ਵੱਖ-ਵੱਖ ਕਿਸਾਨਾਂ ਨੂੰ ਦਿੱਤਾ ਗਿਆ। ਜਿਨਾਂ ਦੀ ਜਮੀਨ ਹੜ ਵਿੱਚ ਖਰਾਬ ਹੋ ਗਈ ਸੀ। ਉਨ੍ਹਾਂ ਦੱਸਿਆ ਕਿ 2 ਲੱਖ ਦਾ ਡੀਜ਼ਲ ਟਰੈਕਟਰਾਂ ਵਿੱਚ ਪਾ ਕੇ ਪਿੰਡ ਫਤਿਹਗੜ੍ਹ ਸਭਰਾ ਜ਼ਿਲਾ ਫਿਰੋਜ਼ਪੁਰ ਦੀ ਤਕਰੀਬਨ 250 ਏਕੜ ਖੇਤਾਂ ਨੂੰ ਪੱਧਰਾਂ ਕੀਤਾ ਗਿਆ ਤੇ ਕਣਕ ਦੀ ਬਜਾਈ ਕੀਤੀ ਗਈ।ਇਹ ਪਿੰਡ ਕਿਸਾਨ ਕਮੇਟੀ ਦੁਆਬਾ ਵੱਲੋਂ ਗੋਦ ਲਿਆ ਗਿਆ ਸੀ। ਉਨ੍ਹਾਂ ਦੱਸਿਆ ਕਿ 87000 ਰੁਪਏ ਦੀ ਇੱਕ ਗਰੀਬ ਕਿਸਾਨ ਨੂੰ ਪਿੰਡ ਫਤਿਹਗੜ੍ਹ ਸਭਰਾ ਵਿਖੇ ਤਾਜੀ ਸੂਈ ਹੋਈ ਮੱਝ ਲੈ ਕੇ ਦਿੱਤੀ ਗਈ ਜਿਸ ਕਿਸਾਨ ਦੀ ਨੌਂ ਏਕੜ ਜਮੀਨ ਦਰਿਆ ਵਿੱਚ ਹੜ ਗਈ ਸੀ। ਇਸ ਮੌਕੇ 21000 ਸ਼ਗਨ ਗਰੀਬ ਲੜਕੀ ਦੇ ਵਿਆਹ ਪਿੰਡ ਪੱਲਾ ਮੇਗਾ ਜ਼ਿਲਾ ਫਿਰੋਜ਼ਪੁਰ ਦਿੱਤਾ ਗਿਆ ਇਨ੍ਹਾਂ ਦਿਨਾਂ ਦੇ ਵਿੱਚ ਹੜ ਦੇ ਨਾਲ ਬਹੁਤ ਨੁਕਸਾਨ ਹੋਇਆ ਸੀ।ਜਿਸ ਸਮੇਂ ਹੜ ਆਇਆ ਹੋਇਆ ਸੀ ਉਸ ਟਾਈਮ ਹਰੇ ਚਾਰੇ ਦੀਆਂ ਟਰਾਲੀਆਂ ਲੋੜਵੰਦਾਂ ਦੇ ਕੋਲ ਪਹੁੰਚਦੀਆਂ ਕੀਤੀਆਂ ਗਈਆਂ।ਹੜ੍ਹ ਦੌਰਾਨ ਫਿਰੋਜ਼ਪੁਰ ਜ਼ਿਲ੍ਹੇ ਦੇ ਵੱਖ-ਵੱਖ ਪਿੰਡਾਂ ਦੇ ਵਿੱਚ ਤਕਰੀਬਨ ਡੇਢ ਲੱਖ ਰੁਪਏ ਦਾ ਸਮਾਨ ਜਿਵੇਂ ਕਿ ਖਲ ਦੀਆਂ ਬੋਰੀਆਂ, ਪਾਣੀ ਦੀਆਂ ਬੋਤਲਾਂ, ਦਵਾਈਆਂ,ਰਾਸ਼ਨ ਅਤੇ ਹੋਰ ਲੋੜੀਂਦਾ ਸਮਾਨ ਫਿਰੋਜ਼ਪੁਰ ਦੇ ਵੱਖ ਵੱਖ ਪਿੰਡਾਂ ਦੇ ਵਿੱਚ ਪਹੁੰਚਾਇਆ ਗਿਆ।

# ਸ਼ੋਭਾ ਯਾਤਰਾ ਦੇ ਸੰਬੰਧ 'ਚ ਮੀਟਿੰਗ



**ਆਦਮਪੁਰ , (ਪਰਮਜੀਤ ਸਿੰਘ)**

ਧੰਨ ਧੰਨ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਜੀ ਦੇ 649ਵਾਂ ਗੁਰਪੁਰਬ ਨੂੰ ਸਮਰਪਿਤ ਮਹਾਨ ਸ਼ੋਭਾ ਯਾਤਰਾ ਦੇ ਸੰਬੰਧ 'ਚ ਮੀਟਿੰਗ ਕੀਤੀ ਗਈ। ਜਾਣਕਾਰੀ ਦਿੰਦਿਆਂ ਪ੍ਰਧਾਨ ਗੌਰਵ ਝੱਲੀ ਨੇ ਦੱਸਿਆ ਕਿ ਡੇਰਾ ਸੱਚ ਖੰਡ ਬੱਲਾਂ ਦੇ ਮਜੂਦਾ ਗੱਦੀ ਨਸ਼ੀਨ ਸ੍ਰੀ 108 ਸੰਤ ਨਿਰੰਜਨ ਦਾਸ ਜੀ ਮਹਾਰਾਜ ਜੀ ਦੀ ਆਗਿਆ ਨਾਲ ਮਿਤੀ 27 ਜਨਵਰੀ ਦਿਨ ਮੰਗਲਵਾਰ ਨੂੰ ਸ਼ੋਭਾ ਯਾਤਰਾ ਅੰਮ੍ਰਿਤਬਾਣੀ ਸ੍ਰੀ ਗੁਰੂ ਰਵਿਦਾਸ ਜੀ ਦੀ ਸਰਪ੍ਰਸਤ ਹੇਠ ਸਜਾਈ ਜਾਵੇਗੀ ਜੋ ਕਿ ਮੁਹੱਲਾ ਗਾਜ਼ੀਪੁਰ ਤੋਂ ਅਰੰਭ ਹੋ ਕੇ ਜੱਟਾ ਮੁਹੱਲਾ, ਸੰਗਰਾ ਮੁਹੱਲਾ, ਘੰਟਾ ਘਰ, ਖੁਰਦਪੁਰ ਫਤਿਹ ਪੁਰ ਰਾਮ ਨਗਰ ਐਮ ਸੀ. ਐਸ ਰੋਡ ਜਵਾਹਰ ਨਗਰ ਰੇਲਵੇ ਰੋਡ ਜਤਿੰਦਰ ਪੈਲੇਸ ਬੱਸ ਸਟੈਂਡ ਆਦਮਪੁਰ ਹੁੰਦੀ ਹੋਈ ਸ਼ੋਭਾ ਯਾਤਰਾ ਵਾਪਿਸ ਗਾਜੀਪੁਰ ਵਿਖੇ ਸਮਾਪਤੀ ਹੋਵੇਗੀ। ਇਸ ਮੌਕੇ ਵਾਈਸ ਪ੍ਰਧਾਨ ਪਵਨ ਕੁਮਾਰ ਬੰਗੜ, ਸੈਕਟਰੀ ਤਰਲੋਚਨ, ਕੈਸ਼ੀਅਰ ਪ੍ਰਭਦਿਆਲ , ਗੁਰਪ੍ਰੀਤ ਲੰਬੜ, ਰਣਜੀਤ ਸਿੰਘ, ਸੋਹਣ ਲਾਲ ਜੱਸੀ ਆਦਮਪੁਰ, ਚੰਚਲ ਸਿੰਘ ਆਦਮਪੁਰ, ਰਾਮਪਾਲ ਆਦਮਪੁਰ, ਧੀਰ ਸਾਬ ਆਦਮਪੁਰ, ਰਾਮਪਾਲ ਰੰਗੜੀਆ ਮੁਹੱਲਾ ,ਬੀਬੀ ਰੇਸ਼ਮ ਕੌਰ, ਬੀਬੀ ਗੁਰਦੇਵ ਕੌਰ, ਵਿਸ਼ਾਲ ਗਾਦਰਾ, ਰੋਹਿਤ, ਸਮਰ, ਸੰਜੂ ਅਤੇ ਹੋਰ ਵੀ ਸੰਗਤਾਂ ਹਾਜ਼ਰ ਸਨ।

# ਮੱਛੀ ਪਾਲਕਾਂ ਨੂੰ ਮਾਰਕਿਟ ਮੁਹੱਈਆ ਕਰਵਾਉਣ ਦੀ ਕਾਰਜ ਯੋਜਨਾ ਤਿਆਰ ਕਰਨ : ਰਾਣਾ

**ਚੰਡੀਗੜ੍ਹ, (ਕ੍ਰਿਸ਼ਨ ਗਰਗ)**-ਹਰਿਆਣਾ ਦੇ ਖੇਤੀਬਾੜੀ ਅਤੇ ਕਿਸਾਨ ਭਲਾਈ ਅਤੇ ਮੱਛੀ ਪਾਲਨ ਮੰਤਰੀ ਸ਼ਿਆਮ ਸਿੰਘ ਰਾਣਾ ਨੇ ਕਿਹਾ ਕਿ ਰਾਜ ਦੇ ਮੱਛੀ ਪਾਲਕਾਂ ਨੂੰ ਆਪਣੀ ਮੱਛੀ ਵੇਚਣ ਵਾਲਿਆਂ ਲਈ ਉਨ੍ਹਾਂ ਦੇ ਨੇੜੇ ਮਾਰਕਿਟ ਮੁਹੱਈਆ ਕਰਵਾਉਣ ਦੀ ਕਾਰਜ ਯੋਜਨਾ ਤਿਆਰ ਕਰਨ ਤਾਂ ਜੋ ਉਨ੍ਹਾਂ ਨੂੰ ਦੂਰ ਦਰਾਜ ਦੇ ਖੇਤਰ ਵਿੱਚ ਵਿਕਰੀ ਲਈ ਨਾ ਜਾਣਾ ਪਵੇ।ਰਾਣਾ ਇੱਥੇ ਆਪਣੇ ਦਫ਼ਤਰ ਵਿੱਚ ਮੱਛੀ ਪਾਲਨ ਵਿਭਾਗ ਦੇ ਉੱਚ ਅਧਿਕਾਰੀਆਂ ਨਾਲ ਬਜਟ-ਪਹਿਲਾਂ ਕੰਸਲਟੇਸ਼ਨ ਮੀਟਿੰਗ ਵਿੱਚ ਚਰਚਾ ਕਰ ਰਹੇ ਸਨ। ਇਸ ਮੌਕੇ 'ਤੇ ਵਿਭਾਗ ਦੇ ਵਧੀਕ ਮੁੱਖ ਸਕੱਤਰ ਰਾਜਾ ਸ਼ੇਖਰ ਵੁੰਡਰੂ ਤੋਂ ਇਲਾਵਾ ਹੋਰ ਅਧਿਕਾਰੀ ਮੌਜੂਦ ਸਨ।ਮੱਛੀ ਪਾਲਨ ਮੰਤਰੀ ਨੇ ਪਿਛਲੇ ਸਾਲ ਦੇ ਬਜਟ ਦੌਰਾਨ ਮੱਛੀ ਪਾਲਨ ਵਿਭਾਗ ਨੂੰ ਅਲਾਟ ਕੀਤੇ ਗਏ ਬਜਟ ਦੇ ਉਪਯੋਗ ਬਾਰੇ ਪੁੱਛਿਆ ਅਤੇ ਵੱਖ ਵੱਖ ਯੋਜਨਾਵਾਂ ਲਈ ਆਗਾਮੀ ਬਜਟ ਲਈ ਧਨ ਦੀ ਡਿਮਾਂਡ ਕਰਨ ਦੀ ਰੂਪਰੇਖਾ ਬਨਾਉਣ ਦੇ ਨਿਰਦੇਸ਼ ਦਿੱਤੇ।

# ਸ੍ਰੀ ਗੁਰੂ ਰਵਿਦਾਸ ਦਾ ਪ੍ਰਕਾਸ਼ ਉਤਸਵ 1 ਨੂੰ



**ਟਾਂਡਾ ਉੜਮੁੜ, (ਜਸਵਿੰਦਰ ਸੰਧੂ, ਓਂਕਾਰ ਸਿੰਘ)**

ਸਤਿਗੁਰ ਰਵਿਦਾਸ ਮਹਾਰਾਜ ਜੀ ਦਾ 649ਵਾਂ ਪ੍ਰਕਾਸ਼ ਉਤਸਵ ਪਿੰਡ ਸਹੋਤਾ ਵਿਖੇ 1 ਫਰਵਰੀ ਨੂੰ ਸ਼ਰਧਾ, ਸਤਿਕਾਰ ਸੇਵਾ ਭਾਵਨਾ ਤੇ ਸ਼ਾਨੋ ਸ਼ੌਕਤ ਨਾਲ ਮਨਾਇਆ ਜਾਵੇਗਾ। ਇਸ ਸਬੰਧੀ ਗੁਰਦੁਆਰਾ ਪ੍ਰਬੰਧਕ ਕਮੇਟੀ ਤੇ ਨਗਰ ਦੇ ਸਮੂਹ ਸੇਵਾਦਾਰਾਂ ਦੀ ਹੋਈ ਮੀਟਿੰਗ ਦੌਰਾਨ ਜਿੱਥੇ ਸਭ ਤੋਂ ਪਹਿਲਾਂ ਮਾਘ ਮਹੀਨੇ ਦੀ ਸੰਗਰਾਂਦ ਦਾ ਦਿਹਾੜਾ ਮਨਾਉਂਦੇ ਹੋਏ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਗਈ ਉੱਥੇ ਹੀ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਪ੍ਰਕਾਸ਼ ਉਤਸਵ ਸਬੰਧੀ ਵੀ ਵਿਸਥਾਰ ਪੂਰਵਕ ਵਿਚਾਰ ਵਟਾਂਦਰਾ ਕੀਤਾ ਗਿਆ।ਮੀਟਿੰਗ ਉਪਰੰਤ ਪ੍ਰਕਾਸ਼ ਉਤਸਵ ਦੇ ਸਮਾਗਮ ਸਬੰਧੀ ਜਾਣਕਾਰੀ ਦਿੰਦੇ ਹੋਏ ਪ੍ਰਧਾਨ ਗੁਰਬਚਨ ਸਿੰਘ, ਸਕੱਤਰ ਡਾ.ਕਰਨੈਲ ਸਿੰਘ ਸੋਹੀਆਂ, ਸਤਪਾਲ ਸਿੰਘ, ਜਥੇਦਾਰ ਜਰਨੈਲ ਸਿੰਘ, ਪ੍ਰਿੰਸੀਪਲ ਸੁੱਚਾ ਸਿੰਘ, ਚੈਂਚਲ ਸਿੰਘ, ਸੋਢੀ ਸਿੰਘ,ਰਣਜੀਤ ਸਿੰਘ,ਨਿਰਮਲ ਸਿੰਘ, ਦਵਿੰਦਰ ਸਿੰਘ,ਡਾ. ਜਸਵੀਰ ਸਿੰਘ ਨੇ ਦੱਸਿਆ ਕਿ ਪ੍ਰਕਾਸ਼ ਉਤਸਵ ਨੂੰ ਮੁੱਖ ਰੱਖਦੇ ਹੋਏ ਗੁਰਦੁਆਰਾ ਸਾਹਿਬ ਵਿਖੇ 25 ਜਨਵਰੀ ਤੋਂ ਅੰਮ੍ਰਿਤ ਵੇਲੇ ਪ੍ਰਭਾਤ ਫੇਰੀਆਂ ਦੀ ਆਰੰਭਤਾ ਕੀਤੀ ਜਾਵੇਗੀ ਜੋ 29 ਜਨਵਰੀ ਨੂੰ ਸਮਾਪਤ ਹੋਣਗੀਆਂ। ਇਸ ਤੋਂ ਇਲਾਵਾ ਗੁਰਦੁਆਰਾ ਸਾਹਿਬ ਵਿਖੇ 30 ਜਨਵਰੀ ਨੂੰ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਕੀਤੇ ਜਾਣਗੇ ਜਿਨਾਂ ਦੇ ਭੋਗ 1 ਫਰਵਰੀ ਨੂੰ ਪਾਉਣ ਉਪਰੰਤ ਕੀਰਤਨ ਦਰਬਾਰ ਸਜਾਏ ਜਾਣਗੇ ਜਿਸ ਵਿੱਚ ਰਾਗੀ ਢਾਡੀ ਜਥੇ ਪਹੁੰਚ ਕਰਕੇ ਸਤਿਗੁਰੂ ਰਵਿਦਾਸ ਮਹਾਰਾਜ ਦੀ ਮਹਿਮਾ ਦਾ ਗੁਣਗਾਨ ਕਰਨਗੇ।

# 'ਸਾਡੇ ਬਜ਼ੁਰਗ, ਸਾਡਾ ਮਾਣ' ਮੁਹਿੰਮ ਭਲਕ ਤੋਂ : ਡਾ. ਬਲਜੀਤ ਕੌਰ

**ਚੰਡੀਗੜ੍ਹ, (ਗੁਰਜੀਤ ਬਿੱਲਾ)**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ 16 ਜਨਵਰੀ ਨੂੰ ਜ਼ਿਲ੍ਹਾ ਐਸ.ਏ.ਐਸ. ਨਗਰ (ਮੁਹਾਲੀ) ਤੋਂ 'ਸਾਡੇ ਬਜ਼ੁਰਗ, ਸਾਡਾ ਮਾਣ' ਰਾਜ ਪੱਧਰੀ ਮੁਹਿੰਮ ਦੀ ਰਸਮੀ ਸ਼ੁਰੂਆਤ ਕਰਨ ਜਾ ਰਹੀ ਹੈ, ਜਿਸ ਦਾ ਉਦੇਸ਼ ਬਿਰਧ ਨਾਗਰਿਕਾਂ ਦੀ ਭਲਾਈ, ਸੁਰੱਖਿਆ ਅਤੇ ਸਨਮਾਨਜਨਕ ਜੀਵਨ ਨੂੰ ਯਕੀਨੀ ਬਣਾਉਣਾ ਹੈ। ਜਨਤਕ ਹਿੱਤ ਵਿੱਚ ਅਗਾਊਂ ਜਾਣਕਾਰੀ ਦਿੰਦਿਆਂ ਪੰਜਾਬ ਸਰਕਾਰ ਨੇ ਕਿਹਾ ਕਿ ਇਸ ਪਹਿਲਕਦਮੀ ਦਾ ਉਦੇਸ਼ ਸੂਬੇ ਭਰ ਦੇ ਬਜ਼ੁਰਗ ਨਾਗਰਿਕਾਂ ਦੀ ਵੱਧ ਤੋਂ ਵੱਧ ਭਾਗੀਦਾਰੀ ਨੂੰ ਯਕੀਨੀ ਬਣਾਉਣਾ ਹੈ।ਮੁਹਿੰਮ ਦੇ ਵੇਰਵੇ ਸਾਂਝੇ ਕਰਦਿਆਂ ਪੰਜਾਬ ਦੀ ਸਮਾਜਿਕ ਸੁਰੱਖਿਆ, ਮਹਿਲਾ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਕਿਹਾ ਕਿ ਸਾਡੇ ਬਜ਼ੁਰਗ, ਸਾਡਾ ਮਾਣ ਮੁਹਿੰਮ ਦਾ ਮੁੱਖ ਉਦੇਸ਼ ਸੀਨੀਅਰ ਨਾਗਰਿਕਾਂ ਨੂੰ ਜ਼ਰੂਰੀ ਸਿਹਤ ਸੇਵਾਵਾਂ, ਕਾਨੂੰਨੀ ਜਾਗਰੂਕਤਾ ਅਤੇ ਸਰਕਾਰੀ ਭਲਾਈ ਸਕੀਮਾਂ ਨਾਲ ਜੋੜਨਾ ਹੈ ਤਾਂ ਜੋ ਉਹ ਇੱਕ ਸੁਰੱਖਿਅਤ ਅਤੇ ਸਨਮਾਨਜਨਕ ਜੀਵਨ ਬਤੀਤ ਕਰ ਸਕਣ।

# ਡਿਪਟੀ ਸਪੀਕਰ ਨੇ ਮਾਘੀ ਮੇਲੇ ਲਈ ਵਿਸ਼ੇਸ਼ ਬੱਸਾਂ ਕੀਤੀਆਂ ਰਵਾਨਾ




**ਹੁਸ਼ਿਆਰਪੁਰ, ਜੈਜੋਂ ਦੋਆਬਾ, (ਓ ਪੀ ਰਾਣਾ, ਨਿਰਮਲ ਸਿੰਘ ਮੁੱਗੋਵਾਲ)**

ਮਾਘੀ ਦੇ ਪਵਿੱਤਰ ਦਿਹਾੜੇ ਮੌਕੇ ਡਿਪਟੀ ਸਪੀਕਰ, ਪੰਜਾਬ ਵਿਧਾਨ ਸਭਾ ਅਤੇ ਹਲਕਾ ਗੜ੍ਹਸ਼ੰਕਰ ਦੇ ਵਿਧਾਇਕ ਜੈ ਕ੍ਰਿਸ਼ਨ ਸਿੰਘ ਰੌੜੀ ਵੱਲੋਂ ਇਤਿਹਾਸਕ ਮਾਘੀ ਮੇਲੇ ਨੂੰ ਸਮਰਪਿਤ, ਗੜ੍ਹਸ਼ੰਕਰ ਤੋਂ ਵਿਸ਼ੇਸ਼ ਬੱਸਾਂ ਨੂੰ ਰਸਮੀ ਤੌਰ 'ਤੇ ਸ੍ਰੀ ਮੁਕਤਸਰ ਸਾਹਿਬ ਲਈ ਰਵਾਨਾ ਕੀਤਾ ਗਿਆ।ਇਸ ਮੌਕੇ ਡਿਪਟੀ ਸਪੀਕਰ ਰੌੜੀ ਨੇ ਕਿਹਾ ਕਿ ਇਹ ਬੱਸਾਂ ਮਾਘੀ ਮੇਲੇ ਵਿੱਚ ਸ਼ਾਮਿਲ ਹੋਣ ਵਾਲੇ ਸ਼ਰਧਾਲੂਆਂ ਅਤੇ ਆਮ ਲੋਕਾਂ ਦੀ ਸੁਵਿਧਾ ਨੂੰ ਧਿਆਨ ਵਿੱਚ ਰੱਖਦਿਆਂ ਪੰਜਾਬ ਸਰਕਾਰ ਵੱਲੋਂ ਚਲਾਈਆਂ ਗਈਆਂ ਹਨ, ਤਾਂ ਜੋ ਯਾਤਰੀਆਂ ਨੂੰ ਆਸਾਨ, ਸੁੱਰਖਿਅਤ ਅਤੇ ਸੁਚੱਜੀ ਆਵਾਜਾਈ ਦੀ ਸਹੂਲਤ ਮਿਲ ਸਕੇ। ਉਨ੍ਹਾਂ ਕਿਹਾ ਕਿ ਮਾਘੀ ਮੇਲਾ ਪੰਜਾਬ ਦੀ ਧਾਰਮਿਕ, ਸੱਭਿਆਚਾਰਕ ਅਤੇ ਇਤਿਹਾਸਕ ਵਿਰਾਸਤ ਦਾ ਮਹੱਤਵਪੂਰਨ ਹਿੱਸਾ ਹੈ, ਜੋ ਸਾਡੀ ਸ਼ਹੀਦੀ ਪ੍ਰੰਪਰਾ ਅਤੇ ਇਤਿਹਾਸ ਜੁੜਿਆ ਹੋਇਆ ਹੈ। ਹਰ ਸਾਲ ਲੱਖਾਂ ਦੀ ਗਿਣਤੀ ਵਿੱਚ ਸ਼ਰਧਾਲੂ ਇਥੇ ਨਤਮਸਤਕ ਹੋਣ ਆਉਂਦੇ ਹਨ ਅਤੇ ਸਰਕਾਰ ਦੀ ਜ਼ਿੰਮੇਵਾਰੀ ਬਣਦੀ ਹੈ ਕਿ ਉਨ੍ਹਾਂ ਨੂੰ ਹਰ ਸੰਭਵ ਸਹੂਲਤ ਪ੍ਰਦਾਨ ਕੀਤੀ ਜਾਵੇ।ਡਿਪਟੀ ਸਪੀਕਰ ਰੌੜੀ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਵਿਸ਼ੇਸ਼ ਉਪਰਾਲੇ ਨਾਲ ਇਹ ਵਿਸ਼ੇਸ਼ ਬੱਸਾਂ ਚਲਾਈਆਂ ਗਈਆਂ ਹਨ, ਜਿਸ ਨਾਲ ਯਾਤਰੀਆਂ ਨੂੰ ਨਿੱਜੀ ਵਾਹਨਾਂ 'ਤੇ ਨਿਰਭਰ ਨਹੀਂ ਰਹਿਣਾ ਪਵੇਗਾ ਅਤੇ ਸੜਕਾਂ 'ਤੇ ਭੀੜ ਘੱਟ ਹੋਵੇਗੀ। ਉਨ੍ਹਾਂ ਕਿਹਾ ਕਿ ਸਰਕਾਰ ਦਾ ਮਕਸਦ ਹੈ ਕਿ ਹਰ ਵਰਗ ਦਾ ਵਿਅਕਤੀ ਬਿਨਾਂ ਕਿਸੇ ਦਿੱਕਤ ਦੇ ਮਾਘੀ ਮੇਲੇ ਵਿੱਚ ਸ਼ਾਮਿਲ ਹੋ ਸਕੇ।

# ਮਿਲੇਟਸ ਸਿਹਤਮੰਦ ਜੀਵਨਸ਼ੈਲੀ ਅਪਨਾਉਣ 'ਚ ਸਹਾਇਕ : ਸਮਵਰਤਕ ਸਿੰਘ

**ਚੰਡੀਗੜ੍ਹ, (ਕ੍ਰਿਸ਼ਨ ਗਰਗ)**-ਹਰਿਆਣਾ ਸਿਵਲ ਸਕੱਤਰੇਤ ਦੇ ਵਧੀਕ ਸਕੱਤਰ (ਸਥਾਪਨਾ) ਸ੍ਰੀ ਸਮਵਰਤਕ ਸਿੰਘ ਨੇ ਕਿਹਾ ਕਿ ਮਿਲੇਟਸ ਪੋਸ਼ਣ ਨਾਲ ਭਰਪੂਰ ਹੋਣ ਦੇ ਨਾਲ-ਨਾਲ ਸਿਹਤਮੰਦ ਜੀਵਨਸ਼ੈਲੀ ਅਪਨਾਉਣ ਵਿੱਚ ਬਹੁਤ ਸਹਾਇਕ ਹਨ।ਸਮਵਰਤਕ ਸਿੰਘ ਪੰਜਾਬ ਅਤੇ ਹਰਿਆਣਾ ਸਿਵਲ ਸਕੱਤਰੇਤ , ਚੰਡੀਗੜ੍ਹ ਸੀ ਆਈ ਐੱਸ ਐੱਫ ਕੈਂਪ ਪਰਿਸਰ ਵਿੱਚ ਆਯੋਜਿਤ ਮਿਲੇਟ ਮੇਲੇ ਦਾ ਉਦਘਾਟਨ ਮੌਕੇ 'ਤੇ ਬਤੌਰ ਮੁੱਖ ਮਹਿਮਾਨ ਸੰਬੋਧਿਤ ਕਰ ਰਹੇ ਸਨ।

## ਟੈਨਿਸ ਟੂਰਨਾਮੈਂਟ 17 ਤੋਂ

**ਚੰਡੀਗੜ੍ਹ, (ਕ੍ਰਿਸ਼ਨ ਗਰਗ)**- ਮਹਾਰਿਸ਼ੀ ਦਿਆਨੰਦ ਯੂਨੀਵਰਸਿਟੀ ਰੋਹਤਕ ਵਿੱਚ 17 ਤੋਂ 21 ਜਨਵਰੀ ਤੱਕ ਆਲ ਇੰਡੀਆ ਇੰਟਰ-ਯੂਨੀਵਰਸਿਟੀ ਵੀਮੇਨ ਟੈਨਿਸ ਟੂਰਨਾਮੈਂਟ ਦਾ ਆਯੋਜਨ ਹੋਵੇਗਾ।ਯੂਨੀਵਰਸਿਟੀ ਦੇ ਬੁਲਾਰੇ ਨੇ ਦਸਿਆ ਕਿ ਇਸ ਮੁਕਾਬਲੇ ਵਿੱਚ ਹਿੱਸਾ ਲੈਣ ਵਾਲੀ ਵੱਖ-ਵੱਖ ਯੂਨੀਵਰਸਿਟੀਆਂ ਦੀ ਟੀਮਾਂ ਦੇ ਪ੍ਰਬੰਧਕਾਂ ਦੀ ਮੀਟਿੰਗ 16 ਜਨਵਰੀ ਨੂੰ ਦੁਪਹਿਰ 1:00 ਵਜੇ ਆਯੋਜਿਤ ਕੀਤੀ ਜਾਵੇਗੀ, ਜਿਸ ਵਿੱਚ ਮੁਕਾਬਲੇ ਨਾਲ ਸਬੰਧਿਤ ਜਰੂਰੀ ਦਿਸ਼ਾ-ਨਿਰਦੇਸ਼ ਦਿੱਤੇ ਜਾਣਗੇ।

# ਏ ਜੀ ਆਈ ਇਨਫਰਾ ਨੇ ਰਵਾਇਤੀ ਰੀਤਾਂ ਨਾਲ ਮਨਾਈ ਲੋਹੜੀ



**ਜਲੰਧਰ (ਰਾਜੇਸ਼ ਥਾਪਾ)**

ਇਲਾਕੇ ਦੀ ਪ੍ਰਮੁੱਖ ਰੀਅਲ ਐਸਟੇਟ ਤੇ ਇੰਫਰਾਸਟਰਕਚਰ ਕੰਪਨੀ ਏ ਜੀ ਆਈ ਇੰਫਰਾ ਲਿਮਿਟਡ ਨੇ ਪਵਿੱਤਰ ਤਿਉਹਾਰ ਲੋਹੜੀ ਨੂੰ ਆਪਣੇ ਕਾਰਪੋਰੇਟ ਦਫ਼ਤਰ ਵਿੱਚ ਬਹੁਤ ਜੋਸ਼, ਖੁਸ਼ੀ ਅਤੇ ਰਵਾਇਤੀ ਰੀਤਾਂ ਨਾਲ ਮਨਾਇਆ। ਇਸ ਸਮਾਰੋਹ ਵਿੱਚ ਪੰਜਾਬੀ ਸਭਿਆਚਾਰ ਅਤੇ ਸਾਂਝੀ ਏਕਤਾ ਦੀ ਸੋਹਣੀ ਤਸਵੀਰ ਵੇਖਣ ਨੂੰ ਮਿਲੀ।ਇਸ ਮੌਕੇ 'ਤੇ ਕੰਪਨੀ ਦਾ ਮੈਨੇਜਮੈਂਟ, ਸੀਨੀਅਰ ਅਧਿਕਾਰੀ, ਸਟਾਫ਼ ਅਤੇ ਕਰਮਚਾਰੀ ਵੱਡੀ ਗਿਣਤੀ ਵਿੱਚ ਹਾਜ਼ਰ ਰਹੇ। ਸਾਰੇ ਕਰਮਚਾਰੀਆਂ ਨੇ ਇਕੱਠੇ ਹੋ ਕੇ ਇਸ ਤਿਉਹਾਰ ਦੀ ਖੁਸ਼ੀ ਮਨਾਈ, ਜੋ ਖੁਸ਼ਹਾਲੀ, ਸਕਾਰਾਤਮਕਤਾ ਤੇ ਨਵੀਂ ਸ਼ੁਰੂਆਤ ਦਾ ਪ੍ਰਤੀਕ ਹੈ। ਸਾਰੇ ਦਫ਼ਤਰ ਵਿੱਚ ਖੁਸ਼ੀ ਤੇ ਆਪਸੀ ਭਾਈਚਾਰੇ ਦਾ ਮਾਹੌਲ ਬਣਿਆ ਹੋਇਆ ਸੀ।ਲੋਹੜੀ ਦੇ ਸ਼ੁਭ ਅਵਸਰ 'ਤੇ ਏ ਜੀ ਆਈ ਇੰਫਰਾ ਲਿਮਿਟਡ ਦੇ ਮੈਨੇਜਿੰਗ ਡਾਇਰੈਕਟਰ ਸਰਦਾਰ ਸੁਖਦੇਵ ਸਿੰਘ ਨੇ ਸੀਨੀਅਰ ਅਧਿਕਾਰੀਆਂ ਤੇ ਕਰਮਚਾਰੀਆਂ ਦੇ ਨਾਲ ਮਿਲ ਕੇ ਰਵਾਇਤੀ ਲੋਹੜੀ ਦੀ ਅੱਗ ਜਲਾਈ। ਰਿਵਾਜ ਅਨੁਸਾਰ ਰਿਓੜੀ, ਮੂੰਗਫਲੀ, ਫੁੱਲੇ ਅਤੇ ਮਿੱਠਿਆ, ਅੱਗ ਵਿੱਚ ਪਾਈਆਂ ਗਈਆਂ ਅਤੇ ਸਭ ਦੀ ਖੁਸ਼ਹਾਲੀ, ਤਰੱਕੀ ਅਤੇ ਕੰਪਨੀ ਦੀ ਲਗਾਤਾਰ ਪ੍ਰਗਤੀ ਲਈ ਅਰਦਾਸ ਕੀਤੀ ਗਈ।ਇਹ ਸਮਾਰੋਹ ਏ ਜੀ ਆਈ ਇੰਫਰਾ ਲਿਮਿਟਡ ਦੀ ਉਸ ਸੋਚ ਨੂੰ ਦਰਸਾਉਂਦਾ ਹੈ, ਜਿੱਥੇ ਕਰਮਚਾਰੀਆਂ ਨੂੰ ਇੱਕ ਪਰਵਾਰ ਵਾਂਗ ਮੰਨਿਆ ਜਾਂਦਾ ਹੈ ਅਤੇ ਕੰਮ ਦੇ ਨਾਲ-ਨਾਲ ਸਾਂਸਕ੍ਰਿਤਿਕ ਅਤੇ ਸਮਾਜਿਕ ਮੁੱਲਾਂ ਨੂੰ ਵੀ ਮਹੱਤਵ ਦਿੱਤਾ ਜਾਂਦਾ ਹੈ। ਕਰਮਚਾਰੀਆਂ ਨੇ ਇਕ-ਦੂਜੇ ਨੂੰ ਲੋਹੜੀ ਦੀਆਂ ਮੁਬਾਰਕਾਂ ਦਿੱਤੀਆਂ ਅਤੇ ਸਮਾਰੋਹ ਵਿੱਚ ਖੁਸ਼ੀ ਨਾਲ ਹਿੱਸਾ ਲਿਆ, ਜਿਸ ਨਾਲ ਆਪਸੀ ਸਾਂਝ ਹੋਰ ਮਜ਼ਬੂਤ ਹੋਈ।ਇਸ ਮੌਕੇ 'ਤੇ ਸਰਦਾਰ ਸੁਖਦੇਵ ਸਿੰਘ ਨੇ ਸਾਰੇ ਕਰਮਚਾਰੀਆਂ ਤੇ ਉਨ੍ਹਾਂ ਦੇ ਪਰਿਵਾਰਾਂ ਨੂੰ ਲੋਹੜੀ ਦੀਆਂ ਦਿਲੋਂ ਮੁਬਾਰਕਾਂ ਦਿੱਤੀਆਂ। ਉਨ੍ਹਾਂ ਕਿਹਾ ਕਿ ਲੋਹੜੀ ਵਰਗੇ ਤਿਉਹਾਰ ਸਕਾਰਾਤਮਕ ਸੋਚ, ਟੀਮ ਵਰਕ ਤੇ ਸਾਂਝੀ ਤਰੱਕੀ ਦੀ ਭਾਵਨਾ ਨੂੰ ਮਜ਼ਬੂਤ ਕਰਦੇ ਹਨ।ਏ ਜੀ ਆਈ ਇੰਫਰਾ ਲਿਮਿਟਡ ਵਿੱਚ ਲੋਹੜੀ ਦਾ ਇਹ ਸਮਾਰੋਹ ਖੁਸ਼ਗਵਾਰ ਤੇ ਉਤਸ਼ਾਹ ਭਰੇ ਮਾਹੌਲ ਵਿੱਚ ਸਮਾਪਤ ਹੋਇਆ।

# ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦਾ ਆਗਮਨ ਪੁਰਬ ਮਨਾਇਆ

**ਮੋਹਟੀਆਣਾ (ਜਗਤਾਰ ਸਿੰਘ ਭੁੰਗਰਨੀ)**

ਸਰਬੰਸ ਦਾਨੀ ਕਲਗੀਧਰ ਪਾਤਸ਼ਾਹ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਆਗਮਨ ਪੁਰਬ ਲਾਇਨਜ ਕਲੱਬਜ ਇੰਟਰਨੈਸ਼ਨਲ ਵਲੋ ਬਹੁਤ ਹੀ ਸ਼ਰਧਾਪੂਰਵਕ ਉਤਸ਼ਾਹ ਨਾਲ ਮਨਾਇਆ ਗਿਆ । ਲਾਇਨਜ ਕਲੱਬ ਰਿਹਾਣਾ ਜੱਟਾ ਕੋਹਿਨੂਰ ਤੇ ਲਾਇਨਜ ਕਲੱਬ ਹੁਸ਼ਿਆਰਪੁਰ ਸਮਰਪਣ ਐਕਟਿਵ ਵੱਲੋ ਪ੍ਰਧਾਨ ਲਾਇਨ ਡਾਕਟਰ ਮੁਖਤਿਆਰ ਸਿੰਘ ਧਾਲੀਵਾਲ ਅਤੇ ਜੋਨ ਚੇਅਰਮੈਨ ਲਾਇਨ ਐਮ ਪੀ ਸਿੰਘ ਸਿੱਧੂ ਦੀ ਪ੍ਰਧਾਨਗੀ ਹੇਠ, ਗੁਰਦੁਆਰਾ ਸ੍ਰੀ ਅਮਰ ਦਰਬਾਰ ਸਾਹਿਬ ਹੁਸ਼ਿਆਰਪੁਰ ਵਿਖੇ, ਮੁਫ਼ਤ ਡੈਂਟਲ ਚੈੱਕ ਅੱਪ ਕੈਂਪ ਅਤੇ ਮੁਫ਼ਤ ਸ਼ੂਗਰ ਚੈੱਕ ਅੱਪ ਕੈਂਪ ਆਯੋਜਿਤ ਕਰਕੇ ਮਨਾਇਆ ਗਿਆ ਜਿਸ ਵਿੱਚ ਲਾਇਨ ਡਾਕਟਰ ਤੇਜਬੀਰ ਸਿੰਘ ਧਾਲੀਵਾਲ ਡੈਂਟਲ ਸਰਜਨ, ਲਾਇਨ ਲੇਡੀ ਮਿਸਜ ਡਾਕਟਰ ਹਰਮਨਪ੍ਰੀਤ ਕੌਰ ਧਾਲੀਵਾਲ, ਮੈਂਬਰਸ਼ਿਪ ਚੇਅਰਮੈਨ ਲਾਇਨ ਮਿਸਜ ਸੁਖਵਿੰਦਰ ਕੌਰ ਸੈਣੀ ਨੇ ਚੈੱਕਅੱਪ ਦੌਰਾਨ ਵਿਸੇਸ਼ ਸੇਵਾਵਾਂ ਨੂੰ ਪੂਰੀ ਤਨਦੇਹੀ ਨਾਲ ਨਿਭਾਇਆ । ਸ੍ਰੀ ਬ੍ਰਹਮ ਸ਼ੰਕਰ ਜਿੰਪਾ ਵਿਧਾਇਕ ਹੁਸ਼ਿਆਰਪੁਰ (ਸਾਬਕਾ ਕੈਬਨਿਟ ਮੰਤਰੀ ਪੰਜਾਬ ਸਰਕਾਰ), ਕਲੱਬ ਦੇ ਪੰਜਾਬ ਹਿਮਾਚਲ ਜੰਮੂ-ਕਸ਼ਮੀਰ ਦੇ ਪਾਸਟ ਗਵਰਨਰਾਂ ਲਾਇਨ ਪਰਮਜੀਤ ਸਿੰਘ ਚਾਵਲਾ ਅਤੇ ਲਾਇਨ ਦਵਿੰਦਰ ਪਾਲ ਅਰੋੜਾ ਨੇ ਮੁੱਖ ਮਹਿਮਾਨ ਵਜੋਂ ਸਿਰਕਤ ਕੀਤੀ । ਕਲੱਬ ਦੇ ਖਜ਼ਾਨਚੀ ਲਾਇਨ ਮੋਹਨ ਲਾਲ, ਕੌਂਸਲਰ ਜਸਪਾਲ ਸਿੰਘ ਚੇਚੀ, ਕੌਂਸਲਰ ਮੁਖੀ ਰਾਮ, ਕੌਂਸਲਰ ਨਰਿੰਦਰ ਕੌਰ, ਬੀਬੀ ਤਰਸੇਮ ਕੌਰ, ਪ੍ਰਧਾਨ ਬਲਵਿੰਦਰ ਸਿੰਘ, ਅੱਕੁਰ ਪੀ.ਏ. , ਗਿਆਨੀ ਜਤਿੰਦਰ ਸਿੰਘ ਨੇ ਵਿਸ਼ੇਸ਼ ਤੌਰ ਤੇ ਸ਼ਿਰਕਤ ਕਰਦਿਆਂ ਲਾਇਨਜ ਕਲੱਬ ਦੇ ਮੈਂਬਰਾਂ ਦਾ ਧੰਨਵਾਦ ਕੀਤਾ।




# ਕ੍ਰਾਂਤੀ ਚੈਤੰਨਯ ਵਿਰੁੱਧ ਰਾਜਧ੍ਰੋਹ ਦਾ ਕੇਸ ਵਾਪਸ ਲਿਆ ਜਾਵੇ : ਜਮਹੂਰੀ ਫਰੰਟ

**ਬੰਗਾ (ਅਵਤਾਰ ਕਲੇਰ)**

ਓਪਰੇਸ਼ਨ ਗ੍ਰੀਨ ਹੰਟ ਵਿਰੋਧੀ ਜਮਹੂਰੀ ਫਰੰਟ ਪੰਜਾਬ ਦੇ ਕਨਵੀਨਰਾਂ ਡਾ. ਪਰਮਿੰਦਰ ਸਿੰਘ, ਪ੍ਰੋਫੈਸਰ ਏ.ਕੇ.ਮਲੇਰੀ, ਬੂਟਾ ਸਿੰਘ ਮਹਿਮੂਦਪੁਰ ਅਤੇ ਯਸ਼ਪਾਲ ਨੇ ਪ੍ਰੈਸ ਬਿਆਨ ਜਾਰੀ ਕਰਕੇ ਆਂਧਰਾ ਪ੍ਰਦੇਸ਼ ਸਿਵਲ ਲਿਬਰਟੀਜ਼ ਕਮੇਟੀ (ਏ ਪੀ ਸੀ ਐੱਲ ਸੀ) ਦੇ ਆਗੂਆਂ ਵਿਰੁੱਧ ਰਾਜਧ੍ਰੋਹ ਦਾ ਕੇਸ ਦਰਜ ਕਰਨ ਤੇ ਜਥੇਬੰਦੀ ਦੇ ਮੀਤ ਪ੍ਰਧਾਨ ਕ੍ਰਾਂਤੀ ਚੈਤੰਨਯ ਨੂੰ ਗ੍ਰਿਫ਼ਤਾਰ ਕਰਕੇ ਰਿਮਾਂਡ ਲੈਣ ਦੀ ਸਖ਼ਤ ਸ਼ਬਦਾਂ ਵਿਚ ਨਿਖੇਧੀ ਕੀਤੀ ਹੈ। ਤ੍ਰਿਪੁਤੀ ਸ਼ਹਿਰ ਵਿਚ ਕਮੇਟੀ ਦੀ 20ਵੀਂ ਸਟੇਟ ਕਾਨਫਰੰਸ (10-11 ਜਨਵਰੀ 2026) ਸਮੇਂ ਲਗਾਏ ਫਲੈਕਸ ਬੈਨਰਾਂ ਨੂੰ ਮੁੱਦਾ ਬਣਾ ਕੇ ਸਨਾਤਨ ਧਰਮ ਰੱਖਿਆ ਕਮੇਟੀ ਦੇ ਅਹੁਦੇਦਾਰਾਂ ਵੱਲੋਂ ਨਾਗਰਿਕ ਆਜ਼ਾਦੀਆਂ ਦੇ ਆਗੂਆਂ ਵਿਰੁੱਧ ਰਾਜਧ੍ਰੋਹ ਦਾ ਕੇਸ ਦਰਜ ਕਰਾਉਣਾ ਪ੍ਰਗਟਾਵੇ ਦੀ ਆਜ਼ਾਦੀ ਦੇ ਹੱਕ ਉੱਪਰ ਹਮਲਾ ਹੈ। ਕ੍ਰਾਂਤੀ ਤੋਂ ਇਲਾਵਾ, ਕਈ ਹੋਰ ਏ ਪੀ ਸੀ ਐੱਲ ਸੀ ਮੈਂਬਰਾਂ ਅਤੇ ਇੱਕ ਪ੍ਰਿੰਟਰ ਨੂੰ ਨੂੰ ਵੀ ਕੇਸ ਵਿਚ ਨਾਮਜ਼ਦ ਕੀਤਾ ਗਿਆ ਹੈ। ਬੈਨਰ ਵਿਚ ਭਾਰਤ ਦੇ ਰਾਸ਼ਟਰੀ ਚਿੰਨ੍ਹ ਅਸ਼ੋਕ ਮੂਰਤੀ ਦਾ ਵਿਅੰਗਾਤਮਕ ਕਾਰਟੂਨ ਤੇ ਹਿੰਦੂਤਵੀ ਦਹਿਸ਼ਤਗਰਦਾਂ ਹੱਥੋਂ ਮਾਰੇ ਗਏ ਬੁੱਧੀਜੀਵੀਆਂ ਨਰੇਂਦਰ ਦਾਭੋਲਕਰ, ਗੋਵਿੰਦ ਪਾਨਸਰੇ, ਐੱਮ ਐੱਮ ਕਲਬੁਰਗੀ ਅਤੇ ਗੌਰੀ ਲੰਕੇਸ਼ ਦੀਆਂ ਤਸਵੀਰਾਂ ਲਗਾਕੇ ਅਜੋਕੇ ਫਾਸ਼ੀਵਾਦੀ ਖ਼ਤਰੇ ਵੱਲ ਧਿਆਨ ਖਿੱਚਿਆ ਗਿਆ ਸੀ ਅਤੇ ਹਿੰਦੂ ਫਾਸ਼ੀਵਾਦ ਵਿਰੁੱਧ ਲੜੋ ਦਾ ਨਾਅਰਾ ਦਿੱਤਾ ਗਿਆ ਸੀ। ਹਿੰਦੂਤਵਵਾਦੀ ਅਨਸਰਾਂ ਦੀਆਂ ਧਮਕੀਆਂ ਅਤੇ ਖ਼ਲਲ ਪਾਉਣ ਦੇ ਬਾਵਜੂਦ 350 ਤੋਂ ਵੱਧ ਹੱਕਾਂ ਦੇ ਝੰਡਾਬਰਦਾਰਾਂ ਨੇ ਕਾਨਫਰੰਸ ਵਿਚ ਹਿੱਸਾ ਲੈ ਕੇ ਇਸ ਨੂੰ ਸਫ਼ਲ ਬਣਾਇਆ ਅਤੇ ਪ੍ਰੋ. ਹਰਗੋਪਾਲ, ਪ੍ਰੋ. ਡੀ. ਨਰਸਿੰਹਾ ਰੈੱਡੀ, ਗਾਂਧੀਵਾਦੀ ਕਾਰਕੁਨ ਹਿਮਾਂਸ਼ੂ ਕੁਮਾਰ ਅਤੇ ਰਿਟਾਇਰਡ ਜਸਟਿਸ ਬੀ. ਚੰਦਰ ਕੁਮਾਰ ਸਮੇਤ ਨਾਮਵਰ ਸ਼ਖ਼ਸੀਅਤਾਂ ਵੱਲੋਂ ਸੰਬੋਧਨ ਕੀਤਾ ਗਿਆ। ਫਰੰਟ ਦੇ ਆਗੂਆਂ ਨੇ ਕਿਹਾ ਕਿ ਫਾਸ਼ੀਵਾਦੀ ਖ਼ਤਰੇ ਵਿਰੁੱਧ ਆਵਾਜ਼ ਉਠਾਉਣਾ ਤੇ ਭਾਰਤ ਦੇ ਲੋਕਾਂ ਨੂੰ ਇਸ ਬਾਰੇ ਚੇਤੰਨ ਕਰਨਾ ਹਰ ਜਾਗਰੂਕ ਬੁੱਧੀਜੀਵੀ ਅਤੇ ਜਮਹੂਰੀ ਹੱਕਾਂ ਨਾਲ ਸਰੋਕਾਰ ਰੱਖਦੇ ਨਾਗਰਿਕਾਂ ਦਾ ਫਰਜ਼ ਹੈ। ਕਲਾਤਮਕ ਪ੍ਰਤੀਰੋਧ ਦੇ ਹੋਰ ਰੂਪ ਜਮਹੂਰੀ ਵਿਰੋਧ ਦੇ ਦੁਨੀਆ ਭਰ ਵਿਚ ਪ੍ਰਵਾਨਤ ਹਨ। ਇਸੇ ਤਰ੍ਹਾਂ ਹਿੰਦੂਤਵ ਫਾਸ਼ੀਵਾਦੀਆਂ ਵੱਲੋਂ ਕਤਲ ਕੀਤੇ ਲੋਕਪੱਖੀ ਬੁੱਧੀਜੀਵੀਆਂ ਤੇ ਕਲਮਕਾਰਾਂ ਨੂੰ ਚੇਤੇ ਕਰਦਿਆਂ ਉਨ੍ਹਾਂ ਲਈ ਨਿਆਂ ਦੀ ਮੰਗ ਕਰਨਾ ਭਾਰਤ ਦੇ ਨਿਆਂਪਸੰਦ ਲੋਕਾਂ ਦਾ ਜਮਹੂਰੀ ਹੱਕ ਹੈ। ਹਿੰਦੂਤਵਵਾਦੀ ਹਕੂਮਤ ਨੇ ਰਾਜਨੀਤਕ ਵਿਅੰਗ ਸਮੇਤ ਪ੍ਰਗਟਾਵੇ ਦੇ ਮੁੱਢਲੇ ਜਮਹੂਰੀ ਹੱਕਾਂ ਨੂੰ ਵੀ ਸਟੇਟ ਵਿਰੋਧੀ ਸੰਗੀਨ ਜੁਰਮ ਬਣਾ ਦਿੱਤਾ ਹੈ ਅਤੇ ਫਿਰਕੂ ਫਾਸ਼ੀਵਾਦੀ ਰਾਜ ਵਿਰੁੱਧ ਆਵਾਜ਼ ਉਠਾਉਣ ਵਾਲਿਆਂ ਦੀ ਜ਼ਬਾਨਬੰਦੀ ਕਰਨ ਲਈ ਉਨ੍ਹਾਂ ਵਿਰੁੱਧਅ ਰਾਜਧ੍ਰੋਹ ਦੇ ਪਰਚੇ ਦਰਜ ਕਰਵਾਏ ਜਾ ਰਹੇ ਹਨ।ਫਰੰਟ ਦੇ ਆਗੂਆਂ ਨੇ ਮੰਗ ਕੀਤੀ ਕਿ ਕ੍ਰਾਂਤੀ ਚੇਤੰਨਯ ਨੂੰ ਤੁਰੰਤ ਰਿਹਾਅ ਕੀਤਾ ਜਾਵੇ, ਰਾਜਧ੍ਰੋਹ ਦਾ ਬੇਬੁਨਿਆਦ ਕੇਸ ਤੁਰੰਤ ਵਾਪਸ ਲਿਆ ਜਾਵੇ ਅਤੇ ਪ੍ਰਗਟਾਵੇ ਤੇ ਸੰਘਰਸ਼ ਦੇ ਹੱਕਾਂ ਉੱਪਰ ਹਮਲੇ ਬੰਦ ਕੀਤੇ ਜਾਣ।

# ਪੈਨਸ਼ਨਰਾਂ ਤੇ ਮੁਲਾਜ਼ਮਾਂ 'ਚ ਸਰਕਾਰ ਖ਼ਿਲਾਫ਼ ਭਾਰੀ ਰੋਸ




**ਬੰਗਾ (ਅਵਤਾਰ ਕਲੇਰ)**

ਪੰਜਾਬ ਪੈਨਸ਼ਨਰਜ ਵੈਲਫੇਅਰ ਐਸੋਸੀਏਸ਼ਨ ਤਹਿਸੀਲ ਬੰਗਾ ਦੀ ਮਹੀਨਾਵਾਰ ਮੀਟਿੰਗ ਸਥਾਨਕ ਬਾਬਾ ਗੋਲਾ ਪਾਰਕ ਵਿਖੇ ਰਾਮ ਮਿੱਤਰ ਕੋਹਲੀ ਦੀ ਪ੍ਰਧਾਨਗੀ ਹੇਠ ਕੀਤੀ ਗਈ। ਮੀਟਿੰਗ ਦੇ ਆਰੰਭ ਵਿੱਚ ਸਿੱਖ ਨੈਸ਼ਨਲ ਕਾਲਜ ਬੰਗਾ ਦੇ ਪ੍ਰਸਿੱਧ ਤੇ ਨਾਮਵਰ ਪ੍ਰੋ: ਹਰਮੰਦਰ ਸਿੰਘ ਅਹੂਜਾ, ਕ੍ਰਿਸ਼ਨਾ ਬਲਦੇਵ, ਊਸ਼ਾ ਰਾਣੀ ਤੇ ਮਾ:ਰਮੇਸ਼ ਸਿੰਘ ਹੇੜੀਆਂ ਦੇ ਸਦੀਵੀ ਵਿਛੋੜੇ 'ਤੇ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ ਤੇ ਸ਼ਰਧਾਂਜਲੀ ਭੇਟ ਕੀਤੀ ਗਈ। ਮੀਟਿੰਗ ਨੂੰ ਸੰਬੋਧਨ ਕਰਦਿਆਂ ਡਾ: ਹਰੀ ਬਿਲਾਸ ਹੀਓਂ ਨੇ ਦੱਸਿਆ ਕਿ ਯੂ ਟੀ ਤੇ ਪੰਜਾਬ ਮੁਲਾਜ਼ਮ ਅਤੇ ਪੈਨਸ਼ਨਰਜ਼ ਸਾਂਝਾ ਫਰੰਟ ਅਤੇ ਸ਼ਹੀਦ ਭਗਤ ਸਿੰਘ ਨਗਰ ਦੇ ਮੁਲਾਜ਼ਮਾਂ ਤੇ ਪੈਨਸ਼ਨਰਾਂ ਵਲੋਂ ਮੁੱਖ ਮੰਤਰੀ ਦੇ ਨਾਮ ਇੱਕ ਮੰਗ ਪੱਤਰ ਕਮ ਰੋਸ-ਪੱਤਰ, ਨਵਾਂ ਸ਼ਹਿਰ ਤੋਂ ਵਿਰੋਧੀ ਧਿਰ ਦੇ ਐੱਮ ਐੱਲ ਏ ਨਛੱਤਰ ਪਾਲ ਨੂੰ ਉਹਨਾਂ ਦੇ ਦਫ਼ਤਰ ਵਿਖੇ ਵੱਡਾ ਇਕੱਠ ਕਰਕੇ ਚਰਚਾ ਉਪਰੰਤ ਸੌਂਪਿਆ ਗਿਆ ਤੇ ਫਰੰਟ ਤੇ ਐਸੋਸੀਏਸ਼ਨ ਵੱਲੋਂ ਆਸ ਪ੍ਰਗਟਾਈ ਕਿ ਐੱਮ ਐੱਲ ਏ ਨਛੱਤਰ ਪਾਲ ਇਹਨਾਂ ਮੰਗਾਂ ਨੂੰ ਪੰਜਾਬ ਅਸੈਂਬਲੀ ਵਿੱਚ ਜ਼ਰੂਰ ਉਠਾਉਣਗੇ। ਨਛੱਤਰ ਪਾਲ ਨੇ ਵੀ ਵਾਅਦਾ ਕੀਤਾ ਕਿ ਉਹ ਆਪਣੇ ਮਿਲਦੇ ਥੋੜੇ ਜਿਹੇ ਸਮੇਂ ਵਿੱਚ ਵੱਧ ਤੋਂ ਵੱਧ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀਆਂ ਮੰਗਾਂ ਲਈ ਆਵਾਜ਼ ਉਠਾਉਣਗੇ। ਮੀਟਿੰਗ ਵਿੱਚ ਰਾਮ ਰਤਨ, ਪਰਮਜੀਤ ਸਿੰਘ ਜੌਹਰ, ਤਰਲੋਕ ਸਿੰਘ ਫਲੋਰਾ, ਸੋਹਣ ਸਿੰਘ, ਗੁਰਦਿਆਲ ਸਿੰਘ ਜਗਤਪੁਰ, ਰਾਮ ਲਾਲ ਸਿੱਧੂ, ਅਸ਼ੋਕ ਕੁਮਾਰ, ਸੁਰਿੰਦਰ ਸਿੰਘ, ਸ਼ੰਕਰ ਦਾਸ, ਨਰੇਸ਼ ਕੁਮਾਰ ।ਅੰਤ ਵਿੱਚ ਤਹਿਸੀਲ ਪ੍ਰਧਾਨ ਮਾ: ਰਾਮ ਮਿੱਤਰ ਕੋਹਲੀ ਨੇ ਸਮੂਹ ਮੈਂਬਰਾਂ ਨੂੰ ਨਵੇਂ ਸਾਲ ਦੀਆਂ ਮੁਬਾਰਕਾਂ ਦਿੰਦਿਆਂ ਕੀਤੇ ਫ਼ੈਸਲਿਆਂ ਨੂੰ ਲਾਗੂ ਕਰਨ ਦੀ ਅਪੀਲ ਕੀਤੀ।

# ਸਿਲਵਰ ਓਕ ਇੰਟਰਨੈਸ਼ਨਲ ਸਕੂਲ 'ਚ ਲੋਹੜੀ ਦਾ ਤਿਉਹਾਰ ਮਨਾਇਆ

**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਓਂਕਾਰ ਸਿੰਘ)**

ਇਲਾਕੇ ਦੀ ਪ੍ਰਮੁੱਖ ਸਿੱਖਿਆ ਸੰਸਥਾ ਸਿਲਵਰ ਓਕ ਇੰਟਰਨੈਸ਼ਨਲ ਸੀਨੀਅਰ ਸੈਕੰਡਰੀ ਸਕੂਲ, ਸ਼ਾਹਬਾਜਪੁਰ ਹਰ ਤਿਉਹਾਰ ਸਦਾ ਕਿਸੇ ਨਿਵੇਕਲੇ ਢੰਗ ਨਾਲ ਮਨਾਉਂਦਾ ਹੈ। ਇਸੇ ਤਰ੍ਹਾਂ ਲੋਹੜੀ ਦਾ ਤਿਉਹਾਰ ਵੀ ਸਕੂਲ ਵੱਲੋਂ ਬੜੇ ਵੱਖਰੇ ਅੰਦਾਜ਼ ਵਿਚ ਮਨਾਇਆ ਗਿਆ। ਸੰਸਥਾ ਦੇ ਚੈਅਰਮੈਨ ਤਰਲੋਚਨ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਹੇਠ ਪ੍ਰਿੰਸੀਪਲ ਮੁਨੀਸ਼ਾ ਸੰਗਰ ਦੀ ਅਗਵਾਈ ਵਿੱਚ ਸਕੂਲ ਦੇ ਅਧਿਆਪਕਾਂ ਨੇ ਧੀਆਂ ਦੀ ਲੋਹੜੀ ਮਨਾਈ। ਚੇਅਰਮੈਨ ਤਰਲੋਚਨ ਸਿੰਘ ਨੇ ਸੰਦੇਸ਼ ਦਿੰਦੇ ਹੋਏ ਕਿਹਾ ਕਿ ਅੱਜ ਦੇ ਸਮੇਂ ਵਿਚ ਧੀਆਂ, ਪੁੱਤਰਾਂ ਦੇ ਬਰਾਬਰ ਆ ਕੇ ਖੜ੍ਹ ਗਈਆਂ ਹਨ ਅਤੇ ਉਨ੍ਹਾਂ ਨਾਲ ਮੋਢੇ ਨਾਲ ਮੋਢਾ ਲਗਾ ਕੇ ਸਮਾਜ ਦੀ ਤਰੱਕੀ ਵਿੱਚ ਹਿੱਸਾ ਪਾ ਰਹੀਆਂ ਹਨ। ਪ੍ਰਿੰਸੀਪਲ ਮੁਨੀਸ਼ਾ ਸੰਗਰ ਨੇ ਕਿਹਾ ਕਿ ਭਾਰਤ ਦੇਸ਼ ਵਿੱਚ ਹਰ ਤਿਉਹਾਰ ਖੁਸ਼ੀਆਂ ਤੇ ਖੇੜੇ ਲੈ ਕੇ ਆਉਂਦਾ ਹੈ। ਲੋਹੜੀ ਦਾ ਇਹ ਤਿਉਹਾਰ ਵੀ ਸਮੂਹ ਸੰਸਾਰ ਦੇ ਲਈ ਖੁਸ਼ੀਆਂ ਤੇ ਖੇੜੇ ਲੈ ਕੇ ਆਵੇ।ਸੰਸਥਾ ਦੇ ਵਾਈਸ ਚੇਅਰਪਰਸਨ ਕਮਲੇਸ਼ ਕੌਰ ਇਸ ਮੌਕੇ ਤੇ ਖਾਸ ਤੌਰ ਤੇ ਸ਼ਾਮਿਲ ਹੋਏ ਤੇ ਸਟਾਫ ਨਾਲ ਲੋਹੜੀ ਦੀ ਖੁਸ਼ੀ ਸਾਂਝੀ ਕੀਤੀ। ਚੇਅਰਮੈਨ ਤਰਲੋਚਨ ਸਿੰਘ ਨੇ ਵੀ ਸਮੂਹ ਸਟਾਫ ਨੂੰ ਲੋਹੜੀ ਦੀ ਦਿਲੀ ਮੁਬਾਰਕਬਾਦ ਦਿੱਤੀ ਤੇ ਅਰਦਾਸ ਕੀਤੀ ਕਿ ਹਰ ਘਰ ਦੇ ਵਿੱਚ ਖੁਸ਼ੀਆਂ ਆਉਣ। ਸਕੂਲ ਦੇ ਮੈਨੇਜਰ ਗਜਿੰਦਰ ਪਾਲ ਸਿੰਘ ਅਤੇ ਤਰਨ ਸੈਣੀ ਨੇ ਸਾਰਿਆਂ ਨੂੰ ਲੋਹੜੀ ਦੀਆਂ ਮੁਬਾਰਕਾਂ ਦਿੱਤੀਆਂ ਤੇ ਤਮਾਮ ਸਟਾਫ ਅਤੇ ਨਾਨ-ਟੀਚਿੰਗ ਸਟਾਫ ਨੂੰ ਮੂੰਗਫਲੀ, ਰੇੜੀਆਂ, ਗੱਚਕ ਵੰਡੀ ਅਤੇ ਲੋਹੜੀ ਦੀਆਂ ਖੁਸ਼ੀਆਂ ਸਾਂਝੀਆਂ ਕੀਤੀਆਂ। ਇਸ ਮੌਕੇ ਤੇ ਬਿਕਰਮਜੀਤ ਸਿੰਘ ਜਗਬੰਧਨ ਸਿੰਘ, ਅਮਰਜੀਤ ਕੌਰ ਸੈਣੀ, ਰਾਜਵਿੰਦਰ, ਰਾਜਵੀਰ, ਹਰਜੀਤ, ਰਜਮੀਤ, ਅਮਰ, ਪੂਜਾ, ਸਵੇਤਾ, ਰੁਪਿੰਦਰ, ਸੁਮੀਤ, ਚੇਤਨਾ, ਮਨਦੀਪ, ਮਨੀਸ਼ਾ, ਨੀਨਾ, ਅਨੁਰਾਧਾ, ਹਰਮਿੰਦਰ, ਸ਼ਿਲਪਾ, ਵਿਨੈ, ਬਲਦੇਵ, ਪੰਕਜ, ਪਿੰਕੀ, ਪੁਸ਼ਪਾ, ਹਰਜਿੰਦਰ, ਆਰਤੀ, ਮਨਪ੍ਰੀਤ, ਵਿਸ਼ਾਲੀ, ਅਰਚਨਾ, ਗੁਰਪ੍ਰੀਤ, ਗੁਰਦੇਵ, ਅਜੇ, ਜਸਪਾਲ, ਅਮਰੀਕ ਤੇ ਹੋਰ ਸਟਾਫ ਮੌਜੂਦ ਸੀ।



# ਉਦਯੋਗਾਂ ਨੂੰ ਮਜ਼ਬੂਤ ਕਰਨਾ ਸਰਕਾਰ ਦੀ ਪ੍ਰਮੁੱਖ ਤਰਜੀਹ : ਜਿੰਪਾ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**

ਵਿਧਾਇਕ ਬ੍ਰਹਮ ਸ਼ੰਕਰ ਜਿੰਪਾ ਨੇ ਫੋਕਲ ਪੁਆਇੰਟ ਹੁਸ਼ਿਆਰਪੁਰ ਵਿਚ ਕਰੀਬ 2 ਕਰੋੜ ਰੁਪਏ ਦੀ ਲਾਗਤ ਨਾਲ ਕੀਤੇ ਜਾਣ ਵਾਲੇ ਵੱਖ-ਵੱਖ ਵਿਕਾਸ ਕਾਰਜਾਂ ਦਾ ਰਸਮੀ ਉਦਘਾਟਨ ਕੀਤਾ।



ਇਨ੍ਹਾਂ ਵਿਕਾਸ ਕਾਰਜਾਂ ਵਿੱਚ ਕਮਿਊਨਿਟੀ ਹਾਲ ਦੀ ਉਸਾਰੀ, ਆਧੁਨਿਕ ਪਾਰਕ ਦਾ ਵਿਕਾਸ, ਟਾਇਲਟ ਬਲਾਕ, ਚਾਰਦੀਵਾਰੀ ਦੀ ਉਸਾਰੀ ਅਤੇ ਅੰਦਰੂਨੀ ਸੜਕਾਂ ਦੀ ਉਸਾਰੀ ਸ਼ਾਮਿਲ ਹੈ। ਇਹ ਪ੍ਰੋਜੈਕਟ ਫੋਕਲ ਪੁਆਇੰਟ ਵਿੱਚ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨਗੇ ਤੇ ਉਦਯੋਗਪਤੀਆਂ ਤੇ ਕਾਮਿਆਂ ਨੂੰ ਬਿਹਤਰ ਸਹੂਲਤਾਂ ਪ੍ਰਦਾਨ ਕਰਨਗੇ। ਇਸ ਮੌਕੇ ਵਿਧਾਇਕ ਜਿੰਪਾ ਨੇ ਕਿਹਾ ਕਿ ਉਦਯੋਗ ਕਿਸੇ ਵੀ ਸੂਬੇ ਦੀ ਆਰਥਿਕਤਾ ਦੀ ਰੀੜ੍ਹ ਦੀ ਹੱਡੀ ਹੁੰਦੇ ਹਨ। ਉਨ੍ਹਾਂ ਕਿਹਾ ਕਿ ਫੋਕਲ ਪੁਆਇੰਟ ਵਰਗੇ ਉਦਯੋਗਿਕ ਖੇਤਰਾਂ ਨੂੰ ਪਿਛਲੀਆਂ ਸਰਕਾਰਾਂ ਨੇ ਲੰਬੇ ਸਮੇਂ ਤੋਂ ਅਣਗੌਲਿਆ ਕੀਤਾ, ਜਿਸ ਕਾਰਨ ਇਥੇ ਬੁਨਿਆਦੀ ਸਹੂਲਤਾਂ ਦੀ ਘਾਟ ਸੀ। ਮੌਜੂਦਾ ਸਰਕਾਰ ਨੇ ਇਸ ਸਥਿਤੀ ਨੂੰ ਗੰਭੀਰਤਾ ਨਾਲ ਸਮਝਦੇ ਹੋਏ, ਉਦਯੋਗਿਕ ਖੇਤਰਾਂ ਦੇ ਸਰਵਪੱਖੀ ਵਿਕਾਸ ਨੂੰ ਤਰਜੀਹ ਦਿੱਤੀ ਹੈ।ਵਿਧਾਇਕ ਨੇ ਕਿਹਾ ਕਿ ਫੋਕਲ ਪੁਆਇੰਟ ਵਿੱਚ ਕੀਤੇ ਜਾ ਰਹੇ ਇਨ੍ਹਾਂ ਵਿਕਾਸ ਕਾਰਜਾਂ ਨਾਲ ਨਾ ਸਿਰਫ਼ ਉ ਦ ਯ ਗਿ ਕ ਗਤੀਵਿਧੀਆਂ ਨੂੰ ਹੁਲਾਰਾ ਮਿਲੇਗਾ ਸਗੋਂ ਸਥਾਨਕ ਲੋਕਾਂ ਲਈ ਰੁਜ਼ਗਾਰ ਦੇ ਨਵੇਂ ਮੌਕੇ ਵੀ ਪੈਦਾ ਹੋਣਗੇ। ਉਨ੍ਹਾਂ ਉਦਯੋਗਪਤੀਆਂ ਨੂੰ ਭਰੋਸਾ ਦਿੱਤਾ ਕਿ ਭਵਿੱਖ ਵਿੱਚ ਵੀ ਉਨ੍ਹਾਂ ਦੀਆਂ ਸਮੱਸਿਆਵਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕੀਤਾ ਜਾਵੇਗਾ। ਇਸ ਮੌਕੇ ਮੇਅਰ ਸੁਰਿੰਦਰ ਕੁਮਾਰ, ਕੌਂਸਲਰ ਬਲਵਿੰਦਰ ਬਿੰਦੀ, ਦ੍ਰਿਪਨ ਸੈਣੀ, ਕੁਲਵਿੰਦਰ ਸਿੰਘ ਹੁੰਦਲ ਸਮੇਤ ਕਈ ਉਦਯੋਗਪਤੀ ਤੇ ਫੋਕਲ ਪੁਆਇੰਟ ਦੇ ਪਤਵੰਤੇ ਹਾਜ਼ਰ ਸਨ।

# ਲੋਹੜੀ ਦਾ ਤਿਉਹਾਰ ਉਤਸ਼ਾਹ ਨਾਲ ਮਨਾਇਆ

**ਆਦਮਪੁਰ (ਪਰਮਜੀਤ ਸਿੰਘ)**-ਸਭਿਆਚਾਰ ਨੂੰ ਸਾਂਭਣ ਅਤੇ ਨਵੀਂ ਪੀੜ੍ਹੀ ਨੂੰ ਆਪਣੀਆਂ ਰਵਾਇਤਾਂ ਨਾਲ ਜੋੜਨ ਦੇ ਉਦੇਸ਼ ਨਾਲ ਸੰਤ ਬਾਬਾ ਭਾਗ ਸਿੰਘ ਯੂਨੀਵਰਸਿਟੀ, ਖਿਆਲਾ ਜਲੰਧਰ ਦੇ ਕੈਂਪਸ ਵਿੱਚ 'ਲੋਹੜੀ ਦਾ ਤਿਉਹਾਰ' ਪੂਰੇ ਉਤਸ਼ਾਹ ਅਤੇ ਰਵਾਇਤੀ ਢੰਗ ਨਾਲ ਮਨਾਇਆ ਗਿਆ। ਇਹ ਸਮਾਗਮ ਸਤਿਕਾਰਯੋਗ ਸੰਤ ਬਾਬਾ ਮਲਕੀਤ ਸਿੰਘ (ਬਾਨੀ ਚਾਂਸਲਰ) ਅਤੇ ਸੰਤ ਬਾਬਾ ਦਿਲਾਵਰ ਸਿੰਘ (ਬ੍ਰਹਮ ਜੀ) ਦੇ ਆਸ਼ੀਰਵਾਦ ਨਾਲ, ਬਾਬਾ ਜਨਕ ਸਿੰਘ ਅਤੇ ਮਾਣਯੋਗ ਚਾਂਸਲਰ ਸੰਤ ਬਾਬਾ ਮਨਮੋਹਨ ਸਿੰਘ ਦੀ ਪ੍ਰੇਰਨਾ ਨਾਲ ਤੇ ਉਪ-ਕੁਲਪਤੀ ਡਾ. ਧਰਮਜੀਤ ਸਿੰਘ ਪਰਮਾਰ ਤੇ ਹਰਦਮਨ ਸਿੰਘ ਮਿਨਹਾਸ (ਸਕੱਤਰ) ਦੀ ਅਗਵਾਈ ਹੇਠ ਆਯੋਜਿਤ ਕੀਤਾ ਗਿਆ।ਇਸ ਮੌਕੇ ਪ੍ਰਿ.ਸ. ਰਣਜੀਤ ਸਿੰਘ (ਸੰਤ ਬਾਬਾ ਭਾਗ ਸਿੰਘ ਇੰਟਰਨੈਸ਼ਨਲ ਸਕੂਲ), ਪ੍ਰਿ. ਹਰਿਮੰਦਰ ਕੌਰ (ਸੰਤ ਬਾਬਾ ਭਾਗ ਸਿੰਘ ਇੰਸਟੀਚਿਊਟ ਆਫ਼ ਨਰਸਿੰਗ), ਜੋਗਿੰਦਰ ਸਿੰਘ, ਕੁਲਵੰਤ ਸਿੰਘ ਅਤੇ ਜੋਗਿੰਦਰ ਸਿੰਘ ਅਜੜਾਮ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ।ਸਮਾਗਮ ਦੀ ਸ਼ੁਰੂਆਤ ਪਰੰਪਰਾਗਤ ਤਰੀਕੇ ਨਾਲ ਗੁਰਮਤਿ ਸ਼ਬਦ ਗਾਇਨ ਤੇ ਲੋਹੜੀ ਦੀ ਅੱਗ ਜਲਾਉਣ ਨਾਲ ਹੋਈ। ਸੰਤ ਬਾਬਾ ਮਲਕੀਤ ਸਿੰਘ, ਸੰਤ ਬਾਬਾ ਜਨਕ ਸਿੰਘ, ਉਪ-ਕੁਲਪਤੀ ਡਾ. ਧਰਮਜੀਤ ਸਿੰਘ ਪਰਮਾਰ ਤੇ ਵਿਸ਼ੇਸ਼ ਮਹਿਮਾਨਾਂ ਵੱਲੋਂ ਲੋਹੜੀ ਦੀ ਅੱਗ ਵਿੱਚ ਤਿਲ, ਰੇਵੜੀਆਂ ਅਤੇ ਮੂੰਗਫਲੀ ਅਰਪਣ ਕਰਕੇ ਸਭ ਦੀ ਖੁਸ਼ਹਾਲੀ ਅਤੇ ਤਰੱਕੀ ਲਈ ਅਰਦਾਸ ਕੀਤੀ ਗਈ।ਇਸ ਮੌਕੇ ਉਪ-ਕੁਲਪਤੀ ਡਾ. ਧਰਮਜੀਤ ਸਿੰਘ ਪਰਮਾਰ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਲੋਹੜੀ ਸਿਰਫ਼ ਇੱਕ ਤਿਉਹਾਰ ਨਹੀਂ, ਸਗੋਂ ਪੰਜਾਬੀ ਸੱਭਿਆਚਾਰ ਦੀ ਆਤਮਾ ਹੈ। ਇਹ ਤਿਉਹਾਰ ਸਾਨੂੰ ਮਿਹਨਤ, ਭਾਈਚਾਰੇ ਤੇ ਕੁਦਰਤ ਨਾਲ ਜੁੜਨ ਦੀ ਪ੍ਰੇਰਣਾ ਦਿੰਦਾ ਹੈ। ਨਵੀਂ ਪੀੜ੍ਹੀ ਲਈ ਅਜਿਹੇ ਤਿਉਹਾਰ ਆਪਣੀ ਸੱਭਿਆਚਾਰਕ ਪਛਾਣ ਨੂੰ ਸਮਝਣ ਤੇ ਉਸ 'ਤੇ ਮਾਣ ਕਰਨ ਦਾ ਮੌਕਾ ਦਿੰਦੇ ਹਨ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਆਪਣੀ ਸੰਸਕ੍ਰਿਤੀ ਨਾਲ ਜੁੜ ਕੇ ਆਧੁਨਿਕਤਾ ਵੱਲ ਅੱਗੇ ਵਧਣ ਦੀ ਅਪੀਲ ਕੀਤੀ।ਇਸ ਸਮਾਗਮ ਦੌਰਾਨ ਵਿਦਿਆਰਥੀਆਂ ਵੱਲੋਂ ਲੋਕ ਗੀਤ, ਗਿੱਧਾ ਅਤੇ ਰੰਗ-ਬਰੰਗੀਆਂ ਪੇਸ਼ਕਾਰੀਆਂ ਕੀਤੀਆਂ ਗਈਆਂ, ਜਿਨ੍ਹਾਂ ਨਾਲ ਸਾਰਾ ਕੈਂਪਸ ਲੋਹੜੀ ਦੀ ਰੌਣਕ ਨਾਲ ਗੂੰਜ ਉਠਿਆ ਰਜਿੰਦਰ ਕੁਮਾਰ (ਰਜਿਸਟਰਾਰ), ਡਾ. ਵਿਜੈ ਧੀਰ (ਡੀਨ ਅਕਾਦਮਿਕ), ਰੂਪ ਸਿੰਘ (ਡਿਪਟੀ ਰਜਿਸਟਰਾਰ), ਵੱਖ-ਵੱਖ ਵਿਭਾਗਾਂ ਦੇ ਡੀਨ, ਮੁਖੀ, ਪ੍ਰੋਫੈਸਰ ਸਹਿਬਾਨ ਅਤੇ ਵੱਡੀ ਗਿਣਤੀ ਵਿੱਚ ਵਿਦਿਆਰਥੀ ਹਾਜ਼ਰ ਸਨ। ਸਮਾਗਮ ਦਾ ਸੁਚੱਜਾ ਮੰਚ ਸੰਚਾਲਨ ਸ਼ਾਈਨਾ ਪਰਮਾਰ ਵੱਲੋਂ ਕੀਤਾ ਗਿਆ।

